ਸੋਮਵਾਰ, 22 ਦਸੰਬਰ, 2025

8 ਪੋਹ { ਨਾਨਕਸ਼ਾਹੀ 557 / ਬਿਕਰਮੀ 2082

ਜਿਲਦ/VOL. : 74

ਅੰਕ/NO. : 202

ਰੋਜ਼ਾਨਾ

# ਨਵਾਂ ਜ਼ਮਾਨਾ

DAILY NAWAN ZAMANA • MONDAY, 22 DECEMBER, 2025

ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12






ਸ੍ਰੀ ਅਕਾਲ ਤਖ਼ਤ ਸਾਹਿਬ
ਸ੍ਰੀ ਅੰਮ੍ਰਿਤਸਰ ਸਾਹਿਬ
(ਵਾਲਡ ਸਿਟੀ)



ਤਖ਼ਤ ਸ੍ਰੀ ਕੇਸਗੜ੍ਹ ਸਾਹਿਬ
ਸ੍ਰੀ ਅਨੰਦਪੁਰ ਸਾਹਿਬ

ਤਖ਼ਤ ਸ੍ਰੀ ਦਮਦਮਾ ਸਾਹਿਬ
ਤਲਵੰਡੀ ਸਾਬੋ

ਨਿਮਾਣੀ ਸੇਵਾ, ਇਤਿਹਾਸਕ ਫ਼ੈਸਲਾ

ਪੰਜਾਬ ਸਰਕਾਰ ਵੱਲੋਂ

ਗੁਰੂ ਜੀ ਦੀ ਬਖ਼ਸ਼ਿਸ਼ ਸਦਕਾ

ਸੰਗਤ ਦੀ ਚਿਰੋਕਣੀ ਮੰਗ ਨੂੰ ਪੂਰਾ ਕਰਦੇ ਹੋਏ

ਤਿੰਨ ਨਗਰਾਂ ਨੂੰ

ਪਵਿੱਤਰ ਸ਼ਹਿਰ ਦਾ ਦਰਜਾ

ਪੰਜਾਬ ਸਰਕਾਰ ਇਸ ਇਤਿਹਾਸਕ ਫ਼ੈਸਲੇ
ਨਾਲ ਖ਼ੁਦ ਨੂੰ ਸੁਭਾਗਾ ਸਮਝਦੀ ਹੈ

\- ਭਗਵੰਤ ਸਿੰਘ ਮਾਨ
ਮੁੱਖ ਮੰਤਰੀ, ਪੰਜਾਬ



ਸਮੂਹ ਸੰਗਤ ਨੂੰ ਲੱਖ-ਲੱਖ ਵਧਾਈ

ਸੂਚਨਾ ਅਤੇ ਲੋਕ ਸੰਪਰਕ ਵਿਭਾਗ, ਪੰਜਾਬ

ਸੋਮਵਾਰ, 22 ਦਸੰਬਰ, 2025

8 ਪੋਹ { ਨਾਨਕਸ਼ਾਹੀ 557 / ਬਿਕਰਮੀ 2082

ਜਿਲਦ/VOL. : 74

ਅੰਕ/NO. : 202

ਰੋਜ਼ਾਨਾ

# ਨਵਾਂ ਜ਼ਮਾਨਾ

DAILY NAWAN ZAMANA • MONDAY, 22 DECEMBER, 2025

ਜਲੰਧਰ

**'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ**

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ  Regd. No : L-4/Pb-JL-0023/2024-26, (R.N.I.)-00068/57  E-mail : nawanzamana@gmail.com  www.nawanzamana.in


## ਮਹਾਤੜਾਂ ਨੂੰ ਝਟਕਾ, ਵਧੇ ਰੇਲ ਕਿਰਾਏ

**ਨਵੀਂ ਦਿੱਲੀ** : ਰੇਲ ਮੰਤਰਾਲੇ ਨੇ ਆਮ ਆਦਮੀ ਨੂੰ ਝਟਕਾ ਦਿੰਦਿਆਂ ਰੇਲ ਕਿਰਾਏ 'ਚ ਵਾਧਾ ਕਰ ਦਿੱਤਾ ਹੈ। ਆਮ ਯਾਤਰੀ ਨੂੰ ਸਧਾਰਨ ਸ਼੍ਰੇਣੀ 'ਚ ਇਕ ਪੈਸਾ ਪ੍ਰਤੀ ਕਿਲੋਮੀਟਰ ਵੱਧ ਕਿਰਾਇਆ ਦੇਣਾ ਪਵੇਗਾ। ਰੇਲ ਮੰਤਰਾਲੇ ਨੇ ਐਤਵਾਰ ਨੂੰ ਰੇਲ ਟਿਕਟਾਂ ਦੀਆਂ ਕੀਮਤਾਂ ਵਿੱਚ ਵਾਧੇ ਦਾ ਐਲਾਨ ਕੀਤਾ ਹੈ। ਇਸ ਤਹਿਤ 215 ਕਿਲੋਮੀਟਰ ਤੋਂ ਵੱਧ ਦੀ ਯਾਤਰਾ ਲਈ ਸਾਧਾਰਨ ਸ਼੍ਰੇਣੀ ਵਿੱਚ 1 ਪੈਸਾ ਪ੍ਰਤੀ ਕਿਲੋਮੀਟਰ ਅਤੇ ਮੇਲ/ਐਕਸਪ੍ਰੈੱਸ ਰੇਲਗੱਡੀਆਂ ਦੀਆਂ ਗੈਰ-ਏ ਸੀ ਸ਼੍ਰੇਣੀਆਂ ਅਤੇ ਸਾਰੀਆਂ ਰੇਲ ਗੱਡੀਆਂ ਦੀਆਂ ਏਸੀ ਸ਼੍ਰੇਣੀਆਂ ਲਈ 2 ਪੈਸੇ ਪ੍ਰਤੀ ਕਿਲੋਮੀਟਰ ਦਾ ਵਾਧਾ ਕੀਤਾ ਗਿਆ ਹੈ। ਇਹ ਨਵੀਆਂ ਦਰਾਂ 26 ਦਸੰਬਰ, 2025 ਤੋਂ ਲਾਗੂ ਹੋਣਗੀਆਂ।

ਅਧਿਕਾਰੀਆਂ ਨੇ ਦੱਸਿਆ ਕਿ ਸਬਅਰਬਨ (ਉਪਨਗਰ) ਰੇਲ ਗੱਡੀਆਂ ਦੇ ਮਹੀਨਾਵਾਰ ਸੀਜ਼ਨ ਟਿਕਟਾਂ ਅਤੇ ਹੋਰ ਰੇਲ ਗੱਡੀਆਂ ਦੀ ਸਾਧਾਰਨ ਸ਼੍ਰੇਣੀ ਵਿੱਚ 215 ਕਿਲੋਮੀਟਰ ਤੱਕ ਦੀ ਯਾਤਰਾ ਲਈ ਕਿਰਾਏ ਵਿੱਚ ਕੋਈ ਵਾਧਾ ਨਹੀਂ ਕੀਤਾ ਗਿਆ ਹੈ। ਉਨ੍ਹਾਂ ਅੱਗੇ ਕਿਹਾ ਕਿ ਕਿਰਾਏ ਵਿੱਚ ਇਸ ਵਾਧੇ ਨਾਲ 31 ਮਾਰਚ, 2026 ਤੱਕ ਰੇਲਵੇ ਨੂੰ 600 ਕਰੋੜ ਰੁਪਏ ਦੀ ਕਮਾਈ ਹੋਵੇਗੀ। ਰੇਲ ਮੰਤਰਾਲੇ ਦੇ ਅਨੁਸਾਰ ਜੁਲਾਈ 2025 ਵਿੱਚ ਕੀਤੇ ਗਏ ਪਿਛਲੇ ਕਿਰਾਏ ਵਾਧੇ ਨਾਲ ਹੁਣ ਤੱਕ 700 ਕਰੋੜ ਰੁਪਏ ਦਾ ਮਾਲੀਆ ਇਕੱਠਾ ਹੋਇਆ ਹੈ। ਰੇਲ ਮੰਤਰਾਲੇ ਨੇ ਦਲੀਲ ਦਿੱਤੀ ਹੈ ਕਿ ਕਾਮਿਆਂ ਦਾ ਖਰਚਾ ਕਰੀਬ ਇੱਕ ਲੱਖ 15 ਹਜ਼ਾਰ ਕਰੋੜ ਵਧ ਗਿਆ ਹੈ। ਪੈਨਸ਼ਨਰਾਂ ਨੂੰ 60 ਹਜ਼ਾਰ ਕਰੋੜ ਰੁਪਏ ਦੇਣੇ ਪੈ ਰਹੇ ਹਨ। ਇਸ ਤੋਂ ਇਲਾਵਾ ਰੇਲਵੇ ਨੂੰ ਚਲਾਉਣ ਦਾ ਕੁਲ ਖਰਚਾ ਇਸ ਮਾਲੀ ਸਾਲ 'ਚ 2 ਲੱਖ 63 ਹਜ਼ਾਰ ਕਰੋੜ ਵਧਿਆ ਹੈ।



## ਚਟਗਾਂਵ 'ਚ ਭਾਰਤੀ ਵੀਜ਼ਾ ਸੇਵਾਵਾਂ ਅਣਮਿੱਥੇ ਸਮੇਂ ਲਈ ਮੁਅੱਤਲ

**ਢਾਕਾ** : ਬੰਗਲਾਦੇਸ਼ ਦੇ ਦੂਜੇ ਸਭ ਤੋਂ ਵੱਡੇ ਸ਼ਹਿਰ ਚਟਗਾਂਵ ਵਿੱਚ ਭਾਰਤੀ ਵੀਜ਼ਾ ਐਪਲੀਕੇਸ਼ਨ ਸੈਂਟਰ ਨੇ ਐਤਵਾਰ ਆਪਣੀਆਂ ਸੇਵਾਵਾਂ ਅਣਮਿੱਥੇ ਸਮੇਂ ਲਈ ਬੰਦ ਕਰ ਦਿੱਤੀਆਂ। ਇਹ ਫੈਸਲਾ ਨੌਜਵਾਨ ਆਗੂ ਸ਼ਰੀਫ਼ ਉਸਮਾਨ ਹਾਦੀ ਦੀ ਮੌਤ ਤੋਂ ਬਾਅਦ ਵਧੇ ਤਣਾਅ ਅਤੇ ਸੁਰੱਖਿਆ ਕਾਰਨਾਂ ਕਰਕੇ ਲਿਆ ਗਿਆ ਹੈ। ਸ਼ਰੀਫ਼ ਉਸਮਾਨ ਹਾਦੀ, ਜੋ ਪਿਛਲੇ ਸਾਲ ਸ਼ੇਖ ਹਸੀਨਾ ਸਰਕਾਰ ਵਿਰੁੱਧ ਹੋਏ ਵਿਦਿਆਰਥੀ ਪ੍ਰਦਰਸ਼ਨਾਂ ਦੇ ਪ੍ਰਮੁੱਖ ਆਗੂ ਸਨ, ਨੂੰ 12 ਦਸੰਬਰ ਨੂੰ ਢਾਕਾ ਵਿੱਚ ਚੋਣ ਪ੍ਰਚਾਰ ਦੌਰਾਨ ਗੋਲੀ ਮਾਰ ਦਿੱਤੀ ਗਈ ਸੀ। ਵੀਰਵਾਰ ਸਿੰਗਾਪੁਰ ਵਿੱਚ ਇਲਾਜ ਦੌਰਾਨ ਉਸ ਦੀ ਮੌਤ ਹੋ ਗਈ।

ਹਾਦੀ ਦੀ ਮੌਤ ਤੋਂ ਬਾਅਦ ਪੂਰੇ ਬੰਗਲਾਦੇਸ਼ ਵਿੱਚ ਹਿੰਸਾ ਭੜਕ ਗਈ। ਚਟਗਾਂਵ ਵਿੱਚ ਭਾਰਤੀ ਸਹਾਇਕ ਹਾਈ ਕਮਿਸ਼ਨਰ ਦੀ ਰਿਹਾਇਸ਼ 'ਤੇ ਪੱਥਰਬਾਜ਼ੀ ਵੀ ਕੀਤੀ ਗਈ। ਸੁਰੱਖਿਆ ਸਥਿਤੀ ਆਮ ਵਾਂਗ ਹੋਣ ਤੱਕ ਚਟਗਾਂਵ ਵਿੱਚ ਵੀਜ਼ਾ ਸੇਵਾਵਾਂ ਬੰਦ ਰਹਿਣਗੀਆਂ। ਸਿਲਹਟ ਵਿੱਚ ਵੀ ਭਾਰਤੀ ਦੂਤਾਵਾਸ ਤੇ ਵੀਜ਼ਾ ਕੇਂਦਰ ਦੀ ਸੁਰੱਖਿਆ ਵਧਾ ਦਿੱਤੀ ਗਈ ਹੈ।

## ਚਿੱਲਾਈ ਕਲਾਂ ਸ਼ੁਰੂ



**ਸ੍ਰੀਨਗਰ** : ਕਸ਼ਮੀਰ ਵਿੱਚ ਸਰਦੀਆਂ ਦੇ ਸਖਤ 40 ਦਿਨਾਂ ਦਾ ਪੜਾਅ, ਜਿਸ ਨੂੰ ਚਿੱਲਾਈ ਕਲਾਂ (ਵੱਡੀ ਸਰਦੀ) ਕਿਹਾ ਜਾਂਦਾ ਹੈ, ਐਤਵਾਰ ਗੁਲਮਰਗ ਤੇ ਸੋਨਮਰਗ ਵਿੱਚ ਬਰਫਬਾਰੀ ਨਾਲ ਸ਼ੁਰੂ ਹੋ ਗਿਆ। 31 ਜਨਵਰੀ ਤੱਕ ਚੱਲਣ ਵਾਲੇ ਇਸ ਪੜਾਅ ਦੌਰਾਨ ਵਾਦੀ ਦੇ ਲੋਕ ਬਹੁਤ ਮੁਸ਼ਕਲ ਹਾਲਾਤ ਵਿੱਚ ਰਹਿਣਗੇ, ਹਾਲਾਂਕਿ ਸੈਲਾਨੀ ਉੱਥੇ ਬਰਫ ਦਾ ਲੁਤਫ ਲੈਣ ਜਾਣਗੇ। ਇਸ ਦੌਰਾਨ ਪਾਣੀ ਦੀਆਂ ਟੂਟੀਆਂ ਜੰਮ ਜਾਣਗੀਆਂ। 1985 ਵਿੱਚ ਸ੍ਰੀਨਗਰ ਦੀ ਡੱਲ ਝੀਲ ਪੂਰੀ ਤਰ੍ਹਾਂ ਜੰਮ ਗਈ ਸੀ। ਉਸ 'ਤੇ ਜੀਪ ਵੀ ਦੌੜੀ ਸੀ। 1986 ਵਿੱਚ ਇਹ ਝੀਲ ਫਿਰ ਜੰਮ ਗਈ ਸੀ ਅਤੇ ਲੋਕਾਂ ਨੇ ਉਸ 'ਤੇ ਹਾਕੀ ਤੇ ਕ੍ਰਿਕਟ ਖੇਡੀ ਸੀ। ਚਿੱਲਾਈ ਕਲਾਂ ਤੋਂ ਬਾਅਦ ਕਸ਼ਮੀਰੀ 20 ਦਿਨਾਂ ਦੀ ਚਿੱਲਾਈ ਖੁਰਦ (ਛੋਟੀ ਸਰਦੀ) ਅਤੇ ਫਿਰ 10 ਦਿਨਾਂ ਦੀ ਚਿੱਲਾਈ ਬੱਚਾ (ਬੱਚਾ ਸਰਦੀ) ਵਿੱਚੋਂ ਲੰਘਦੇ ਹਨ।

## ਗਿਆਨੀ ਹਰਪ੍ਰੀਤ ਸਿੰਘ ਵੱਲੋਂ ਅਸਤੀਫੇ ਦੀ ਪੇਸ਼ਕਸ਼ !



**ਚੰਡੀਗੜ੍ਹ** : ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤੀ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨੇ ਆਪਣੇ ਅਹੁਦੇ ਤੋਂ ਅਸਤੀਫੇ ਦੀ ਪੇਸ਼ਕਸ਼ ਕੀਤੀ ਹੈ। ਸੂਤਰਾਂ ਤੋਂ ਪਤਾ ਲੱਗਾ ਕਿ ਹਰਪ੍ਰੀਤ ਸਿੰਘ ਨੇ ਚੰਡੀਗੜ੍ਹ ਵਿਚ ਮੀਟਿੰਗ ਦੌਰਾਨ ਆਪਣਾ ਅਸਤੀਫਾ ਦੇਣ ਦੀ ਪੇਸ਼ਕਸ਼ ਕੀਤੀ ਹੈ। ਇਹ ਪਤਾ ਲੱਗਾ ਹੈ ਕਿ ਉਹ ਕਈ ਆਗੂਆਂ ਦੀ ਬਿਆਨਬਾਜ਼ੀ ਤੋਂ ਖਫਾ ਹਨ। ਹਾਲਾਂ ਕਿ ਇਸ ਦੀ ਅਧਿਕਾਰਤ ਤੌਰ 'ਤੇ ਪੁਸ਼ਟੀ ਨਹੀਂ ਹੋਈ।

## ਅੰਮ੍ਰਿਤਸਰ, ਆਨੰਦਪੁਰ ਸਾਹਿਬ ਤੇ ਤਲਵੰਡੀ ਸਾਬੋ ਪਵਿੱਤਰ ਸ਼ਹਿਰਾਂ ਵਜੋਂ ਨੋਟੀਫ਼ਾਈ

**ਚੰਡੀਗੜ੍ਹ/ਧੂਰੀ (ਗੁਰਜੀਤ ਬਿੱਲਾ/ ਮਨੋਹਰ ਸਿੰਘ ਸੱਗੂ, ਬਿੰਨੀ ਗਰਗ, ਮੋਹਿਤ ਗਰਗ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਤਵਾਰ ਇਥੇ ਕਿਹਾ ਕਿ ਪੰਜਾਬ ਸਰਕਾਰ ਨੇ ਸਿੱਖਾਂ ਲਈ ਧਾਰਮਿਕ ਮਹੱਤਤਾ ਵਾਲੇ ਤਿੰਨ ਸ਼ਹਿਰਾਂ ਨੂੰ ਪਵਿੱਤਰ ਸ਼ਹਿਰਾਂ ਦਾ ਦਰਜਾ ਦੇਣ ਸੰਬੰਧੀ ਨੋਟੀਫਿਕੇਸ਼ਨ ਜਾਰੀ ਕਰਕੇ ਇੱਕ ਇਤਿਹਾਸਕ ਫੈਸਲਾ ਲਿਆ ਹੈ। ਉਨ੍ਹਾ ਇਸ ਪਲ ਨੂੰ ਸੂਬੇ ਲਈ ਪਰਮਾਤਮਾ ਪ੍ਰਤੀ ਸ਼ੁਕਰਗੁਜ਼ਾਰੀ, ਨਿਮਰਤਾ ਅਤੇ ਜ਼ਿੰਮੇਵਾਰੀ ਵਾਲਾ ਅਵਸਰ ਦੱਸਿਆ।

ਮਾਨ ਨੇ ਕਿਹਾ ਕਿ ਸਿੱਖਾਂ ਦੇ ਪੰਜ ਸਿੱਖ ਤਖ਼ਤ ਸਾਹਿਬਾਨਾਂ ਵਿੱਚੋਂ ਤਿੰਨ ਤਖ਼ਤ ਪੰਜਾਬ ਵਿੱਚ ਸਥਿਤ ਹਨ, ਜਿਨ੍ਹਾਂ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਅੰਮ੍ਰਿਤਸਰ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਆਨੰਦਪੁਰ ਸਾਹਿਬ ਅਤੇ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਸ਼ਾਮਲ ਹਨ। ਉਨ੍ਹਾ ਕਿਹਾ ਕਿ ਇਨ੍ਹਾਂ ਪਵਿੱਤਰ ਤਖ਼ਤ ਸਾਹਿਬਾਨਾਂ ਦੀ ਸਥਾਪਨਾ ਵਾਲੇ ਤਿੰਨਾਂ ਸ਼ਹਿਰਾਂ ਨੂੰ ਹੁਣ ਅਧਿਕਾਰਤ ਤੌਰ 'ਤੇ ਰੂਹਾਨੀਅਤ ਦੇ ਕੇਂਦਰਾਂ ਅਤੇ ਪਵਿੱਤਰ ਸ਼ਹਿਰਾਂ ਦਾ ਦਰਜਾ ਦਿੱਤਾ ਗਿਆ ਹੈ।



ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਇਨ੍ਹਾਂ ਪਵਿੱਤਰ ਸ਼ਹਿਰਾਂ ਵਿੱਚ ਆਉਣ ਵਾਲੇ ਸ਼ਰਧਾਲੂਆਂ ਲਈ ਸਾਰੀਆਂ ਜ਼ਰੂਰੀ ਸਹੂਲਤਾਂ ਯਕੀਨੀ ਬਣਾਏਗੀ। ਉਨ੍ਹਾ ਕਿਹਾ ਕਿ ਸਿੱਖਾਂ ਲਈ ਧਾਰਮਿਕ ਮਹੱਤਤਾ ਵਾਲੇ ਇਨ੍ਹਾਂ ਸ਼ਹਿਰਾਂ ਵਿੱਚ ਈ-ਰਿਕਸ਼ਾ, ਮਿੰਨੀ-ਬੱਸਾਂ ਅਤੇ ਹੋਰ ਜਨਤਕ ਆਵਾਜਾਈ ਸੇਵਾਵਾਂ ਪ੍ਰਦਾਨ ਕਰਨ ਸਮੇਤ ਸਾਰੇ ਜ਼ਰੂਰੀ ਪ੍ਰਬੰਧ ਕੀਤੇ ਜਾਣਗੇ, ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਦੁਨੀਆ ਭਰ ਤੋਂ ਆਉਣ ਵਾਲੇ ਸ਼ਰਧਾਲੂਆਂ ਅਤੇ ਸੰਗਤ ਨੂੰ ਕਿਸੇ ਵੀ ਤਰ੍ਹਾਂ ਦੀ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।

ਉਹਨਾ ਸਪੱਸ਼ਟ ਕੀਤਾ ਕਿ ਇਨ੍ਹਾਂ ਪਵਿੱਤਰ ਸ਼ਹਿਰਾਂ ਵਿੱਚ ਹੁਣ ਸਖ਼ਤ ਨਿਯਮ ਲਾਗੂ ਹੋਣਗੇ। ਉਨ੍ਹਾ ਭਰੋਸਾ ਦਿਵਾਉਂਦਿਆਂ ਕਿਹਾ ਕਿ ਇਹ ਫੈਸਲਾ ਇਨ੍ਹਾਂ ਸਥਾਨਾਂ ਦੀ ਪਵਿੱਤਰਤਾ ਦੇ ਮੱਦੇਨਜ਼ਰ ਲਿਆ ਗਿਆ ਹੈ ਅਤੇ ਹੁਣ ਇਨ੍ਹਾਂ ਤਿੰਨੋਂ ਸ਼ਹਿਰਾਂ ਵਿੱਚ ਮਾਸ, ਸ਼ਰਾਬ, ਤੰਬਾਕੂ ਅਤੇ ਕਿਸੇ ਵੀ ਨਸ਼ੀਲੇ ਪਦਾਰਥ ਦੀ ਵਿਕਰੀ 'ਤੇ ਪੂਰੀ ਤਰ੍ਹਾਂ ਪਾਬੰਦੀ ਹੋਵੇਗੀ।

ਇਸੇ ਦੌਰਾਨ ਮਾਨ ਨੇ ਕਿਹਾ ਕਿ ਜਿੱਥੇ ਸੂਬਾ ਸਰਕਾਰ ਪੰਜਾਬੀ ਨੌਜਵਾਨਾਂ ਨੂੰ ਡਾਕਟਰ ਅਤੇ ਇੰਜੀਨੀਅਰ ਬਣਾ ਕੇ ਭਵਿੱਖੀ ਜ਼ਰੂਰਤਾਂ ਲਈ ਤਿਆਰ ਕਰਨ ਲਈ ਸਖ਼ਤ ਯਤਨ ਕਰ ਰਹੀ ਹੈ, ਉੱਥੇ ਅਕਾਲੀ ਦਲ ਸੂਬੇ ਨੂੰ ਡਾਇਨਾਸੌਰ ਯੁੱਗ ਵਿੱਚ ਵਾਪਸ ਖਿੱਚਣ 'ਤੇ ਤੁਲਿਆ ਹੋਇਆ ਹੈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ 'ਆਪ' ਸਰਕਾਰ ਪੰਜਾਬ ਦੇ ਨੌਜਵਾਨਾਂ ਨੂੰ ਡਾਕਟਰ ਅਤੇ ਇੰਜੀਨੀਅਰ ਬਣਾਉਣ ਦੀ ਕੋਸ਼ਿਸ਼ ਕਰ ਰਹੀ ਹੈ ਤਾਂ ਜੋ ਉਹ ਜ਼ਿੰਦਗੀ ਵਿੱਚ ਸਫ਼ਲ ਹੋ ਸਕਣ। ਉਨ੍ਹਾ ਕਿਹਾ ਕਿ ਅਕਾਲੀ ਦਲ, ਜਿਸ ਨੇ ਸੂਬੇ ਵਿੱਚ ਨਸ਼ੇ ਲਿਆ ਕੇ ਨੌਜਵਾਨਾਂ ਨੂੰ ਬਰਬਾਦ ਕੀਤਾ ਸੀ, ਸੂਬੇ ਨੂੰ ਡਾਇਨਾਸੌਰ ਯੁੱਗ ਵਿੱਚ ਵਾਪਸ ਲੈ ਜਾਣਾ ਚਾਹੁੰਦਾ ਹੈ।

• ਬਾਕੀ ਸਫ਼ਾ 7 'ਤੇ

## ਊਧਮਪੁਰ 'ਚ ਘਰੋਂ ਖਾਣਾ ਲੈ ਕੇ ਫ਼ਰਾਰ ਹੋਏ ਅੱਤਵਾਦੀ

**ਜੰਮੂ** : ਜੰਮੂ-ਕਸ਼ਮੀਰ ਦੇ ਊਧਮਪੁਰ ਜ਼ਿਲ੍ਹੇ ਦੇ ਇੱਕ ਪਿੰਡ ਵਿੱਚ ਸੁਰੱਖਿਆ ਬਲਾਂ ਨੇ ਤਲਾਸ਼ੀ ਮੁਹਿੰਮ ਸ਼ੁਰੂ ਕੀਤੀ ਹੈ। ਅਧਿਕਾਰੀਆਂ ਨੇ ਐਤਵਾਰ ਨੂੰ ਦੱਸਿਆ ਕਿ ਅੱਤਵਾਦੀਆਂ ਵੱਲੋਂ ਇੱਕ ਘਰ ਤੋਂ ਖਾਣਾ ਲੈ ਕੇ ਨੇੜਲੇ ਜੰਗਲ ਵਿੱਚ ਫ਼ਰਾਰ ਹੋਣ ਦੀ ਰਿਪੋਰਟ ਤੋਂ ਬਾਅਦ ਇਹ ਕਾਰਵਾਈ ਸ਼ੁਰੂ ਕੀਤੀ ਗਈ ਹੈ। ਪੁਲਸ ਅਤੇ ਅਰਧ ਸੈਨਿਕ ਬਲਾਂ ਦੀ ਸਾਂਝੀ ਤਲਾਸ਼ੀ ਮੁਹਿੰਮ ਮਜਾਲਤਾ ਇਲਾਕੇ ਦੇ ਚੋਰ ਮੋਟੂ ਅਤੇ ਇਸ ਦੇ ਨਾਲ ਲੱਗਦੇ ਜੰਗਲੀ ਪਿੰਡਾਂ ਵਿੱਚ ਚਲਾਈ ਜਾ ਰਹੀ ਹੈ।

ਅਧਿਕਾਰੀਆਂ ਨੇ ਦੱਸਿਆ ਕਿ ਸ਼ਨਿੱਚਰਵਾਰ ਦੇਰ ਰਾਤ ਖੁਫੀਆ ਜਾਣਕਾਰੀ ਮਿਲੀ ਸੀ ਕਿ ਸ਼ਾਮ ਕਰੀਬ 6.30 ਵਜੇ ਦੋ ਅਣਪਛਾਤੇ ਅੱਤਵਾਦੀ ਚੋਰ ਮੋਟੂ ਪਿੰਡ ਦੇ ਮੰਗਤੂ ਰਾਮ ਦੇ ਘਰ ਆਏ ਅਤੇ ਉੱਥੋਂ ਖਾਣਾ ਲਿਆ। ਪੁਲਸ ਅਤੇ ਅਰਧ ਸੈਨਿਕ ਬਲਾਂ ਨੂੰ ਤੁਰੰਤ ਹਰਕਤ ਵਿੱਚ ਲਿਆਂਦਾ ਗਿਆ, ਪਰ ਅੱਤਵਾਦੀਆਂ ਦਾ ਕੋਈ ਪਤਾ ਨਹੀਂ ਲੱਗ ਸਕਿਆ।

## ਸੜਕ ਹਾਦਸੇ 'ਚ 16 ਸਾਲਾ ਕੁੜੀ ਦੀ ਮੌਤ, 5 ਜ਼ਖਮੀ

**ਲੁਧਿਆਣਾ** : ਲੁਧਿਆਣਾ-ਫਿਰੋਜ਼ਪੁਰ ਕੌਮੀ ਮਾਰਗ 'ਤੇ ਇੱਕ ਦਰਦਨਾਕ ਸੜਕ ਹਾਦਸਾ ਵਾਪਰਿਆ, ਜਿਸ ਵਿੱਚ ਇੱਕ 16 ਸਾਲਾ ਕੁੜੀ ਦੀ ਮੌਤ ਹੋ ਗਈ ਅਤੇ ਪੰਜ ਹੋਰ ਗੰਭੀਰ ਰੂਪ ਵਿੱਚ ਜ਼ਖਮੀ ਹੋ ਗਏ। ਇਹ ਹਾਦਸਾ ਉਦੋਂ ਵਾਪਰਿਆ, ਜਦੋਂ ਪੀੜਤਾਂ ਦੀ ਕਾਰ ਇੱਕ ਐੱਸ ਯੂ ਵੀ ਨਾਲ ਟਕਰਾ ਗਈ।

ਪੁਲਸ ਅਨੁਸਾਰ ਇਹ ਸਾਰੇ ਨੌਜਵਾਨ ਇੱਕ ਜਨਮ ਦਿਨ ਦੀ ਪਾਰਟੀ ਮਨਾ ਕੇ ਵਾਪਸ ਪਰਤ ਰਹੇ ਸਨ। ਟੱਕਰ ਏਨੀ ਜ਼ਬਰਦਸਤ ਸੀ ਕਿ ਕੁੜੀ ਦੀ ਮੌਕੇ 'ਤੇ ਹੀ ਮੌਤ ਹੋ ਗਈ। ਕਾਰ ਵਿੱਚ ਸਵਾਰ ਬਾਕੀ ਪੰਜ ਮੁਸਾਫਰ, ਜੋ ਕਿ ਸਾਰੇ ਨਾਬਾਲਗ ਸਨ, ਜ਼ਖਮੀ ਹੋ ਗਏ। ਉਨ੍ਹਾਂ ਨੂੰ ਤੁਰੰਤ ਦਯਾਨੰਦ ਮੈਡੀਕਲ ਕਾਲਜ ਅਤੇ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਹੈ।

## ਸਸਤੇ ਡਰਾਈ ਫਰੂਟ ਦੇ ਲਾਲਚ 'ਚ ਫਸਿਆ 'ਯੁਧਿਸ਼ਟਰ'

**ਮੁੰਬਈ** : ਮਸ਼ਹੂਰ ਟੀ ਵੀ ਲੜੀ 'ਮਹਾਂਭਾਰਤ' ਵਿੱਚ ਯੁਧਿਸ਼ਟਰ ਦੀ ਭੂਮਿਕਾ ਨਿਭਾਉਣ ਵਾਲੇ ਅਦਾਕਾਰ ਗਜੇਂਦਰ ਚੌਹਾਨ ਸਾਈਬਰ ਠੱਗਾਂ ਦਾ ਸ਼ਿਕਾਰ ਹੋ ਗਏ, ਜਿਨ੍ਹਾਂ ਨੇ ਉਨ੍ਹਾਂ ਨਾਲ ਕਰੀਬ 1 ਲੱਖ ਰੁਪਏ ਦੀ ਠੱਗੀ ਮਾਰੀ। ਹਾਲਾਂਕਿ ਪੁਲਸ ਨੇ ਤੇਜ਼ੀ ਨਾਲ ਕਾਰਵਾਈ ਕਰਦੇ ਹੋਏ ਉਨ੍ਹਾਂ ਦੇ ਪੈਸੇ ਬਚਾ ਲਏ। ਇੱਕ ਅਧਿਕਾਰੀ ਨੇ ਇਹ ਜਾਣਕਾਰੀ ਦਿੱਤੀ। ਓਸ਼ੀਵਾਰਾ ਪੁਲਸ ਸਟੇਸ਼ਨ ਦੇ ਅਧਿਕਾਰੀ ਅਨੁਸਾਰ, ਉਹ ਠੱਗੀ ਗਈ ਰਕਮ ਨੂੰ ਫਰੀਜ਼ (ਰੋਕਣ) ਕਰਨ ਵਿੱਚ ਕਾਮਯਾਬ ਰਹੇ ਅਤੇ ਸਫਲਤਾਪੂਰਵਕ ਪੈਸੇ ਅਦਾਕਾਰ ਦੇ ਖਾਤੇ ਵਿੱਚ ਵਾਪਸ ਕਰਵਾ ਦਿੱਤੇ। ਅਧਿਕਾਰੀ ਨੇ ਦੱਸਿਆ ਕਿ ਚੌਹਾਨ ਨੇ ਹਾਲ ਹੀ ਵਿੱਚ ਪੁਲਸ ਸਟੇਸ਼ਨ ਜਾ ਕੇ ਸਟਾਫ ਦੀ ਤੁਰੰਤ ਕਾਰਵਾਈ ਲਈ ਉਨ੍ਹਾਂ ਦਾ ਧੰਨਵਾਦ ਕੀਤਾ। ਕੁੱਝ ਦਿਨ ਪਹਿਲਾਂ ਚੌਹਾਨ ਨੇ ਫੇਸਬੁੱਕ 'ਤੇ ਇੱਕ ਵਿਗਿਆਪਨ ਦੇਖਿਆ ਸੀ, ਜਿਸ ਵਿੱਚ ਸਸਤੇ ਭਾਅ 'ਤੇ ਡਰਾਈ ਫਰੂਟਸ (ਸੁੱਕੇ ਮੇਵੇ) ਦੇਣ ਦਾ ਆਫਰ ਸੀ। ਆਰਡਰ ਦੇਣ ਲਈ ਜਿਵੇਂ ਹੀ ਉਨ੍ਹਾਂ ਨੇ ਦਿੱਤੇ ਗਏ ਲਿੰਕ 'ਤੇ ਕਲਿੱਕ ਕੀਤਾ, ਉਨ੍ਹਾਂ ਦੇ ਮੋਬਾਈਲ ਫੋਨ 'ਤੇ ਇੱਕ ਓ ਟੀ ਪੀ ਪ੍ਰਾਪਤ ਹੋਇਆ। ਅਧਿਕਾਰੀ ਨੇ ਦੱਸਿਆ ਕਿ ਜਿਵੇਂ ਹੀ ਉਨ੍ਹਾਂ ਨੇ ਆਰਡਰ ਦੀ ਪੁਸ਼ਟੀ ਕਰਨ ਲਈ ਓ ਟੀ ਪੀ ਦਰਜ ਕੀਤਾ, ਉਨ੍ਹਾਂ ਨੂੰ ਬੈਂਕ ਖਾਤੇ ਵਿੱਚੋਂ 98,000 ਰੁਪਏ ਕੱਟੇ ਜਾਣ ਦਾ ਮੈਸੇਜ ਮਿਲਿਆ। ਇਹ ਅਹਿਸਾਸ ਹੋਣ 'ਤੇ ਕਿ ਉਨ੍ਹਾਂ ਨਾਲ ਠੱਗੀ ਹੋਈ ਹੈ, ਅਦਾਕਾਰ ਤੁਰੰਤ ਓਸ਼ੀਵਾਰਾ ਪੁਲਸ ਸਟੇਸ਼ਨ ਪਹੁੰਚੇ ਅਤੇ ਸ਼ਿਕਾਇਤ ਦਰਜ ਕਰਵਾਈ। ਪੁਲਸ ਨੇ ਉਨ੍ਹਾਂ ਦੇ ਬੈਂਕ ਸਟੇਟਮੈਂਟ ਦੀ ਜਾਂਚ ਕੀਤੀ ਅਤੇ ਉਸ ਖਾਤੇ ਦਾ ਪਤਾ ਲਗਾਇਆ, ਜਿੱਥੇ ਪੈਸੇ ਭੇਜੇ ਗਏ ਸਨ। ਪੁਲਸ ਨੇ ਤੁਰੰਤ ਸੰਬੰਧਤ ਬੈਂਕਾਂ ਦੇ ਨੋਡਲ ਅਫਸਰਾਂ ਨਾਲ ਸੰਪਰਕ ਕੀਤਾ ਅਤੇ ਲੈਣ-ਦੇਣ ਨੂੰ ਰੁਕਵਾ ਦਿੱਤਾ। ਬਾਅਦ ਵਿੱਚ ਪੈਸੇ ਅਦਾਕਾਰ ਦੇ ਖਾਤੇ ਵਿੱਚ ਵਾਪਸ ਆ ਗਏ। ਪੁਲਸ ਨੇ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ।



## ਰਿਸ਼ਵਤਖੋਰੀ ਦੇ ਮਾਮਲੇ 'ਚ ਲੈਫਟੀਨੈਂਟ ਕਰਨਲ ਗ੍ਰਿਫ਼ਤਾਰ

**ਨਵੀਂ ਦਿੱਲੀ** : ਕਥਿਤ ਰਿਸ਼ਵਤਖੋਰੀ ਦੇ ਮਾਮਲੇ ਵਿਚ ਇੱਕ ਫੌਜੀ ਅਧਿਕਾਰੀ ਅਤੇ ਇਕ ਵਿਚੋਲੇ ਦੀ ਗ੍ਰਿਫ਼ਤਾਰੀ ਦੇ ਵਿਚਕਾਰ ਰੱਖਿਆ ਮੰਤਰਾਲੇ ਨੇ ਕਿਹਾ ਕਿ ਉਨ੍ਹਾਂ ਵਿਰੁੱਧ ਭ੍ਰਿਸ਼ਟਾਚਾਰ ਵਿਰੁੱਧ ਜ਼ੀਰੋ ਟਾਲਰੈਂਸ ਦੀ ਸਰਕਾਰ ਦੀ ਨੀਤੀ ਦੇ ਤਹਿਤ ਕਾਰਵਾਈ ਕੀਤੀ ਗਈ ਹੈ।

ਸ਼ਨੀਵਾਰ ਕੇਂਦਰੀ ਜਾਂਚ ਬਿਊਰੋ (ਸੀ ਬੀ ਆਈ) ਨੇ ਰੱਖਿਆ ਮੰਤਰਾਲੇ ਦੇ ਅਧੀਨ ਰੱਖਿਆ ਉਤਪਾਦਨ ਵਿਭਾਗ ਵਿਚ ਡਿਪਟੀ ਪਲਾਨਿੰਗ ਅਫ਼ਸਰ ਵਜੋਂ ਸੇਵਾ ਨਿਭਾ ਰਹੇ ਲੈਫਟੀਨੈਂਟ ਕਰਨਲ ਦੀਪਕ ਕੁਮਾਰ ਸ਼ਰਮਾ ਅਤੇ ਇਕ ਵਿਅਕਤੀ ਵਿਨੋਦ ਕੁਮਾਰ ਨੂੰ ਰੱਖਿਆ ਨਾਲ ਸੰਬੰਧਤ ਮਨਜ਼ੂਰੀਆਂ ਅਤੇ ਪੱਖਾਂ ਨਾਲ ਜੁੜੇ ਇੱਕ ਕਥਿਤ ਰਿਸ਼ਵਤਖੋਰੀ ਅਤੇ ਅਪਰਾਧਿਕ ਸਾਜ਼ਿਸ਼ ਦੇ ਮਾਮਲੇ ਵਿਚ ਗ੍ਰਿਫ਼ਤਾਰ ਕੀਤਾ।

## ਜੋਹਾਨਸਬਰਗ ਗੋਲੀਬਾਰੀ 'ਚ 9 ਮੌਤਾਂ, 10 ਜ਼ਖਮੀ

**ਜੋਹਾਨਸਬਰਗ** : ਦੱਖਣੀ ਅਫਰੀਕਾ ਦੇ ਜੋਹਾਨਸਬਰਗ ਦੇ ਪੱਛਮ ਵਿੱਚ ਸਥਿਤ ਬੇਕਰਸਡਲ ਟਾਊਨਸ਼ਿਪ ਵਿੱਚ ਗੋਲੀਬਾਰੀ ਦੀ ਇੱਕ ਘਟਨਾ ਵਿੱਚ 9 ਲੋਕ ਮਾਰੇ ਗਏ ਹਨ। ਦੱਖਣੀ ਅਫਰੀਕੀ ਬ੍ਰਾਡਕਾਸਟਿੰਗ ਕਾਰਪੋਰੇਸ਼ਨ ਨਿਊਜ਼ ਨੇ ਐਤਵਾਰ ਨੂੰ ਇਹ ਜਾਣਕਾਰੀ ਦਿੱਤੀ ਹੈ। ਪੁਲਸ ਅਨੁਸਾਰ ਦੱਖਣੀ ਅਫਰੀਕਾ ਵਿੱਚ ਜੋਹਾਨਸਬਰਗ ਸ਼ਹਿਰ ਦੇ ਨੇੜੇ ਇੱਕ ਟਾਊਨਸ਼ਿਪ ਵਿੱਚ ਬੰਦੂਕਧਾਰੀਆਂ ਨੇ ਇੱਕ ਟੈਵਰਨ (ਸ਼ਰਾਬਖਾਨੇ) ਵਿੱਚ ਅੰਨ੍ਹੇਵਾਹ ਗੋਲੀਬਾਰੀ ਕੀਤੀ, ਜਿਸ ਵਿੱਚ ਘੱਟੋ-ਘੱਟ 9 ਲੋਕ ਮਾਰੇ ਗਏ ਅਤੇ 10 ਹੋਰ ਜ਼ਖਮੀ ਹੋ ਗਏ। ਐਤਵਾਰ ਨੂੰ ਜਾਰੀ ਇੱਕ ਬਿਆਨ ਵਿੱਚ ਪੁਲਸ ਨੇ ਦੱਸਿਆ ਕਿ ਦੋਸ਼ੀਆਂ ਦੀ ਭਾਲ ਲਈ ਇੱਕ ਮੁਹਿੰਮ ਚਲਾਈ ਜਾ ਰਹੀ ਹੈ। ਇਹ ਘਟਨਾ ਬੇਕਰਸਡਲ ਟਾਊਨਸ਼ਿਪ ਵਿੱਚ ਸਥਾਨਕ ਸਮੇਂ ਅਨੁਸਾਰ ਰਾਤ 1 ਵਜੇ ਤੋਂ ਕੁਝ ਸਮਾਂ ਪਹਿਲਾਂ ਵਾਪਰੀ। ਪੁਲਸ ਨੇ ਇੱਕ ਬਿਆਨ ਵਿੱਚ ਕਿਹਾ ਕਿ ਇੱਕ ਚਿੱਟੇ ਰੰਗ ਦੀ ਕੋਂਬੀ (ਵੈਨ) ਅਤੇ ਇੱਕ ਸਿਲਵਰ ਰੰਗ ਦੀ ਸੇਡਾਨ ਕਾਰ ਵਿੱਚ ਸਵਾਰ ਲੱਗਭੱਗ 12 ਅਣਪਛਾਤੇ ਸ਼ੱਕੀਆਂ ਨੇ ਟੈਵਰਨ ਵਿੱਚ ਮੌਜੂਦ ਲੋਕਾਂ 'ਤੇ ਗੋਲੀਆਂ ਚਲਾਈਆਂ ਅਤੇ ਘਟਨਾ ਵਾਲੀ ਥਾਂ ਤੋਂ ਫ਼ਰਾਰ ਹੁੰਦੇ ਸਮੇਂ ਵੀ ਅੰਨ੍ਹੇਵਾਹ ਗੋਲੀਬਾਰੀ ਜਾਰੀ ਰੱਖੀ। ਪੁਲਸ ਨੇ ਇਹ ਵੀ ਸਪੱਸ਼ਟ ਕੀਤਾ ਕਿ ਉਕਤ ਟੈਵਰਨ ਲਾਇਸੰਸਸ਼ੁਦਾ ਸੀ। ਦੱਖਣੀ ਅਫਰੀਕੀ ਜਨਤਕ ਪ੍ਰਸਾਰਕ ਦੀ ਰਿਪੋਰਟ ਅਨੁਸਾਰ ਅਣਪਛਾਤੇ ਬੰਦੂਕਧਾਰੀਆਂ ਨੇ ਟੈਵਰਨ ਦੇ ਅੰਦਰ ਬੈਠੇ ਗਾਹਕਾਂ ਅਤੇ ਬਾਹਰ ਸੜਕਾਂ 'ਤੇ ਮੌਜੂਦ ਲੋਕਾਂ 'ਤੇ ਗੋਲੀਆਂ ਚਲਾਈਆਂ। ਗੋਲੀਬਾਰੀ ਦੇ ਕਾਰਨਾਂ ਦਾ ਅਜੇ ਤੱਕ ਪਤਾ ਨਹੀਂ ਲੱਗ ਸਕਿਆ ਹੈ। ਕੁਝ ਮੀਡੀਆ ਰਿਪੋਰਟਾਂ ਵਿੱਚ ਮਰਨ ਵਾਲਿਆਂ ਦੀ ਗਿਣਤੀ 10 ਦੱਸੀ ਜਾ ਰਹੀ ਹੈ। ਗੌਟੈਂਗ ਸੂਬੇ ਦੇ ਪੁਲਸ ਦੇ ਬੁਲਾਰੇ ਬ੍ਰਿਗੇਡੀਅਰ ਬ੍ਰੈਂਡਾ ਮੁਰਿਦਿਲੀ ਨੇ ਦੱਸਿਆ, 10 ਲੋਕਾਂ ਦੀ ਮੌਤ ਹੋ ਚੁੱਕੀ ਹੈ ਤੇ ਉਨ੍ਹਾਂ ਕੋਲ ਅਜੇ ਇਸ ਬਾਰੇ ਪੂਰੀ ਜਾਣਕਾਰੀ ਨਹੀਂ ਹੈ ਕਿ ਮਾਰੇ ਗਏ ਲੋਕ ਕੌਣ ਹਨ।


## ਰੰਗਦਾਰ ਵਿਸ਼ੇਸ਼ ਸਪਲੀਮੈਂਟ



ਜਗਦੀਸ਼ ਰਾਏ ਮਾਛੀਵਾੜਾ 98552-08112



ਸ਼ੈਂਕੀ ਸ਼ਰਮਾ ਮਾਛੀਵਾੜਾ 98557-76622

ਸ਼ਹੀਦੀ ਜੋੜ ਮੇਲ ਨੂੰ ਸਮਰਪਿਤ ਵਿਸ਼ੇਸ਼ ਸਪਲੀਮੈਂਟ 24 ਦਸੰਬਰ ਨੂੰ ਪ੍ਰਕਾਸ਼ਤ ਕੀਤਾ ਜਾ ਰਿਹਾ ਹੈ। ਇਸ ਸੰਬੰਧੀ ਇਸ਼ਤਿਹਾਰ ਤੇ ਹੋਰ ਛਪਣਯੋਗ ਸਮੱਗਰੀ ਦੇਣ ਲਈ ਸਾਡੇ ਇਨ੍ਹਾਂ ਪੱਤਰਕਾਰਾਂ ਨਾਲ ਸੰਪਰਕ ਕੀਤਾ ਜਾਵੇ।



ਸਤਿਕਾਰਤ ਮਾਤਾ ਸਵਿੱਤਰੀ ਬਾਈ ਫੂਲੇ ਜੀ ਦੇ ਜਨਮ ਦਿਨ 'ਤੇ ਉਨ੍ਹਾਂ ਦੀ ਨਿੱਘੀ ਯਾਦ ਨੂੰ ਸਮਰਪਿਤ **ਮਾਨਸਾ** ਵਿਸ਼ੇਸ਼ ਸਪਲੀਮੈਂਟ ਪ੍ਰਕਾਸ਼ਤ ਕੀਤਾ ਜਾ ਰਿਹਾ ਹੈ। ਇਸ ਸੰਬੰਧੀ ਇਸ਼ਤਿਹਾਰ ਤੇ ਹੋਰ ਛਪਣਯੋਗ ਸਮੱਗਰੀ ਦੇਣ ਲਈ ਸਾਡੇ ਪੱਤਰਕਾਰ **ਆਤਮਾ ਸਿੰਘ ਪਮਾਰ** ਨਾਲ ਮੋਬਾਇਲ 89680-56200 'ਤੇ ਸੰਪਰਕ ਕੀਤਾ ਜਾਵੇ। **-ਜਨਰਲ ਮੈਨੇਜਰ**


## ਸਰਕਾਰੀ ਸਕੂਲਾਂ 'ਚ ਏ ਆਈ ਆਧਾਰਤ ਕੈਰੀਅਰ ਸੇਧ ਪ੍ਰੋਗਰਾਮ ਲਾਗੂ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਸਾਰੇ ਵਿਦਿਆਰਥੀਆਂ ਨੂੰ ਕੈਰੀਅਰ ਸੇਧ ਸਬੰਧੀ ਬਰਾਬਰ ਮੌਕੇ ਪ੍ਰਦਾਨ ਕਰਨ ਦੀ ਦਿਸ਼ਾ ਵਿੱਚ ਅਹਿਮ ਕਦਮ ਚੁੱਕਦਿਆਂ ਪੰਜਾਬ ਸਰਕਾਰ ਨੇ ਆਪਣੀ ਸਰਕਾਰੀ ਸਕੂਲ ਸਿੱਖਿਆ ਪ੍ਰਣਾਲੀ ਵਿੱਚ ਆਰਟੀਫਿਸ਼ੀਅਲ ਇੰਟੈਲੀਜੈਂਸ (ਏ ਆਈ) ਅਧਾਰਤ ਕੈਰੀਅਰ ਗਾਈਡੈਂਸ ਨੂੰ ਏਕੀਕ੍ਰਿਤ ਕਰਨ ਲਈ ਆਪਣੀ ਕਿਸਮ ਦੀ ਨਿਵੇਕਲੀ ਪਹਿਲ ਦੀ ਸ਼ੁਰੂਆਤ ਕੀਤੀ ਹੈ। ਪਾਇਲਟ ਪੜਾਅ ਤਹਿਤ ਸਰਕਾਰੀ ਅਤੇ ਪੰਜਾਬ ਸਕੂਲ ਸਿੱਖਿਆ ਬੋਰਡ ਤੋਂ ਮਾਨਤਾ ਪ੍ਰਾਪਤ ਸਕੂਲਾਂ ਵਿੱਚ 25 ਏ ਆਈ ਅਧਾਰਤ ਕੈਰੀਅਰ ਗਾਈਡੈਂਸ ਲੈਬਾਰਟਰੀਆਂ ਦਾ ਆਗਾਜ਼ ਕੀਤਾ ਗਿਆ ਹੈ।



• ਬਾਕੀ ਸਫ਼ਾ 7 'ਤੇ

## 'ਜੀ ਰਾਮ ਜੀ' ਖਿਲਾਫ ਤਿੱਖਾ ਸੰਘਰਸ਼ ਕੀਤਾ ਜਾਵੇਗਾ : ਗੋਰੀਆ, ਦੇਵੀ ਕੁਮਾਰੀ

**ਸ਼ਾਹਕੋਟ (ਗਿਆਨ ਸੈਦਪੁਰੀ)**

'ਸਦੀਆਂ ਤੋਂ ਸਤਾਏ ਜਾ ਰਹੇ ਮਜ਼ਦੂਰ ਅਤੇ ਦਲਿਤ ਵਰਗ ਦੀਆਂ ਤੰਗੀਆਂ-ਤੁਰਸ਼ੀਆਂ ਅੱਜ ਵੀ ਬਰਕਰਾਰ ਹਨ। ਜਦੋਂ ਦੀ ਮੋਦੀ ਸਰਕਾਰ ਹੋਂਦ ਵਿੱਚ ਆਈ ਹੈ, ਓਦੋਂ ਤੋਂ ਇਸ ਵਰਗ ਨੂੰ ਪ੍ਰਾਪਤ ਨਿਗੂਣੇ ਜਿਹੇ ਆਰਥਕ ਵਸੀਲਿਆਂ ਨੂੰ ਖਤਮ ਕਰਨ ਦੀ ਕਵਾਇਦ ਦੇ ਨਾਲ-ਨਾਲ ਜਾਤੀ ਵਿਤਕਰੇ ਤੇ ਤਸ਼ੱਦਦ ਵਿੱਚ ਹੋਰ ਵਾਧਾ ਹੋ ਗਿਆ ਹੈ।' ਉਕਤ ਵਿਚਾਰਾਂ ਦਾ ਪ੍ਰਗਟਾਵਾ ਭਾਰਤੀ ਖੇਤ ਮਜ਼ਦੂਰ ਯੂਨੀਅਨ ਦੇ ਕੌਮੀ ਜਨਰਲ ਸਕੱਤਰ ਗੁਲਜ਼ਾਰ ਸਿੰਘ ਗੋਰੀਆ ਤੇ ਪੰਜਾਬ ਖੇਤ ਮਜ਼ਦੂਰ ਸਭਾ ਦੇ ਜਨਰਲ ਸਕੱਤਰ ਦੇਵੀ ਕੁਮਾਰੀ ਸਰਹਾਲੀ ਕਲਾਂ ਨੇ ਇੱਕ ਸਾਂਝੇ ਬਿਆਨ ਰਾਹੀਂ ਕੀਤਾ। ਉਹਨਾਂ ਕਿਹਾ ਕਿ ਪਹਿਲਾਂ ਚਾਰ ਲੇਬਰ ਕੋਡਾਂ ਰਾਹੀਂ ਮਜ਼ਦੂਰਾਂ ਦੇ ਹੱਕਾਂ 'ਤੇ ਡਾਕਾ ਮਾਰਿਆ ਗਿਆ। ਸੰਸਦ ਸੈਸ਼ਨ ਵਿੱਚ ਬਿਜਲੀ ਸੋਧ ਬਿੱਲ 2025 ਲਿਆ ਕੇ ਮਜ਼ਦੂਰਾਂ ਦੇ ਘਰਾਂ ਅੰਦਰ ਹਨੇਰਾ ਪਸਾਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਪਿਛਲੇ ਦਿਨੀਂ ਮਗਨਰੇਗਾ ਕਾਨੂੰਨ ਦਾ ਨਾਂਅ ਬਦਲਣ ਦੀ ਆੜ ਵਿੱਚ ਮਜ਼ਦੂਰਾਂ ਨੂੰ ਥੋੜ੍ਹੀ ਜਿਹੀ ਮਿਲੀ ਹੋਈ ਢਾਰਸ ਨੂੰ ਵੀ ਖੋਹਣ ਦੀ ਤਿਆਰੀ ਕੀਤੀ ਜਾ ਰਹੀ ਹੈ।



ਮਜ਼ਦੂਰ ਆਗੂਆਂ ਨੇ ਕਿਹਾ ਕਿ ਖੇਤੀ ਦੇ ਮਸ਼ੀਨੀਕਰਨ ਨਾਲ ਅਨੇਕਾਂ ਖੇਤ ਮਜ਼ਦੂਰ ਲਗਭਗ ਕੰਮ ਤੋਂ ਵਿਹਲੇ ਹੋ ਕੇ ਬੇਰੁਜ਼ਗਾਰੀ ਦਾ ਸ਼ਿਕਾਰ ਹੋ ਕੇ ਮਾਯੂਸੀ ਦੇ ਆਲਮ ਵਿੱਚ ਚਲੇ ਗਏ। 2005 ਵਿੱਚ ਲਾਲ ਝੰਡੇ ਵਾਲਿਆਂ ਦੇ ਉਪਰਾਲੇ ਨਾਲ ਬਣੇ ਮਨਰੇਗਾ ਕਾਨੂੰਨ ਨਾਲ ਮਜ਼ਦੂਰ ਵਰਗ ਨੂੰ ਥੋੜ੍ਹੀ ਜਿਹੀ ਰਾਹਤ ਮਿਲੀ ਸੀ। 'ਜੀ ਰਾਮ ਜੀ' ਰਾਹੀਂ ਉਸ ਰਾਹਤ ਨੂੰ ਵੀ ਖਤਮ ਕਰਨ ਦੀਆਂ ਗੋਂਦਾਂ ਗੁੰਦੀਆਂ ਜਾ ਰਹੀਆਂ ਹਨ। ਖੇਤੀ ਵਿੱਚ ਕੰਮ ਘਟਣ ਕਾਰਨ ਮਨਰੇਗਾ ਖੇਤ ਮਜ਼ਦੂਰਾਂ ਦਾ ਆਸਰਾ ਬਣਦਾ ਰਿਹਾ ਹੈ। ਮੋਦੀ ਸਰਕਾਰ ਨੂੰ ਇਹ ਆਸਰਾ ਸ਼ਾਇਦ ਬੁਰਾ ਲੱਗਾ ਹੈ। ਮਨਰੇਗਾ ਦਾ ਨਾਂਅ ਬਦਲ ਕੇ ਲਿਆਂਦੇ ਗਏ ਨਵੇ ਕਾਨੂੰਨ ਵਿੱਚ ਇਸ ਨੂੰ ਚਲਾਉਣ ਲਈ ਸੂਬਿਆਂ ਦਾ ਹਿੱਸਾ ਵਧਾ ਦਿੱਤਾ ਗਿਆ ਹੈ। ਸੂਬੇ ਪਹਿਲਾਂ ਹੀ ਕੇਂਦਰ ਦੀ ਬੇਰੁਖੀ ਦਾ ਸ਼ਿਕਾਰ ਰਹਿੰਦੇ ਹਨ। ਇਸ ਸਾਰੇ ਕਾਸੇ ਤੋਂ ਸਪੱਸ਼ਟ ਹੈ ਕਿ ਕੇਂਦਰ ਸਰਕਾਰ ਦੀ ਨੀਅਤ ਵਿੱਚ ਖੋਟ ਹੈ। ਇਹ ਖੋਟ ਆਰਥਕ ਮੰਦਹਾਲੀ ਦਾ ਸ਼ਿਕਾਰ ਤੇ ਬੇਆਸਰਾ ਲੋਕਾਂ ਦੀਆਂ ਮੁਸ਼ਕਲਾਂ ਨੂੰ ਹੋਰ ਵਧਾਏਗੀ।

ਆਗੂਆਂ ਨੇ ਮਜ਼ਦੂਰ ਵਰਗ ਤੇ ਕਿਸਾਨਾਂ ਵੱਲੋਂ ਪਿਛਲੇ ਸਮੇਂ ਲੜੇ ਅਤੇ ਜਿੱਤੇ ਗਏ ਘੋਲਾਂ ਦੇ ਹਵਾਲੇ ਨਾਲ ਕਿਹਾ ਕਿ 'ਜੀ ਰਾਮ ਜੀ' ਕਾਨੂੰਨ ਵਿਰੁੱਧ ਤਿੱਖਾ ਸੰਘਰਸ਼ ਕੀਤਾ ਜਾਵੇਗਾ ਤੇ ਸਰਕਾਰ ਨੂੰ ਮਜਬੂਰ ਕਰ ਦਿੱਤਾ ਜਾਵੇਗਾ ਕਿ ਉਹ ਆਪਣੀ ਨੀਅਤ ਅੰਦਰਲਾ ਖੋਟ ਖਤਮ ਕਰੇ।

## ਅੱਜ-ਨਾਮਾ

ਹੋ ਗਏ ਸੈਂਪਲ ਦਵਾਈ ਦੇ ਫੇਲ੍ਹ ਮੁੜ ਕੇ,
ਖ਼ਬਰ ਇਸ ਤਰ੍ਹਾਂ ਦੀ ਨਵੀਂ ਆਈ ਬੇਲੀ।
ਸਾਰੇ ਦੇਸ਼ ਤੋਂ ਸੈਂਪਲ ਸੀ ਗਲਤ ਨਿਕਲੇ,
ਵੱਖ-ਵੱਖ ਥਾਂਈਂ ਹੈ ਬਣੀ ਦਵਾਈ ਬੇਲੀ।
ਸੈਂਪਲ ਲੈਬ ਨੂੰ ਬਾਅਦ ਵਿੱਚ ਗਏ ਭੇਜੇ,
ਵਿਕਰੀ ਪਹਿਲਾਂ ਸੀ ਸ਼ੁਰੂ ਕਰਾਈ ਬੇਲੀ।
ਏਦਾਂ ਅੱਗੇ ਵੀ ਬਹੁਤ ਸੀ ਵਾਰ ਹੋਇਆ,
ਹੁੰਦੀ ਸੀ ਜਾਂਚ ਤੇ ਫੇਰ ਸੁਣਵਾਈ ਬੇਲੀ।
ਮੁੜ-ਮੁੜ ਇਹੋ ਹੈ ਖੇਡ ਦੁਹਰਾਈ ਜਾਂਦੀ,
ਧੰਦਾ ਹੋਇਆ ਨਾ ਹੋਊ ਇਹ ਬੰਦ ਬੇਲੀ।
ਕੁੱਤੀ ਚੋਰਾਂ ਦੇ ਨਾਲ ਜਦ ਮਿਲੀ ਰਹਿਣੀ,
ਹੋਣਾ ਕਿਵੇਂ ਫਿਰ ਸਾਫ ਇਹ ਗੰਦ ਬੇਲੀ।

-ਤੀਸ ਮਾਰ ਖਾਂ

## ਕੈਨੇਡਾ 'ਚ ਪੈਸੀਫਿਕ ਲਿੰਕ ਕਾਲਜ ਦੀ ਮਾਨਤਾ ਰੱਦ, ਸੈਂਕੜੇ ਵਿਦਿਆਰਥੀ ਪ੍ਰੇਸ਼ਾਨ

**ਵਿਨੀਪੈੱਗ** : ਕੈਨੇਡਾ ਵਿਚ ਸੂਬਾ ਸਰਕਾਰ ਨੇ ਪੈਸੀਫਿਕ ਲਿੰਕ ਕਾਲਜ ਨੂੰ ਆਪਣੇ ਪ੍ਰੋਗਰਾਮਾਂ ਅਤੇ ਵਰਕ ਪਲੇਸਮੈਂਟ ਬਾਰੇ ਕੌਮਾਂਤਰੀ ਵਿਦਿਆਰਥੀਆਂ ਨੂੰ ਗੁੰਮਰਾਹ ਕਰਨ ਤੋਂ ਬਾਅਦ ਉਸ ਦੀ ਫ਼ੁਲ-ਟਾਈਮ ਕੋਰਸ ਚਲਾਉਣ ਦੀ ਮਾਨਤਾ ਰੱਦ ਕਰ ਦਿੱਤੀ ਅਤੇ ਇਸ ਫੈਸਲੇ ਨਾਲ ਕਾਲਜ ਪ੍ਰਭਾਵੀ ਰੂਪ ਵਿੱਚ ਬੰਦ ਹੋ ਗਿਆ। ਇਕ ਜਾਂਚ ਵਿਚ ਇਹ ਪਾਇਆ ਹੈ ਕਿ ਇਸ ਅਦਾਰੇ ਨੇ ਕੌਮਾਂਤਰੀ ਵਿਦਿਆਰਥੀਆਂ ਨੂੰ ਆਪਣੇ ਕੋਰਸਾਂ ਅਤੇ ਨੌਕਰੀ ਲਈ ਪਲੇਸਮੈਂਟ ਬਾਰੇ ਗੁੰਮਰਾਹ ਕੀਤਾ ਸੀ। ਬੀ ਸੀ ਵਿੱਚ ਕਿਸੇ ਵੀ ਕਾਲਜ ਲਈ ਫ਼ੁਲ-ਟਾਈਮ ਕੋਰਸ ਚਲਾਉਣ ਅਤੇ ਘੱਟੋ-ਘੱਟ 4,000 ਡਾਲਰ ਫ਼ੀਸ ਲੈਣ ਦੇ ਯੋਗ ਹੋਣ ਲਈ ਇਹ ਮਾਨਤਾ ਜ਼ਰੂਰੀ ਹੁੰਦੀ ਹੈ। ਪੈਸੀਫਿਕ ਲਿੰਕ ਕਾਲਜ ਦੀ ਸਥਾਪਨਾ 2011 ਵਿੱਚ ਹੋਈ ਸੀ ਤੇ ਇਸ ਦੇ ਦਫ਼ਤਰ ਸਰੀ ਅਤੇ ਬਰਨਬੀ ਵਿੱਚ ਸਨ। ਕਾਲਜ ਦੇ ਬੰਦ ਹੋਣ ਤੋਂ ਬਾਅਦ ਸੈਂਕੜੇ ਵਿਦਿਆਰਥੀ ਹੁਣ ਸੰਘਰਸ਼ ਕਰ ਰਹੇ ਹਨ। ਸਤੰਬਰ ਵਿੱਚ ਕਈ ਵਿਦਿਆਰਥੀਆਂ ਨੇ ਦੋਸ਼ ਲਗਾਇਆ ਸੀ ਕਿ ਕਾਲਜ ਨੇ ਉਨ੍ਹਾਂ ਨੂੰ ਕੋਰਸ ਦੇ ਕਰੈਡਿਟ ਲਈ ਇੱਕ ਸਿਆਸੀ ਮੁਹਿੰਮ ਵਿੱਚ ਹਿੱਸਾ ਲੈਣ ਲਈ ਮਜਬੂਰ ਕੀਤਾ ਸੀ। ਵਿਦਿਆਰਥੀ ਅਧਿਕਾਰਾਂ ਲਈ ਕੰਮ ਕਰਨ ਵਾਲੇ ਗਰੁੱਪ 'ਵਨ ਵੌਇਸ ਕੈਨੇਡਾ' ਦੇ ਸਹਿ-ਸੰਸਥਾਪਕ ਬਲਰਾਜ ਕਾਹਲੋਂ ਨੇ ਕਿਹਾ ਕਿ ਵਿਦਿਆਰਥੀਆਂ ਵਿੱਚ ਕਾਫ਼ੀ ਗ਼ੁੱਸਾ ਅਤੇ ਨਿਰਾਸ਼ਾ ਹੈ, ਕਿਉਂਕਿ ਉਨ੍ਹਾਂ ਨੇ ਪੈਸੀਫਿਕ ਲਿੰਕ ਕਾਲਜ ਵਿੱਚ ਆਪਣਾ ਕਾਫ਼ੀ ਸਮਾਂ ਅਤੇ ਪੈਸਾ ਬਰਬਾਦ ਕੀਤਾ। ਉਨ੍ਹਾਂ ਦੱਸਿਆ ਕਿ ਕੁਝ ਵਿਦਿਆਰਥੀ ਇੱਕ ਤੋਂ ਦੋ ਸਾਲ ਤੱਕ ਉੱਥੇ ਪੜ੍ਹਦੇ ਰਹੇ ਅਤੇ 10,000 ਤੋਂ 15,000 ਡਾਲਰ ਤੱਕ ਫ਼ੀਸ ਭਰੀ। ਕਾਲਜ ਵਿੱਚ ਪੜ੍ਹ ਰਹੇ ਸੈਂਕੜੇ ਵਿਦਿਆਰਥੀਆਂ ਨੂੰ ਸੂਬਾ ਸਰਕਾਰ ਵੱਲੋਂ ਫ਼ੀਸ ਵਾਪਸੀ ਲਈ ਅਰਜ਼ੀ ਦੇਣ ਦੀ ਸਲਾਹ ਦਿੱਤੀ ਗਈ ਹੈ। ਸੂਬੇ ਦੇ ਉੱਚ ਸਿੱਖਿਆ ਮੰਤਰਾਲੇ ਦੇ ਅਨੁਸਾਰ ਪਹਿਲਾਂ ਗ੍ਰੈਜੂਏਟ ਹੋ ਚੁੱਕੇ ਵਿਦਿਆਰਥੀ ਵੀ ਯੋਗ ਹੋ ਸਕਦੇ ਹਨ ਅਤੇ ਮੰਨਦੇ ਹਨ ਕਿ ਉਨ੍ਹਾਂ ਨਾਲ ਧੋਖਾ ਹੋਇਆ ਹੈ। ਵਿਦਿਆਰਥੀਆਂ ਨੂੰ ਹੋਰ ਸਕੂਲਾਂ ਵਿੱਚ ਦਾਖ਼ਲਾ ਲੈਣ ਲਈ ਵੀ ਕਿਹਾ ਗਿਆ ਹੈ। ਬਲਰਾਜ ਕਾਹਲੋਂ ਨੇ ਕਿਹਾ ਕਿ ਹੋ ਸਕਦਾ ਹੈ ਕੁਝ ਵਿਦਿਆਰਥੀਆਂ ਨੂੰ ਫ਼ੀਸ ਵਾਪਸ ਮਿਲ ਜਾਵੇ, ਪਰ ਉਹ ਆਪਣਾ ਲਗਾਇਆ ਸਮਾਂ, ਕੈਨੇਡਾ ਆਉਣ ਦਾ ਖਰਚਾ ਅਤੇ ਇੱਥੇ ਰਹਿਣ ਦਾ ਖਰਚਾ ਵਾਪਸ ਨਹੀਂ ਲੈ ਸਕਦੇ। ਸਿਆਸੀ ਮੁਹਿੰਮ ਮਾਮਲੇ ਵਿੱਚ ਵਿਦਿਆਰਥੀਆਂ ਨੇ ਦੱਸਿਆ ਕਿ ਉਨ੍ਹਾਂ ਨੂੰ ਦਸੰਬਰ 2024 ਦੀ ਜ਼ਿਮਨੀ ਚੋਣ ਤੋਂ ਪਹਿਲਾਂ ਦੋ ਹਫ਼ਤਿਆਂ ਲਈ ਕੰਜ਼ਰਵੇਟਿਵ ਉਮੀਦਵਾਰ ਤਮਾਰਾ ਜੈਨਸਨ ਦੀ ਚੋਣ ਮੁਹਿੰਮ ਵਿੱਚ ਕੰਮ ਕਰਨ ਲਈ ਕਿਹਾ ਗਿਆ। ਉਨ੍ਹਾਂ ਦੇ ਅਨੁਸਾਰ ਘਰ-ਘਰ ਜਾ ਕੇ ਪ੍ਰਚਾਰ ਕਰਨਾ ਕੋਰਸ ਦਾ ਲਾਜ਼ਮੀ ਹਿੱਸਾ ਬਣਾਇਆ ਗਿਆ ਸੀ ਅਤੇ ਹਾਜ਼ਰੀ ਸਾਬਤ ਕਰਨ ਲਈ ਫ਼ੋਟੋਆਂ ਸਕੂਲ ਪ੍ਰਸ਼ਾਸਨ ਨੂੰ ਭੇਜਣੀਆਂ ਪੈਂਦੀਆਂ ਸਨ। ਵਿਦਿਆਰਥੀਆਂ ਨੂੰ ਭੇਜੀ ਇੱਕ ਈਮੇਲ ਵਿੱਚ ਕੈਂਪਸ ਡਾਇਰੈਕਟਰ ਨੇ ਇਸ ਵਲੰਟੀਅਰ ਕੰਮ ਨੂੰ ਡਿਜੀਟਲ ਮੀਡੀਆ ਕੋਰਸ ਦਾ ਲਾਜ਼ਮੀ ਹਿੱਸਾ ਦੱਸਿਆ ਸੀ ਅਤੇ ਇਹ ਵੀ ਕਿਹਾ ਸੀ ਕਿ ਇਸ ਨਾਲ ਵਿਦਿਆਰਥੀਆਂ ਨੂੰ ਪੀ ਆਰ ਮਿਲਣ ਵਿੱਚ ਮਦਦ ਹੋ ਸਕਦੀ ਹੈ। ਉਧਰ ਪੀ ਸੀ ਪਾਰਟੀ ਦੀ ਤਮਾਰਾ ਜੈਨਸਨ ਨੇ ਕਿਹਾ ਸੀ ਕਿ ਉਨ੍ਹਾਂ ਨੂੰ ਕੋਈ ਜਾਣਕਾਰੀ ਨਹੀਂ ਸੀ ਕਿ ਕਾਲਜ ਵਿਦਿਆਰਥੀਆਂ ਨੂੰ ਪ੍ਰਚਾਰ ਦੇ ਕੰਮ 'ਤੇ ਲਾਇਆ ਗਿਆ ਸੀ। ਉਨ੍ਹਾ ਕਿਹਾ ਕਿ ਉਨ੍ਹਾਂ ਦਾ ਕਾਲਜ ਨਾਲ ਕੋਈ ਲੈਣਾ-ਦੇਣਾ ਨਹੀਂ। ਸਕੂਲ ਪ੍ਰਸ਼ਾਸਨ ਨੇ ਵੀ ਕਿਹਾ ਸੀ ਕਿ ਇਹ ਮੁਹਿੰਮ ਲਾਜ਼ਮੀ ਨਹੀਂ ਸੀ ਅਤੇ ਕਾਲਜ ਸਿਆਸੀ ਤੌਰ 'ਤੇ ਨਿਰਪੱਖ ਹੈ। ਕਾਲਜ ਦੇ ਬੰਦ ਹੋਣ ਨਾਲ ਸਟੱਡੀ ਪਰਮਿਟ 'ਤੇ ਪੜ੍ਹ ਰਹੇ ਵਿਦਿਆਰਥੀਆਂ ਦੀ ਵੀਜ਼ਾ ਸਥਿਤੀ ਪ੍ਰਭਾਵਿਤ ਹੋ ਸਕਦੀ ਹੈ ਅਤੇ ਉਨ੍ਹਾਂ ਨੂੰ ਆਸ ਹੈ ਕਿ ਜੇ ਇਹ ਵਿਦਿਆਰਥੀ ਹੋਰ ਅਦਾਰਿਆਂ ਵਿੱਚ ਦਾਖ਼ਲਾ ਲੈਂਦੇ ਹਨ ਤਾਂ ਇਮੀਗ੍ਰੇਸ਼ਨ ਵਿਭਾਗ ਉਨ੍ਹਾਂ ਦੇ ਪਰਮਿਟ ਰੀਨਿਊ ਕਰਨ ਨੂੰ ਤਰਜੀਹ ਦੇਵੇਗਾ। ਪੈਸੀਫਿਕ ਲਿੰਕ ਕਾਲਜ ਦੇ ਬੰਦ ਹੋਣ ਤੋਂ ਬਾਅਦ ਲਗਭਗ 300 ਵਿਦਿਆਰਥੀ ਹੁਣ ਨਵੇਂ ਅਦਾਰਿਆਂ ਦੀ ਭਾਲ ਕਰ ਰਹੇ ਹਨ।

## ਨਰੇਗਾ ਰੁਜ਼ਗਾਰ ਦੀ ਪ੍ਰਾਪਤੀ ਲਈ ਅੱਜ ਅਲਗੋਂ ਕੋਠੀ ਵਿਖੇ ਪ੍ਰਦਰਸ਼ਨ : ਗਿੱਲ, ਮਾੜੀਮੇਘਾ



**ਭਿੱਖੀਵਿੰਡ** : ਸੀ ਪੀ ਆਈ ਬਲਾਕ ਭਿੱਖੀਵਿੰਡ ਦੀ ਬਲਾਕ ਕਾਨਫਰੰਸ ਟਹਿਲ ਸਿੰਘ ਲੱਧੂ, ਗੁਰਚੰਦ ਸਿੰਘ ਭਗਵਾਨਪੁਰਾ ਖੁਰਦ, ਡਾਕਟਰ ਰਸਾਲ ਸਿੰਘ ਤੇ ਸੁਖਵਿੰਦਰ ਕੌਰ ਅਲਗੋਂ ਖੁਰਦ ਦੀ ਪ੍ਰਧਾਨਗੀ ਹੇਠ ਚੇਲਾ ਮੋੜ 'ਤੇ ਬਾਬਾ ਸੁੱਖਾ ਸਿੰਘ ਮਾੜੀ ਕੰਬੋਕੇ ਦੀ ਯਾਦ ਵਿੱਚ ਉਸਰੇ ਗੁਰਦੁਆਰਾ ਸਾਹਿਬ ਵਿੱਚ ਹੋਈ। ਕਾਨਫਰੰਸ ਦਾ ਉਦਘਾਟਨ ਕਰਦਿਆਂ ਸੀ ਪੀ ਆਈ ਦੇ ਜ਼ਿਲ੍ਹਾ ਕਾਰਜਕਾਰਨੀ ਮੈਂਬਰ ਅਤੇ ਜ਼ਿਲ੍ਹੇ ਵੱਲੋਂ ਕਾਨਫਰੰਸ ਕਰਾਉਣ ਆਏ ਅਬਜ਼ਰਵਰ ਗੁਰਪ੍ਰੀਤ ਸਿੰਘ ਗੰਡੀਵਿੰਡ ਨੇ ਕਿਹਾ ਕਿ ਇਸ ਇਲਾਕੇ ਦੀ ਕਮਿਊਨਿਸਟ ਪਾਰਟੀ ਨੂੰ ਬਹੁਤ ਦੇਣ ਹੈ। ਸ਼ਹੀਦ ਕਾਮਰੇਡ ਅਰਜਨ ਸਿੰਘ ਮਸਤਾਨਾ, ਸ਼ਹੀਦ ਗੱਜਣ ਸਿੰਘ ਕਾਲੇ,

• ਬਾਕੀ ਸਫ਼ਾ 7 'ਤੇ

22 Dec Page 3.qxd 12/21/2025 10:09 PM Page 1



# ਫਾਇਰਿੰਗ ਦੀਆਂ ਦੋ ਘਟਨਾਵਾਂ 'ਚ ਸ਼ਾਮਲ ਮੁਲਜ਼ਮ ਗ੍ਰਿਫ਼ਤਾਰ

**ਛੇਹਰਟਾ, (ਮਨੋਜ ਕੁਮਾਰ)**- ਕੋਟ ਖਾਲਸਾ ਇਲਾਕੇ ਵਿਚ ਗੋਲੀ ਚੱਲਾ ਕੇ ਦੋ ਵੱਖ-ਵੱਖ ਘਟਨਾਵਾਂ ਵਿਚ ਔਰਤ ਸਮੇਤ ਤਿੰਨ ਵਿਅਕਤੀਆਂ ਨੂੰ ਜ਼ਖ਼ਮੀ ਕਰਨ ਦੇ ਮਾਮਲੇ ਵਿਚ ਮੁੱਖ ਮੁਲਜ਼ਮ ਨੂੰ ਕਮਿਸ਼ਨਰੇਟ ਪੁਲਸ ਅੰਮ੍ਰਿਤਸਰ ਨੇ ਸੰਖੇਪ ਮੁਕਾਬਲੇ ਤੋਂ ਬਾਅਦ ਗ੍ਰਿਫ਼ਤਾਰ ਕਰ ਲਿਆ। ਸ਼ਨਿਚਰਵਾਰ ਨੂੰ ਪੁਲਸ



ਪਾਰਟੀ ਨੂੰ ਸੂਚਨਾ ਮਿਲੀ ਕਿ ਮੁਲਜ਼ਮ ਚੰਦਨ ਸ਼ਰਮਾ ਕੋਟ ਖਾਲਸਾ ਇਲਾਕੇ ਵਿਚ ਘੁੰਮ ਰਿਹਾ ਹੈ। ਇਸ ਜਾਣਕਾਰੀ 'ਤੇ ਕਾਰਵਾਈ ਕਰਦਿਆਂ ਪੁਲਸ ਪਾਰਟੀ ਬੋੜ੍ਹੀ ਸਾਹਿਬ ਤੋਂ ਪਿੰਡ ਥਾਂਦੇ ਜਾ ਰਹੀ ਸੀ। ਪੁਲਸ ਪਾਰਟੀ ਨੂੰ ਦੇਖ ਕੇ ਮੁਲਜ਼ਮ ਚੰਦਨ ਸ਼ਰਮਾ ਨੇ ਖੇਤਾਂ ਵੱਲ ਭੱਜਣ ਦੀ ਕੋਸ਼ਿਸ਼ ਕੀਤੀ ਤੇ ਗ੍ਰਿਫ਼ਤਾਰੀ ਤੋਂ ਬਚਣ ਦੇ ਇਰਾਦੇ ਨਾਲ ਪੁਲਸ 'ਤੇ ਗੋਲੀਬਾਰੀ ਕੀਤੀ। ਮੁਲਜ਼ਮ ਨੂੰ ਚਿਤਾਵਨੀ ਦੇਣ ਤੇ ਰੋਕਣ ਲਈ ਸੀਨੀਅਰ ਕਾਂਸਟੇਬਲ ਕਿੰਦਰਬੀਰ ਸਿੰਘ ਨੇ ਆਪਣੀ ਸਰਵਿਸ ਕਾਰਬਾਈਨ ਤੋਂ ਹਵਾ ਵਿਚ ਗੋਲੀ ਚਲਾਈ। ਮੁਲਜ਼ਮ ਨਹੀਂ ਰੁਕਿਆ ਤੇ ਦੁਬਾਰਾ ਪੁਲਸ ਪਾਰਟੀ 'ਤੇ ਗੋਲੀਬਾਰੀ ਕੀਤੀ। ਸੀਨੀਅਰ ਕਾਂਸਟੇਬਲ ਕਿੰਦਰਬੀਰ ਸਿੰਘ ਨੇ ਮੁਲਜ਼ਮ 'ਤੇ ਇਕ ਰਾਊਂਡ ਫਾਇਰ ਕਰਕੇ ਜਵਾਬੀ ਕਾਰਵਾਈ ਕੀਤੀ ਜੋ ਉਸਦੀ ਲੱਤ ਵਿਚ ਲੱਗੀ। ਮੁਲਜ਼ਮ ਨੂੰ ਮੁਕਾਬਲੇ ਵਿਚ ਜ਼ਖ਼ਮੀ ਹੋਣ 'ਤੇ ਤੁਰੰਤ ਹਿਰਾਸਤ ਵਿਚ ਲੈ ਕੇ ਡਾਕਟਰੀ ਇਲਾਜ ਲਈ ਹਸਪਤਾਲ ਭੇਜ ਦਿੱਤਾ ਗਿਆ। ਮੁਲਜ਼ਮ ਕੋਲੋਂ 9ਐਮਐਮ ਦਾ ਜ਼ਿਗਾਨਾ ਪਿਸਤੌਲ ਬਰਾਮਦ ਹੋਇਆ ਹੈ। ਜ਼ਿਕਰਯੋਗ ਹੈ ਕਿ 13 ਦਸੰਬਰ ਨੂੰ ਨਿਊ ਆਦਰਸ਼ ਨਗਰ ਵਿਚ ਜਾਗਰਤਾ ਪ੍ਰੋਗਰਾਮ ਦੌਰਾਨ ਮੁਲਜ਼ਮ ਨੇ ਗੋਲੀ ਚੱਲਾ ਕੇ ਬਿਰਕਮ ਸ਼ਰਮਾ, ਵਾਸੀ ਕੋਟ ਖਾਲਸਾ ਨੂੰ ਜ਼ਖ਼ਮੀ ਕਰ ਦਿੱਤਾ ਸੀ। ਅਗਲੇ ਦਿਨ ਇਕ ਹੋਰ ਘਟਨਾ ਵਿਚ ਪੁਲਿਸ ਤੋਂ ਬਚਣ ਦੌਰਾਨ ਉਸ ਨੇ ਗੋਲੀ ਚਲਾ ਕੇ ਗੁਰੂ ਨਾਨਕਪੁਰਾ ਵਾਸੀ ਬਿੱਲੂ ਤੇ ਸੋਨੀਆ ਵਾਸੀ ਕੋਟ ਖਾਲਸਾ ਨੂੰ ਜ਼ਖ਼ਮੀ ਕਰ ਦਿੱਤਾ ਸੀ। ਇਨ੍ਹਾਂ ਦੋਵੇਂ ਮਾਮਲਿਆਂ ਵਿਚ ਉਸ ਖ਼ਿਲਾਫ਼ ਥਾਣਾ ਇਸਲਾਮਾਬਾਦ ਵਿਚ ਪਰਚੇ ਦਰਜ ਸਨ। ਇਸ ਮਾਮਲੇ ਦੇ ਸਬੰਧ ਵਿਚ ਪੁਲਿਸ ਨੇ ਗੁਲਸ਼ਨ ਨਾਂ ਦੇ ਇਕ ਮੁਲਜ਼ਮ ਨੂੰ ਪਹਿਲਾਂ ਹੀ ਗ੍ਰਿਫ਼ਤਾਰ ਕਰ ਚੁੱਕੀ ਹੈ।

# ਢਾਬ ਖਟੀਕਾਂ ਦੇ ਸਕੂਲ 'ਚ ਜੋਸ਼ੋ-ਖਰੋਸ਼ ਨਾਲ ਕਰਵਾਈ ਡਿਸਟ੍ਰਿਕਟ ਕਿੱਕ ਬਾਕਸਿੰਗ (ਲੜਕੇ-ਲੜਕੀਆਂ) ਚੈਂਪੀਅਨਸ਼ਿਪ

**ਛੇਹਰਟਾ, (ਮਨੋਜ ਕੁਮਾਰ)**— ਡਿਸਟ੍ਰਿਕਟ ਕਿੱਕ ਬਾਕਸਿੰਗ (ਲੜਕੇ-ਲੜਕੀਆਂ) ਚੈਂਪੀਅਨਸ਼ਿਪ ਹਿੰਦੂ ਸਭਾ ਸੀਨੀਅਰ ਸੈਕੰਡਰੀ ਸਕੂਲ, ਢਾਬ ਖਟੀਕਾ ਵਿਚ ਹੋਈ। ਇਸ ਮੌਕੇ ਖਿਡਾਰਿਆਂ ਦੀ ਹੌਂਸਲਾ ਅਫ਼ਜ਼ਾਈ ਕਰਦੇ ਹੋਏ ਆਮ ਆਦਮੀ ਪਾਰਟੀ ਐੱਸਸੀ ਵਿੰਗ ਅੰਮ੍ਰਿਤਸਰ ਦੇ ਜ਼ਿਲ੍ਹਾ ਪ੍ਰਧਾਨ ਡਾ. ਇੰਦਰਪਾਲ ਤੇ ਸਮਾਜ ਸੇਵਕ ਬਾਲ ਕ੍ਰਿਸ਼ਨ ਨੇ ਕਿਹਾ ਕਿ ਕਿੱਕ ਬਾਕਸਿੰਗ ਐਸੋਸੀਏਸ਼ਨ ਵੱਲੋਂ ਖੇਡਾਂ ਕਰਾ ਕੇ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਵਿਚ ਬਹੁਤ ਵੱਡਾ ਯੋਗਦਾਨ ਪਾਇਆ ਜਾ ਰਿਹਾ ਹੈ। ਖੇਡਾਂ ਸਾਡੇ ਜੀਵਨ ਦਾ ਮਹੱਤਵਪੂਰਨ ਅੰਗ ਹਨ। ਇਹ ਸਾਨੂੰ ਤੰਦਰੁਸਤ ਤੇ ਬਿਮਾਰੀਆਂ ਤੋਂ ਦੂਰ ਰੱਖਦੀਆਂ ਹਨ। ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵੱਲ ਵੀ ਧਿਆਨ ਦੇਣਾ ਚਾਹੀਦਾ ਹੈ। ਮਾਪਿਆਂ ਨੂੰ ਵੀ ਚਾਹੀਦਾ ਹੈ ਕਿ ਉਹ ਪੜ੍ਹਾਈ ਦੇ ਨਾਲ-ਨਾਲ ਬੱਚਿਆਂ ਨੂੰ ਖੇਡਾਂ ਨਾਲ ਵੀ ਜੋੜਨ। ਡਾ. ਇੰਦਰਪਾਲ ਤੇ ਬਾਲ ਕਿਸ਼ਨ ਨੇ ਕਿਹਾ ਕਿ ਕੋਚ ਬਲਦੇਵ ਰਾਜ ਦੇਵ ਬੱਚਿਆਂ ਨੂੰ ਖੇਡਾਂ ਨਾਲ ਜੋੜਨ ਲਈ ਬਹੁਤ ਵਧੀਆ ਉਪਰਾਲਾ ਕਰ ਰਹੇ ਹਨ। ਉਨ੍ਹਾਂ



ਨੇ ਟੂਰਨਾਮੈਂਟ ਕਰਵਾਉਣ ਲਈ ਕਿੱਕ ਬਾਕਸਿੰਗ ਐਸੋਸੀਏਸ਼ਨ ਦਾ ਵੀ ਧੰਨਵਾਦ ਕੀਤਾ। ਇਸ ਮੌਕੇ ਡਿਸਟ੍ਰਿਕਟ ਕਿੱਕ ਬਾਕਸਿੰਗ ਐਸੋਸੀਏਸ਼ਨ ਦੇ ਪ੍ਰਧਾਨ ਅਭਿਲਾਸ਼ ਕੁਮਾਰ, ਜਨਰਲ ਸੈਕਟਰੀ ਕੋਚ ਬਲਦੇਵ ਰਾਜ ਦੇਵ , ਪ੍ਰਿੰਸੀਪਲ ਪੂਜਾ ਪ੍ਰਭਾਕਰ, ਸੀਨੀਅਰ ਪ੍ਰਧਾਨ ਰਾਜ ਕੁਮਾਰ ਸਾਹੂ, ਸੀਨੀਅਰ ਮੀਤ ਪ੍ਰਧਾਨ ਜਸਬੀਰ ਸਿੰਘ, ਬਾਸਕਿਟਬਾਲ ਕੋਚ ਅਵਤਾਰ ਸਿੰਘ, ਡਾ. ਸਵਰਾਜ ਗਰੋਵਰ, ਬਾਕਸਿੰਗ ਕੋਚ ਬ੍ਰਿਜ ਮੋਹਨ ਰਾਣਾ, ਸੀਨੀਅਰ ਬਾਕਸਰ ਦਲਬੀਰ ਸਿੰਘ, ਨੈਸ਼ਨਲ ਖਿਡਾਰਨ ਪਲਵਿੰਦਰ ਕੌਰ ਪੱਲਵੀ, ਸੀਨੀਅਰ ਬਾਕਸਰ ਨਵਦੀਪ ਸਿੰਘ, ਸੀਨੀਅਰ ਬਾਕਸਰ ਸੁਖਵਿੰਦਰ ਸਿੰਘ ਸੁੱਖ, ਡੀ. ਪੀ. ਅਨੁਰਾਧਾ, ਕੋਚ ਅਸ਼ੀਸ਼ ਕੁਮਾਰ, ਕੋਚ ਦਿਨੇਸ਼ ਕੌਸ਼ਲ, ਕੋਚ ਪ੍ਰਤਾਪ ਸਿੰਘ, ਡੀ.ਪੀ. ਆਸ਼ੂ ਬਾਕਸਰ, ਕੋਚ ਅਮਰਜੀਤ ਸਿੰਘ, ਆਰਮੀ ਬਾਕਸਿੰਗ ਕੋਚ ਅਵਤਾਰ ਸਿੰਘ, ਕੋਚ ਨੈਨਾ ਸ਼ਰਮਾ, ਕੋਚ ਵਿਸ਼ਾਲੀ, ਕੋਚ ਗੁਰਪ੍ਰੀਤ ਸਿੰਘ, ਸਕੂਲ ਟੀਚਰ ਕਿਸ਼ਨ ਟੰਡਨ, ਸੁਰੇਸ਼ ਮਹਾਜਨ ਬਾਸਕਟਬਾਲ ਕੋਚ, ਕੋਚ ਹਰਮੀਤ ਸਿੰਘ, ਸੀਨੀਅਰ ਬਾਕਸਰ ਰਮੇਸ਼ ਥਾਪਾ, ਕੋਚ ਕੰਵਲਜੀਤ, ਪ੍ਰੋਫੈਸਰ ਮਨੋਜ, ਬਾਕਸਰ ਰਣਜੀਤ ਸਿੰਘ ਹੈਪੀ, ਬਾਕਸਰ ਸੰਜੇ ਤੁਲੀ, ਰੂਪ ਚੰਦ ਖੇਡ ਪ੍ਰਮੋਟਰ, ਐਥਲੈਟਿਕ ਕੋਚ ਨਰਿੰਦਰ ਸਿੰਘ ਬਿੱਲੀ, ਖੇਡ ਪ੍ਰਮੋਟਰ ਰਣਜੀਤ ਸਿੰਘ ਮਸੋਨ, ਬਾਕਸਰ ਹਰਲੀਨਦੀਪ ਕੌਰ, ਕੋਚ ਵਿਸ਼ਾਲ ਆਦਿ ਹਾਜ਼ਰ ਸਨ।

# ਨਸ਼ਾ ਤਸਕਰ ਦੀ ਨਜਾਇਜ਼ ਉਸਾਰੀ 'ਤੇ ਚਲਿਆ ਪੀਲਾ ਪੰਜਾ



**ਦੀਨਾਨਗਰ, (ਬਲਵਿੰਦਰ ਸਿੰਘ ਬਿੱਲਾ)**- ਹਲਕਾ ਦੀਨਾਨਗਰ ਦੇ ਇਲਾਕੇ ਡੀਡਾ ਸਾਂਸੀਆਂ ਵਿੱਚ ਇੱਕ ਹੋਰ ਨਸ਼ਾ ਤਸਕਰ ਦੇ ਘਰ 'ਤੇ ਗੁਰਦਾਸਪੁਰ ਪੁਲਸ ਦਾ ਪੀਲਾ ਪੰਜਾ ਚਲਿਆ ।ਡੀ. ਐੱਸ. ਪੀ. ਰਜਿੰਦਰ ਮਿਨਹਾਸ ਨੇ ਦੱਸਿਆ ਕਿ ਐੱਸਐੱਸਪੀ ਗੁਰਦਾਸਪੁਰ ਆਦਿੱਤਿਆ ਦੀ ਅਗਵਾਈ ਹੇਠ ਜ਼ਿਲ੍ਹੇ ਅੰਦਰ ਨਸ਼ਾ ਤਸਕਰਾਂ ਵਿਰੁੱਧ ਸਖਤ ਕਾਰਵਾਈ ਕੀਤੀ ਜਾ ਰਹੀ ਹੈ ਅਤੇ ਗੁਰਦਾਸਪੁਰ ਪੁਲਸ ਦੀ ਨਸ਼ਿਆਂ ਵਿਰੁੱਧ ਜ਼ੀਰੋ ਟਾਲਰੈਂਸ ਹੈ।ਉਨ੍ਹਾਂ ਅੱਗੇ ਦੱਸਿਆ ਕਿ ਹਰੀਸ਼ ਕੁਮਾਰ ਪੁੱਤਰ ਤਾਰਾ ਚੰਦ ਅਤੇ ਉਸ ਦਾ ਭਰਾ ਵਿਜੇ ਕੁਮਾਰ ਸਿਰੇ ਦੇ ਨਸ਼ਾ ਤਸਕਰ ਹਨ ਤੇ ਉਨ੍ਹਾਂ 'ਤੇ 11 ਮੁਕੱਦਮੇ ਨਸ਼ਾ ਤਸਕਰੀ ਦੇ ਚੱਲ ਰਹੇ ਹਨ ।ਉਨ੍ਹਾਂ ਵੱਲੋਂ ਵਾਟਰ ਰਿਸੋਰਸਸ ਦੀ ਜਗ੍ਹਾ 'ਤੇ ਨਜਾਇਜ਼ ਕਬਜ਼ਾ ਵੀ ਕੀਤਾ ਗਿਆ ਹੈ।ਇਸ ਨਜਾਇਜ਼ ਉਸਾਰੀ ਨੂੰ ਅੱਜ ਢਾਹ ਦਿੱਤਾ ਗਿਆ ।ਡੀਐੱਸਪੀ ਰਜਿੰਦਰ ਮਿਨਹਾਸ ਨੇ ਦੱਸਿਆ ਕਿ ਲਗਾਤਾਰ ਨਸ਼ਾ ਤਸਕਰਾਂ ਦੀਆਂ ਨਜਾਇਜ਼ ਉਸਾਰੀਆਂ ਢਾਹੀਆਂ ਜਾ ਰਹੀਆਂ ਹਨ ਤੇ ਇਹ ਮੁਹਿੰਮ ਲਗਾਤਾਰ ਜਾਰੀ ਰਹੇਗੀ।ਇਸ ਮੌਕੇ ਵਾਟਰ ਰਿਸੋਰਸਸ ਦੇ ਜੇ. ਈ. ਵਿਸ਼ਾਲ ਅੱਤਰੀ ਸਮੇਤ ਪੁਲਸ ਦੇ ਅਧਿਕਾਰੀ ਤੇ ਕਰਮਚਾਰੀ ਮੌਜੂਦ ਸਨ।

# ਸਰਕਾਰੀ ਪ੍ਰਾਇਮਰੀ ਸਕੂਲ ਭੁੰਬਲੀ (ਲੜਕੇ) ਵਿਖੇ ਮਾਪੇ-ਅਧਿਆਪਕ ਮਿਲਣੀ ਕਰਵਾਈ

**ਗੁਰਦਾਸਪੁਰ (ਦਿਨੇਸ਼ ਕੁਮਾਰ)** ਪੰਜਾਬ ਸਿੱਖਿਆ ਕ੍ਰਾਂਤੀ (ਮਾਪੇ ਅਧਿਆਪਕ ਮਿਲਣੀ ਮੇਲਾ) ਡੀਈਓ ਮੈਡਮ ਪਰਮਜੀਤ ਕੌਰ, ਬੀਪੀਈਓ ਗੁਰਇਕਬਾਲ ਸਿੰਘ ਸੈਂਟਰ ਹੈੱਡ ਪਰਮਜੀਤ ਸਿੰਘ ਦੀਆਂ ਹਦਾਇਤਾਂ ਅਨੁਸਾਰ ਹੈੱਡ ਟੀਚਰ ਸੰਜੀਵ ਕੁਮਾਰ ਸੋਨੀ ਦੀ ਪ੍ਰਧਾਨਗੀ ਹੇਠ ਸਰਕਾਰੀ ਪ੍ਰਾਇਮਰੀ ਸਕੂਲ ਭੁੰਬਲੀ (ਲੜਕੇ) ਵਿਖੇ ਬੜੀ ਧੂਮ ਧਾਮ ਨਾਲ ਮਨਾਇਆ ਗਿਆ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜ਼ਿਲ੍ਹਾ ਪ੍ਰਧਾਨ ਐੱਸਸੀ ਬੀਸੀ ਅਧਿਆਪਕ ਯੂਨੀਅਨ ਗੁਰਦਾਸਪੁਰ ਮਾਸਟਰ ਰਛਪਾਲ ਸਿੰਘ ਭੁੰਬਲੀ ਨੇ ਦੱਸਿਆ ਕਿ ਇਸ ਮਾਪੇ ਅਧਿਆਪਕ ਮਿਲਣੀ ਵਿੱਚ ਬੱਚਿਆਂ ਦੇ ਮਾਤਾ ਪਿਤਾ ਨੇ ਵੱਧ ਚੜ੍ਹ ਕੇ ਹਿੱਸਾ ਲਿਆ ਅਤੇ ਆਪਣੇ ਬੱਚਿਆਂ ਦੇ ਮੁਲਾਂਕਣ ਪੇਪਰ ਚੈੱਕ ਕਰਕੇ ਅਤੇ ਹੋਰ ਗਤੀਵਿਧੀਆਂ ਬਾਰੇ ਜਾਣਕਾਰੀ ਪ੍ਰਾਪਤ ਕਰਕੇ ਖੁਸ਼ੀ ਜ਼ਾਹਿਰ ਕੀਤੀ ।ਮਾਪਿਆਂ ਨੇ ਆਪਣੇ ਬੱਚਿਆਂ ਨੂੰ ਲਗਾਤਾਰ ਸਕੂਲ ਭੇਜਣ ਦਾ ਪ੍ਰਣ ਲਿਆ।ਸਕੂਲ ਦੇ ਹੋਏ ਸਕੂਲ ਪੱਧਰੀ ਸੈਂਟਰ, ਬਲਾਕ ਤੇ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਵਿੱਚ ਕੀਤੀਆਂ ਜਿੱਤਾਂ ਸਬੰਧੀ ਅਤੇ ਸਰਕਾਰੀ ਸਕੂਲਾਂ ਵਿੱਚ ਸਰਕਾਰ ਵੱਲੋਂ ਦਿੱਤੀਆਂ ਵੱਡੇ ਪੱਧਰ 'ਤੇ ਗ੍ਰਾਂਟਾਂ ਨਾਲ ਹੋਏ ਵਿਕਾਸ ਅਤੇ ਸਹੂਲਤਾਂ ਬਾਰੇ ਅਧਿਆਪਕਾਂ ਨੇ ਆਏ ਹੋਏ ਮਾਪਿਆਂ ਨੂੰ ਜਾਣਕਾਰੀ ਦਿੱਤੀ ਅਤੇ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲਾਂ 'ਚ ਦਾਖਲ ਕਰਾਉਣ ਲਈ ਕਿਹਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਮਾਸਟਰ ਵਿਜੇ ਕੁਮਾਰ, ਹਰਮੀਤ ਸਿੰਘ, ਗੁਰਦੇਵ ਸਿੰਘ, ਰਾਜੇਸ਼ ਕੁਮਾਰ, ਮੈਡਮ ਸੁਖਵਿੰਦਰ ਕੌਰ ਸਕੂਲ ਕਮੇਟੀ ਪ੍ਰਧਾਨ ਪ੍ਰੀਤ ਅਤੇ ਹੋਰ ਬਹੁਤ ਸਾਰੇ ਸਕੂਲ ਕਮੇਟੀ ਮੈਂਬਰ ਹਾਜ਼ਰ ਸਨ।

# ਪੋਹ ਦੇ ਸ਼ਹੀਦਾਂ ਦੀ ਯਾਦ ਨੂੰ ਸਮਰਪਿਤ ਸਾਹਿਤਕ ਸਮਾਗਮ

**ਬਾਬਾ ਬਕਾਲਾ ਸਾਹਿਬ (ਜਸਪਾਲ ਸਿੰਘ)**- ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸਹਿਯੋਗ ਨਾਲ ਪੋਹ ਦੇ ਸ਼ਹੀਦਾਂ ਦੀ ਯਾਦ ਨੂੰ ਸਮਰਪਿਤ ਸਾਹਿਤਕ ਸਮਾਗਮ ਮੀਟਿੰਗ ਹਾਲ, ਬਾਬਾ ਮੱਖਣ ਸ਼ਾਹ ਲੁਬਾਣਾ ਸਰਾਂ, ਬਾਬਾ ਬਕਾਲਾ ਸਾਹਿਬ ਵਿਖੇ ਕਰਵਾਇਆ ਗਿਆ ।ਇਸ ਮੌਕੇ ਸਮਾਗਮ



ਵਿੱਚ ਸਾਬਕਾ ਵਿਧਾਇਕ ਜਥੇਦਾਰ ਬਲਜੀਤ ਸਿੰਘ ਜਲਾਲ ਉਸਮਾ ਮੈਂਬਰ ਸ਼੍ਰੋਮਣੀ ਕਮੇਟੀ ਅਤੇ ਭਾਈ ਗੁਰਪ੍ਰੀਤ ਸਿੰਘ ਮੱਲੇਵਾਲ ਮੈਨੇਜਰ ਗੁ: ਨੌਵੀਂ ਪਾਤਸ਼ਾਹੀ ਬਤੌਰ ਮੁੱਖ ਮਹਿਮਾਨ ਵਜੋਂ ਪੁਜੇ, ਜਦਕਿ ਪ੍ਰਧਾਨਗੀ ਮੰਡਲ ਵਿੱਚ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਮੀਤ ਪ੍ਰਧਾਨ ਸ਼ੇਲਿੰਦਰਜੀਤ ਸਿੰਘ ਰਾਜਨ, ਡਾ: ਰਘਬੀਰ ਕੌਰ (ਸਾਬਕਾ ਮੁਖੀ ਪੰਜਾਬੀ ਵਿਭਾਗ ਗੁਰੂ ਨਾਨਕ ਦੇਵ ਯੂਨੀਵਰਸਿਟੀ ਲੱਧੇਵਾਲੀ (ਜਲੰਧਰ), ਪ੍ਰੋ: ਹਰਮੇਸ਼ ਕੌਰ ਜੋਧੇ ਸਾ: ਜ਼ਿਲ੍ਹਾ ਭਾਸ਼ਾ ਅਫਸਰ, ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ (ਮਹਿਲਾ ਵਿੰਗ) ਦੀ ਪ੍ਰਧਾਨ ਸੁਖਵੰਤ ਕੌਰ ਵੱਸੀ, ਗਾਇਕ ਮਨਜੀਤ ਪੱਪੂ, ਸੁਖਦੇਵ ਸਿੰਘ ਭੁੱਲਰ ਸੀ: ਮੈਨੇਜਰ ਪੰਜਾਬ ਸਕੂਲ ਸਿਖਿਆ ਬੋਰਡ, ਮੱਖਣ ਭੈਣੀਵਾਲਾ ਸਾਬਕਾ ਬੀ.ਈ.ਓ. ਅਤੇ ਸਰਬਪ੍ਰੀਤ ਸਿੰਘ ਸੰਧੂ ਆਦਿ ਸੁਸ਼ੋਭਿਤ ਹੋਏ ।ਇਸ ਮੌਕੇ ਪ੍ਰੋ: ਹਰਮੇਸ਼ ਕੌਰ ਜੋਧੇ ਦੀ ਮਾਤਾ ਸੁਰਜੀਤ ਕੌਰ ਜੋਧੇ ਦੀ ਯਾਦ ਵਿੱਚ ਪਹਿਲਾ ਯਾਦਗਾਰੀ ਐਵਾਰਡ, ਡਾ: ਰਘਬੀਰ ਕੌਰ (ਸਾਬਕਾ ਮੁਖੀ ਪੰਜਾਬੀ ਵਿਭਾਗ ਗੁਰੂ ਨਾਨਕ ਦੇਵ ਯੂਨੀਵਰਸਿਟੀ ਜਲੰਧਰ ਨੂੰ ਦਿੱਤਾ ਗਿਆ ।ਮੰਚ ਦਾ ਸੰਚਾਲਨ ਸਭਾ ਦੇ ਮੁੱਖ ਸੰਚਾਲਕ ਸ਼ੇਲਿੰਦਰਜੀਤ ਸਿੰਘ ਰਾਜਨ ਨੇ ਬਾਖੂਬੀ ਨਿਭਾਇਆ ।ਇਸ ਦੌਰਾਨ ਸ਼ਹੀਦਾਂ ਨੂੰ ਸਮਰਪਿਤ ਹੋਏ ਕਵੀ ਦਰਬਾਰ ਵਿੱਚ ਬਲਵਿੰਦਰ ਕੌਰ ਸਰਘੀ, ਰਾਜਵਿੰਦਰ ਕੌਰ ਰਾਜ, ਗੁਰਮੀਤ ਕੌਰ ਬੱਲ, ਨਵਜੋਤ ਕੌਰ, ਰਵਿੰਦਰ ਕੌਰ, ਮੁਸਕਾਨਪ੍ਰੀਤ ਕੌਰ ਜੋਧੇ, ਅਮਨ ਢਿੱਲੋਂ ਕਸੇਲ, ਹਰਵਿੰਦਰ ਕੌਰ ਬਾਠ, ਸਿਮਰਨਜੀਤ ਕੌਰ ਮਾਹਲਾ, ਦਰਸ਼ਨ ਕੌਰ, ਪਰਮਜੀਤ ਕੌਰ, ਜਸਮੇਲ ਸਿੰਘ ਜੋਧੇ, ਰਾਮ ਸਿੰਘ ਸੋਖੀ ਜੋਧੇ, ਅਜੀਤ ਸਿੰਘ ਸਠਿਆਲਵੀ, ਪ੍ਰੇਮਪਾਲ ਸਿੰਘ ਰਈਆ, ਸਰਵਪ੍ਰੀਤ ਸਿੰਘ, ਆਨੰਦ ਸੰਤੋਖ ਸਿੰਘ, ਸਰਬਜੀਤ ਸਿੰਘ ਪੱਡਾ, ਨਵਦੀਪ ਸਿੰਘ ਬਦੇਸ਼ਾ, ਮਾ: ਬਲਬੀਰ ਸਿੰਘ ਬੀਰ ਬੋਲੇਵਾਲੀਆ, ਗੁਰਪ੍ਰੀਤ ਸਿੰਘ ਖਾਲਸਾ, ਗੁਰਮੀਤ ਸਿੰਘ ਨਿੱਕਾ ਮਾਨ, ਡਾ: ਅਰਜਿੰਦਰ ਬੁਤਾਲਵੀ, ਗੁਰਉਪਦੇਸ਼ ਸਿੰਘ ਜੋਧੇ, ਬਲਵਿੰਦਰ ਸਿੰਘ ਅਠੌਲਾ, ਸਕੱਤਰ ਸਿੰਘ ਪੁਰੇਵਾਲ, ਅਜੈਬ ਸਿੰਘ ਬੋਦੇਵਾਲ, ਸੁਬੇਗ ਸਿੰਘ ਮੀਆਂਵਿੰਡ, ਹਰਦੀਪ ਸਿੰਘ, ਗੁਰਦੇਵ ਸਿੰਘ, ਪ੍ਰਤਾਪ ਸਿੰਘ, ਦਵਿੰਦਰ ਸਿੰਘ, ਜੋਗਿੰਦਰ ਸਿੰਘ ਪਾਇਲਟ ਆਦਿ ਨੇ ਕਾਵਿ ਰਚਨਾਵਾਂ ਰਾਹੀਂ ਸ਼ਹੀਦਾਂ ਨੂੰ ਯਾਦ ਕੀਤਾ ।

# ਸ੍ਰੀ ਗੁਰੂ ਰਾਮਦਾਸ ਨਰਸਿੰਗ ਇੰਸਟੀਚਿਊਟ ਪੰਧੇਰ ਵਿਖੇ ਵਿਦਾਇਗੀ ਪਾਰਟੀ ਖੁਸ਼ੀ ਭਰੇ ਮਾਹੌਲ 'ਚ ਸੰਪੰਨ

**ਫਤਿਹਗੜ੍ਹ ਚੂੜੀਆਂ (ਜਸਦੇਵ ਮਾਨ)**- ਨਰਸਿੰਗ ਕਾਲਜ ਵੱਲੋਂ ਆਊਟਗੋਇੰਗ ਵਿਦਿਆਰਥੀਆਂ ਲਈ ਇੱਕ ਸ਼ਾਨਦਾਰ ਵਿਦਾਇਗੀ ਪਾਰਟੀ ਦਾ ਆਯੋਜਨ ਕੀਤਾ ਗਿਆ।ਇਹ ਸਮਾਰੋਹ ਕਾਲਜ ਕੈਂਪਸ ਵਿੱਚ ਉਤਸ਼ਾਹ ਅਤੇ ਖੁਸ਼ੀ ਭਰੇ ਮਾਹੌਲ ਵਿੱਚ ਸੰਪੰਨ ਹੋਇਆ।ਇਸ ਮੌਕੇ ਪਾਰਟੀ ਵਿਚ ਡਾ. ਭਾਰਤੀ, ਸੀਨੀਅਰ ਮੈਡੀਕਲ ਅਫ਼ਸਰ, ਅੰਮ੍ਰਿਤਸਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ, ਜਦਕਿ ਸੰਸਥਾਵਾਂ ਦੇ ਮੈਨੇਜਿੰਗ ਡਾਇਰੈਕਟਰ ਅਵਤਾਰ ਸਿੰਘ ਕੰਗ ਵਿਸ਼ੇਸ਼ ਮਹਿਮਾਨ ਵਜੋਂ ਮੌਜੂਦ ਰਹੇ। ਮਹਿਮਾਨਾਂ ਨੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਭਵਿੱਖ ਲਈ ਪ੍ਰੇਰਿਤ ਕੀਤਾ ਅਤੇ ਨਰਸਿੰਗ ਪੇਸ਼ੇ ਵਿੱਚ ਇਮਾਨਦਾਰੀ, ਸੇਵਾ ਭਾਵਨਾ ਅਤੇ ਸਮਰਪਣ ਨਾਲ ਕੰਮ ਕਰਨ ਲਈ ਉਤਸ਼ਾਹਿਤ ਕੀਤਾ।ਪਾਰਟੀ ਦੀ ਸ਼ੁਰੂਆਤ ਵਿਦਿਆਰਥੀਆਂ ਨੇ ਸ਼ਬਦ ਗਾਇਨ ਨਾਲ ਕੀਤੀ, ਜਦੋਂਕਿ ਮੁੱਖ ਮਹਿਮਾਨ ਅਤੇ ਹਾਜ਼ਰ ਮਹਿਮਾਨਾਂ ਨੇ ਵੱਲੋਂ ਜੋਤੀ ਜਗਾ ਕੇ ਕੀਤੀ ਗਈ।ਇਸ ਮੌਕੇ ਬੀ.ਐੱਸਸੀ. ਨਰਸਿੰਗ, ਜੀਐੱਨਐੱਮਏ ਐੱਨਐੱਮ ਅਤੇ ਅਪਰੇਸ਼ਨ ਥੀਏਟਰ ਸਮੇਤ ਵੱਖ-ਵੱਖ ਕੋਰਸਾਂ ਦੇ ਵਿਦਿਆਰਥੀਆਂ ਨੇ ਡਾਂਸ, ਭੰਗੜਾ, ਸੋਲੋ ਡਾਂਸ, ਸਕਿਟ ਆਦਿ ਪ੍ਰੋਗਰਾਮ ਪੇਸ਼ ਕੀਤੇ ਗਏ।ਇਸ ਮੌਕੇ ਮਿਸਟਰ ਸਰਮਦ ਨੂੰ ਮਿਸਟਰ ਫੇਅਰਵੈੱਲ ਚੁਣਿਆ ਗਿਆ, ਮਿਸ ਸੰਚਿਤਾ ਨੂੰ ਮਿਸ ਫੇਅਰਵੈੱਲ ਚੁਣਿਆ ਗਿਆ। ਸਮਾਰੋਹ ਵਿਚ ਅਧਿਆਪਕ ਵਰਗ ਨੇ ਵੀ ਵਿਦਿਆਰਥੀਆਂ ਨਾਲ



ਆਪਣੇ ਤਜਰਬੇ ਸਾਂਝੇ ਕਰਦੇ ਹੋਏ ਉਨ੍ਹਾਂ ਨੂੰ ਉੱਜਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।ਡਾ. ਭਾਰਤੀ ਨੇ ਵਿਦਿਆਰਥੀਆਂ ਨੂੰ ਮਨੁੱਖਤਾ ਦੀ ਸੇਵਾ ਨਿਭਾਉਣ ਦਾ ਸੁਨੇਹਾ ਦਿੱਤਾ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਾਮਦਾਸ ਨਰਸਿੰਗ ਇੰਸਟੀਚਿਊਟ ਪੰਧੇਰ ਅੰਮ੍ਰਿਤਸਰ ਨਾਲ ਉਨ੍ਹਾਂ ਦਾ ਬਹੁਤ ਪੁਰਾਣਾ ਰਿਸ਼ਤਾ ਹੈ।ਉਨ੍ਹਾਂ ਕਿਹਾ ਕਿ ਇਹ ਸੰਸਥਾ ਤੋਂ ਨਰਸਿੰਗ ਦਾ ਕੋਰਸ ਕਰਨਾ ਵਿਦਿਆਰਥੀਆਂ ਲਈ ਬੜੇ ਮਾਣ ਵਾਲੀ ਗੱਲ ਹੈ ਕਿ ਉਹ ਉਸ ਸੰਸਥੈ ਤੋਂ ਸਿੱਖਿਆ ਹਾਸਿਲ ਕੀਤੀ ਹੈ ਜਿਸ ਤੋਂ ਸਾਨੂੰ ਥਿਊਰੀ ਦੇ ਨਾਲ ਨਾਲ ਪ੍ਰੈਕਟੀਕਲ ਕਰਵਾ ਕਿ ਹੁਨਰਮੰਦ ਬਣਾਇਆ ਜਾਂਦਾ ਹੈ।ਇਸ ਮੌਕੇ ਅਵਤਾਰ ਸਿੰਘ ਕੰਗ ਨੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਸੰਸਥਾ ਵੱਲੋਂ ਹਮੇਸ਼ਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਸ. ਕੰਗ ਨੇ ਕਿਹਾ ਕਿ ਜਾਣ ਵਾਲੇ ਵਿਦਿਆਰਥੀਆਂ ਨੇ ਸਖ਼ਤ ਮਿਹਨਤ ਕਰਕੇ ਆਪਣੇ ਕੋਰਸ ਮੁਕੰਮਲ ਕੀਤੇ ਹਨ ਜਿਸ ਤੋਂ ਬਾਅਦ ਉਹ ਜਿੱਥੇ ਵੀ ਨੌਕਰੀ ਕਰਨਗੇ ਆਪਣੇ ਕਾਲਜ ਨੂੰ ਹਮੇਸ਼ਾ ਯਾਦ ਕਰਨਗੇ ।ਸਮਾਰੋਹ ਦਾ ਸਮਾਪਨ ਯਾਦਗਾਰੀ ਤੋਹਫ਼ਿਆਂ ਦੀ ਵੰਡ, ਧੰਨਵਾਦ ਪ੍ਰਸਤਾਵ ਅਤੇ ਸਮੂਹਿਕ ਤਸਵੀਰਾਂ ਨਾਲ ਕੀਤਾ ਗਿਆ।ਇਸ ਮੌਕੇ ਪ੍ਰਿੰ. ਸੁਪਨਦੀਪ ਕੌਰ, ਮਿਨਾਕਸ਼ੀ ਮਹਿਤਾ, ਐਡਵੋਕੇਟ ਮਨਦੀਪ ਸਿੰਘ ਬੋਪਾਰਾਏ, ਸ਼ਿਫਾਲੀ ਤਿੱਗਾ, ਹਰਮਨਪ੍ਰੀਤ ਕੌਰ, ਅਰਪਨਪ੍ਰੀਤ ਕੌਰ, ਨੇਹਾ, ਪ੍ਰਭਜੋਤ ਕੌਰ, ਕਵਿਤਾ, ਨੇਹਾ, ਮਨਿੰਦਰ ਕੌਰ, ਜਗਦੀਸ਼ ਕੌਰ, ਸੁਖਮਨਪ੍ਰੀਤ ਕੌਰ, ਜੈਸਮੀਨ, ਗੁਰਬੀਰ ਸਿੰਘ, ਹਰਦੀਪ ਕੌਰ, ਹਰਲੀਨ ਕੌਰ, ਹਰਮਨਦੀਪ ਕੌਰ, ਹਰਲੀਨ ਕੌਰ, ਮਾਧਵੀ, ਸੁਖਮਨੀ ਗਿੱਲ ਅਤੇ ਨਵਦੀਪ ਕੌਰ ਆਦਿ ਹਾਜ਼ਰ ਸਨ।

# ਲੈਕਚਰਾਰ ਹਰਪ੍ਰੀਤ ਕੌਰ ਵੱਲੋਂ ਜ਼ਿਲ੍ਹਾ ਪੱਧਰੀ ਅਧਿਆਪਕ ਪੁਰਬ ਮੁਕਾਬਲੇ 'ਚੋਂ ਅੱਵਲ ਸਥਾਨ ਹਾਸਿਲ

**ਪੱਟੀ (ਬਲਦੇਵ ਸਿੰਘ ਸੰਧੂ)**- ਪੰਜਾਬ ਰਾਜ ਦੇ ਅਧਿਆਪਕਾਂ ਅੰਦਰ ਨਵੀਨਤਾ, ਖੋਜ ਅਤੇ ਵਿਕਾਸਸ਼ੀਲ ਸੋਚਾਂ ਨੂੰ ਵਿਕਸਿਤ ਕਰਨ ਅਧਿਆਪਕਾਂ ਦੀਆਂ ਕਾਬਲੀਅਤਾਂ ਅਤੇ ਗੁਣਾਂ ਨੂੰ ਸਕੂਲਾਂ ਤੋਂ ਬਾਹਰ ਹੋਰਨਾਂ ਸਕੂਲਾਂ, ਅਧਿਆਪਕਾਂ ਅਤੇ ਵਿਦਿਆਰਥੀਆਂ ਤੱਕ ਪਹੁੰਚਾਉਣ ਹਿੱਤ ਪੰਜਾਬ ਸਕੂਲ ਸਿੱਖਿਆ ਵਿਭਾਗ ਵੱਲੋਂ ਪੂਰੇ ਪੰਜਾਬ ਵਿੱਚ ਅਧਿਆਪਕ ਪੁਰਬ ਕਰਵਾਇਆ ਜਾ ਰਿਹਾ ਹੈ। ਇਸ ਅਧਿਆਪਕ ਪੁਰਬ ਦਾ ਪਹਿਲਾ ਪੜਾਅ ਬਲਾਕ ਪੱਧਰੀ ਅਤੇ ਫਿਰ ਜ਼ਿਲ੍ਹਾ ਪੱਧਰੀ ਮੁਕੰਮਲ ਹੋ ਚੁੱਕੇ ਹਨ।ਜ਼ਿਲ੍ਹਾ ਤਰਨ ਤਾਰਨ ਅੰਦਰ ਬੀਤੇ ਦਿਨ ਅਧਿਆਪਕ ਪੁਰਬ ਦਾ ਜ਼ਿਲ੍ਹਾ ਪੱਧਰੀ ਮੁਕਾਬਲਾ ਕਰਵਾਇਆ ਗਿਆ ।ਇਸ ਮੁਕਾਬਲੇ ਵਿੱਚ ਜ਼ਿਲ੍ਹੇ ਦੇ ਹਰ ਬਲਾਕ ਵਿੱਚੋਂ ਪਹਿਲੇ ਦੋ ਸਥਾਨਾਂ ਉਪਰ ਜੇਤੂ ਅਧਿਆਪਕਾਂ ਨੇ ਭਾਗ ਲਿਆ।ਸਖ਼ਤ ਮੁਕਾਬਲੇ ਵਿੱਚੋਂ ਸਕੂਲ ਆਫ਼ ਐਮੀਨੈਂਸ ਪੱਟੀ ਦੀ ਭੌਤਿਕ ਵਿਗਿਆਨ ਦੀ ਲੈਕਚਰਾਰ ਹਰਪ੍ਰੀਤ ਕੌਰ ਵੱਲੋਂ ਪਹਿਲਾ ਸਥਾਨ ਹਾਸਲ ਕੀਤਾ ਗਿਆ । ਹਰਪ੍ਰੀਤ ਕੌਰ ਵੱਲੋਂ ਸੁੰਦਰ ਲਿਖਾਈ ਅਤੇ ਕੈਲੀਗ੍ਰਾਫੀ ਸੰਬੰਧੀ ਆਪਣੀ



ਪਰਿਯੋਜਨਾ ਪੇਸ਼ ਕੀਤੀ ਗਈ।ਉਨ੍ਹਾਂ ਦੀ ਮੋਤੀਆਂ ਵਰਗੀ ਲਿਖਾਈ ਅਤੇ ਅੱਖਰਕਾਰੀ ਉਪਰ ਕੀਤੀ ਮਿਹਨਤ ਨੇ ਉਨ੍ਹਾਂ ਦਾ ਅਤੇ ਸਕੂਲ ਅਤੇ ਬਲਾਕ ਪੱਟੀ ਦਾ ਨਾਂਅ ਪੂਰੇ ਜ਼ਿਲ੍ਹੇ ਵਿੱਚ ਰੌਸ਼ਨ ਕੀਤਾ ।ਉਨ੍ਹਾਂ ਦੀ ਸਖ਼ਤ ਮਿਹਨਤ ਅਤੇ ਲਗਨ ਦੀ ਪ੍ਰਸ਼ੰਸਾ ਕਰਦਿਆਂ ਸਕੂਲ ਦੇ ਪ੍ਰਿੰਸੀਪਲ ਓਂਕਾਰ ਸਿੰਘ ਨੇ ਕਿਹਾ ਕਿ ਹਰਪ੍ਰੀਤ ਕੌਰ ਮੈਡਮ ਦੀ ਇਹ ਪ੍ਰਾਪਤੀ ਉਨ੍ਹਾਂ ਦੀ ਅਣਥੱਕ ਮਿਹਨਤ ਅਤੇ ਵਿਸ਼ੇਸ਼ ਮੁਸ਼ੱਕਤ ਸ਼ੌਕ ਦੀ ਬਦੌਲਤ ਸੰਭਵ ਹੋਈ ਹੈ ।ਉਨ੍ਹਾਂ ਆਖਿਆ ਕਿ ਉਹ ਅਤੇ ਉਨ੍ਹਾਂ ਦੇ ਸਹਿਕਰਮੀ ਹਰਪ੍ਰੀਤ ਕੌਰ ਨੂੰ ਇਸ ਸਫ਼ਲਤਾ ਲਈ ਮੁਬਾਰਕਬਾਦ ਦਿੰਦੇ ਹੋਏ ਰਾਜ ਪੱਧਰੀ ਅਧਿਆਪਕ ਪੁਰਬ ਲਈ ਬਹੁਤ ਸ਼ੁਭਕਾਮਨਾਵਾਂ ਭੇਟ ਕਰਦੇ ਹਨ।ਇਸ ਮੌਕੇ ਮਿਸ ਮੋਨਿਕਾ ਤ੍ਰੇਹਨ, ਸਤਵਿੰਦਰ ਕੌਰ, ਅੰਮ੍ਰਿਤਪਾਲ ਸਿੰਘ, ਅਮਰਦੀਪ ਸਿੰਘ, ਖੁਸ਼ਵੰਤ ਕੌਰ, ਰੇਨੂੰ ਅਗਰਵਾਲ, ਹਰਮਨਦੀਪ ਕੌਰ, ਜਸਵੰਤ ਰਾਣੀ, ਦਰਸ਼ਨ ਸਿੰਘ, ਮੋਹਿਤ, ਹਰਪਾਲ ਕੌਰ, ਗੁਰਵਿੰਦਰ ਸਿੰਘ, ਮਲਕੀਤ ਸਿੰਘ, ਅਮਰਬੀਰ ਸਿੰਘ, ਬਿਕਰਮਜੀਤ ਸਿੰਘ, ਬਾਜ ਸਿੰਘ, ਮਨਦੀਪ ਸਿੰਘ, ਰਿਧੀ ਭਸੀਨ, ਅੰਜੂ ਸਲਹੋਤਰਾ, ਗੁਰਜੀਤ ਕੌਰ, ਲਿਵਲੀਨ ਕੌਰ, ਕੰਨੂਪਾਲ ਸ਼ਰਮਾਂ, ਮਮਤਾ ਰਾਣੀ, ਪੂਜਾ ਰਾਣੀ, ਸਿਮਰਜੀਤ ਕੌਰ, ਮਨਿੰਦਰਜੀਤ ਕੌਰ, ਮਨਜਿੰਦਰ ਕੌਰ, ਮੀਨੂੰ, ਸਤਨਾਮ ਸਿੰਘ, ਕਿਰਨਦੀਪ ਕੌਰ, ਅਰਪਨਾ ਸੈਣੀ, ਕੰਵਲਜੀਤ ਕੌਰ ਹਾਜ਼ਰ ਸਨ ।

# ਅਡੀਸ਼ਨਲ ਐੱਸਐੱਚਓ ਇਸਪੈਕਟਰ ਸੁਲੱਖਣ ਰਾਮ ਦੀ ਸੜਕ ਹਾਦਸੇ 'ਚ ਮੌਤ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਥਾਣਾ ਧਾਰੀਵਾਲ ਦੇ ਅਡੀਸ਼ਨਲ ਐੱਸਐੱਚਓ ਇੰਸਪੈਕਟਰ ਸੁਲੱਖਣ ਰਾਮ ਦੀ ਲੰਘੀ ਕੱਲ੍ਹ ਦੇਰ ਰਾਤ ਧੁੰਦ ਕਾਰਨ ਸੜਕ ਹਾਦਸੇ ਦੌਰਾਨ ਮੌਕੇ 'ਤੇ ਮੌਤ ਹੋ ਗਈ। ਮ੍ਰਿਤਕ ਇੰਸਪੈਕਟਰ ਸੁਲੱਖਣ ਰਾਮ (57) ਜੋ ਕਿ ਇੰਪਰੂਵਮੈਂਟ ਟਰੱਸਟ ਕਲੋਨੀ ਸਕੀਮ ਨੰ: 5 ਜ਼ੇਲ੍ਹ ਰੋਡ ਗੁਰਦਾਸਪੁਰ ਦੇ ਵਾਸੀ ਸਨ। ਇਸ ਸਬੰਧ ਵਿੱਚ ਮ੍ਰਿਤਕ ਦੇ ਪੁੱਤਰ ਪੰਕਜ ਕੁਮਾਰ ਦੇ ਬਿਆਨਾਂ ਅਨੁਸਾਰ ਥਾਣਾ ਧਾਰੀਵਾਲ ਵਿੱਚ ਪੁਲੀਸ ਨੇ ਅਣਪਛਾਤੇ ਵਾਹਨ ਦੇ ਡਰਾਈਵਰ ਖਿਲਾਫ ਧਾਰਾ 304-ਏ ਸਣੇ ਵੱਖ ਵੱਖ ਧਾਰਾਵਾਂ ਤਹਿਤ ਮੁਕੱਦਮਾ ਦਰਜ ਕੀਤਾ ਹੈ। ਮ੍ਰਿਤਕ ਦੇ ਪੁੱਤਰ ਪੰਕਜ ਕੁਮਾਰ ਨੇ ਦੱਸਿਆ ਕਿ ਉਸਦਾ ਪਿਤਾ ਇੰਸਪੈਕਟਰ ਸੁਲੱਖਣ ਰਾਮ ਜੋ ਕਿ ਪੰਜਾਬ ਪੁਲਸ ਵਿੱਚ ਥਾਣਾ ਧਾਰੀਵਾਲ ਵਿਖੇ ਤਾਇਨਾਤ ਸਨ, ਦੀ ਡਿਊਟੀ ਦੌਰਾਨ 19 ਦਸੰਬਰ ਨੂੰ ਅਚਾਨਕ ਤਬੀਅਤ ਖਰਾਬ ਹੋਣ ਕਰਕੇ ਉਨ੍ਹਾਂ ਨੂੰ ਧਾਰੀਵਾਲ ਦੇ ਇਕ ਨਿੱਜੀ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਸੀ। ਉਨ੍ਹਾਂ ਦੇ ਉਚੇਰੇ ਇਲਾਜ ਲਈ ਗੁਰਦਾਸਪੁਰ ਦੇ ਇਕ ਨਿੱਜੀ ਹਸਪਤਾਲ ਵਿੱਚ ਰੈਫਰ ਕਰਨ 'ਤੇ ਉਸ ਨੇ ਐਂਬੂਲੈਂਸ ਨੰਬਰੀ ਪੀਬੀ 06 ਬੀ ਕੇ 7579 ਜਿਸਦਾ ਡਰਾਈਵਰ ਮਾਨਿਕ ਮਹਾਜਨ ਹੈ, ਦਾ ਪ੍ਰਬੰਧ ਕਰਕੇ ਗੁਰਦਾਸਪੁਰ ਹਸਪਤਾਲ ਪਹੁੰਚਾਇਆ। ਉਸਦੇ ਪਿਤਾ ਦੀ ਹਾਲਤ ਨਾਜ਼ੁਕ ਹੋਣ ਕਰਕੇ ਪਰਿਵਾਰਿਕ ਮੈਂਬਰਾਂ ਵੱਲੋਂ ਸਲਾਹ ਮਸ਼ਵਰਾ ਕਰਕੇ ਬੇਹਤਰ ਇਲਾਜ ਲਈ ਅੰਮ੍ਰਿਤਸਰ ਲੈ ਕੇ ਜਾਂਦੇ ਸਮੇਂ ਰਾਤ ਕਰੀਬ 9.50 ਵਜੇ ਜਦੋਂ ਉਹ ਨੈਸ਼ਨਲ ਹਾਈਵੇ ਜੀਟੀ ਰੋਡ ਉਪਰ ਪਿੰਡ ਸੋਹਲ ਨੇੜੇ ਪੁੱਜੇ ਤਾਂ ਗਹਿਰੀ ਧੁੰਦ ਹੋਣ ਕਰਕੇ



ਐਂਬੂਲੈਂਸ ਦੇ ਅੱਗੇ ਜਾ ਰਹੇ ਵਹੀਕਲ ਨੇ ਯਕਦਮ ਬਰੇਕ ਲਗਾ ਦਿੱਤੀ ਜਿਸ ਨਾਲ ਐਂਬੂਲੈਂਸ ਉਸ ਅਣਪਛਾਤੇ ਵਹੀਕਲ ਦੇ ਪਿੱਛੇ ਜ਼ੋਰ ਨਾਲ ਟਕਰਾਉਣ ਕਰਕੇ ਖੱਬੇ ਪਾਸੇ ਡਿੱਗ ਗਈ। ਇਸ ਹਾਦਸੇ ਦੌਰਾਨ ਉਸਦੇ ਪਿਤਾ ਸੁਲੱਖਣ ਰਾਮ ਦੇ ਸਿਰ ਵਿੱਚ ਗਹਿਰੀਆਂ ਸੱਟਾਂ ਲੱਗਣ ਕਾਰਨ ਮੌਕੇ 'ਤੇ ਮੌਤ ਹੋ ਗਈ ਹੈ ਅਤੇ ਉਸ (ਪੰਕਜ ਕੁਮਾਰ) ਦੀ ਭੈਣ ਨਿਤੀਕਾ ਕੁਮਾਰੀ, ਐਂਬੂਲੈਂਸ ਦੇ ਡਰਾਈਵਰ ਮਾਨਿਕ ਮਹਾਜਨ ਅਤੇ ਨਿੱਜੀ ਹਸਪਤਾਲ ਦੇ ਅਟੈਂਡਟ ਕਰਨ ਦੇ ਕਾਫੀ ਸੱਟਾਂ ਲੱਗੀਆਂ ਹਨ। ਥਾਣਾ ਧਾਰੀਵਾਲ ਦੇ ਮੁਖੀ ਦਲਜੀਤ ਸਿੰਘ ਨੇ ਦੱਸਿਆ ਕਿ ਪੰਕਜ ਕੁਮਾਰ ਦੇ ਬਿਆਨਾਂ ਅਨੁਸਾਰ ਅਣਪਛਾਤੇ ਵਹੀਕਲ ਦੇ ਡਰਾਈਵਰ ਖਿਲਾਫ ਵੱਖ-ਵੱਖ ਧਾਰਾਵਾਂ ਤਹਿਤ ਮੁਕੱਦਮਾ ਦਰਜ ਕੀਤਾ ਹੈ ਅਤੇ ਸੁਲੱਖਣ ਰਾਮ ਦੀ ਲਾਸ਼ ਦਾ ਪੋਸਟਮਾਰਟਮ ਕਰਵਾਏ ਪਰਿਵਾਰਕ ਮੈਂਬਰਾਂ ਨੂੰ ਸੌਂਪਣ ਮਗਰੋਂ ਪੂਰੇ ਸਰਕਾਰੀ ਸਨਮਾਨਾਂ ਨਾਲ ਇੰਸਪੈਕਟਰ ਸੁਲੱਖਣ ਰਾਮ ਦੇ ਮ੍ਰਿਤਕ ਸਰੀਰ ਦਾ ਅੰਤਮ ਸੰਸਕਾਰ ਕਰ ਦਿੱਤਾ ਗਿਆ ਹੈ।

# ਸ਼ਹੀਦੀ ਦਿਹਾੜੇ ਮੌਕੇ ਵਿਸ਼ੇਸ਼ ਪ੍ਰਾਰਥਨਾ ਸਭਾ ਆਯੋਜਿਤ

**ਝਬਾਲ (ਹਰਜਿੰਦਰ ਸਿੰਘ ਸੋਨੀ)**- ਹਾਵਰਡ ਲੇਨ ਸੀਨੀਅਰ ਸਕੂਲ ਵਿਖੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਇੱਕ ਵਿਸ਼ੇਸ਼ ਪ੍ਰਾਰਥਨਾ ਸਭਾ ਸ਼ਰਧਾ ਅਤੇ ਸਤਿਕਾਰ ਨਾਲ ਮਨਾਈ ਗਈ।ਇਸ ਪ੍ਰਾਰਥਨਾ ਸਭਾ ਦਾ ਮੁੱਖ ਉਦੇਸ਼ ਛੋਟੇ ਅਤੇ ਵੱਡੇ ਸਾਹਿਬਜ਼ਾਦਿਆਂ ਦੀ ਅਮਰ ਸ਼ਹਾਦਤ ਅਤੇ ਮਾਤਾ ਗੁਜਰੀ ਕੌਰ ਜੀ ਦੇ ਤਿਆਗ ਅਤੇ ਬਲਿਦਾਨ ਨੂੰ ਯਾਦ ਕਰਨਾ ਸੀ।ਸਭਾ ਦੌਰਾਨ ਵਿਦਿਆਰਥੀਆਂ ਵੱਲੋਂ ਸ਼ਬਦ, ਕਵੀਸ਼ਰੀਆਂ ਅਤੇ ਕਵਿਤਾਵਾਂ ਵਿਚਾਰ ਰਾਹੀਂ ਸ਼ਹੀਦਾਂ ਨੂੰ ਯਾਦ ਕੀਤਾ।ਇਨ੍ਹਾਂ



ਰਾਹੀਂ ਬੱਚਿਆਂ ਨੇ ਸਾਹਿਬਜ਼ਾਦਿਆਂ ਦੀ ਬਹਾਦਰੀ, ਧਰਮ ਪ੍ਰਤੀ ਅਡੋਲ ਵਿਸ਼ਵਾਸ ਅਤੇ ਮਾਤਾ ਗੁਜਰ ਕੌਰ ਜੀ ਦੀ ਅਟੱਲ ਆਸਥਾ ਨੂੰ ਬਹੁਤ ਹੀ ਪ੍ਰਭਾਵਸ਼ਾਲੀ ਢੰਗ ਨਾਲ ਦਰਸਾਇਆ। ਸਕੂਲ ਦੇ ਪ੍ਰਿੰਸੀਪਲ ਅਤੇ ਸਮੂਹ ਮੈਨੇਜਮੈਂਟ ਵੱਲੋਂ ਵਿਦਿਆਰਥੀ ਨੂੰ ਸਾਹਿਬਜ਼ਾਦਿਆਂ ਦੀ ਸ਼ਹਾਦਤ ਤੋਂ ਪ੍ਰੇਰਣਾ ਲੈ ਕੇ ਸੱਚਾਈ, ਨਿਆਂ ਅਤੇ ਦੇਸ਼-ਧਰਮ ਦੀ ਸੇਵਾ ਦੇ ਰਾਹ 'ਤੇ ਤੁਰਨ ਲਈ ਪ੍ਰੇਰਿਤ ਕੀਤਾ ਗਿਆ।ਪ੍ਰਾਰਥਨਾ ਸਭਾ ਦਾ ਸਮਾਪਤੀ ਅਰਦਾਸ ਨਾਲ ਹੋਈ ।

# ਪ੍ਰਭੂ ਯਿਸੂ ਮਸੀਹ ਦੇ ਜਨਮ ਦਿਹਾੜੇ ਨੂੰ ਸਮਰਪਿਤ ਧਾਰੀਵਾਲ 'ਚ ਵਿਸ਼ਾਲ ਸ਼ੋਭਾ ਯਾਤਰਾ ਸਜਾਈ

ਧਾਰੀਵਾਲ, (ਮਨਦੀਪ ਸਿੰਘ ਵਿੱਕੀ)- ਸੰਤਨੀ ਤਰੇਜਾ ਕੈਥੋਲਿਕ ਚਰਚ ਧਾਰੀਵਾਲ ਵੱਲੋਂ ਸਮੂਹ ਮਸੀਹ ਕਲੀਸੀਆਵਾਂ ਦੇ ਸਹਿਯੋਗ ਨਾਲ ਪ੍ਰਭੂ ਯਿਸੂ ਮਸੀਹ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਇਕ ਵਿਸ਼ਾਲ ਸ਼ੋਭਾ ਯਾਤਰਾ ਸੰਤਨੀ ਤਰੇਜਾ ਕੈਥੋਲਿਕ ਚਰਚ ਧਾਰੀਵਾਲ ਦੇ ਪ੍ਰੈਰਿਸ਼ ਪ੍ਰੀਸਟ ਅਤੇ ਡੀਨ ਰੈਵ.ਫਾਦਰ ਫਾਦਰ ਜੋਸ਼ ਪਡਿਆਟੀ ਦੀ ਅਗਵਾਈ ਹੇਠ ਵਿਸ਼ਾਲ ਕ੍ਰਿਸਮਸ ਸ਼ੋਭਾ ਯਾਤਰਾ ਕੱਢੀ ਗਈ। ਸ਼ੋਭਾ ਯਾਤਰਾ ਵਿੱਚ ਕੈਥੋਲਿਕ ਚਰਚ ਕਾਹਨੂੰਵਾਨ ਦੇ ਪੈਰਿਸ਼ ਪ੍ਰੀਸ਼ਟ ਅਤੇ ਕਨਵੀਨਰ ਫਾਦਰ ਵਿਲੀਅਮ ਸਹੋਤਾ, ਰੈਵ. ਫਾਦਰ ਰੂਬੀ, ਸਹਾਇਕ ਫਾਦਰ ਮਤਿਆਸ, ਕੁਆਰਡੀਨੇਟਰ ਰਾਕੇਸ਼ ਵਿਲੀਅਮ ਤੇ ਸੀਐੱਨਆਈ ਚਰਚ ਦੇ ਪਾਦਰੀ ਰੈਵ. ਰੋਬਿਨ ਵਰਗਿਸ , ਬਲੀਵਰਜ਼ ਚਰਚ ਦੇ ਰੈਵ. ਫਾਦਰ ਵਿਲਸਨ ਡੈਨੀਅਲ, ਸਾਲਵੇਸ਼ਨ ਆਰਮੀ ਮਿਸ਼ਨ ਹਸਪਤਾਲ ਦੇ ਐਡਮਨਿਟ੍ਰੇਟਰ ਥੋਸਮ ਸਾਦਕ, ਮੈਥੋਡਿਸਟ ਚਰਚ ਦੇ ਰੈਵ. ਡੀ ਐਸ ਮੋਹਿੰਦਰ ਮਸੀਹ, ਪ੍ਰੈਰਿਸ ਕੌਂਸਲ ਦੇ ਪ੍ਰਧਾਨ ਜੌਨ ਰਣੀਆ ਅਤੇ ਵੱਖ ਵੱਖ ਚਰਚਾਂ ਦੇ ਪਾਦਰੀ ਤੇ ਪਾਸਟਰ ਸਾਹਿਬਾਨ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ। ਸ਼ੋਭਾ ਯਾਤਰਾ ਵਿੱਚ ਜ਼ਿਲ੍ਹਾ ਗੁਰਦਾਸਪੁਰ ਸਮੇਤ ਹੋਰ ਵੀ ਜ਼ਿਲ੍ਹਿਆਂ ਤੋਂ ਮਸੀਹ ਸੰਗਤਾਂ ਨੇ ਵੱਡੀ ਗਿਣਤੀ ਵਿੱਚ ਸਾਮਲ ਹੋਈਆਂ। ਵੱਖ ਵੱਖ ਗਿਰਜਾਘਰਾਂ ਵੱਲੋਂ ਤਿਆਰ ਝਾਕੀਆਂ ਨੇ ਸ਼ੋਭਾ ਯਾਤਰਾ ਦੀ ਸ਼ਾਨ ਨੂੰ ਵਧਾਇਆ। ਇਹ ਸ਼ੋਭਾ ਯਾਤਰਾ ਮਿਸ਼ਨ ਮੈਮੋਰੀਅਲ ਸੀਨੀਅਰ ਸੈਕੰਡਰੀ ਸਕੂਲ ਧਾਰੀਵਾਲ ਤੋਂ ਮੁੱਖ ਮਹਿਮਾਨ ਵਿਕਰ ਜਨਰਲ ਫਾਦਰ ਮਾਈਕਲ ਐਨੀ ਦੁਆਰਾ ਪ੍ਰਭੂ ਯਿਸੂ ਮਸੀਹ ਜੀ ਦੇ ਅੱਗੇ ਦੇਸ਼ ਦੁਨੀਆਂ ਵਿੱਚ ਅਮਨ ਸ਼ਾਂਤੀ ਦੀ ਵਿਵਸਥਾ ਬਹਾਲ ਰੱਖਣ ਅਤੇ ਹਰੇਕ ਘਰ ਕ੍ਰਿਸਮਸ ਮੌਕੇ ਬਹੁਤਾਇਤ ਨਾਲ ਬਰਕਤਾਂ ਦੇ ਲਈ ਦੁਆ ਕਰਕੇ ਆਰੰਭ ਕੀਤਾ। ਇਹ ਸ਼ੋਭਾ ਯਾਤਰਾ ਮਿਸ਼ਨ ਸਕੂਲ ਤੋਂ ਸ਼ੁਰੂ ਹੋਣ ਮਗਰੋਂ ਮਿਸ਼ਨ ਹਸਪਤਾਲ ਫਾਟਕ, ਯਿਸੂ ਰਾਜਾ ਗਿਰਜਾਘਰ ਫਤਿਹਨੰਗਲ ਤੋਂ ਹੁੰਦੀ ਹੋਈ ਸ਼ਹਿਰ ਦੇ ਬਜ਼ਾਰਾਂ ਵਿੱਚੋਂ ਹੁੰਦੀ ਹੋਈ ਰਣੀਆਂ, ਨੈਸ਼ਨਲ ਹਾਈਵੇ ਬਾਈਪਾਸ ਤੋਂ ਲਿਟਲ ਫਲਾਵਰ ਕਾਨਵੈਂਟ ਸਕੂਲ ਧਾਰੀਵਾਲ ਵਿਖੇ ਪਹੁੰਚੀ ਜਿਥੇ ਵੱਖ-ਵੱਖ ਮਿਸ਼ਨਾਂ ਦੇ ਪਾਦਰੀਆਂ, ਪਾਸਟਰਾਂ ਨੇ ਸੰਬੋਧਨ ਕਰਦਿਆਂ ਪ੍ਰਭੂ ਯਿਸੂ ਮਸੀਹ ਦੇ ਜਨਮ ਦਿਨ ਸਬੰਧੀ ਸੰਖੇਪ ਜਾਣਕਾਰੀ ਸਾਂਝੀ ਕੀਤੀ। ਇਸ ਸਮੇਂ ਸੰਗਤਾਂ ਲਈ ਅਤੁੱਟ ਲੰਗਰ ਵਰਤਾਇਆ ਗਿਆ। ਇਸ ਮੌਕੇ ਲਿਟਲ ਫਲਾਵਰ ਕਾਨਵੈਂਟ ਸਕੂਲ ਦੇ ਪ੍ਰਿੰਸੀਪਲ ਸਿਸਟਰ ਦਿਵਿਆ, ਸਿਸਟਰ ਟੀਨਾ, ਸਿਸਟਰ ਗਰੇਸ, ਸਿਸਟਰ ਐਨਸ ਮਰੀਆ, ਸਿਸਟਰ ਜੋਤੀ, ਬਾਬੂ ਪਤਰਸ, ਬਾਬੂ ਕਰਮਾ, ਬਾਬੂ ਵਾਰਿਸ, ਬਾਬੂ ਮਨੀ, ਸ਼ਮਾਊਨ ਜੋਸਫ ਸੰਧੂ, ਚਰਚ ਮੀਡੀਆ ਇੰਚਾਰਜ ਜੇਮਸ ਨਾਹਰ, ਸੰਤ ਐਂਡਰਿਊਸ



ਬਲੀਵਰਜ਼ ਈਸਟਨ ਚਰਚ ਕਾਦੀਆਂ ਦੇ ਫਾਦਰ ਅਤੇ ਡਾਇਓਸੀਸ ਸੈਕਟਰੀ ਗੁਰਦਾਸਪੁਰ ਰੈਵ. ਫਾਦਰ ਵਿਲੀਸਨ ਡੈਨੀਅਲ, ਸੰਤ ਪਾਲ ਬਲੀਵਰਜ਼ ਈਸਟਨ ਚਰਚ ਕੰਗ ਦੇ ਰੈਵ. ਫਾਦਰ ਅਸ਼ੋਕ ਭੱਟੀ, ਸੰਤ ਜੌਨ ਬਲੀਵਰਜ਼ ਈਸਟਨ ਚਰਚ ਅਗਾਨ ਦੇ ਰੈਵ. ਫਾਦਰ ਯੂਸਫ, ਸੰਤ ਪਾਲ ਬਲੀਵਰਜ਼ ਚਰਚ ਸੋਹਲ ਦੇ ਰੈਵ. ਸੁਰਿੰਦਰ ਪਾਲ, ਸੰਤ ਥੋਮਸ ਬਲੀਵਰਜ਼ ਈਸਟਨ ਚਰਚ ਨੌਸ਼ਹਿਰਾ ਬਹਾਦੁਰ ਦੇ ਫਾਦਰ ਤਰਸੇਮ ਮਸੀਹ, ਪਾਸਟਰ ਸੇਥ ਰੰਧਾਵਾ, ਪਾਸਟਰ ਬਲਬੀਰ, ਪਾਸਟਰ ਸੱਤਪਾਲ, ਪ੍ਰਿੰਸੀਪਲ ਯਾਕੂਬ, ਪ੍ਰਿੰਸੀਪਲ ਸੁਨੀਲ, ਪਾਸਟਰ ਸਤਪਾਲ ਅਤੇ ਪਾਸਟਰ ਐਸੋਸੀਏਸ਼ਨ ਦੇ ਸਮੂਹ ਪਾਸਟਰ, ਸਰਪੰਚ ਰਾਖਲ, ਯੂਥ ਪ੍ਰਧਾਨ ਰਿਤਿਕ ਮੱਟੂ, ਕੌਂਸਲਰ ਇੰਦਰੀਆਸ ਹੰਸ, ਪ੍ਰਿੰਸੀਪਲ ਸਲਵਿੰਦਰ ਤੇਜਾ, ਮੈਡਮ ਸਰੀਤਾ ਤੇਜਾ,ਡੈਨੀਅਲ ਸਿੱਧੂ , ਡਾ. ਐੱਸ ਯੂਸਫ, ਲੰਗਰ ਕਮੇਟੀ ਦੇ ਪ੍ਰਧਾਨ ਜ਼ੋਨ ਮਸੀਹ ਤਰੀਜਾਨਗਰ, ਰਾਜੇਸ਼ ਖੋਖਰ, ਸਟੀਫਨ ਮਸੀਹ ਤਿਲਕਾ, ਪੈਰਿਸ ਕੌਂਸਲ ਦੇ ਪ੍ਰਧਾਨ ਜ਼ੋਨ ਮਸੀਹ ਰਣੀਆਂ, ਮਰੀਅਮ ਸੈਨਾ ਪ੍ਰਧਾਨ ਬੀਬੀ ਸਿੰਦੀ, ਰੀਤਿਕ ਮੱਟੂ ਡੀਨਰੀ ਯੂਥ ਪ੍ਰਧਾਨ, ਸੋਨੀਆ ਗਿੱਲ ਪ੍ਰਧਾਨ ਵੂਮੈਨ ਕਮਿਸਨ ਜਲੰਧਰ ਡਾਇਸਸ, ਬੱਬਾ ਗਿੱਲ ਆਦਿ ਸ਼ਾਮਲ ਸਨ। ਇਸ ਦੌਰਾਨ ਧਾਰੀਵਾਲ ਟੈਕਸੀ ਸਟੈਂਡ ਯੂਨੀਅਨ ਵੱਲੋਂ ਕ੍ਰਿਸਮਿਸ ਸ਼ੋਭਾ ਯਾਤਰਾ ਮੌਕੇ ਪ੍ਰਿਥੀ ਮਸੀਹ, ਵਿੱਕੀ, ਤਰਸੇਮ ਸੋਹਲ, ਅਭੀ ਸਹੋਤਾ, ਸੁਭਾਸ਼, ਬਲਜਿੰਦਰ ਸਿੰਘ ਸਹਾਰੀ, ਸੁਲੱਖਣ ਸਿੰਘ, ਬਿੱਟੂ ਪੰਡਿਤ, ਪਿੰਕਾ ਸੇਰਗਿੱਲ, ਸੋਨੂੰ ਡਡਵਾਂ, ਹਰਦੀਪ ਮਸੀਹ ਸੰਘਰ, ਦੀਪਕ ਪੁਰੇਵਾਲ, ਰਾਕੇਸ਼ ਕਲੇਰ, ਬਾਊ ਚਾਹਲ, ਲਖਵਿੰਦਰ , ਮੁਖਵਿੰਦਰ ਸਿੰਘ, ਲੱਕੀ ਚਾਹਲ, ਵਿਜੈ, ਮੋਨੂੰ ਸੋਹਲ, ਰਾਜੂ ਲੇਹਲ, ਵਿਜੈ ਲੇਹਲ, ਨਿੱਕੂ ਗਿੱਲ ਆਦਿ ਨੇ ਸੰਗਤਾਂ ਨੂੰ ਫਲ ਫਰੂਟ ਦਾ ਲੰਗਰ ਵਰਤਾਇਆ।



ਟਰੈਫਿਕ ਇੰਚਾਰਜ ਸਤਨਾਮ ਸਿੰਘ ਨੂੰ ਵਧੀਆ ਸੇਵਾਵਾਂ ਦੇਣ 'ਤੇ ਸਨਮਾਨਿਤ ਕਰਦੇ ਹੋਏ ਜ਼ਿਲ੍ਹਾ ਪੁਲਸ ਮੁਖੀ ਗੁਰਦਾਸਪੁਰ ਅਦਿੱਤਿਆ ਅਤੇ ਨਾਲ ਐੱਸ. ਪੀ. ਗੁਰਦਾਸਪੁਰ।

(ਫੋਟੋ ਤੇ ਵੇਰਵਾ : ਜਨਕ ਮਹਾਜਨ)

# ਰੇਲਵੇ ਯਾਤਰੀ ਦਾ ਗੁੰਮ ਹੋਇਆ ਬੈਗ ਕੀਤਾ ਮਾਲਕ ਹਵਾਲੇ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਸੰਜੀਵ ਕੁਮਾਰ, ਸੀਆਈਟੀ ਰੇਲਵੇ ਵਿਭਾਗ ਅੰਮ੍ਰਿਤਸਰ ਨੇ ਦੱਸਿਆ ਕਿ ਬੀਤੇ ਦਿਨ ਅੰਮ੍ਰਿਤਸਰ-ਅੰਬਾਲਾ ਛਾਉਣੀ ਵਿਚਕਾਰ ਟ੍ਰੇਨ ਨੰਬਰ 12054 ਹਰਿਦੁਆਰ ਜਨ ਸ਼ਤਾਬਦੀ ਐਕਸਪ੍ਰੈੱਸ ਵਿੱਚ ਡਿਊਟੀ ਤੇ ਮੌਜੂਦ ਸਨ। ਇਸ ਦੌਰਾਨ ਉਨ੍ਹਾਂ ਨੂੰ ਕੋਚ ਸੀ 2, ਸੀਟ ਨੰਬਰ 10, 11 ਅਤੇ 12 ਦੇ ਨੇੜੇ ਮਹੱਤਵਪੂਰਨ ਦਸਤਾਵੇਜ਼ਾਂ ਅਤੇ ਨਕਦੀ ਵਾਲਾ ਇੱਕ ਬੈਗ ਮਿਲਿਆ। ਸੰਜੀਵ ਕੁਮਾਰ ਨੇ ਤੁਰੰਤ ਕਾਰਵਾਈ ਕਰਦਿਆਂ ਅਸਲ ਯਾਤਰੀ ਦੀ ਪਛਾਣ ਕੀਤੀ ਅਤੇ ਇਸਨੂੰ ਸੁਰੱਖਿਅਤ ਢੰਗ ਨਾਲ ਸਬੰਧਤ ਯਾਤਰੀ ਨੂੰ ਸੌਂਪ ਦਿੱਤਾ ਗਿਆ। ਉਪਰੋਕਤ ਕਾਰਵਾਈ ਇਮਾਨਦਾਰੀ, ਸਮਰਪਣ ਅਤੇ ਸ਼ਾਨਦਾਰ ਆਚਰਣ ਦਾ ਪ੍ਰਤੀਬਿੰਬ ਹੈ, ਜੋ ਭਾਰਤੀ ਰੇਲਵੇ ਦੇ ਅਕਸ ਨੂੰ ਮਜ਼ਬੂਤ ਕਰਦੀ ਹੈ।

# ਜ਼ਿਲ੍ਹਾ ਅੰਮ੍ਰਿਤਸਰ ਨੂੰ ਬਾਲ ਭਿੱਖਿਆ ਮੁਕਤ ਬਣਾਉਣ ਦੇ ਮੰਤਵ ਨਾਲ 3 ਦਿਨਾ ਵਿਸ਼ੇਸ਼ ਮੁਹਿੰਮ ਚਲਾਈ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਜ਼ਿਲ੍ਹਾ ਅੰਮ੍ਰਿਤਸਰ ਵਿੱਚ ਬੱਚਿਆਂ ਦੀ ਭੀਖ ਮੰਗਣ ਅਤੇ ਸ਼ੋਸ਼ਣ ਨੂੰ ਰੋਕਣ ਦੇ ਉਦੇਸ਼ ਨਾਲ ਪ੍ਰੋਜੈਕਟ ਜੀਵਨਜੋਤ 2.0 ਦੇ ਤਹਿਤ ਜ਼ਿਲ੍ਹਾ ਪ੍ਰੋਗਰਾਮ ਅਫਸਰ, ਅੰਮ੍ਰਿਤਸਰ ਦੀ ਅਗਵਾਈ ਹੇਠ ਬਾਲ ਸੁਰੱਖਿਆ ਯੂਨਿਟ ਸ਼੍ਰੀ ਤਰਨਜੀਤ ਸਿੰਘ ਵੱਲੋਂ ਸ੍ਰੀ ਹਰਿਮੰਦਰ ਸਾਹਿਬ ਵਿਖੇ ਅਤੇ ਉਸ ਦੇ ਨੇੜਲੇ ਖੇਤਰਾਂ ਵਿੱਚ ਬਾਲ ਭਿਖਿਆ ਸਬੰਧੀ ਵਿਸ਼ੇਸ਼ ਚੈਕਿੰਗ ਮੁਹਿੰਮ ਚਲਾਈ ਗਈ।ਇਸ ਮੁਹਿੰਮ ਦਾ ਮੁੱਖ ਮਕਸਦ ਬੱਚਿਆਂ ਨੂੰ ਭੀਖ ਮੰਗਣ ਦੀ ਪ੍ਰਥਾ ਤੋਂ ਬਚਾਉਣਾ ਅਤੇ ਉਨ੍ਹਾਂ ਦੇ ਅਧਿਕਾਰਾਂ ਦੀ ਰੱਖਿਆ ਕਰਨਾ ਸੀ।ਉਨ੍ਹਾਂ ਦੱਸਿਆ ਕਿ ਪ੍ਰੋਜੈਕਟ ਜੀਵਨਜੋਤ 2.0 ਪੰਜਾਬ ਸਰਕਾਰ ਦੀ ਇਕ ਮਹੱਤਵਪੂਰਨ ਅਤੇ ਲੋਕ-ਹਿਤੈਸ਼ੀ ਪਹਿਲ ਹੈ, ਜਿਸ ਦੀ ਅਗਵਾਈ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਵੱਲੋਂ ਕੀਤੀ ਗਈ ਹੈ।ਇਸ ਪ੍ਰੋਜੈਕਟ ਦਾ ਮੁੱਖ ਉਦੇਸ਼ ਬੱਚਿਆਂ ਨੂੰ ਭੀਖ ਮੰਗਣ ਅਤੇ ਹਰ ਕਿਸਮ ਦੇ ਸ਼ੋਸ਼ਣ ਤੋਂ ਬਚਾ ਕੇ ਉਨ੍ਹਾਂ ਨੂੰ ਸੁਰੱਖਿਅਤ ਵਾਤਾਵਰਣ ਪ੍ਰਦਾਨ



ਕਰਨਾ ਅਤੇ ਉਨ੍ਹਾਂ ਦੇ ਭਵਿੱਖ ਨੂੰ ਸੰਵਾਰਨਾ ਹੈ।ਇਸ ਚੈਕਿੰਗ ਮੁਹਿੰਮ ਦੌਰਾਨ ਸ੍ਰੀ ਹਰਿਮੰਦਰ ਸਾਹਿਬ ਦੇ ਨੇੜਲੇ ਖੇਤਰ ਵਿੱਚ 3 ਬੱਚਿਆਂ ਨੂੰ ਭੀਖ ਮੰਗਦੇ ਹੋਏ ਪਾਇਆ ਗਿਆ।ਬਾਲ ਸੁਰੱਖਿਆ ਯੂਨਿਟ ਦੀ ਟੀਮ ਵੱਲੋਂ ਤੁਰੰਤ ਕਾਰਵਾਈ ਕਰਦੇ ਹੋਏ ਬੱਚਿਆਂ ਨੂੰ ਸੁਰੱਖਿਅਤ ਤਰੀਕੇ ਨਾਲ ਰੈਸਕਿਊ ਕੀਤਾ ਗਿਆ।ਇਸ ਉਪਰੰਤ ਬੱਚਿਆਂ ਦੀ ਕਾਊਂਸਲਿੰਗ ਕੀਤੀ ਗਈ ਅਤੇ ਉਨ੍ਹਾਂ ਦੀ ਸਥਿਤੀ ਨੂੰ ਧਿਆਨ ਵਿੱਚ ਰੱਖਦਿਆਂ ਉਚਿਤ ਦੇਖਭਾਲ ਅਤੇ ਸੁਰੱਖਿਆ ਲਈ ਅਗਲੇ ਲੋੜੀਂਦੇ ਕਦਮ ਚੁੱਕੇ ਗਏ।ਬੱਚਿਆਂ ਦੀ ਭਲਾਈ ਅਤੇ ਸਰਬੰਗੀ ਵਿਕਾਸ ਨੂੰ ਮੁੱਖ ਰੱਖਦੇ ਹੋਏ ਉਨ੍ਹਾਂ ਨੂੰ ਸੰਬੰਧਿਤ ਵਿਭਾਗਾਂ ਅਤੇ ਸਮਾਜਿਕ ਸਕੀਮਾਂ ਨਾਲ ਜੋੜਿਆ ਗਿਆ, ਤਾਂ ਜੋ ਉਨ੍ਹਾਂ ਦੀ ਪੁਨਰਵਾਸ, ਸਿੱਖਿਆ ਅਤੇ ਸਮਾਜ ਨਾਲ ਮੁੜ ਜੋੜਨ ਦੀ ਪ੍ਰਕਿਰਿਆ ਸ਼ੁਰੂ ਕੀਤੀ ਜਾ ਸਕੇ।ਇਸ ਦੌਰਾਨ ਇਹ ਵੀ ਯਕੀਨੀ ਬਣਾਇਆ ਗਿਆ ਕਿ ਬੱਚਿਆਂ ਦੇ ਕਾਨੂੰਨੀ ਅਧਿਕਾਰਾਂ ਦੀ ਪੂਰੀ ਤਰ੍ਹਾਂ ਪਾਲਣਾ ਅਤੇ ਰੱਖਿਆ ਕੀਤੀ ਜਾਵੇ।ਡੀਸੀਪੀਯੂ ਟੀਮ ਵੱਲੋਂ ਦੱਸਿਆ ਗਿਆ ਕਿ ਪ੍ਰੋਜੈਕਟ ਜੀਵਨਜੋਤ 2.0 ਦੇ ਅਧੀਨ ਅਜਿਹੀਆਂ ਚੈਕਿੰਗ ਅਤੇ ਜਾਗਰੂਕਤਾ ਮੁਹਿੰਮਾਂ ਅੱਗੇ ਵੀ ਲਗਾਤਾਰ ਅਤੇ ਨਿਰੰਤਰ ਤੌਰ 'ਤੇ ਜਾਰੀ ਰਹਿਣਗੀਆਂ, ਤਾਂ ਜੋ ਜ਼ਿਲ੍ਹੇ ਵਿੱਚ ਬੱਚਿਆਂ ਦੀ ਭੀਖ ਮੰਗਣ ਦੀ ਪ੍ਰਥਾ ਨੂੰ ਪੂਰੀ ਤਰ੍ਹਾਂ ਖ਼ਤਮ ਕੀਤਾ ਜਾ ਸਕੇ। ਉਨ੍ਹਾਂ ਆਮ ਜਨਤਾ ਨੂੰ ਅਪੀਲ ਕੀਤੀ ਹੈ ਕਿ ਜੇਕਰ ਕਿਤੇ ਵੀ ਬੱਚਿਆਂ ਨੂੰ ਭੀਖ ਮੰਗਦੇ ਹੋਏ ਜਾਂ ਕਿਸੇ ਵੀ ਤਰ੍ਹਾਂ ਦੇ ਸ਼ੋਸ਼ਣ ਦਾ ਸ਼ਿਕਾਰ ਹੁੰਦੇ ਵੇਖਿਆ ਜਾਵੇ, ਤਾਂ ਤੁਰੰਤ ਡੀ.ਸੀ.ਪੀ.ਯੂ. ਜਾਂ ਸੰਬੰਧਿਤ ਪ੍ਰਸ਼ਾਸਨ ਨੂੰ ਸੂਚਿਤ ਕੀਤਾ ਜਾਵੇ, ਤਾਂ ਜੋ ਸਮੇਂ ਸਿਰ ਪ੍ਰਭਾਵਸ਼ਾਲੀ ਕਾਰਵਾਈ ਕੀਤੀ ਜਾ ਸਕੇ। ਸ਼੍ਰੀ ਤਰਨਜੀਤ ਸਿੰਘ ਨੇ ਦਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਅੰਮ੍ਰਿਤਸਰ ਵੱਲੋਂ ਅੰਮ੍ਰਿਤਸਰ ਜ਼ਿਲ੍ਹੇ ਨੂੰ ਬਾਲ ਭਿਖਿਆ ਮੁਕਤ ਬਣਾਉਣ ਦੇ ਮੰਤਵ ਨਾਲ 3 ਦਿਨ ਦੀ ਵਿਸ਼ੇਸ਼ ਮੁਹਿੰਮ ਚਲਾਈ ਗਈ ਹੈ।

# ਡੀ. ਡੀ. ਆਈ. ਸਕੂਲ ਵਿਖੇ ਸਾਹਿਬਜ਼ਾਦਿਆਂ ਦੇ ਸ਼ਹੀਦੀ ਪੁਰਬ ਨੂੰ ਸਮਰਪਿਤ ਧਾਰਮਿਕ ਸਮਾਗਮ ਕਰਵਾਇਆ

**ਫਤਿਹਗੜ੍ਹ ਚੂੜੀਆਂ, (ਜਸਦੇਵ ਸਿੰਘ ਮਾਨ)**- ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਡੀ. ਡੀ. ਆਈ. ਸਕੂਲ ਪਿੰਡ ਪਿੰਡੀ, ਨੇੜੇ ਫਤਿਹਗੜ੍ਹ ਚੂੜੀਆਂ ਦੇ ਖੁੱਲ੍ਹੇ ਹਾਲ ਵਿਚ ਸਾਹਿਬਜ਼ਾਦਿਆਂ ਦੇ ਸ਼ਹੀਦੀ ਪੁਰਬ ਨੂੰ ਸਮਰਪਿਤ ਇਕ ਧਾਰਮਿਕ ਸਮਾਗਮ ਦਾ ਆਯੋਜਨ ਸਕੂਲ ਐੱਮ. ਡੀ. ਇੰਦਰਜੀਤ ਸਿੰਘ ਭਾਟੀਆ ਤੇ ਡਾਇਰੈਕਟਰ ਮੈਡਮ ਐਕਮੀ ਭਾਟੀਆ ਦੇ ਦਿਸ਼ਾ-ਨਿਰਦੇਸ਼ਾਂ 'ਤੇ ਸਕੂਲ ਪ੍ਰਿੰਸੀਪਲ ਮੈਡਮ ਸਵਲੀਨ ਭਾਟੀਆ ਵੱਲੋਂ ਕੀਤਾ ਗਿਆ, ਜਿਸ ਵਿਚ ਮੁਖ ਮਹਿਮਾਨ ਵਜੋਂ ਸ਼੍ਰੀ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਫਤਿਹਗੜ੍ਹ ਚੂੜੀਆਂ ਦੇ ਸਕੱਤਰ ਐੱਸ. ਡੀ. ਓ. ਹਰਭਜਨ ਸਿੰਘ ਨੇ ਮੁਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਇਨ੍ਹਾਂ ਦਾ ਸਵਾਗਤ ਸਕੂਲ ਮੈਨੇਜਮੈਂਟ ਤੇ ਸਟਾਫ ਵੱਲੋਂ ਕੀਤਾ ਗਿਆ।ਧਾਰਮਿਕ ਪ੍ਰੋਗਰਾਮ ਦਾ ਆਗਾਜ਼ ਬੱਚਿਆਂ ਵੱਲੋਂ ਕਵੀਸ਼ਰੀ, ਸ਼ਬਦ ਗਾਇਣ ਅਤੇ ਭਾਸ਼ਣ ਨਾਲ ਕੀਤਾ ਗਿਆ। ਇਸ ਮੌਕੇ ਮੁੱਖ ਮਹਿਮਾਨ ਐੱਸ. ਡੀ. ਓ. ਹਰਭਜਨ ਸਿੰਘ ਸਕੱਤਰ ਨੇ ਜਿਥੇ ਸਾਹਿਬਜ਼ਾਦਿਆਂ ਦੇ ਚੱਲ ਰਹੇ ਸ਼ਹੀਦੀ ਦਿਹਾੜਿਆਂ ਸਬੰਧੀ



ਚਾਨਣਾ ਪਾਇਆ, ਉਥੇ ਨਾਲ ਬੱਚਿਆਂ ਨੂੰ ਸਾਹਿਬਜ਼ਾਦਿਆਂ ਦੇ ਸ਼ਹੀਦੀ ਪੁਰਬ ਸਮੇਂ-ਸਮੇਂ 'ਤੇ ਮਨਾਉਂਦੇ ਰਹਿਣ ਦਾ ਉਪਦੇਸ਼ ਦਿੱਤਾ।ਇਸ ਮੌਕੇ ਉਨ੍ਹਾਂ ਐੱਮ. ਡੀ. ਭਾਟੀਆ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਨ੍ਹਾਂ ਵੱਲੋਂ ਸਕੂਲੀ ਬੱਚਿਆਂ ਨੂੰ ਜਿਥੇ ਪੜ੍ਹਾਈ ਦੇ ਨਾਲ-ਨਾਲ ਧਾਰਮਿਕ ਖੇਤਰ ਨਾਲ ਜੋੜਨ ਦਾ ਜੋ ਉਪਰਾਲਾ ਕੀਤਾ ਗਿਆ ਹੈ, ਉਹ ਕਾਬਿਲੇ-ਤਾਰੀਫ ਹੈ।ਉਨ੍ਹਾਂ ਕਿਹਾ ਕਿ ਬੀਤੇ ਦਿਨੀਂ ਜੋ ਨੈਸ਼ਨਲ ਲੈਵਲ 'ਤੇ ਕਵੀਸ਼ਰੀ ਵਿਚ ਵਧੀਆ ਪ੍ਰਦਰਸ਼ਨ ਕਰਦਿਆਂ ਡੀ. ਡੀ. ਆਈ. ਸਕੂਲ ਦੇ ਬੱਚਿਆਂ ਨੇ ਇਨਾਮ ਹਾਸਲ ਕੀਤੇ ਹਨ, ਉਸਦਾ ਸਿਹਰਾ ਵੀ ਸਕੂਲ ਮੈਨੇਜਮੈਂਟ ਨੂੰ ਜਾਂਦਾ ਹੈ, ਜਿਨ੍ਹਾਂ ਦੀ ਯੋਗ ਰਹਿਨੁਮਾਈ ਹੇਠ ਬੱਚਿਆਂ ਅੰਦਰ ਧਾਰਮਿਕ ਬਿਰਤੀ ਪੈਦਾ ਕਰਨ ਵੱਲ ਸਕੂਲ ਪ੍ਰਿੰਸੀਪਲ ਮੈਡਮ ਸਵਲੀਨ ਭਾਟੀਆ ਤੇ ਅਧਿਆਪਕਾਂ ਵੱਲੋਂ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ।ਇਸ ਮੌਕੇ ਜਿਥੇ ਧਾਰਮਿਕ ਪ੍ਰੀਖਿਆ ਵਿਚ ਅੱਵਲ ਆਏ ਬੱਚਿਆਂ ਨੂੰ ਮੁੱਖ ਮਹਿਮਾਨ ਹਰਭਜਨ ਸਿੰਘ ਸਕੱਤਰ ਅਤੇ ਪ੍ਰਿੰ. ਮੈਡਮ ਸਵਲੀਨ ਭਾਟੀਆ ਨੂੰ ਸ਼ੀਲਡਾਂ ਦੇ ਕੇ ਸਨਮਾਨਿਤ ਕੀਤਾ ਗਿਆ, ਉਥੇ ਨਾਲ ਹੀ ਮੁੱਖ ਮਹਿਮਾਨ ਦਾ ਵੀ ਸਕੂਲ ਵੱਲੋਂ ਯਾਦਗਾਰੀ ਚਿੰਨ੍ਹ ਭੇਟ ਕਰਦਿਆਂ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਸਕੂਲ ਦਾ ਸਮੂਹ ਸਟਾਫ ਤੇ ਵਿਦਿਆਰਥੀ ਵਰਗ ਹਾਜ਼ਰ ਸੀ।

22-Dec-PAGE-4.qxd 12/21/2025 10:14 PM Page 1

ਨਵਾਂ ਜ਼ਮਾਨਾ
ਸੋਮਵਾਰ, 22 ਦਸੰਬਰ 2025

# ਧਨ ਵਰਖਾ

*ਇਲੈਕਟੋਰਲ ਬਾਂਡ ਸਕੀਮ ਨੂੰ ਸੁਪਰੀਮ ਕੋਰਟ ਨੇ ਖਤਮ ਕਰ ਦਿੱਤਾ ਸੀ, ਪਰ ਹੁਣ ਕਾਰਪੋਰੇਟ ਟਰੱਸਟਾਂ ਨੇ ਭਾਜਪਾ ਦੀ ਝੋਲੀ ਭਰ ਦਿੱਤੀ ਹੈ। ਇਲੈਕਟੋਰਲ ਬਾਂਡ ਸਕੀਮ ਸਿਆਸੀ ਪਾਰਟੀਆਂ ਨੂੰ ਗੁੰਮਨਾਮ ਚੰਦਾ ਦੇਣ ਦਾ ਤਰੀਕਾ ਸੀ ਤੇ ਸੁਪਰੀਮ ਕੋਰਟ ਨੇ ਉਸ ਨੂੰ ਪਾਰਦਰਸ਼ੀ ਨਾ ਮੰਨਦਿਆਂ ਖਾਰਜ ਕੀਤਾ ਸੀ। ਇਲੈਕਟੋਰਲ ਟਰੱਸਟਾਂ ਰਾਹੀਂ ਪਾਰਟੀਆਂ ਨੂੰ ਮਿਲਦੇ ਚੰਦੇ ਨੂੰ ਵਧੇਰੇ ਪਾਰਦਰਸ਼ੀ ਮੰਨਿਆ ਜਾਂਦਾ ਹੈ। ਇਨ੍ਹਾਂ ਟਰੱਸਟਾਂ ਨੂੰ ਕਾਰਪੋਰੇਟ ਘਰਾਣੇ ਪੈਸੇ ਦਿੰਦੇ ਹਨ ਤੇ ਟਰੱਸਟ ਅੱਗੇ ਪਾਰਟੀਆਂ ਨੂੰ ਸਪਲਾਈ ਕਰਦੇ ਹਨ। ਇਨ੍ਹਾਂ ਟਰੱਸਟਾਂ ਰਾਹੀਂ 2023-24 ਵਿੱਚ ਪਾਰਟੀਆਂ ਨੂੰ 1218 ਕਰੋੜ ਰੁਪਏ ਚੰਦਾ ਮਿਲਿਆ ਸੀ ਅਤੇ 2024-25 ਵਿੱਚ ਤਿੰਨ ਗੁਣਾ ਤੋਂ ਵੱਧ 3811 ਕਰੋੜ ਮਿਲਿਆ। ਇਹ ਜਾਣਕਾਰੀ ਸਰਕਰਦਾ ਅਖਬਾਰ 'ਇੰਡੀਅਨ ਐਕਸਪ੍ਰੈੱਸ' ਨੇ ਚੋਣ ਕਮਿਸ਼ਨ ਤੋਂ ਹਾਸਲ ਕੀਤੀ ਹੈ। ਚੋਣ ਕਮਿਸ਼ਨ ਨੂੰ ਪਾਰਟੀਆਂ ਦੱਸਦੀਆਂ ਹਨ ਕਿ ਉਨ੍ਹਾਂ ਨੂੰ ਚੰਦਾ ਕਿੱਥੋਂ ਮਿਲਿਆ। ਚੋਣ ਕਮਿਸ਼ਨ ਕੋਲ 19 ਰਜਿਸਟਰਡ ਟਰੱਸਟਾਂ ਵਿੱਚੋਂ 13 ਦੀ ਰਿਪੋਰਟ ਹੈ। ਇਨ੍ਹਾਂ ਵਿੱਚੋਂ 9 ਟਰੱਸਟਾਂ ਨੇ ਚੰਦਾ ਦਿੱਤਾ, ਜਦਕਿ 4 ਟਰੱਸਟਾਂ ਜਨਹਿਤ, ਪਰਿਵਰਤਨ, ਜੈ ਹਿੰਦ ਤੇ ਜੈ ਭਾਰਤ ਨੇ ਕੋਈ ਚੰਦਾ ਨਹੀਂ ਦਿੱਤਾ। ਪਰੂਡੈਂਟ ਇਲੈਕਟੋਰਲ ਟਰੱਸਟ ਨੇ 2668 ਕਰੋੜ ਰੁਪਏ ਵੰਡੇ, ਜਿਨ੍ਹਾਂ ਵਿੱਚੋਂ 82 ਫੀਸਦੀ, ਯਾਨੀ ਕਰੀਬ 2180 ਕਰੋੜ ਭਾਜਪਾ ਨੂੰ ਗਏ। ਕਾਂਗਰਸ ਨੂੰ ਸਿਰਫ 21 ਕਰੋੜ ਮਿਲੇ। ਇਸ ਟਰੱਸਟ ਨੂੰ ਜਿੰਦਲ ਸਟੀਲ ਐਂਡ ਪਾਵਰ, ਮੇਘਾ ਇੰਜੀਨੀਅਰਿੰਗ, ਭਾਰਤੀ ਏਅਰਟੈੱਲ, ਔਰਬਿੰਦੋ ਫਾਰਮਾ ਤੇ ਟਾਰੈਂਟ ਫਾਰਮਾਸਿਊਟੀਕਲ ਵਰਗੀਆਂ ਕੰਪਨੀਆਂ ਤੋਂ ਪੈਸਾ ਮਿਲਿਆ। ਪਰੂਡੈਂਟ ਨੇ ਤ੍ਰਿਣਮੂਲ ਕਾਂਗਰਸ, ਆਪ ਤੇ ਤੇਲਗੂ ਦੇਸਮ ਵਰਗੀਆਂ ਪਾਰਟੀਆਂ ਨੂੰ ਵੀ ਕੁਝ ਚੰਦਾ ਦਿੱਤਾ। ਪ੍ਰੋਗ੍ਰੈਸਿਵ ਇਲੈਕਟੋਰਲ ਬਾਂਡ ਟਰੱਸਟ ਨੇ 917 ਕਰੋੜ ਇਕੱਠੇ ਕੀਤੇ ਤੇ 915 ਕਰੋੜ ਵੰਡੇ। ਇਸ ਨੇ ਵੀ 80 ਫੀਸਦੀ ਤੋਂ ਵੱਧ, ਯਾਨੀ ਕਰੀਬ 757 ਕਰੋੜ ਭਾਜਪਾ ਨੂੰ ਦਿੱਤੇ ਤੇ ਕਾਂਗਰਸ ਨੂੰ ਸਿਰਫ 77 ਕਰੋੜ ਦਿੱਤੇ। ਇਸ ਟਰੱਸਟ ਨੂੰ ਮੁੱਖ ਤੌਰ 'ਤੇ ਟਾਟਾ ਗਰੁੱਪ ਦੀਆਂ ਕੰਪਨੀਆਂ ਤੋਂ ਪੈਸਾ ਆਇਆ। ਨਿਊ ਡੈਮੋਕਰੇਟਿਕ ਇਲੈਕਟੋਰਲ ਟਰੱਸਟ ਨੂੰ ਮਹਿੰਦਰਾ ਐਂਡ ਮਹਿੰਦਰਾ, ਟੈਕ ਮਹਿੰਦਰਾ ਵਰਗੀਆਂ ਕੰਪਨੀਆਂ ਤੋਂ 160 ਕਰੋੜ ਮਿਲੇ ਤੇ ਇਸ ਨੇ 150 ਕਰੋੜ ਭਾਜਪਾ ਨੂੰ ਦਿੱਤੇ। ਟ੍ਰਾਇੰਫ ਇਲੈਕਟੋਰਲ ਟਰੱਸਟ ਨੇ 25 ਕਰੋੜ ਇਕੱਠੇ ਕੀਤੇ ਤੇ 21 ਕਰੋੜ ਭਾਜਪਾ ਨੂੰ ਦਿੱਤੇ। ਇਸ ਟਰੱਸਟ ਨੂੰ ਸਭ ਤੋਂ ਵੱਧ ਪੈਸੇ ਸੀ ਜੀ ਪਾਵਰ ਨੇ ਦਿੱਤੇ। ਹਾਰਮਨੀ ਇਲੈਕਟੋਰਲ ਟਰੱਸਟ ਨੂੰ 35 ਕਰੋੜ ਮਿਲੇ ਤੇ ਇਸ ਨੇ ਭਾਜਪਾ ਨੂੰ 30 ਕਰੋੜ ਦਿੱਤੇ। ਇਸ ਟਰੱਸਟ ਨੂੰ ਭਾਰਤ ਫੋਰਜ ਤੇ ਕਲਿਆਣੀ ਸਟੀਲ ਨੇ ਸਭ ਤੋਂ ਵੱਧ ਪੈਸੇ ਦਿੱਤੇ। ਜਨ ਕਲਿਆਣ ਟਰੱਸਟ ਨੂੰ 19 ਲੱਖ ਮਿਲੇ, ਜਿਹੜੇ ਇਸ ਨੇ ਅੱਧੇ ਭਾਜਪਾ ਤੇ ਅੱਧੇ ਕਾਂਗਰਸ ਨੂੰ ਦੇ ਦਿੱਤੇ। ਜਨਪ੍ਰਗਤੀ ਇਲੈਕਟੋਰਲ ਟਰੱਸਟ ਨੂੰ ਕੇ ਈ ਸੀ ਇੰਟਰਨੈਸ਼ਨਲ ਤੋਂ ਇੱਕ ਕਰੋੜ ਮਿਲੇ ਤੇ ਉਹ ਉਸ ਨੇ ਸ਼ਿਵ ਸੈਨਾ (ਯੂ ਬੀ ਟੀ) ਨੂੰ ਦੇ ਦਿੱਤੇ। ਸਮਾਜ ਇਲੈਕਟੋਰਲ ਟਰੱਸਟ ਐਸੋਸੀਏਸ਼ਨ ਨੂੰ 6 ਕਰੋੜ ਮਿਲੇ ਅਤੇ ਇਸ ਨੇ ਤਿੰਨ ਕਰੋੜ ਭਾਜਪਾ ਨੂੰ ਦਿੱਤੇ।*

*2018 ਵਿੱਚ ਸ਼ੁਰੂ ਹੋਈ ਇਲੈਕਟੋਰਲ ਬਾਂਡ ਸਕੀਮ ਨੂੰ ਸੁਪਰੀਮ ਕੋਰਟ ਨੇ 2024 ਵਿੱਚ ਅਸੰਵਿਧਾਨਕ ਕਰਾਰ ਦੇ ਕੇ ਬੰਦ ਕਰਾ ਦਿੱਤਾ ਸੀ। ਇਸ ਵਿੱਚ ਦਾਨੀ ਦਾ ਨਾਂਅ ਲੁਕ ਜਾਂਦਾ ਸੀ। ਇਹ ਨਹੀਂ ਪਤਾ ਲੱਗਦਾ ਸੀ ਕਿ ਕਿਹੜੀ ਕੰਪਨੀ ਨੇ ਅਤੇ ਕਿੰਨਾ ਚੰਦਾ ਦਿੱਤਾ। ਹੁਣ ਕੰਪਨੀਆਂ ਚੈੱਕ, ਡਿਮਾਂਡ ਡਰਾਫਟ ਜਾਂ ਬੈਂਕ ਟਰਾਂਸਫਰ ਨਾਲ ਸਿੱਧਾ ਚੰਦਾ ਦੇ ਸਕਦੀਆਂ ਹਨ। ਕੰਪਨੀਆਂ ਇਲੈਕਟੋਰਲ ਟਰੱਸਟ ਨੂੰ ਪੈਸੇ ਦਿੰਦੀਆਂ ਹਨ ਤੇ ਉਹ ਪਾਰਟੀਆਂ ਨੂੰ ਵੰਡਦਾ ਹੈ। ਟਰੱਸਟ ਨੂੰ ਦਾਨੀ ਦਾ ਨਾਂਅ ਦੱਸਣਾ ਪੈਂਦਾ ਹੈ,ਪਰ ਟਰੱਸਟ ਤੋਂ ਪਾਰਟੀ ਨੂੰ ਜਾਂਦੇ ਪੈਸੇ ਵਿੱਚ ਦਾਨੀ ਦਾ ਸਿੱਧਾ ਲਿੰਕ ਨਹੀਂ ਦਿਸਦਾ। 2023-24 ਵਿੱਚ ਭਾਜਪਾ ਨੂੰ 3967 ਕਰੋੜ ਚੰਦਾ ਮਿਲਿਆ ਸੀ, ਜਿਸ ਵਿੱਚੋਂ 43 ਫੀਸਦੀ ਯਾਨੀ 1685 ਕਰੋੜ ਇਲੈਕਟੋਰਲ ਬਾਂਡ ਤੋਂ ਆਏ ਸਨ। ਬਾਂਡ ਤਾਂ ਖਤਮ ਹੋ ਗਏ, ਪਰ ਟਰੱਸਟਾਂ ਦਾ ਚੰਦਾ ਵਧ ਗਿਆ ਹੈ। ਤਾਜ਼ਾ ਰਿਪੋਰਟ ਦੱਸਦੀ ਹੈ ਕਿ ਸਿਆਸੀ ਫੰਡਿੰਗ ਵਿੱਚ ਕਾਰਪੋਰੇਟ ਦਾ ਵੱਡਾ ਰੋਲ ਹੈ। ਕਾਰਪੋਰੇਟ ਉਸ ਨੂੰ ਹੀ ਫੰਡ ਦੇਵੇਗਾ, ਜਿਸ ਤੋਂ ਉਸ ਨੂੰ ਸਰਕਾਰੀ ਠੇਕੇ ਮਿਲਣਗੇ ਜਾਂ ਟੈਕਸਾਂ ਵਿੱਚ ਛੋਟ ਮਿਲੇਗੀ। ਇਹ ਸਰਕਾਰ ਹੀ ਦੇ ਸਕਦੀ ਹੈ ਤੇ ਕੇਂਦਰ ਵਿੱਚ ਸਰਕਾਰ ਭਾਜਪਾ ਦੀ ਹੈ। ਇਹ ਰਿਪੋਰਟ ਦੱਸਦੀ ਹੈ ਕਿ ਬਾਂਡ ਸਕੀਮ ਖਤਮ ਹੋਣ ਦੇ ਬਾਅਦ ਵੀ ਚੰਦਿਆਂ ਦੇ ਘਾਲੇ-ਮਾਲੇ ਵਿੱਚ ਕੋਈ ਫਰਕ ਨਹੀਂ ਪਿਆ।*

# ਫ਼ਤਿਹ ਬੁਰਜ: ਖ਼ਾਲਸਾ ਰਾਜ ਦੀ ਨੀਂਹ ਤੇ ਪੰਜਾਬ ਦੇ ਅਣਖੀਲੇ ਇਤਿਹਾਸ ਦਾ ਪ੍ਰਤੀਕ

**ਰਮਨਦੀਪ ਖੀਵਾ**

ਪੰਜਾਬ ਦੀ ਧਰਤੀ, ਜਿੱਥੇ ਗੁਰੂਆਂ-ਪੀਰਾਂ ਦੀ ਚਰਨ ਛੋਹ ਪ੍ਰਾਪਤ ਹੈ, ਉੱਥੇ ਹੀ ਇਸ ਦੀ ਮਿੱਟੀ ਅਨੇਕਾਂ ਯੋਧਿਆਂ ਦੇ ਖ਼ੂਨ ਨਾਲ ਸਿੰਜੀ ਹੋਈ ਹੈ। ਇਹ ਉਹ ਪਵਿੱਤਰ ਭੂਮੀ ਹੈ, ਜਿਸ ਨੇ ਜ਼ੁਲਮ ਅਤੇ ਬੇਇਨਸਾਫ਼ੀ ਨੂੰ ਹਮੇਸ਼ਾ ਲਲਕਾਰਿਆ ਹੈ ਅਤੇ ਹਰ ਔਖੀ ਘੜੀ ਵਿੱਚ ਅਣਖ ਦੀ ਪ੍ਰਤੀਕ ਬਣ ਕੇ ਖੜ੍ਹੀ ਰਹੀ ਹੈ।

ਇਸੇ ਇਤਿਹਾਸਕ ਪ੍ਰਸੰਗ 'ਚ ਜ਼ਿਲ੍ਹਾ ਐੱਸ ਏ ਐੱਸ ਨਗਰ (ਮੁਹਾਲੀ) ਦੇ ਨੇੜੇ ਵਸਿਆ ਪਿੰਡ ਚੱਪੜਚਿੜੀ ਇੱਕ ਅਹਿਮ ਥਾਂ ਰੱਖਦਾ ਹੈ। ਇਹ ਸਥਾਨ ਕਿਸੇ ਪਵਿੱਤਰ ਅਸਥਾਨ ਜਾਂ ਧਾਰਮਿਕ ਕੇਂਦਰ ਵਜੋਂ ਨਹੀਂ, ਸਗੋਂ 18ਵੀਂ ਸਦੀ ਦੇ ਮਹਾਨ ਸੈਨਾਪਤੀ ਬਾਬਾ ਬੰਦਾ ਸਿੰਘ ਬਹਾਦਰ ਦੁਆਰਾ ਲੜੀ ਗਈ ਇੱਕ ਫ਼ੈਸਲਾਕੁੰਨ ਜੰਗ ਦੇ ਮੈਦਾਨ ਵਜੋਂ ਜਾਣਿਆ ਜਾਂਦਾ ਹੈ। ਇਹ ਜੰਗ ਸਿੱਖ ਇਤਿਹਾਸ ਵਿੱਚ ਮਹਾਨ 'ਸਰਹਿੰਦ ਦੀ ਫ਼ਤਿਹ' ਵਜੋਂ ਦਰਜ ਹੈ, ਜਿਸ ਨੇ ਪੰਜਾਬ ਵਿੱਚ ਪਹਿਲੇ ਖ਼ਾਲਸਾ ਰਾਜ ਦੀ ਨੀਂਹ ਰੱਖੀ ਅਤੇ ਮੁਗ਼ਲ ਹਕੂਮਤ ਦੇ ਜ਼ੁਲਮ ਨੂੰ ਜੜ੍ਹੋਂ ਪੁੱਟਣ ਦੀ ਸ਼ੁਰੂਆਤ ਕੀਤੀ। ਇਸ ਮਹਾਨ ਜਿੱਤ ਦੀ ਯਾਦ ਵਿੱਚ, ਇਸੇ ਪਾਵਨ ਧਰਤੀ 'ਤੇ ਇੱਕ ਸ਼ਾਨਦਾਰ ਯਾਦਗਾਰ 'ਫ਼ਤਿਹ ਬੁਰਜ' ਦੀ ਸਥਾਪਨਾ ਕੀਤੀ ਗਈ ਹੈ, ਜੋ ਸਿੱਖ ਕੌਮ ਦੇ ਅਣਥੱਕ ਸੰਘਰਸ਼ ਅਤੇ ਬਹਾਦਰੀ ਦੀ ਅਮਿੱਟ ਨਿਸ਼ਾਨੀ ਹੈ। ਇਹ ਬੁਰਜ ਅੱਜ ਵੀ ਅਸਮਾਨ ਨੂੰ ਛੂੰਹਦਾ ਹੋਇਆ ਉਸ ਸਮੇਂ ਦੇ ਸਿੰਘਾਂ ਦੇ ਉੱਚੇ ਹੌਸਲਿਆਂ ਦੀ ਗਵਾਹੀ ਭਰਦਾ ਹੈ।

ਚੱਪੜਚਿੜੀ ਦੀ ਜੰਗ ਨੂੰ ਸਮਝਣ ਲਈ ਸਾਨੂੰ ਇਸ ਤੋਂ ਪਹਿਲਾਂ ਦੇ ਕਾਰਨਾਂ ਨੂੰ ਚੇਤੇ ਕਰਨਾ ਪਵੇਗਾ ਜੋ ਪੰਜਾਬ, ਵਿੱਚ ਜ਼ੁਲਮ ਅਤੇ ਅੰਨ੍ਹੇ ਰਾਜ ਦੇ ਪ੍ਰਤੀਕ ਬਣ ਚੁੱਕੇ ਸਨ । ਸਿੱਖ ਪੰਥ ਦੇ ਦਸਵੇਂ ਪਾਤਸ਼ਾਹ, ਸਾਹਿਬ-ਏ-ਕਮਾਲ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਬਾਬਾ ਜ਼ੋਰਾਵਰ ਸਿੰਘ ਅਤੇ ਬਾਬਾ ਫ਼ਤਿਹ ਸਿੰਘ ਜੀ ਨੂੰ 1705 ਈਸਵੀ ਵਿੱਚ ਸਰਹਿੰਦ ਦੇ ਸੂਬੇਦਾਰ ਨਵਾਬ ਵਜ਼ੀਰ ਖ਼ਾਨ ਦੇ ਹੁਕਮਾਂ 'ਤੇ ਨੀਹਾਂ ਵਿੱਚ ਚਿਣਵਾ ਕੇ ਸ਼ਹੀਦ ਕਰ ਦਿੱਤਾ ਗਿਆ ਸੀ। ਇਹ ਜ਼ਾਲਮਾਨਾ ਕਾਰਵਾਈ ਸਿਰਫ਼ ਦੋ ਮਾਸੂਮ ਬੱਚਿਆਂ ਦਾ ਕਤਲ ਨਹੀਂ ਸੀ, ਸਗੋਂ ਇਹ ਮੁਗ਼ਲ ਸਾਮਰਾਜ ਦੀ ਧਾਰਮਿਕ ਕੱਟੜਤਾ ਅਤੇ ਮਨੁੱਖੀ ਕਦਰਾਂ-ਕੀਮਤਾਂ ਦੀ ਘੋਰ ਉਲੰਘਣਾ ਸੀ ।

ਇਸੇ ਸੰਕਟਮਈ ਦੌਰ ਵਿੱਚ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਦੱਖਣ ਵਿੱਚ ਮਾਧੋ ਦਾਸ ਬੈਰਾਗੀ ਨੂੰ 'ਸਿੰਘ' ਸਜਾ ਕੇ ਅੰਮ੍ਰਿਤ ਦੀ ਦਾਤ ਦੇ ਕੇ, 'ਬੰਦਾ ਸਿੰਘ ਬਹਾਦਰ' ਦੇ ਰੂਪ ਵਿੱਚ ਪੰਜਾਬ ਵਿੱਚ ਮੁਗਲ ਰਾਜ ਦੇ ਜ਼ੁਲਮ ਨੂੰ ਖ਼ਤਮ ਕਰਨ ਲਈ ਭੇਜਿਆ। ਗੁਰੂ ਜੀ ਨੇ ਉਸ ਨੂੰ ਪੰਜ ਤੀਰ, ਇੱਕ ਨਗਾਰਾ, ਇੱਕ ਨਿਸ਼ਾਨ ਸਾਹਿਬ ਅਤੇ ਕੁਝ ਹੋਰ ਵਸਤਾਂ ਦੇ ਕੇ ਖ਼ਾਲਸਾ ਫ਼ੌਜ ਦੀ ਕਮਾਨ ਸੰਭਾਲਣ ਦਾ ਹੁਕਮ ਦਿੱਤਾ ਅਤੇ ਉਸ ਨੂੰ 'ਵਾਹਿਗੁਰੂ ਜੀ ਕੀ ਫ਼ਤਿਹ' ਦਾ ਜੈਕਾਰਾ ਬੁਲਾਉਣ ਦੀ ਪ੍ਰੇਰਨਾ ਦਿੱਤੀ।

ਬਾਬਾ ਬੰਦਾ ਸਿੰਘ ਬਹਾਦਰ ਦੇ ਪੰਜਾਬ ਪਹੁੰਚਦਿਆਂ ਹੀ ਉਸ ਦੀ ਦਲੇਰੀ, ਸ਼ਰਧਾ ਅਤੇ ਗੁਰੂ ਪ੍ਰਤੀ ਸਮਰਪਣ ਨੇ ਪੰਜਾਬੀਆਂ ਦੇ ਦਿਲਾਂ ਵਿੱਚ ਉਮੀਦ ਦੀ ਕਿਰਨ ਜਗਾਈ। ਜਲਦੀ ਹੀ ਹਜ਼ਾਰਾਂ ਸਿੰਘਾਂ, ਮਜ਼ਲੂਮ ਕਿਸਾਨਾਂ ਅਤੇ ਗ਼ਰੀਬ ਲੋਕਾਂ ਦਾ ਇੱਕ ਦਲ ਉਸ ਦੇ ਝੰਡੇ ਹੇਠ ਇਕੱਠਾ ਹੋ ਗਿਆ। ਇਸ ਦਲ ਨੇ ਪਹਿਲਾਂ ਸੋਨੀਪਤ, ਫਿਰ ਕੈਥਲ, ਸਮਾਣਾ ਅਤੇ ਸਢੌਰਾ ਵਰਗੇ ਜ਼ੁਲਮ ਦੇ ਕੇਂਦਰਾਂ ਨੂੰ ਫ਼ਤਿਹ ਕੀਤਾ। ਇਨ੍ਹਾਂ ਜਿੱਤਾਂ ਨੇ ਸਿੰਘਾਂ ਦੇ ਹੌਂਸਲੇ ਬੁਲੰਦ ਕਰ ਦਿੱਤੇ ਅਤੇ ਬਾਬਾ ਜੀ ਦੀ ਅਗਵਾਈ ਵਿੱਚ ਉਨ੍ਹਾਂ ਦਾ ਅੰਤਿਮ ਅਤੇ ਸਭ ਤੋਂ ਵੱਡਾ ਨਿਸ਼ਾਨਾ ਸਰਹਿੰਦ ਦੇ ਜ਼ਾਲਮ ਸੂਬੇਦਾਰ ਵਜ਼ੀਰ ਖ਼ਾਨ ਦਾ ਗੜ੍ਹ ਉਹਨਾਂ ਦੇ ਸਾਹਮਣੇ ਸੀ।

ਸਰਹਿੰਦ ਦੀ ਫ਼ਤਿਹ ਤੋਂ ਪਹਿਲਾਂ ਵਜ਼ੀਰ ਖ਼ਾਨ ਨੇ ਸਿੱਖਾਂ ਦੇ ਵਧ ਰਹੇ ਪ੍ਰਭਾਵ ਨੂੰ ਖ਼ਤਮ ਕਰਨ ਦਾ ਪੱਕਾ ਇਰਾਦਾ ਕਰ ਲਿਆ ਸੀ। ਉਸ ਨੇ ਮੁਗ਼ਲ ਬਾਦਸ਼ਾਹ ਬਹਾਦਰ ਸ਼ਾਹ ਤੋਂ ਵੱਡੀ ਸਹਾਇਤਾ ਪ੍ਰਾਪਤ ਕੀਤੀ ਅਤੇ ਹਿੰਦੂ ਤੇ ਮੁਸਲਮਾਨ ਜ਼ਿਮੀਂਦਾਰਾਂ ਨੂੰ ਨਾਲ ਲੈ ਕੇ ਇੱਕ ਵਿਸ਼ਾਲ ਅਤੇ ਸ਼ਕਤੀਸ਼ਾਲੀ ਫ਼ੌਜ ਤਿਆਰ ਕੀਤੀ। ਇਤਿਹਾਸਕਾਰਾਂ ਅਨੁਸਾਰ, ਵਜ਼ੀਰ ਖ਼ਾਨ ਦੀ ਫ਼ੌਜ ਦੀ ਗਿਣਤੀ 15,000 ਤੋਂ 20000 ਦੇ ਵਿਚਕਾਰ ਸੀ ਜਿਸ ਵਿੱਚ ਤੋਪਖ਼ਾਨੇ (ਫ਼ੀਲਖ਼ਾਨਾ) ਅਤੇ ਹਾਥੀਆਂ ਸਮੇਤ ਆਧੁਨਿਕ ਜੰਗੀ ਸਾਜ਼ੋ-ਸਾਮਾਨ ਸ਼ਾਮਲ ਸੀ। ਇਸ ਫ਼ੌਜ ਦੀ ਅਗਵਾਈ ਵਜ਼ੀਰ ਖ਼ਾਨ ਖ਼ੁਦ ਕਰ ਰਿਹਾ ਸੀ, ਜਿਸ ਦੇ ਨਾਲ ਉਸ ਦੇ ਜਰਨੈਲ ਵੀ ਸਨ।

ਦੂਜੇ ਪਾਸੇ,ਬਾਬਾ ਬੰਦਾ ਸਿੰਘ ਬਹਾਦਰ ਦੀ ਫ਼ੌਜ, ਜਿਸ ਦੀ ਗਿਣਤੀ ਲਗਭਗ 15,000 ਦੇ ਕਰੀਬ ਸੀ, ਜ਼ਿਆਦਾਤਰ ਨਵੇਂ ਭਰਤੀ ਹੋਏ ਕਿਸਾਨਾਂ, ਮਜ਼ਦੂਰਾਂ ਅਤੇ ਨਿਮਨ ਵਰਗ ਦੇ ਲੋਕਾਂ 'ਤੇ ਅਧਾਰਤ ਸੀ, ਜਿਨ੍ਹਾਂ ਕੋਲ ਮੁੱਢਲੇ ਹਥਿਆਰ ਜਿਵੇਂ ਕਿ ਲਾਠੀਆਂ, ਤਲਵਾਰਾਂ, ਕ੍ਰਿਪਾਨਾਂ ਅਤੇ ਕੁਹਾੜੀਆਂ ਹੀ ਸਨ। ਉਨ੍ਹਾਂ ਕੋਲ ਤੋਪਾਂ ਜਾਂ ਹਾਥੀਆਂ ਵਰਗਾ ਕੋਈ ਭਾਰੀ ਸਾਜ਼ੋ-ਸਾਮਾਨ ਨਹੀਂ ਸੀ, ਪਰ ਉਨ੍ਹਾਂ ਦੇ ਦਿਲਾਂ ਵਿੱਚ ਦਸਮ ਪਿਤਾ ਦੇ ਹੁਕਮਾਂ, ਸਾਹਿਬਜ਼ਾਦਿਆਂ ਦੀ ਸ਼ਹਾਦਤ ਦਾ ਬਦਲਾ ਅਤੇ ਜ਼ੁਲਮ ਤੋਂ ਮੁਕਤੀ ਪਾਉਣ ਦੀ ਅਥਾਹ ਭਾਵਨਾ ਅਤੇ ਜੋਸ਼ ਸੀ।

12 ਮਈ 1710 ਈਸਵੀ ਨੂੰ ਸਰਹਿੰਦ ਤੋਂ ਲਗਭਗ 10 ਮੀਲ ਦੂਰ ਚੱਪੜਚਿੜੀ ਦੇ ਮੈਦਾਨ ਵਿੱਚ ਦੋਵੇਂ ਫ਼ੌਜਾਂ ਆਹਮੋ-ਸਾਹਮਣੇ ਹੋਈਆਂ। ਮੁਗ਼ਲ ਫ਼ੌਜ ਨੇ ਆਪਣੀਆਂ ਤੋਪਾਂ ਅਤੇ ਬੰਦੂਕਾਂ ਦੀ ਅੱਗ ਨਾਲ ਹਮਲਾ ਸ਼ੁਰੂ ਕੀਤਾ। ਜੰਗ ਦੇ ਸ਼ੁਰੂ ਵਿੱਚ ਹੀ ਸਿੱਖ ਫ਼ੌਜ ਦਾ ਇੱਕ ਹਿੱਸਾ, ਜੋ ਕਿ ਕਾਲਕਟ ਦੇ ਕੁਝ ਸਿਪਾਹੀਆਂ ਦਾ ਜਥਾ ਮੁਗ਼ਲਾਂ ਦੀ ਜ਼ਬਰਦਸਤ ਮਾਰ ਅੱਗੇ ਪਿੱਛੇ ਹਟ ਗਿਆ ਅਤੇ ਮੈਦਾਨ ਛੱਡ ਗਏ, ਜਿਸ ਨਾਲ ਸਿੰਘਾਂ ਦੀਆਂ ਸਫ਼ਾਂ ਵਿੱਚ ਇੱਕ ਵਾਰ ਭਾਜੜ ਪੈ ਗਈ ਅਤੇ ਹਾਰ ਦਾ ਡਰ ਪੈਦਾ ਹੋ ਗਿਆ, ਪਰ ਇਸ ਨਾਜ਼ੁਕ ਸਮੇਂ ਵਿੱਚ ਬਾਬਾ ਬੰਦਾ ਸਿੰਘ ਬਹਾਦਰ ਨੇ ਅਸਾਧਾਰਨ ਲੀਡਰਸ਼ਿਪ ਦਾ ਪ੍ਰਦਰਸ਼ਨ ਕੀਤਾ। ਉਹਨਾ ਇੱਕ ਉੱਚੀ ਥਾਂ 'ਤੇ ਖੜ੍ਹੇ ਹੋ ਕੇ ਆਪਣੀ ਤਲਵਾਰ ਲਹਿਰਾਈ ਅਤੇ ਗਰਜਵੀਂ ਆਵਾਜ਼ ਵਿੱਚ ਸਿੰਘਾਂ ਨੂੰ ਲਲਕਾਰਿਆ। ਉਨ੍ਹਾਂ ਸਿੰਘਾਂ ਨੂੰ ਸਾਹਿਬਜ਼ਾਦਿਆਂ ਦੀ ਸ਼ਹਾਦਤ ਚੇਤੇ ਕਰਵਾਈ ਅਤੇ ਉਨ੍ਹਾਂ ਦੇ ਦਿਲਾਂ ਵਿੱਚ ਅਥਾਹ ਜੋਸ਼ ਭਰ ਦਿੱਤਾ। ਬਾਬਾ ਜੀ ਨੇ ਭਾਈ ਬਾਜ ਸਿੰਘ ਅਤੇ ਭਾਈ ਫ਼ਤਿਹ ਸਿੰਘ ਵਰਗੇ ਜਰਨੈਲਾਂ ਦੀ ਅਗਵਾਈ ਵਿੱਚ ਇੱਕ ਭਿਆਨਕ ਅਤੇ ਅਚਾਨਕ ਹਮਲਾ ਕੀਤਾ। ਸਿੰਘਾਂ ਨੇ ਮੁਗ਼ਲ ਸੈਨਾ ਦੀ ਕੇਂਦਰੀ ਟੁਕੜੀ 'ਤੇ ਧਾਵਾ ਬੋਲ ਦਿੱਤਾ। ਇਸ ਜੰਗ ਵਿੱਚ ਸਿੱਖਾਂ ਨੇ ਹੱਥੋ-ਹੱਥੀ ਦੀ ਲੜਾਈ ਸ਼ੁਰੂ ਕਰ ਦਿੱਤੀ, ਜਿਸ ਨਾਲ ਮੁਗ਼ਲਾਂ ਦੇ ਤੋਪਖ਼ਾਨੇ ਦੀ ਤਾਕਤ ਕਮਜ਼ੋਰ ਪੈ ਗਈ। ਸਿੱਖਾਂ ਨੇ ਆਪਣੀ ਜਾਨ ਦੀ ਪਰਵਾਹ ਨਾ ਕਰਦਿਆਂ ਵਜ਼ੀਰ ਖ਼ਾਨ ਤੱਕ ਪਹੁੰਚਣ ਲਈ ਮੌਤ ਦੇ ਦਰਿਆ ਵਿੱਚ ਛਾਲ ਮਾਰ ਦਿੱਤੀ।

14 ਮਈ 1710 ਨੂੰ ਬਾਬਾ ਬੰਦਾ ਸਿੰਘ ਬਹਾਦਰ ਨੇ ਸਰਹਿੰਦ 'ਤੇ ਕਬਜ਼ਾ ਕਰ ਲਿਆ। ਜ਼ੁਲਮ ਦੇ ਇਸ ਕੇਂਦਰ ਦੀ ਇੱਟ ਨਾਲ ਇੱਟ ਖੜਕਾ ਦਿੱਤੀ ਅਤੇ ਇਸ ਨੂੰ 'ਫ਼ਤਿਹਗੜ੍ਹ' ਦਾ ਨਾਂਅ ਦਿੱਤਾ। ਇੱਥੇ ਹੀ ਉਨ੍ਹਾਂ ਪਹਿਲੇ ਖ਼ਾਲਸਾ ਰਾਜ ਦੀ ਸਥਾਪਨਾ ਕੀਤੀ, ਨਾਨਕਸ਼ਾਹੀ ਸਿੱਕਾ ਜਾਰੀ ਕੀਤਾ ਅਤੇ ਸਭ ਤੋਂ ਵੱਡਾ ਇਨਕਲਾਬੀ ਫ਼ੈਸਲਾ ਲਿਆ ਕਿ ਜ਼ਿਮੀਂਦਾਰੀ ਪ੍ਰਥਾ ਖ਼ਤਮ ਕਰਕੇ ਕਿਸਾਨਾਂ ਨੂੰ ਜ਼ਮੀਨ ਦਾ ਮਾਲਕ ਬਣਾਇਆ। ਇਹ ਸਿੱਖ ਇਤਿਹਾਸ ਦਾ ਸੁਨਹਿਰੀ ਪੰਨਾ ਸੀ।

ਚੱਪੜਚਿੜੀ ਦੀ ਇਸ ਇਤਿਹਾਸਕ ਜਿੱਤ ਅਤੇ ਬਾਬਾ ਬੰਦਾ ਸਿੰਘ ਬਹਾਦਰ ਦੇ ਮਹਾਨ ਕਾਰਜ ਨੂੰ ਸਦਾ ਲਈ ਅਮਰ ਰੱਖਣ ਲਈ ਪੰਜਾਬ ਸਰਕਾਰ ਦੁਆਰਾ ਇਸੇ ਜੰਗ ਦੇ ਮੈਦਾਨ ਵਿੱਚ ਇੱਕ ਵਿਸ਼ਾਲ ਯਾਦਗਾਰ ਦਾ ਨਿਰਮਾਣ ਕੀਤਾ ਗਿਆ, ਜਿਸ ਨੂੰ 'ਫ਼ਤਿਹ ਬੁਰਜ' ਦਾ ਨਾਂਅ ਦਿੱਤਾ ਗਿਆ।

ਇਹ ਬੁਰਜ ਭਾਰਤ ਦੀ ਸਭ ਤੋਂ ਉੱਚੀ ਮੀਨਾਰ (Minaret) ਵਜੋਂ ਜਾਣਿਆ ਜਾਂਦਾ ਹੈ, ਜੋ ਕਿ ਨਾ ਸਿਰਫ਼ ਪੰਜਾਬ, ਸਗੋਂ ਪੂਰੇ ਭਾਰਤ ਦੀ ਇਤਿਹਾਸਕ ਵਿਰਾਸਤ ਵਿੱਚ ਇੱਕ ਵਿਲੱਖਣ ਸਥਾਨ ਰੱਖਦਾ ਹੈ। ਇਸ ਦੀ ਉਚਾਈ ਲਗਭਗ 328 ਫੁੱਟ (100 ਮੀਟਰ) ਹੈ, ਜੋ ਇਸ ਨੂੰ ਵਿਸ਼ਵ ਪ੍ਰਸਿੱਧ ਕੁਤਬ ਮੀਨਾਰ (ਦਿੱਲੀ) ਤੋਂ ਵੀ ਉੱਚਾ ਬਣਾਉਂਦੀ ਹੈ। ਇਸ ਦੀ ਉਸਾਰੀ ਅਜੋਕੇ ਆਧੁਨਿਕ ਤਕਨੀਕਾਂ ਨਾਲ ਕੀਤੀ ਗਈ ਹੈ, ਪਰ ਇਸ ਦਾ ਡਿਜ਼ਾਈਨ ਸਿੱਖ ਆਰਕੀਟੈਕਚਰ ਅਤੇ ਬਹਾਦਰੀ ਦੇ ਪ੍ਰਤੀਕਾਂ ਨੂੰ ਦਰਸਾਉਂਦਾ ਹੈ।

ਫ਼ਤਿਹ ਬੁਰਜ ਦੀ ਉਸਾਰੀ ਵਿੱਚ ਪ੍ਰਤੀਕਾਤਮਕ ਅਰਥ ਛੁਪੇ ਹੋਏ ਹਨ। ਬੁਰਜ ਨੂੰ ਤਿੰਨ ਮੁੱਖ ਪੱਧਰਾਂ ਵਿੱਚ ਵੰਡਿਆ ਗਿਆ ਹੈ, ਜਿਨ੍ਹਾਂ ਵਿੱਚੋਂ ਹਰੇਕ ਦਾ ਇਤਿਹਾਸਕ ਅਤੇ ਧਾਰਮਿਕ ਮਹੱਤਵ ਹੈ:

* ਪਹਿਲਾ ਪੱਧਰ (ਸ਼ਹਾਦਤ): ਇਹ ਉਨ੍ਹਾਂ ਮਹਾਨ ਸਿੰਘਾਂ ਦੀ ਸ਼ਹਾਦਤ ਨੂੰ ਸਮਰਪਿਤ ਹੈ, ਜਿਨ੍ਹਾਂ ਨੇ ਜੰਗ ਵਿੱਚ ਆਪਣੇ ਧਰਮ ਅਤੇ ਕੌਮ ਦੀ ਖ਼ਾਤਰ ਆਪਣੀਆਂ ਜਾਨਾਂ ਕੁਰਬਾਨ ਕੀਤੀਆਂ। ਇਹ ਪੱਧਰ ਕੁਰਬਾਨੀ ਦੀ ਮਹਾਨਤਾ ਅਤੇ ਬਲੀਦਾਨ ਦੀ ਭਾਵਨਾ ਨੂੰ ਦਰਸਾਉਂਦਾ ਹੈ।
* ਦੂਜਾ ਪੱਧਰ (ਫ਼ਤਿਹ): ਇਹ ਚੱਪੜਚਿੜੀ ਦੀ ਜੰਗ ਵਿੱਚ ਪ੍ਰਾਪਤ ਕੀਤੀ ਗਈ ਸ਼ਾਨਦਾਰ ਜਿੱਤ ਨੂੰ ਦਰਸਾਉਂਦਾ ਹੈ। ਇਹ ਸਾਨੂੰ ਯਾਦ ਕਰਵਾਉਂਦਾ ਹੈ ਕਿ ਅੰਤ ਵਿੱਚ ਸੱਚ ਅਤੇ ਨਿਆਂ ਦੀ ਹੀ ਜਿੱਤ ਹੁੰਦੀ ਹੈ, ਭਾਵੇਂ ਵਿਰੋਧੀ ਤਾਕਤਾਂ ਕਿੰਨੀਆਂ ਵੀ ਵੱਡੀਆਂ ਕਿਉਂ ਨਾ ਹੋਣ।
* ਤੀਜਾ ਪੱਧਰ (ਖ਼ਾਲਸਾ ਰਾਜ): ਇਹ ਪਹਿਲੇ ਖ਼ਾਲਸਾ ਰਾਜ ਦੀ ਸਥਾਪਨਾ ਅਤੇ ਬਾਬਾ ਬੰਦਾ ਸਿੰਘ ਬਹਾਦਰ ਦੁਆਰਾ ਸਮਾਜਿਕ ਬਰਾਬਰੀ ਲਈ ਲਏ ਗਏ ਇਨਕਲਾਬੀ ਫ਼ੈਸਲਿਆਂ ਨੂੰ ਸਮਰਪਿਤ ਹੈ। ਇਹ ਪੱਧਰ ਇੱਕ ਨਿਆਂ-ਆਧਾਰਤ, ਲੋਕ-ਪੱਖੀ ਰਾਜ ਦੀ ਸਥਾਪਨਾ ਦਾ ਪ੍ਰਤੀਕ ਹੈ।

ਬਾਬਾ ਬੰਦਾ ਸਿੰਘ ਬਹਾਦਰ ਨੇ ਸਿਰਫ਼ ਜੰਗ ਹੀ ਨਹੀਂ ਜਿੱਤੀ, ਸਗੋਂ ਉਨ੍ਹਾ ਪੰਜਾਬ ਵਿੱਚ ਇੱਕ ਸਮਾਜਿਕ ਇਨਕਲਾਬ ਲਿਆਂਦਾ । ਉਨ੍ਹਾ ਨੇ 'ਦੇਗ ਤੇਗ ਫ਼ਤਿਹ' ਦੇ ਸਿਧਾਂਤ ਨੂੰ ਅਮਲੀ ਜਾਮਾ ਪਹਿਨਾਇਆ, ਜਿੱਥੇ 'ਦੇਗ' (ਲੰਗਰ) ਭਾਵ ਗ਼ਰੀਬਾਂ ਨੂੰ ਰੋਜ਼ੀ-ਰੋਟੀ ਅਤੇ 'ਤੇਗ' (ਤਲਵਾਰ) ਭਾਵ ਜ਼ੁਲਮ ਵਿਰੁੱਧ ਲੜਨ ਦੀ ਸ਼ਕਤੀ ਨੂੰ ਦਰਸਾਉਂਦੀ ਹੈ। ਇਹ ਬੁਰਜ ਇਸੇ ਸਿਧਾਂਤ ਦਾ ਪ੍ਰਤੀਕ ਹੈ।

ਫ਼ਤਿਹ ਬੁਰਜ ਚੱਪੜਚਿੜੀ ਪੰਜਾਬੀ ਅਣਖ, ਸਿੱਖ ਕੌਮ ਦੀ ਅਦੁੱਤੀ ਬਹਾਦਰੀ ਅਤੇ ਪਹਿਲੇ ਖ਼ਾਲਸਾ ਰਾਜ ਦੀ ਸਥਾਪਨਾ ਦਾ ਇੱਕ ਮਹਾਨ ਚਿੰਨ੍ਹ ਹੈ, ਜੋ ਸਿਰਫ਼ ਇਤਿਹਾਸ ਦੀ ਗੱਲ ਨਹੀਂ ਕਰਦਾ, ਸਗੋਂ ਸਾਨੂੰ ਭਵਿੱਖ ਵਿੱਚ ਨਿਆਂ ਅਤੇ ਸੱਚਾਈ ਦੇ ਰਾਹ 'ਤੇ ਚੱਲਣ ਲਈ ਸਦਾ ਪ੍ਰੇਰਿਤ ਕਰਦਾ ਰਹੇਗਾ। ਇਹ ਬੁਰਜ ਮੁਗ਼ਲ ਜ਼ੁਲਮ 'ਤੇ ਖ਼ਾਲਸੇ ਦੀ ਜਿੱਤ ਦਾ ਐਲਾਨ ਹੈ, ਜੋ ਸਦੀਆਂ ਤੱਕ ਅਸਮਾਨ ਨੂੰ ਛੂੰਹਦਾ ਰਹੇਗਾ ਅਤੇ ਸਾਡੀ ਵਿਰਾਸਤ ਦੀ ਸ਼ਾਨ ਬਣਿਆ ਰਹੇਗਾ।

ਈ-ਮੇਲ :ramandeepAG@C@gmail.com

# ਗਣਿਤ ਦਾ ਬਾਦਸ਼ਾਹ-ਸ੍ਰੀਨੀਵਾਸਾ ਰਾਮਾਨੁਜਨ



**ਸੰਦੀਪ ਕੁਮਾਰ**

ਸ੍ਰੀਨੀਵਾਸਾ ਰਾਮਾਨੁਜਨ ਦਾ ਜਨਮ 22 ਦਸੰਬਰ 1887 ਨੂੰ ਭਾਰਤ ਦੇ ਤਾਮਿਲਨਾਡੂ ਰਾਜ ਦੇ ਇੱਕ ਛੋਟੇ ਸ਼ਹਿਰ ਇਰੋਡ ਵਿੱਚ ਹੋਇਆ। ਉਹ ਇੱਕ ਬ੍ਰਾਹਮਣ ਪਰਵਾਰ ਵਿੱਚ ਜਨਮੇ, ਜਿੱਥੇ ਉਸ ਦੇ ਪਿਤਾ ਕੰਬਲਾਂ ਦੀ ਦੁਕਾਨ ਵਿੱਚ ਮੁਨਸ਼ੀ ਸਨ ਅਤੇ ਮਾਤਾ ਇੱਕ ਗ੍ਰਹਿਣੀ ਸੀ। ਛੋਟੀ ਉਮਰ ਵਿੱਚ ਹੀ ਰਾਮਾਨੁਜਨ ਨੇ ਆਪਣੇ ਅਸਾਧਾਰਨ ਗੁਣਾਂ ਨਾਲ ਆਪਣੇ ਆਲੇ-ਦੁਆਲੇ ਲੋਕਾਂ ਦਾ ਧਿਆਨ ਖਿੱਚਣਾ ਸ਼ੁਰੂ ਕਰ ਦਿੱਤਾ ਸੀ। ਉਹ ਬਚਪਨ ਵਿੱਚ ਹੀ ਗਣਿਤ ਦੇ ਮੁੱਦਿਆਂ ਵਿੱਚ ਜ਼ਿਆਦਾ ਰੁਚੀ ਦਿਖਾਉਂਦੇ ਸਨ। ਰਾਮਾਨੁਜਨ ਦੀ ਮੰਨਤਾ ਸੀ ਕਿ ਗਣਿਤ ਸਿਰਫ ਇੱਕ ਵਿਗਿਆਨ ਨਹੀਂ ਹੈ, ਬਲਕਿ ਇਹ ਸਿਰਜਣਾਤਮਕ ਚਮਤਕਾਰ ਹੈ। ਜਦ ਉਹ ਸਿਰਫ 13 ਸਾਲ ਦੇ ਸਨ, ਉਹ ਏਡਵਿਨ ਹਾਲ ਦੀ ਪੁਰਾਣੀ ਗਣਿਤ ਦੀ ਕਿਤਾਬ 'ਸਿੰਨਪਸਿਸ' ਪੜ੍ਹ ਚੁੱਕੇ ਸਨ । ਇਸ ਕਿਤਾਬ ਨੇ ਰਾਮਾਨੁਜਨ ਨੂੰ ਅੱਗੇ ਵਧਣ ਦੀ ਪ੍ਰੇਰਣਾ ਦਿੱਤੀ ।

ਉਨ੍ਹਾ ਨੇ ਗਣਿਤ ਦੀਆਂ ਮੁੱਖ ਧਾਰਾਵਾਂ, ਜਿਵੇਂ ਕਿ ਐਲਜ਼ਬਰਾ, ਜਿਉਮੈਟਰੀ ਅਤੇ ਅੰਕ ਗਣਿਤ ਵਿੱਚ ਅਸਾਧਾਰਨ ਸਮਝ ਵਿਕਸਿਤ ਕੀਤੀ।ਹਾਲਾਂਕਿ ਰਾਮਾਨੁਜਨ ਦਾ ਗਣਿਤ ਪ੍ਰਤੀ ਪਿਆਰ ਵਧਦਾ ਗਿਆ, ਪਰ ਸਕੂਲੀ ਸਿੱਖਿਆ ਵਿੱਚ ਉਹ ਹੋਰ ਵਿਸ਼ਿਆਂ ਵਿੱਚ ਪਿੱਛੇ ਰਹਿ ਜਾਂਦੇ ਸਨ। ਉਹ ਕਾਲਜ ਦੀ ਪੜ੍ਹਾਈ ਅਧੂਰੀ ਛੱਡਣ ਲਈ ਮਜਬੂਰ ਹੋਏ, ਕਿਉਂਕਿ ਉਹ ਗੈਰ-ਗਣਿਤ ਵਿਸ਼ਿਆਂ ਵਿੱਚ ਪ੍ਰਵੇਸ਼ ਪ੍ਰੀਖਿਆ ਪਾਸ ਨਹੀਂ ਕਰ ਸਕੇ। ਇਸ ਘਟਨਾ ਨੇ ਉਨ੍ਹਾਂ ਦੀ ਜ਼ਿੰਦਗੀ ਵਿੱਚ ਚੁਣੌਤੀਆਂ ਪੈਦਾ ਕੀਤੀਆਂ, ਪਰ ਰਾਮਾਨੁਜਨ ਨੇ ਗਣਿਤ ਨੂੰ ਕਦੇ ਛੱਡਿਆ ਨਹੀਂ। ਉਹ ਆਪਣੇ ਗਣਿਤ ਦੇ ਖੋਜ ਕਾਰਜ ਵਿੱਚ ਜੁਟੇ ਰਹੇ ਅਤੇ ਆਪਣੇ ਹਿਸਾਬੀ ਸੂਤਰਾਂ ਨੂੰ ਕਾਪੀਆਂ ਵਿੱਚ ਲਿਖਦੇ ਰਹੇ। ਇਹ ਗਣਿਤ ਪ੍ਰਤੀ ਲਗਨ ਦਾ ਹੀ ਨਤੀਜਾ ਸੀ ਕਿ ਰਾਮਾਨੁਜਨ ਦੀ ਖੋਜ ਦੀ ਪ੍ਰਕਿਰਿਆ ਜਾਰੀ ਰਹੀ, ਪਰ ਉਨ੍ਹਾਂ ਦੇ ਸੂਤਰ ਅਤੇ ਸਿਧਾਂਤ ਸਿਰਫ ਸਥਾਨਕ ਪੱਧਰ 'ਤੇ ਜਾਣੇ ਜਾਂਦੇ ਸਨ। ਸਾਲ 1913 ਵਿੱਚ ਉਨ੍ਹਾਂ ਨੇ ਆਪਣੇ ਖੋਜ ਕਾਰਜ ਬ੍ਰਿਟਿਸ਼ ਗਣਿਤਜ ਜੀ.ਐੱਚ. ਹਾਰਡੀ ਨੂੰ ਭੇਜੇ। ਹਾਰਡੀ, ਜੋ ਉਸ ਸਮੇਂ ਕੈਂਬ੍ਰਿਜ ਯੂਨੀਵਰਸਿਟੀ ਵਿੱਚ ਗਣਿਤ ਦੇ ਪ੍ਰੋਫੈਸਰ ਸਨ, ਰਾਮਾਨੁਜਨ ਦੇ ਗਣਿਤ ਦੀ ਖੋਜ ਤੋਂ ਬਹੁਤ ਪ੍ਰਭਾਵਿਤ ਹੋਏ। ਹਾਰਡੀ ਨੇ ਰਾਮਾਨੁਜਨ ਨੂੰ ਕੈਂਬ੍ਰਿਜ ਆਉਣ ਦਾ ਸੱਦਾ ਦਿੱਤਾ। ਸਾਲ 1914 ਵਿੱਚ ਰਾਮਾਨੁਜਨ ਬ੍ਰਿਟੇਨ ਪਹੁੰਚੇ ਅਤੇ ਉਨ੍ਹਾਂ ਨੇ ਹਾਰਡੀ ਨਾਲ ਮਿਲ ਕੇ ਗਣਿਤ ਦੇ ਖੇਤਰ ਵਿੱਚ ਕਈ ਮਹੱਤਵਪੂਰਨ ਖੋਜਾਂ ਕੀਤੀਆਂ। ਉਨ੍ਹਾਂ ਦੇ ਕੰਮ ਵਿੱਚ ਪਾਰਟੀਸ਼ਨ ਫੰਕਸ਼ਨ, ਡਾਇਫਰੈਂਸ਼ਲ ਸੀਰੀਜ਼ ਅਤੇ ਇਲਿਪਟੀਕ ਫੰਕਸ਼ਨ ਸ਼ਾਮਲ ਸਨ। ਰਾਮਾਨੁਜਨ ਦੀਆਂ ਖੋਜਾਂ ਨੇ ਗਣਿਤ ਦੇ ਮੂਲ ਸਿਧਾਂਤਾਂ ਨੂੰ ਆਕਰਸ਼ਕ ਅਤੇ ਖਾਸ ਢੰਗ ਨਾਲ ਵਿਸਥਾਰ ਦਿੱਤਾ। ਸ੍ਰੀ ਨੀਵਾਸਾ ਰਾਮਾਨੁਜਨ ਨੂੰ ਵਿਦੇਸ਼ ਵਿੱਚ ਕਈ ਮਹੱਤਵਪੂਰਨ ਸਨਮਾਨ ਅਤੇ ਉਪਾਧੀਆਂ ਪ੍ਰਾਪਤ ਹੋਈਆਂ, ਜੋ ਉਨ੍ਹਾਂ ਦੇ ਅਸਾਧਾਰਣ ਗਣਿਤਕ ਯੋਗਦਾਨ ਨੂੰ ਸਵੀਕਾਰ ਕਰਦੀਆਂ ਹਨ। ਸਾਲ 1918 ਵਿੱਚ ਰਾਮਾਨੁਜਨ ਨੂੰ ਰਾਇਲ ਸੋਸਾਇਟੀ ਦਾ ਮੈਂਬਰ ਬਣਾਇਆ ਗਿਆ। ਇਹ ਗੌਰਵਮਈ ਉਪਾਧੀ ਪ੍ਰਾਪਤ ਕਰਨ ਵਾਲੇ ਉਹ ਕੇਵਲ ਦੂਜੇ ਭਾਰਤੀ ਸਨ। ਰਾਇਲ ਸੋਸਾਇਟੀ ਦਾ ਮੈਂਬਰ ਬਣਨਾ ਵਿਗਿਆਨ ਅਤੇ ਗਣਿਤ ਦੇ ਖੇਤਰ ਵਿੱਚ ਸਭ ਤੋਂ ਉੱਚਾ ਸਨਮਾਨ ਮੰਨਿਆ ਜਾਂਦਾ ਹੈ । ਇਸ ਦੇ ਨਾਲ ਹੀ ਉਸੇ ਸਾਲ ਰਾਮਾਨੁਜਨ ਨੂੰ ਕੈਂਬ੍ਰਿਜ ਯੂਨੀਵਰਸਿਟੀ ਦੇ ਪ੍ਰਸਿੱਧ ਟ੍ਰਿਨਿਟੀ ਕਾਲਜ ਦਾ ਫੈਲੋ ਚੁਣਿਆ ਗਿਆ। ਇਹ ਸਨਮਾਨ ਇੱਕ ਬਹੁਤ ਵੱਡੀ ਪ੍ਰਾਪਤੀ ਸੀ, ਕਿਉਂਕਿ ਉਹ ਇਹ ਖਿਤਾਬ ਹਾਸਲ ਕਰਨ ਵਾਲੇ ਪਹਿਲੇ ਭਾਰਤੀ ਸਨ । ਇਸ ਦੇ ਨਾਲ ਉਨ੍ਹਾਂ ਦੇ ਗਣਿਤਕ ਸੂਤਰਾਂ ਅਤੇ ਸਿਧਾਂਤਾਂ ਨੂੰ ਅੰਤਰਰਾਸ਼ਟਰੀ ਪੱਧਰ 'ਤੇ ਬਹੁਤ ਮਾਨਤਾ ਮਿਲੀ। ਇਨ੍ਹਾਂ ਸਨਮਾਨਾਂ ਨੇ ਨਾ ਸਿਰਫ਼ ਰਾਮਾਨੁਜਨ ਦੀ ਪਛਾਣ ਨੂੰ ਮਜ਼ਬੂਤ ਕੀਤਾ, ਬਲਕਿ ਉਹਨਾਂ ਨੂੰ ਸੰਸਾਰ ਪੱਧਰ 'ਤੇ ਗਣਿਤ ਦੇ ਖੇਤਰ ਵਿੱਚ ਅਮਰ ਕਰ ਦਿੱਤਾ। ਇਹ ਉਪਾਧੀਆਂ ਉਨ੍ਹਾਂ ਦੀ ਬੇਮਿਸਾਲ ਸਮਰੱਥਾ ਅਤੇ ਦ੍ਰਿੜ੍ਹਤਾ ਦੀ ਸੱਚੀ ਗਵਾਹ ਹਨ।

ਰਾਮਾਨੁਜਨ ਦੀ ਸਭ ਤੋਂ ਵੱਡੀ ਖ਼ੂਬੀ ਉਨ੍ਹਾਂ ਦੀ ਕਲਪਨਾ ਦੀ ਤਾਕਤ ਸੀ । ਉਹ ਬਿਨਾਂ ਕਿਸੇ ਵਿਗਿਆਨਕ ਪ੍ਰਮਾਣ ਦੇ ਗਣਿਤ ਦੇ ਸੂਤਰ ਲਿਖ ਦਿੰਦੇ ਸਨ, ਜਿਨ੍ਹਾਂ ਨੂੰ ਬਾਅਦ ਵਿੱਚ ਵਿਗਿਆਨਕ ਪ੍ਰਮਾਣ ਮਿਲੇ। ਉਨ੍ਹਾਂ ਦਾ ਮੰਨਣਾ ਸੀ ਕਿ ਉਨ੍ਹਾਂ ਨੂੰ ਇਹ ਗਿਆਨ ਦਿਵਿਆ ਸਰੋਤ ਤੋਂ ਪ੍ਰਾਪਤ ਹੁੰਦਾ ਹੈ। ਇਹ ਮਾਨਤਾ ਰਾਮਾਨੁਜਨ ਨੂੰ ਸਾਧਾਰਨ ਵਿਗਿਆਨਕ ਤੋਂ ਵੱਖਰੀ ਪਹਿਚਾਣ ਦਿੰਦੀ ਹੈ। ਜੀਵਨ ਦੇ ਅਖੀਰ ਦੇ ਸਾਲਾਂ ਵਿੱਚ ਬ੍ਰਿਟੇਨ ਦੀ ਠੰਢੀ ਜ਼ਮੀਨ ਅਤੇ ਅਣਅਨੁਕੂਲ ਪ੍ਰਸਥਿਤੀਆਂ ਕਾਰਨ ਰਾਮਾਨੁਜਨ ਦੀ ਸਿਹਤ ਖਰਾਬ ਹੋਣੀ ਸ਼ੁਰੂ ਹੋ ਗਈ। ਉਨ੍ਹਾਂ ਨੂੰ ਟੀ.ਬੀ. ਦੀ ਬਿਮਾਰੀ ਹੋ ਗਈ। ਸਾਲ 1919 ਵਿੱਚ ਉਹ ਭਾਰਤ ਵਾਪਸ ਆ ਗਏ, ਪਰ ਉਨ੍ਹਾਂ ਦੀ ਸਿਹਤ ਵਿੱਚ ਕੋਈ ਸੁਧਾਰ ਨਹੀਂ ਆਇਆ। 26 ਅਪ੍ਰੈਲ 1920 ਨੂੰ, ਸ੍ਰੀ ਨੀਵਾਸਾ ਰਾਮਾਨੁਜਨ ਨੇ ਸਿਰਫ 32 ਸਾਲ ਦੀ ਉਮਰ ਵਿੱਚ ਆਖਰੀ ਸਾਹ ਲਿਆ। ਰਾਮਾਨੁਜਨ ਦੇ ਸੰਪੂਰਨ ਜੀਵਨ ਦਾ ਮਿਸਾਲ ਹੈ ਕਿ ਇੱਕ ਵਿਅਕਤੀ ਕਿਵੇਂ ਆਪਣੇ ਜਜ਼ਬੇ ਅਤੇ ਦ੍ਰਿੜ੍ਹਤਾ ਨਾਲ ਸੰਸਾਰ ਨੂੰ ਬਦਲ ਸਕਦਾ ਹੈ। ਉਹ ਸਿਰਫ ਇੱਕ ਗਣਿਤਜਕ ਨਹੀਂ ਸਨ, ਬਲਕਿ ਇੱਕ ਪ੍ਰੇਰਨਾ ਸਨ। ਉਨ੍ਹਾਂ ਦੇ ਕੰਮ ਦੀ ਅੱਜ ਵੀ ਵਿਸ਼ਵ ਪੱਧਰ 'ਤੇ ਪ੍ਰਸੰਸਾ ਕੀਤੀ ਜਾਂਦੀ ਹੈ। ਭਾਰਤ ਸਰਕਾਰ ਨੇ ਉਨ੍ਹਾਂ ਦੇ ਸਨਮਾਨ ਵਿੱਚ 22 ਦਸੰਬਰ ਨੂੰ 'ਰਾਸ਼ਟਰੀ ਗਣਿਤ ਦਿਵਸ' ਦੇ ਰੂਪ ਵਿੱਚ ਘੋਸ਼ਿਤ ਕੀਤਾ। ਸ੍ਰੀ ਨੀਵਾਸਾ ਰਾਮਾਨੁਜਨ ਨੇ ਇਹ ਸਿਖਾਇਆ ਕਿ ਸਮਰੱਥਾ ਕਿਸੇ ਸੰਸਕਾਰ ਜਾਂ ਜਗ੍ਹਾ ਨਾਲ ਸੀਮਿਤ ਨਹੀਂ ਹੁੰਦੀ। ਉਨ੍ਹਾਂ ਦੀ ਕਹਾਣੀ ਸਾਡੇ ਲਈ ਇੱਕ ਸਬਕ ਹੈ ਕਿ ਜੇਕਰ ਇਰਾਦੇ ਮਜ਼ਬੂਤ ਹੋਣ ਤਾਂ ਕੋਈ ਵੀ ਰੁਕਾਵਟ ਮਾਨਵਤਾ ਦੇ ਸੱਚੇ ਕਾਰਜ ਨੂੰ ਅੱਗੇ ਵਧਣ ਤੋਂ ਰੋਕ ਨਹੀਂ ਸਕਦੀ। ਸ੍ਰੀਨੀਵਾਸਾ ਰਾਮਾਨੁਜਨ ਦੇ ਸੰਪੂਰਨ ਜੀਵਨ ਦੀ ਮਿਹਨਤ, ਸੰਘਰਸ਼ ਅਤੇ ਸਫਲਤਾ ਨੂੰ ਦੇਖਦੇ ਹੋਏ ਬਾਬਾ ਨਾਜ਼ਮੀ ਦਾ ਉਹ ਸ਼ੇਅਰ ਯਾਦ ਆ ਗਿਆ, ਜੋ ਉਸ ਦੀ ਜ਼ਿੰਦਗੀ ਨੂੰ ਪੂਰੀ ਤਰ੍ਹਾਂ ਰੂਪਮਾਨ ਕਰਦਾ ਹੈ।

ਬੇ-ਹਿੰਮਤੇ ਨੇ ਜਿਹੜੇ ਬਹਿ ਕੇ ਸ਼ਿਕਵਾ ਕਰਨ ਮੁਕੱਦਰਾਂ ਦਾ,।
ਉਗਣ ਵਾਲੇ ਉੱਗ ਪੈਂਦੇ ਨੇ ਪਾੜ ਕੇ ਸੀਨਾ ਪੱਥਰਾਂ ਦਾ।
ਮੰਜ਼ਲ ਦੇ ਮੱਥੇ ਦੇ 'ਤੇ ਤਖ਼ਤੀ ਲੱਗਦੀ ਉਨ੍ਹਾਂ ਦੀ,
ਜਿਹੜੇ ਘਰੋਂ ਬਣਾ ਕੇ ਟੁਰਦੇ ਨਕਸ਼ਾ ਆਪਣੇ ਸਫ਼ਰਾਂ ਦਾ।

#ਸੰਪਰਕ : 70098-07121

# ਬੱਚਿਆਂ ਵੱਲੋਂ ਬਜ਼ੁਰਗਾਂ ਉਪਰ ਹੋ ਰਿਹਾ ਅੱਤਿਆਚਾਰ

**ਡਾ. ਕ੍ਰਿਸ਼ਨ ਲਾਲ**

ਸਾਡੇ ਭਾਰਤੀ ਸਮਾਜ ਵਿੱਚ ਵੱਡੇ-ਬਜ਼ੁਰਗਾਂ ਨੂੰ ਸਦਾ ਮਾਣ-ਸਨਮਾਨ ਨਾਲ ਦੇਖਿਆ ਜਾਦਾ ਸੀ। ਉਹ ਘਰ ਦੇ ਮਾਰਗਦਰਸ਼ਕ, ਅਸੀਸ ਦੇਣ ਵਾਲੇ ਅਤੇ ਜੀਵਨ ਦੇ ਤਜਰਬੇ ਦਾ ਖਜ਼ਾਨਾ ਮੰਨੇ ਜਾਂਦੇ ਹਨ। ਪੁਰਾਣੇ ਸਮੇਂ 'ਚ ਮਾਤਾ-ਪਿਤਾ ਦੇ ਇਕ ਹੀ ਹੁਕਮ 'ਤੇ ਬੱਚੇ ਸਭ ਕੁਝ ਕਰਨ ਲਈ ਤਿਆਰ ਰਹਿੰਦੇ ਸਨ, ਪਰ ਅੱਜਕੱਲ੍ਹ ਬਹੁਤ ਸਾਰੇ ਬੱਚੇ ਆਪਣੇ ਵਿਆਹ ਤੋਂ ਬਾਅਦ ਆਪਣੇ ਮਾਤਾ-ਪਿਤਾ ਵਲੋਂ ਅੱਖਾਂ ਫੇਰ ਲੈਂਦੇ ਹਨ। ਉਨ੍ਹਾਂ ਦਾ ਇਕੋ-ਇਕ ਉਦੇਸ਼ ਕਿਸੇ ਨਾ ਕਿਸੇ ਤਰ੍ਹਾਂ ਉਨ੍ਹਾਂ ਦੀ ਜਾਇਦਾਦ 'ਤੇ ਕਬਜ਼ਾ ਕਰਨਾ ਹੀ ਰਹਿ ਜਾਂਦਾ ਹੈ, ਜਿਸ ਕਾਰਨ ਬਜ਼ੁਰਗ ਆਪਣਿਆਂ ਹੀ ਬੱਚਿਆ ਦੇ ਹੱਥੋਂ ਅੱਤਿਆਚਾਰਾਂ ਦੇ ਸ਼ਿਕਾਰ ਹੋ ਰਹੇ ਹਨ, ਪਰ ਅੱਜ ਦੇ ਬਦਲਦੇ ਸਮੇਂ ਵਿੱਚ ਇੱਕ ਬਹੁਤ ਦੁਖਦਾਈ ਸੱਚਾਈ ਸਾਹਮਣੇ ਆ ਰਹੀ ਹੈ। ਬੱਚਿਆਂ ਵੱਲੋਂ ਬਜ਼ੁਰਗ ਮਾਪਿਆਂ ਨਾਲ ਬੇਪਰਵਾਹੀ, ਹਿੰਸਾ, ਬਦਸਲੂਕੀ ਅਤੇ ਲਾਪਰਵਾਹੀ ਵਧ ਰਹੀ ਹੈ। ਇਹ ਸਿਰਫ਼ ਸਮਾਜਕ ਸਮੱਸਿਆ ਨਹੀਂ, ਸਗੋਂ ਮਨੁੱਖਤਾ ਉੱਤੇ ਇੱਕ ਕਾਲਾ ਧੱਬਾ ਹੈ।

ਇੱਕ ਅਧਿਐਨ ਤੋਂ ਪਤਾ ਲੱਗਾ ਹੈ ਕਿ ਭਾਰਤ ਵਿੱਚ 71 ਪ੍ਰਤੀਸ਼ਤ ਤੋਂ ਵੱਧ ਬਜ਼ੁਰਗ ਨਾਗਰਿਕਾਂ ਨੂੰ ਆਪਣੇ ਹੀ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ ਜਾਂ ਬੱਚਿਆਂ ਦੁਆਰਾ ਪਰੇਸ਼ਾਨੀ ਜਾਂ ਅਪਮਾਨ ਦਾ ਸਾਹਮਣਾ ਕਰਨਾ ਪੈਂਦਾ ਹੈ। ਸਰਵੇਖਣ ਦੇ ਅਨੁਸਾਰ ਹਰ ਦੂਜਾ ਬਜ਼ੁਰਗ ਨਾਗਰਿਕ ਆਪਣੇ ਹੀ ਪਰਵਾਰਕ ਮੈਂਬਰਾਂ, ਬੱਚਿਆਂ, ਰਿਸ਼ਤੇਦਾਰਾਂ ਜਾਂ ਹੋਰਾਂ ਦੁਆਰਾ ਪਰੇਸ਼ਾਨ, ਦੁਰਵਿਹਾਰ ਜਾਂ ਅਪਮਾਨਿਤ ਹੋ ਰਿਹਾ ਹੈ। ਏਜਵੈੱਲ ਫਾਊਂਡੇਸ਼ਨ ਦੇ ਚੇਅਰਮੈਨ ਹਿਮਾਂਸ਼ੂ ਰੱਥ ਨੇ ਕਿਹਾ। ਇਹ ਦੇਖਿਆ ਗਿਆ ਹੈ ਕਿ ਨਿਰਭਰ ਬਜ਼ੁਰਗਾਂ ਨੂੰ ਅਕਸਰ ਅਪਮਾਨ ਦਾ ਸਾਹਮਣਾ ਕਰਨਾ ਪੈਂਦਾ ਹੈ। ਅਪਮਾਨ ਲਈ ਜ਼ਿੰਮੇਵਾਰ ਕਾਰਕਾਂ ਵਿੱਚ ਸ਼ਾਮਲ ਹਨ - ਪਰਿਵਾਰ ਦੀ ਮਾੜੀ ਵਿੱਤੀ ਸਥਿਤੀ, ਜਗ੍ਹਾ ਦੀ ਘਾਟ, ਅੰਤਰ-ਵਿਅਕਤੀਗਤ ਮੁੱਦੇ, ਬਜ਼ੁਰਗ ਵਿਅਕਤੀਆਂ ਦੀਆਂ ਪੁਰਾਣੀਆਂ ਬਿਮਾਰੀਆਂ, ਡਿੱਗਦੀ ਨੈਤਿਕ ਮੁੱਲ ਪ੍ਰਣਾਲੀ ਅਤੇ ਹੋਰ। ਇਹ ਦੇਖਿਆ ਗਿਆ ਹੈ ਕਿ ਬੁਢਾਪੇ ਵਿੱਚ ਮਾੜੀ ਸਿਹਤ ਸਥਿਤੀਆਂ, ਡਾਕਟਰੀ ਪੇਚੀਦਗੀਆਂ ਅਤੇ ਮਨੋਵਿਗਿਆਨਕ ਮੁੱਦਿਆਂ ਆਦਿ ਵਾਲੇ ਲੋਕਾਂ ਨੂੰ ਆਪਣੀ ਬੇਵਸੀ ਕਾਰਨ ਵਧੇਰੇ ਦੁੱਖ ਝੱਲਣਾ ਪੈਂਦਾ ਹੈ।

ਜੋ ਬਜ਼ੁਰਗ ਕਿਸੇ ਇੰਸਟੀਚਿਊਟ ਤੋਂ ਰਿਟਾਇਰ ਹੋ ਕੇ ਚੰਗੀ ਪੈਨਸ਼ਨ ਹਾਸਲ ਕਰ ਰਹੇ ਹਨ, ਉਨ੍ਹਾਂ ਦੇ ਬੱਚੇ ਉਨ੍ਹਾਂ ਨਾਲ ਬੁਰਾ ਵਿਹਾਰ ਕਰ ਰਹੇ ਹਨ। ਹੁਣ ਸੋਚਣ ਵਾਲੀ ਗੱਲ ਹੈ ਕਿ ਉਨ੍ਹਾਂ ਲੋਕਾਂ 'ਤੇ ਕੀ ਬੀਤ ਰਹੀ ਹੋਵੇਗੀ, ਜਿਨ੍ਹਾਂ ਨੂੰ ਸਿਰਫ ਬੁਢਾਪਾ ਪੈਨਸ਼ਨ ਮਿਲ ਰਹੀ ਹੈ।

ਇਕ ਬਜ਼ੁਰਗ ਦਾ ਕਹਿਣਾ ਸੀ ਕਿ ਉਸ ਨੂੰ ਦਵਾਈ ਦੀ ਲੋੜ ਹੈ, ਤਾਂ ਉਸ ਦੇ ਬੇਟੇ ਨੇ ਉਸ ਨੂੰ ਖੂਬ ਕੁੱਟਿਆ। ਬਜ਼ੁਰਗਾਂ ਕੋਲ ਝੂਠ ਬੋਲ ਕੇ ਉਨ੍ਹਾਂ ਦੀ ਜਾਇਦਾਦ ਆਪਣੇ ਨਾਂਅ ਕਰਵਾ ਲਈ। ਬੱਚਿਆਂ ਤੋਂ ਹਿਸਾਬ ਮੰਗਿਆ ਤਾਂ ਇਕ ਬੇਟੇ ਨੇ ਆਪਣੇ ਪਿਤਾ ਦੀ ਹੱਤਿਆ ਕਰ ਦਿੱਤੀ। ਹਾਲ ਹੀ 'ਚ ਇਕ ਬਜ਼ੁਰਗ ਨੇ ਦੱਸਿਆ ਕਿ ਉਨ੍ਹਾਂ ਦੀ ਨੂੰਹ ਉਨ੍ਹਾਂ ਦੇ ਬੇਟੇ ਦੇ ਝੂਠੇ ਭਾਂਡਿਆਂ 'ਚ ਖਾਣਾ ਦਿੰਦੀ ਹੈ, ਜਦਕਿ ਉਨ੍ਹਾਂ ਦਾ ਬੇਟਾ ਜਦੋਂ ਤੱਕ ਖਾਣਾ ਨਹੀਂ ਖਾ ਲੈਂਦਾ, ਉਨ੍ਹਾਂ ਦੀ ਨੂੰਹ ਉਨ੍ਹਾਂ ਨੂੰ ਖਾਣਾ ਨਹੀਂ ਦਿੰਦੀ।

ਬਜ਼ੁਰਗਾਂ ਨਾਲ ਹਿੰਸਾ ਉਹ ਹਰ ਕਾਰਵਾਈ ਹੈ, ਜਿਹੜੀ ਉਨ੍ਹਾਂ ਦੀ ਇੱਜ਼ਤ, ਸੁਰੱਖਿਆ, ਸਿਹਤ ਅਤੇ ਜੀਵਨ-ਸਤਿਕਾਰ ਨੂੰ ਖਤਮ ਕਰਦੀ ਹੈ। ਇਹ ਹਿੰਸਾ ਕਈ ਤਰੀਕਿਆਂ ਨਾਲ ਹੋ ਸਕਦੀ ਹੈ-ਸਰੀਰਕ ਹਿੰਸਾ ਜਿਵੇਂ ਮਾਰਨਾ, ਧੱਕਾ ਦੇਣਾ ਅਤੇ ਬਾਹਰ ਕੱਢ ਦੇਣਾ; ਮਾਨਸਿਕ ਹਿੰਸਾ ਜਿਵੇਂ ਚਿਲਲਾਉਣਾ, ਗਾਲਾਂ ਕੱਢਣਾ, ਤੌਹੀਨ ਕਰਨਾ ਅਤੇ ਮਾਪਿਆਂ ਨੂੰ ਬੇਕਾਰ ਜਾਂ ਬੋਝ ਕਹਿਣ। ਆਰਥਿਕ ਸ਼ੋਸ਼ਣ ਜਿਵੇਂ ਮਾਪਿਆਂ ਦੀ ਪੈਨਸ਼ਨ, ਜਾਇਦਾਦ ਜਾਂ ਪੈਸੇ 'ਤੇ ਜਬਰ, ਬਜ਼ੁਰਗਾਂ ਦੇ ਖਾਤੇ ਖਾਲੀ ਕਰਨਾ ਅਤੇ ਉਨ੍ਹਾਂ ਦੀ ਮਰਜ਼ੀ ਤੋਂ ਬਿਨਾਂ ਜਾਇਦਾਦ ਵੇਚਣਾ। ਲਾਪਰਵਾਹੀ - ਦਵਾਈਆਂ ਨਾ ਦੇਣਾ, ਸਮਾਂ ਅਤੇ ਖਾਣਾ ਨਾ ਦੇਣਾ ਅਤੇ ਬਿਮਾਰ ਮਾਪਿਆਂ ਨੂੰ ਇਕੱਲਾ ਛੱਡ ਦੇਣਾ। ਸਮਾਜਿਕ ਤਨਹਾਈ, ਜਿਵੇਂ ਬਜ਼ੁਰਗਾਂ ਨੂੰ ਰਿਸ਼ਤੇਦਾਰਾਂ ਨਾਲ ਮਿਲਣ ਨਾ ਦੇਣਾ ਅਤੇ ਘਰ ਦੇ ਕਿਸੇ ਕੋਨੇ ਵਿੱਚ ਬੰਦ ਜਿਹਾ ਰੱਖਣਾ।

ਬਜ਼ੁਰਗਾਂ 'ਤੇ ਹਿੰਸਾ ਦੇ ਪ੍ਰਭਾਵ ਹਨ: ਜਿਵੇਂ ਸਿਹਤ ਦਾ ਨੁਕਸਾਨ, ਡਿਪ੍ਰੈਸ਼ਨ, ਬਲੱਡ ਪ੍ਰੈਸ਼ਰ, ਦਿਲ ਦੀਆਂ ਬਿਮਾਰੀਆਂ ਅਤੇ ਨੀਂਦ ਦੀ ਕਮੀ; ਮਾਨਸਿਕ ਤਬਾਹੀ - ਆਪਣੇ ਹੀ ਘਰ ਵਿੱਚ ਡਰ ਮਹਿਸੂਸ ਕਰਨਾ, ਆਪਣੇ ਆਪ ਨੂੰ ਬੋਝ ਸਮਝਣਾ ਅਤੇ ਜੀਣ ਦੀ ਇੱਛਾ ਘਟ ਜਾਣਾ। ਸਮਾਜਿਕ ਤਨਹਾਈ - ਬੱਚਿਆਂ ਤੋਂ ਦੂਰ ਹੋ ਜਾਣਾ ਅਤੇ ਆਪਣੇ ਮਨ ਦੀ ਗੱਲ ਕਿਸੇ ਨੂੰ ਨਾ ਕਹਿ ਸਕਣਾ। ਘਟਦੀ ਜੀਵਨ - ਆਯੂ ਵਿਗਿਆਨਕ ਰਿਪੋਰਟਾਂ ਦੱਸਦੀਆਂ ਹਨ ਕਿ ਲਾਪਰਵਾਹੀ ਸਹਿਣ ਵਾਲੇ ਬਜ਼ੁਰਗ 3-4 ਸਾਲ ਪਹਿਲਾਂ ਹੀ ਮਰ ਜਾਂਦੇ ਹਨ।

ਰਾਸ਼ਟਰੀ ਲੈਵਲ ਸਰਵੇਖਣ ਅਨੁਸਾਰ 35 ਬਜ਼ੁਰਗਾਂ ਨਾਲ ਪੁੱਤਰਾਂ ਵੱਲੋਂ ਬਦਸਲੂਕੀ ਹੋ ਰਹੀ ਹੈ। 21 ਫੀਸਦੀ ਵਿਆਹ ਤੋਂ ਬਾਅਦ ਆਪਣੇ ਮਾਤਾ-ਪਿਤਾ ਤੋਂ ਅੱਖਾਂ ਫੇਰ ਲੈਂਦੇ ਹਨ। ਬੰਬੇ ਹਾਈ ਕੋਰਟ ਦੀ ਨਾਗਪੁਰ ਬੈਂਚ ਨੇ ਹਾਲ ਹੀ ਵਿੱਚ ਫੈਸਲਾ ਸੁਣਾਇਆ ਕਿ ਮਾਪਿਆਂ ਅਤੇ ਸੀਨੀਅਰ ਨਾਗਰਿਕਾਂ ਦੇ ਰੱਖ-ਰਖਾਅ ਅਤੇ ਭਲਾਈ ਐਕਟ, 2007 ਦੇ ਤਹਿਤ ਬਜ਼ੁਰਗ ਨਾਗਰਿਕਾਂ ਨੂੰ ਵਿੱਤੀ ਸਹਾਇਤਾ ਲਈ ਆਪਣੇ ਦੁਰਵਿਹਾਰ ਕਰਨ ਵਾਲੇ ਬੱਚਿਆਂ ਨਾਲ ਰਹਿਣ ਲਈ ਮਜਬੂਰ ਨਹੀਂ ਕੀਤਾ ਜਾ ਸਕਦਾ। ਇਹ ਐਕਟ 60 ਸਾਲ ਅਤੇ ਇਸ ਤੋਂ ਵੱਧ ਉਮਰ ਦੇ ਮਾਪਿਆਂ ਨੂੰ ਬੱਚਿਆਂ ਜਾਂ ਰਿਸ਼ਤੇਦਾਰਾਂ ਤੋਂ ਮਹੀਨਾਵਾਰ ਸਹਾਇਤਾ ਲੈਣ ਦੀ ਆਗਿਆ ਦਿੰਦਾ ਹੈ ਅਤੇ ਇਸ ਵਿੱਚ ਦੇਖਭਾਲ ਦੀ ਉਮੀਦ ਅਧੀਨ ਕੀਤੇ ਗਏ ਜਾਇਦਾਦ ਦੇ ਤਬਾਦਲੇ ਨੂੰ ਰੱਦ ਕਰਨ ਦੇ ਉਪਬੰਧ ਸ਼ਾਮਲ ਹਨ, ਜੇਕਰ ਉਨ੍ਹਾਂ ਸ਼ਰਤਾਂ ਦੀ ਉਲੰਘਣਾ ਕੀਤੀ ਜਾਂਦੀ ਹੈ। ਅਜਿਹੇ ਹੀ ਇੱਕ ਮਾਮਲੇ ਵਿੱਚ ਇੱਕ 72 ਸਾਲਾ ਵਿਅਕਤੀ, ਜਿਸ ਨੂੰ ਉਸ ਦੀ ਧੀ ਨੇ ਜ਼ਬਾਨੀ ਦੁਰਵਿਹਾਰ ਕੀਤਾ ਸੀ ਅਤੇ ਘਰੋਂ ਕੱਢ ਦਿੱਤਾ ਸੀ, ਨੇ 'ਟ੍ਰਿਬਿਊਨਲ' ਕੋਲ ਪਹੁੰਚ ਕੀਤੀ। ਹੁਕਮ ਉਸ ਦੇ ਹੱਕ ਵਿੱਚ ਗਿਆ, ਧੀ ਨੂੰ ਇਮਾਰਤ ਖਾਲੀ ਕਰਨ ਅਤੇ ਜਾਇਦਾਦ ਦਾ ਕਬਜ਼ਾ ਵਾਪਸ ਕਰਨ ਦਾ ਨਿਰਦੇਸ਼ ਦਿੱਤਾ। ਇੱਕ ਹੋਰ ਮਾਮਲੇ ਵਿੱਚ ਇੱਕ ਵਿਧਵਾ ਨੂੰ ਉਸ ਦੀ ਨੂੰਹ ਨੇ ਉਸ ਦੇ ਪੁੱਤਰ, ਜੋ ਕਿ ਇੱਕ ਸਰਕਾਰੀ ਕਰਮਚਾਰੀ ਸੀ, ਦੇ ਦੇਹਾਂਤ ਤੋਂ ਬਾਅਦ ਛੱਡ ਦਿੱਤਾ। ਹਾਲਾਂਕਿ ਨੂੰਹ ਨੂੰ ਉਸ ਦੇ ਪਤੀ ਦੀ ਨੌਕਰੀ ਅਤੇ ਪੈਨਸ਼ਨ ਵਿਰਾਸਤ ਵਿੱਚ ਮਿਲੀ ਸੀ, ਪਰ ਉਸਨੇ ਬਜ਼ੁਰਗ ਔਰਤ ਦੀ ਦੇਖਭਾਲ ਕਰਨ ਤੋਂ ਇਨਕਾਰ ਕਰ ਦਿੱਤਾ। ਟ੍ਰਿਬਿਊਨਲ ਨੇ ਦਖਲ ਦਿੱਤਾ, ਨੂੰਹ ਨੂੰ ਢੁਕਵੀਂ ਸਹਾਇਤਾ ਪ੍ਰਦਾਨ ਕਰਨ ਦਾ ਆਦੇਸ਼ ਦਿੱਤਾ ਗਿਆ।

ਗੁਰਦਾਸਪੁਰ ਦੇ ਕੋਠੇ ਪਿੰਡ ਦਾ ਇੱਕ ਵੀਡੀਓ ਵਾਇਰਲ ਹੋਇਆ ਹੈ, ਜਿਸ ਵਿੱਚ ਇੱਕ ਨੂੰਹ ਆਪਣੀ ਸੱਸ ਨੂੰ ਕੁੱਟਦੀ ਦਿਖਾਈ ਦੇ ਰਹੀ ਹੈ। ਵੀਡੀਓ ਵਿੱਚ ਸੱਸ ਵਾਰ-ਵਾਰ ਆਪਣੇ ਪੁੱਤਰ ਨੂੰ ਦਖਲ ਦੇਣ ਲਈ ਬੇਨਤੀ ਕਰਦੀ ਦਿਖਾਈ ਦੇ ਰਹੀ ਹੈ, ਜਦੋਂ ਕਿ ਨੂੰਹ ਉਸ ਨੂੰ ਥੱਪੜ ਮਾਰਦੀ ਰਹਿੰਦੀ ਹੈ-ਸ਼ੀਸ਼ੇ ਨਾਲ ਮਾਰਦੀ ਹੈ ਅਤੇ ਗਾਲ੍ਹਾਂ ਕੱਢਦੀ ਰਹਿੰਦੀ ਹੈ। ਪੰਜਾਬ ਮਹਿਲਾ ਕਮਿਸ਼ਨ ਨੇ ਇਸ ਮਾਮਲੇ ਦਾ ਨੋਟਿਸ ਲਿਆ ਹੈ ਅਤੇ ਪੁਲਸ ਤੋਂ ਰਿਪੋਰਟ ਮੰਗੀ ਹੈ। ਰਾਏਪੁਰ ਗੁੱਜਰਾਂ ਪਿੰਡ ਤਹਿਸੀਲ ਨਕੋਦਰ ਵਿੱਚ ਵਾਪਰੀ ਇੱਕ ਘਟਨਾ ਵਿੱਚ ਇੱਕ ਆਦਮੀ ਅਤੇ ਇੱਕ ਔਰਤ, ਜਿਸ ਦੀ ਪਛਾਣ ਗੁਰਜੀਤ ਸਿੰਘ ਅਤੇ ਇੱਕ ਅਣਜਾਣ ਔਰਤ ਵਜੋਂ ਹੋਈ ਹੈ। ਵੀਡੀਓ ਵਿੱਚ ਬਜ਼ੁਰਗ ਔਰਤ ਨੂੰ ਜ਼ਮੀਨ 'ਤੇ ਲਿਟਾ ਕੇ ਬੇਰਹਿਮੀ ਨਾਲ ਕੁੱਟਿਆ ਜਾ ਰਿਹਾ ਹੈ। ਨਕੋਦਰ ਵਿੱਚ ਬਜ਼ੁਰਗ ਔਰਤ 'ਤੇ ਹਮਲੇ ਦੀ ਜਾਂਚ ਲਈ ਪ੍ਰਸ਼ਾਸਨ ਨੇ ਕੇਸ ਮਹਿਲਾ ਪੈਨਲ ਨੂੰ ਸੌਂਪਿਆ ਹੈ।

23 ਅਕਤੂਬਰ ਨੂੰ ਜਨਪੁਰ (ਉੱਤਰ ਪ੍ਰਦੇਸ਼) ਦੇ ਸਿਰੇਲੀ ਪਿੰਡ 'ਚ ਜਾਇਦਾਦ ਵਿਵਾਦ ਨੂੰ ਲੈ ਕੇ ਸ਼ਾਮ ਕ੍ਰਿਸ਼ਨ ਨਾਂਅ ਦੇ ਇਕ ਨੌਜਵਾਨ ਨੇ ਆਪਣੇ ਪਿਤਾ ਕੈਲਾਸ਼ਨਾਥ ਅਤੇ ਮਾਂ ਸਰੋਜਾ ਦੇਵੀ ਨੂੰ ਕੁੱਟ-ਕੁੱਟ ਕੇ ਲਹੂ-ਲੁਹਾਨ ਕਰ ਦਿੱਤਾ। 9 ਨਵੰਬਰ ਨੂੰ ਸੋਹਨਾ (ਹਰਿਆਣਾ) 'ਚ ਪੁਲਸ ਨੇ ਇਕ 31 ਸਾਲਾ ਵਿਅਕਤੀ ਨੂੰ ਆਪਣੇ ਪਿਤਾ ਨਾਲ ਮਾਰਕੁੱਟ ਕਰਨ ਅਤੇ ਉਸ ਨੂੰ ਬੰਦੀ ਬਣਾ ਕੇ ਉਸ ਦੀ ਜਾਇਦਾਦ ਹੜੱਪਣ ਦੇ ਇਰਾਦੇ ਨਾਲ ਕੋਰੇ ਕਾਗਜ਼ਾਂ 'ਤੇ ਦਸਤਖਤ ਕਰਨ ਲਈ ਮਜਬੂਰ ਕਰਨ ਦੇ ਦੋਸ਼ 'ਚ ਗ੍ਰਿਫਤਾਰ ਕੀਤਾ ।

ਇਸ ਤਰ੍ਹਾਂ ਦੀਆਂ ਘਟਨਾਵਾਂ ਨੂੰ ਦੇਖਦੇ ਹੋਏ ਬੰਬੇ ਹਾਈ ਕੋਰਟ ਦੇ ਜੱਜ ਜਿਤੇਂਦਰ ਜੈਨ ਨੇ ਕਿਹਾ ਕਿ ਅੱਜ ਦੇ ਯੁੱਗ 'ਚ ਮਾਤਾ-ਪਿਤਾ ਵੱਲੋਂ ਆਪਣੇ ਬੱਚਿਆਂ ਦੀ ਪਰਵਰਿਸ਼ 'ਚ ਕੁਝ ਗੜਬੜ ਹੈ ਅਤੇ ਇਕ ਬੇਟਾ ਆਪਣੇ ਬਜ਼ੁਰਗ ਮਾਤਾ-ਪਿਤਾ ਨੂੰ ਤੀਰਥ ਯਾਤਰਾ 'ਤੇ ਲਿਜਾਣ ਦੀ ਬਜਾਏ ਉਨ੍ਹਾਂ ਨੂੰ ਅਦਾਲਤ 'ਚ ਘਸੀਟ ਰਿਹਾ ਹੈ। ਬੱਚਿਆਂ ਵੱਲੋਂ ਆਪਣੇ ਬਜ਼ੁਰਗਾਂ 'ਤੇ ਇਸ ਤਰ੍ਹਾਂ ਦੇ ਅੱਤਿਆਚਾਰ ਦੇ ਕਾਰਨ ਹੀ ਮਾਤਾ-ਪਿਤਾ ਆਪਣੀ ਜਾਇਦਾਦ ਦੀ ਵਸੀਅਤ ਤਾਂ ਆਪਣੇ ਬੱਚਿਆਂ ਦੇ ਨਾਂਅ ਜ਼ਰੂਰ ਕਰ ਦੇਣ, ਪਰ ਇਸ ਦਾ ਤਬਾਦਲਾ ਨਾ ਕਰਨ। ਅਜਿਹਾ ਕਰ ਕੇ ਉਹ ਆਪਣੇ ਜੀਵਨ ਦੀ ਸ਼ਾਮ 'ਚ ਆਉਣ ਵਾਲੀਆਂ ਅਨੇਕ ਪ੍ਰੇਸ਼ਾਨੀਆਂ ਤੋਂ ਬਚ ਸਕਦੇ ਹਨ, ਪਰ ਅਕਸਰ ਬਜ਼ੁਰਗ ਇਹ ਭੁੱਲ ਕਰ ਬੈਠਦੇ ਹਨ, ਜਿਸ ਦਾ ਖਮਿਆਜ਼ਾ ਉਨ੍ਹਾਂ ਨੂੰ ਆਪਣੇ ਬਾਕੀ ਜੀਵਨ ਭੁਗਤਨਾ ਪੈਂਦਾ ਹੈ।

ਬਜ਼ੁਰਗਾਂ ਲਈ ਬੱਚਿਆਂ ਦਾ ਕਾਨੂੰਨੀ ਫਰਜ਼ ਹੈ ਕਿ ਉਹ ਮਾਪਿਆਂ ਦਾ ਖਾਣਾ, ਇਲਾਜ ਅਤੇ ਮਕਾਨ ਮੁਹੱਈਆ ਕਰਵਾਉਣ। ਜੇ ਬੱਚਾ ਮਾਪਿਆਂ ਨੂੰ ਤੰਗ ਕਰਦਾ ਹੈ, ਤਾਂ ਮਾਪੇ ਉਸ ਨੂੰ ਆਪਣੀ ਜਾਇਦਾਦ ਤੋਂ ਕਾਨੂੰਨੀ ਤੌਰ 'ਤੇ ਕੱਢ ਸਕਦੇ ਹਨ। ਮਾਪੇ ਬੱਚਿਆਂ ਤੋਂ 10,000 ਰੁਪਏ ਤੱਕ ਮਹੀਨਾਵਾਰ ਖਰਚ ਮੰਗ ਸਕਦੇ ਹਨ। ਸੀਨੀਅਰ ਸੀਟੀਜ਼ਨ ਹੈਲਪਲਾਈਨ - 14567, ਪਿੰਡ ਦੇ ਸਰਪੰਚ, ਨਗਰ ਕੌਂਸਲ, ਪੁਲਸ ਅਤੇ ਉਪਮੰਡਲ ਜੱਜ ਕੋਲ ਤੁਰੰਤ ਸ਼ਿਕਾਇਤ ਦਰਜ ਕਰਵਾ ਸਕਦੇ ਹਨ। ਘਰ ਵਿੱਚ ਬੱਚਿਆਂ ਨੂੰ ਵੱਡਿਆਂ ਦੀ ਇੱਜ਼ਤ ਕਰਨ ਦੀ ਸਿੱਖਿਆ ਦੇਣੀ ਜ਼ਰੂਰੀ ਹੈ। ਮਾਪਿਆਂ ਨਾਲ ਪਿਆਰ, ਗੱਲਬਾਤ ਅਤੇ ਥੋੜ੍ਹਾ ਸਮਾਂ ਦੇਣਾ ਵੀ ਬਜ਼ੁਰਗਾਂ ਲਈ ਦਵਾਈ ਵਾਂਗ ਹੈ।

# ਸੰਪਰਕ : 62831-16797

22-DEC-PAGE-5.qxd 12/21/2025 9:57 PM Page 1



# ਕਾਂਗਰਸ ਵੱਲੋਂ ਮਨਰੇਗਾ ਨੂੰ ਲੈ ਕੇ ਕੇਂਦਰ ਖਿਲਾਫ ਧਰਨਾ ਤੇ ਰੋਸ ਪ੍ਰਦਰਸ਼ਨ

■ ਮਨਰੇਗਾ ਸਕੀਮ ਨੂੰ ਬੰਦ ਕਰਨ ਦੇ ਰਾਹ 'ਤੇ ਤੁਰੀ ਭਾਜਪਾ : ਧਰਮਵੀਰ ਗਾਂਧੀ ■ ਗਰੀਬਾਂ ਦੀ ਥਾਲੀ 'ਚੋਂ ਰੋਟੀ ਖੋਹ ਰਹੀ ਹੈ ਮੋਦੀ ਸਰਕਾਰ : ਰੰਧਾਵਾ, ਦੁੱਗਲ



**ਸਮਾਣਾ/ਪਟਿਆਲਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ/ਰਾਜਿੰਦਰ ਥਿੰਦ)**-ਕੁੱਲ ਹਿੰਦ ਕਾਂਗਰਸ ਕਮੇਟੀ ਤੇ ਪੰਜਾਬ ਪ੍ਰਦੇਸ਼ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਕੇਂਦਰ ਵਿੱਚ ਭਾਜਪਾ ਦੀ ਸਰਕਾਰ ਵੱਲੋਂ ਨਵੇਂ ਕਾਨੂੰਨ ਰਾਹੀਂ ਮਨਰੇਗਾ ਕਾਨੂੰਨ ਨੂੰ ਕਮਜ਼ੋਰ ਕਰਨ, ਰਾਸ਼ਟਰ ਪਿਤਾ ਮਹਾਤਮਾ ਗਾਂਧੀ ਜੀ ਦਾ ਨਾਮ ਹਟਾਉਣ ਤੇ ਗਰੀਬਾਂ ਨੂੰ ਰੁਜ਼ਗਾਰ ਦੇ ਕਾਨੂੰਨੀ ਅਧਿਕਾਰ ਨੂੰ ਕਮਜ਼ੋਰ ਕਰਨ ਦੀ ਕੋਸ਼ਿਸ਼ ਦੇ ਵਿਰੋਧ ਵਿੱਚ ਅੱਜ ਜ਼ਿਲ੍ਹਾ ਕਾਂਗਰਸ ਕਮੇਟੀ ਪਟਿਆਲਾ ਦਿਹਾਤੀ ਦੇ ਪ੍ਰਧਾਨ ਗੁਰਸ਼ਰਨ ਕੌਰ ਰੰਧਾਵਾ ਤੇ ਸ਼ਹਿਰੀ ਦੇ ਪ੍ਰਧਾਨ ਸ੍ਰੀ ਨਰੇਸ਼ ਦੁੱਗਲ ਦੀ ਅਗਵਾਈ ਹੇਠ ਰਾਸ਼ਟਰਪਿਤਾ ਮਹਾਤਮਾ ਗਾਂਧੀ ਜੀ ਦੇ ਸਮਾਰਕ ਸਥਿਤ ਰੋਸ ਧਰਨਾ ਦਿੱਤਾ ਗਿਆ, ਜਿਸ ਵਿੱਚ ਪਟਿਆਲਾ ਦੇ ਸੰਸਦ ਡਾਕਟਰ ਧਰਮਵੀਰ ਗਾਂਧੀ, ਸਾਬਕਾ ਮੰਤਰੀ ਸਾਧੂ ਸਿੰਘ ਧਰਮਸੋਤ, ਹਰਿੰਦਰਪਾਲ ਸਿੰਘ ਹੈਰੀਮਾਨ, ਸਾਬਕਾ ਵਿਧਾਇਕ ਜਗਤਾਰ ਸਿੰਘ ਰਾਜਲਾ, ਹਰਵਿੰਦਰ ਸਿੰਘ ਨਿੱਪੀ, ਬਲਿਹਾਰ ਸਿੰਘ ਸ਼ਮਸ਼ਪੁਰ, ਕਿਸਾਨ ਕਾਂਗਰਸ ਦੇ ਆਗੂ ਰਸ਼ਪਾਲ ਸਿੰਘ ਜੌੜਾਮਾਜਰਾ, ਨਛੱਤਰ ਸਿੰਘ, ਨਰਿੰਦਰ ਸ਼ਾਸਤਰੀ, ਬਲਿਹਾਰ ਸਿੰਘ ਸਮੇਤ ਸੈਂਕੜਿਆਂ ਦੀ ਤਾਦਾਦ ਵਿੱਚ ਸੀਨੀਅਰ ਕਾਂਗਰਸੀ ਆਗੂ ਹਾਜ਼ਰ ਹੋਏ।ਇਸ ਮੌਕੇ ਧਰਮਵੀਰ ਗਾਂਧੀ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਕਾਂਗਰਸ ਪਾਰਟੀ ਵੱਲੋਂ ਸ਼ੁਰੂ ਕੀਤੀ ਗਈ ਮਨਰੇਗਾ ਸਕੀਮ ਨੂੰ ਜਾਣ ਬੁੱਝ ਕੇ ਖਤਮ ਕਰਨਾ ਚਾਹੁੰਦੀ ਹੈ।ਉਨ੍ਹਾਂ ਕਿਹਾ ਕਿ ਇਸ ਉੱਤੇ ਵੱਡੇ ਪੱਧਰ ਰਾਜਨੀਤੀ ਹੋ ਰਹੀ ਹੈ, ਜਿਸ ਰਾਹੀਂ ਗਰੀਬ ਨੂੰ ਕੁਚਲਿਆ ਜਾ ਰਿਹਾ ਹੈ।ਇਸ ਮੌਕੇ ਗੁਰਦੀਪ ਗੁਰਸ਼ਰਨ ਕੌਰ ਰੰਧਾਵਾ ਨੇ ਕਿਹਾ ਕਿ 2006 ਵਿੱਚ ਸ਼ੁਰੂ ਹੋਈ ਮਨਰੇਗਾ ਸਕੀਮ ਦਾ ਪਹਿਲਾ ਬਜਟ ਉਨ੍ਹਾਂ ਨੇ ਆਪਣੇ ਜ਼ਿਲ੍ਹਾ ਪ੍ਰੀਸ਼ਦ ਦੇ ਕਾਰਜਕਾਲ ਦੌਰਾਨ ਪਾਸ ਕੀਤਾ ਸੀ ਤੇ ਉਸ ਤੋਂ ਬਾਅਦ ਗਰੀਬ ਵਰਗ ਨੂੰ ਵੱਡੀ ਰਾਹਤ ਮਿਲੀ ਸੀ।

ਇਸ ਮੌਕੇ ਨਰੇਸ਼ ਦੁੱਗਲ ਨੇ ਜ਼ਿਲ੍ਹਾ ਕਾਂਗਰਸ ਪਟਿਆਲਾ ਦਿਹਾਤੀ ਤੇ ਸ਼ਹਿਰੀ ਦੇ ਵੱਡੇ ਇਕੱਠ ਵਿੱਚ ਪਹੁੰਚੇ ਸਮੂਹ ਕਾਂਗਰਸੀਆਂ ਦਾ ਧੰਨਵਾਦ ਕੀਤਾ।ਇਸ ਧਰਨੇ ਵਿੱਚ ਡਾਕਟਰ ਮੱਟੂ, ਨੈਬ ਸਿੰਘ ਭਾਨਰੀ, ਰਣਜੀਤ ਮਤੌਲੀ, ਨਰਿੰਦਰ ਸ਼ਾਸਤਰੀ, ਹਰਦੀਪ ਕੁਲਾਰਾ, ਬਿੱਟੂ ਸ਼ਾਹਪੁਰ, ਸਹਿਜਵੀਰ ਚੱਠਾ, ਮਹਿਕ ਸਿੰਘ ਨੈਣਾ, ਰਾਠਿਆਂ, ਹੈਪੀ ਸ਼ੁਤਰਾਣਾ, ਟਿੰਕਾ ਗਾਜੇਵਾਸ, ਵਿਜੇ ਅੱਗਰਵਾਲ, ਸਿੱਪੀ ਧਾਲੀਵਾਲ, ਮਨਦੀਪ ਚੌਹਾਨ, ਰੇਖਾ ਅਗਰਵਾਲ, ਤਰਸੇਮ ਝੰਡੀ, ਹਰਵਿੰਦਰ ਰਾਠੀਆਂ, ਕਾਂਗਰਸ ਪਾਰਟੀ ਦੇ ਆਗੂ ਸਾਹਿਬਾਨ, ਪੰਚ-ਸਰਪੰਚ ਤੇ ਵਰਕਰ ਸਾਹਿਬਾਨ ਵੀ ਸ਼ਾਮਲ ਹੋਏ।

ਧਰਨੇ ਦੇ ਅੰਤ ਵਿੱਚ ਕਾਂਗਰਸ ਆਗੂਆਂ ਵੱਲੋਂ ਮੋਦੀ ਦਾ ਪੁਤਲਾ ਫੂਕ ਕੇ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ।

# ਮਨਰੇਗਾ ਨੂੰ ਖ਼ਤਮ ਕਰਨ ਖਿਲਾਫ਼ ਖੱਬੀਆਂ ਧਿਰਾਂ ਵੱਲੋਂ ਅਰਥੀ ਫੂਕ ਮੁਜ਼ਾਹਰੇ ਅੱਜ

**ਕੇਂਦਰ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਖ਼ਿਲਾਫ਼ ਲਾਮਬੰਦੀ ਦਾ ਦਿੱਤਾ ਸੱਦਾ**




**ਮਾਨਸਾ (ਆਤਮਾ ਸਿੰਘ ਪਮਾਰ)**

ਕੇਂਦਰ ਦੀ ਮੋਦੀ ਸਰਕਾਰ ਵੱਲੋਂ ਮਨਰੇਗਾ ਨੂੰ ਖ਼ਤਮ ਕਰਨ ਵਿਰੁੱਧ ਦੇਸ਼ ਵਿਆਪੀ ਸੱਦੇ ਤਹਿਤ ਸਥਾਨਕ ਤੇਜਾ ਸਿੰਘ ਸੁਤੰਤਰ ਭਵਨ ਵਿਖੇ ਸੀ ਪੀ ਆਈ ਦੇ ਕ੍ਰਿਸ਼ਨ ਚੌਹਾਨ, ਸੀ ਪੀ ਆਈ ਐਮ ਐਲ ਲਿਬਰੇਸ਼ਨ ਦੇ ਸੁਖਦਰਸ਼ਨ ਨੱਤ, ਆਰ ਐਮ ਪੀ ਆਈ ਦੇ ਆਤਮਾ ਸਿੰਘ ਸਰਦੂਲਗੜ੍ਹ, ਏਟਕ ਦੇ ਬੂਟਾ ਸਿੰਘ ਬਰਨਾਲਾ ਤੇ ਇਸਤਰੀ ਆਗੂ ਜਸਵੀਰ ਕੌਰ ਨੱਤ ਆਦਿ ਵੱਲੋਂ ਇੱਕ ਸਾਂਝੀ ਮੀਟਿੰਗ ਦਾ ਆਯੋਜਨ ਕੀਤਾ ਗਿਆ।ਮੀਟਿੰਗ ਦੌਰਾਨ ਮਨਰੇਗਾ ਨੂੰ ਖ਼ਤਮ ਕਰਨ ਲਈ ਲੋਕ ਸਭਾ ਅਤੇ ਰਾਜ ਸਭਾ 'ਚ ਪਾਸ ਕੀਤੇ ਗਏ ਬਿਲ ਦੀ ਸਖ਼ਤ ਨਿੰਦਾ ਕੀਤੀ ਗਈ। ਆਗੂਆਂ ਨੇ ਕਿਹਾ ਕਿ ਪੱਬੀਆਂ ਧਿਰਾਂ ਦੇ ਪ੍ਰਭਾਵ ਹੇਠ ਕਾਨੂੰਨ ਬਣਿਆ ਸੀ, ਜਿਸ ਕਰਕੇ ਗਰੀਬ ਮਜ਼ਦੂਰਾਂ ਦੇ ਕਰੋੜਾਂ ਪਰਿਵਾਰਾਂ ਨੂੰ ਰੁਜ਼ਗਾਰ ਮੁਹੱਈਆ ਹੁੰਦਾ ਸੀ, ਪ੍ਰੰਤੂ ਮੋਦੀ ਸਰਕਾਰ ਨੇ ਮਜ਼ਦੂਰ ਵਿਰੋਧੀ ਫੈਸਲਿਆਂ ਤਹਿਤ ਵੀ ਬੀ ਜੀ ਰਾਮ ਜੀ ਨਾਂ ਹੇਠ ਮਜ਼ਦੂਰ ਜਮਾਤ ਨੂੰ ਗੁੰਮਰਾਹ ਕਰਕੇ ਕਾਨੂੰਨ ਨੂੰ ਖ਼ਤਮ ਕੀਤਾ ਗਿਆ ਹੈ, ਜਿਸ ਖਿਲਾਫ ਵੱਡੇ ਅੰਦੋਲਨ ਵਿੱਢਣਾ ਸਮੇਂ ਦੀ ਅਣਸਰਦੀ ਲੋੜ ਹੈ।ਮੀਟਿੰਗ ਦੌਰਾਨ ਜ਼ਿਲ੍ਹੇ ਭਰ 'ਚ ਅੱਜ ਸ਼ਹਿਰਾਂ ਕਸਬਿਆਂ ਤੇ ਪਿੰਡਾਂ 'ਚ ਵੀ ਖੱਬੀਆਂ ਧਿਰਾਂ ਵੱਲੋਂ ਇੱਕਮੁੱਠ ਹੋ ਕੇ ਮੋਦੀ ਸਰਕਾਰ ਦੀਆਂ ਅਰਥੀਆਂ ਸਾੜਨ ਦਾ ਫੈਸਲਾ ਕੀਤਾ ਗਿਆ ਅਤੇ ਨਾਲ ਹੀ ਲੋਕਾਂ ਨੂੰ ਵੱਡੀ ਗਿਣਤੀ 'ਚ ਸ਼ਮੂਲੀਅਤ ਦੀ ਅਪੀਲ ਵੀ ਕੀਤੀ ਗਈ।

# ਭਾਰਤ ਮਾਲਾ ਪ੍ਰੋਜੈਕਟ ਦੇ ਓਵਰਲੋਡ ਟਿੱਪਰਾਂ ਨੇ ਤੋੜੀਆਂ ਲਿੰਕ ਸੜਕਾਂ, ਪ੍ਰਸ਼ਾਸਨ ਖ਼ਿਲਾਫ਼ ਨਾਅਰੇਬਾਜ਼ੀ

■ ਗੈਰ-ਕਾਨੂੰਨੀ ਟਿੱਪਰਾਂ ਖ਼ਿਲਾਫ਼ ਜਥੇਬੰਦੀ ਨੇ ਖੋਲ੍ਹਿਆ ਮੋਰਚਾ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਭਾਰਤ ਮਾਲਾ ਪ੍ਰੋਜੈਕਟ ਤਹਿਤ ਬਣਾਈ ਜਾ ਰਹੀ ਸੜਕ ਦੇ ਨਿਰਮਾਣ ਕਾਰਜਾਂ ਦੌਰਾਨ ਆਲੇ-ਦੁਆਲੇ ਦੇ ਪਿੰਡਾਂ ਤੋਂ ਮਿੱਟੀ ਦੀ ਲਗਾਤਾਰ ਕੀਤੀ ਜਾ ਰਹੀ ਢੋਆ-ਢੁਆਈ ਨੇ ਸਥਾਨਕ ਲੋਕਾਂ ਦਾ ਜਿਉਣਾ ਦੁੱਭਰ ਕਰ ਦਿੱਤਾ ਹੈ।ਭਾਰਤੀ ਕਿਸਾਨ ਯੂਨੀਅਨ ਡਕੌਂਦਾ-ਧਨੇਰ ਦੀ ਅਗਵਾਈ ਹੇਠ ਇਲਾਕਾ ਨਿਵਾਸੀਆਂ ਨੇ ਇਕੱਠੇ ਹੋ ਕੇ ਪ੍ਰਸ਼ਾਸਨ ਤੇ ਨਿਰਮਾਣ ਕੰਪਨੀਆਂ ਖ਼ਿਲਾਫ਼ ਜ਼ੋਰਦਾਰ ਰੋਸ ਪ੍ਰਦਰਸ਼ਨ ਕਰਦਿਆਂ ਨਾਅਰੇਬਾਜ਼ੀ ਕੀਤੀ।

ਇਸ ਮੌਕੇ ਕਿਸਾਨ ਆਗੂ ਜਗਰਾਜ ਸਿੰਘ ਹਰਦਾਸਪੁਰਾ ਨੇ ਗੰਭੀਰ ਦੋਸ਼ ਲਾਉਂਦਿਆਂ ਕਿਹਾ ਕਿ ਬਹੁ-ਕੌਮੀ ਕੰਪਨੀਆਂ ਨੂੰ ਫਾਇਦਾ ਪਹੁੰਚਾਉਣ ਲਈ ਬਣਾਏ ਜਾ ਰਹੇ ਇਸ ਭਾਰਤ ਮਾਲਾ ਰੋਡ ਲਈ ਵਰਤੇ ਜਾ ਰਹੇ ਓਵਰਲੋਡ ਟਿੱਪਰਾਂ ਨੇ ਪਿੰਡਾਂ ਦੀਆਂ ਲਿੰਕ ਸੜਕਾਂ ਦਾ ਘਾਣ ਕਰ ਦਿੱਤਾ ਹੈ ਅਤੇ ਖਾਸ ਕਰਕੇ ਮਹਿਲ ਕਲਾਂ-ਮੂੰਮ ਲਿੰਕ ਸੜਕ, ਜੋ ਅਜੇ ਕੁਝ ਮਹੀਨੇ ਪਹਿਲਾਂ ਹੀ ਬਣੀ ਸੀ, ਇਨ੍ਹਾਂ ਭਾਰੀ ਵਾਹਨਾਂ ਕਾਰਨ ਪੂਰੀ ਤਰ੍ਹਾਂ ਟੁੱਟ ਕੇ ਤਰਸਯੋਗ ਹਾਲਤ ਵਿੱਚ ਪਹੁੰਚ ਚੁੱਕੀ ਹੈ, ਜਿਸ ਕਾਰਨ ਸਥਾਨਕ ਕਿਸਾਨਾਂ ਨੂੰ ਆਪਣੇ ਖੇਤਾਂ ਦਾ ਕੰਮ ਕਰਨ ਲਈ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਅਤੇ ਰਾਹਗੀਰਾਂ ਨੂੰ ਵੀ ਇਹ ਟਿੱਪਰ ਚਾਲਕ ਰਸਤਾ ਨਹੀਂ ਦਿੰਦੇ, ਜਿਸ ਨਾਲ ਹਾਦਸਿਆਂ ਦਾ ਡਰ ਬਣਿਆ ਰਹਿੰਦਾ ਹੈ।ਹੈਰਾਨੀ ਦੀ ਗੱਲ ਇਹ ਹੈ ਕਿ ਕਈ ਟਿੱਪਰਾਂ 'ਤੇ ਨੰਬਰ ਪਲੇਟਾਂ ਤੱਕ ਨਹੀਂ ਹਨ ਅਤੇ ਜਦੋਂ ਇਨ੍ਹਾਂ ਦੇ ਚਾਲਕਾਂ ਤੋਂ ਲਾਇਸੰਸ ਮੰਗੇ ਗਏ ਤਾਂ ਉਨ੍ਹਾਂ ਬੜੀ ਬੇਪ੍ਰਵਾਹੀ ਨਾਲ ਜਵਾਬ ਦਿੱਤਾ ਕਿ 'ਲਾਇਸੰਸ ਤੋ ਕੰਪਨੀ ਕੇ ਪਾਸ ਹੈਂ', ਜਿਸ ਤੋਂ ਸਪੱਸ਼ਟ ਹੁੰਦਾ ਹੈ ਕਿ ਨਿਯਮਾਂ ਦੀਆਂ ਸ਼ਰੇਆਮ ਧੱਜੀਆਂ ਉਡਾਈਆਂ ਜਾ ਰਹੀਆਂ ਹਨ।ਪ੍ਰਦਰਸ਼ਨਕਾਰੀਆਂ ਨੇ ਪੁਲਸ ਦੀ ਕਾਰਜਪ੍ਰਣਾਲੀ 'ਤੇ ਵੀ ਸਵਾਲ ਚੁੱਕੇ ਕਿ ਜਿੱਥੇ ਆਮ ਲੋਕਾਂ ਦੇ ਮਾਮੂਲੀ ਗਲਤੀਆਂ 'ਤੇ ਧੜਾਧੜ ਚਲਾਨ ਕੱਟੇ ਜਾਂਦੇ ਹਨ, ਉੱਥੇ ਹੀ ਦਿਨ-ਦਿਹਾੜੇ ਗੈਰ-ਕਾਨੂੰਨੀ ਢੰਗ ਨਾਲ ਚੱਲ ਰਹੇ ਇਨ੍ਹਾਂ ਓਵਰਲੋਡ ਵਾਹਨਾਂ ਵੱਲ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ।ਕੰਪਨੀ ਅਧਿਕਾਰੀਆਂ ਵੱਲੋਂ ਕੰਮ ਖਤਮ ਹੋਣ ਤੋਂ ਬਾਅਦ ਮਾਮੂਲੀ ਮੁਰੰਮਤ ਕਰਨ ਦੇ ਦਿੱਤੇ ਭਰੋਸੇ ਨੂੰ ਮਹਿਜ਼ ਇੱਕ ਖਾਨਾਪੂਰਤੀ ਆਖਦਿਆਂ ਜਥੇਬੰਦੀ ਨੇ ਐਲਾਨ ਕੀਤਾ ਹੈ ਕਿ ਉਹ ਇਨ੍ਹਾਂ ਟਿੱਪਰਾਂ ਨੂੰ ਉਦੋਂ ਤੱਕ ਨਹੀਂ ਚੱਲਣ ਦੇਣਗੇ, ਜਦੋਂ ਤੱਕ ਇਸ ਮੁਸ਼ਕਲ ਦਾ ਕੋਈ ਪੁਖਤਾ ਹੱਲ ਨਹੀਂ ਨਿਕਲਦਾ।

ਉਨ੍ਹਾਂ ਪੰਜਾਬ ਸਰਕਾਰ ਤੇ ਡਿਪਟੀ ਕਮਿਸ਼ਨਰ ਬਰਨਾਲਾ ਤੋਂ ਮੰਗ ਕੀਤੀ ਕਿ ਇਨ੍ਹਾਂ ਗੈਰ-ਕਾਨੂੰਨੀ ਟਿੱਪਰਾਂ ਨੂੰ ਤੁਰੰਤ ਬੰਦ ਕਰਵਾ ਕੇ ਟੁੱਟੀਆਂ ਸੜਕਾਂ ਤੇ ਪੁਲੀਆਂ ਦਾ ਨਵੇਂ ਸਿਰੇ ਤੋਂ ਨਿਰਮਾਣ ਕਰਵਾਇਆ ਜਾਵੇ, ਜਦਕਿ ਦੂਜੇ ਪਾਸੇ ਐੱਸ.ਐੱਚ.ਓ. ਮਹਿਲ ਕਲਾਂ ਅਨੁਸਾਰ ਇਹ ਕੰਮ ਬੀ.ਡੀ.ਪੀ.ਓ. ਦਫ਼ਤਰ ਨਾਲ ਹੋਏ ਕਿਸੇ ਸਮਝੌਤੇ ਤਹਿਤ ਚੱਲ ਰਿਹਾ ਹੈ।ਇਸ ਮੌਕੇ ਲਖਵਿੰਦਰ ਸਿੰਘ ਸੋਢਾ, ਰਾਜਦੀਪ ਸਿੰਘ ਸੋਢਾ, ਪ੍ਰੀਤਮ ਸਿੰਘ, ਨਛੱਤਰ ਸਿੰਘ, ਬੂਟਾ ਸਿੰਘ, ਜਗਰਾਜ ਸਿੰਘ ਮੌੜ ਤੇ ਹੋਰਨਾਂ ਪਿੰਡ ਵਾਸੀਆਂ ਨੇ ਸਪੱਸ਼ਟ ਕੀਤਾ ਕਿ ਉਹ ਆਪਣੀਆਂ ਸੜਕਾਂ ਦਾ ਹੋਰ ਨੁਕਸਾਨ ਬਰਦਾਸ਼ਤ ਨਹੀਂ ਕਰਨਗੇ।

# ਦਿਹਾਤੀ ਮਜ਼ਦੂਰ ਸਭਾ ਜ਼ਿਲ੍ਹਾ ਮੁਕਤਸਰ ਦੇ ਅਹੁਦੇਦਾਰਾਂ ਦੀ ਮੀਟਿੰਗ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਦਿਹਾਤੀ ਮਜ਼ਦੂਰ ਸਭਾ ਜ਼ਿਲ੍ਹਾ ਕਮੇਟੀ ਮੁਕਤਸਰ ਸਾਹਿਬ ਦੇ ਸੀਨੀਅਰ ਆਗੂਆਂ ਨੇ ਮੀਟਿੰਗ ਕਰਕੇ ਛੇ ਜਨਵਰੀ ਨੂੰ ਡੀ ਸੀ ਦਫਤਰ ਸਾਹਮਣੇ ਲੱਗ ਰਹੇ ਮਜ਼ਦੂਰ ਮੋਰਚੇ ਵੱਲੋਂ ਧਰਨੇ ਦੀ ਤਿਆਰੀ ਲਈ ਯੋਜਨਾਬੰਦੀ ਕੀਤੀ। ਮੀਟਿੰਗ ਦੀ ਪ੍ਰਧਾਨਗੀ ਜ਼ਿਲ੍ਹਾ ਪ੍ਰਧਾਨ ਲਖਵੀਰ ਸਿੰਘ ਤਖਤ ਮਲਾਣਾ ਨੇ ਕੀਤੀ। ਇਸ ਸਮੇਂ ਦਿਹਾਤੀ ਮਜ਼ਦੂਰ ਸਭਾ ਦੇ ਸੂਬਾ ਜੁਆਇੰਟ ਸਕੱਤਰ ਜਗਜੀਤ ਸਿੰਘ ਜੱਸੇਆਣਾ ਨੇ ਸੂਬਾ ਕਮੇਟੀ ਦੇ ਫੈਸਲਾ ਨੂੰ ਵਿਸਥਾਰ ਨਾਲ ਚਾਨਣਾ ਪਾਇਆ। ਮੀਟਿੰਗ ਵਿੱਚ ਮਜ਼ਦੂਰ ਮੰਗਾਂ ਦੀ ਪ੍ਰਾਪਤੀ ਲਈ ਲਗਾਤਾਰ ਸੰਘਰਸ਼ ਤੇਜ਼ ਕਰਨ ਦਾ ਫੈਸਲਾ ਕੀਤਾ ਗਿਆ। ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਵੱਲੋਂ ਜੋ ਡੀਸੀ ਦਫਤਰ ਮੁਕਤਸਰ ਸਾਹਿਬ ਸਾਹਮਣੇ ਧਰਨਾ ਮਾਰਿਆ ਜਾ ਰਿਹਾ, ਉਸ ਵਿੱਚ ਦਿਹਾਤੀ ਮਜ਼ਦੂਰ ਸਭਾ ਵੱਲੋਂ ਵੱਡੀ ਸ਼ਮੂਲੀਅਤ ਕਰਨ ਦਾ ਫੈਸਲਾ ਕੀਤਾ ਗਿਆ। ਮੀਟਿੰਗ ਵਿੱਚ ਸ਼ਾਮਲ ਦਿਹਾਤੀ ਮਜ਼ਦੂਰ ਸਭਾ ਦੇ ਜ਼ਿਲ੍ਹਾ ਜਨਰਲ ਸਕੱਤਰ ਹਰਜੀਤ ਸਿੰਘ ਮਦਰੱਸਾ ਤੇ ਸੀਨੀਅਰ ਮੀਤ ਪ੍ਰਧਾਨ ਕਰਮ ਸਿੰਘ ਮਦਰੱਸਾ ਨੇ ਮੋਦੀ ਸਰਕਾਰ ਵੱਲੋਂ ਨਰੇਗਾ ਸਕੀਮ ਦੇ ਨਾਂ ਬਦਲਣ ਦੇ ਬਹਾਨੇ ਨਰੇਗਾ ਨੂੰ ਉੱਕਾ ਹੀ ਸਾਂਗ ਦਿੱਤਾ ਗਿਆ ਹੈ। ਇਸ ਸਮੇਂ ਨਿਖੇਧੀ ਕਰਦਿਆਂ ਆਗੂਆਂ ਨੇ ਕਿਹਾ ਕਿ ਮੋਦੀ ਸਰਕਾਰ ਤੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਮਜ਼ਦੂਰ ਵਿਰੋਧੀ ਨੀਤੀਆਂ ਲਗਾਤਾਰ ਲਾਗੂ ਕਰ ਰਹੀ ਹੈ, ਜਿਸ ਖਿਲਾਫ ਸੰਘਰਸ਼ ਤੇਜ਼ ਕੀਤਾ ਜਾਵੇਗਾ। ਉਹਨਾਂ ਮਜ਼ਦੂਰਾਂ ਨੂੰ ਸੱਦਾ ਦਿੱਤਾ ਕਿ ਉਹ ਹਰੇਕ ਪਿੰਡਾਂ ਵਿੱਚੋਂ ਸਾਧਨ ਕਰਾ ਕੇ ਵੱਡੀ ਗਿਣਤੀ ਵਿੱਚ ਛੇ ਜਨਵਰੀ ਨੂੰ ਧਰਨੇ ਵਿੱਚ ਪਰਿਵਾਰਾਂ ਸਮੇਤ ਸ਼ਮੂਲੀਅਤ ਕਰਨ।

# ਸੜਕ ਹਾਦਸੇ 'ਚ ਇਕ ਦੀ ਮੌਤ, ਦੂਜਾ ਗੰਭੀਰ

**ਫਿਰੋਜ਼ਪੁਰ (ਗੁਰਬਚਨ ਸਿੰਘ)** : ਜ਼ੀਰਾ ਮੁੱਖ ਮਾਰਗ 'ਤੇ ਸਥਿਤ ਫੀਡਰ ਨਹਿਰ ਦੇ ਨਜ਼ਦੀਕ ਵਾਪਰੇ ਇਕ ਦਰਦਨਾਕ ਸੜਕ ਹਾਦਸੇ ਵਿੱਚ ਇੱਕ ਨੌਜਵਾਨ ਦੀ ਮੌਤ ਹੋ ਜਾਣ ਤੇ ਇਕ ਹੋਰ ਦੇ ਗੰਭੀਰ ਰੂਪ ਵਿੱਚ ਜ਼ਖ਼ਮੀ ਹੋਣ ਦੀ ਖ਼ਬਰ ਸਾਹਮਣੇ ਆਈ ਹੈ।ਇਹ ਹਾਦਸਾ ਇੰਨਾ ਭਿਆਨਕ ਸੀ ਕਿ ਟੱਕਰ ਤੋਂ ਬਾਅਦ ਟਰੱਕ ਬੇਕਾਬੂ ਹੋ ਕੇ ਸੜਕ ਕਿਨਾਰੇ ਖੱਡਾਂ ਵਿੱਚ ਜਾ ਪਲਟਿਆ, ਜਦਕਿ ਬਲੈਰੋ ਪਿਕਅੱਪ ਗੱਡੀ ਦਾ ਵੀ ਭਾਰੀ ਨੁਕਸਾਨ ਹੋਇਆ।ਜਾਣਕਾਰੀ ਅਨੁਸਾਰ ਮ੍ਰਿਤਕ ਨੌਜਵਾਨ ਦੀ ਪਛਾਣ ਸੁਖਵੀਰ ਸਿੰਘ ਵਜੋਂ ਹੋਈ ਹੈ, ਜੋ ਕਿ ਗੁਰੂ ਹਰਸਹਾਏ ਦੇ ਪਿੰਡ ਬਾਗੂ ਵਾਲਾ ਦਾ ਰਹਿਣ ਵਾਲਾ ਸੀ।ਹਾਦਸੇ ਦੌਰਾਨ ਸੁਖਵੀਰ ਦਾ ਸਾਥੀ ਵੀ ਬੁਰੀ ਤਰ੍ਹਾਂ ਜ਼ਖ਼ਮੀ ਹੋ ਗਿਆ, ਜਿਸ ਨੂੰ ਤੁਰੰਤ ਇਲਾਜ ਲਈ ਨਜ਼ਦੀਕੀ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਹੈ।ਦੱਸਿਆ ਜਾ ਰਿਹਾ ਹੈ ਕਿ ਟਰੱਕ ਸਵਾਰ ਵਿਅਕਤੀਆਂ ਨੂੰ ਵੀ ਮਾਮੂਲੀ ਸੱਟਾਂ ਲੱਗੀਆਂ ਹਨ।ਘਟਨਾ ਦੀ ਸੂਚਨਾ ਮਿਲਦੇ ਹੀ ਥਾਣਾ ਕੁੱਲਗੜ੍ਹੀ ਦੀ ਪੁਲਸ ਟੀਮ ਨੇ ਮੌਕੇ 'ਤੇ ਪਹੁੰਚ ਕੇ ਸਥਿਤੀ ਦਾ ਜਾਇਜ਼ਾ ਲਿਆ।ਪੁਲਸ ਨੇ ਆਪਣੀ ਜਾਂਚ ਸ਼ੁਰੂ ਕਰ ਦਿੱਤੀ ਹੈ।

# ਬਰਸਟ ਵੱਲੋਂ ਮਨੀਸ਼ ਸਿਸੋਦੀਆ ਦੀ ਅਗਵਾਈ 'ਚ ਨਵੇਂ ਸਾਲ ਦਾ ਕੈਲੰਡਰ ਰਿਲੀਜ਼

**'ਆਪ' ਦੇ ਉਪਰਾਲਿਆਂ, ਸਿਖਲਾਈ ਤੇ ਸਿਹਤ ਖੇਤਰ 'ਚ ਪ੍ਰਗਤੀ ਬਾਰੇ ਕੀਤਾ ਵਿਚਾਰ-ਵਟਾਂਦਰਾ**



**ਸਮਾਣਾ/ਪਟਿਆਲਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ/ਰਾਜਿੰਦਰ ਥਿੰਦ)**-ਆਮ ਆਦਮੀ ਪਾਰਟੀ ਪੰਜਾਬ ਦੇ ਜਨਰਲ ਸਕੱਤਰ ਤੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ੍ਰ. ਹਰਚੰਦ ਸਿੰਘ ਬਰਸਟ ਵੱਲੋਂ ਵਿਸ਼ੇਸ਼ ਤੌਰ 'ਤੇ ਆਮ ਆਦਮੀ ਪਾਰਟੀ ਦੇ ਪੰਜਾਬ ਪ੍ਰਭਾਰੀ ਤੇ ਦਿੱਲੀ ਦੇ ਸਾਬਕਾ ਉਪ-ਮੁੱਖ ਮੰਤਰੀ ਸ੍ਰੀ ਮਨੀਸ਼ ਸਿਸੋਦੀਆ ਨਾਲ ਮੁਲਾਕਾਤ ਕੀਤੀ ਗਈ ਤੇ ਉਨ੍ਹਾਂ ਦਾ ਸਨਮਾਨ ਕਰਕੇ ਸਹਿਜ ਮੰਚ ਵੱਲੋਂ ਪ੍ਰਕਾਸ਼ਤ ਨਵੇਂ ਸਾਲ 2026 ਦਾ ਕੈਲੰਡਰ ਜਾਰੀ ਕੀਤਾ ਗਿਆ।

ਇਸ ਮੌਕੇ ਸ੍ਰੀ ਮਨੀਸ਼ ਸਿਸੋਦੀਆ ਨੇ ਕਿਹਾ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਲੋਕ ਕੇਂਦਰਤ ਮਾਡਲ 'ਤੇ ਕੰਮ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਕਿਸਾਨਾਂ ਲਈ ਮੁਫ਼ਤ ਬਿਜਲੀ ਤੇ ਖੇਤੀਬਾੜੀ ਸਹਾਇਤਾ ਯੋਜਨਾਵਾਂ, ਵਿਦਿਆਰਥੀਆਂ ਲਈ ਸਕੂਲ ਆਫ਼ ਐਮੀਨੈਂਸ ਪ੍ਰੋਜੈਕਟ ਤੇ ਯੁੱਧ ਨਸ਼ਿਆਂ ਵਿਰੁੱਧ ਵਰਗੀ ਨਸ਼ਾ-ਰੋਕੂ ਅਭਿਆਨਾਂ ਰਾਹੀਂ ਪੰਜਾਬ ਨੂੰ ਇੱਕ ਪ੍ਰਗਤੀਸ਼ੀਲ ਦਿਸ਼ਾ ਵੱਲ ਮੋੜਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਆਪ ਸਰਕਾਰ ਦਾ ਮਕਸਦ ਹਰ ਪਰਿਵਾਰ ਤੱਕ ਸਿੱਖਿਆ, ਸਿਹਤ ਤੇ ਵਿਕਾਸ ਦੇ ਮੌਕੇ ਪਹੁੰਚਾਉਣਾ ਹੈ।

ਸ੍ਰ. ਹਰਚੰਦ ਸਿੰਘ ਬਰਸਟ ਨੇ ਸਹਿਜ ਮੰਚ ਦੇ ਕੰਮਾਂ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਇਹ ਸੰਗਠਨ ਸਮਾਜਿਕ ਏਕਤਾ, ਸਿੱਖਿਆ ਪ੍ਰਚਾਰ, ਵਾਤਾਵਰਣ ਸੰਭਾਲ ਤੇ ਨਸ਼ਾ ਮੁਕਤੀ ਵਰਗੀਆਂ ਮੁਹਿੰਮਾਂ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਅ ਰਿਹਾ ਹੈ।ਉਨ੍ਹਾਂ ਕਿਹਾ ਕਿ ਸਹਿਜ ਮੰਚ ਦਾ ਮਕਸਦ ਸਿਰਫ਼ ਇੱਕ ਸੰਗਠਨ ਨੂੰ ਸਿਰਜਣਾ ਨਹੀਂ, ਸਗੋਂ ਲੋਕਾਂ ਦੇ ਜੀਵਨ ਵਿੱਚ ਚੰਗੇ ਵਿਚਾਰਾਂ ਤੇ ਵਿਹਾਰਕ ਬਦਲਾਅ ਲਿਆਉਣਾ ਹੈ।ਉਨ੍ਹਾਂ ਦੱਸਿਆ ਕਿ ਇਸ ਕੈਲੰਡਰ ਵਿੱਚ ਸਾਲ ਦੇ ਦੇਸੀ ਮਹੀਨਿਆਂ, ਦਿਨ, ਤਿਓਹਾਰ ਦੇ ਨਾਲ ਨਾਲ ਸੰਗਰਾਂਦ, ਪੂਰਨਮਾਸ਼ੀ, ਮੱਸਿਆ, ਪੰਚਮੀ ਬਾਰੇ ਵੀ ਲਿਖਿਆ ਹੋਇਆ ਹੈ।

ਸ. ਬਰਸਟ ਨੇ ਪਟਿਆਲਾ ਦੀ ਕੇਂਦਰੀ ਰਾਜ ਲਾਇਬ੍ਰੇਰੀ ਦੇ ਨਵੀਨੀਕਰਨ ਬਾਰੇ ਵੀ ਵਿਸ਼ੇਸ਼ ਤੌਰ 'ਤੇ ਜ਼ਿਕਰ ਕੀਤਾ।ਉਨ੍ਹਾਂ ਸ੍ਰੀ ਮਨੀਸ਼ ਸਿਸੋਦੀਆ ਨਾਲ ਇਸ ਪ੍ਰਾਜੈਕਟ 'ਤੇ ਗੱਲਬਾਤ ਕੀਤੀ।ਦੋਵਾਂ ਨੇ ਸਹਿਮਤੀ ਜਤਾਈ ਕਿ ਇਸ ਲਾਇਬ੍ਰੇਰੀ ਨੂੰ ਆਧੁਨਿਕ ਤਕਨੀਕੀ ਸਹੂਲਤਾਂ ਤੇ ਨਵੀਆਂ ਪਾਠਕ ਸਹੂਲਤਾਂ ਨਾਲ ਸੁਧਾਰਿਆ ਜਾਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਲਾਇਬ੍ਰੇਰੀ ਦਾ ਨਵੀਨੀਕਰਨ ਸਿਰਫ਼ ਇੱਕ ਇਮਾਰਤੀ ਕੰਮ ਨਹੀਂ, ਸਗੋਂ ਜਨਤਾ ਦੇ ਗਿਆਨ ਤੇ ਪਾਠਕਤਾ ਪ੍ਰਤੀ ਨਵੀਂ ਸੋਚ ਦਾ ਪ੍ਰਤੀਕ ਹੋਵੇਗਾ।ਇਸ ਮੌਕੇ ਵਿਜੇ ਗੋਇਲ ਪ੍ਰਧਾਨ, ਗਗਨਇੰਦਰ ਸਿੰਘ ਬਰਸਟ, ਹਰਿੰਦਰ ਸਿੰਘ ਧਬਲਾਨ, ਗੋਪੀ ਚੰਦ ਹਾਜ਼ਰ ਰਹੇ।

# ਸੜਕ ਹਾਦਸੇ 'ਚ ਬੋਹਾ ਦੇ ਨੌਜਵਾਨਾਂ ਦੀ ਮੌਤ



ਫਾਈਲ ਫੋਟੋ ਪ੍ਰਿੰਸ ਤੇ ਦਲਜੀਤ

**ਬੋਹਾ (ਨਿਰੰਜਣ ਬੋਹਾ, ਭੂਸ਼ਣ ਗਰਗ)**-ਬੀਤੀ ਰਾਤ ਬੋਹਾ-ਬੁਢਲਾਡਾ ਸੜਕ 'ਤੇ ਪਿੰਡ ਕਲੀਪੁਰ ਕੋਲ ਇਕ ਸੜਕ ਹਾਦਸੇ ਵਿੱਚ ਬੋਹਾ ਦੇ ਦੋ ਨੌਜਵਾਨਾਂ ਦੀ ਮੌਤ ਹੋ ਗਈ।ਪ੍ਰਾਪਤ ਜਾਣਕਾਰੀ ਨੌਜਵਾਨ ਪ੍ਰਿੰਸ ਕੁਮਾਰ ਪੁੱਤਰ ਅਰੁਣ ਕੁਮਾਰ ਤੇ ਦਲਜੀਤ ਸਿੰਘ ਪੁੱਤਰ ਕਰਮਜੀਤ ਸਿੰਘ ਲੰਘੀ ਰਾਤ ਮੋਟਰਸਾਈਕਲ 'ਤੇ ਬੁਢਲਾਡਾ ਤੋ ਬੋਹਾ ਵੱਲ ਆ ਰਹੇ ਸਨ ਤਾਂ ਪਿੱਛੋਂ ਆ ਰਹੇ ਕਿਸੇ ਅਣਪਛਾਤ ਤੇਜ਼ ਰਫਤਾਰ ਵਾਹਨ ਨੇ ਉਨ੍ਹਾਂ ਨੂੰ ਪਿੱਛਲੇ ਪਾਸਿਓਂ ਟੱਕਰ ਮਾਰ ਦਿੱਤੀ।ਸੜਕ 'ਤੇ ਸਿਰ ਵੱਜਣ ਕਾਰਨ ਪ੍ਰਿੰਸ ਕੁਮਾਰ ਦੀ ਮੌਕੇ 'ਤੇ ਹੀ ਮੌਤ ਹੋ ਗਈ।ਰਾਹਗੀਰਾਂ ਨੇ ਦਲਜੀਤ ਸਿੰਘ ਨੂੰ ਰੱਤੀਆਂ ਮੰਡੀ ਦੇ ਹਸਪਤਾਲ ਵਿੱਚ ਦਾਖਲ ਕਰਵਾ ਦਿੱਤਾ, ਪਰ ਜ਼ਖਮਾਂ ਦੀ ਤਾਬ ਨਾ ਝਲਦਿਆਂ ਉਹ ਹਸਪਤਾਲ ਵਿੱਚ ਦਮ ਤੋੜ ਗਿਆ।ਦੋਵੇਂ ਬਚਪਨ ਦੇ ਦੋਸਤ ਸਨ, ਜਿਉਂ ਹੀ ਇਹ ਖਬਰ ਬੋਹਾ ਪਹੁੰਚੀ ਤਾਂ ਸਾਰੇ ਸ਼ਹਿਰ ਵਿੱਚ ਸੋਗ ਦੀ ਲਹਿਰ ਛਾ ਗਈ।

# ਜਨਤਾ ਦੇ ਫ਼ਤਵੇ ਨੇ ਮਾਨ ਸਰਕਾਰ 'ਤੇ ਭਰੋਸਾ ਦੁਹਰਾਇਆ : ਰਹਿਮਾਨ/ਗੱਜਣ ਮਾਜਰਾ



**ਮਾਲੇਰਕੋਟਲਾ (ਅਸਗਰ ਪਰਿਹਾਰ)**

ਸੂਬੇ 'ਚ ਹੋਈਆਂ ਜ਼ਿਲ੍ਹਾ ਪ੍ਰੀਸ਼ਦ ਤੇ ਪੰਚਾਇਤ ਸੰਮਤੀ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੂੰ ਮਿਲੀ ਭਰਪੂਰ ਜਿੱਤ 'ਤੇ ਵਿਧਾਇਕ ਮਾਲੇਰਕੋਟਲਾ ਡਾਕਟਰ ਜਮੀਲ ਉਰ ਰਹਿਮਾਨ ਤੇ ਵਿਧਾਇਕ ਅਮਰਗੜ੍ਹ ਪ੍ਰੋਫੈਸਰ ਜਸਵੰਤ ਸਿੰਘ ਗੱਜਣਮਾਜਰਾ ਨੇ ਜਨਤਾ ਦਾ ਧੰਨਵਾਦ ਕਰਦਿਆਂ ਇਸ ਨੂੰ ਪੰਜਾਬ ਸਰਕਾਰ ਦੀਆਂ ਲੋਕ-ਹਿਤੈਸ਼ੀ ਨੀਤੀਆਂ ਤੇ ਇਮਾਨਦਾਰ ਪ੍ਰਸ਼ਾਸਨ 'ਤੇ ਲੋਕਾਂ ਦੇ ਅਟੱਲ ਭਰੋਸੇ ਦਾ ਪ੍ਰਤੀਕ ਕਰਾਰ ਦਿੱਤਾ।ਵਿਧਾਇਕ ਡਾ. ਜਮੀਲ ਤੇ ਵਿਧਾਇਕ ਪ੍ਰੋਫੈਸਰ ਗੱਜਣਮਾਜਰਾ ਨੇ ਕਿਹਾ ਕਿ ਇਹ ਜਿੱਤ ਆਮ ਆਦਮੀ ਪਾਰਟੀ ਲਈ ਸਿਰਫ਼ ਚੋਣੀ ਸਫਲਤਾ ਨਹੀਂ, ਸਗੋਂ ਜਨਤਾ ਵੱਲੋਂ ਮਾਨ ਸਰਕਾਰ ਦੇ ਕੰਮਾਂ 'ਤੇ ਲਾਈ ਗਈ ਮੋਹਰ ਹੈ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਨੇ ਹਮੇਸ਼ਾ ਆਮ ਲੋਕਾਂ ਦੀ ਆਵਾਜ਼ ਬਣ ਕੇ ਕੰਮ ਕੀਤਾ ਹੈ ਤੇ ਲੋਕਾਂ ਨੇ ਵਿਕਾਸ, ਪਾਰਦਰਸ਼ਤਾ ਤੇ ਭ੍ਰਿਸ਼ਟਾਚਾਰ ਵਿਰੁੱਧ ਸਖ਼ਤ ਰਵੱਈਏ ਨੂੰ ਅਪਣਾਇਆ ਹੈ।ਉਨ੍ਹਾਂ ਪਾਰਟੀ ਦੇ ਸਾਰੇ ਆਗੂਆਂ ਤੇ ਜ਼ਮੀਨੀ ਪੱਧਰ 'ਤੇ ਦਿਨ-ਰਾਤ ਮਿਹਨਤ ਕਰਨ ਵਾਲੇ ਵਰਕਰਾਂ ਦਾ ਦਿਲੋਂ ਧੰਨਵਾਦ ਕੀਤਾ, ਜਿਨ੍ਹਾਂ ਨੇ ਘਰ-ਘਰ ਜਾ ਕੇ ਸਰਕਾਰ ਦੀਆਂ ਲੋਕ-ਭਲਾਈ ਸਕੀਮਾਂ ਨੂੰ ਜਨਤਾ ਤੱਕ ਪਹੁੰਚਾਇਆ, ਜਿਸ ਸਦਕੇ ਇਹ ਇਤਿਹਾਸਕ ਨਤੀਜੇ ਸਾਹਮਣੇ ਆ ਸਕੇ।ਉਨ੍ਹਾਂ ਕਿਹਾ ਕਿ ਪਿਛਲੇ ਸਮੇਂ ਦੌਰਾਨ ਪੰਜਾਬ ਸਰਕਾਰ ਵੱਲੋਂ ਸਿੱਖਿਆ, ਸਿਹਤ, ਮੁਫ਼ਤ ਬਿਜਲੀ, ਬੁਨਿਆਦੀ ਢਾਂਚੇ, ਸੜਕਾਂ, ਪਾਣੀ ਦੀ ਸਪਲਾਈ ਤੇ ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਲਏ ਗਏ ਠੋਸ ਫੈਸਲਿਆਂ ਦਾ ਲਾਭ ਸਿੱਧੇ ਤੌਰ 'ਤੇ ਆਮ ਲੋਕਾਂ ਤੱਕ ਪਹੁੰਚਿਆ ਹੈ।ਉਨ੍ਹਾਂ ਕਿਹਾ ਕਿ ਸਰਕਾਰ ਦੀ ਸਾਫ਼ ਨੀਤੀ ਤੇ ਭ੍ਰਿਸ਼ਟਾਚਾਰ ਵਿਰੁੱਧ ਜ਼ੀਰੋ ਟਾਲਰੈਂਸ ਨੇ ਲੋਕਾਂ ਦੇ ਮਨ ਵਿੱਚ ਵਿਸ਼ਵਾਸ ਮਜ਼ਬੂਤ ਕੀਤਾ ਹੈ, ਜਿਸ ਦਾ ਪ੍ਰਤੀਬਿੰਬ ਇਹ ਚੋਣ ਨਤੀਜੇ ਹਨ।ਦੋਹਾਂ ਵਿਧਾਇਕਾਂ ਨੇ ਨਵੀਂ ਚੁਣੀ ਗਈ ਜ਼ਿਲ੍ਹਾ ਪ੍ਰੀਸ਼ਦਾਂ ਤੇ ਪੰਚਾਇਤ ਸੰਮਤੀਆਂ ਦੇ ਮੈਂਬਰਾਂ ਨੂੰ ਵਧਾਈ ਦਿੰਦਿਆਂ ਆਸ ਪ੍ਰਗਟਾਈ ਕਿ ਉਹ ਪਿੰਡਾਂ ਤੇ ਬਲਾਕਾਂ ਦੇ ਵਿਕਾਸ, ਲੋਕਾਂ ਦੀਆਂ ਮੁਸ਼ਕਲਾਂ ਦੇ ਤੁਰੰਤ ਹੱਲ ਅਤੇ ਸਰਕਾਰ ਦੀਆਂ ਯੋਜਨਾਵਾਂ ਨੂੰ ਪੂਰੀ ਇਮਾਨਦਾਰੀ ਤੇ ਸਮਰਪਤ ਭਾਵਨਾ ਨਾਲ ਲਾਗੂ ਕਰਨਗੇ।

# ਨਿਤੀਸ਼ ਕੁਮਾਰ ਵੱਲੋਂ ਲੜਕੀ ਦੇ ਹਿਜਾਬ ਨੂੰ ਖਿੱਚਣਾ ਅਤਿ-ਨਿੰਦਣਯੋਗ : ਪ੍ਰੋ. ਸ਼ਬਨਮ

**ਮਾਲੇਰਕੋਟਲਾ (ਅਸਗਰ ਪਰਿਹਾਰ)**-ਬਿਹਾਰ ਦੇ ਮੁੱਖ ਮੰਤਰੀ ਵੱਲੋਂ ਪਿਛਲੇ ਦਿਨੀਂ ਇੱਕ ਸਮਾਰੋਹ ਵਿੱਚ ਇੱਕ ਮੁਸਲਮਾਨ



ਲੜਕੀ ਦਾ ਹਿਜਾਬ ਖਿੱਚ ਕੇ ਸ਼ਰੇਆਮ ਉਸ ਨੂੰ ਜਬਰਨ ਬੇਪਰਦਾ ਕਰਨਾ ਕਿਸੇ ਵੀ ਨਾਗਰਿਕ ਦੇ ਸੰਵਿਧਾਨਕ ਹੱਕਾਂ ਨੂੰ ਖੋਹਣ ਦੇ ਬਰਾਬਰ ਹੈ।ਭਾਰਤ ਦਾ ਸੰਵਿਧਾਨ ਹਰੇਕ ਨਾਗਰਿਕ ਨੂੰ ਇਹ ਅਧਿਕਾਰ ਦਿੰਦਾ ਹੈ ਕਿ ਉਹ ਅਪਣੀ ਮਰਜ਼ੀ ਅਨੁਸਾਰ ਜਾਂ ਅਪਣੀ ਧਾਰਮਿਕ ਮਰਿਆਦਾ ਅਨੁਸਾਰ ਲਿਬਾਸ ਪਹਿਨ ਸਕਦਾ ਹੈ, ਪ੍ਰੰਤੂ ਸੰਵਿਧਾਨ ਦੀ ਉੱਚ ਕੁਰਸੀ 'ਤੇ ਬੈਠਣ ਵਾਲੇ ਜਦੋਂ ਇਸੇ ਸੰਵਿਧਾਨ ਦਾ ਮਜ਼ਾਕ ਬਣਾਉਂਦੇ ਹਨ ਤਾਂ ਸਵਾਲ ਪੈਦਾ ਹੁੰਦਾ ਹੈ ਕਿ ਕੀ ਉਹ ਇਨ੍ਹਾਂ ਕੁਰਸੀਆਂ ਦੇ ਲਾਇਕ ਵੀ ਹਨ? ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਮੁਸਲਿਮ ਵਿਦਵਾਨ ਪ੍ਰੋਫੈਸਰ ਰੁਬੀਨਾ ਸ਼ਬਨਮ ਨੇ ਇਸ ਅਤਿ ਨਿੰਦਣਯੋਗ ਘਟਨਾ 'ਤੇ ਅਪਣਾ ਰੋਸ ਜਤਾਇਆ ਤੇ ਇਸ ਨੂੰ ਸਮੂਹ ਮੁਸਲਮਾਨ ਕੌਮ ਦੀ ਬੇਇੱਜ਼ਤੀ ਕਰਾਰ ਦਿੰਦਿਆਂ ਕਿਹਾ ਕਿ ਅਜਿਹੀਆਂ ਕੋਝੀਆਂ ਹਰਕਤਾਂ ਨੂੰ ਨਾ ਵਿਅਕਤੀਗਤ ਤੌਰ 'ਤੇ, ਨਾ ਸਮਾਜਿਕ ਤੌਰ ਤੇ, ਨਾ ਧਾਰਮਿਕ ਤੌਰ ਤੇ ਅਤੇ ਨਾ ਹੀ ਸੰਵਿਧਾਨ ਤੌਰ 'ਤੇ ਬਰਦਾਸ਼ਤ ਕੀਤਾ ਜਾ ਸਕਦਾ ਹੈ।ਪ੍ਰੋਫੈਸਰ ਰੁਬੀਨਾ ਸ਼ਬਨਮ ਨੇ ਇਹ ਵੀ ਕਿਹਾ ਕਿ ਉਹ ਭਾਰਤ ਦੀ ਰਾਸ਼ਟਰਪਤੀ ਸਾਹਿਬਾ ਸ਼੍ਰੀਮਤੀ ਦ੍ਰੋਪਦੀ ਮੂਰਮੂ ਨੂੰ ਔਰਤ ਹੋਣ ਦੇ ਨਾਤੇ ਇੱਕ ਇਸਤਰੀ ਦੀ ਅਸਮਤ ਪਰ ਹੋਏ ਹਮਲੇ ਦਾ ਨੋਟਿਸ ਲੈ ਕੇ ਬਣਦੀ ਕਾਰਵਾਈ ਕਰਨ ਦੀ ਅਪੀਲ ਕਰਦੀ ਹੈ।

# ਸ਼ੁਭਮ ਸਿੰਗਲਾ ਨੂੰ ਜੱਜ ਬਣਨ 'ਤੇ ਕੀਤਾ ਗਿਆ ਸਨਮਾਨਤ



**ਲੁਧਿਆਣਾ (ਰਾਜ ਸਿੰਗਲਾ)**-ਸ਼ੁਭਮ ਸਿੰਗਲਾ, ਜੋ ਕਿ ਰਾਜਸਥਾਨ ਜੁਡੀਸ਼ੀਅਲ ਸਿਵਲ ਪ੍ਰੀਖਿਆ ਪਾਸ ਕਰਕੇ ਜੱਜ ਬਣੇ ਹਨ, ਨੂੰ ਰਾਕੇਸ਼ ਪਰਾਸ਼ਰ ਸੀਨੀਅਰ ਡਿਪਟੀ ਮੇਅਰ ਲੁਧਿਆਣਾ, ਬਲਜੀਤ ਸਿੰਘ ਲਵਲੀ ਘੁੰਮਣ, ਚਮਨ ਲਾਲ ਘਈ, ਨਿਰਪਾਲ ਸਿੰਘ ਤਲਵਾੜ, ਰੁਪਿੰਦਰ ਸਿੰਘ ਰੰਮੀ, ਨਵੀਨ ਪ੍ਰਭਾਕਰ, ਡਾ. ਲੱਕੀ, ਹੈਪੀ ਕੁਮਾਰ ਵੱਲੋਂ ਉਨ੍ਹਾਂ ਦੇ ਗ੍ਰਹਿ ਵਿਖੇ ਪਹੁੰਚ ਕੇ ਸਨਮਾਨਤ ਕੀਤਾ ਗਿਆ।ਦੱਸਣਯੋਗ ਹੈ ਕਿ ਸ੍ਰੀ ਸ਼ੁਭਮ ਸਿੰਗਲਾ ਪਾਤੜਾਂ ਜ਼ਿਲ੍ਹਾ ਪਟਿਆਲਾ ਦੇ ਜੰਮਪਲ ਹਨ ਅਤੇ ਉਹ ਸਵਰਗੀ ਸ੍ਰੀ ਸਤਪਾਲ ਸਿੰਗਲਾ ਸਾਬਕਾ ਸਰਪੰਚ ਪਿੰਡ ਹਾਮਝੇੜੀ ਦੇ ਪੋਤਰੇ ਅਤੇ ਗੁਰਦਾਸ ਸਿੰਗਲਾ ਰਾਜ ਦੇ ਲੜਕੇ ਹਨ।ਇਸ ਮੌਕੇ ਗੱਲਬਾਤ ਕਰਦਿਆਂ ਸ੍ਰੀ ਸ਼ੁਭਮ ਸਿੰਗਲਾ ਨੇ ਦੱਸਿਆ ਕਿ ਉਨ੍ਹਾਂ ਨੇ ਬਾਰਵੀਂ ਤੱਕ ਦੀ ਪੜ੍ਹਾਈ ਮਦਰ ਇੰਡੀਆ ਸਕੂਲ ਪਾਤੜਾਂ ਵਿਖੇ ਪ੍ਰਾਪਤ ਕੀਤੀ ਤੇ ਬੀ. ਏ., ਐੱਲ.ਐੱਲ.ਬੀ. ਦੀ ਪੜ੍ਹਾਈ ਓਮ ਯੂਨੀਵਰਸਿਟੀ ਹਿਸਾਰ ਤੋਂ ਪ੍ਰਾਪਤ ਕੀਤੀ ਅਤੇ ਇਸ ਤੋਂ ਬਾਅਦ ਐੱਲ.ਐੱਲ.ਐੱਮ. ਦੀ ਪੜ੍ਹਾਈ ਲੁਧਿਆਣਾ ਤੋਂ ਪ੍ਰਾਪਤ ਕੀਤੀ।ਇਸ ਉਪਰੰਤ ਉਨ੍ਹਾਂ ਨੇ ਪ੍ਰੋਫੈਸਰ ਉਜ਼ ਵਿਜੈ ਬਰਾੜ ਦੀ ਸਿੱਲ ਅਕੈਡਮੀ ਚੰਡੀਗੜ੍ਹ ਤੋਂ ਜੂਡੀਸ਼ੀਅਲ ਸਿਵਲ ਪ੍ਰੀਖਿਆ ਦੀ ਆਨਲਾਈਨ ਕੋਚਿੰਗ ਹਾਸਲ ਕੀਤੀ ਤੇ ਇਹ ਪ੍ਰੀਖਿਆ ਦਿੱਤੀ, ਜਿਸ ਵਿੱਚ ਉਨ੍ਹਾਂ ਨੂੰ ਸਫਲਤਾ ਹਾਸਲ ਹੋਈ ਹੈ।ਇਸ ਮੌਕੇ ਉਨ੍ਹਾਂ ਨੇ ਇਸ ਸਫਲਤਾ ਦਾ ਕਾਰਨ ਆਪਣੇ ਮਾਤਾ-ਪਿਤਾ ਤੇ ਸਮੂਹ ਪਰਵਾਰ ਤੋਂ ਇਲਾਵਾ ਅਧਿਆਪਕਾਂ ਤੇ ਸਾਰੇ ਦੋਸਤਾਂ-ਮਿੱਤਰਾਂ ਨੂੰ ਦੱਸਿਆ, ਜਿਨ੍ਹਾਂ ਨੇ ਉਸ ਨੂੰ ਸਮੇਂ ਸਮੇਂ 'ਤੇ ਪ੍ਰੇਰਿਤ ਕੀਤਾ ਤੇ ਸਾਥ ਦਿੱਤਾ।ਦੱਸਣਯੋਗ ਹੈ ਕਿ ਸ੍ਰੀ ਸ਼ੁਭਮ ਸਿੰਗਲਾ ਤੇ ਸਿੰਗਲਾ ਪਰਵਾਰ ਦਾ ਪਿਛੋਕੜ ਪਾਤੜਾਂ ਜ਼ਿਲ੍ਹਾ ਪਟਿਆਲਾ ਹੋਣ ਕਾਰਨ ਪਾਤੜਾਂ ਇਲਾਕੇ ਵਿੱਚ ਵੀ ਖ਼ੁਸ਼ੀ ਦਾ ਮਾਹੌਲ ਪਾਇਆ ਜਾ ਰਿਹਾ ਹੈ, ਕਿਉਂਕਿ ਸਿੰਗਲਾ ਪਰਵਾਰ ਦਾ ਪਾਤੜਾਂ ਇਲਾਕੇ ਵਿੱਚ ਬਹੁਤ ਹੀ ਪਿਆਰ ਤੇ ਨਾਮ ਹੈ ਅਤੇ ਸਮੂਹ ਪਾਤੜਾਂ ਇਲਾਕੇ ਵੱਲੋਂ ਵੀ ਸਿੰਗਲਾ ਪਰਵਾਰ ਨੂੰ ਵਧਾਈਆਂ ਦਿੱਤੀਆਂ ਜਾ ਰਹੀਆਂ ਹਨ।

# ਕਮਿਊਨਿਟੀ ਹੈੱਲਥ ਸੈਂਟਰ ਵਿਖੇ ਡਾਕਟਰਾਂ ਦੀ ਘਾਟ ਨੂੰ ਲੈ ਕੇ ਨਾਅਰੇਬਾਜ਼ੀ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਕਮਿਊਨਿਟੀ ਹੈਲਥ ਸੈਂਟਰ ਮਹਿਲ ਕਲਾਂ ਵਿਖੇ ਡਾਕਟਰਾਂ ਦੀ ਘਾਟ ਨੂੰ ਲੈ ਕੇ ਭਾਈ ਲਾਲੋ ਪੰਜਾਬੀ ਮੰਚ ਦੀ ਅਗਵਾਈ ਹੇਠ ਪੰਜਾਬ ਸਰਕਾਰ, ਸਿਹਤ ਵਿਭਾਗ ਖਿਲਾਫ ਜ਼ੋਰਦਾਰ ਨਾਅਰੇਬਾਜ਼ੀ ਕਰਕੇ ਖਾਲੀ ਅਸਾਮੀਆਂ ਨੂੰ ਤੁਰੰਤ ਭਰਨ ਦੀ ਮੰਗ ਕੀਤੀ ਗਈ।ਭਾਈ ਲਾਲੋ ਪੰਜਾਬੀ ਮੰਚ ਦੇ ਆਗੂ ਹਰਜੀਤ ਸਿੰਘ ਖਿਆਲੀ ਨੇ ਦੱਸਿਆ ਕਿ ਪਹਿਲਾਂ ਵੀ ਜਥੇਬੰਦੀਆਂ ਵੱਲੋਂ ਕੀਤੇ ਗਏ ਸੰਘਰਸ਼ ਤੋਂ ਬਾਅਦ ਹੀ ਇਥੇ ਡੈਪੂਟੇਸ਼ਨ 'ਤੇ ਆਏ ਚਾਰ ਐੱਮ ਡੀ ਡਾਕਟਰ ਹੁਣ ਇੱਥੋਂ ਬਦਲ ਕੇ ਮਲੇਰਕੋਟਲਾ ਭੇਜ ਦਿੱਤੇ ਗਏ ਹਨ।ਇਲਾਕੇ ਦੇ ਲੋਕ ਫਿਰ ਖੱਜਲ ਖੁਆਰ ਹੋ ਰਹੇ ਹਨ।ਇੱਥੋਂ ਤੱਕ ਕਿ ਇੱਥੇ ਤਾਇਨਾਤ ਸਟਾਫ ਨਰਸਾਂ ਦੀ ਡਿਊਟੀ ਵੀ ਬਰਨਾਲਾ ਹਸਪਤਾਲ ਲਗਾਈ ਜਾ ਚੁੱਕੀ ਹੈ।ਲੋੜੀਂਦੇ ਸਟਾਫ ਦੀ ਘਾਟ ਕਾਰਨ ਕਰੋੜਾਂ ਦੀ ਲਾਗਤ ਨਾਲ ਬਣਾਇਆ ਇਹ ਪੇਂਡੂ ਹਸਪਤਾਲ ਇਸ ਵੇਲੇ ਚਿੱਟਾ ਹਾਥੀ ਬਣਿਆ ਖੜ੍ਹਾ ਹੈ।ਇਸ ਮੌਕੇ ਅਮਨਦੀਪ ਸਿੰਘ, ਸੁਰਿੰਦਰ ਕੁਮਾਰ ਕਾਲਾ, ਭੋਲਾ ਸਿੰਘ, ਗੋਰਖੀ ਸਿੰਘ ਨੇ ਡਾਕਟਰ ਇੱਥੋਂ ਤਬਦੀਲ ਕਰਨ ਦੀ ਨਿੰਦਾ ਕਰਦਿਆਂ ਅਲਟੀਮੇਟਮ ਦਿੱਤਾ ਕਿ ਜੇਕਰ ਇੱਕ ਹਫਤੇ ਦੇ ਅੰਦਰ ਅੰਦਰ ਸੀ ਐੱਚ ਸੀ ਮਹਿਲ ਕਲਾਂ 'ਚ ਲੋੜ ਅਨੁਸਾਰ ਡਾਕਟਰ ਤੇ ਖਾਲੀ ਅਸਾਮੀਆਂ ਨਾ ਭਰੀਆਂ ਗਈਆਂ ਤਾਂ ਜਥੇਬੰਦੀ ਵੱਲੋਂ ਇਲਾਕੇ ਦੀਆਂ ਵੱਖ-ਵੱਖ ਸੰਘਰਸ਼ਸ਼ੀਲ ਕਿਸਾਨ, ਮਜ਼ਦੂਰ ਜਥੇਬੰਦੀਆਂ ਨੂੰ ਨਾਲ ਲੈ ਕੇ ਤਿੱਖੇ ਸੰਘਰਸ਼ ਦਾ ਬਿਗੁਲ ਵਜਾਇਆ ਜਾਵੇਗਾ, ਜਿਸ ਦੀ ਜ਼ਿੰਮੇਵਾਰੀ ਸਬੰਧਤ ਅਧਿਕਾਰੀਆਂ ਸਿਰ ਹੋਵੇਗੀ।

# ਨਿਤੀਸ਼ ਕੁਮਾਰ ਵੱਲੋਂ ਨਿਯੁਕਤੀ ਪੱਤਰ ਲੈਣ ਆਈ ਮੁਸਲਿਮ ਲੜਕੀ ਦਾ ਹਿਜ਼ਾਬ ਉਤਾਰਨਾ ਅਤਿ-ਨਿੰਦਣਯੋਗ : ਜਮਹੂਰੀ ਅਧਿਕਾਰ ਸਭਾ



**ਸੰਗਰੂਰ (ਪ੍ਰਵੀਨ ਸਿੰਘ)**-ਪਿਛਲੇ ਦਿਨਾਂ ਵਿੱਚ ਬਿਹਾਰ ਦੇ ਮੁੱਖ ਮੰਤਰੀ ਨਿਤੀਸ਼ ਕੁਮਾਰ ਵੱਲੋਂ ਨੌਕਰੀ ਲੈਣ ਲਈ ਨਿਯੁਕਤੀ ਵੰਡ ਪ੍ਰੋਗਰਾਮ ਵਿਚ ਮੁਸਲਿਮ ਭਾਈਚਾਰੇ ਦੀ ਲੜਕੀ ਨੂੰ ਮੂੰਹ ਨੰਗਾ ਕਰਨ ਦੇ ਬਹਾਨੇ ਉਸ ਦੇ ਖਿਜਾਬ ਨੂੰ ਉਤਾਰਨਾ ਅਤਿ ਨਿੰਦਣਯੋਗ ਵਰਤਾਰਾ ਹੈ।ਇਹ ਘੱਟ ਗਿਣਤੀਆਂ ਦੀ ਧਾਰਮਿਕ ਭਾਵਨਾਵਾਂ ਦਾ ਨਿਰਾਦਰ ਕਰਨਾ ਹੈ।ਸਭਾ ਦੇ ਪ੍ਰਧਾਨ ਜਗਜੀਤ ਭੁਟਾਲ, ਮੀਤ ਪ੍ਰਧਾਨ ਬਸੇਸਰ ਰਾਮ, ਸੱਕਤਰ ਕੁਲਦੀਪ ਸਿੰਘ, ਵਿੱਤ ਸਕੱਤਰ ਮਨਧੀਰ ਰਾਜੋਮਾਜਰਾ, ਕੁਲਵਿੰਦਰ ਬੰਟੀ ਧੂਰੀ ਤੇ ਪ੍ਰੈੱਸ ਸਕੱਤਰ ਜੁਝਾਰ ਸਿੰਘ ਲੌਂਗੋਵਾਲ ਨੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਨਿਯੁਕਤੀ ਪੱਤਰ ਲੈਣ ਆਈ ਮੁਸਲਿਮ ਲੜਕੀ ਦਾ ਹਿਜ਼ਾਬ ਲਾਹੁਣਾ ਅਤਿ ਨਿੰਦਣਯੋਗ ਹੈ।ਕਿਸੇ ਵੀ ਧਰਮ ਦੇ ਪਹਿਰਾਵੇ ਨੂੰ ਹੱਥ ਲਗਾਉਣਾ ਜਾਂ ਉਤਾਰਨਾ ਉਸ ਦੇ ਧਰਮ ਦੀ ਬੇਅਦਬੀ ਕਰਨਾ ਹੈ, ਚਾਹੇ ਮੁਸਲਿਮ ਲੜਕੀ ਦਾ ਹਿਜਾਬ, ਸਿੱਖ ਲੜਕੀ ਦੀ ਚੁੰਨੀ ਜਾਂ ਸਿੱਖ ਲੜਕੇ ਦੀ ਪੱਗ ਹੋਵੇ।ਨਿਤੀਸ਼ ਕੁਮਾਰ ਦੇ ਇਸ ਕਾਰੇ ਨਾਲ ਉਸ ਦੀ ਘੱਟ ਗਿਣਤੀਆਂ ਪ੍ਰਤੀ ਸੋਚ ਉਜਾਗਰ ਹੁੰਦੀ ਹੈ।ਵੰਨ ਸੁਵੰਨਤਾ ਵਾਲੇ ਭਾਰਤ ਨੂੰ ਇੱਕ ਧਰਮ ਦਾ ਰਾਸ਼ਟਰ ਬਣਾਉਣ ਦੇ ਝੂਠੇ ਸੁਪਨੇ ਦਿਖਾ ਕੇ ਖੂਨ ਖਰਾਬਾ ਕਰਵਾਉਣ ਵੱਲ ਕਦਮ ਹਨ, ਜੋ ਕਿ ਫਿਰਕਾਪ੍ਰਸਤ ਹਾਕਮਾਂ ਦਾ ਮੁੱਖ ਏਜੰਡਾ ਹੈ।

ਇਸ ਹਿਟਲਰੀ ਕਾਰੇ ਦੀ ਪ੍ਰੋੜਤਾ ਕਰਨ ਵਾਲੇ ਕੇਂਦਰੀ ਮੰਤਰੀ ਗਿਰੀਰਾਜ ਸਿੰਘ ਵੱਲੋਂ ਇਸ ਨੂੰ ਸਹੀ ਠਹਿਰਾਉਣ ਵਿੱਚ ਵੀ ਘੱਟ ਗਿਣਤੀਆਂ ਪ੍ਰਤੀ ਫਿਰਕੂ ਜ਼ਹਿਰ ਦੀ ਉਜਾਗਰਤਾ ਹੀ ਹੁੰਦੀ ਹੈ।ਗਿਰੀਰਾਜ ਕਹਿੰਦਾ ਹੈ ਨਿਯੁਕਤੀ ਪੱਤਰ ਲੈਣਾ ਲਵੇ ਨਹੀਂ ਤਾਂ ਜਹੁਨਮ ਜਾਏ।ਉਸ ਲੜਕੀ ਨੇ ਮਿਹਨਤ ਕਰਕੇ ਨੌਕਰੀ ਹਾਸਲ ਕੀਤੀ ਹੈ, ਨੌਕਰੀਆਂ ਲਈ ਨਿਯੁਕਤੀ ਪੱਤਰ ਵਿਭਾਗੀ ਪਰਕਿਰਿਆ ਰਾਹੀਂ ਜਾਰੀ ਹੁੰਦੇ ਸਨ ਤੇ ਹੋਣੇ ਚਾਹੀਦੇ ਹਨ।ਇਹ ਸਰਕਾਰਾਂ ਦਾ ਇਸ ਤਰ੍ਹਾਂ ਨਿਯੁਕਤੀ ਪੱਤਰ ਦੇ ਕੇ ਸਰਕਾਰ ਦੀ ਮਸ਼ਹੂਰੀ ਕਰਨ ਲੱਗੀਆਂ ਹੋਈਆਂ ਹਨ, ਜੋ ਸਰਾਸਰ ਗਲਤ ਹੈ।ਹੁਣ ਮੁਲਕ ਵਿੱਚ ਜੋ ਮਾੜਾ ਮੋਟਾ ਲੋਕਤੰਤਰ ਦਾ ਅੰਸ ਬਚਿਆ ਸੀ, ਉਹ ਵੀ ਖ਼ਤਮ ਹੁੰਦਾ ਜਾ ਰਿਹਾ।

# ਤੇਜਿੰਦਰ ਢੀਂਗੜਾ ਪ੍ਰੈੱਸ ਕਲੱਬ ਮਮਦੋਟ ਦੇ ਸਰਬਸੰਮਤੀ ਨਾਲ ਪ੍ਰਧਾਨ ਨਿਯੁਕਤ

**31 ਦਸੰਬਰ ਤੱਕ ਨਵੀਂ ਕੈਬਨਿਟ ਬਣਾਉਣ ਦੇ ਦਿੱਤੇ ਅਧਿਕਾਰ**




**ਮਮਦੋਟ (ਹਰਪਾਲ ਸਿੰਘ ਸੋਢੀ)**-ਪ੍ਰੈੱਸ ਕਲੱਬ ਮਮਦੋਟ (ਰਜਿ ਨੰ. 5320) ਦੀ ਵਿਸ਼ੇਸ਼ ਮੀਟਿੰਗ ਕਲੱਬ ਦੇ ਚੇਅਰਮੈਨ ਹਰਪਾਲ ਸਿੰਘ ਸੋਢੀ ਦੀ ਪ੍ਰਧਾਨਗੀ ਹੇਠ ਸਥਾਨਕ ਪ੍ਰੈੱਸ ਕਲੱਬ ਦਫਤਰ ਮਮਦੋਟ ਵਿਖੇ ਹੋਈ।ਪ੍ਰੈੱਸ ਕਲੱਬ ਮਮਦੋਟ ਦੇ ਮੌਜੂਦਾ ਪ੍ਰਧਾਨ ਜੋਗਿੰਦਰ ਸਿੰਘ ਭੋਲਾ ਦਾ ਸਾਲ 2025 ਦਾ ਸੇਵਾ ਕਾਲ ਪੂਰਾ ਹੋਣ 'ਤੇ ਕਲੱਬ ਦੇ ਸਮੂਹ ਅਹੁਦੇਦਾਰ ਸਾਹਿਬਾਨ ਤੇ ਮੈਂਬਰ ਸਾਹਿਬਾਨ ਵੱਲੋਂ ਕਲੱਬ ਦੇ ਪ੍ਰਧਾਨ ਵਜੋਂ ਸਰਬਸੰਮਤੀ ਨਾਲ ਕੀਤੀ ਗਈ ਚੋਣ ਵਿੱਚ ਸੀਨੀਅਰ ਪੱਤਰਕਾਰ ਸ੍ਰੀ ਤੇਜਿੰਦਰ ਢੀਂਗੜਾ ਨੂੰ ਕਲੱਬ ਦਾ ਪ੍ਰਧਾਨ ਚੁਣ ਲਿਆ ਗਿਆ।ਇਸ ਮੌਕੇ ਪ੍ਰੈੱਸ ਕਲੱਬ ਮਮਦੋਟ ਦੇ ਨਵੇਂ ਚੁਣੇ ਗਏ ਪ੍ਰਧਾਨ ਤੇਜਿੰਦਰ ਢੀਂਗੜਾ ਨੇ ਸਾਰੇ ਪੱਤਰਕਾਰਾਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਮੈਂ ਪ੍ਰੈੱਸ ਦੀ ਸਵਤੰਤਰਤਾ ਲਈ ਦਿਲੋਂ ਮਿਹਨਤ ਕਰਾਂਗਾ ਤੇ ਪੱਤਰਕਾਰਾਂ ਨੂੰ ਕਿਸੇ ਵੀ ਤਰ੍ਹਾਂ ਦੀ ਮੁਸ਼ਕਲ ਨਹੀਂ ਆਉਣ ਦਿਆਂਗਾ।ਉਨ੍ਹਾਂ ਕਿਹਾ ਕਿ ਪ੍ਰੈੱਸ ਦੀ ਅਵਾਜ਼ ਸਰਕਾਰ ਤੱਕ ਪਹੁੰਚਾਉਣ ਲਈ ਮੈਂ ਦਿਨ-ਰਾਤ ਮਿਹਨਤ ਕਰਾਂਗਾ।ਇਸ ਮੌਕੇ ਚੇਅਰਮੈਨ ਹਰਪਾਲ ਸੋਢੀ ਵੱਲੋਂ ਕਲੱਬ ਦੀ ਬਾਕੀ ਕੈਬਨਿਟ ਬਣਾਏ ਜਾਣ ਦੇ ਅਧਿਕਾਰ ਕਲੱਬ ਦੇ ਸਰਪ੍ਰਸਤ ਬਲਦੇਵ ਰਾਜ ਸ਼ਰਮਾ ਤੇ ਸੀਨੀਅਰ ਪੱਤਰਕਾਰ ਗੁਰਪ੍ਰੀਤ ਸਿੰਘ ਸੰਧੂ ਨੂੰ ਦਿੰਦਿਆਂ ਕਿਹਾ ਕਿ ਅਗਲੀ ਮੀਟਿੰਗ, ਜੋ 1 ਜਨਵਰੀ 2026 ਨੂੰ ਹੋਵੇਗੀ, ਉਸ ਮੀਟਿੰਗ ਵਿੱਚ ਉਕਤ ਅਹੁਦੇਦਾਰਾਂ ਵੱਲੋਂ ਬਾਕੀ ਕੈਬਨਿਟ ਬਣਾ ਕੇ ਕਲੱਬ ਦੇ ਨਵੇਂ ਚੁਣੇ ਗਏ ਪ੍ਰਧਾਨ ਤੇ ਬਾਕੀ ਕੈਬਨਿਟ ਦੇ ਨਾਮ ਤੇ ਰਜਿਸਟ੍ਰੇਸ਼ਨ ਕਰਵਾਈ ਜਾਵੇਗੀ।

ਇਸ ਮੌਕੇ ਪੱਤਰਕਾਰ ਜਸਬੀਰ ਸਿੰਘ ਕੰਬੋਜ, ਪੱਤਰਕਾਰ ਬਲਦੇਵ ਰਾਜ ਸ਼ਰਮਾ ਸੂਬਾ ਕਮੇਟੀ ਮੈਂਬਰ ਪੰਜਾਬ ਤੇ ਚੰਡੀਗੜ੍ਹ ਜਰਨਲਿਸਟ ਯੂਨੀਅਨ, ਪੱਤਰਕਾਰ ਜਸਵੰਤ ਸਿੰਘ ਥਿੰਦ ਪ੍ਰਧਾਨ ਜ਼ਿਲ੍ਹਾ ਪ੍ਰੈੱਸ ਕਲੱਬ ਦਿਹਾਤੀ, ਪੱਤਰਕਾਰ ਰਵਿੰਦਰ ਕਾਲਾ ਸੂਬਾ ਕਮੇਟੀ ਮੈਂਬਰ ਪੰਜਾਬ ਤੇ ਚੰਡੀਗੜ੍ਹ ਜਰਨਲਿਸਟ ਯੂਨੀਅਨ, ਪੱਤਰਕਾਰ ਜੋਗਿੰਦਰ ਸਿੰਘ ਭੋਲਾ, ਪੱਤਰਕਾਰ ਬਗੀਚਾ ਸਿੰਘ ਕੰਬੋਜ, ਪੱਤਰਕਾਰ ਸੰਜੀਵ ਮਦਾਨ, ਪੱਤਰਕਾਰ ਗੁਰਪ੍ਰੀਤ ਸਿੰਘ ਸੰਧੂ, ਪੱਤਰਕਾਰ ਰਜਿੰਦਰ ਹਾਂਡਾ, ਪੱਤਰਕਾਰ ਬਲਜੀਤ ਸਿੰਘ ਕਚੂਰਾ, ਪੱਤਰਕਾਰ ਸੰਦੀਪ ਸੋਨੀ, ਪੱਤਰਕਾਰ ਹਰਪ੍ਰੀਤ ਸਿੰਘ ਹੈਪੀ ਆਦਿ ਹਾਜ਼ਰ ਸਨ।

# ਜਲ ਸਪਲਾਈ ਵਿਭਾਗ ਦੇ ਇਨਲਿਸਟਮੈਂਟ ਤੇ ਆਊਟਸੋਰਸ ਵਰਕਰਾਂ ਨੂੰ ਪੱਕੇ ਕੀਤਾ ਜਾਵੇ : ਵਰਿੰਦਰ ਮੋਮੀ



**ਜਲਾਲਾਬਾਦ (ਜੀਤ ਕੁਮਾਰ/ਜੰਗੀਰ ਕੌਰ)**

ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ ਯੂਨੀਅਨ ਪੰਜਾਬ (ਰਜਿ.31) ਦੇ ਸੂਬਾ ਪ੍ਰਧਾਨ ਵਰਿੰਦਰ ਸਿੰਘ ਮੋਮੀ, ਸੂਬਾ ਜਨਰਲ ਸਕੱਤਰ ਕੁਲਦੀਪ ਸਿੰਘ ਬੁੱਢੇਵਾਲ ਤੇ ਸੂਬਾ ਪ੍ਰੈੱਸ ਸਕੱਤਰ ਸਤਨਾਮ ਸਿੰਘ ਫਲੀਆਵਾਲਾ ਨੇ ਕਿਹਾ ਕਿ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ, ਪੰਜਾਬ ਸਰਕਾਰ ਦੀਆਂ ਪੇਂਡੂ ਜਲ ਸਪਲਾਈ ਸਕੀਮਾਂ 'ਤੇ ਫੀਲਡ ਅਤੇ ਦਫਤਰਾਂ ਵਿਚ ਵੱਖ-ਵੱਖ ਪੋਸਟਾਂ 'ਤੇ (ਰੈਗੂਲਰ ਮੁਲਾਜ਼ਮਾਂ ਵਾਂਗ) ਪਿਛਲੇ 15 ਤੋਂ 20 ਸਾਲਾਂ ਦੇ ਲੰਬੇ ਅਰਸੇ ਤੋਂ ਇਕ ਵਰਕਰ ਦੇ ਰੂਪ 'ਚ ਲਗਾਤਾਰ ਸੇਵਾਵਾਂ ਦੇ ਰਹੇ ਇਨਲਿਸਟਮੈਂਟ ਅਤੇ ਆਊਟਸੋਰਸ ਠੇਕਾ ਅਧਾਰਿਤ ਵਰਕਰਾਂ ਨੂੰ ਉਨ੍ਹਾਂ ਦੇ ਤਜਰਬੇ ਦੇ ਅਧਾਰ 'ਤੇ ਸਬੰਧਤ ਵਿਭਾਗ 'ਚ ਮਰਜ ਕਰਕੇ 'ਪੱਕੇ ਰੁਜਗਾਰ' ਦਾ ਪ੍ਰਬੰਧ ਕਰਨ ਸਮੇਤ 'ਮੰਗ-ਪੱਤਰ' 'ਚ ਦਰਜ ਤਮਾਮ ਮੰਗਾਂ-ਮਸਲਿਆਂ ਦੇ ਹੱਲ ਕਰਨ ਲਈ ਜਲ ਸਪਲਾਈ ਅਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਵੱਲੋਂ ਪੁਰਜ਼ੋਰ ਮੰਗ ਕੀਤੀ ਜਾ ਰਹੀ ਹੈ।ਅਰਸੇ ਦੌਰਾਨ ਜਿੱਥੇ ਇਕ ਪਾਸੇ ਪੰਜਾਬ ਸਰਕਾਰ ਵੱਲੋਂ ਯੂਨੀਅਨ ਦੀਆਂ ਮੰਗਾਂ ਦਾ ਹੱਲ ਨਾ ਕਰਕੇ ਪਿਛਲੇ ਪੌਣੇ ਚਾਰ ਸਾਲ ਦੇ ਸ਼ਾਸਨਕਾਲ ਦੌਰਾਨ ਲਾਰਿਆਂ ਵਿਚ ਰੱਖਿਆ ਹੋਇਆ ਹੈ, ਉਥੇ ਵਿਭਾਗੀ ਅਧਿਕਾਰੀਆਂ ਵੱਲੋਂ ਪੇਂਡੂ ਜਲ ਸਪਲਾਈ ਸਕੀਮਾਂ ਦਾ ਪੰਚਾਇਤੀਕਰਨ ਤੇ ਸਕਾਡਾ ਸਿਸਟਮ ਲਗਾਉਣ ਵਾਲੀਆਂ ਵਰਕਰ ਵਿਰੋਧੀ ਨੀਤੀਆਂ ਨੂੰ ਪੂਰੇ ਜ਼ੋਰ-ਸ਼ੋਰ ਨਾਲ ਲਾਗੂ ਕੀਤਾ ਜਾ ਰਿਹਾ ਹੈ।ਇਸੇ ਤਰ੍ਹਾਂ ਹੀ ਹੋਰ ਵਰਕਰ ਵਿਰੋਧੀ ਸਰਗਰਮੀਆਂ ਕਰਕੇ ਸਾਲਾਂਬੱਧੀ ਅਰਸੇ ਤੋਂ ਸੇਵਾਵਾਂ ਦੇ ਰਹੇ ਇਨਲਿਸਟਮੈਂਟ ਤੇ ਆਊਟਸੋਰਸ ਵਰਕਰਾਂ ਦੇ ਕੱਚੇ-ਪਿੱਲੇ ਰੁਜ਼ਗਾਰ ਨੂੰ ਵੀ ਖੋਹਣ ਦੀਆਂ ਨੀਤੀਆਂ ਲਾਗੂ ਕਰਕੇ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹੈ, ਇਸੇ ਰੋਸ ਵਜੋਂ ਉਪਰੋਕਤ ਯੂਨੀਅਨ ਦੀ ਸੂਬਾ ਵਰਕਿੰਗ ਕਮੇਟੀ ਵੱਲੋਂ ਫੈਸਲਾ ਕੀਤਾ ਗਿਆ ਹੈ, ਜਦੋਂ ਤੱਕ ਇਨਲਿਸਟਮੈਂਟ ਤੇ ਆਊਟਸੋਰਸ ਵਰਕਰਾਂ ਦਾ ਰੁਜ਼ਗਾਰ ਪੱਕਾ ਕਰਨ ਸਮੇਤ ਮੰਗ-ਮੰਗ ਪੱਤਰ ਵਿੱਚ ਦਰਜ ਤਮਾਮ ਮੰਗਾਂ ਦਾ ਹੱਲ ਨਹੀਂ ਕੀਤਾ ਜਾਂਦਾ, ਉਸ ਸਮੇਂ ਤੱਕ ਯੂਨੀਅਨ ਵੱਲੋਂ ਪੁਰਅਮਨ ਢੰਗ ਨਾਲ ਪੰਜਾਬ ਸਰਕਾਰ ਅਤੇ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੀ ਮੈਨੇਜਮੈਂਟ ਵਿਰੁੱਧ ਸੰਘਰਸ਼ ਨੂੰ ਜਾਰੀ ਰੱਖਿਆ ਜਾਵੇਗਾ।ਇਸੇ ਕੜੀ ਤਹਿਤ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਪੰਜਾਬ 'ਚ ਕੰਮ ਕਰਦੇ ਇਨਲਿਸਟਮੈਂਟ/ਆਊਟਸੋਰਸ ਵਰਕਰਾਂ ਨੂੰ ਸਬੰਧਤ ਵਿਭਾਗ ਵਿੱਚ ਮਰਜ ਕਰਕੇ, ਈ.ਪੀ.ਐਫ. ਤੇ ਈ.ਐਸ.ਆਈ. ਵਰਗੀਆਂ ਤਮਾਮ ਸਹੂਲਤਾਂ ਦੇਣ ਵਾਲੀ ਪਾਲਿਸੀ (ਤਜਵੀਜ਼) ਨੂੰ ਲਾਗੂ ਕਰਕੇ ਵਰਕਰਾਂ ਦਾ ਪੱਕਾ ਰੁਜ਼ਗਾਰ ਕਰਨ ਸਮੇਤ ਮੰਗ ਪੱਤਰ ਵਿੱਚ ਦਰਜ ਹੱਕੀ ਅਤੇ ਜਾਇਜ਼ ਮੰਗਾਂ ਦਾ ਤੁਰੰਤ ਨਿਪਟਾਰਾ ਕਰਨ ਦੀ ਮੰਗ ਲਈ ਜਲ ਸਪਲਾਈ ਅਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਦੀ ਸੂਬਾ ਵਰਕਿੰਗ ਕਮੇਟੀ ਵੱਲੋਂ 6 ਜਨਵਰੀ ਨੂੰ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੇ (ਮੁਖੀ) ਐਚ.ਓ.ਡੀ. ਦਫ਼ਤਰ ਮੋਹਾਲੀ ਤੇ ਹੈਡ ਆਫਿਸ ਪਟਿਆਲਾ ਅਤੇ ਸਾਰੇ ਪੰਜਾਬ ਵਿੱਚ ਸਮੂਹ ਮਾਨਯੋਗ ਨਿਗਰਾਨ ਇੰਜੀਨੀਅਰ ਦਫਤਰਾਂ ਦਾ ਘੇਰਾਓ ਕਰਕੇ ਰੋਹ ਭਰਪੂਰ ਧਰਨੇ ਦਿੱਤੇ ਜਾਣਗੇ, ਜਿਸਦੇ ਨਿਕਲਣ ਵਾਲੇ ਨਤੀਜੇ ਦੀ ਜ਼ਿੰਮੇਵਾਰੀ ਪੰਜਾਬ ਸਰਕਾਰ ਤੇ ਵਿਭਾਗੀ ਅਧਿਕਾਰੀਆਂ ਦੀ ਹੋਵੇਗੀ।

# ਬੀ ਕੇ ਯੂ ਏਕਤਾ ਉਗਰਾਹਾਂ ਬਲਾਕ ਦਿੜ੍ਹਬਾ ਦੀ ਮੀਟਿੰਗ



**ਦਿੜ੍ਹਬਾ (ਜਸਵੀਰ ਲਾਡੀ)**-ਦਿੜਬਾ ਦੇ ਬੈਰਸਿਆਣਾ ਗੁਰੂ ਘਰ ਵਿਖੇ ਬਲਾਕ ਦੇ ਕਾਰਜਕਾਰੀ ਪ੍ਰਧਾਨ ਹਰਜੀਤ ਸਿੰਘ ਮਹਿਲਾਂ ਤੇ ਸੀਨੀਅਰ ਮੀਤ ਪ੍ਰਧਾਨ ਹਰਬੰਸ ਸਿੰਘ ਦਿੜ੍ਹਬਾ ਦੀ ਪ੍ਰਧਾਨਗੀ ਵਿੱਚ ਕੀਤੀ ਗਈ ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਜ਼ਿਲ੍ਹਾ ਪ੍ਰਧਾਨ ਅਮਰੀਕ ਸਿੰਘ ਗੰਡੂਆ ਹਾਜ਼ਰ ਹੋਏ। ਮੀਟਿੰਗ ਸਮੇਂ ਗੱਲਬਾਤ ਕਰਨ ਤੋਂ ਬਾਅਦ ਜਗਦੀਪ ਸਿੰਘ ਮਹਿਲਾ ਨੂੰ ਬਲਾਕ ਦਾ ਕਾਰਜਕਾਰੀ ਖਜ਼ਾਨਚੀ ਤੇ ਮਿਸ਼ਰਾ ਸਿੰਘ ਨਿਹਾਲਗੜ੍ਹ ਨੂੰ ਸਹਾਇਕ ਖਜ਼ਾਨਚੀ ਚੁਣਿਆ ਗਿਆ ਤੇ ਅਜਲਾਸ ਹੋਣ ਤੱਕ ਬਣਿਆ ਰਹੇਗਾ। ਪ੍ਰੈੱਸ ਨਾਲ ਗੱਲਬਾਤ ਕਰਨ ਸਮੇਂ ਜ਼ਿਲ੍ਹਾ ਪ੍ਰਧਾਨ ਅਮਰੀਕ ਸਿੰਘ ਗੰਡੂਆਂ ਤੇ ਜ਼ਿਲ੍ਹਾ ਖਜ਼ਾਨਚੀ ਅਮਨਦੀਪ ਸਿੰਘ ਮਹਿਲਾ ਨੇ ਦੱਸਿਆ ਕਿ ਸੈਂਟਰ ਦੀ ਸਰਕਾਰ ਨੇ ਬਿਜਲੀ ਬਿਲ ਪਿਛਲੇ ਦਿਨੀਂ ਪੰਜਾਬ ਸਰਕਾਰ ਨੂੰ ਭੇਜਿਆ ਹੈ, ਜਿਸ ਦਿਨ ਇਹ ਬਿਲ ਸਰਕਾਰ ਵੱਲੋਂ ਪਾਸ ਕੀਤਾ ਜਾਵੇਗਾ, ਉਸ ਤੋਂ ਅਗਲੇ ਦਿਨ ਐਸਕੇਐਮ ਦੇ ਸੱਦੇ 'ਤੇ ਸੰਗਰੂਰ ਵਿਖੇ ਟਰੇਨਾਂ ਦਾ ਚੱਕਾ ਜਾਮ ਕੀਤਾ ਜਾਵੇਗਾ ਅਤੇ ਟੋਲ ਪਲਾਜੇ ਵੀ ਫਰੀ ਕੀਤੇ ਜਾਣਗੇ। ਇਸ ਤੋਂ ਇਲਾਵਾ ਫੰਡਾਂ ਸਬੰਧੀ ਵਿਚਾਰ ਚਰਚਾ ਕੀਤੀ ਗਈ ਅਤੇ ਜਥੇਬੰਦੀ ਦੇ ਫੰਡਾਂ ਨੂੰ ਖਾਤਿਆਂ 'ਚ ਜਮ੍ਹਾਂ ਕਰਾਉਣ ਵਾਸਤੇ ਕਿਹਾ। ਕਿਸਾਨ ਆਗੂ ਅਮਨਦੀਪ ਸਿੰਘ ਮਹਿਲਾ ਨੇ ਪ੍ਰੈੱਸ ਨਾਲ ਗੱਲਬਾਤ ਕਰਨ ਸਮੇਂ ਕਿਹਾ ਕਿ ਸਰਕਾਰ ਦੀ ਤਰਫੋਂ ਜੋ ਲੇਬਰ ਕੋਡ ਤੇ ਸੀਡ ਬਿੱਲ ਲਿਆਂਦੇ ਗਏ ਹਨ, ਇਹ ਬਿੱਲ ਕਿਸਾਨ ਮਜ਼ਦੂਰ ਮੁਲਾਜ਼ਮ ਵਿਰੋਧੀ ਹਨ ਅਤੇ ਇਨ੍ਹਾਂ ਨੂੰ ਜਥੇਬੰਦੀਆਂ ਕਿਸੇ ਵੀ ਕੀਮਤ 'ਤੇ ਲਾਗੂ ਨਹੀਂ ਹੋਣ ਦੇਣਗੀਆਂ। ਇਸ ਮੌਤੇ ਭਰਪੂਰ ਸਿੰਘ ਮੌੜਾ, ਮਿਸ਼ਰਾ ਸਿੰਘ ਨਿਹਾਰਗੜ੍ਹ, ਜੋਗਿੰਦਰ ਸਿੰਘ ਖੇੜੀ, ਜਸਵੰਤ ਸਿੰਘ ਸਮੂਰਾਂ, ਮੇਜਰ ਸਿੰਘ ਕੌਹੀਆਂ, ਗੁਰਮੀਤ ਸਿੰਘ ਢੰਡੋਲੀ, ਰੂਪ ਸਿੰਘ ਮੌੜਾ, ਹੁਸ਼ਿਆਰ ਸਿੰਘ ਉਬਿਆ, ਬਲਵੀਰ ਸਿੰਘ ਖੇੜੀ ਨਾਗਾ ਸਮੇਤ ਸਾਰੀਆਂ ਪਿੰਡ ਇਕਾਈਆਂ ਦੇ ਪ੍ਰਧਾਨ ਤੇ ਖਜ਼ਾਨਚੀ ਹਾਜ਼ਰ ਸਨ।

## ਸਰਕਾਰੀ ਐਲੀਮੈਂਟਰੀ ਸਕੂਲ ਰੱਤੋਕੇ ਵਿਖੇ ਮੈਗਾ ਪੀ ਟੀ ਐੱਮ ਦਾ ਆਯੋਜਨ



**ਲੌਂਗੋਵਾਲ (ਪ੍ਰਦੀਪ ਸੱਪਲ)**-ਸਕੂਲ ਸਿੱਖਿਆ ਵਿਭਾਗ ਪੰਜਾਬ ਵੱਲੋਂ ਜਾਰੀ ਹਦਾਇਤਾਂ ਅਨੁਸਾਰ ਪੀ ਐੱਮ ਸ੍ਰੀ ਸਰਕਾਰੀ ਐਲੀਮੈਂਟਰੀ ਸਕੂਲ ਰੱਤੋਕੇ ਵਿਖੇ ਮਾਪੇ-ਅਧਿਆਪਕ ਮਿਲਣੀ ਕੀਤੀ ਗਈ, ਜਿਸ ਵਿੱਚ ਸਕੂਲ ਵਿੱਚ ਪੜ੍ਹਦੇ ਬੱਚਿਆਂ ਦੇ ਮਾਤਾ-ਪਿਤਾ ਵੱਲੋਂ ਭਾਗ ਲਿਆ ਗਿਆ ਅਤੇ ਬੱਚਿਆਂ ਦੇ ਨਤੀਜਿਆਂ ਬਾਰੇ ਗੱਲਬਾਤ ਕੀਤੀ ਗਈ।ਮੀਟਿੰਗ ਦੌਰਾਨ ਮਾਪਿਆਂ ਨੇ ਆਪਣੀਆਂ ਸਲਾਹਾਂ ਅਧਿਆਪਕਾਂ ਨਾਲ ਸਾਂਝੀਆਂ ਕੀਤੀਆਂ।ਇਸ ਮੌਕੇ ਮੋਬਾਇਲ ਦੀ ਦੁਰਵਰਤੋਂ ਤੇ ਸਿੱਖਿਆ ਨਾਲ ਸਬੰਧਤ ਕਈ ਮੁੱਦਿਆਂ ਉੱਪਰ ਵੀ ਚਰਚਾ ਕੀਤੀ ਗਈ।ਮੀਟਿੰਗ ਵਿੱਚ ਪੰਜਾਬ ਸਰਕਾਰ ਵੱਲੋਂ ਕਰਵਾਏ ਜਾ ਰਹੇ ਨਿਰਮਾਣ ਕਾਰਜਾਂ, ਵਿਦਿਆਰਥੀਆਂ ਲਈ ਵੈੱਲਫੇਅਰ ਸਕੀਮਾਂ ਤੇ ਵਧ ਰਹੇ ਦਾਖਲਿਆਂ ਸਬੰਧੀ ਵਿਸਥਾਰ ਸਾਹਿਤ ਚਰਚਾ ਕੀਤੀ ਗਈ।ਖੇਡਾਂ ਤੇ ਸਿੱਖਿਆ ਵਿੱਚ ਮੱਲਾਂ ਮਾਰਨ ਵਾਲੇ ਬੱਚਿਆਂ ਨੂੰ ਸਨਮਾਨਤ ਵੀ ਕੀਤਾ ਗਿਆ।ਵੈੱਲਫੇਅਰ ਕਮੇਟੀ ਦੇ ਪ੍ਰਧਾਨ ਗਿਆਨ ਸਿੰਘ ਭੁੱਲਰ, ਸਕੂਲ ਮੈਨੇਜਮੈਂਟ ਕਮੇਟੀ ਪ੍ਰਧਾਨ ਮਨਜੀਤ ਸਿੰਘ, ਸਰਪੰਚ ਹਰਦੀਪ ਕੌਰ ਨੇ ਬੱਚਿਆਂ ਦੀ ਹੌਸਲਾ ਅਫ਼ਜ਼ਾਈ ਕੀਤੀ।ਇਸ ਮੌਕੇ ਕਰਮਜੀਤ ਕੌਰ, ਰਛਪਾਲ ਸਿੰਘ, ਰਣਜੋਧ ਸਿੰਘ, ਸਲਵਿੰਦਰ ਸਿੰਘ, ਸੁਖਦੇਵ ਸਿੰਘ, ਸ਼ਕਤੀ ਸਿੰਘ, ਸਤਨਾਮ ਸਿੰਘ, ਸਾਹਿਬ ਸਿੰਘ, ਪਾਲ ਸਿੰਘ, ਵਿਜੇ ਕੁਮਾਰ, ਕੁਲਦੀਪ ਕਾਲੀ, ਗੁਰਚਰਨ ਸਿੰਘ ਸਾਬਕਾ ਸਰਪੰਚ, ਕੁਲਦੀਪ ਕੌਰ ਸਾਬਕਾ ਸਰਪੰਚ ਆਦਿ ਹਾਜ਼ਰ ਸਨ।ਇਹ ਜਾਣਕਾਰੀ ਰਣਜੀਤ ਸਿੰਘ ਮੰਡਾਲੀ ਨੇ ਸਾਂਝੀ ਕੀਤੀ।

# ਮਨਰੇਗਾ ਦਾ ਨਾਂਅ ਬਦਲਣ ਤੇ ਸੋਧਾਂ ਖ਼ਿਲਾਫ਼ ਪਿੰਡਾਂ 'ਚ ਅਰਥੀ ਫੂਕ ਮੁਜ਼ਾਹਰੇ



**ਲੌਂਗੋਵਾਲ (ਪ੍ਰਦੀਪ ਸੱਪਲ)**

ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ (ਪੰਜਾਬ) ਨੇ ਕੇਂਦਰ ਸਰਕਾਰ ਵੱਲੋਂ ਮਨਰੇਗਾ ਦੇ ਐਕਟ ਵਿੱਚ ਕੀਤੀਆਂ ਮਜ਼ਦੂਰ ਵਿਰੋਧੀ ਸੋਧਾਂ ਖ਼ਿਲਾਫ਼ ਸੰਗਰੂਰ ਦੇ ਬੀਰਕਲਾਂ, ਗੁੱਜਰਾਂ, ਤੂਰਬੰਜਾਰਾ, ਗਿਦੜਿਆਣੀ, ਰਾਮਗੜ੍ਹ, ਮੰਡੇਰ ਕਲਾਂ ਆਦਿ ਪਿੰਡ 'ਚ ਕੇਂਦਰ ਸਰਕਾਰ ਦੇ ਅਰਥੀ ਫੂਕ ਮੁਜ਼ਾਹਰੇ ਕੀਤੇ ਗਏ।ਇਸ ਮੌਕੇ ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ (ਪੰਜਾਬ) ਦੇ ਸੂਬਾ ਸਕੱਤਰ ਲਖਵੀਰ ਸਿੰਘ ਲੌਂਗੋਵਾਲ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਜਿੱਥੇ ਮਨਰੇਗਾ 'ਚ ਮਜ਼ਦੂਰ ਵਿਰੋਧੀ ਸੋਧਾਂ ਕੀਤੀਆਂ ਹਨ, ਉੱਥੇ ਹੀ ਮਨਰੇਗਾ ਦਾ ਨਾਮ ਬਦਲ ਕੇ ਆਰ ਐੱਸ ਐੱਸ ਦੇ ਫਿਰਕੂ, ਫਾਸ਼ੀਵਾਦੀ ਏਜੰਡੇ ਨੂੰ ਦੇਸ਼ ਵਿੱਚ ਤੇਜ਼ੀ ਨਾਲ ਲਾਗੂ ਕਰਨਾ ਚਾਹੁੰਦੀ ਹੈ।ਉਨ੍ਹਾਂ ਕਿਹਾ ਕਿ ਪਿੰਡ ਅੰਦਰ ਪਹਿਲਾਂ ਹੀ ਕਾਰਪੋਰੇਟ ਘਰਾਣਿਆਂ ਮੁਨਾਫ਼ਾ ਪਹੁੰਚਾਉਣ ਵਾਲੀਆਂ ਮਸ਼ੀਨਰੀਆਂ ਹੋਣ ਕਾਰਨ ਮਜ਼ਦੂਰਾਂ ਦੇ ਰੁਜ਼ਗਾਰ ਖੁਸੇ ਹਨ, ਹੁਣ ਮਨਰੇਗਾ ਦੇ ਮਿਲਦੇ ਮਾੜੇ ਮੋਟੇ ਕੰਮ ਨੂੰ ਵੀ ਖੋਹ ਕੇ ਮਜ਼ਦੂਰਾਂ ਦੇ ਘਰਾਂ ਦੇ ਚੁੱਲ੍ਹਿਆਂ ਨੂੰ ਠੰਢਾ ਕਰ ਰਹੇ ਹਨ, ਕਿਉਂਕਿ ਜਿੱਥੇ ਪਹਿਲਾਂ ਕੇਂਦਰ ਸਰਕਾਰ ਮਨਰੇਗਾ ਦੇ ਬਜਟ ਦਾ 90 ਫੀਸਦੀ ਤੇ ਸੂਬਾ ਸਰਕਾਰਾਂ 10 ਫੀਸਦੀ ਅਦਾ ਕਰਦੀ ਸੀ, ਹੁਣ ਇਹੇ ਘਟਾ ਕੇ 60 ਫੀਸਦੀ ਕੇਂਦਰ ਤੇ 40 ਫੀਸਦੀ ਸੂਬਾ ਸਰਕਾਰ ਅਦਾ ਕਰਨ ਦਾ ਫ਼ੁਰਮਾਨ ਜਾਰੀ ਕੀਤਾ ਹੈ।ਨਾਲ ਹੀ ਹਾੜ੍ਹੀ ਤੇ ਸਾਉਣੀ ਦੇ ਦੋ ਮਹੀਨੇ ਕੰਮ ਬੰਦ ਕਰਨ ਤੋਂ ਭਾਵ ਹੈ ਕਿ ਜਿਹੜਾ ਕੰਮ ਪਹਿਲਾਂ 12 ਮਹੀਨਿਆਂ 'ਚ 100 ਦਿਨ ਹੋਣ ਦੇ ਬਾਵਜੂਦ 30 ਤੋਂ 40 ਦਿਨ ਬਹੁਤ ਮੁਸ਼ਕਲ ਨਾਲ ਮਿਲਦਾ ਸੀ, ਉਹੋ ਹੁਣ 10 ਮਹੀਨਿਆਂ 'ਚ ਤਾਂ ਹੋਰ ਵੀ ਮੁਸ਼ਕਲ ਹੋ ਜਾਵੇਗਾ।ਇਸ ਮੌਕੇ ਵੱਖ-ਵੱਖ ਪਿੰਡਾਂ ਸਤਗੁਰ ਸਿੰਘ ਗੁੱਜਰਾਂ, ਮੰਗੂ ਸਿੰਘ ਬੀਰਕਲਾਂ, ਰਾਣੀ ਕੌਰ ਮੰਡੇਰ ਕਲਾਂ, ਬੰਗਾ ਸਿੰਘ ਤੂਰਬੰਜਾਰਾ, ਵਿੱਕੀ ਗਿਦੜਿਆਣੀ, ਹਾਕਮ ਸਿੰਘ ਰਾਮਗੜ੍ਹ ਆਦਿ ਨੇ ਕਿਹਾ ਕਿ ਪਹਿਲਾਂ ਮਜ਼ਦੂਰਾਂ ਦੇ ਕਿਰਤ ਕਾਨੂੰਨ ਤੋੜ ਕੇ ਚਾਰ ਲੇਬਰ ਕੋਡ 'ਚ ਬਦਲ ਕੇ ਹੁਣ ਮਨਰੇਗਾ 'ਚ ਮਜ਼ਦੂਰ ਵਿਰੋਧੀ ਸੋਧਾਂ ਕਰਕੇ ਕੇਂਦਰ ਸਰਕਾਰ ਲਗਾਤਾਰ ਆਪਣਾ ਮਜ਼ਦੂਰ ਵਿਰੋਧੀ ਚਿਹਰਾ ਨੰਗਾ ਕਰ ਰਹੀ ਹੈ, ਜਿਸ ਦੇ ਖ਼ਿਲਾਫ 6 ਤੇ 7 ਜਨਵਰੀ ਨੂੰ ਪੰਜਾਬ ਭਰ ਦੇ ਡੀ ਸੀ ਦਫ਼ਤਰਾਂ ਅੱਗੇ ਦਿੱਤੇ ਜਾ ਰਹੇ ਧਰਨਿਆਂ 'ਚ ਵੱਡੀ ਗਿਣਤੀ ਵਿੱਚ ਪਹੁੰਚਣ ਦਾ ਸੱਦਾ ਦਿੱਤਾ ਗਿਆ।

## ਦਲਵੀਰ ਗੋਲਡੀ ਵੱਲੋਂ ਜੇਤੂ ਤੇ ਨਿੱਤਰੇ ਉਮੀਦਵਾਰਾਂ ਦਾ ਸਨਮਾਨ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਹਾਲ ਹੀ ਵਿੱਚ ਹੋਈਆਂ ਜ਼ਿਲ੍ਹਾ ਪ੍ਰੀਸ਼ਦ ਤੇ ਪੰਚਾਇਤ ਸੰਮਤੀ ਚੋਣਾਂ ਦੌਰਾਨ ਹਲਕਾ ਧੂਰੀ ਦੇ ਵੱਖ-ਵੱਖ ਜ਼ੋਨਾਂ ਤੋਂ ਕਾਂਗਰਸ ਪਾਰਟੀ ਦੀ ਟਿਕਟ 'ਤੇ ਚੋਣ ਮੈਦਾਨ ਵਿੱਚ ਜੇਤੂ ਰਹੇ ਤੇ ਨਿੱਤਰੇ ਉਮੀਦਵਾਰਾਂ ਦਾ ਸਾਬਕਾ ਹਲਕਾ ਵਿਧਾਇਕ ਦਲਵੀਰ ਸਿੰਘ ਗੋਲਡੀ ਖੰਗੂੜਾ ਵੱਲੋਂ ਅਪਣੇ ਗ੍ਰਹਿ ਵਿਖੇ ਸਨਮਾਨ ਕੀਤਾ ਗਿਆ।ਇਸ ਸੰਖੇਪ ਸਮਾਗਮ ਦੌਰਾਨ ਚੋਣਾਂ ਵਿੱਚ ਭਾਗ ਲੈਣ ਵਾਲੇ ਸਾਰੇ ਉਮੀਦਵਾਰਾਂ ਦੇ ਹੌਸਲੇ, ਜੁਝਾਰੂਪਨ ਤੇ ਲੋਕਤੰਤਰ ਪ੍ਰਤੀ ਵਚਨਬੱਧਤਾ ਦੀ ਖੁੱਲ੍ਹ ਕੇ ਸ਼ਲਾਘਾ ਕੀਤੀ ਗਈ।ਦਲਵੀਰ ਗੋਲਡੀ ਨੇ ਕਿਹਾ ਕਿ ਰਾਜਸੀ ਦਬਾਅ, ਸਰਕਾਰੀ ਤੰਤਰ ਦੀ ਧੱਕੇਸ਼ਾਹੀ ਤੇ ਤਸ਼ੱਦਦ ਦੇ ਬਾਵਜੂਦ ਕਾਂਗਰਸੀ ਉਮੀਦਵਾਰਾਂ ਨੇ ਜਿਹੜੇ ਹੌਸਲੇ ਨਾਲ ਚੋਣਾਂ ਵਿੱਚ ਹਿੱਸਾ ਲਿਆ, ਉਹ ਸਲਾਹੁਣਯੋਗ ਤੇ ਸਨਮਾਨ ਦੇ ਯੋਗ ਹੈ।ਉਨ੍ਹਾਂ ਜੇਤੂ ਉਮੀਦਵਾਰਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਚੋਣਾਂ ਵਿੱਚ ਹੋਈ ਜਿੱਤ ਸਿਰਫ਼ ਉਨ੍ਹਾਂ ਦੀ ਨਿੱਜੀ ਕਾਮਯਾਬੀ ਨਹੀਂ, ਸਗੋਂ ਲੋਕਤੰਤਰਕ ਮੁੱਲਾਂ ਦੀ ਜਿੱਤ ਹੈ।ਇਸ ਮੌਕੇ ਸੀਨੀਅਰ ਕਾਂਗਰਸੀ ਆਗੂ ਇੰਦਰਪਾਲ ਸਿੰਘ ਗੋਲਡੀ, ਗੁਰਪਿਆਰ ਸਿੰਘ ਧੂਰਾ, ਚਮਕੌਰ ਸਿੰਘ ਕੁੰਬੜਵਾਲ, ਜਗਤਾਰ ਸਿੰਘ ਤਾਰਾ ਬੇਨੜਾ, ਕਾਕਾ ਤੂਰ, ਬਹਾਦਰ ਸਿੰਘ ਪੁੰਨਾਂਵਾਲ, ਬੂਟਾ ਸਿੰਘ ਈਸੀ, ਗੁਰਬਖ਼ਸ਼ੀਸ਼ ਸਿੰਘ ਭੋਜੋਵਾਲੀ ਸਮੇਤ ਵੱਡੀ ਗਿਣਤੀ ਵਿੱਚ ਕਾਂਗਰਸੀ ਵਰਕਰ ਤੇ ਸਮਰਥਕ ਮੌਜੂਦ ਸਨ।

## ਮਾਊਂਟ ਲਿਟਰਾ ਜ਼ੀ ਦੇ ਵਿਦਿਆਰਥੀਆਂ ਵੱਲੋਂ ਥਰਮਲ ਪਲਾਂਟ ਦਾ ਦੌਰਾ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਮਾਊਂਟ ਲਿਟਰਾ ਜ਼ੀ ਸਕੂਲ ਰਾਮਪੁਰਾ ਵੱਲੋਂ ਅੱਠਵੀਂ ਜਮਾਤ ਦੇ ਵਿਦਿਆਰਥੀਆਂ ਨੇ ਵਿਗਿਆਨ ਤੇ ਤਕਨਾਲੋਜੀ ਸਿੱਖਿਆ ਨੂੰ ਵਿਹਾਰਕ ਰੂਪ ਵਿੱਚ ਲਾਗੂ ਕਰਨ ਦੀਆਂ ਵਿਧੀਆਂ ਦੀ ਜਾਣਕਾਰੀ ਦੇਣ ਲਈ ਥਰਮਲ ਪਾਵਰ ਪਲਾਂਟ ਦਾ ਉਦਯੋਗਿਕ ਟੂਰ ਲਾਇਆ ਗਿਆ।ਇਸ ਵਿੱਦਿਅਕ ਯਾਤਰਾ ਦੌਰਾਨ, ਵਿਦਿਆਰਥੀਆਂ ਨੇ ਬਿਜਲੀ ਉਤਪਾਦਨ ਦੀ ਪ੍ਰਕਿਰਿਆ ਨੂੰ ਦੇਖਿਆ ਅਤੇ ਸਮਝਿਆ।ਤਕਨੀਕੀ ਮਾਹਰਾਂ ਨੇ ਵਿਦਿਆਰਥੀਆਂ ਨੂੰ ਬਿਜਲੀ ਉਤਪਾਦਨ, ਵਾਤਾਵਰਣ ਸੁਰੱਖਿਆ ਉਪਾਵਾਂ ਤੇ ਆਧੁਨਿਕ ਊਰਜਾ ਸੰਭਾਲ ਤਰੀਕਿਆਂ ਬਾਰੇ ਜਾਣਕਾਰੀ ਦਿੱਤੀ।ਵਿਦਿਆਰਥੀਆਂ ਨੇ ਕਈ ਸਵਾਲ ਪੁੱਛੇ ਤੇ ਮਾਹਰਾਂ ਤੋਂ ਵਿਸਤ੍ਰਿਤ ਜਾਣਕਾਰੀ ਪ੍ਰਾਪਤ ਕੀਤੀ।ਇਸ ਮੌਕੇ ਸਕੂਲ ਦੇ ਪ੍ਰਧਾਨ ਗਗਨ ਬਾਂਸਲ, ਜਨਰਲ ਸਕੱਤਰ ਸ਼੍ਰੀਮਤੀ ਨਮਿਤਾ ਬਾਂਸਲ ਤੇ ਪ੍ਰਿੰਸੀਪਲ ਸ਼੍ਰੀਮਤੀ ਗੀਤਾ ਪਿੱਲੇ ਨੇ ਇਸ ਵਿੱਦਿਅਕ ਦੌਰੇ ਨੂੰ ਵਿਦਿਆਰਥੀਆਂ ਲਈ ਇੱਕ ਕੀਮਤੀ ਅਨੁਭਵ ਦੱਸਿਆ।ਉਨ੍ਹਾਂ ਕਿਹਾ ਕਿ ਅਜਿਹੇ ਦੌਰੇ ਵਿਦਿਆਰਥੀਆਂ ਦੇ ਗਿਆਨ ਨੂੰ ਵਿਹਾਰਕਤਾ ਨਾਲ ਜੋੜਦੇ ਹਨ ਤੇ ਉਨ੍ਹਾਂ ਦੇ ਭਵਿੱਖ ਲਈ ਬਿਹਤਰ ਦਿਸ਼ਾ ਪ੍ਰਦਾਨ ਕਰਦੇ ਹਨ।

## ਰੇਲਵੇ ਕਰਮਚਾਰੀ ਦੀ ਇਮਾਨਦਾਰੀ, ਯਾਤਰੀ ਦਾ ਗੁਆਚਿਆ ਬੈਗ ਨਕਦੀ ਸਮੇਤ ਵਾਪਸ ਕੀਤਾ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਰੇਲਵੇ ਕਰਮਚਾਰੀਆਂ ਦੀ ਇਮਾਨਦਾਰੀ ਤੇ ਡਿਊਟੀ ਪ੍ਰਤੀ ਸਮਰਪਣ ਦੀ ਇਕ ਮਿਸਾਲ ਸਾਹਮਣੇ ਆਈ ਹੈ। ਅੰਮ੍ਰਿਤਸਰ-ਹਰਿਦੁਆਰ ਜਨ ਸ਼ਤਾਬਦੀ ਐਕਸਪ੍ਰੈੱਸ ਵਿੱਚ ਤੈਨਾਤ ਇਕ ਟਿਕਟ ਨਿਰੀਖਕ ਨੇ ਨਾ ਸਿਰਫ਼ ਇਕ ਯਾਤਰੀ ਦਾ ਕੀਮਤੀ ਸਾਮਾਨ ਲੱਭਿਆ, ਸਗੋਂ ਪੂਰੀ ਇਮਾਨਦਾਰੀ ਨਾਲ ਉਸ ਨੂੰ ਵਾਪਸ ਵੀ ਸੌਂਪਿਆ। ਜਾਣਕਾਰੀ ਅਨੁਸਾਰ 19 ਦਸੰਬਰ 2025 ਨੂੰ ਟਰੇਨ ਨੰਬਰ 12054 (ਅੰਮ੍ਰਿਤਸਰ-ਹਰਿਦੁਆਰ ਜਨ ਸ਼ਤਾਬਦੀ ਐਕਸਪ੍ਰੈੱਸ) ਵਿੱਚ ਡਿਊਟੀ ਦੌਰਾਨ ਟਿਕਟ ਨਿਰੀਖਕ ਸੰਜੀਵ ਕੁਮਾਰ ਨੂੰ ਕੋਚ ਸੀ-2 ਵਿਚ ਇਕ ਲਾਵਾਰਿਸ ਹੈਂਡਬੈਗ ਮਿਲਿਆ। ਜਦੋਂ ਬੈਗ ਦੀ ਜਾਂਚ ਕੀਤੀ ਗਈ ਤਾਂ ਉਸ ਵਿਚ ਦਸਤਾਵੇਜ਼ ਤੇ ਨਕਦੀ ਮੌਜੂਦ ਸੀ। ਸੰਜੀਵ ਕੁਮਾਰ ਨੇ ਤੁਰੰਤ ਕਾਰਵਾਈ ਕਰਦੇ ਹੋਏ ਆਪਣੀ ਔਨਬੋਰਡ ਮਸ਼ੀਨ ਰਾਹੀਂ ਯਾਤਰੀ ਦਾ ਮੋਬਾਈਲ ਨੰਬਰ ਕੱਢਿਆ ਤੇ ਉਨ੍ਹਾਂ ਨਾਲ ਸੰਪਰਕ ਕੀਤਾ। ਜ਼ਰੂਰੀ ਪੁੱਛਗਿੱਛ ਤੇ ਵੈਰੀਫਿਕੇਸ਼ਨ ਪ੍ਰਕਿਰਿਆ ਪੂਰੀ ਕਰਨ ਤੋਂ ਬਾਅਦ, ਬੈਗ ਉਸ ਦੇ ਅਸਲ ਮਾਲਕ ਨੂੰ ਸੁਰੱਖਿਅਤ ਹਾਲਤ ਵਿੱਚ ਸੌਂਪ ਦਿੱਤਾ ਗਿਆ। ਆਪਣਾ ਗੁਆਚਿਆ ਹੋਇਆ ਬੈਗ ਤੇ ਨਕਦੀ ਵਾਪਸ ਮਿਲਣ 'ਤੇ ਯਾਤਰੀ ਨੇ ਰੇਲਵੇ ਪ੍ਰਸ਼ਾਸਨ ਤੇ ਖਾਸ ਤੌਰ 'ਤੇ ਸੰਜੀਵ ਕੁਮਾਰ ਦਾ ਤਹਿ ਦਿਲੋਂ ਧੰਨਵਾਦ ਕੀਤਾ। ਵਰਿਸ਼ਠ ਮੰਡਲ ਵਪਾਰਕ ਪ੍ਰਬੰਧਕ ਪਰਮਦੀਪ ਸਿੰਘ ਸੈਣੀ ਨੇ ਇਸ ਘਟਨਾ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਰੇਲਵੇ ਕਰਮਚਾਰੀਆਂ ਦੀ ਆਪਣੇ ਮੁਸਾਫ਼ਰਾਂ ਪ੍ਰਤੀ ਵਚਨਬੱਧਤਾ ਤੇ ਇਮਾਨਦਾਰੀ ਦਾ ਪ੍ਰਤੀਕ ਹੈ। ਉਨ੍ਹਾਂ ਨੇ ਸੰਜੀਵ ਕੁਮਾਰ ਦੀ ਇਸ ਨੇਕੀ ਲਈ ਉਨ੍ਹਾਂ ਨੂੰ ਪ੍ਰਸ਼ੰਸਾ ਪੱਤਰ ਦੇਣ ਦਾ ਐਲਾਨ ਵੀ ਕੀਤਾ ਹੈ, ਤਾਂ ਜੋ ਦੂਜੇ ਕਰਮਚਾਰੀ ਵੀ ਇਸ ਤੋਂ ਪ੍ਰੇਰਨਾ ਲੈ ਸਕਣ।

## 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਲੇਖ ਮੁਕਾਬਲੇ ਕਰਵਾਏ

**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਦੇ ਤਹਿਤ ਜ਼ਿਲ੍ਹਾ ਸਿੱਖਿਆ ਅਫ਼ਸਰ ਮੁਕਤਸਰ ਦੇ ਦਿਸ਼ਾ ਨਿਰਦੇਸ਼ਾਂ ਤੇ ਬਡੀ ਪ੍ਰੋਜੈਕਟ ਤਹਿਤ ਜੇਐੱਨਜੇ ਡੀਏਵੀ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਗਿੱਦੜਬਾਹਾ ਵਿਖੇ ਵਿਦਿਆਰਥੀਆਂ ਦਰਮਿਆਨ ਲੇਖ ਮੁਕਾਬਲੇ ਕਰਵਾਏ ਗਏ।ਇਨ੍ਹਾਂ ਲੇਖ ਮੁਕਾਬਲਿਆਂ ਵਿੱਚ ਛੇਵੀਂ ਤੋਂ ਸੱਤਵੀਂ ਜਮਾਤ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ ਤੇ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਸੰਬੰਧੀ ਲੇਖ ਤਿਆਰ ਕੀਤੇ।ਇਨ੍ਹਾਂ ਲੇਖ ਮੁਕਾਬਲਿਆਂ ਦੇ ਜੇਤੂ ਵਿਦਿਆਰਥੀਆਂ ਨੂੰ ਸਕੂਲ ਦੇ ਪ੍ਰਿੰ. ਗੁਰਦਾਸ ਸਿੰਘ ਮਾਨ ਵੱਲੋਂ ਸਨਮਾਨਤ ਕੀਤਾ ਗਿਆ।ਇਸ ਮੌਕੇ ਪ੍ਰਿੰ. ਮਾਨ ਨੇ ਕਿਹਾ ਕਿ ਨਸ਼ਿਆਂ ਜਿਹੀ ਲਾਹਨਤ ਨੂੰ ਸਮਾਜ ਵਿੱਚੋਂ ਦੂਰ ਕਰਨ ਲਈ ਸਾਨੂੰ ਸਭ ਨੂੰ ਮਿਲ ਕੇ ਕੋਸ਼ਿਸ਼ ਕਰਨੀ ਚਾਹੀਦਾ ਹੈ ਤਾਂ ਜੋ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਇਨ੍ਹਾਂ ਨਸ਼ਿਆਂ ਦੀ ਬਿਮਾਰੀ ਤੋਂ ਬਚ ਸਕਣ।ਇਸ ਮੌਕੇ ਸਕੂਲ ਦਾ ਸਮੂਹ ਸਟਾਫ਼ ਮੌਜੂਦ ਸੀ।

## ਆਸ਼ੂ ਬੰਗੜ ਵੱਲੋਂ ਹਲਕੇ ਦੇ ਕਾਂਗਰਸੀ ਲੀਡਰਾਂ ਤੇ ਵਰਕਰਾਂ ਨਾਲ ਮੰਥਨ



**ਫਿਰੋਜ਼ਪੁਰ (ਗੁਰਬਚਨ ਸਿੰਘ)**

ਬਲਾਕ ਸੰਮਤੀ ਤੇ ਜ਼ਿਲ੍ਹਾ ਪ੍ਰੀਸ਼ਦ ਦੀਆਂ ਚੋਣਾਂ ਹਾਰਨ ਦੇ ਸਬੰਧ ਤੇ ਆਸ਼ੂ ਬੰਗੜ ਵੱਲੋਂ ਕਾਂਗਰਸ ਭਵਨ ਫਿਰੋਜ਼ਪੁਰ ਦਿਹਾਤੀ ਵਿਖੇ ਕਾਂਗਰਸ ਪਾਰਟੀ ਦੇ ਵਰਕਰਾਂ ਦਾ ਵੱਡਾ ਇਕੱਠ ਕਰਕੇ ਹੁਣ ਤੱਕ ਕੀ ਕੁਝ ਪਾਰਟੀ ਆਗੂਆਂ ਤੇ ਸਮੁੱਚੀ ਲੀਡਰ ਦਰਮਿਆਨ ਕੀ ਕੀ ਹੁਣ ਤੱਕ ਰਹੀਆਂ ਕਮੀਆਂ 'ਤੇ ਮੰਥਨ ਕੀਤਾ ਗਿਆ।ਪਾਰਟੀ ਵਰਕਰਾਂ ਨੂੰ ਸੰਬੋਧਨ ਕਰਦਿਆਂ ਆਸ਼ੂ ਬੰਗੜ ਨੇ ਕਿਹਾ ਕਿ ਵੋਟਰਾਂ ਦਾ ਦਿੱਤਾ ਫ਼ਤਵਾ ਸਿਰ ਮੱਥੇ ਤੇ 2027 ਦੀਆਂ ਚੋਣਾਂ ਨੂੰ ਲੈ ਕੇ ਕਾਂਗਰਸ ਪਾਰਟੀ ਫਿਰੋਜ਼ਪੁਰ ਦਿਹਾਤੀ ਦੀ ਸਮੁੱਚੀ ਲੀਡਰਸ਼ਿਪ ਤੇ ਵਰਕਰਾਂ ਦੀ ਪਿੱਠ ਥਾਪੜਦਿਆਂ ਕਿਹਾ ਕਿ ਚਾਰ ਸਾਲਾਂ ਦੇ ਭਵਿੱਖ ਵਿੱਚ ਜੋ ਜੋ ਹੁਣ ਤੱਕ ਕਮੀਆਂ ਰਹੀਆਂ ਹਨ। ਉਨ੍ਹਾਂ ਨੂੰ ਬੜੇ ਸਮੇਂ ਵਿੱਚ ਹੀ ਦੂਰ ਕਰਕੇ ਇੱਕ ਵਧੀਆ ਸਥਿਤੀ ਬਣਾਈ ਜਾਵੇਗੀ, ਜਿਸ ਦੇ ਬਲਬੂਤੇ 'ਤੇ ਮਿਸ਼ਨ 2027 ਦੀਆਂ ਚੋਣਾਂ ਦਾ ਕਿਲ੍ਹਾ ਫਤਿਹ ਕਰਨ ਲਈ ਹਰ ਵਰਕਰ ਤੱਕ, ਹਰ ਪਿੰਡ ਤੱਕ ਪਹੁੰਚ ਕਰਕੇ ਪੁਰਾਣੇ ਸਾਥੀਆਂ ਦੀ ਇੱਕਜੁੱਟਤਾ ਨਾਲ ਨਵੀਂ ਰੂਪ ਰੇਖਾ ਤਿਆਰ ਕੀਤੀ ਜਾ ਰਹੀ ਹੈ।ਇਸ ਮੌਕੇ ਸਾਬਕਾ ਜ਼ਿਲ੍ਹਾ ਪ੍ਰਧਾਨ ਚਮਕੌਰ ਸਿੰਘ ਢੀਂਡਸਾ, ਸੀਨੀਅਰ ਆਗੂ ਸੁਖਜੀਤ ਸਿੰਘ ਗੋਗੀ, ਜ਼ਿਲ੍ਹਾ ਵਾਈਸ ਚੇਅਰਮੈਨ ਐੱਸਸੀ ਡਿਪਾਰਟਮੈਂਟ ਡਾਕਟਰ ਕੁਲਦੀਪ ਸਿੰਘ ਧੀਰਾ ਪੱਤਰ ਫਿਰੋਜ਼ਪੁਰ, ਮਨੀਸ਼ ਕੁਮਾਰ ਸਲਿਆਣੀ, ਜਤਿੰਦਰ ਸਿੰਘ ਗੋਪੀ ਅੱਲਖ, ਸਤਨਾਮ ਸਿੰਘ ਢਿੱਲੋਂ ਫਰੀਦੇ ਵਾਲਾ, ਤਰਸੇਮ ਸਿੰਘ ਅਟਵਾਲ, ਨਿਸ਼ਾਨ ਸਿੰਘ ਅਰਮਾਨਪੁਰਾ, ਜੋਗਾ ਸਿੰਘ ਅਰਮਾਨਪੁਰਾ, ਤਰਸੇਮ ਸਿੰਘ ਸਰੋਆ, ਵੀਰ ਸਿੰਘ ਸਰਪੰਚ, ਨੀਟਾ ਸੋਢੀ, ਗੁਰਬਚਨ ਸਿੰਘ ਕਾਲਾ ਟਿੱਬਾ, ਮਹਿਤਾਬ ਸਿੰਘ ਸਿੱਧੂ, ਹਰਮਨ ਸਾਈਆਂ ਵਾਲਾ, ਬਲਜਿੰਦਰ ਸਿੰਘ ਥਿੰਦ, ਬਾਜ ਸਿੰਘ ਔਂਸੀ, ਇਕਬਾਲ ਸਿੰਘ ਸਰਪੰਚ, ਬਾਜ ਸਿੰਘ ਫਰੀਦੇ ਵਾਲਾ, ਸਾਬਕਾ ਸਰਪੰਚ ਹਰਦੀਪ ਸਿੰਘ, ਸੁਮੇਲ ਸਿੰਘ, ਸਾਬਕਾ ਸਰਪੰਚ ਜੋਗਿੰਦਰ ਸਿੰਘ, ਪਵਨ, ਜਗਜੀਤ ਸਿੰਘ ਜੋਧਪੁਰ, ਗਗਨ, ਸਰਪੰਚ ਬਿਕਰ ਸਿੰਘ, ਸੁਖਦੇਵ ਸਿੰਘ, ਕਰਨ ਕੁਮਾਰ ਮੰਨਚਦਾ, ਸਰਪੰਚ ਸ਼ਮਸ਼ੇਰ ਸਿੰਘ ਮੋਕਮ ਖਾਂ, ਨਿੱਜੀ ਸਕੱਤਰ ਕਮਲ ਗਿੱਲ ਸੋਨੂ, ਪੀਏ ਤਰਨ ਬੁਟਰ ਤੋਂ ਇਲਾਵਾ ਹੋਰ ਵੀ ਹਾਜ਼ਰ ਸਨ।

## ਰਾਜ ਪੱਧਰੀ ਪ੍ਰਾਇਮਰੀ ਸਕੂਲ ਖੇਡਾਂ ਦੇ ਜੇਤੂ ਖਿਡਾਰੀਆਂ ਦਾ ਸਨਮਾਨ



**ਦਿੜ੍ਹਬਾ (ਜਸਵੀਰ ਲਾਡੀ)**-ਸਰਕਾਰੀ ਪ੍ਰਾਇਮਰੀ ਸਕੂਲ ਛਾਜਲੀ ਵਿਖੇ ਰਾਜ ਪੱਧਰੀ ਅੰਡਰ 11 ਖੇਡਾਂ ਦੇ ਜੇਤੂ ਖਿਡਾਰੀਆਂ ਲਈ ਸ. ਕੁਲਵੀਰ ਸਿੰਘ ਚਹਿਲ (ਸੈਂਟਰ ਹੈੱਡ ਟੀਚਰ ਛਾਜਲੀ) ਦੀ ਅਗਵਾਈ ਵਿੱਚ ਸਨਮਾਨ ਸਮਾਰੋਹ ਕੀਤਾ ਗਿਆ ਤੇ ਜੇਤੂ ਖਿਡਾਰੀਆਂ ਨਾਲ ਪਿੰਡ ਵਿੱਚ ਰੈਲੀ ਕੱਢੀ ਗਈ।ਉਨ੍ਹਾਂ ਜੇਤੂ ਬੱਚਿਆਂ ਨੂੰ ਮੁਬਾਰਕਬਾਦ ਦਿੱਤੀ ਤੇ ਦੱਸਿਆ ਕਿ ਖ਼ਾਲਸਾ ਸੀਨੀਅਰ ਸੈਕੰਡਰੀ ਸਕੂਲ ਰੂਪਨਗਰ ਵਿਖੇ 1 ਤੋਂ 4 ਦਸੰਬਰ ਤੱਕ ਹੋਈਆਂ 45ਵੀਆਂ ਰਾਜ ਪੱਧਰੀ ਪ੍ਰਾਇਮਰੀ ਸਕੂਲ ਖੇਡਾਂ (2025-26) ਦੇ ਹਾਕੀ ਦੇ ਚਾਰ ਦਿਨਾਂ ਤੱਕ ਚੱਲੇ ਰੋਮਾਂਚਕ ਮੁਕਾਬਲਿਆਂ 'ਚ ਸੰਗਰੂਰ ਜ਼ਿਲ੍ਹੇ ਦੇ ਖਿਡਾਰੀਆਂ ਨੇ ਟੀਮ ਮੈਨੇਜਰ ਸੁਖਜਿੰਦਰ ਸਿੰਘ ਜਟਾਣਾ ਤੇ ਬਲਜੀਤ ਸਿੰਘ ਸਿੱਧੂ ਅਤੇ ਕੋਚ ਸਤਗੁਰ ਸਿੰਘ ਛਾਜਲੀ ਦੀ ਅਗਵਾਈ ਵਿੱਚ ਸ਼ਾਨਦਾਰ ਤਕਨੀਕੀ ਨਿਪੁੰਨਤਾ ਤੇ ਖੇਡ ਜਜ਼ਬੇ ਦਾ ਪ੍ਰਦਰਸ਼ਨ ਕਰਦੇ ਹੋਏ ਦੂਜਾ ਸਥਾਨ ਹਾਸਲ ਕੀਤਾ।ਇਸ ਮੌਕੇ ਮੁੱਖ ਮਹਿਮਾਨ ਗੁਰਵਿੰਦਰ ਸਿੰਘ (ਪ੍ਰਿੰਸੀਪਲ, ਸਕੂਲ ਆਫ ਐਮੀਨੈਂਸ ਛਾਜਲੀ) ਤੇ ਹਰਵਿੰਦਰ ਸਿੰਘ ਛਾਜਲੀ (ਚੇਅਰਮੈਨ ਮਾਰਕੀਟ ਕਮੇਟੀ ਸੂਲਰ ਘਰਾਟ) ਨੇ ਨਵੀਂ ਪੀੜ੍ਹੀ ਨੂੰ ਖੇਡਾਂ ਨਾਲ ਜੁੜਨ ਲਈ ਪ੍ਰੇਰਿਤ ਕੀਤਾ ਤੇ ਪੰਜਾਬ ਦੇ ਖੇਡ ਭਵਿੱਖ ਨੂੰ ਮਜ਼ਬੂਤ ਬਣਾਉਣ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।ਰੈਲੀ ਦੌਰਾਨ ਮਾਪਿਆਂ ਤੇ ਪਿੰਡ ਵਾਸੀਆਂ ਵੱਲੋਂ ਬੱਚਿਆਂ ਉੱਤੇ ਫੁੱਲਾਂ ਦੀ ਵਰਖਾ ਕਰਕੇ ਤੇ ਹਾਰ ਪਾ ਕੇ ਸਵਾਗਤ ਕੀਤਾ ਗਿਆ।ਇਸ ਮੌਕੇ ਅਮਨੀਸ਼ ਰਾਮਗੜ੍ਹ (ਲੈਕਚਰਾਰ) ਗੁਰਵਿੰਦਰ ਸਿੰਘ (ਹੈੱਡ ਟੀਚਰ), ਮੈਡਮ ਅਨੁਦੀਪ ਸ਼ਰਮਾ (ਹੈੱਡ ਟੀਚਰ), ਮੈਡਮ ਮਨੀਸ਼ਾ ਰਾਣੀ (ਹੈੱਡ ਟੀਚਰ), ਅਮਨਦੀਪ ਕੌਰ, ਨਵਦੀਪ ਕੌਰ, ਸੋਨਾ ਰਾਣੀ, ਮਨਪ੍ਰੀਤ ਸਿੰਘ, ਮਨਜੀਤ ਕੌਰ, ਸੰਦੀਪ ਕੌਰ, ਬਿੰਦਰਪਾਲ, ਗੁਰਜੀਵਨ ਸਿੰਘ, ਪਰਮਜੀਤ ਕੌਰ, ਮਲਕੀਤ ਕੌਰ ਤੇ ਹੋਰ ਅਧਿਆਪਕ ਸਾਥੀ ਮੌਜੂਦ ਰਹੇ।

## ਫਤਿਹ ਇੰਸਟੀਚਿਊਸ਼ਨਜ਼ ਵਿਖੇ ਵਿਦਿਆਰਥਣਾਂ ਨੂੰ ਸਿਹਤ ਪ੍ਰਤੀ ਕੀਤਾ ਜਾਗਰੂਕ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਮੈਕਸ ਹੈਲਥਕੇਅਰ ਬਠਿੰਡਾ ਵੱਲੋਂ ਪਿਛਲੇ ਫਤਿਹ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਰਾਮਪੁਰਾ ਫੂਲ ਵਿੱਚ ਸੰਸਥਾ ਦੇ ਕੌਮੀ ਸੇਵਾ ਯੋਜਨਾ ਤੇ ਰੈੱਡ ਰਿਬਨ ਕਲੱਬ ਦੇ ਸਹਿਯੋਗ ਨਾਲ ਵਿਦਿਆਰਥਣਾਂ ਲਈ ਇੱਕ ਵਿਸਥਾਰਪੂਰਕ ਸਿਹਤ ਜਾਗਰੂਕਤਾ ਸੈਸ਼ਨ ਦਾ ਆਯੋਜਨ ਕੀਤਾ ਗਿਆ।ਇਸ ਸੈਸ਼ਨ ਦੀ ਅਗਵਾਈ ਡਾ. ਸਨੇਹਾ ਸ਼ਰਮਾ, ਕਨਸਲਟੈਂਟ ਗਾਇਨਕੋਲੋਜਿਸਟ, ਮੈਕਸ ਹੈਲਥਕੇਅਰ ਬਠਿੰਡਾ ਵੱਲੋਂ ਕੀਤੀ ਗਈ।ਸੈਸ਼ਨ ਦੌਰਾਨ ਡਾ. ਸਨੇਹਾ ਸ਼ਰਮਾ ਨੇ ਨੌਜਵਾਨ ਵਿਦਿਆਰਥਣਾਂ ਵਿੱਚ ਆਮ ਤੌਰ 'ਤੇ ਪਾਈਆਂ ਜਾਣ ਵਾਲੀਆਂ ਸਿਹਤ ਸਮੱਸਿਆਵਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ।ਡਾ. ਸ਼ਰਮਾ ਨੇ ਮਹਿਲਾ ਸਿਹਤ ਨਾਲ ਸੰਬੰਧਤ ਫੈਲੀਆਂ ਭਰਮਾਤਮਕ ਧਾਰਣਾਵਾਂ ਨੂੰ ਦੂਰ ਕਰਦਿਆਂ ਵਿਦਿਆਰਥਣਾਂ ਨੂੰ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਲਈ ਪ੍ਰੇਰਿਤ ਕੀਤਾ।ਸੈਸ਼ਨ ਦੌਰਾਨ ਸਵਾਲ-ਜਵਾਬ ਦਾ ਵਿਸ਼ੇਸ਼ ਪ੍ਰੋਗਰਾਮ ਵੀ ਰੱਖਿਆ ਗਿਆ, ਜਿਸ ਵਿੱਚ ਵਿਦਿਆਰਥਣਾਂ ਨੇ ਖੁੱਲ੍ਹ ਕੇ ਆਪਣੇ ਸਵਾਲ ਪੁੱਛੇ ਤੇ ਉਨ੍ਹਾਂ ਨੂੰ ਮਾਹਰ ਡਾਕਟਰੀ ਮਾਰਗਦਰਸ਼ਨ ਪ੍ਰਾਪਤ ਹੋਇਆ।ਅੰਤ ਵਿੱਚ ਮੈਕਸ ਹੈਲਥਕੇਅਰ ਬਠਿੰਡਾ ਵੱਲੋਂ ਇਹ ਭਰੋਸਾ ਦਿਵਾਇਆ ਗਿਆ ਕਿ ਸਮਾਜਕ ਭਲਾਈ ਤੇ ਰੋਕਥਾਮੀ ਸਿਹਤ ਸੇਵਾਵਾਂ ਤਹਿਤ ਭਵਿੱਖ ਵਿੱਚ ਵੀ ਸਕੂਲਾਂ ਤੇ ਸਿੱਖਿਆ ਸੰਸਥਾਵਾਂ ਵਿੱਚ ਅਜਿਹੇ ਜਾਗਰੂਕਤਾ ਪ੍ਰੋਗਰਾਮ ਨਿਰੰਤਰ ਜਾਰੀ ਰੱਖੇ ਜਾਣਗੇ।ਇਸ ਮੌਕੇ ਸੋਸ਼ਲ-ਸਾਇੰਸ ਵਿਭਾਗ ਮੁਖੀ ਪ੍ਰੋ. ਕੁਮਾਰੀ ਸ਼ੈਲਜਾ, ਐਜੂਕੇਸ਼ਨ ਵਿਭਾਗ ਮੁਖੀ ਪ੍ਰੋ. ਸੰਦੀਪ ਕੌਰ, ਪ੍ਰੋ. ਵਰਿੰਦਰ ਕੌਰ, ਪ੍ਰੋ. ਮੁਕੇਸ਼ ਗਰਗ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ, ਜਿਨ੍ਹਾਂ ਨੇ ਮੁੱਖ ਮਹਿਮਾਨ ਡਾ. ਸ਼ਰਮਾ ਨੂੰ ਸੰਸਥਾ ਵੱਲੋਂ ਯਾਦਗਾਰੀ ਚਿੰਨ੍ਹ ਵੀ ਭੇਟ ਕੀਤਾ।

## ਫੁੱਟਬਾਲ ਅਕੈਡਮੀ ਵੱਲੋਂ ਐੱਨ ਆਰ ਆਈ ਜੋਗਾ ਸਿੰਘ ਬਾਠ ਦਾ ਸਨਮਾਨ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਬੇਸ਼ੱਕ ਰੋਜ਼ੀ ਰੋਟੀ ਦੇ ਸਿਲਸਿਲੇ 'ਚ ਮੈਂ ਲੰਮੇ ਸਮੇਂ ਤੋਂ ਵਿਦੇਸ਼ ਦੀ ਧਰਤੀ 'ਤੇ ਰਹਿ ਰਿਹਾ ਹਾਂ, ਪਰ ਮੇਰਾ ਦਿਲ ਹਾਲੇ ਵੀ ਦਿਨ-ਰਾਤ ਆਪਣੀ ਜਨਮ ਭੂਮੀ ਪੰਜਾਬ 'ਚ ਵਸਦੇ ਲੋਕਾਂ ਲਈ ਹੀ ਧੜਕਦਾ ਹੈ।ਮੇਰੀ ਸਿਰਤੋੜ ਕੋਸ਼ਿਸ਼ ਰਹਿੰਦੀ ਹੈ ਕਿ ਮੈਂ ਆਪਣੇ ਇਨ੍ਹਾਂ ਲੋਕਾਂ ਦੇ ਕਿਸੇ ਕੰਮ ਆ ਸਕਾਂ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਬਾਬਾ ਫ਼ਤਹਿ ਸਿੰਘ ਫ਼ੁੱਟਬਾਲ ਅਕੈਡਮੀ ਵੱਲੋਂ ਸਰਪ੍ਰਸਤ ਕਰਮਜੀਤ ਸਿੰਘ ਢਿੱਲੋਂ ਦੀ ਅਗਵਾਈ ਹੇਠ ਰੱਖੀ ਇੱਕ ਮੀਟਿੰਗ ਦੌਰਾਨ ਵਿਸ਼ੇਸ਼ ਤੌਰ 'ਤੇ ਪਹੁੰਚੇ ਐੱਨ ਆਰ ਆਈ ਤੇ ਬਾਬਾ ਫਤਿਹ ਸਿੰਘ ਫੁੱਟਬਾਲ ਅਕੈਡਮੀ ਦੇ ਸੰਸਥਾਪਕ ਸ੍ਰ. ਜੋਗਾ ਸਿੰਘ ਬਾਠ ਅਮਰੀਕਾ ਨੇ ਕੀਤਾ।ਜਾਣਕਾਰੀ ਦਿੰਦਿਆਂ ਕੋਚ ਸਤਵੀਰ ਸਿੰਘ ਤੇ ਮਨਵੀਰ ਆਸਟ੍ਰੇਲੀਆ ਨੇ ਦੱਸਿਆ ਕਿ ਪਿਛਲੀ ਦਿਨੀਂ ਕਰਵਾਏ ਅੰਡਰ-17 ਸਾਲ ਲੜਕੇ ਆਲ ਇੰਡੀਆ ਬਾਬਾ ਫਤਿਹ ਸਿੰਘ ਫੁੱਟਬਾਲ ਕੱਪ, ਜੋ ਕਿ ਬਾਬਾ ਫਤਿਹ ਸਿੰਘ ਜੀ ਦੇ ਜਨਮ ਦਿਵਸ ਨੂੰ ਸਮਰਪਤ ਕਰਵਾਇਆ ਗਿਆ ਸੀ, ਵਿਚ ਐੱਨ.ਆਰ.ਆਈ. ਜੋਗਾ ਸਿੰਘ ਵੱਲੋਂ ਫ਼ੁੱਟਬਾਲ ਟੂਰਨਾਮੈਂਟ ਦੇ ਨਾਲ ਨਾਲ ਨੌਜਵਾਨਾਂ ਨੂੰ ਆਪਣੇ ਧਰਮ ਨਾਲ ਜੋੜਨ ਲਈ ਦਸਤਾਰਬੰਦੀ ਵਰਗੇ ਮੁਕਾਬਲੇ ਕਰਵਾਉਣ ਲਈ ਪ੍ਰੇਰਿਤ ਕੀਤਾ ਗਿਆ ਸੀ, ਜਿਸ ਦੀ ਸਮੁੱਚੇ ਇਲਾਕ ਵਾਸੀਆਂ ਵੱਲੋਂ ਸ਼ਲਾਘਾ ਵੀ ਕੀਤੀ ਗਈ ਸੀ। ਇਸ ਤੋਂ ਇਲਾਵਾ ਇਨ੍ਹਾਂ ਵੱਲੋਂ ਵੱਖ ਵੱਖ ਸਮਾਜਿਕ ਤੇ ਧਾਰਮਿਕ ਕੰਮਾਂ 'ਚ ਵੀ ਵੱਡਾ ਯੋਗਦਾਨ ਪਾਇਆ ਜਾ ਰਿਹਾ ਹੈ। ਇਸ ਲਈ ਅਕੈਡਮੀ ਦੇ ਸਾਰੇ ਅਹੁਦੇਦਾਰਾਂ ਵੱਲੋਂ ਉਨ੍ਹਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਐਡਵੋਕੇਟ ਬਿਕਰਮ ਸਿੰਘ, ਸਰਤਾਜ ਸਿੰਘ ਬਾਠ ਅਮਰੀਕਾ, ਸਾਹਿਬ ਸਿੰਘ ਬਾਠ ਅਮਰੀਕਾ, ਗੁਰਬਚਨ ਸਿੰਘ, ਰਣਜੀਤ ਸਿੰਘ, ਮਨਵੀਰ ਸ਼ਰਮਾ ਆਸਟ੍ਰੇਲੀਆ, ਸੁਖਵੀਰ, ਬਿਕਰਮ ਸ਼ੈਰੀ, ਸੋਨੂ, ਮਨਿੰਦਰ ਚੀਮਾ, ਅਮਰਜੀਤ ਸਿੰਘ ਸੋਨੂ, ਹਰਵਿੰਦਰ ਕਾਕਾ ਬਹਾਦਰਗੜ੍ਹ, ਦੀਪਕ, ਮੁਖਵਿੰਦਰ ਸਿੰਘ, ਹਰਪ੍ਰੀਤ ਬਹਾਦਰਗੜ੍ਹ, ਮਨਿੰਦਰਜੀਤ ਚੀਮਾ, ਨੰਬਰਦਾਰ ਕਸ਼ਮੀਰ ਸਿੰਘ ਬੱਗਾ, ਤੇਜੀ ਤੇ ਗੋਬਿੰਦ ਸਿੰਘ ਹਾਜ਼ਰ ਸਨ।

## ਜੂਏ ਦੀ ਰਾਸ਼ੀ ਸਮੇਤ ਇੱਕ ਗ੍ਰਿਫਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਤਲਵੰਡੀ ਭਾਈ ਪੁਲਸ ਨੇ ਗਸ਼ਤ ਤੇ ਚੈਕਿੰਗ ਦੌਰਾਨ ਇੱਕ ਵਿਅਕਤੀ ਨੂੰ 8840 ਰੁਪਏ ਜੂਏ ਦੀ ਰਾਸ਼ੀ ਸਮੇਤ ਗ੍ਰਿਫਤਾਰ ਕਰਕੇ ਉਸ ਖਿਲਾਫ ਜੂਆ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਜੋਗਿੰਦਰ ਪਾਲ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਇਲਾਕੇ ਵਿੱਚ ਗਸ਼ਤ ਕਰ ਰਹੀ ਸੀ ਤਾਂ ਇਸ ਦੌਰਾਨ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਵਿਨੋਦ ਕੁਮਾਰ ਉਰਫ ਕਾਲੀ ਪੁੱਤਰ ਹਰੀ ਚੰਦ ਵਾਸੀ ਵਾਰਡ ਨੰਬਰ 5 ਨਵੀਂ ਆਬਾਦੀ ਤਲਵੰਡੀ ਭਾਈ ਦੜਾ ਸੱਟਾ ਲਗਾਉਣ ਦਾ ਆਦੀ ਹੈ, ਜੋ ਤੁਰ ਫਿਰ ਕੇ ਦੜਾ ਸੱਟਾ ਲਿਖ ਰਿਹਾ ਹੈ, ਜਿਸ ਨੂੰ ਮੌਕੇ 'ਤੇ ਕਾਬੂ ਕੀਤਾ ਜਾ ਸਕਦਾ ਹੈ। ਪੁਲਸ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਕਾਬੂ ਕਰਕੇ ਉਸ ਕੋਲੋਂ 8840 ਰੁਪਏ ਜੂਏ ਦੀ ਰਾਸ਼ੀ ਬਰਾਮਦ ਕੀਤੀ। ਪੁਲਸ ਨੇ ਦੱਸਿਆ ਕਿ ਉਕਤ ਮੁਲਜ਼ਮ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

## ਐੱਮ ਏ ਐੱਮ ਸਕੂਲ ਦੀ ਪ੍ਰਿੰਸੀਪਲ ਡਾ. ਮੋਨਿਕਾ ਕੈਨੇਡਾ 'ਚ ਸਨਮਾਨਤ



**ਸਮਰਾਲਾ (ਸੁਰਜੀਤ ਸਿੰਘ)**-ਸਥਾਨਕ ਮੈਕਸ ਆਰਥਰ ਮੈਕਾਲਿਫ਼ ਪਬਲਿਕ ਸਕੂਲ ਦੇ ਪ੍ਰਿੰਸੀਪਲ ਡਾ. ਮੋਨਿਕਾ ਨੂੰ ਵਿਸ਼ਵ ਸ਼ਾਂਤੀ ਤੇ ਗਲੋਬਲ ਸਹਿਮਤੀ ਦੇ ਪ੍ਰਚਾਰ ਵਿੱਚ ਉਨ੍ਹਾਂ ਦੇ ਮਹੱਤਵਪੂਰਨ ਯੋਗਦਾਨ ਲਈ ਕੈਨੇਡਾ ਦੇ ਮਿਸੀਸਾਗਾ ਸ਼ਹਿਰ ਵਿੱਚ ਸਥਿਤ ਕੌਂਸਲ ਆਫ਼ ਹੈਰੀਟੇਜ ਐਂਡ ਇੰਟਰਨੈਸ਼ਨਲ ਪੀਸ ਵੱਲੋਂ 'ਐਵਾਰਡ ਆਫ਼ ਆਨਰਜ਼' ਨਾਲ ਸਨਮਾਨਤ ਕੀਤਾ ਗਿਆ।ਉਨ੍ਹਾਂ ਨੂੰ ਇਹ ਪੁਰਸਕਾਰ ਸਨਮਾਨ ਸਮਾਰੋਹ ਦੌਰਾਨ ਕੌਂਸਲ ਦੇ ਚੇਅਰਮੈਨ ਰੋਸ਼ਨ ਪਾਠਕ ਵੱਲੋਂ ਭੇਟ ਕੀਤਾ ਗਿਆ।ਇਸ ਸਮਾਰੋਹ ਵਿੱਚ ਸਿੱਖਿਆ ਤੇ ਸ਼ਾਂਤੀ ਨਿਰਮਾਣ ਦੇ ਖੇਤਰ ਵਿੱਚ ਸ਼ਾਨਦਾਰ ਸੇਵਾਵਾਂ ਨਿਭਾਉਣ ਵਾਲੇ ਵੱਖ-ਵੱਖ ਖੇਤਰਾਂ ਤੋਂ ਆਏ 12 ਪ੍ਰਮੁੱਖ ਵਿਦਵਾਨਾਂ ਨੂੰ ਸਨਮਾਨਤ ਕੀਤਾ ਗਿਆ।ਇਸ ਮੌਕੇ ਪ੍ਰਿੰਸੀਪਲ ਡਾ. ਮੋਨਿਕਾ ਨੇ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਸਮਾਜ ਵਿੱਚ ਆਪਸੀ ਸਮਝ, ਸਹਿਣਸ਼ੀਲਤਾ ਤੇ ਸਥਾਈ ਸ਼ਾਂਤੀ ਦੀ ਸਥਾਪਨਾ ਲਈ ਸਿੱਖਿਆ ਇੱਕ ਮਹੱਤਵਪੂਰਨ ਭੂਮਿਕਾ ਨਿਭਾਉਂਦੀ ਹੈ।ਅੰਤ ਵਿੱਚ ਕੌਂਸਲ ਆਫ਼ ਹੈਰੀਟੇਜ ਐਂਡ ਇੰਟਰਨੈਸ਼ਨਲ ਪੀਸ ਵੱਲੋਂ ਵੀ ਸਾਰੇ ਸਨਮਾਨਤ ਵਿਦਵਾਨਾਂ ਦੇ ਸਾਂਝੇ ਯਤਨਾਂ ਦੀ ਪ੍ਰਸ਼ੰਸਾ ਕਰਦੇ ਹੋਏ ਸਿੱਖਿਆ ਰਾਹੀਂ ਸ਼ਾਂਤੀ, ਸੱਭਿਆਚਾਰਕ ਸਹਿਮਤੀ ਤੇ ਅੰਤਰਰਾਸ਼ਟਰੀ ਸਮਝ ਨੂੰ ਉਤਸ਼ਾਹਤ ਕਰਨ ਪ੍ਰਤੀ ਆਪਣੀ ਵਚਨਬੱਧਤਾ ਮੁੜ ਤੋਂ ਦੁਹਰਾਈ ਗਈ।

## ਯੂਨੀਵਰਸਲ ਕਾਲਜ 'ਚ ਕੈਰੀਅਰ ਕਾਉਂਸਲਿੰਗ ਸੰਬੰਧੀ ਸਮਾਗਮ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਯੂਨੀਵਰਸਲ ਕਾਲਜ ਪਾਤੜਾਂ ਵੱਲੋਂ ਸਮੂਹ ਮਾਰਗ ਦਰਸ਼ਨ ਪ੍ਰੋਗਰਾਮ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਦੇ ਸਹਿਯੋਗ ਨਾਲ ਕਰਵਾਇਆ ਗਿਆ।ਇਸ ਪ੍ਰੋਗਰਾਮ ਵਿੱਚ ਬਹੁਤ ਸਾਰੇ ਸਕੂਲਾਂ ਦੇ ਵਿਦਿਆਰਥੀ ਨੇ ਹਿੱਸਾ ਲਿਆ।ਪ੍ਰੋਗਰਾਮ ਵਿੱਚ ਵਿਦਿਆਰਥੀਆਂ ਦੀ ਕਰੀਅਰ ਕਾਉਂਸਲਿੰਗ ਕੀਤੀ ਗਈ।ਵਿਦਿਆਰਥੀਆਂ ਨੂੰ ਵੱਖ-ਵੱਖ ਕੋਰਸ ਅਕਾਦਮਿਕ, ਵੋਕੇਸ਼ਨਲ, ਸਕਿੱਲ ਬੇਸਡ, ਟੈਕਨੀਕਲ ਆਈਟੀਆਈ, ਕੰਪਿਊਟਰ, ਨਰਸਿੰਗ ਹਰ ਕਿਸਮ ਦੇ ਕੋਰਸਾਂ ਬਾਰੇ ਜਾਣਕਾਰੀ ਦਿੱਤੀ ਗਈ।ਇਸ ਦੌਰਾਨ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਤੋਂ ਆਏ ਡਿਪਟੀ ਸੀਈਓ ਸਤਿੰਦਰ ਸਿੰਘ, ਕਰੀਅਰ ਕਾਉਂਸਲਰ ਮਿਸ ਰੂਪਸੀ ਪਾਹੂਜਾ, ਮਾਨਿਕ ਰਾਜ ਸਿੰਗਲਾ, ਚੀਫ ਐਡੀਟਰ ਆਫ ਨਿਊਜ਼ ਫਟਾਫਟ ਟੀਵੀ ਪ੍ਰਵੀਨ ਕੁਮਾਰ ਸਿੰਗਲਾ, ਰਿਟਾਇਰਡ ਸੀਨੀਅਰ ਮੈਨੇਜਰ ਭਾਰਤੀ ਸਟੇਟ ਬੈਂਕ ਮਿਸਟਰ ਸੰਜੇ ਮਲਹੋਤਰਾ ਨੇ ਵਿਦਿਆਰਥੀਆਂ ਦਾ ਭਵਿੱਖ ਸਬੰਧੀ ਮਾਰਗਦਰਸ਼ਨ ਕੀਤਾ।ਕਾਲਜ ਦੇ ਚੇਅਰਮੈਨ ਬਲਜੀਤ ਸਿੰਘ, ਵਾਈਸ ਚੇਅਰਮੈਨ ਵੀਰਇੰਦਰ ਸਿੰਘ ਧਾਲੀਵਾਲ ਤੇ ਸੈਕਟਰੀ ਪਰਮਿੰਦਰ ਸਿੰਘ ਘੱਗਾ ਨੇ ਦੱਸਿਆ ਕਿ ਇਹੋ ਜਿਹੇ ਪ੍ਰੋਗਰਾਮ ਸਮਾਜ ਵਿੱਚ ਜਾਗਰੂਕਤਾ ਫੈਲਾਉਣ ਤੇ ਵਿਦਿਆਰਥੀਆਂ ਨੂੰ ਸਹੀ ਦਿਸ਼ਾ ਦੇਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।ਉਨ੍ਹਾਂ ਨੇ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਹੋਰ ਪ੍ਰੋਗਰਾਮ ਕਰਵਾਉਣ ਦਾ ਭਰੋਸਾ ਦਿੱਤਾ।ਡਾਇਰੈਕਟਰ ਡਾ. ਅਮਰੀਸ਼ ਧਵਨ ਤੇ ਪ੍ਰਿੰਸੀਪਲ ਯਾਦਵਿੰਦਰ ਸਿੰਘ ਨੇ ਵਿਦਿਆਰਥੀਆਂ ਨੂੰ ਹੁਨਰ ਸਬੰਧੀ ਕੋਰਸਾਂ ਦੀ ਮਹੱਤਤਾ ਦੱਸੀ।

## ਨਸ਼ਿਆਂ ਵਿਰੁੱਧ ਸਾਈਕਲ ਜਾਗਰੂਕਤਾ ਰੈਲੀ

**ਸਮਰਾਲਾ (ਸੁਰਜੀਤ ਸਿੰਘ)**-ਨੌਜਵਾਨਾਂ ਨੂੰ ਨਸ਼ਿਆਂ ਵਰਗੀ ਅਲਾਮਤ ਤੋਂ ਦੂਰ ਰੱਖਣ ਤੇ ਉਨ੍ਹਾਂ ਨੂੰ ਮਾੜੀ ਸੰਗਤ ਤੋਂ ਪ੍ਰਹੇਜ਼ ਕਰਕੇ ਆਪਣੇ ਕਰੀਅਰ ਵੱਲ ਮੁਕੰਮਲ ਧਿਆਨ ਦੇਣ ਦੇ ਮਨਸੂਬੇ ਨਾਲ ਜ਼ਿਲ੍ਹਾ ਤੇ ਸੈਸ਼ਨ ਜੱਜ ਲੁਧਿਆਣਾ ਸ੍ਰੀਮਤੀ ਹਰਪ੍ਰੀਤ ਕੌਰ ਰੰਧਾਵਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅਤੇ ਸੀ.ਜੇ.ਐੱਮ. ਕਮ ਸਕੱਤਰ ਡੀ.ਐੱਲ.ਐੱਸ.ਏ. ਸ੍ਰੀਮਤੀ ਸੁਮਿਤ ਸਾਬਰਵਾਲ ਦੀ ਅਗਵਾਈ ਹੇਠ ਨਸ਼ਿਆਂ ਵਿਰੁੱਧ ਨੌਜਵਾਨਾਂ ਨੂੰ ਜਾਗਰੂਕ ਕਰਨ ਦੀ ਮੁਹਿੰਮ ਤਹਿਤ ਸਥਾਨਕ ਸਰਕਾਰੀ ਸਕੂਲ ਤੋਂ ਸਾਈਕਲ ਰੈਲੀ ਦਾ ਆਯੋਜਨ ਕੀਤਾ ਗਿਆ।ਇਸ ਰੈਲੀ ਨੂੰ ਐੱਸ.ਡੀ.ਜੇ.ਐੱਮ. ਸਮਰਾਲਾ ਜੱਜ ਸ੍ਰੀ ਰਾਜਿੰਦਰ ਸਿੰਘ ਨੇ ਹਰੀ ਝੰਡੀ ਦੇ ਕੇ ਰਵਾਨਾ ਕੀਤਾ।ਇਸ ਮੌਕੇ ਮਾਣਯੋਗ ਜੱਜ ਸ੍ਰੀ ਰਜਿੰਦਰ ਸਿੰਘ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਨਸ਼ਿਆਂ ਦਾ ਸੇਵਨ ਜਿੱਥੇ ਉਨ੍ਹਾਂ ਦੇ ਕੈਰੀਅਰ ਨੂੰ ਤਬਾਹ ਕਰਦਾ ਹੈ, ਉਥੇ ਇਹ ਮਾੜੀ ਆਦਤ ਇੱਕ ਸਮਾਜਿਕ ਕਲੰਕ ਹੈ।ਉਨ੍ਹਾਂ ਕਿਹਾ ਕਿ ਨਸ਼ਿਆਂ ਦੇ ਸੇਵਨ ਦਾ ਸਿੱਧਾ ਰਾਹ ਸਿਵਿਆਂ ਵੱਲ ਨੂੰ ਨਿਕਲਦਾ ਹੈ।ਉਨ੍ਹਾਂ ਕਿਹਾ ਕਿ ਬੁਰੀ ਸੰਗਤ ਤੋਂ ਦੂਰ ਰਹਿ ਕੇ ਬੱਚੇ ਆਪਣੀ ਪੜ੍ਹਾਈ ਵੱਲ ਤਵੱਜੋ ਦੇਣ ਤਾਂ ਜੋ ਉਹ ਵੱਡੇ ਹੋ ਕੇ ਆਪਣਾ ਮਿੱਥਿਆ ਟੀਚਾ ਪ੍ਰਾਪਤ ਕਰਕੇ ਸਮਾਜ ਤੇ ਮਾਪਿਆਂ ਦਾ ਨਾਂ ਰੌਸ਼ਨ ਕਰ ਸਕਣ।ਇਸ ਮੌਕੇ ਸਿਵਲ ਜੱਜ ਸ੍ਰੀ ਰਾਜਿੰਦਰਪਾਲ ਸਿੰਘ ਗਿੱਲ ਤੇ ਸਿਵਲ ਜੱਜ ਸ੍ਰੀ ਦੇਵਨੂਰ ਸਿੰਘ ਮੌਜੂਦ ਸਨ।




## ਵਿਜੀਲੈਂਸ ਵੱਲੋਂ ਪਨਗ੍ਰੇਨ ਦੇ ਇੰਸਪੈਕਟਰ ਤੇ ਦਲਾਲ ਆੜ੍ਹਤੀਏ ਖਿਲਾਫ ਕੇਸ ਦਰਜ

■ ਕੋਟਫੱਤਾ ਦੇ ਆੜ੍ਹਤੀਏ ਤੋਂ ਕਣਕ ਦੀ ਖਰੀਦ ਸਮੇਂ ਇੱਕ ਰੁਪਏ ਪ੍ਰਤੀ ਗੱਟਾ ਲਿਆ ਸੀ ਕਮਿਸ਼ਨ

**ਬਠਿੰਡਾ (ਪਰਵਿੰਦਰ ਜੀਤ ਸਿੰਘ)**


ਸਾਲ 2025 ਦੌਰਾਨ ਕਣਕ ਦੀ ਖਰੀਦ ਵਿੱਚ ਕੁਝ ਅਧਿਕਾਰੀਆਂ ਵੱਲੋਂ ਇਕ ਰੁਪਏ ਪ੍ਰਤੀ ਕਮਿਸ਼ਨ ਆੜ੍ਹਤੀਆਂ ਕੋਲੋਂ ਲਏ ਜਾਣ ਦਾ ਪਰਦਾਫਾਸ਼ ਹੋਇਆ ਹੈ।ਵਿਜੀਲੈਂਸ ਬਿਊਰੋ ਨੇ ਪਨਗ੍ਰੇਨ ਦੇ ਇਕ ਇੰਸਪੈਕਟਰ ਤੇ ਆੜ੍ਹਤੀ ਖਿਲਾਫ ਕੁਰੱਪਸ਼ਨ ਦੇ ਦੋਸ਼ਾਂ ਹੇਠ ਕੇਸ ਦਰਜ ਕੀਤਾ ਹੈ।ਅਜੇ ਤੱਕ ਇੰਸਪੈਕਟਰ ਤੇ ਦਲਾਲ ਆੜ੍ਹਤੀਆ ਫਰਾਰ ਦੱਸੇ ਜਾ ਰਹੇ ਹਨ।ਪ੍ਰਾਪਤ ਜਾਣਕਾਰੀ ਅਨੁਸਾਰ ਇੱਕ ਹੋਰ ਆੜ੍ਹਤੀਏ ਰਾਧੇ ਸ਼ਾਮ ਪੁੱਤਰ ਦੁਰਗਾ ਦਾਸ ਵਾਸੀ ਕੋਟਫੱਤਾ ਜ਼ਿਲ੍ਹਾ ਬਠਿੰਡਾ ਨੇ ਪੰਜਾਬ ਸਰਕਾਰ ਦੀ ਐਂਟੀ-ਕੁਰੱਪਸ਼ਨ ਹੈਲਪ ਲਾਈਨ ਉੱਪਰ 25 ਨਵੰਬਰ 2025 ਨੂੰ ਇਕ ਸ਼ਿਕਾਇਤ ਦਰਜ ਕਰਵਾਈ ਸੀ ਕਿ ਉਹ ਦੁਰਗਾ ਟਰੇਡਿੰਗ ਤੇ ਮੰਨੂ ਟਰੇਡਿੰਗ ਨਾਮ 'ਤੇ ਆੜ੍ਹਤ ਦੀ ਦੁਕਾਨ ਕਰਦਾ ਹੈ।ਉਸ ਨੇ ਦੱਸਿਆ ਸੀ ਕਿ ਸਾਲ 2025 ਦੀ ਕਣਕ ਦੀ ਖਰੀਦ ਦੌਰਾਨ ਉਸ ਦੀ ਆੜ੍ਹਤ ਰਾਹੀਂ ਪਨਗ੍ਰੇਨ ਵੱਲੋਂ 22,201 ਗੱਟਾ ਕਣਕ ਦਾ ਖਰੀਦ ਕੀਤਾ ਗਿਆ ਸੀ।ਇਸ ਖਰੀਦ ਦੌਰਾਨ ਪਨਗ੍ਰੇਨ ਮੌੜ ਮੰਡੀ ਦੇ ਇੰਸਪੈਕਟਰ ਭੁਪਿੰਦਰ ਸਿੰਘ ਨੇ ਕ੍ਰਿਸ਼ਨ ਕੁਮਾਰ ਆੜ੍ਹਤੀ ਰਾਹੀਂ ਉਸ ਕੋਲੋਂ ਇਕ ਰੁਪਏ ਪ੍ਰਤੀ ਗੱਟਾ ਕਮਿਸ਼ਨ ਦੀ ਮੰਗ ਕੀਤੀ।ਪੀੜਤ ਆੜ੍ਹਤੀ ਨੇ ਦੱਸਿਆ ਸੀ ਕਿ ਜਦੋਂ ਉਸ ਨੇ ਕੁਝ ਸਮਾਂ ਪੈਸੇ ਨਾ ਦਿੱਤੇ ਤਾਂ ਇੰਸਪੈਕਟਰ ਭੁਪਿੰਦਰ ਸਿੰਘ ਨੇ ਉਸ ਨੂੰ ਤੰਗ ਪ੍ਰੇਸ਼ਾਨ ਕਰਨਾ ਸ਼ੁਰੂ ਕਰ ਦਿੱਤਾ।ਪੀੜਤ ਨੇ ਦੱਸਿਆ ਕਿ ਇਸ ਦੌਰਾਨ 22,201 ਕਣਕ ਦੇ ਗੱਟਿਆਂ ਦਾ ਇੰਸਪੈਕਟਰ ਵੱਲੋਂ ਕ੍ਰਿਸ਼ਨ ਕਮਿਸ਼ਨ ਏਜੰਟ ਰਾਹੀਂ 22000 ਰੁਪਏ ਰਿਸ਼ਵਤ ਲਈ ਗਈ।ਵਿਜੀਲੈਂਸ ਬਿਊਰੋ ਨੇ ਸ਼ਿਕਾਇਤ ਦੀ ਪੜਤਾਲ ਦੌਰਾਨ ਦਰਜ ਕੀਤੇ ਗਏ ਬਿਆਨਾਂ, ਪੇਸ਼ ਹੋਏ ਰਿਕਾਰਡ ਤੇ ਫਾਈਲ ਨਾਲ ਲੱਗੀਆਂ ਪੈਨ ਡਰਾਈਵ ਦੀ ਜਾਂਚ ਤੋਂ ਬਾਅਦ ਪਾਇਆ ਗਿਆ ਕਿ ਰਾਧੇ ਸ਼ਾਮ ਆੜ੍ਹਤੀਏ ਕੋਲੋਂ ਇੰਸਪੈਕਟਰ ਨੇ 22000 ਦੀ ਰਿਸ਼ਵਤ ਹਾਸਲ ਕੀਤੀ ਸੀ।ਮਾਮਲਾ ਦਰਜ ਕਰਨ ਤੋਂ ਪਹਿਲਾਂ ਵਿਜੀਲੈਂਸ ਬਿਊਰੋ ਨੇ ਉਪ-ਜ਼ਿਲ੍ਹਾ ਅਟਾਰਨੀ ਵਿਜੀਲੈਂਸ ਬਿਊਰੋ ਰੇਂਜ ਬਠਿੰਡਾ ਦੀ ਲੀਗਲ ਰਾਇ ਲਈ, ਜਿਨ੍ਹਾਂ ਨੇ ਭੁਪਿੰਦਰ ਸਿੰਘ ਇੰਸਪੈਕਟਰ ਪਨਗ੍ਰੇਨ ਮੌੜ ਮੰਡੀ ਤੇ ਉਸ ਦੇ ਦਲਾਲ ਕ੍ਰਿਸ਼ਨ ਕੁਮਾਰ ਪੁੱਤਰ ਭੂਰਾ ਰਾਮ ਆੜ੍ਹਤੀਏ ਖਿਲਾਫ ਕੇਸ ਦਰਜ ਕਰ ਲਿਆ ਹੈ।ਫ਼ਿਲਹਾਲ ਇੰਸਪੈਕਟਰ ਤੇ ਦਲਾਲ ਆੜ੍ਹਤੀਆ ਫਰਾਰ ਚੱਲ ਰਹੇ ਹਨ, ਜਿਨ੍ਹਾਂ ਦੀ ਗ੍ਰਿਫ਼ਤਾਰੀ ਲਈ ਵਿਜੀਲੈਂਸ ਨੇ ਟੀਮਾਂ ਦਾ ਗਠਨ ਕਰ ਦਿੱਤਾ ਹੈ।

## ਚੋਣਾਂ 'ਚ ਜਿੱਤ ਲੋਕਾਂ ਵੱਲੋਂ ਆਪ ਦੇ ਹੱਕ 'ਚ ਫਤਵਾ : ਥਿੰਦ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਸੂਬੇ ਵਿੱਚ ਹੋਈਆਂ ਬਲਾਕ ਸੰਮਤੀ ਤੇ ਜ਼ਿਲ੍ਹਾ ਪ੍ਰੀਸ਼ਦ ਚੋਣਾਂ ਆਮ ਆਦਮੀ ਪਾਰਟੀ ਨੇ ਜਿੱਤ ਕੇ ਇਤਿਹਾਸ ਰਚਿਆ ਹੈ।ਸਰਕਾਰ ਵੱਲੋਂ ਕੀਤੇ ਗਏ ਕੰਮਾਂ ਉੱਤੇ ਮੋਹਰ ਲਗਾ ਕੇ ਸੂਬੇ ਦੇ ਲੋਕਾਂ ਨੇ ਇਹ ਸਾਬਿਤ ਕਰ ਦਿੱਤਾ ਹੈ ਕਿ ਲੋਕ ਆਮ ਆਦਮੀ ਪਾਰਟੀ ਦੇ ਕੰਮਾਂ ਤੋਂ ਖੁਸ਼ ਹਨ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਵਿਧਾਨ ਸਭਾ ਹਲਕਾ ਸ਼ੁਤਰਾਣਾ ਤੋਂ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਕੁਲਦੀਪ ਸਿੰਘ ਥਿੰਦ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਆਪ ਆਗੂ ਕੁਲਦੀਪ ਸਿੰਘ ਥਿੰਦ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਸੂਬੇ ਦੇ ਸਰਬਪੱਖੀ ਵਿਕਾਸ ਲਈ ਲਗਾਤਾਰ ਯਤਨਸ਼ੀਲ ਹੈ। ਸ਼੍ਰੋਮਣੀ ਅਕਾਲੀ ਦਲ ਤੇ ਕਾਂਗਰਸ ਉੱਤੇ ਤਿੱਖਾ ਹਮਲਾ ਕਰਦਿਆਂ ਆਪ ਆਗੂ ਨੇ ਕਿਹਾ ਕਿ ਚੰਦ ਸੀਟਾਂ ਜਿੱਤ ਕੇ ਜਿੱਥੇ ਅਕਾਲੀ ਦਲ ਸੂਬੇ ਦੀ ਸੱਤਾ ਉੱਤੇ ਮੁੜ ਕਾਬਜ਼ ਹੋਣ ਦੇ ਸੁਪਨੇ ਲੈਣ ਲੱਗਾ ਹੈ, ਉੱਥੇ ਖੱਖੜੀਆਂ ਕਰੇਲੇ ਹੋਈ ਕਾਂਗਰਸ ਕੋਲ ਸਰਕਾਰ ਨੂੰ ਭੰਡਣ ਤੋਂ ਇਲਾਵਾ ਕੋਈ ਰਾਹ ਨਜ਼ਰ ਨਹੀਂ ਆਉਂਦਾ।ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਦੀ ਅਗਵਾਈ ਵਿੱਚ ਬਲਾਕ ਸੰਮਤੀ ਦੇ 18 ਜ਼ੋਨਾਂ ਅਤੇ ਜ਼ਿਲ੍ਹਾ ਪ੍ਰੀਸ਼ਦ ਦੇ ਚਾਰ ਵਿੱਚੋਂ ਤਿੰਨ ਜ਼ੋਨਾਂ ਉੱਤੇ ਦਰਜ ਕੀਤੀ ਗਈ ਜਿੱਤ ਨੇ ਦੱਸ ਦਿੱਤਾ ਹੈ ਕਿ ਲੋਕ ਆਮ ਆਦਮੀ ਪਾਰਟੀ ਦੇ ਨਾਲ ਹਨ।

## ਬਲਾਕ ਪੱਧਰੀ ਗਣਿਤ ਮੇਲੇ 'ਚ ਕਕਰਾਲਾ ਸਕੂਲ ਨੇ ਮਾਰੀਆਂ ਮੱਲਾਂ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਰਾਸ਼ਟਰੀ ਅਵਿਸ਼ਕਾਰ ਅਭਿਆਨ ਤਹਿਤ ਬਲਾਕ ਪੱਧਰੀ ਗਣਿਤ ਮੇਲਾ ਸਰਕਾਰੀ ਹਾਈ ਸਕੂਲ ਮਵੀ ਵਿਖੇ ਕਰਵਾਇਆ ਗਿਆ, ਜਿਸ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਕਕਰਾਲਾ ਦੇ ਵਿਦਿਆਰਥੀਆਂ ਵੱਲੋਂ ਚਾਰ ਮੁਕਾਬਲਿਆਂ ਵਿੱਚ ਇਨਾਮ ਜਿੱਤ ਕੇ ਅਧਿਆਪਕਾਂ, ਸਕੂਲ ਤੇ ਪਿੰਡ ਦਾ ਨਾਮ ਰੌਸ਼ਨ ਕੀਤਾ ਗਿਆ।ਸਕੂਲ ਦੇ ਗਣਿਤ ਅਧਿਆਪਕ ਸਤਪਾਲ ਸਿੰਘ ਤੇ ਅਮਨਦੀਪ ਕੌਰ ਨੇ ਦੱਸਿਆ ਕਿ ਵਿਭਾਗ ਵੱਲੋਂ ਗਣਿਤ ਨਾਲ ਸੰਬੰਧਤ ਕੁੱਲ ਪੰਜ ਵਿਸ਼ਿਆਂ 'ਤੇ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਵਿੱਚ ਪਹਿਲਾ ਮੁਕਾਬਲਾ 'ਗਣਿਤ ਦੀ ਰੋਜ਼ਾਨਾ ਜ਼ਿੰਦਗੀ ਵਿੱਚ ਵਰਤੋਂ' ਵਿਸ਼ੇ ਵਿੱਚ ਕਕਰਾਲਾ ਸਕੂਲ ਦੀ 10ਵੀਂ ਜਮਾਤ ਦੀ ਵਿਦਿਆਰਥਣ ਸਿਮਰਨਜੀਤ ਕੌਰ ਨੇ ਪਹਿਲਾ ਸਥਾਨ, ਦੂਜੇ ਮੁਕਾਬਲੇ ਵਿਸ਼ਾ 'ਮਨੋਰੰਜਕ ਗਣਿਤ' ਵਿੱਚ ਸਕੂਲ ਦੀ 10ਵੀਂ ਜਮਾਤ ਦੀ ਵਿਦਿਆਰਥਣ ਦਿਲਪ੍ਰੀਤ ਕੌਰ ਨੇ ਪਹਿਲਾ ਸਥਾਨ, ਤੀਜੇ ਮੁਕਾਬਲੇ ਵਿਸ਼ਾ 'ਸੂਚਨਾ ਤਕਨਾਲੋਜੀ ਦੀ ਗਣਿਤ ਵਿੱਚ ਵਰਤੋਂ' ਵਿੱਚ ਮਨਜੋਤ ਸਿੰਘ ਜਮਾਤ 10ਵੀਂ ਨੇ ਦੂਜਾ ਸਥਾਨ ਤੇ ਚੌਥੇ ਮੁਕਾਬਲੇ 'ਗਣਿਤ ਮਾਡਲਿੰਗ/ ਅਧਿਆਪਨ ਸਿੱਖਣ ਸਮੱਗਰੀ' ਵਿੱਚ 10ਵੀਂ ਜਮਾਤ ਦੇ ਵਿਦਿਆਰਥੀ ਅਸ਼ਨਪ੍ਰੀਤ ਸਿੰਘ ਨੇ ਦੂਜਾ ਸਥਾਨ ਪ੍ਰਾਪਤ ਕੀਤਾ।ਸਕੂਲ ਇੰਚਾਰਜ ਲੈਕਚਰਾਰ ਰਾਮ ਕੁਮਾਰ ਤੇ ਸਮੂਹ ਸਟਾਫ ਮੈਂਬਰਾਂ ਨੇ ਇਨ੍ਹਾਂ ਮੁਕਾਬਲਿਆਂ ਦੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਲਗਾਤਾਰ ਮਿਹਨਤ ਕਰਦੇ ਰਹਿਣ ਦੀ ਪ੍ਰੇਰਣਾ ਦਿੱਤੀ।

# ਟਰਾਂਸਮਿਸ਼ਨ ਤੇ ਪਾਵਰਕਾਮ ਮੰਡਲ ਰਾਮਪੁਰਾ ਫੂਲ ਨੇ ਪੈਨਸ਼ਨਰ ਦਿਵਸ ਮਨਾਇਆ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਹਰ ਸਾਲ ਦੀ ਤਰ੍ਹਾਂ ਐਤਕੀਂ ਵੀ ਟਰਾਂਸਮਿਸ਼ਨ ਤੇ ਪਾਵਰਕਾਮ ਮੰਡਲ ਯੂਨਿਟ ਰਾਮਪੁਰਾ ਫੂਲ ਦੇ ਪੈਨਸ਼ਨਰਾਂ ਨੇ ਪ੍ਰਧਾਨ ਕੁਲਦੀਪ ਸਿੰਘ ਤੇ ਸਕੱਤਰ ਨਸੀਬ ਚੰਦ ਸ਼ਰਮਾ ਦੀ ਪ੍ਰਧਾਨਗੀ ਵਿੱਚ ਪੈਨਸ਼ਨਰ ਦਿਵਸ ਮਨਾਇਆ ਗਿਆ।ਇਸ ਮੌਕੇ ਸਰਕਲ ਬਠਿੰਡਾ ਦੇ ਪ੍ਰਧਾਨ ਧੰਨਾ ਸਿੰਘ ਤਿੱਗੜੀ ਤੇ ਸਰਕਲ ਸਕੱਤਰ ਕਰਮ ਸਿੰਘ ਜੋਗਾ ਵਿਸ਼ੇਸ਼ ਸੱਦੇ 'ਤੇ ਸੁਰਿੰਦਰ ਸਿੰਘ ਸਰਕਲ ਖਜ਼ਾਨਚੀ ਤੇ ਸਰਕਲ ਪ੍ਰੈੱਸ ਦੇ ਸਕੱਤਰ ਨਸੀਬ ਚੰਦ ਸ਼ਰਮਾ ਹਾਜ਼ਰ ਹੋਏ ਅਤੇ ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਐਸੋਸੀਏਸਨ ਸਾਂਝਾ ਫਰੰਟ ਵੱਲੋਂ ਕਰਮ ਸਿੰਘ ਤੇ ਅਮਰਜੀਤ ਸਿੰਘ ਪਹੁੰਚੇ ਅਤੇ ਵੱਡੀ ਗਿਣਤੀ ਵਿੱਚ ਸਨਮਾਨਯੋਗ ਪੈਨਸ਼ਨਰਾਂ ਤੇ ਪਰਵਾਰਾਂ ਨੇ ਸ਼ਮੂਲੀਅਤ ਕੀਤੀ।ਸਟੇਜ ਦੀ ਕਾਰਵਾਈ ਡਵੀਜ਼ਨ ਸਕੱਤਰ ਨਸੀਬ ਸ਼ਰਮਾ ਨੇ ਸ਼ੁਰੂਆਤ ਕੀਤੀ ਅਤੇ ਸਭ ਤੋਂ ਪਹਿਲਾਂ ਵਿੱਛੜੇ ਹੋਏ ਸਾਥੀਆਂ ਨੂੰ ਦੋ ਮਿੰਟ ਦਾ ਮੋਨ ਧਾਰਨ ਕਰਕੇ ਸ਼ਰਧਾਂਜਲੀ ਭੇਟ ਕੀਤੀ ਗਈ।ਪ੍ਰਧਾਨ ਕੁਲਦੀਪ ਸਿੰਘ ਨੇ ਪੈਨਸ਼ਨ ਡੇ ਮਹੱਤਤਾ ਬਾਰੇ ਵਿਚਾਰ ਸਾਂਝੇ ਕੀਤੇ ਤੇ ਪਿਛਲੇ ਸਾਲ ਦੇ ਲੇਖੇ ਜੋਖੇ ਦੀ ਰਿਪੋਟ ਨੂੰ ਸੁਣਾਇਆ।ਸੀਨੀਅਰ ਮੀਤ ਪ੍ਰਧਾਨ ਜਗਜੀਤ ਸਿੰਘ ਕੋਟਲੀ, ਮਲਕੀਤ ਸਿੰਘ ਮਾੜੀ ਨੇ ਪੈਨਸ਼ਨਰਾਂ ਨਾਲ ਵਿਚਾਰ ਸਾਂਝੇ ਕੀਤੇ।ਇੱਕਜੁਟ ਰਹਿਣ ਲਈ ਕਿਹਾ ਤੇ ਹਰ ਮਹੀਨੇ ਦੀ ਮੀਟਿੰਗ ਵਿੱਚ ਆਉਣ ਲਈ ਕਿਹਾ।ਕਰਮ ਸਿੰਘ ਸਰਕਲ ਸਕੱਤਰ ਬਠਿੰਡਾ ਨੇ ਆਪਣੇ ਵਿਚਾਰ ਸਾਂਝੇ ਕੀਤੇ ਤੇ ਸਨਮਾਨ ਲਈ ਆਏ ਹੋਏ ਪੈਨਸ਼ਨਰਾਂ ਤੇ ਪਰਵਾਰਾਂ ਦਾ ਧੰਨਵਾਦ ਕੀਤਾ।ਸਰਕਲ ਬਠਿੰਡਾ ਦੇ ਪ੍ਰਧਾਨ ਧੰਨਾ ਸਿੰਘ ਤਿੱਗੜੀ ਨੇ ਵਿਸਥਾਰਪੂਰਵਕ ਪੈਨਸ਼ਨਰਾਂ ਨਾਲ ਵਿਚਾਰ ਸਾਂਝੇ ਕੀਤੇ ਕਿਹਾ ਕਿ ਪੈਨਸ਼ਨ ਇੱਕ ਤੁਹਾਡੀ ਕੀਤੀ ਹੋਈ ਮਿਹਨਤ ਦੀ ਹੈ।ਜੇਠ ਹਾੜ੍ਹ ਦੀਆਂ ਧੁੱਪਾਂ ਵਿੱਚ ਤੇ ਪੋਹ ਮਾਘ ਦੀ ਸਰਦੀ ਦੀ ਰੁੱਤ ਵਿੱਚ ਜੋ ਲਾਇਨਾਂ 'ਤੇ ਕੰਮ ਕੀਤੇ ਹਨ, ਉਨ੍ਹਾਂ ਦੀ ਪੈਨਸ਼ਨ ਲੈ ਰਹੇ ਹੋ।ਇਹ ਕੋਈ ਸਰਕਾਰ ਤੋਂ ਭੀਖ ਮੰਗਣ ਦੀ ਗੱਲ ਨਹੀਂ, ਕੀਤੀ ਹੋਈ ਮਿਹਨਤ ਦੀ ਪੈਨਸ਼ਨ ਹੈ।ਅਗਲੇ ਮਹੀਨੇ ਵਿੱਚ ਸੰਘਰਸ਼ ਦੇ ਪ੍ਰੋਗਰਾਮ ਆ ਰਹੇ ਹਨ।ਉਨ੍ਹਾਂ ਪ੍ਰੋਗਰਾਮਾਂ ਵਿੱਚ ਵੱਧ ਚੜ੍ਹ ਕੇ ਸ਼ਮੂਲੀਅਤ ਕੀਤੀ ਜਾਵੇ।ਇਸ ਸਮਾਗਮ ਦੌਰਾਨ 18 ਪਰਵਾਰਾਂ ਨੂੰ ਸਰਕਲ ਕਮੇਟੀ ਤੇ ਰਾਮਪੁਰਾ ਡਵੀਜ਼ਨ ਕਮੇਟੀ ਵੱਲੋਂ ਲੋਈਆਂ, ਸ਼ਾਲ, ਮੋਮੈਂਟੋ ਤੇ ਮਠਿਆਈ ਦਾ ਡੱਬਾ ਦੇ ਕੇ ਪਵਨ ਕੁਮਾਰ, ਪਵਨ ਕੁਮਾਰ ਮਹਿਤਾ, ਅਵਤਾਰ ਸਿੰਘ, ਬਲਵਿੰਦਰ ਸਿੰਘ, ਗੁਰਨਾਮ ਸਿੰਘ, ਲਾਭ ਸਿੰਘ, ਮਦਨ ਮੋਹਨ, ਮਹਾਤਮਾ ਪ੍ਰਸਾਦ, ਪ੍ਰੀਤਮ ਸਿੰਘ, ਸੱਤਪਾਲ ਸ਼ਰਮਾ, ਸੋਹਨ ਸਿੰਘ, ਹਰਵਿੰਦਰ ਸਿੰਘ ਜਸਵਿੰਦਰ ਕੌਰ, ਬਲਵੀਰ ਸਿੰਘ, ਦੇਵਰਾਜ, ਸੁਖਦੇਵ ਸਿੰਘ, ਨਛੱਤਰ ਸਿੰਘ, ਲਲਤਾ ਰਾਣੀ ਨੂੰ ਸਨਮਾਨਤ ਕੀਤਾ ਗਿਆ।ਸਰਕਲ ਬਠਿੰਡਾ ਦੇ ਪ੍ਰਧਾਨ ਧੰਨਾ ਸਿੰਘ ਤਿੱਗੜੀ ਨੇ ਪੈਨਸ਼ਨਰਾਂ ਦੀਆਂ ਮੰਗਾਂ ਬਾਰੇ ਗੱਲ ਕੀਤੀ ਕਿ ਅਨੇਕਾਂ ਵਾਰੀ ਮੀਟਿੰਗ ਹੋ ਚੁੱਕੀ ਹੈ, ਪਰ ਕੰਨ 'ਤੇ ਜੂੰ ਤੱਕ ਨੀਂ ਸਰਕੀ।ਸਨਮਾਨਤ ਪੈਨਸ਼ਨਰਾਂ ਨੇ ਆਪਣੇ ਤੌਰ 'ਤੇ ਕਮੇਟੀ ਨੂੰ ਦਾਨ ਵੀ ਦਿੱਤਾ।ਸੁਰਿੰਦਰ ਸਿੰਘ ਸਰਕਲ ਖਜ਼ਾਨਚੀ ਨੇ ਸਮਾਗਮ 'ਚ ਪਹੁੰਚੇ ਸਾਰੇ ਸੱਜਣਾਂ ਦਾ ਧੰਨਵਾਦ ਕੀਤਾ।ਸਟੇਜ ਦੀ ਕਾਰਵਾਈ ਨਸੀਬ ਚੰਦ ਸ਼ਰਮਾ ਡਵੀਜ਼ਨ ਸਕੱਤਰ ਨੇ ਬਾਖ਼ੂਬੀ ਨਾਲ ਨਿਭਾਈ।

## ਮਾਪੇ-ਅਧਿਆਪਕ ਮਿਲਣੀ ਦੌਰਾਨ ਮਾਪਿਆਂ ਨੇ ਦਿਖਾਇਆ ਉਤਸ਼ਾਹ



**ਮਾਛੀਵਾੜਾ ਸਾਹਿਬ (ਜਗਦੀਸ਼ ਰਾਏ, ਸ਼ੈਕੀ ਸ਼ਰਮਾ)**-ਸਕੂਲ ਸਿੱਖਿਆ ਵਿਭਾਗ ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਐੱਸ ਐੱਸ ਡੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿਖੇ ਆਯੋਜਤ ਮਾਪੇ ਅਧਿਆਪਕ ਮਿਲਣੀ ਦੌਰਾਨ ਵੱਡੀ ਗਿਣਤੀ 'ਚ ਮਾਪਿਆਂ ਦੀ ਸ਼ਮੂਲੀਅਤ ਨੇ ਇਹ ਸਾਬਤ ਕਰ ਦਿਖਾਇਆ ਕਿ ਮਾਪੇ ਵਿਦਿਆਰਥੀਆਂ ਦੀ ਕਾਰਗੁਜ਼ਾਰੀ ਤੇ ਸਕੂਲ ਦੇ ਪੂਰੇ ਸਿਸਟਮ ਪ੍ਰਤੀ ਕਾਫੀ ਦਿਲਚਸਪੀ ਰੱਖਦੇ ਹਨ।ਸਕੂਲ ਵਿੱਚ ਆਏ ਮਾਪਿਆਂ ਦਾ ਗੁਲਦਸਤਿਆਂ ਨਾਲ ਸਨਮਾਨ ਕੀਤਾ ਗਿਆ।ਇਸ ਮੈਗਾ ਪੀ ਟੀ ਐੱਮ ਦੌਰਾਨ ਸਕੂਲ ਦੇ ਕਾਰਜਕਾਰੀ ਪ੍ਰਿੰਸੀਪਲ ਨਿਰੰਜਨ ਕੁਮਾਰ ਨੇ ਵੱਡੀ ਗਿਣਤੀ ਵਿੱਚ ਇਕੱਠੇ ਹੋਏ ਮਾਪਿਆਂ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਨੂੰ ਨਾ ਸਿਰਫ ਆਪਣੇ ਬੱਚਿਆਂ ਦੀ ਵਿੱਦਿਅਕ ਕਾਰਗੁਜ਼ਾਰੀ, ਬਲਕਿ ਸਕੂਲ ਵਿੱਚ ਚੱਲ ਰਹੇ ਵੱਖ-ਵੱਖ ਨਿਰਮਾਣ ਕਾਰਜ ਤੇ ਗਤੀਵਿਧੀਆਂ ਬਾਰੇ ਵੀ ਜਾਣਕਾਰੀ ਰੱਖਣ ਦੀ ਨਸੀਹਤ ਦਿੱਤੀ।ਉਨ੍ਹਾਂ ਆਖਿਆ ਕਿ ਵਿਦਿਆਰਥੀਆਂ ਨੂੰ ਜਿੰਨਾ ਹੋ ਸਕੇ, ਮੋਬਾਈਲਾਂ ਤੋਂ ਦੂਰ ਰੱਖਿਆ ਜਾਵੇ।ਮਾਪਿਆਂ ਦੀ ਗੁਬਾਰਿਆਂ ਵਾਲੀ ਇੱਕ ਗਤੀਵਿਧੀ ਕਰਾ ਕੇ ਉਨ੍ਹਾਂ ਦੀ ਜਾਗਰੂਕਤਾ ਵੀ ਪਰਖ ਕੀਤੀ ਗਈ।ਇਸ ਮੌਕੇ ਮਾਰਕੀਟ ਕਮੇਟੀ ਦੇ ਚੇਅਰਮੈਨ ਸੁਖਵਿੰਦਰ ਸਿੰਘ ਗਿੱਲ, 'ਆਪ' ਆਗੂ ਅਤੇ ਸਕੂਲ ਮੈਨੇਜਮੈਂਟ ਕਮੇਟੀ ਮੈਂਬਰ ਜਗਮੀਤ ਸਿੰਘ ਮੱਕੜ, ਐਨ ਜੀ ਓ ਮਾਛੀਵਾੜਾ ਸਾਹਿਬ ਸੋਸ਼ਲ ਵੈਲਫੇਅਰ ਸੋਸਾਇਟੀ ਦੇ ਪ੍ਰਧਾਨ ਸ਼ਿਵ ਕੁਮਾਰ ਸ਼ਿਵਲੀ, ਚੇਅਰਪਰਸਨ ਕੁਲਦੀਪ ਕੌਰ, ਮੈਂਬਰ ਸੰਜੀਵ ਨਾਗਪਾਲ, ਲੁਬਾਣਗੜ੍ਹ ਦੇ ਸਰਪੰਚ ਪਰਮਜੀਤ ਕੌਰ, ਜਗਦੀਸ਼ ਚਾਨਣਾ, ਸਮਾਜ ਸੇਵੀ ਅੰਮ੍ਰਿਤ ਪਾਲ ਦੇ ਨਾਲ-ਨਾਲ ਸਮਾਜ ਦੀਆਂ ਅਹਿਮ ਸ਼ਖ਼ਸੀਅਤਾਂ ਨੇ ਸ਼ਮੂਲੀਅਤ ਕੀਤੀ।ਜਗਮੀਤ ਸਿੰਘ ਮੱਕੜ ਨੇ ਮਾਪਿਆਂ ਨੂੰ ਵੀ ਸੰਬੋਧਨ ਕੀਤਾ।ਇਸ ਮੌਕੇ ਆਏ ਮਾਪਿਆਂ ਦਾ ਬਲੱਡ ਪ੍ਰੈਸ਼ਰ ਵੀ ਚੈੱਕ ਕੀਤਾ ਗਿਆ।ਇਸ ਮੈਗਾ ਪੀ.ਟੀ.ਐੱਮ ਨੂੰ ਨੇਪਰੇ ਚੜ੍ਹਾਉਣ ਹਿੱਤ ਟ੍ਰੇਨਿੰਗ ਪ੍ਰਾਪਤ ਅਧਿਆਪਕ, ਸਮੂਹ ਸਟਾਫ ਤੇ ਕੈਂਪਸ ਮੈਨੇਜਰ ਨਰਿੰਦਰ ਸਿੰਘ ਸ਼ਾਮਲ ਸਨ।

## ਮਾੜੀ ਮੁਸਤਫਾ ਤੋਂ ਵੀਰਪਾਲ ਕੌਰ ਦੀ ਜਿੱਤ 'ਤੇ ਸਰਪੰਚ ਯੂਥ ਆਗੂ ਵੱਲੋਂ ਵਧਾਈ



ਬਾਘਾ ਪੁਰਾਣਾ, (ਮਨੀ ਸਿੰਗਲਾ) ਹਲਕਾ ਬਾਘਾ ਪੁਰਾਣਾ ਦੇ ਬਲਾਕ ਸੰਮਤੀ ਜ਼ੋਨ ਮਾੜੀ ਮੁਸਤਫਾ ਤੋਂ ਉਮੀਦਵਾਰ ਭੈਣ ਵੀਰਪਾਲ ਕੌਰ ਦੀ ਸ਼ਾਨਦਾਰ ਜਿੱਤ 'ਤੇ ਪਿੰਡ ਮਾੜੀ ਮੁਸਤਫਾ ਦੇ ਸਰਪੰਚ ਗੁਰਜੰਟ ਸਿੰਘ ਨੇ ਸਮੂਹ ਵੋਟਰਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਹੈ।ਉਨ੍ਹਾਂ ਕਿਹਾ ਕਿ ਪਿੰਡ ਵਾਸੀਆਂ ਨੇ ਇਕਜੁਟ ਹੋ ਕੇ ਆਮ ਆਦਮੀ ਪਾਰਟੀ 'ਤੇ ਭਰੋਸਾ ਜਤਾਇਆ ਹੈ ਅਤੇ ਇਹ ਜਿੱਤ ਪਿੰਡ ਦੀ ਤਰੱਕੀ ਤੇ ਏਕਤਾ ਦੀ ਨਿਸ਼ਾਨੀ ਹੈ।ਸਰਪੰਚ ਗੁਰਜੰਟ ਸਿੰਘ ਨੇ ਕਿਹਾ ਕਿ ਪਾਰਟੀ ਵੱਲੋਂ ਪਿੰਡ ਵਿੱਚ ਨਿਰੰਤਰ ਵਿਕਾਸ ਕਾਰਜ ਕੀਤੇ ਜਾ ਰਹੇ ਹਨ ਤੇ ਇਹ ਜਿੱਤ ਉਨ੍ਹਾਂ ਕਾਰਜਾਂ 'ਤੇ ਪਿੰਡ ਵਾਸੀਆਂ ਦੇ ਵਿਸ਼ਵਾਸ ਦਾ ਸਪੱਸ਼ਟ ਪ੍ਰਤੀਕ ਹੈ।ਉਨ੍ਹਾਂ ਖ਼ਾਸ ਤੌਰ 'ਤੇ ਐਮ.ਐਲ.ਏ ਅੰਮ੍ਰਿਤਪਾਲ ਸਿੰਘ ਸੁਖਾਨੰਦ ਦਾ ਧੰਨਵਾਦ ਕੀਤਾ, ਜਿਨ੍ਹਾਂ ਨੇ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਪਿੰਡ ਦੇ ਹਿੱਤਾਂ ਨੂੰ ਤਰਜੀਹ ਦਿੱਤੀ।ਗੁਰਜੰਟ ਸਿੰਘ ਨੇ ਕਿਹਾ ਕਿ ਸਰਕਾਰ ਵੱਲੋਂ ਕੀਤੇ ਵਿਕਾਸ ਕਾਰਜਾਂ ਨੇ ਪਿੰਡ ਦੇ ਹਰੇਕ ਘਰ ਤੱਕ ਆਪਣਾ ਅਸਰ ਦਿਖਾਇਆ ਹੈ ਤੇ ਇਸੇ ਕਰ ਕੇ ਪਿੰਡ ਦੇ ਸਾਰੇ ਲੋਕ ਆਮ ਆਦਮੀ ਪਾਰਟੀ ਦੇ ਨਾਲ ਮਜ਼ਬੂਤੀ ਨਾਲ ਖੜੇ ਹਨ।ਉਨ੍ਹਾਂ ਕਿਹਾ ਕਿ ਜਿੱਤ ਦੇ ਬਾਅਦ ਪਿੰਡ ਵਿਚ ਹੋਰ ਤਰੱਕੀ ਦੇ ਪ੍ਰੋਜੈਕਟ ਵੀ ਤਜਵੀਜ਼ ਕੀਤੇ ਜਾਣਗੇ ਤਾਂ ਜੁ ਲੋਕਾਂ ਦੀਆਂ ਸਾਰੀਆਂ ਮੁੱਢਲੀ ਲੋੜਾਂ ਪੂਰੀਆਂ ਹੋ ਸਕਣ।ਆਮ ਆਦਮੀ ਪਾਰਟੀ ਦੇ ਯੂਥ ਆਗੂ ਤੇ ਐਮਐਲਏ ਅੰਮ੍ਰਿਤਪਾਲ ਸੁਖਾਨੰਦ ਦੇ ਕਰੀਬੀ ਸੋਨੀ ਧਾਲੀਵਾਲ ਮਾੜੀ ਮੁਸਤਫਾ ਨੇ ਵੀ ਜਿੱਤ ਦੀ ਖੁਸ਼ੀ ਪ੍ਰਗਟ ਕਰਦੇ ਹੋਏ ਕਿਹਾ ਕਿ ਭੈਣ ਵੀਰਪਾਲ ਕੌਰ ਦੀ ਕਾਮਯਾਬੀ ਪਿੰਡ ਦੇ ਹਰ ਇਕ ਵਿਅਕਤੀ ਦੀ ਜਿੱਤ ਹੈ।ਉਨ੍ਹਾਂ ਕਿਹਾ ਕਿ ਪਿੰਡ ਦੇ ਸਰਪੰਚ ਗੁਰਜੰਟ ਸਿੰਘ ਦੀ ਮਿਹਨਤ ਤੇ ਪਾਰਟੀ ਪ੍ਰਤੀ ਨਿਸ਼ਠਾ ਸਦਕਾ ਇਹ ਸੀਟ ਆਮ ਆਦਮੀ ਪਾਰਟੀ ਦੀ ਝੋਲੀ ਵਿੱਚ ਪਈ ਹੈ।ਸੋਨੀ ਧਾਲੀਵਾਲ ਨੇ ਕਿਹਾ ਕਿ ਪਿੰਡ ਦੇ ਨੌਜਵਾਨ, ਬਜ਼ੁਰਗ ਤੇ ਮਹਿਲਾਵਾਂ ਨੇ ਇੱਕਜੁੱਟ ਹੋ ਕੇ ਵਿਕਾਸ ਦੇ ਹੱਕ ਵਿਚ ਵੋਟ ਪਾਇਆ ਹੈ, ਜਿਸ ਨਾਲ ਸਾਬਤ ਹੋ ਗਿਆ ਹੈ ਕਿ ਪਿੰਡ ਮਾੜੀ ਮੁਸਤਫਾ ਵਿਚ ਆਮ ਆਦਮੀ ਪਾਰਟੀ ਦਾ ਪੱਕਾ ਝੰਡਾ ਲਹਿਰਾ ਰਿਹਾ ਹੈ।

## ਸੈਂਕੜੇ ਵਾਰ ਖੂਨਦਾਨ ਕਰਨ ਵਾਲੀਆਂ ਸ਼ਖ਼ਸੀਅਤਾਂ ਦਾ ਸਨਮਾਨ



ਫਰੀਦਕੋਟ (ਐਲਿਗਜ਼ੈਂਡਰ ਡਿਸੂਜਾ) ਮਾਨਵਤਾ ਦੀ ਸੇਵਾ ਅਤੇ ਖੂਨਦਾਨ ਦੇ ਖੇਤਰ ਵਿੱਚ ਵਿਲੱਖਣ ਪੈੜਾਂ ਪਾਉਣ ਵਾਲੀਆਂ ਸ਼ਖ਼ਸੀਅਤਾਂ ਦਾ ਬਾਬਾ ਫ਼ਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਿਜ਼ ਦੇ ਸੈਨੇਟ ਹਾਲ ਵਿੱਚ ਵਿਸ਼ੇਸ਼ ਸਨਮਾਨ ਕੀਤਾ ਗਿਆ।ਵਿਸ਼ਵ ਬਲੱਡ ਡੋਨਰ ਦਿਵਸ ਦੇ ਸਬੰਧ ਵਿੱਚ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਅਤੇ ਹਸਪਤਾਲ ਦੇ ਆਈ.ਐਚ.ਬੀ.ਟੀ ਵਿਭਾਗ ਵੱਲੋਂ ਕਰਾਏ ਗਏ ਸਮਾਗਮ ਵਿੱਚ ਖੂਨਦਾਨ ਦੇ ਮਹਾਂਦਾਨੀਆਂ ਤੇ ਖੂਨਦਾਨ ਸੁਸਾਇਟੀਆਂ ਨੂੰ ਐਵਾਰਡ ਆਫ਼ ਓਨਰ ਨਾਲ ਨਿਵਾਜਿਆ ਗਿਆ।ਅਸ਼ੋਕ ਭਟਨਾਗਰ (115 ਵਾਰ), ਡਾ. ਬਲਜੀਤ ਸ਼ਰਮਾ (104 ਵਾਰ) ਤੇ ਪ੍ਰਿੰਸੀਪਲ ਸੁਰੇਸ਼ ਅਰੋੜਾ (101 ਵਾਰ) ਦੇ ਜਜ਼ਬੇ ਨੂੰ ਸਲਾਮ ਕਰਦਿਆਂ ਉਨ੍ਹਾਂ ਨੂੰ ਸਨਮਾਨਤ ਕੀਤਾ ਗਿਆ।ਇਨ੍ਹਾਂ ਸ਼ਖ਼ਸੀਅਤਾਂ ਨੇ ਆਪਣੇ ਜੀਵਨ ਵਿੱਚ ਲਗਾਤਾਰ ਖੂਨਦਾਨ ਕਰਕੇ ਅਨੇਕਾਂ ਕੀਮਤੀ ਜਾਨਾਂ ਬਚਾਉਣ ਵਿੱਚ ਅਹਿਮ ਭੂਮਿਕਾ ਨਿਭਾਈ ਹੈ।ਸਮਾਗਮ ਦੌਰਾਨ ਤੇ ਮਾਹਿਰਾਂ ਦੇ ਵਿਚਾਰ ਸਮਾਗਮ ਵਿੱਚ ਸੁਨੀਤਾ ਸ਼ਰਮਾ (ਸੰਯੁਕਤ ਡਾਇਰੈਕਟਰ, ਬੀ.ਈ.ਐਸ ਪੰਜਾਬ) ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਤੇ ਖੂਨਦਾਨੀਆਂ ਨੂੰ ਸਨਮਾਨ ਚਿੰਨ੍ਹ ਭੇਟ ਕੀਤੇ।ਮੈਡੀਕਲ ਸੁਪਰਡੈਂਟ ਡਾ. ਨੀਤੂ ਕੁੱਕੜ ਤੇ ਡਾ. ਵਰੁਣ ਕੌਲ ਨੇ ਖੂਨਦਾਨੀਆਂ ਦੇ ਜਜ਼ਬੇ ਦੀ ਸ਼ਲਾਘਾ ਕਰਦਿਆਂ ਦੱਸਿਆ ਕਿ ਅਜਿਹੇ ਸੇਵਕ ਸਮਾਜ ਲਈ ਚਾਨਣ ਮੁਨਾਰਾ ਹਨ।ਹਲਕਾ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਨੇ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰੀ।ਖੂਨਦਾਨ ਨੂੰ 'ਲੋਕ ਲਹਿਰ' ਬਣਾਉਣ ਦਾ ਸੱਦਾ ਸਨਮਾਨ ਹਾਸਲ ਕਰਨ ਉਪਰੰਤ ਪ੍ਰਿੰਸੀਪਲ ਸੁਰੇਸ਼ ਅਰੋੜਾ ਨੇ ਸਮਾਜ ਨੂੰ ਅਪੀਲ ਕੀਤੀ ਕਿ ਖੂਨਦਾਨ ਨੂੰ ਹੁਣ ਲੋਕ ਲਹਿਰ ਬਣਾਉਣ ਦੀ ਸਖ਼ਤ ਲੋੜ ਹੈ।ਉਨ੍ਹਾਂ ਕਿਹਾ ਕਿ ਪਿੰਡਾਂ ਤੇ ਮੁਹੱਲਿਆਂ ਵਿੱਚ ਨਿਯਮਤ ਕੈਂਪ ਲਾਏ ਜਾਣ।

## ਟਰਾਂਸਫਾਰਮਰ ਤੋਂ ਡਿੱਗਣ ਨਾਲ ਨੌਜਵਾਨ ਦੀ ਮੌਤ



ਚੇਤਨਪੁਰਾ (ਸੁਖਵੰਤ ਚੇਤਨਪੁਰੀ)-ਬੀਤੀ ਸ਼ਾਮ ਪਿੰਡ ਕੋਹਾਲੀ ਵਿਖੇ ਬਿਜਲੀ ਟਰਾਂਸਫਾਰਮਰ ਤੋਂ ਡਿੱਗਣ ਨਾਲ ਇਕ ਨੌਜਵਾਨ ਰਣਜੀਤ ਸਿੰਘ (42) ਪੁੱਤਰ ਸੁਰਿੰਦਰ ਸਿੰਘ ਫੌਜੀ, ਸਾਬਕਾ ਪ੍ਰਧਾਨ ਗੁਰਦਵਾਰਾ ਬਾਬਾ ਜਾਗੋ ਸ਼ਹੀਦ, ਪਿੰਡ ਕੋਹਾਲੀ ਦੀ ਦੁਖਦਾਈ ਮੌਤ ਹੋਣ ਦੀ ਸੂਚਨਾ ਪ੍ਰਾਪਤ ਹੋਈ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਉਹ ਆਪਣੇ ਖੇਤਾਂ ਵਿੱਚ ਲੱਗੇ ਟਰਾਂਸਫਾਰਮਰ ਨੂੰ ਠੀਕ ਕਰਨ ਵਾਸਤੇ ਆਪਣੇ ਇੱਕ ਹੋਰ ਸਾਥੀ ਨਾਲ ਗਿਆ ਸੀ। ਉਸਦਾ ਸਾਥੀ ਜਦੋਂ ਟਰਾਂਸਫਾਰਮਰ ਦੇ ਉਪਰ ਚੜ੍ਹਨ ਲੱਗਾ ਤਾਂ ਟਰਾਂਸਫਾਰਮਰ ਹੇਠਾਂ ਖੜ੍ਹੇ ਰਣਜੀਤ ਸਿੰਘ ਦੇ ਉਪਰ ਡਿੱਗ ਪਿਆ, ਜਿਸ ਦੀ ਮੌਕੇ 'ਤੇ ਹੀ ਮੌਤ ਹੋ ਗਈ।ਹਰਜੀਤ ਸਿੰਘ ਮਾਪਿਆਂ ਦਾ ਇਕਲੌਤਾ ਪੁੱਤਰ ਸੀ ਅਤੇ ਉਸਦੀ ਭੈਣ ਅਤੇ ਬੇਟੀ ਵਿਦੇਸ਼ ਵਿੱਚ ਹੈ, ਜਦੋਂਕਿ ਉਸਦਾ ਬੇਟਾ ਇੱਥੇ ਪੜ੍ਹਾਈ ਕਰ ਰਿਹਾ ਹੈ। ਮ੍ਰਿਤਕ ਆਪਣੇ ਪਿੱਛੇ ਬਜ਼ੁਰਗ ਮਾਤਾ ਪਿਤਾ, ਪਤਨੀ, ਧੀ ਅਤੇ ਪੁੱਤਰ ਛੱਡ ਗਿਆ ਹੈ।

## ਸਫ਼ਾ 2 ਦੇ ਬਾਕੀ...

### ਅੰਮ੍ਰਿਤਸਰ, ਅਨੰਦਪੁਰ ਸਾਹਿਬ...

ਵਿਅੰਗ ਭਰੇ ਲਹਿਜ਼ੇ ਵਿੱਚ ਮਾਨ ਨੇ ਕਿਹਾ ਕਿ ਅਕਾਲੀਆਂ ਦਾ 'ਡਾਇਨਾਸੋਰ' ਅਸਲ ਵਿੱਚ ਹਵਾ ਨਾਲ ਭਰਿਆ ਇੱਕ ਪਲਾਸਟਿਕ ਦਾ ਖਿਡੌਣਾ ਹੈ, ਜਿਸ ਨੂੰ ਲੋਕ ਜਲਦੀ ਉਡਾ ਦੇਣਗੇ। ਨਿਊ ਜ਼ੀਲੈਂਡ ਵਿੱਚ ਹਾਲ ਹੀ ਵਿੱਚ ਸਿੱਖ ਨਗਰ ਕੀਰਤਨ ਦੇ ਵਿਰੋਧ ਬਾਰੇ ਪੁੱਛੇ ਜਾਣ 'ਤੇ ਮੁੱਖ ਮੰਤਰੀ ਨੇ ਕਿਹਾ ਕਿ ਭਾਰਤ ਸਰਕਾਰ ਨੂੰ ਇਹ ਮਾਮਲਾ ਨਿਊ ਜ਼ੀਲੈਂਡ ਸਰਕਾਰ ਕੋਲ ਉਠਾਉਣਾ ਚਾਹੀਦਾ ਹੈ। ਨਿਊ ਜ਼ੀਲੈਂਡ ਇੱਕ ਪੜ੍ਹਿਆ-ਲਿਖਿਆ ਦੇਸ਼ ਹੈ, ਪਰ ਪਰਵਾਸ ਦਾ ਮੁੱਦਾ ਵਿਸ਼ਵਵਿਆਪੀ ਚਿੰਤਾ ਬਣ ਰਿਹਾ ਹੈ। ਉਨ੍ਹਾਂ ਪੰਜਾਬ ਅਤੇ ਪੰਜਾਬੀਆਂ ਦੇ ਹਿੱਤਾਂ ਦੀ ਰਾਖੀ ਲਈ ਸੂਬਾ ਸਰਕਾਰ ਦੀ ਦ੍ਰਿੜ੍ਹ ਵਚਨਬੱਧਤਾ ਦੁਹਰਾਈ।ਇਸ ਦੌਰਾਨ ਮੁੱਖ ਮੰਤਰੀ ਨੇ ਧੂਰੀ ਵਿਧਾਨ ਸਭਾ ਹਲਕੇ ਦੀਆਂ ਪੰਚਾਇਤਾਂ ਨਾਲ ਮੀਟਿੰਗ ਕੀਤੀ ਅਤੇ ਵਿਕਾਸ ਪ੍ਰਾਜੈਕਟਾਂ 'ਤੇ ਪ੍ਰਗਤੀ ਦਾ ਜਾਇਜ਼ਾ ਲਿਆ।ਇਸ ਤੋਂ ਪਹਿਲਾਂ ਮੁੱਖ ਮੰਤਰੀ ਨੇ ਜ਼ਿਲ੍ਹਾ ਪ੍ਰੀਸ਼ਦਾਂ ਅਤੇ ਬਲਾਕ ਸੰਮਤੀਆਂ ਦੇ ਨਵੇਂ ਚੁਣੇ ਗਏ ਮੈਂਬਰਾਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਨੂੰ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਕੰਮ ਕਰਨ ਦੀ ਅਪੀਲ ਕੀਤੀ।ਉਨ੍ਹਾਂ ਦੱਸਿਆ ਕਿ ਉਨ੍ਹਾਂ ਦਾ ਸਹੁੰ ਚੁੱਕ ਸਮਾਗਮ ਜਨਵਰੀ ਦੇ ਪਹਿਲੇ ਹਫ਼ਤੇ ਹੋਵੇਗਾ, ਜਿਸ ਤੋਂ ਬਾਅਦ ਮਗਸੀਪਾ (ਮਹਾਤਮਾ ਗਾਂਧੀ ਸਟੇਟ ਇੰਸਟੀਚਿਊਟ ਆਫ਼ ਪਬਲਿਕ ਐਡਮਨਿਸਟ੍ਰੇਸ਼ਨ) ਵਿਖੇ ਉਨ੍ਹਾਂ ਦੇ ਫ਼ਰਜ਼ਾਂ ਅਤੇ ਜ਼ਿੰਮੇਵਾਰੀਆਂ ਬਾਰੇ ਸਿਖਲਾਈ ਸੈਸ਼ਨ ਹੋਣਗੇ।

### ਸਰਕਾਰੀ ਸਕੂਲਾਂ 'ਚ ਏ ਆਈ...

ਬੈਂਸ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨੰਗਲ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੀਆਂ) ਸ੍ਰੀ ਅਨੰਦਪੁਰ ਸਾਹਿਬ ਵਿਖੇ ਇੱਕੋ ਸਮੇਂ ਇਨ੍ਹਾਂ ਲੈਬਾਰਟਰੀਆਂ ਦਾ ਉਦਘਾਟਨ ਕਰਕੇ ਇਸ ਪਹਿਲਕਦਮੀ ਦੀ ਸ਼ੁਰੂਆਤ ਕੀਤੀ। ਐਜੂਕੇਸ਼ਨ-ਟੈਕ ਪਾਰਟਨਰ 'ਬਿਓਂਡ ਮੈਂਟਰ' ਦੇ ਸਹਿਯੋਗ ਨਾਲ ਲਾਗੂ ਕੀਤਾ ਗਿਆ ਇਹ ਪ੍ਰੋਗਰਾਮ ਸੂਬੇ ਦੇ ਵਿਦਿਆਰਥੀਆਂ ਨੂੰ ਮੁਫ਼ਤ ਕੈਰੀਅਰ ਗਾਈਡੈਂਸ ਦੇਵੇਗਾ। ਬੈਂਸ ਨੇ ਦੱਸਿਆ ਕਿ ਇਸ ਪਹਿਲਕਦਮੀ ਦਾ ਉਦੇਸ਼ ਸੂਬੇ ਦੇ ਨੌਜਵਾਨਾਂ ਨੂੰ ਸਹੀ ਸਮੇਂ 'ਤੇ ਸਹੀ ਸਾਧਨਾਂ ਨਾਲ ਸਸ਼ਕਤ ਬਣਾਉਣਾ ਹੈ। ਉਨ੍ਹਾਂ ਕਿਹਾ ਕਿ ਪਾਇਲਟ ਪ੍ਰਾਜੈਕਟ ਅਧੀਨ ਕਵਰ ਕੀਤੇ ਗਏ 25 ਸਕੂਲਾਂ ਦੀ ਕਾਰਗੁਜ਼ਾਰੀ, ਵਿਦਿਆਰਥੀਆਂ ਦੇ ਨਤੀਜੇ ਅਤੇ ਕਾਰਜ-ਕੁਸ਼ਲਤਾ ਦੀ ਨੇੜਿਓਂ ਨਿਗਰਾਨੀ ਕੀਤੀ ਜਾਵੇਗੀ। ਇਸ ਪਹਿਲਕਦਮੀ ਦੇ ਸਫ਼ਲਤਾਪੂਰਵਕ ਲਾਗੂ ਕਰਨ ਨਾਲ ਪੰਜਾਬ ਭਰ ਵਿੱਚ ਇਸ ਦੇ ਪੜਾਅਵਾਰ ਵਿਸਥਾਰ ਲਈ ਰਾਹ ਪੱਧਰਾ ਹੋ ਜਾਵੇਗਾ, ਜਿਸ ਨਾਲ ਪੰਜਾਬ ਆਪਣੇ ਜਨਤਕ ਸਿੱਖਿਆ ਢਾਂਚੇ ਵਿੱਚ ਯੋਜਨਾਬੱਧ ਏ ਆਈ ਅਧਾਰਤ ਕੈਰੀਅਰ ਸੇਧ ਨੂੰ ਸ਼ਾਮਲ ਕਰਨ ਵਾਲੇ ਦੇਸ਼ ਦੇ ਮੋਹਰੀ ਰਾਜਾਂ ਵਿੱਚ ਸ਼ਾਮਲ ਹੋ ਜਾਵੇਗਾ। ਇਹ ਪਹਿਲਕਦਮੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ 21ਵੀਂ ਸਦੀ ਦੀ ਆਰਥਿਕਤਾ ਦੀਆਂ ਲੋੜਾਂ ਮੁਤਾਬਕ ਆਪਣੇ ਵਿਦਿਆਰਥੀਆਂ ਨੂੰ ਤਿਆਰ ਕਰਨ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ। ਉਨ੍ਹਾ ਕਿਹਾ ਕਿ ਕੈਰੀਅਰ ਸੇਧ ਦੀ ਸਹੂਲਤ ਸਿਰਫ਼ ਪੈਸੇ ਵਾਲਿਆਂ ਦਾ ਹੱਕ ਹੀ ਨਹੀਂ ਹੋਣੀ ਚਾਹੀਦੀ ਅਤੇ ਅਸੀਂ ਇਸੇ ਪੱਖ ਨੂੰ ਧਿਆਨ ਵਿੱਚ ਰੱਖਦਿਆਂ ਸਰਕਾਰੀ ਸਕੂਲਾਂ ਵਿੱਚ ਢਾਂਚਾਗਤ ਏ ਆਈ ਅਧਾਰਤ ਕਾਊਂਸਲਿੰਗ ਸਹੂਲਤ ਪ੍ਰਦਾਨ ਕਰਕੇ ਇਹ ਯਕੀਨੀ ਬਣਾ ਰਹੇ ਹਾਂ ਕਿ ਹਰ ਬੱਚੇ ਭਾਵੇਂ ਉਸ ਦਾ ਸਮਾਜਿਕ-ਆਰਥਿਕ ਪਿਛੋਕੜ ਕੁਝ ਵੀ ਹੋਵੇ, ਕੋਲ ਆਪਣੇ ਭਵਿੱਖ ਬਾਰੇ ਮਰਜ਼ੀ ਅਨੁਸਾਰ ਚੋਣ ਦਾ ਮੌਕਾ ਹੋਵੇ। ਸਿੱਖਿਆ ਮੰਤਰੀ ਨੇ ਦੱਸਿਆ ਕਿ ਵਿਦਿਆਰਥੀਆਂ ਨੂੰ ਡਿਜੀਟਲ ਪਲੇਟਫਾਰਮ 'ਤੇ ਏ ਆਈ ਅਧਾਰਤ ਮੁਲਾਂਕਣ ਰਾਹੀਂ ਦਿਲਚਸਪੀ ਦੀ ਮੁਲਾਂਕਣ ਪ੍ਰਕਿਰਿਆ ਵਿੱਚੋਂ ਗੁਜ਼ਰਨਾ ਹੋਵੇਗਾ। ਇਹ ਸਿਸਟਮ ਵਿੱਚ ਵਿਅਕਤੀਗਤ ਕੈਰੀਅਰ ਰਿਪੋਰਟ ਤਿਆਰ ਕਰੇਗਾ, ਜਿਸ ਵਿੱਚ ਵਿਦਿਆਰਥੀ ਦੀਆਂ ਸੰਭਾਵੀ ਅਕਾਦਮਿਕ ਅਤੇ ਕਿੱਤਾਮੁਖੀ ਰੁਚੀਆਂ ਨੂੰ ਉਜਾਗਰ ਕੀਤਾ ਜਾਵੇਗਾ ਅਤੇ ਫਿਰ ਪੇਸ਼ੇਵਰ ਸਲਾਹਕਾਰ ਵਿਦਿਆਰਥੀਆਂ ਨਾਲ ਵਨ-ਟੂ-ਵਨ ਸੈਸ਼ਨ ਕਰਨਗੇ, ਜਿਸ ਵਿੱਚ ਮਾਪਿਆਂ ਨੂੰ ਸ਼ਾਮਲ ਕਰਕੇ ਰਿਪੋਰਟ 'ਤੇ ਚਰਚਾ ਕਰਦਿਆਂ ਇੱਕ ਕਾਰਜਸ਼ੀਲ ਯੋਜਨਾ ਤਿਆਰ ਕੀਤੀ ਜਾਵੇਗੀ।ਉਨ੍ਹਾਂ ਕਿਹਾ ਕਿ ਇਹ ਮਾਡਲ ਰਵਾਇਤੀ ਢੰਗ-ਤਰੀਕਿਆਂ ਤੋਂ ਵੱਖਰਾ ਤਿਆਰ ਕੀਤਾ ਗਿਆ ਹੈ ਤਾਂ ਜੋ ਸ਼ੁਰੂਆਤੀ ਪੜਾਅ ਦੌਰਾਨ ਸਮਾਂ ਰਹਿੰਦੇ ਹੀ ਵਿਦਿਆਰਥੀਆਂ ਦੀ ਰੁਚੀ ਮੁਤਾਬਕ ਵਿਅਕਤੀਗਤ, ਡੇਟਾ-ਅਧਾਰਤ ਸੇਧ ਪ੍ਰਦਾਨ ਕੀਤੀ ਜਾ ਸਕੇ। ਬੋਰਡ ਦੇ ਚੇਅਰਮੈਨ ਡਾ. ਅਮਰਪਾਲ ਸਿੰਘ ਨੇ ਪ੍ਰੀਖਿਆ-ਕੇਂਦਰਤ ਸਿੱਖਿਆ ਤੋਂ ਸੰਪੂਰਨ ਵਿਕਾਸ ਵੱਲ ਤਬਦੀਲੀ 'ਤੇ ਜ਼ੋਰ ਦਿੱਤਾ ਅਤੇ ਕਿਹਾ ਕਿ ਸੱਚੀ ਸਿੱਖਿਆ ਉਹੀ ਹੈ, ਜੋ ਤੁਹਾਡੇ ਲਈ ਸੁਨਹਿਰੀ ਭਵਿੱਖ ਦੇ ਰਾਹ ਨੂੰ ਖੋਲ੍ਹੇ। ਇਹ ਲੈਬਾਰਟਰੀਆਂ ਵਿਦਿਆਰਥੀਆਂ ਨੂੰ ਨੰਬਰਾਂ ਦੀ ਦੌੜ ਦੇ ਪੁਰਾਣੇ ਢੰਗ-ਤਰੀਕਿਆਂ ਨਾਲੋਂ ਹਟ ਕੇ ਆਪਣੇ ਕੁਦਰਤੀ ਹੁਨਰ ਨੂੰ ਪਛਾਣਦਿਆਂ ਇਨ੍ਹਾਂ ਠੋਸ ਕਰੀਅਰ ਟੀਚਿਆਂ ਵੱਲ ਸੇਧਿਤ ਕਰਨ ਵਿਚ ਮਦਦ ਕਰਨਗੀਆਂ। ਬਿਓਂਡ ਮੈਂਟਰ ਦੇ ਸੀ ਈ ਓ ਸੌਰਵ ਕੁਮਾਰ ਨੇ ਕਿਹਾ ਕਿ ਸਾਡਾ ਪਲੇਟਫਾਰਮ ਤਕਨਾਲੋਜੀ ਨੂੰ ਮਨੁੱਖੀ ਭਾਵਨਾਵਾਂ ਅਤੇ ਰੁਚੀਆਂ ਨਾਲ ਜੋੜਦਾ ਹੈ। ਏ ਆਈ ਸਕੇਲੇਬਲ ਮੁਲਾਂਕਣ ਨੂੰ ਸੰਭਾਲਦਾ ਹੈ ਅਤੇ ਕਾਊਂਸਲਿੰਗ ਦਾ ਕੰਮ ਪੇਸ਼ੇਵਰ ਦੇਖਦੇ ਹਨ, ਜਿਸ ਦੌਰਾਨ ਇਹ ਯਕੀਨੀ ਬਣਾਇਆ ਜਾਂਦਾ ਹੈ ਕਿ ਹਰੇਕ ਬੱਚਾ ਆਪਣੀ ਗੱਲ ਖੁੱਲ੍ਹ ਕੇ ਰੱਖ ਸਕੇ ਅਤੇ ਉਸ ਨੂੰ ਆਪਣੀ ਰੁਚੀ ਮੁਤਾਬਕ ਸਹੀ ਸੇਧ ਮਿਲੇ।

### ਨਰੇਗਾ ਰੁਜ਼ਗਾਰ ਦੀ ਪ੍ਰਾਪਤੀ...

ਸ਼ਹੀਦ ਬਲਵੰਤ ਸਿੰਘ ਤੇ ਜਸਵੰਤ ਸਿੰਘ ਚੇਲਾ ਪਰਵਾਰ ਅਤੇ ਸ਼ਹੀਦ ਸੁੱਚਾ ਸਿੰਘ ਨਾਰਲਾ ਇਸ ਇਲਾਕੇ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਸਨ। ਸੱਤਪਾਲ ਡਾਂਗ ਅਤੇ ਵਿਮਲਾ ਡਾਂਗ ਵੀ ਇਸ ਇਲਾਕੇ ਵਿੱਚ ਪ੍ਰੋਗਰਾਮਾਂ ਨੂੰ ਸੰਬੋਧਨ ਕਰਦੇ ਰਹੇ ਹਨ।

ਸੀ ਪੀ ਆਈ ਦੇ ਕੌਮੀ ਕੌਂਸਲ ਮੈਂਬਰ ਪਿਰਥੀਪਾਲ ਸਿੰਘ ਮਾੜੀਮੇਘਾ ਨੇ ਕਿਹਾ ਕਿ ਇਸ ਇਲਾਕੇ ਦੇ ਕਮਿਊਨਿਸਟਾਂ ਨੇ ਲਗਾਤਾਰ ਭਰਪੂਰ ਸਾਥ ਦਿੱਤਾ ਹੈ ਅਤੇ ਇਸ ਵੇਲੇ ਪਾਰਟੀ ਦੀ ਮੈਂਬਰਸ਼ਿਪ 500 ਦੇ ਕਰੀਬ ਹੈ। ਕਮਿਊਨਿਸਟ ਪਾਰਟੀ ਨੇ ਪਿਛਲੇ ਸਾਲਾਂ ਵਿੱਚ ਨਰੇਗਾ ਕਾਮਿਆਂ ਨੂੰ ਨਰੇਗਾ ਦਾ ਕੰਮ ਵੀ ਦਿਵਾਉਣ ਵਿੱਚ ਕੋਈ ਢਿੱਲ ਨਹੀਂ ਵਿਖਾਈ। ਹੁਣ ਭਾਵੇਂ ਕੇਂਦਰ ਸਰਕਾਰ ਨੇ ਮਨਰੇਗਾ ਦਾ ਨਾਂਅ ਬਦਲਿਆ ਹੈ ਅਤੇ ਕੰਮ ਦੇਣ ਵਿੱਚ ਤਬਦੀਲੀਆਂ ਵੀ ਕੀਤੀਆਂ ਹਨ, ਫਿਰ ਵੀ ਨਰੇਗਾ ਵਰਕਰਾਂ ਦੇ ਕੰਮ ਲਈ ਪਹਿਲਾਂ ਦੀ ਤਰ੍ਹਾਂ ਪਾਰਟੀ ਸੰਘਰਸ਼ ਕਰਦੀ ਰਹੇਗੀ। ਹਰ ਹਾਲਤ ਵਿੱਚ ਨਰੇਗਾ ਕਾਮਿਆਂ ਨੂੰ ਕੰਮ ਲੈ ਕੇ ਦਿੱਤਾ ਜਾਵੇਗਾ। ਸੀ ਪੀ ਆਈ ਦੇ ਤਰਨ ਤਾਰਨ ਜ਼ਿਲ੍ਹੇ ਦੇ ਸਕੱਤਰ ਦਵਿੰਦਰ ਸੋਹਲ, ਪੰਜਾਬ ਇਸਤਰੀ ਸਭਾ ਦੀ ਸੂਬਾਈ ਸੀਨੀਅਰ ਮੀਤ ਪ੍ਰਧਾਨ ਰੁਪਿੰਦਰ ਕੌਰ ਮਾੜੀਮੇਘਾ ਅਤੇ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਪੂਰਨ ਸਿੰਘ ਮਾੜੀਮੇਘਾ ਨੇ ਬਲਾਕ ਦੀ ਚੁਣੀ ਗਈ ਨਵੀਂ ਟੀਮ ਨੂੰ ਮੁਬਾਰਕਬਾਦ ਦਿੱਤੀ ਅਤੇ ਕਿਹਾ ਕਿ ਇਹ ਟੀਮ ਭਿੱਖੀਵਿੰਡ ਇਲਾਕੇ ਵਿੱਚ ਪਾਰਟੀ ਨੂੰ ਹੋਰ ਮਜ਼ਬੂਤ ਕਰੇਗੀ। ਔਰਤਾਂ ਨਰੇਗਾ ਵਿੱਚ ਜ਼ਿਆਦਾ ਕੰਮ ਕਰਦੀਆਂ ਹੋਣ ਕਰਕੇ ਬਲਾਕ ਵਿੱਚ ਔਰਤਾਂ ਦੀ ਮੈਂਬਰਸ਼ਿਪ ਤਰਨ ਤਾਰਨ ਜ਼ਿਲ੍ਹੇ ਦੇ ਬਾਕੀ ਬਲਾਕਾਂ ਨਾਲੋਂ ਵਧੇਰੇ ਹੈ ਅਤੇ ਨਵੀਂ ਆਗੂ ਟੀਮ ਔਰਤਾਂ ਦੀ ਹੋਰ ਮੈਂਬਰਸ਼ਿਪ ਵਧਾਏਗੀ।

ਕਾਨਫਰੰਸ ਵਿੱਚ ਫੈਸਲਾ ਕੀਤਾ ਗਿਆ ਕਿ ਸੈਂਟਰ ਦੀਆਂ ਖੱਬੀਆਂ ਪਾਰਟੀਆਂ ਵੱਲੋਂ ਜੋ 22 ਦਸੰਬਰ ਨੂੰ ਨਰੇਗਾ ਰੁਜ਼ਗਾਰ ਦੀ ਪ੍ਰਾਪਤੀ ਲਈ ਅਤੇ ਨਰੇਗਾ ਦਾ ਨਾਂਅ ਬਦਲਣ ਵਿਰੁੱਧ ਪ੍ਰਦਰਸ਼ਨ ਕਰਨ ਦਾ ਜੋ ਸੱਦਾ ਦਿੱਤਾ ਗਿਆ ਹੈ, ਉਸ ਸੱਦੇ ਤਹਿਤ ਕਸਬਾ ਅਲਗੋਂ ਵਿਖੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ। ਅੰਤ ਵਿੱਚ ਨਰਿੰਦਰ ਸਿੰਘ ਅਲਗੋਂ ਨੂੰ ਮੁੜ ਬਲਾਕ ਸਕੱਤਰ ਅਤੇ ਸੁਖਦੇਵ ਸਿੰਘ ਕਾਲਾ ਤੇ ਟਹਿਲ ਸਿੰਘ ਲੱਧੂ ਨੂੰ ਮੀਤ ਸਕੱਤਰ ਸਰਬਸੰਮਤੀ ਨਾਲ ਚੁਣਿਆ ਗਿਆ।

## ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪੱਖੀ ਕਲਾਂ 'ਚ ਸਾਲਾਨਾ ਇਨਾਮ ਵੰਡ ਸਮਾਗਮ



ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ) ਸਪੀਕਰ ਪੰਜਾਬ ਵਿਧਾਨ ਸਭਾ ਕੁਲਤਾਰ ਸਿੰਘ ਸੰਧਵਾਂ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪੱਖੀ ਕਲਾਂ ਵਿਖੇ ਕਰਾਏ ਗਏ ਸਕੂਲ ਦੇ ਸਲਾਨਾ ਇਨਾਮ ਵੰਡ ਸਮਾਗਮ ਵਿੱਚ ਬਤੌਰ ਮੁੱਖ ਮਹਿਮਾਨ ਤੇ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ।ਉਨ੍ਹਾਂ ਅਕਾਦਮਿਕ, ਖੇਡਾਂ ਤੇ ਸੱਭਿਆਚਾਰਕ ਗਤੀਵਿਧੀਆਂ ਵਿੱਚ ਵਧੀਆ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਇਨਾਮ ਵੰਡ ਕੇ ਉਨ੍ਹਾਂ ਦੀ ਹੌਸਲਾ ਅਫ਼ਜ਼ਾਈ ਕੀਤੀ।

ਕੁਲਤਾਰ ਸਿੰਘ ਸੰਧਵਾਂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਸਰਕਾਰੀ ਸਕੂਲਾਂ ਦੇ ਵਿਦਿਆਰਥੀ ਕਿਸੇ ਤੋਂ ਘੱਟ ਨਹੀਂ ਹਨ ਤੇ ਸਹੀ ਮਾਰਗਦਰਸ਼ਨ, ਮਿਹਨਤ ਅਤੇ ਅਨੁਸ਼ਾਸਨ ਨਾਲ ਹਰ ਵਿਦਿਆਰਥੀ ਆਪਣਾ ਸੁਪਨਾ ਸਾਕਾਰ ਕਰ ਸਕਦਾ ਹੈ।ਉਨ੍ਹਾਂ ਨੇ ਪੰਜਾਬ ਸਰਕਾਰ ਵੱਲੋਂ ਸਿੱਖਿਆ ਖੇਤਰ ਵਿੱਚ ਕੀਤੇ ਗਏ ਅਤੇ ਹੋਣ ਵਾਲੇ ਸੁਧਾਰਾਂ, ਨਵੇਂ ਵਿਕਾਸ ਕਾਰਜਾਂ ਤੇ ਵਿਦਿਆਰਥੀਆਂ ਲਈ ਯੋਜਨਾਵਾਂ ਬਾਰੇ ਵੀ ਜਾਣਕਾਰੀ ਸਾਂਝੀ ਕੀਤੀ। ਇਸ ਮੌਕੇ ਉਨ੍ਹਾਂ ਨੇ ਅਧਿਆਪਕਾਂ ਨੂੰ ਅਪੀਲ ਕੀਤੀ ਕਿ ਬੱਚਿਆਂ ਵਿੱਚ ਨੈਤਿਕ ਮੁੱਲਾਂ, ਸਮਾਜਿਕ ਜ਼ਿੰਮੇਵਾਰੀ ਅਤੇ ਦੇਸ਼ ਪ੍ਰੇਮ ਦੀ ਭਾਵਨਾ ਪੈਦਾ ਕਰਨ ਲਈ ਵਿਸ਼ੇਸ਼ ਧਿਆਨ ਦਿੱਤਾ ਜਾਵੇ। ਉਨ੍ਹਾਂ ਨਾਲ ਹੀ ਮਾਪਿਆਂ ਨੂੰ ਵੀ ਕਿਹਾ ਕਿ ਉਹ ਬੱਚਿਆਂ ਦੀ ਸਿੱਖਿਆ ਵਿੱਚ ਸਕੂਲ ਨਾਲ ਮਿਲਜੁਲ ਕੇ ਭੂਮਿਕਾ ਨਿਭਾਉਣ।ਇਸ ਮੌਕੇ ਉਨ੍ਹਾਂ ਬੱਚਿਆਂ ਨੂੰ ਆਪਣੇ ਮਾਪਿਆਂ ਦੀ ਸੇਵਾ ਕਰਨ ਲਈ ਵੀ ਪ੍ਰੇਰਿਤ ਕੀਤਾ।ਇਸ ਮੌਕੇ ਉਨ੍ਹਾਂ ਸਕੂਲ ਨੂੰ ਵਿਕਾਸ ਕਾਰਜਾਂ ਲਈ 5 ਲੱਖ ਰੁਪਏ ਦੀ ਰਾਸ਼ੀ ਆਪਣੇ ਅਖ਼ਤਿਆਰੀ ਕੋਟੇ ਵਿੱਚੋਂ ਦਿੱਤੀ।ਸਪੀਕਰ ਪੰਜਾਬ ਵਿਧਾਨ ਸਭਾ ਕੁਲਤਾਰ ਸਿੰਘ ਸੰਧਵਾਂ ਤੇ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਵੱਲੋਂ ਸਕੂਲ ਵਿੱਚ ਸਥਾਪਤ ਮਹਾਰਾਜਾ ਰਣਜੀਤ ਸਿੰਘ ਦੇ ਬੁੱਤ ਦਾ ਸਾਂਝੇ ਤੌਰ 'ਤੇ ਉਦਘਾਟਨ ਵੀ ਕੀਤਾ ਗਿਆ।

## ਸੁੰਦਰ ਸਿੰਘ ਤੇ ਮਾਨਸ ਕੌਰ ਦੀ ਯਾਦ 'ਚ ਅੱਖਾਂ ਦਾ ਚੈੱਕਅੱਪ ਕੈਂਪ ਲਾਇਆ



ਨਾਭਾ (ਵਰਿੰਦਰ ਵਰਮਾ) ਰੋਟਰੀ ਕਲੱਬ ਵੱਲੋਂ ਸਵ. ਸੁੰਦਰ ਸਿੰਘ ਤੇ ਸਵ. ਮਾਨਸ ਕੌਰ ਜੀ ਦੀ ਨਿੱਘੀ ਯਾਦ ਵਿੱਚ ਅੱਖਾਂ ਦਾ ਮੈਡੀਕਲ ਚੈੱਕਅਪ ਅਪ੍ਰੇਸ਼ਨ ਕੈਂਪ ਲਾਇਆ ਗਿਆ। ਪ੍ਰੋਜੈਕਟ ਚੇਅਰਮੈਨ ਦਲਜੀਤ ਸਿੰਘ ਸੰਧੂ, ਪ੍ਰਧਾਨ ਰਵਨੀਸ਼ ਗੋਇਲ ਤੇ ਜਨਰਲ ਸਕੱਤਰ ਐਡਵੋਕੇਟ ਰੋਹਿਤ ਜਿੰਦਲ ਨੇ ਦੱਸਿਆ ਕਿ ਇਹ ਅੱਖਾਂ ਦਾ ਚੈੱਕਅਪ ਕੈਂਪ ਬਿਨਾਂ ਚੀਰਾ ਬਿਨਾਂ ਟਾਂਕਾ ਅੱਖਾਂ ਵਿੱਚ ਲੈਂਜ ਪਾਉਣ ਦਾ ਕੈਂਪ ਰੋਟਰੀ ਭਵਨ ਪਟਿਆਲਾ ਗੇਟ ਲਾਇਆ ਗਿਆ ਹੈ।ਕੈਂਪ ਦੇ ਮੁੱਖ ਮਹਿਮਾਨ ਹਲਕਾ ਵਿਧਾਨ ਸਭਾ ਨਾਭਾ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ, ਰੋ. ਚਰਨ ਸਿੰਘ ਐਮ ਡੀ ਮਲਕੀਤ ਗਰੁੱਪ ਅਤੇ ਨਾਭਾ ਨਗਰ ਕੌਂਸਲ ਪ੍ਰਧਾਨ ਜਸਦੀਪ ਸਿੰਘ ਖੰਨਾ ਅਤੇ ਸਾਬਕਾ ਚੇਅਰਮੈਨ ਅਮਰਦੀਪ ਸਿੰਘ ਖੰਨਾ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ।ਉਨ੍ਹਾਂ ਕਿਹਾ ਕਿ ਲੋੜਵੰਦਾਂ ਦੀ ਮਦਦ ਲਈ ਹਰ ਸੰਸਥਾਵਾਂ ਜਿਵੇਂ ਧਾਰਮਿਕ ਤੇ ਸਮਾਜਿਕ ਨੂੰ ਅੱਗੇ ਆਉਣਾ ਚਾਹੀਦਾ ਹੈ ਤਾਂ ਜੁ ਲੋੜਵੰਦਾਂ ਦੀ ਮਦਦ ਕੀਤੀ ਜਾ ਸਕੇ।ਉਨ੍ਹਾਂ ਕਿਹਾ ਕਿ ਰੋਟਰੀ ਕਲੱਬ ਵੱਲੋਂ ਹਮੇਸ਼ਾ ਹੀ ਸਮਾਜ ਭਲਾਈ ਦੇ ਕਾਰਜ ਕੀਤੇ ਜਾਂਦੇ ਹਨ। ਕੈਂਪ ਵਿੱਚ ਡਾਕਟਰ ਡਾ. ਅਭਿਸ਼ੇਕ ਹਾਂਡਾ ਅੱਖਾਂ ਦੇ ਮਾਹਿਰ, ਅਗਰਸੈਨ ਹਸਪਤਾਲ, ਪਟਿਆਲਾ, ਡਾ. ਪ੍ਰਿਆ ਅਗਰਵਾਲ ਆਪਣੀ ਟੀਮ ਨਾਲ 350 ਦੇ ਕਰੀਬ ਮਰੀਜ਼ਾਂ ਦਾ ਚੈੱਕਅਪ ਕੀਤਾ ਅਤੇ 65 ਦੇ ਕਰੀਬ ਮਰੀਜ਼ਾਂ ਦੇ ਅਪਰੇਸ਼ਨ ਕੀਤੇ ਜਾਣਗੇ।ਇਸ ਮੌਕੇ ਕਲਾ ਪ੍ਰਧਾਨ ਰਵਨੀਸ਼ ਗੋਇਲ ਤੇ ਸਮੂਹ ਮੈਂਬਰਾਂ ਵੱਲੋਂ ਮੁੱਖ ਮਹਿਮਾਨ ਅਤੇ ਆਈਆਂ ਹੋਈਆਂ ਸ਼ਖ਼ਸੀਅਤਾਂ ਨੂੰ ਸਨਮਾਨਤ ਕੀਤਾ ਗਿਆ।ਕੈਂਪ 'ਚ ਮਰੀਜ਼ਾਂ ਲਈ ਚਾਹ-ਪਾਣੀ ਤੇ ਲੰਗਰ ਦਾ ਪ੍ਰਬੰਧ ਕਲੱਬ ਵੱਲੋਂ ਕੀਤਾ ਗਿਆ ਅਤੇ ਮਰੀਜ਼ਾਂ ਨੂੰ ਦਵਾਈਆਂ ਕਲੱਬ ਵੱਲੋਂ ਮੁਫ਼ਤ ਦਿੱਤੀਆਂ ਗਈਆਂ।ਇਸ ਮੌਕੇ ਕੋ ਚੇਅਰਮੈਨ-ਜੀਵਨ ਪ੍ਰਕਾਸ਼ ਬਾਂਸਲ, ਕੋ-ਚੇਅਰਮੈਨ ਵੇਦ ਪ੍ਰਕਾਸ਼ ਡੱਲਾ ਅਤੇ ਕੋ-ਚੇਅਰਮੈਨ ਦਰਸ਼ਨ ਬੁੱਟਰ ਕੈਸ਼ੀਅਰ ਨਿਤਿਨ ਗੁਪਤਾ, ਅਸ਼ੋਕ ਕਿੰਗਰ, ਐਡਵੋਕੇਟ ਭਾਰਤ ਭੂਸ਼ਨ ਜੈਨ, ਨਿਤਿਨ, ਜੇਪੀ ਗੁਪਤਾ, ਦਰਸ਼ਨ ਅਰੋੜਾ, ਸਿਕੰਦਰ ਪ੍ਰਤਾਪ ਸਿੰਘ, ਰਾਜ ਕੁਮਾਰ ਜੈਤਵਾਨੀ, ਵਿਨਯਕ ਮਲਹੋਤਰਾ, ਮਨਦੀਪ ਭਾਟੀਆ, ਧਨੰਜੇ ਵਾਲੀਆ, ਸੰਦੀਪ ਗੁਪਤਾ, ਓ ਪੀ ਬਾਂਗਾ, ਰਮੇਸ਼ ਜਿੰਦੀਆ, ਪ੍ਰੀਤਮ ਬੱਤਰਾ, ਵਿਵੇਕ ਸਿੰਗਲਾ, ਸ਼ਸ਼ੀ ਜਿੰਦਲ, ਭੁਵੇਸ਼ ਬਾਂਸਲ, ਰਾਮ ਕ੍ਰਿਸ਼ਨ ਭੱਲਾ, ਵਿਕਾਸ ਚੋਪੜਾ, ਸਤਿਆਵੀਰ ਜਿੰਦਲ, ਤੇਜਿੰਦਰ ਸਿੰਘ ਖਹਿਰਾ, ਧਰਮਿੰਦਰ ਸੁੱਖੇਵਾਲ ਜਸਵੀਰ ਸਿੰਘ ਵਜੀਦਪੁਰ ਆਦਿ ਹਾਜ਼ਰ ਸਨ।

## ਵਿਧਾਇਕਾਂ ਵੱਲੋਂ ਮਾਡਰਨ ਜੇਲ੍ਹ ਦਾ ਦੌਰਾ, ਕੈਦੀਆਂ ਦੀਆਂ ਸਮੱਸਿਆਵਾਂ ਸੁਣੀਆਂ



ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ) ਆਮ ਆਦਮੀ ਪਾਰਟੀ ਦੇ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਤੇ ਵਿਧਾਇਕ ਅਮੋਲਕ ਸਿੰਘ ਨੇ ਮਾਡਰਨ ਜੇਲ੍ਹ ਦਾ ਦੌਰਾ ਕਰਕੇ ਇੱਥੇ ਮੌਜੂਦ ਕੈਦੀਆਂ/ਬੰਦੀਆਂ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਧਿਆਨ ਨਾਲ ਸੁਣੀਆਂ।ਇਸ ਦੌਰਾਨ ਕੈਦੀਆਂ ਵੱਲੋਂ ਦਰਪੇਸ਼ ਮੁੱਦਿਆਂ, ਖ਼ਾਸ ਕਰਕੇ ਜ਼ਮਾਨਤ ਨਾਲ ਸੰਬੰਧਤ ਮਾਮਲਿਆਂ ਤੇ ਕੁਝ ਨਿੱਜੀ ਸਮੱਸਿਆਵਾਂ 'ਤੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।ਗੁਰਦਿੱਤ ਸਿੰਘ ਸੇਖੋਂ ਨੇ ਕਿਹਾ ਕਿ ਜੇਲ੍ਹ ਦੌਰੇ ਦਾ ਮਕਸਦ ਕੈਦੀਆਂ ਦੀਆਂ ਅਸਲ ਸਮੱਸਿਆਵਾਂ ਨੂੰ ਨਜ਼ਦੀਕੋਂ ਸਮਝਣਾ ਹੈ, ਤਾਂ ਜੁ ਉਨ੍ਹਾਂ ਦੇ ਨਿਪਟਾਰੇ ਲਈ ਯੋਗ ਕਦਮ ਚੁੱਕੇ ਜਾ ਸਕਣ।ਉਨ੍ਹਾਂ ਦੱਸਿਆ ਕਿ ਕਈ ਕੈਦੀਆਂ ਦੀਆਂ ਜ਼ਮਾਨਤ ਤੇ ਹੋਰ ਪ੍ਰਸ਼ਾਸਕੀ ਮੁੱਦਿਆਂ ਸਬੰਧੀ ਗੱਲਬਾਤ ਕੀਤੀ ਗਈ ਹੈ। ਵਿਧਾਇਕ ਅਮੋਲਕ ਸਿੰਘ ਨੇ ਕਿਹਾ ਕਿ ਕੈਦੀਆਂ ਵੱਲੋਂ ਇਹ ਮੰਗ ਵੀ ਰੱਖੀ ਗਈ ਕਿ ਸਜ਼ਾਵਾਂ ਪੂਰੀਆਂ ਹੋਣ ਉਪਰੰਤ ਉਨ੍ਹਾਂ ਦੀ ਪੁਨਰਵਾਸੀ ਲਈ ਅਜਿਹਾ ਕਾਨੂੰਨੀ ਪ੍ਰਬੰਧ ਕੀਤਾ ਜਾਵੇ, ਜਿਸ ਤਹਿਤ ਉਹ ਸਮਾਜ ਵਿੱਚ ਦੁਬਾਰਾ ਸ਼ਾਮਲ ਹੋ ਕੇ ਨੌਕਰੀ ਕਰ ਸਕਣ ਅਤੇ ਇੱਜ਼ਤਦਾਰ ਜੀਵਨ ਜੀਅ ਸਕਣ।ਉਨ੍ਹਾਂ ਭਰੋਸਾ ਦਿਵਾਇਆ ਕਿ ਇਹ ਮੰਗਾਂ ਸਰਕਾਰ ਤੱਕ ਪੁਚਾਈਆਂ ਜਾਣਗੀਆਂ ਤੇ ਇਸ ਸਬੰਧੀ ਜਲਦ ਹੀ ਯੋਗ ਕਾਰਵਾਈ ਕੀਤੀ ਜਾਵੇਗੀ।

## ਮਰੀਜ਼ਾਂ ਤੇ ਉਨ੍ਹਾਂ ਦੇ ਵਾਰਸਾਂ ਲਈ ਲੰਗਰ ਵਰਤਾਇਆ



ਨਾਭਾ (ਵਰਿੰਦਰ ਵਰਮਾ) ਗੁਰੂ ਗੋਬਿੰਦ ਸਿੰਘ ਦੇ ਮਾਤਾ ਗੁਜਰੀ ਜੀ ਤੇ ਚਾਰੋਂ ਲਖਤੇ ਜਿਗਰ ਸਾਹਿਬਜ਼ਾਦਿਆਂ ਦੀ ਲਾਸਾਨੀ ਸ਼ਹਾਦਤ ਸਮੇਤ ਹੋਰ ਕੌਮ ਦੇ ਮਹਾਨ ਸ਼ਹੀਦਾਂ ਨੂੰ ਸਮਰਪਤ ਸ਼ਹੀਦ ਬਾਬਾ ਦੀਪ ਸਿੰਘ ਵੈਲਫੇਅਰ ਸੇਵਾ ਸੁਸਾਇਟੀ ਰਜਿ ਵੱਲੋਂ ਪੀਜੀਆਈ ਹਸਪਤਾਲ ਚੰਡੀਗੜ੍ਹ ਕੈਂਸਰ ਹਸਪਤਾਲ ਸੰਗਰੂਰ ਸਰਕਾਰੀ ਹਸਪਤਾਲ ਸਮੇਤ ਵੱਖ-ਵੱਖ ਹਸਪਤਾਲਾਂ ਦੇ ਨਾਲ-ਨਾਲ ਮਨੁੱਖਤਾ ਦੀ ਸੇਵਾ ਲੁਧਿਆਣਾ ਹਸਨਪੁਰ ਵਿਖੇ ਵੀ ਮਰੀਜ਼ਾਂ ਤੇ ਉਨ੍ਹਾਂ ਦੇ ਵਾਰਸਾਂ ਲਈ ਲੰਗਰ ਦੀਆਂ ਸੇਵਾਵਾਂ ਨਿਭਾਈਆਂ ਗਈਆਂ।ਸੰਸਥਾ ਦੇ ਮੁੱਖ ਸੇਵਾਦਾਰ ਭਾਈ ਅਮਨਦੀਪ ਸਿੰਘ ਲਵਲੀ ਬਹਾਦਰ ਸਿੰਘ ਪ੍ਰਿਤਪਾਲ ਸਿੰਘ, ਗੁਰਪ੍ਰੀਤ ਸਿੰਘ ਰਵਿੰਦਰ ਸਿੰਘ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਮਨੁੱਖਤਾ ਦੀ ਸੇਵਾ ਵਿਖੇ ਦਿਮਾਗ ਦੇ ਮਰੀਜ਼ਾਂ ਲਈ ਤੇ ਅੱਖਾਂ ਦੇ ਮੁਫਤ ਕੈਂਪ ਦੌਰਾਨ ਵੱਡੀ ਗਿਣਤੀ ਵਿੱਚ ਪਹੁੰਚੇ ਮਰੀਜ਼ਾਂ ਨੂੰ ਜਿੱਥੇ ਲੰਗਰ ਛਕਾਇਆ ਗਿਆ, ਉੱਥੇ ਘਰਾਂ ਤੋਂ ਬੇਘਰ ਹੋਏ ਸੜਕਾਂ 'ਤੇ ਫਿਰਦੇ ਮਰੀਜ਼ ਜੋ ਮਨੁੱਖਤਾ ਦੀ ਸੇਵਾ ਵਿੱਚ ਰਹਿ ਰਹੇ ਹਨ, ਉਨ੍ਹਾਂ ਲਈ ਵੀ ਵਿਸ਼ੇਸ਼ ਲੰਗਰ ਦੇ ਪ੍ਰਬੰਧ ਸੰਸਥਾ ਵੱਲੋਂ ਕੀਤੇ ਗਏ ਸਨ। ਮਨੁੱਖਤਾ ਦੀ ਸੇਵਾ ਦੇ ਮੁੱਖ ਸੇਵਾਦਾਰ ਗੁਰਪ੍ਰੀਤ ਸਿੰਘ ਮਿੰਟੂ ਵੱਲੋਂ ਸੰਸਥਾ ਦਾ ਜਿੱਥੇ ਵਿਸ਼ੇਸ਼ ਧੰਨਵਾਦ ਕੀਤਾ ਗਿਆ, ਉੱਥੇ ਸੰਸਥਾ ਵੱਲੋਂ ਕੀਤੇ ਜਾ ਰਹੇ ਪਿਛਲੇ ਲੰਬੇ ਸਮੇਂ ਤੋਂ ਕਾਰਜਾਂ ਦੀ ਸ਼ਲਾਘਾ ਵੀ ਕੀਤੀ ਗਈ।ਗ਼ਰੀਬ ਦਾ ਮੁੱਖ ਗੁਰੂ ਦੀ ਗੋਲਕ ਨੂੰ ਮੁੱਖ ਰੱਖਦਿਆਂ ਬੀਤੇ ਦਿਨੀਂ ਸੌ ਲੋੜਵੰਦ ਘਰਾਂ ਨੂੰ ਰਾਸ਼ਨ ਵੀ ਦਿੱਤਾ ਗਿਆ ਤੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਮਹਾਰਾਜ ਦੇ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਤ ਪਿਛਲੇ ਦਿਨੀਂ ਮੁਫ਼ਤ ਚੈੱਕਅਪ ਤੇ ਮੁਫ਼ਤ ਦਵਾਈਆਂ ਦੀ ਹੋਮਿਓਪੈਥਿਕ ਕਲੀਨਿਕ ਮਹਾਰਾਜਾ ਹੀਰਾ ਸਿੰਘ ਪਾਰਕ 'ਚ ਖੋਲ੍ਹੀ ਗਈ ਹੈ।

## ਬਾਬਾ ਕਸ਼ਮੀਰ ਸਿੰਘ ਭੂਰੀ ਵਾਲਿਆਂ ਦੇ ਸਹਿਯੋਗ ਨਾਲ ਸਫ਼ਾਈ ਮੁਹਿੰਮ ਸ਼ੁਰੂ



ਫ਼ਤਹਿਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ) ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਤੇ ਮਾਤਾ ਗੁਜਰੀ ਜੀ ਦੀ ਲਾਸਾਨੀ ਸ਼ਹਾਦਤ ਦੀ ਯਾਦ ਵਿੱਚ ਮਨਾਈ ਜਾਣ ਵਾਲੀ ਸਾਲਾਨਾ ਸ਼ਹੀਦੀ ਸਭਾ ਨੂੰ ਮੁੱਖ ਰੱਖਦਿਆਂ ਇਤਿਹਾਸਕ ਨਗਰੀ ਵਿਖੇ ਵਿਸ਼ਾਲ ਸਫਾਈ ਮੁਹਿੰਮ ਦਾ ਆਗਾਜ਼ ਕੀਤਾ ਗਿਆ। ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਜਥੇਦਾਰ ਬਾਬਾ ਕਸ਼ਮੀਰ ਸਿੰਘ ਭੂਰੀ ਵਾਲੇ ਤੇ ਬਾਬਾ ਸੁਖਵਿੰਦਰ ਸਿੰਘ ਭੂਰੀ ਵਾਲਿਆਂ ਦੀ ਸਰਪ੍ਰਸਤੀ ਹੇਠ ਜਥਿਆਂ ਨੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਸਫ਼ਾਈ ਵਿਵਸਥਾ ਵਿੱਚ ਸਹਿਯੋਗ ਦੇਣ ਲਈ ਸ਼ਮੂਲੀਅਤ ਕੀਤੀ। ਸਫਾਈ ਅਭਿਆਨ ਦੀ ਸ਼ੁਰੂਆਤ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਹਰਪਾਲ ਸਿੰਘ ਵੱਲੋਂ ਅਰਦਾਸ ਕਰਨ ਉਪਰੰਤ ਕੀਤੀ ਗਈ। ਬਾਬਾ ਜੀ ਦੀ ਅਗਵਾਈ ਹੇਠ ਨੌਜਵਾਨਾਂ ਵੱਲੋਂ ਸ਼ਹਿਰ ਦੇ ਵੱਖ-ਵੱਖ ਮਾਰਗਾਂ, ਗੁਰਦੁਆਰਾ ਸਾਹਿਬ ਦੇ ਆਲੇ-ਦੁਆਲੇ ਤੇ ਜਨਤਕ ਥਾਂਵਾਂ 'ਤੇ ਸਫਾਈ ਵਿੱਚ ਪ੍ਰਸ਼ਾਸਨ ਨੂੰ ਸਹਿਯੋਗ ਦਿੱਤਾ ਜਾ ਰਿਹਾ ਹੈ। ਗਿਆਨੀ ਹਰਪਾਲ ਸਿੰਘ ਨੇ ਕਿਹਾ ਕਿ ਸ਼ਹੀਦਾਂ ਦੀ ਪਵਿੱਤਰ ਧਰਤੀ ਦੀ ਸੇਵਾ ਕਰਨਾ ਬਹੁਤ ਵੱਡੇ ਭਾਗਾਂ ਵਾਲੀ ਗੱਲ ਹੈ।ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਸ਼ਹੀਦੀ ਸਭਾ ਦੌਰਾਨ ਵੀ ਸਾਫ-ਸਫਾਈ ਦਾ ਖਾਸ ਖਿਆਲ ਰੱਖਿਆ ਜਾਵੇ ਤਾਂ ਜੁ ਸ਼ਹੀਦਾਂ ਨੂੰ ਸੱਚੀ ਸ਼ਰਧਾਂਜਲੀ ਭੇਂਟ ਕੀਤੀ ਜਾ ਸਕੇ।ਫੀਲਡ ਅਫਸਰ ਸ਼ੰਕਰ ਸ਼ਰਮਾ ਨੇ ਜੱਥੇ ਦੇ ਜਜ਼ਬੇ ਦੀ ਸ਼ਲਾਘਾ ਕੀਤੀ।ਉਨ੍ਹਾਂ ਸਮੂਹ ਸੰਗਤਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਸ਼ਹੀਦੀ ਸਭਾ ਦੌਰਾਨ ਲੱਖਾਂ ਦੀ ਗਿਣਤੀ ਵਿੱਚ ਸੰਗਤ ਪਹੁੰਚਦੀ ਹੈ, ਇਸ ਲਈ ਸਫਾਈ ਵਿਵਸਥਾ ਨੂੰ ਬਰਕਰਾਰ ਰੱਖਣ ਲਈ ਹਰ ਸ਼ਰਧਾਲੂ ਦਾ ਸਹਿਯੋਗ ਅਤਿ ਜ਼ਰੂਰੀ ਹੈ।


## ਕਲਾਸੀਫਾਈਡ ਇਸ਼ਤਿਹਾਰ

### Change of Name

I, Nanak Chnad S/O Sada Lal, R/o House Number 11/192, Jangalian Street, Ward Number 16, District Fazilka, Bikaneri Road, Fazilka, Firozpur, Punjab-152123, have changed my name and shall hereafter be Known as Nanak Chand.

I, Manpreet Singh alias M S Anand S/O Amrik Singh, R/o 265, B-Block, Ranjit Avenue, Amritsar-I, Amritsar G.O.P, Amristsar, Punjab-143001, have changed my name and shall hereafter be Known as Gunmeet Singh.

I, Jasleen Kaur W/O Manjeet Singh, R/o #B1-1041, Gali Number-8, Kabir Nagar, Jalandhar- I, Punjab-144008. Declare that Name of Mine has been wrongly written as Jasleen in my 10th Class Certificate. The actual name of Mine is Jasleen Kaur, which may be amended accordingly.

I RANJIT KAUR W/O GOBIND KUMAR, Residing at House No 429, Dakoha, Jalandhar, Punjab - 144023, have changed my name from RANJIT to RANJIT KAUR. All concerned Please Note.

I, Gurbir Singh S/O Hardev Singh R/O Vill. Balehar have added the surname Batth to my name. Henceforth I shall be known as Gurbir Singh Batth for all future purposes.

I, Akashdeep Singh S/O Suba Singh R/O VPO Makhi Kalan Tehsil Patti Distt. Tarn Taran Punjab India have changed my name from Akashdeep Singh to Singh Akashdeep where Singh is my surname and Akashdeep is my given name. Concerned please note.

I, Sarbjeet Kaur W/O Sh. Amritpal Singh Mann R/O Vill. Manawali, PO. Chachoki, Teh. Phagwara, Distt. Kapurthala, Punjab have changed my name from Sarbjeet Kaur to Sarbjeet Kaur Mann. All concerned please note.

I, Yoginder Paul S/O Bachna Ram R/O Mohalla Tabela, VPO Alawalpur, Distt. Jalandhar - 144301, Punjab have changed my name from Yoginder Paul to Joginder Pal. All concerned please note.

I, hitherto Known as Parminder Kaur W/O Kamaljit residing at Village Ladian, Distt. S.B.S Nagar - 144505, Punjab, India have changed my name and shall hereafter be known as Parwinder Kaur.

I, KAJAL ALIAS MANJU NAGPAL W/O Rakesh Kumar Nagpal R/O H.No 69, Street 62, Garden Colony, Near Sekhon Farm, Distt. Jalandhar, Punjab-144003, India have changed my name from KAJAL ALIAS MANJU NAGPAL to MANJU NAGPAL. All note.

### Change of Name

I, hitherto known as Suman D/O Harjinder Kumar residing at VPO Dhak Pandori, Distt. Kapurthala - 144401, Punjab, India have changed my name and shall hereafter be known as Sumandeep Kaur.

It is for general information that I, Joginder Pal S/O Bachna Ram R/O Mohalla Tabela, VPO Alawalpur, Distt. Jalandhar - 144301, Punjab declare that name of my father has been wrongly written as Bachna in my Passport No.(H2208106). Actual name of my father is Bachna Ram, which may be amended Accordingly.

I, Sunny S/o Surjit Singh R/o Village Barn, Distt. Kapurthala, Punjab declare that I have changed my name from Sunny to Sunny Singh. All Please Note.

I, Indu Goel W/o Rajeev Gupta R/o H.No.833/7, Kucha Kaka Singh, Chowk Lakshmansar, Amritsar have changed my name from Indu Goel to Indu Gupta.

I, Manpreet Kaur W/O Pardeep Singh R/O Village Gumtali, Tehsil Phillaur, Distt Jalandhar , Punjab, Pin Code 144039 Have Changed My Name From Manpreet Kaur To Manpreet Is My Given Name And Kaur Is My Surname.

I, Raj Kaur W/o Padam Gupta R/o H.No.19-B, Brahm Nagar Lawrence Road, Amritsar have changed my name from Raj Kaur to Raj Karni.

### PUBLIC NOTICE

I Sona wife of Sonu Kumar and Mother of Bunty resident of Village Chak Phullu, PO Samundra, Tehsil Garhshankar, District Hoshiarpur Punjab do hereby declare that Sona and Sona Devi are one and the same person and treat both names as referring to the same individual for all official and legal purposes.

### ਨਾਂਅ ਦੀ ਬਦਲੀ

ਮੈਂ ਸੁਖਦੀਪ ਸਿੰਘ ਚਹਿਲ ਪੁੱਤਰ ਗੁਲਜਾਰ ਸਿੰਘ, ਪਿੰਡ ਘਨੌਰੀ ਕਲਾਂ (ਸੰਗਰੂਰ) ਨੇ ਆਪਣਾ ਨਾਮ ਬਦਲ ਕੇ ਸੁਖਦੀਪ ਸਿੰਘ ਰੱਖ ਲਿਆ ਹੈ।

ਮੈਂ, ਕਰਮਜੀਤ ਪੁੱਤਰ ਸੱਤਪਾਲ, ਵਾਸੀ ਬਲਾਕ ਏ ਪੂਨੀਆ ਕਾਲੋਨੀ, ਨੇੜੇ ਰੇਲਵੇ ਲਾਇਨ (ਸੰਗਰੂਰ) ਨੇ ਆਪਣਾ ਨਾਮ ਬਦਲ ਕੇ ਕਰਮਜੀਤ ਸਿੰਘ ਰੱਖ ਲਿਆ ਹੈ।

### ਆਮ ਸੂਚਨਾ

ਇਸ ਪਬਲਿਕ ਨੋਟਿਸ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ ਇਕ ਟਿਊਬਵੈੱਲ ਕੁਨੈਕਸ਼ਨ ਜਿਸ ਦਾ ਖਾਤਾ ਨੰਬਰ ਏਪੀ 44-0553ਕੇ (6 ਬੀ ਐੱਚ ਪੀ) ਜੋ ਕਿ ਨਿਰਮਲ ਸਿੰਘ ਪੁੱਤਰ ਸ੍ਰੀ ਪਿਆਰਾ ਸਿੰਘ, ਪਿੰਡ ਵਾਂ ਤਾਰਾ ਸਿੰਘ ਦੇ ਨਾਂਅ ਉੱਪਰ ਚੱਲ ਰਿਹਾ ਹੈ। ਹੁਣ ਇਸ ਟਿਊਬਵੈੱਲ ਕੁਨੈਕਸ਼ਨ ਨੂੰ ਸ੍ਰੀ ਗੁਰਜੀਤ ਸਿੰਘ ਪੁੱਤਰ ਨਿਰਮਲ ਸਿੰਘ ਪਿੰਡ ਵਾਂ ਤਾਰਾ ਸਿੰਘ ਆਪਣੇ ਨਾਂਅ ਉੱਪਰ ਤਬਦੀਲ ਕਰਵਾਉਣਾ ਚਾਹੁੰਦੇ ਹਨ। ਜੇਕਰ ਕਿਸੇ ਵਿਅਕਤੀ ਨੂੰ ਇਸ ਨਾਂਅ ਦੀ ਤਬਦੀਲੀ ਸੰਬੰਧੀ ਕੋਈ ਇਤਰਾਜ਼ ਹੈ ਤਾਂ ਉਹ ਨੋਟਿਸ ਪ੍ਰਕਾਸ਼ਨ ਦੀ ਮਿਤੀ ਤੋਂ 30 ਦਿਨਾਂ ਦੇ ਅੰਦਰ ਕਿਸੇ ਵੀ ਕੰਮ ਵਾਲੇ ਦਿਨ ਉੱਪ ਮੰਡਲ ਦਫ਼ਤਰ ਪੀ ਐੱਸ ਪੀ ਸੀ ਐੱਲ ਭਿੱਖੀਵਿੰਡ ਵਿਖੇ ਆ ਕੇ ਆਪਣਾ ਇਤਰਾਜ਼ (ਸਮੇਤ ਸਬੂਤ) ਲਿਖਤੀ ਰੂਪ ਵਿਚ ਦੇ ਸਕਦਾ ਹੈ। ਇਸ ਤੋਂ ਬਾਅਦ ਕਿਸੇ ਵੀ ਇਤਰਾਜ਼ ਉੱਪਰ ਗੌਰ ਨਹੀਂ ਕੀਤਾ ਜਾਵੇਗਾ।

ਪ੍ਰੀਤਮ ਸਿੰਘ ਪੁੱਤਰ ਮਸਤਾਨ ਸਿੰਘ, ਵਾਸੀ ਰਾਜੋਮਾਜਰਾ (ਸੰਗਰੂਰ) ਦੇ ਨਾਮ ਚੱਲਦੇ ਮੋਟਰ ਕੁਨੈਕਸ਼ਨ ਖਾਤਾ ਨੰਬਰ 4J-188 AP (20 BHP) ਨੂੰ ਗੁਰਸੇਵਕ ਸਿੰਘ ਉਰਫ ਗੁਰਸੇਵ ਸਿੰਘ ਪੁੱਤਰ ਮੁਕੰਦ ਸਿੰਘ, ਪਿੰਡ ਰਾਜੋਮਾਜਰਾ ਨੇ ਆਪਣੇ ਨਾਮ ਤਬਦੀਲ ਕਰਵਾਉਣ ਲਈ ਅਪਲਾਈ ਕੀਤਾ ਹੈ। ਇਤਰਾਜੀ 15 ਦਿਨਾਂ ਅੰਦਰ ਐੱਸ.ਡੀ.ਓ, ਪਾਵਰਕਾਮ, ਉਪ ਮੰਡਲ ਦਿਹਾਤੀ ਧੂਰੀ ਦੇ ਇਤਰਾਜ ਪੇਸ਼ ਕਰੇ।

ਰਾਮ ਸਿੰਘ ਪੁੱਤਰ ਸੁੱਚਾ ਸਿੰਘ, ਪਿੰਡ ਖੇੜੀ ਚਹਿਲਾਂ ਦੇ ਨਾਮ ਚੱਲਦੇ ਮੋਟਰ ਕੁਨੈਕਸ਼ਨ ਖਾਤਾ ਨੰਬਰ KH-663 AP (20 BHP) ਨੂੰ ਬਲਜਿੰਦਰ ਸਿੰਘ ਪੁੱਤਰ ਨਛੱਤਰ ਸਿੰਘ, ਪਿੰਡ ਖੇੜੀ ਕਲਾਂ (ਸੰਗਰੂਰ) ਨੇ ਆਪਣੇ ਨਾਮ ਤਬਦੀਲ ਕਰਵਾਉਣ ਲਈ ਅਪਲਾਈ ਕੀਤਾ ਹੈ। ਇਤਰਾਜੀ 15 ਦਿਨਾਂ ਅੰਦਰ ਐੱਸ.ਡੀ.ਓ, ਪਾਵਰਕਾਮ, ਉਪ ਮੰਡਲ ਸ਼ੇਰਪੁਰ-1 ਦੇ ਇਤਰਾਜ ਪੇਸ਼ ਕਰੇ।

### ਬੇਦਖਲੀ ਨੋਟਿਸ

ਮੈ ਦਰਸ਼ਨਾ ਦੇਵੀ ਪਤਨੀ ਸਵ. ਸ਼੍ਰੀ ਇੰਦਰਜੀਤ , ਵਾਸੀ ਮਕਾਨ ਨੰਬਰ ਬੀ. ਐਕਸ -1323, ਲੰਮਾ ਪਿੰਡ, ਜਲੰਧਰ ਇਹ ਬਿਆਨ ਕਰਦੀ ਹਾਂ ਕਿ ਮੈਂ ਆਪਣੇ ਲੜਕੇ ਸੂਰਜ ਨੂੰ ਹੁਣ ਆਪਣੇ ਕਹਿਣੇਕਾਰ ਹੋਣ ਕਰਕੇ ਉਸ ਸੰਬੰਧੀ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲੀ ਸਬੰਧੀ ਦਿੱਤਾ ਪਬਲਿਕ ਨੋਟਿਸ ਵਾਪਸ ਲੈਂਦੀ ਹਾਂ। ਹੁਣ ਮੇਰਾ ਲੜਕਾ ਮੇਰੀ ਚੱਲ-ਅਚੱਲ ਜਾਇਦਾਦ ਵਿਚ ਪੂਰਾ ਹੱਕਦਾਰ ਹੈ । ਸੰਬੰਧਤ ਨੋਟ ਕਰਨ

ਮੈਂ ਇੰਦਰਜੀਤ ਸਿੰਘ ਪੁੱਤਰ ਸ਼੍ਰੀ ਗੁਰਬਖਸ਼ ਸਿੰਘ , ਵਾਸੀ ਮਕਾਨ ਨੰਬਰ 493 , ਪਿੰਡ ਚੁਗਿੱਟੀ, ਜਲੰਧਰ ਇਹ ਬਿਆਨ ਕਰਦਾ ਹਾਂ ਕਿ ਮੇਰਾ ਲੜਕੀ ਮਨੀਸ਼ਾ ਮੇਰੇ ਕਹਿਣੇ ਤੋਂ ਬਾਹਰ ਹੈ । ਇਸ ਲਈ ਮੈਂ ਇਸ ਨੂੰ ਆਪਣੀ ਚੱਲ - ਅੱਚਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ । ਸੰਬੰਧਿਤ ਨੋਟ ਕਰਨ।

ਮੈਂ ਜਗਰਾਜ ਸਿੰਘ ਪੁੱਤਰ ਗੁਰਨਾਮ ਸਿੰਘ ਵਾਸੀ ਪਿੰਡ ਮੱਲੇਆਣਾ, ਤਹਿਸੀਲ ਮੋਗਾ, ਜ਼ਿਲ੍ਹਾ ਮੋਗਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਗੁਰਪ੍ਰੀਤ ਸਿੰਘ ਅਤੇ ਨੂੰਹ ਨਵਜੋਤ ਜੋਤੀ ਕੌਰ ਪਤਨੀ ਗੁਰਪ੍ਰੀਤ ਸਿੰਘ, ਜੋ ਮੇਰੇ ਅਤੇ ਮੇਰੇ ਪਰਵਾਰ ਦੇ ਕਹਿਣੇ ਤੋਂ ਬਾਹਰ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖ਼ਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਤੇ ਮੇਰੇ ਪਰਵਾਰ ਦਾ ਇਨ੍ਹਾਂ ਨਾਲ ਕੋਈ ਸੰਬੰਧ/ਵਾਸਤਾ ਨਹੀਂ ਹੈ।

ਮੈਂ ਰੂਪ ਸਿੰਘ ਸਪੁੱਤਰ ਕਰਤਾਰ ਸਿੰਘ, ਵਾਸੀ ਬਾਬਾ ਬਕਾਲਾ ਸਾਹਿਬ (ਅੰਮ੍ਰਿਤਸਰ) ਆਪਣੇ ਲੜਕੇ ਅਵਤਾਰ ਸਿੰਘ, ਨੂੰ ਕਹਿਣਿਓਂ ਬਾਹਰੀ ਹੋਣ ਕਾਰਣ ਆਪਣੀ ਚੱਲ/ਅਚੱਲ ਜਾਇਦਾਦ ਤੋਂ ਬੇਦਖ਼ਲ ਕਰਦਾ ਹਾਂ । ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ ।

### ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

### ਪਬਲਿਕ ਨੋਟਿਸ

ਮੈਂ, ਪ੍ਰਗਟ ਸਿੰਘ ਪੁੱਤਰ ਸ. ਹਜਾਰਾ ਸਿੰਘ ਵਾਸੀ ਪਿੰਡ ਨਵਾਂ ਪਿੰਡ ਮਿਲਖੀਵਾਲ, ਭਾਗੋਵਾਲ, ਗੁਰਦਾਸਪੁਰ ਬਿਆਨ ਕਰਦਾ ਹਾਂ ਕਿ ਮੈਂ ਮਿਤੀ 20-03-2024 ਨੂੰ ਆਪਣੇ ਟਰੱਕ ਨੰਬਰ PB-06-AT-4545, Model 2018, Chasis No. 32792, Engine No. 41411, ਦੀ ਜਨਰਲ ਪਾਵਰ ਆਫ ਅਟੌਰਨੀ ਭੂਸ਼ਣ ਕੁਮਾਰ ਪੁੱਤਰ ਕੁਲਦੀਪ ਚੰਦ ਵਾਸੀ ਪਿੰਡ ਅੱਕਰ ਪੁਰਾ, ਤਹਿਸੀਲ ਬਟਾਲਾ, ਜਿਲਾ ਗੁਰਦਾਸਪੁਰ ਦੇ ਨਾਮ ਤੇ ਦਰਜ ਰਜਿਸਟਰਡ ਕਰਵਾਈ ਸੀ। ਮੈਂ ਅੱਜ ਮਿਤੀ 19-12-2025 ਤੋਂ ਉਕਤ ਜਨਰਲ ਪਾਵਰ ਆਫ ਅਟੌਰਨੀ ਭੂਸ਼ਣ ਕੁਮਾਰ ਦੇ ਨਾਮ ਤੋਂ ਕੈਂਸਲ ਕਰਦਾ ਹੈ।

### COURT NOTICE

(U/o 5 Rule 20 CPC)
In the Court of Ms. Arpna
Civil Judge (Junior Division)-15, Jalandhar
CNR No. PBJL02-001809-2025
Next Date:- 02-02-2026
Sudha Arora
Vs.
Harbhajan Singh

Suit for grant of decree for specific performance of agreement to sell. Suit for grant of decree of Permanent Injunction as prayed for

Publication Issued To:
1. Harbhajan Singh S/o Ranga Singh @ Ganga S/o Bhagwant Singh
2. Surjit Kaur Wd/o Piara Singh S/o Hukam Singh,
Both R/o Village Dhaliwal, Tehsil Nakodar, Distt. Jalandhar

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 02-02-2026 at 10:00 a.m.

For details logon to https://highcourtchd.gov.in/?mod=district_notice&district=Jalandhar

Civil Judge (Junior Division)-15 Jalandhar
Dated, this day of 20-12-2025

### COURT NOTICE

(U/o 5 Rule 20 CPC)
In the Court of
Ms. Harshdeep Kaur
Civil Judge Junior Division -3 Nabha,
CNR No. PBPTB0-001284-2025
Next Date:- 20-01-2026
Ram Joginder
Vs.
General Public

The plaintiff prays that he / they be declared as

Publication Issued To:
General Public
: General Public

In above titled case, the defendant(s)/respondent(s) could not be served. It is ordered that defendant(s) /respondent(s) should appear in person or through counsel on 20-01-2026 at 10:00 a.m.

For details logon to https://highcourtchd.gov.in/?mod=district_notice&district=patiala

Civil Judge Junior Division 3, Nabha
Dated, this day of 18-12-2025

### COURT NOTICE

(U/o 5 Rule 20 CPC)
In the Court of Simranjit Kaur
Civil Judge (Junior Division) Amritsar
CNR No. PBAS02-004900-2024
Next Date:- 23-01-2026
Bank Of Baroda
Vs.
Narinder Kaur
CS Recovery

Publication Issued To:
1. Narinder Kaur W/O Late Lakhbir Singh-R/O. H.No. 1387, Kothi Bazar, Pathea Bazar, Tehsil and Distt. Amritsar
2. Paramveer Singh R/o. H.No. 1387, Kothi Bazar, Pathea Bazar, Tehsil and Distt. Amritsar

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 23-01-2026 at 10:00 a.m.

For details logon to https://highcourtchd.gov.in/?trs=district_notice&district=Amritsar

Civil Judge (Junior Division) Amritsar
Dated, this day of 20-12-2025

### ਨਿਲਾਮੀ ਨੋਟਿਸ

ਦੀ ਮਾੜੀ ਕੰਬੋਕੇ ਸਹਿਕਾਰੀ ਖੇਤੀਬਾੜੀ ਬਹੁਮੰਤਵੀ ਸਭਾ ਸੰਮਤੀ ਮਾੜੀ ਕੰਬੋਕੇ, ਤਹਿ. ਪੱਟੀ, ਤਰਨ ਤਾਰਨ

ਸੂਚਿਤ ਕੀਤਾ ਜਾਂਦਾ ਹੈ ਕਿ ਮਾੜੀ ਕੰਬੋਕੇ ਬਹੁਮੰਤਵੀ ਐਗਰੀ. ਸਹਿਕਾਰੀ ਸਭਾ ਲਿਮ., ਪਿੰਡ ਮਾੜੀ ਕੰਬੋਕੇ, ਤਹਿਸੀਲ ਪੱਟੀ, ਜ਼ਿਲ੍ਹਾ ਤਰਨ ਤਾਰਨ ਵਿਚ ਹੇਠ ਲਿਖੇ ਪੁਰਾਣੇ ਖੇਤੀਬਾੜੀ ਸੰਦਾਂ ਦੀ ਖੁੱਲ੍ਹੀ ਨਿਲਾਮੀ ਮਿਤੀ 2.1.2026 ਨੂੰ ਸਵੇਰੇ 10 ਵਜੇ ਸਭਾ ਦੇ ਦਫਤਰ ਪਿੰਡ ਮਾੜੀ ਕੰਬੋਕੇ, ਤਹਿ., ਪੱਟੀ, ਜ਼ਿਲ੍ਹਾ ਤਰਨ ਤਾਰਨ ਵਿਖੇ ਕੀਤੀ ਜਾ ਰਹੀ ਹੈ। ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਹ ਨਿਲਾਮੀ ਵਿਚ ਸਕਿਉਰਿਟੀ ਜਮ੍ਹਾਂ ਕਰਵਾ ਕੇ ਭਾਗ ਲੈ ਸਕਦਾ ਹੈ। ਬੋਲੀਕਾਰਾਂ ਵੱਲੋਂ ਮੌਕੇ 'ਤੇ ਰਕਮ ਜਮ੍ਹਾਂ ਕਰਵਾਈ ਜਾਵੇਗੀ ਅਤੇ ਬਾਕੀ ਸ਼ਰਤਾਂ ਮੌਕੇ 'ਤੇ ਦੱਸੀਆਂ ਜਾਣਗੀਆਂ।

(1) ਹੈਪੀਸੀਡਰ 3 (2) ਰੋਟਾਵੇਟਰ 7 ਫੁੱਟਾ 1 (3) ਰੋਟਾਵੇਟਰ 8 ਫੁੱਟਾ 1
(4) ਮਲਚਰ 2 (5) ਜ਼ੀਰੋ ਡਰਿੱਲ 1 (6) ਐੱਮ. ਬੀ. ਪਲੋਅ 1

ਜਾਰੀ ਕਰਤਾ : ਪ੍ਰਧਾਨ ਇਕਬਾਲ ਸਿੰਘ, ਸਕੱਤਰ ਅੰਗਰੇਜ਼ ਸਿੰਘ - 95925-26996

### PUNJAB NATIONAL BANK
Branch Office:- Rahon Road,
DISTT. LUDHIANA

#### ( ਰੂਲ-8 (1) ) ਕਬਜ਼ਾ ਨੋਟਿਸ (ਅਚੱਲ ਜਾਇਦਾਦ ਲਈ)

ਜਦੋਂ ਕਿ ਨਿਮਨਹਸਤਾਖਰੀ ਨੇ ਸਕਿਓਰਟਾਈਜੇਸ਼ਨ ਐਂਡ ਰੀਕੰਸਟਰਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਓਰਟੀ ਇੰਟਰੈਸਟ ਐਕਟ 2002 ਅਧੀਨ ਪੰਜਾਬ ਨੈਸ਼ਨਲ ਬੈਂਕ ਰਾਹੋਂ ਰੋਡ ਲੁਧਿਆਣਾ ਦਾ ਅਧਿਕਾਰਤ ਅਫਸਰ ਹੋਣ ਦੇ ਨਾਤੇ ਅਤੇ ਸਕਿਓਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਕਰਜ਼ਦਾਰਾਂ/ਗਰੰਟਰਾਂ ਨੂੰ ਸੈਕਸ਼ਨ 13 (2) ਤਹਿਤ ਹੇਠਾਂ ਦਰਸਾਈ ਮਿਤੀ 'ਤੇ ਡਿਮਾਂਡ ਨੋਟਿਸ ਜਾਰੀ ਕਰਦਿਆਂ ਨੋਟਿਸ ਦੀ ਪ੍ਰਾਪਤੀ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਨੋਟਿਸ 'ਚ ਦਰਸਾਈ ਰਕਮ ਅਦਾ ਕਰਨ ਲਈ ਕਿਹਾ ਸੀ।

ਕਰਜ਼ਦਾਰ/ਗਰੰਟਰ/ਰਹਿਣਕਾਰ ਰਾਸ਼ੀ ਅਦਾ ਕਰਨ ਵਿੱਚ ਅਸਫਲ ਰਹੇ ਹਨ। ਜਾਇਦਾਦ ਦੇ ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨ ਹਸਤਾਖਰੀ ਨੇ ਸਕਿਓਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਐਕਟ ਦੇ ਸ਼ੈਕਸ਼ਨ 13 ਦੇ ਸਬ-ਸੈਕਸ਼ਨ (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਹੇਠਾਂ ਦਰਸਾਈਆਂ ਜਾਇਦਾਦਾਂ ਦਾ ਹਰੇਕ ਖਾਤੇ ਵਿਰੁੱਧ ਦਰਸਾਈਆਂ ਗਈਆਂ ਮਿਤੀਆਂ ਨੂੰ ਭੌਤਿਕ/ਸੰਕੇਤਕ ਕਬਜ਼ਾ ਪ੍ਰਾਪਤ ਕਰ ਲਿਆ ਹੈ।

ਵਿਸ਼ੇਸ਼ ਕਰਕੇ ਕਰਜ਼ਦਾਰਾਂ/ਗਰੰਟਰਾਂ ਅਤੇ ਆਮ ਜਨਤਾ ਨੂੰ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਉਹ ਜਾਇਦਾਦ ਸੰਬੰਧੀ ਕੋਈ ਲੈਣ-ਦੇਣ ਨਾ ਕਾਰਨ ਅਤੇ ਜਾਇਦਾਦ ਸੰਬੰਧੀ ਕੀਤਾ ਗਿਆ ਕੋਈ ਵੀ ਲੈਣ-ਦੇਣ ਪੰਜਾਬ ਨੈਸ਼ਨਲ ਬੈਂਕ ਰਾਹੋਂ ਰੋਡ ਲੁਧਿਆਣਾ ਨੂੰ ਹੇਠਾਂ ਦਰਸਾਈ ਰਕਮ ਅਤੇ ਉਸ ਉੱਪਰ ਭਵਿੱਖੀ ਵਿਆਜ ਅਤੇ ਲਾਗਤਾਂ ਦਾ ਹੱਕਦਾਰ ਬਣਾਵੇਗਾ।

ਉਪਲਬਧ ਸਮੇਂ 'ਚ ਸਕਿਓਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਦਾ ਧਿਆਨ ਐਕਟ ਦੇ ਸ਼ੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦੁਆਇਆ ਜਾਂਦਾ ਹੈ।

| ਕਰਜ਼ਦਾਰ/ਗਰੰਟਰ/ਜਾਇਦਾਦ ਦੇ ਮਾਲਕ ਦਾ ਨਾਂਅ | ਰਹਿਣ ਕੀਤੀਆਂ ਜਾਇਦਾਦਾਂ ਦਾ ਵੇਰਵਾ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ਾ ਨੋਟਿਸ ਦੀ ਮਿਤੀ | ਕਬਜ਼ੇ ਦੀ ਕਿਸਮ / ਬਕਾਇਆ ਰਕਮ |
|---|---|---|---|---|
| (ਕਰਜ਼ਦਾਰ/ਮਾਰਟਗੇਜਰ) :- ਸ੍ਰੀਮਤੀ ਅਮਰੇਸ਼ ਰਾਣੀ ਪਤਨੀ ਸ੍ਰੀ ਜਤਿੰਦਰ # ਮਕਾਨ ਨੰ: ਸੀ-1138, ਗਲੀ ਨੰ:1, ਪਿੰਡ ਬਾਜਰਾ, ਵਾਰਡ ਨੰ: 3, ਜ਼ਿਲ੍ਹਾ ਲੁਧਿਆਣਾ (2) (ਕਰਜ਼ਦਾਰ) :- ਸ੍ਰੀ ਜਤਿੰਦਰ ਕੁਮਾਰ ਪੁੱਤਰ ਸ੍ਰੀ ਸ਼ੀਸ਼ਪਾਲ ਸਿੰਘ # ਮਕਾਨ ਨੰ: ਸੀ-1138, ਗਲੀ ਨੰ:1, ਪਿੰਡ ਬਾਜਰਾ, ਵਾਰਡ ਨੰ: 3, ਜ਼ਿਲ੍ਹਾ ਲੁਧਿਆਣਾ | ਇਕੁਟੇਬਲ ਮਾਰਟਗੇਜ ਰਿਹਾਇਸ਼ੀ — ਅਚੱਲ ਕੁੱਲ ਜਾਇਦਾਦ, ਰਕਬਾ 60 ਵਰਗ ਗਜ਼, ਪਲਾਟ/ਮਕਾਨ ਨੰ: 88-ਏ, ਖਸਰਾ ਨੰ: 26//10/2- 11- 12/1-13/1/2- 20 - 21/1, ਖਾਤਾ ਨੰ: 49/51 ਜਮ੍ਹਾਂਬੰਦੀ ਸਾਲ 2012-13 ਅਨੁਸਾਰ ਪਤਾ ਪਿੰਡ ਕਾਕਾ ਕਾਲੋਨੀ, ਹੱਦਬਸਤ ਨੰ: 68, ਕਾਕਾ ਕਾਲੋਨੀ, ਨੇੜੇ ਸੱਚਖੰਡ ਗੁਰਦੁਆਰਾ, ਰਾਹੋਂ ਰੋਡ, ਤਹਿ. ਤੇ ਜ਼ਿਲ੍ਹਾ ਲੁਧਿਆਣਾ, ਸੇਲ ਡੀਡ ਵਸੀਕਾ ਨੰ: 2019-20/106/1/16833 ਮਿਤੀ 23/10/2019 ਅਨੁਸਾਰ ਸ੍ਰੀਮਤੀ ਅਮਰੇਸ਼ ਰਾਣੀ ਪਤਨੀ ਸ੍ਰੀ ਜਤਿੰਦਰ ਕੁਮਾਰ ਦੇ ਨਾਂਅ, ਹੱਦਬੰਦੀ ਹੇਠਾਂ ਅਨੁਸਾਰ : ਪੂਰਬ : ਗਵਾਂਢੀ 18'-00'', ਪੱਛਮ : ਗਲੀ 20' ਚੌੜੀ 18'-00'' ਉੱਤਰ : ਆਸ਼ਾ 30'-00'', ਦੱਖਣ : ਗਵਾਂਢੀ 30'-00''. | 27.08.2025 | 17.12.2025 | ਸੰਕੇਤਕ ਕਬਜ਼ਾ — ਰੁਪਏ 8,93,230.40 (ਰੁਪਏ ਅੱਠ ਲੱਖ ਤਰਾਨਵੇਂ ਹਜ਼ਾਰ ਦੋ ਸੌ ਤੀਹ ਤੇ ਚਾਲੀ ਪੈਸੇ ਕੇਵਲ) 26.08.2025 ਬਕਾਇਆ, ਜਮ੍ਹਾਂ ਹੋਰ ਵਿਆਜ, ਚਾਰਜਿਜ ਤੇ ਖਰਚੇ ਜੋ ਵੀ ਹੋਣ 27.08.2025 ਤੋਂ ਲਾਗੂ |

ਮਿਤੀ : 21-12-2025 ਸਥਾਨ : ਲੁਧਿਆਣਾ ਅਧਿਕਾਰਤ ਅਫਸਰ

# ਇਫਟੂ ਨੇ ਚਾਰ ਕਿਰਤ ਕਾਨੂੰਨ ਵਿਰੁੱਧ ਸੰਘਰਸ਼ ਦਾ ਸੱਦਾ ਦਿੱਤਾ

**ਬੰਗਾ (ਅਵਤਾਰ ਕਲੇਰ)**- ਇਫਟੂ ਦੀ ਦੋ ਦਿਨਾਂ ਆਲ ਇੰਡੀਆ ਜਨਰਲ ਕੌਂਸਲ ਮੀਟਿੰਗ ਕਾਮਰੇਡ ਰਾਜ ਸਿੰਘ ਭਵਨ (ਆਮ੍ਰਪਾਲੀ), ਐੱਨ ਟੀ ਪੀ ਸੀ, ਕਹਿਲਗਾਂਵ ਵਿਖੇ ਹੋਈ। ਪੰਜਾਬ, ਹਰਿਆਣਾ, ਦਿੱਲੀ, ਉੱਤਰ ਪ੍ਰਦੇਸ਼, ਬਿਹਾਰ, ਝਾਰਖੰਡ, ਬੰਗਾਲ, ਆਂਧਰਾ ਪ੍ਰਦੇਸ਼, ਤੇਲੰਗਾਨਾ, ਮਹਾਰਾਸ਼ਟਰ ਅਤੇ ਕਰਨਾਟਕ ਦੇ 126 ਇਫਟੂ ਲੀਡਰਸ਼ਿਪ ਮੈਂਬਰਾਂ ਨੇ ਜਨਰਲ ਕੌਂਸਲ ਵਿੱਚ ਹਿੱਸਾ ਲਿਆ। ਕੇਂਦਰ ਸਰਕਾਰ ਵੱਲੋਂ 26 ਨਵੰਬਰ ਤੋਂ 29 ਕਿਰਤ ਕਾਨੂੰਨਾਂ ਨੂੰ ਖਤਮ ਕਰਨ ਅਤੇ ਚਾਰ ਨਵੇਂ ਕਿਰਤ ਕੋਡ ਲਾਗੂ ਕਰਨ ਦੇ ਐਲਾਨ ਦੇ ਮੱਦੇਨਜ਼ਰ ਇਹ ਜਨਰਲ ਕੌਂਸਲ ਵਿਸ਼ੇਸ਼ ਮਹੱਤਵ ਰੱਖਦੀ ਹੈ। ਜਨਰਲ ਕੌਂਸਲ ਦੀ ਮੀਟਿੰਗ ਇਫਟੂ ਦੇ ਕੌਮੀ ਪ੍ਰਧਾਨ ਡਾ. ਅਪਰਨਾ ਅਤੇ ਚਾਰ ਰਾਸ਼ਟਰੀ ਉਪ-ਪ੍ਰਧਾਨਾਂ ਵਾਲੇ ਪ੍ਰਧਾਨਾਂ ਦੇ ਬੋਰਡ ਦੀ ਪ੍ਰਧਾਨਗੀ ਵਿੱਚ ਹੋਈ, ਅਤੇ ਕੌਮੀ ਜਨਰਲ ਸਕੱਤਰ ਕਾਮਰੇਡ ਟੀ. ਸ਼੍ਰੀਨਿਵਾਸ ਵਲੋਂ ਮੰਚ ਸੰਚਾਲਨਾ ਕੀਤੀ ਗਈ।ਜਨਰਲ ਕੌਂਸਲ ਦਾ ਉਦਘਾਟਨ ਜੇ ਪੀ ਯੂਨੀਵਰਸਿਟੀ ਦੇ ਸਾਬਕਾ ਵਾਈਸ ਚਾਂਸਲਰ ਪ੍ਰੋਫੈਸਰ ਫਾਰੂਕ ਅਲੀ ਵਲੋਂ ਕੀਤਾ ਗਿਆ। ਮਜ਼ਦੂਰ ਆਗੂਆਂ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ 'ਭਾੜੇ 'ਤੇ ਰੱਖੋ ਅਤੇ ਅੱਗ ਲਗਾਓ' ਨੀਤੀ ਦੇ ਲਾਗੂ ਹੋਣ ਨਾਲ, ਮਜ਼ਦੂਰਾਂ ਨੂੰ ਉਨ੍ਹਾਂ ਦੇ ਜਵਾਨੀ ਦੇ 10 ਸਾਲਾਂ, 18 ਤੋਂ 27 ਸਾਲ ਦੀ ਉਮਰ ਤੱਕ, ਪੂਰੀ ਤਰ੍ਹਾਂ ਨਿਚੋੜ ਦਿੱਤਾ ਜਾਵੇਗਾ, ਅਤੇ ਫਿਰ ਉਨ੍ਹਾਂ ਨੂੰ ਨੌਕਰੀਆਂ ਤੋਂ ਜ਼ਬਰਦਸਤੀ ਕੱਢ ਦਿੱਤਾ ਜਾਵੇਗਾ ਅਤੇ ਉਨ੍ਹਾਂ ਦੀ ਥਾਂ ਨਵੇਂ ਕਾਮੇ ਲਏ ਜਾਣਗੇ।ਮਹਿਮਾਨ ਬੁਲਾਰੇ ਸੁਪਰੀਮ ਕੋਰਟ ਦੇ ਸੀਨੀਅਰ ਵਕੀਲ ਕੋਲਿਨ ਗੋਂਜ਼ਾਲਵੇਸ ਨੇ ਕਿਹਾ ਕਿ ਮਜ਼ਦੂਰਾਂ ਨੂੰ ਹੁਣ ਗੁਲਾਮ ਮਜ਼ਦੂਰ ਬਣਨ ਦੇ ਅਸਲ ਖ਼ਤਰੇ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਮਜ਼ਦੂਰ ਸੰਘਰਸ਼ਾਂ ਅਤੇ ਸੁਪਰੀਮ ਕੋਰਟ ਦੇ ਵੱਖ-ਵੱਖ ਫੈਸਲਿਆਂ ਰਾਹੀਂ ਪ੍ਰਾਪਤ ਹੋਏ ਅਧਿਕਾਰ, ਖਾਸ ਕਰਕੇ ਨੌਕਰੀ ਸੁਰੱਖਿਆ, ਬਰਾਬਰ ਕੰਮ ਲਈ ਬਰਾਬਰ ਤਨਖਾਹ ਅਤੇ ਠੇਕੇ 'ਤੇ ਕੰਮ ਕਰਨ ਵਾਲੇ ਮਜ਼ਦੂਰਾਂ ਪ੍ਰਤੀ ਮੁੱਖ ਮਾਲਕ ਦੀ ਜ਼ਿੰਮੇਵਾਰੀ, ਹੁਣ ਖਤਮ ਹੋ ਜਾਵੇਗੀ। ਦੋ ਦਿਨਾਂ ਚਰਚਾ ਵਿੱਚ ਪਿਛਲੇ ਦੋ ਸਾਲਾਂ ਦੌਰਾਨ ਦੇਸ਼ ਭਰ ਵਿੱਚ ਵੱਖ-ਵੱਖ ਮਜ਼ਦੂਰ ਸੰਘਰਸ਼ਾਂ ਅਤੇ ਉਨ੍ਹਾਂ ਵਿੱਚ ਇਫਟੂ ਦੀ ਭੂਮਿਕਾ ਦੀ ਸਮੀਖਿਆ ਕੀਤੀ ਗਈ। ਜਨਰਲ ਕੌਂਸਲ ਦੀ ਮੀਟਿੰਗ ਦੇ ਅੰਤ ਵਿਚ ਪਾਸ ਕੀਤੇ ਮਤਿਆਂ ਰਾਹੀਂ ਚਾਰ ਲੇਬਰ ਕੋਡ ਰੱਦ ਕਰਨ, ਰਾਜਸਥਾਨ ਵਿਚ ਇਥਨੌਲ ਫੈਕਟਰੀ ਦਾ ਵਿਰੋਧ ਕਰਨ ਵਾਲੇ ਕਿਸਾਨਾਂ ਨੂੰ ਬਿਨਾਂ ਸ਼ਰਤ ਰਿਹਾ ਕਰਨ, ਬਿਜਲੀ ਸੋਧ ਬਿੱਲ 2025 ਅਤੇ ਖੇਤੀ ਬੀਜ ਸੋਧ ਬਿੱਲ 2025 ਦੇ ਨਿੰਦਾ ਕਰਦਿਆਂ ਰੱਦ ਕਰਨ ਦੀ ਮੰਗ ਕੀਤੀ ਗਈ।ਇਕ ਹੋਰ ਮਤੇ ਰਾਹੀਂ ਇਫਟੂ ਵਲੋਂ ਹੋਰ ਹਮਖਿਆਲੀ ਜਥੇਬੰਦੀਆਂ ਨਾਲ ਮਿਲਕੇ ਚਾਰ ਲੇਬਰ ਕੋਡ,ਨਿੱਜੀਕਰਨ, ਬਿਜਲੀ ਸੋਧ ਬਿੱਲ ਅਤੇ ਖੇਤੀ ਬੀਜ ਸੋਧ ਬਿੱਲ ਵਿਰੁੱਧ ਤਿੱਖੇ ਸ਼ੰਘਰਸ਼ਾਂ ਦਾ ਫ਼ੈਸਲਾ ਕੀਤਾ ਗਿਆ।



# ਪੀ ਕੇ ਐੱਫ ਪੰਜਾਬ ਸਟੇਟ ਮਾਸਟਰਜ਼ ਰੈਂਕਿੰਗ ਬੈਡਮਿੰਟਨ ਟੂਰਨਾਮੈਂਟ ਸ਼ੁਰੂ

## ਫਿਟ ਤੇ ਤੰਦਰੁਸਤ ਸਰੀਰ ਹੀ ਖੁਸ਼ਹਾਲ ਜ਼ਿੰਦਗੀ ਦੀ ਕੁੰਜੀ : ਵਿਧਾਇਕ

**ਜਲੰਧਰ (ਨ ਜ ਸ)**- ਪੀ ਕੇ ਐੱਫ ਪੰਜਾਬ ਸਟੇਟ ਮਾਸਟਰਜ਼ ਰੈਂਕਿੰਗ ਬੈਡਮਿੰਟਨ ਟੂਰਨਾਮੈਂਟ ਦੀ ਸ਼ੁਰੂਆਤ ਰਾਇਜ਼ਾਦਾ ਹੰਸਰਾਜ ਬੈਡਮਿੰਟਨ ਸਟੇਡੀਅਮ, ਜਲੰਧਰ ਵਿੱਚ ਹੋਈ। ਦੋ ਦਿਨਾਂ ਦੇ ਇਸ ਟੂਰਨਾਮੈਂਟ ਦੌਰਾਨ ਕੁੱਲ 120 ਮੁਕਾਬਲੇ ਖੇਡੇ ਜਾਣਗੇ, ਜਿਸ ਵਿੱਚ ਪੰਜਾਬ ਦੇ 20 ਜ਼ਿਲ੍ਹਿਆਂ ਤੋਂ ਲਗਭਗ 200 ਖਿਡਾਰੀ ਭਾਗ ਲੈ ਰਹੇ ਹਨ। ਇਸ ਮੁਕਾਬਲੇ ਵਿੱਚ ਪੁਰਸ਼ ਅਤੇ ਮਹਿਲਾ ਵਰਗਾਂ ਦੀਆਂ 13 ਇਵੈਂਟ ਸ਼ਾਮਲ ਹਨ, ਜਿਨ੍ਹਾਂ ਦੀ ਉਮਰ ਸ਼੍ਰੇਣੀ 35 ਸਾਲ ਤੋਂ 70 ਸਾਲ ਤੋਂ ਉੱਪਰ ਤੱਕ ਹੈ। ਚੈਂਪੀਅਨਸ਼ਿਪ ਦਾ ਉਦਘਾਟਨ ਜਲੰਧਰ ਨਾਰਥ ਤੋਂ ਕਾਂਗਰਸ ਵਿਧਾਇਕ ਬਾਵਾ ਹੈਨਰੀ ਵੱਲੋਂ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨੇ ਕਿਹਾ ਕਿ ਉਮਰ ਵੱਧਣ ਨਾਲ ਖੇਡਾਂ ਦੀ ਮਹੱਤਤਾ ਹੋਰ ਵੀ ਵਧ ਜਾਂਦੀ ਹੈ। ਉਨ੍ਹਾਂ ਨੇ ਸੀਨੀਅਰ ਖਿਡਾਰੀਆਂ ਨੂੰ ਪੂਰੇ ਜੋਸ਼ ਅਤੇ ਉਤਸ਼ਾਹ ਨਾਲ ਖੇਡਦੇ ਦੇਖ ਕੇ ਖੁਸ਼ੀ ਜਤਾਈ ਅਤੇ ਕਿਹਾ ਕਿ ਫਿਟ ਤੇ ਤੰਦਰੁਸਤ ਸਰੀਰ ਹੀ ਖੁਸ਼ਹਾਲ ਜੀਵਨ ਦੀ ਕੁੰਜੀ ਹੈ।ਇਸ ਮੌਕੇ ਮੁੱਖ ਮਹਿਮਾਨ ਵੱਲੋਂ ਫਿਰੋਜ਼ਪੁਰ ਦੀ ਕੌਮੀ ਰਜਤ ਤਗਮਾ ਜੇਤੂ ਜਪਲੀਨ ਕੌਰ ਨੂੰ ਉਨ੍ਹਾਂ ਦੀ ਸ਼ਾਨਦਾਰ ਉਪਲਬਧੀ ਲਈ ਜ਼ਿਲ੍ਹਾ ਬੈਡਮਿੰਟਨ ਐਸੋਸੀਏਸ਼ਨ, ਜਲੰਧਰ ਵੱਲੋਂ 21,000 ਰੁਪਏ ਨਕਦ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ।ਮੀਡੀਆ ਨਾਲ ਗੱਲਬਾਤ ਕਰਦੇ ਹੋਏ ਪੰਜਾਬ ਬੈਡਮਿੰਟਨ ਐਸੋਸੀਏਸ਼ਨ ਦੇ ਸਕੱਤਰ ਰਿਤਿਨ ਖੰਨਾ ਨੇ ਦੱਸਿਆ ਕਿ ਪੀਬੀਏ ਵੱਲੋਂ ਪਹਿਲੀ ਵਾਰ ਮਾਸਟਰਜ਼ ਵਰਗ ਲਈ ਰੈਂਕਿੰਗ ਟੂਰਨਾਮੈਂਟ ਕਰਵਾਇਆ ਗਿਆ ਹੈ।



# ਸੰਘਣੀ ਧੁੰਦ ਕਾਰਨ ਨਗਰ ਨਿਗਮ ਵੱਲੋਂ ਅਧਿਕਾਰਤ ਸਲਾਹਕਾਰ ਸੂਚਨਾ ਜਾਰੀ

**ਫਗਵਾੜਾ (ਡਾ. ਰਮਨ)**- ਸੰਘਣੀ ਧੁੰਦ ਕਾਰਨ ਦ੍ਰਿਸ਼ਟਤਾ ਵਿੱਚ ਆਈ ਗੰਭੀਰ ਕਮੀ ਨੂੰ ਧਿਆਨ ਵਿੱਚ ਰੱਖਦਿਆਂ ਨਗਰ ਨਿਗਮ, ਫਗਵਾੜਾ ਵੱਲੋਂ ਸ਼ਹਿਰ ਭਰ ਲਈ ਇੱਕ ਅਧਿਕਾਰਿਕ ਸਲਾਹਕਾਰ ਸੂਚਨਾ ਜਾਰੀ ਕੀਤੀ ਗਈ ਹੈ। ਨਗਰ ਨਿਗਮ ਨੇ ਸ਼ਹਿਰਵਾਸੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਪੂਰੀ ਸਾਵਧਾਨੀ ਵਰਤਣ, ਗੈਰ-ਜ਼ਰੂਰੀ ਆਵਾਜਾਈ ਤੋਂ ਪਰਹੇਜ਼ ਕਰਨ ਅਤੇ ਸੰਭਾਵਿਤ ਸੜਕ ਹਾਦਸਿਆਂ ਤੇ ਸਿਹਤ ਸੰਬੰਧੀ ਐਮਰਜੈਂਸੀਜ਼ ਦੀ ਰੋਕਥਾਮ ਲਈ ਪ੍ਰਸ਼ਾਸਨ ਨਾਲ ਪੂਰਾ ਸਹਿਯੋਗ ਕਰਨ ਨਗਰ ਨਿਗਮ ਅਨੁਸਾਰ, ਖ਼ਾਸ ਕਰਕੇ ਸਵੇਰੇ ਜਲਦੀ ਅਤੇ ਸ਼ਾਮ ਦੇ ਸਮੇਂ ਧੁੰਦ ਕਾਰਨ ਸ਼ਹਿਰ ਦੀਆਂ ਸੜਕਾਂ 'ਤੇ ਦ੍ਰਿਸ਼ਟਤਾ ਵਿੱਚ ਭਾਰੀ ਕਮੀ ਆ ਰਹੀ ਹੈ, ਜਿਸ ਨਾਲ ਸੜਕ ਹਾਦਸਿਆਂ ਦਾ ਖਤਰਾ ਵਧਦਾ ਹੈ, ਸਰਵਜਨਕ ਆਵਾਜਾਈ ਪ੍ਰਭਾਵਿਤ ਹੁੰਦੀ ਹੈ ਅਤੇ ਜਾਨ-ਮਾਲ ਨੂੰ ਨੁਕਸਾਨ ਪਹੁੰਚਣ ਦੀ ਸੰਭਾਵਨਾ ਬਣਦੀ ਹੈ। ਇਹ ਸਲਾਹਕਾਰ ਸੂਚਨਾ ਦ੍ਰਿਸ਼ਟਤਾ ਵਿੱਚ ਸੁਧਾਰ ਆਉਣ ਤੱਕ ਲਾਗੂ ਰਹੇਗੀ ਅਤੇ ਮੌਸਮੀ ਸਥਿਤੀ ਦੀ ਰੋਜ਼ਾਨਾ ਆਧਾਰ 'ਤੇ ਨਿਗਰਾਨੀ ਕੀਤੀ ਜਾਵੇਗੀ ਵਾਹਨ ਚਾਲਕਾਂ ਨੂੰ ਸਲਾਹ ਦਿੱਤੀ ਗਈ ਹੈ ਕਿ ਉਹ ਧੁੰਦ ਦੇ ਉੱਚ ਪ੍ਰਭਾਵ ਵਾਲੇ ਸਮੇਂ, ਵਿਸ਼ੇਸ਼ ਤੌਰ 'ਤੇ ਸਵੇਰੇ 4:30 ਵਜੇ ਤੋਂ 10:00 ਵਜੇ ਤੱਕ, ਗੈਰ-ਜ਼ਰੂਰੀ ਯਾਤਰਾ ਤੋਂ ਬਚਣ। ਨਗਰ ਨਿਗਮ ਨੇ ਵਾਹਨਾਂ ਨੂੰ ਘੱਟ ਗਤੀ ਨਾਲ ਚਲਾਉਣ, ਵਾਹਨਾਂ ਵਿਚਕਾਰ ਉਚਿਤ ਸੁਰੱਖਿਅਤ ਦੂਰੀ ਬਣਾਈ ਰੱਖਣ ਅਤੇ ਲੋ-ਬੀਮ ਹੈਡਲਾਈਟਾਂ ਜਾਂ ਫੋਗ ਲੈਂਪਾਂ ਦੀ ਵਰਤੋਂ ਕਰਨ ਦੀ ਅਪੀਲ ਕੀਤੀ ਹੈ। ਹਾਈ-ਬੀਮ ਲਾਈਟਾਂ ਦੀ ਵਰਤੋਂ ਤੋਂ ਸਖ਼ਤੀ ਨਾਲ ਪਰਹੇਜ਼ ਕਰਨ ਲਈ ਕਿਹਾ ਗਿਆ ਹੈ ਕਿਉਂਕਿ ਇਸ ਨਾਲ ਦ੍ਰਿਸ਼ਟਤਾ ਹੋਰ ਘਟ ਜਾਂਦੀ ਹੈ ਦੋ ਪਹੀਆ ਵਾਹਨ ਚਾਲਕਾਂ, ਸਾਈਕਲ ਸਵਾਰਾਂ ਅਤੇ ਪੈਦਲ ਯਾਤਰੀਆਂ ਨੂੰ ਸਵੇਰੇ ਜਲਦੀ ਆਵਾਜਾਈ ਸੀਮਿਤ ਕਰਨ ਅਤੇ ਰਿਫਲੈਕਟਿਵ ਕੱਪੜਿਆਂ ਜਾਂ ਲਾਈਟਾਂ ਦੀ ਵਰਤੋਂ ਰਾਹੀਂ ਆਪਣੀ ਦਿੱਖ ਯਕੀਨੀ ਬਣਾਉਣ ਦੀ ਸਲਾਹ ਦਿੱਤੀ ਗਈ ਹੈ। ਇਸਦੇ ਨਾਲ ਹੀ, ਵਪਾਰਕ ਵਾਹਨ ਚਾਲਕਾਂ ਨੂੰ ਟ੍ਰੈਫਿਕ ਨਿਯਮਾਂ ਦੀ ਸਖ਼ਤੀ ਨਾਲ ਪਾਲਣਾ ਕਰਨ ਅਤੇ ਵਾਹਨਾਂ ਦੀਆਂ ਸਾਰੀਆਂ ਸੁਰੱਖਿਆ ਲਾਈਟਾਂ ਅਤੇ ਰਿਫਲੈਕਟਰਾਂ ਨੂੰ ਸਹੀ ਹਾਲਤ ਵਿੱਚ ਰੱਖਣ ਦੇ ਨਿਰਦੇਸ਼ ਜਾਰੀ ਕੀਤੇ ਗਏ ਹਨ।

# ਚਰਨਛੋਹ ਸੱਚਖੰਡ ਬੇਗਮਪੁਰਾ ਖੁਰਾਲਗੜ੍ਹ ਸਾਹਿਬ ਵਿਖੇ ਸੰਗਤਾਂ ਨੇ ਸਤਿਸੰਗ 'ਚ ਭਰੀ ਹਾਜ਼ਰੀ

**ਹੁਸ਼ਿਆਰਪੁਰ (ਓ ਪੀ ਰਾਣਾ, ਬਲਵੀਰ ਸਿੰਘ ਸੈਣੀ)**- ਸ੍ਰੀ ਗੁਰੂ ਰਵਿਦਾਸ ਇਤਿਹਾਸਕ ਧਰਮ ਅਸਥਾਨ ਚਰਨਛੋਹ ਸੱਚਖੰਡ ਬੇਗਮਪੁਰਾ ਸ੍ਰੀ ਖੁਰਾਲਗੜ ਸਾਹਿਬ ਵਿਖੇ ਮਹਾਨ ਸਤਿਸੰਗ ਸਮਾਗਮ ਆਰੰਭ ਹੋਏ। ਇਸ ਮੌਕੇ ਸੰਤ ਸਤਵਿੰਦਰ ਹੀਰਾ ਰਾਸ਼ਟਰੀ ਪ੍ਰਧਾਨ ਆਲ ਇੰਡੀਆ ਆਦਿ ਧਰਮ ਮਿਸ਼ਨ ਭਾਰਤ ਨੇ ਸੰਗਤਾਂ ਨੂੰ ਸਤਿਗੁਰੂ ਰਵਿਦਾਸ ਮਹਾਰਾਜ ਜੀ, ਸਤਿਗੁਰੂ ਕਬੀਰ ਜੀ ਦੀ ਬਾਣੀ ਨਾਲ ਸੰਗਤਾਂ ਨੂੰ ਜੋੜਿਆ ਅਤੇ ਆਦਿ ਧਰਮ ਰਹਿਬਰਾਂ ਦੇ ਚਲਾਏ ਮਨੁੱਖਤਾ ਦੇ ਭਲੇ ਲਈ, ਸਮਾਨਤਾ, ਬਰਾਬਰਤਾ ਅਤੇ ਭਾਈਚਾਰੇ ਦੇ ਮਿਸ਼ਨ ਸਬੰਧੀ ਸੰਗਤਾਂ ਨੂੰ ਜਾਗਰੂਕ ਕੀਤਾ। ਇਸ ਮੌਕੇ ਸੰਤ ਸਤਵਿੰਦਰ ਹੀਰਾ ਨੇ ਕਿਹਾ ਕਿ ਜਿਥੇ ਗੁਰੂਆਂ ਦੀ ਬਾਣੀ ਸਭੈ ਸਾਂਝੀਵਾਲਤਾ ਦਾ ਹੋਕਾ ਦਿੰਦੀ ਹੈ ਭਾਵ ਪਰਮਾਤਮਾ ਨੇ ਸਭ ਨੂੰ ਜੇਕਰ ਧੁੱਪ, ਛਾਂ, ਹਵਾ ,ਰੋਸ਼ਨੀ ਦਾ ਅਨੰਦ ਇਕ ਸਮਾਨ ਬਖਸ਼ਿਸ਼ ਕੀਤਾ ਹੈ ਤਾਂ ਇਸੇ ਤਰਾਂ ਜੀਵਨ ਜਿਉਣ ਦਾ ਅਧਿਕਾਰ ਵੀ ਸਭ ਲਈ ਇਕ ਸਮਾਨ ਹੋਣਾ ਚਾਹੀਦਾ ਹੈ,ਹਰ ਕਿਸੇ ਲਈ ਜਿੰਦਗੀ ਵਿਚ ਅੱਗੇ ਵਧਣ ਦੇ ਸਮਾਨ ਅਤੇ ਨਿਰੰਤਰ ਮੌਕੇ ਮਿਲਣੇ ਚਾਹੀਦੇ ਹਨ। ਸੰਤ ਸਤਵਿੰਦਰ ਹੀਰਾ ਵੱਲੋਂ ਇਸ ਮੌਕੇ ਸੱਚਖੰਡ ਬੇਗਮਪੁਰਾ ਸ੍ਰੀ ਖੁਰਾਲਗੜ ਸਾਹਿਬ ਲਈ ਲੰਗਰਾਂ ਲਈ ਵਿਸ਼ੇਸ਼ ਯੋਗਦਾਨ ਪਾਉਣ ਵਾਲੇ ਸ਼ਰਧਾਲੂ ਸੇਵਕਾਂ ਨੂੰ ਗੁਰੂਘਰ ਦੀ ਬਖਸ਼ਿਸ਼ ਸਿਰਪਾਓ ਭੇਟ ਕਰਕੇ ਸਨਮਾਨਤ ਕੀਤਾ। ਸੰਤ ਸਤਵਿੰਦਰ ਹੀਰਾ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਇਤਿਹਾਸਕ ਧਰਮ ਅਸਥਾਨ ਚਰਨਛੋਹ ਸੱਚਖੰਡ ਬੇਗਮਪੁਰਾ ਸ੍ਰੀ ਖੁਰਾਲਗੜ ਸਾਹਿਬ ਵਿਖੇ ਸੰਤਾਂ ਮਹਾਂਪੁਰਸ਼ਾਂ ਅਤੇ ਸੰਗਤਾਂ ਵਲੋਂ ਬਹੁਤ ਵੱਡੀ ਸੇਵਾ ਆਰੰਭ ਕੀਤੀ ਗਈ ਹੈ ਜਿਸ ਲਈ ਦੇਸ਼ ਵਿਦੇਸ਼ ਦੀਆਂ ਸੰਗਤਾਂ ਵਲੋਂ ਤਨ ਮਨ ਧੰਨ ਨਾਲ ਭਾਰੀ ਸਹਿਯੋਗ ਪ੍ਰਾਪਤ ਹੋ ਰਿਹਾ ਹੈ, ਜਿਸ ਲਈ ਆਦਿ ਧਰਮ ਮਿਸ਼ਨ ਹਮੇਸ਼ਾ ਸੰਗਤਾਂ ਦਾ ਰਿਣੀ ਤੇ ਧੰਨਵਾਦੀ ਰਹੇਗਾ । ਉਹਨਾਂ ਕਿਹਾ ਸਤਿਗੁਰੂ ਰਵਿਦਾਸ ਮਹਾਰਾਜ ਜੀ ਬਾਣੀ ਦੇ ਪ੍ਰਚਾਰ ਤੇ ਪ੍ਰਸਾਰ, ਬਾਬੂ ਮੰਗੂ ਰਾਮ ਮੁਗੋਵਾਲੀਆ, ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਅਤੇ ਬਾਬੂ ਕਾਂਸ਼ੀ ਰਾਮ ਦੇ ਕ੍ਰਾਂਤੀਕਾਰੀ ਸਮਾਜਿਕ ਅੰਦੋਲਨ ਨੂੰ ਜਨ ਜਨ ਤੱਕ ਪਹੁੰਚਾਉਣ ਲਈ ਚਰਨਛੋਹ ਸੱਚਖੰਡ ਬੇਗਮਪੁਰਾ ਤੋਂ ਜਲਦ ਹੀ ਸੰਗਤਾਂ ਲਈ ਨਵੇਂ ਪ੍ਰੋਗਰਾਮ ਜਾਰੀ ਕੀਤੇ ਜਾਣਗੇ।



# ਮੈਡੀਕਲ ਪ੍ਰੈਕਟੀਸ਼ਨਰ ਤੇ ਪੁਲਸ ਪ੍ਰਸ਼ਾਸਨ ਵੱਲੋਂ ਸੜਕੀ ਸੁਰੱਖਿਆ ਮੁਹਿੰਮ ਤਹਿਤ ਵਾਹਨਾਂ 'ਤੇ ਲਗਾਏ ਰਿਫਲੈਕਟਰ

**ਬਲਾਚੌਰ (ਜਸਵਿੰਦਰ ਬੈਂਸ)** ਸਰਦੀਆਂ ਦੇ ਮੌਸਮ 'ਚ ਵਧ ਰਹੀ ਸੰਘਣੀ ਧੁੰਦ ਕਾਰਨ ਹੋਣ ਵਾਲੇ ਸੜਕੀ ਹਾਦਸਿਆਂ ਨੂੰ ਰੋਕਣ ਲਈ ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ (ਰਜਿ. 295) ਤਹਿਸੀਲ ਬਲਾਚੌਰ ਅਤੇ ਪੁਲਸ ਪ੍ਰਸ਼ਾਸਨ ਵੱਲੋਂ ਇੱਕ ਸਾਂਝੀ ਜਾਗਰੂਕਤਾ ਮੁਹਿੰਮ ਚਲਾਈ ਗਈ। ਉਪ ਕਪਤਾਨ ਸਬ ਡਵੀਜ਼ਨ ਬਲਾਚੌਰ ਹਿੰਮਤ ਮਲਹੋਤਰਾ, ਬਿਕਰਮ ਸਿੰਘ ਐਸ ਐਚ ਓ ਸਦਰ, ਜੋਗਿੰਦਰ ਪਾਲ ਟ੍ਰੈਫਿਕ ਇੰਚਾਰਜ਼ ਦੀ ਅਗਵਾਈ ਹੇਠ ਮੇਨ ਚੌਂਕ ਬਲਾਚੌਰ ਵਿਖੇ ਗੱਡੀਆਂ, ਰਿਕਸ਼ਿਆਂ ਅਤੇ ਰੇਹੜੀਆਂ ਦੇ ਪਿੱਛੇ ਰਿਫਲੈਕਟਰ ਲਗਾਏ ਗਏ ਤਾਂ ਜੋ ਧੁੰਦ ਦੌਰਾਨ ਵਾਹਨ ਦੂਰੋਂ ਦਿਖਾਈ ਦੇ ਸਕਣ ਅਤੇ ਹਾਦਸਿਆਂ ਤੋਂ ਬਚਾਅ ਹੋ ਸਕੇ।ਇਸ ਮੁਹਿੰਮ ਦੀ ਸ਼ੁਰੂਆਤ ਤੋਂ ਪਹਿਲਾਂ ਐਸੋਸੀਏਸ਼ਨ ਦੀ ਇੱਕ ਅਹਿਮ ਮਹੀਨਾਵਾਰ ਮੀਟਿੰਗ ਡਾ. ਤਜਿੰਦਰ ਸਿੰਘ ਜੋਤ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਵਿੱਚ ਸਮੂਹ ਮੈਂਬਰਾਂ ਨੇ ਮਨੁੱਖਤਾ ਦੀ ਸੇਵਾ ਲਈ ਪ੍ਰਸ਼ਾਸਨ ਦਾ ਸਾਥ ਦੇਣ ਦਾ ਅਹਿਦ ਲਿਆ।ਇਸ ਉਪਰੰਤ ਪੁਲਿਸ ਅਧਿਕਾਰੀਆਂ ਅਤੇ ਮੈਡੀਕਲ ਪ੍ਰੈਕਟੀਸ਼ਨਰਾਂ ਨੇ ਸਾਂਝੇ ਤੌਰ 'ਤੇ ਲੋਕਾਂ ਨੂੰ ਆਵਾਜਾਈ ਦੇ ਨਿਯਮਾਂ ਪ੍ਰਤੀ ਜਾਗਰੂਕ ਕੀਤਾ। ਇਸ ਮੌਕੇ ਐਸੋਸੀਏਸ਼ਨ ਦੇ ਅਹੁਦੇਦਾਰ ਅਤੇ ਮੈਂਬਰ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ, ਜਿਨ੍ਹਾਂ ਵਿੱਚ ਡਾ. ਦਿਲਦਾਰ ਸਿੰਘ ਚਾਹਲ (ਸੂਬਾ ਉਪ ਪ੍ਰਧਾਨ ) ਡਾ. ਮਨੋਹਰ ਲਾਲ ਚੇਅਰਮੈਨ ਡਾ. ਡਾ ਸੁਨੀਤਾ ਸ਼ਰਮਾ, ਗਿਆਨ ਸਿੰਘ ਜਨਰਲ ਸਕੱਤਰ, ਡਾ. ਹਰਜਿੰਦਰ ਸਿੰਘ ਕੈਸ਼ੀਅਰ, ਡਾ ਯਸ਼ਪਾਲ ਸ਼ਰਮਾ ਜ਼ਿਲ੍ਹਾ ਕਮੇਟੀ ਮੈਂਬਰ, ਡਾ. ਸੁੱਚਾ ਸਿੰਘ, ਡਾ. ਬਹਾਦਰ ਸਿੰਘ, ਡਾ ਅਮਰੀਕ, ਡਾ. ਅੰਗਰੇਜ਼, ਡਾ. ਬਲਦੇਵ ਸਿੰਘ, ਡਾ. ਮਨਮੋਹਨ ਸਿੰਘ, ਡਾ. ਪਿੰਕਾ, ਡਾ. ਹਰਭਜਨ, ਡਾ. ਪ੍ਰੇਮ ਸਿੰਘ, ਡਾ. ਸਾਹਿਲ, ਡਾ. ਭੁਪਿੰਦਰ, ਡਾ. ਜਤਿੰਦਰ, ਡਾ. ਅਸ਼ੋਕ, ਡਾ. ਪਵਨ, ਹਾਜ਼ਰ ਹੋਏ।



# ਮਨਰੇਗਾ ਕਾਨੂੰਨ ਨਾਲ ਕੀਤੀ ਛੇੜ-ਛਾੜ ਵਿਰੁੱਧ ਕੇਂਦਰ ਸਰਕਾਰ ਦੇ ਪੁਤਲੇ ਫੂਕੇ



**ਬਲਾਚੌਰ (ਜਸਵਿੰਦਰ ਬੈਂਸ)** ਮਨਰੇਗਾ ਕਾਨੂੰਨ ਨਾਲ ਕੀਤੀ ਛੇੜਛਾੜ ਇਸ ਨੂੰ ਬਹੁਤ ਕਮਜ਼ੋਰ ਘਰ ਦੇਵੇਗੀ ਅਤੇ ਮਜ਼ਦੂਰਾਂ ਨੂੰ ਬਹੁਤ ਘੱਟ ਰੋਜ਼ਗਾਰ ਮਿਲੇਗਾ।ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਮਨਰੇਗਾ ਅਧਿਕਾਰ ਅੰਦੋਲਨ ਦੇ ਆਗੂ ਬੀਬੀ ਸ਼ਸ਼ੀ ਰਾਣਾ ਸਾਬਕਾ ਸਰਪੰਚ ਅਤੇ ਮਨੋਹਰ ਲਾਲ ਟੋਸਾ ਨੇ ਵੱਖ ਵੱਖ ਪਿੰਡਾਂ ਵਿੱਚ ਮਜ਼ਦੂਰਾਂ ਨੂੰ ਸੰਬੋਧਨ ਕਰਦਿਆਂ ਹੋਇਆ ਕੀਤਾ।ਮਜ਼ਦੂਰਾਂ ਨੇ ਰੋਸ ਵਜੋਂ ਅੱਜ ਕੇਂਦਰ ਸਰਕਾਰ ਦੇ ਪੁਤਲੇ ਫੂਕੇ ਅਤੇ ਜੋਰਦਾਰ ਨਾਰੇਬਾਜੀ ਕੀਤੀ।ਆਗੂਆਂ ਨੇ ਕਿਹਾ ਕਿ ਨਵੀਂ ਸੋਧ ਮੁਤਾਬਕ ਸੂਬਾ ਸਰਕਾਰ ਨੂੰ 40% ਹਿੱਸਾ ਦੇਣਾ ਪਵੇਗਾ ਜਦ ਕਿ ਪਹਿਲਾਂ ਕੁੱਲ ਬਜਟ ਦਾ 10% ਹੀ ਸੂਬਾ ਸਰਕਾਰਾਂ ਦਿੰਦੀਆਂ ਸਨ।ਹੁਣ ਜਦੋਂ ਸੂਬਾ ਸਰਕਾਰਾਂ ਤਾਂ ਪਹਿਲਾ ਹੀ ਕਰਜਈ ਹਨ ਤਾਂ ਸੂਬਾ ਸਰਕਾਰ ਆਪਣਾ ਹਿੱਸਾ ਦੇਣ ਤੋਂ ਅਸਮਰਥ ਹੋ ਜਾਵੇਗੀ।ਇਸ ਬਹਾਨੇ ਕੇਂਦਰ ਵੀ ਆਪਣਾ ਹਿੱਸਾ ਨਹੀਂ ਦੇਵੇਗਾ ਅਤੇ ਮਨਰੇਗਾ ਕਾਨੂੰਨ ਨੂੰ ਆਪਣੀ ਮੌਤੇ ਮਰਨ ਲਈ ਮਜਬੂਰ ਕਰ ਦਿੱਤਾ ਜਾਵੇਗਾ।ਪਿੰਡ ਟੌਂਸਾ ਰਾਇਪਰ ਅਤੇ ਰੱਤਿਆਲ ਵਿਖੇ ਆਗੂਆਂ ਨੇ ਮਨਰੇਗਾ ਕਿਰਤੀਆਂ ਨੂੰ ਕਿਹਾ ਕਿ ਉਹਨਾਂ ਦੀ ਬੰਧਕ ਸ਼ਕਤੀ ਹੀ ਇਸ ਹਮਲੇ ਨੂੰ ਰੋਕ ਸਕਦੀ ਹੈ।ਉਹਨਾਂ ਸਮੂਹ ਮਨਰੇਗਾ ਕਿਰਤੀਆਂ ਨੂੰ ਅਪੀਲ ਕੀਤੀ ਕਿ ਅੱਜ ਜਾਗਣ ਦਾ ਵੇਲਾ ਹੈ ਜਾਗੋ ਨਹੀਂ ਤਾਂ ਕਾਰਪੋਰੇਟ ਸਾਨੂੰ ਗੁਲਾਮ ਬਣਾਉਣ ਲਈ ਹੋਰ ਅੱਗੇ ਵਧੇਗਾ।

# ਜਸਵੰਤ ਸਿੰਘ ਜੱਸਾ ਨੇ ਬਲਾਕ ਸੰਮਤੀ ਚੋਣ ਜਿੱਤੀ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪਿੰਡ ਖੰਨੌੜਾ ਦੇ ਉਘੇ ਸਮਾਜ ਸੇਵਕ ਜਸਵੰਤ ਸਿੰਘ ਜੱਸਾ ਖੰਨੌੜਾ ਬਲਾਕ ਸੰਮਤੀ ਜੋਨ ਤੋਂ ਸ਼ਾਨਦਾਰ ਜਿੱਤ ਹਾਸਲ ਕੀਤੀ। ਇਸ ਮੌਕੇ ਸੋਹਣ ਸਿੰਘ ਠੰਡਲ ਸਾਬਕਾ ਕੈਬਨਿਟ ਮੰਤਰੀ ਪੰਜਾਬ ਨੇ ਜਸਵੰਤ ਸਿੰਘ ਜੱਸਾ ਖੰਨੌੜਾ ਦਾ ਮੂੰਹ ਮਿੱਠਾ ਕਰਵਾਇਆ ਗਿਆ। ਇਸ ਮੌਕੇ ਹਲਕਾ ਚੱਬੇਵਾਲ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਜਨਰਲ ਸਕੱਤਰ ਅਤੇ ਸਾਬਕਾ ਕੈਬਨਿਟ ਮੰਤਰੀ ਸੋਹਣ ਸਿੰਘ ਠੰਡਲ ਨੇ ਮੇਹਟੀਆਣਾ ਸਰਕਲ ਤੋਂ ਜਸਵੰਤ ਸਿੰਘ ਜੱਸਾ ਜੋ ਕਿ ਖੰਨੌੜਾ ਬਲਾਕ ਸੰਮਤੀ ਤੋਂ ਦੂਸਰੀ ਵਾਰ 250 ਵੋਟਾਂ ਦੇ ਫਰਕ ਨਾਲ ਜੇਤੂ ਰਹੇ, ਉਹਨਾਂ ਨੂੰ ਮਿਲ ਕੇ ਉਹਨਾਂ ਦਾ ਮੂੰਹ ਮਿੱਠਾ ਕਰਵਾਇਆ ਅਤੇ ਮੁਬਾਰਕਬਾਦ ਦਿੱਤੀ। ਇਸ ਮੌਕੇ ਉਨ੍ਹਾਂ ਦੇ ਨਾਲ ਰਵੀ ਮੇਹਟੀਆਣਾ, ਰਿੱਕੀ ਸਿੰਬਲੀ ਤੇ ਜਸਵਿੰਦਰ ਸਿੰਘ ਨੰਗਲ ਠੰਡਲ ਆਦਿ ਹਾਜ਼ਰ ਸਨ।



# ਨਵ-ਨਿਯੁਕਤ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਸਨਮਾਨਤ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਰਾਮਗੜ੍ਹੀਆ ਸਿੱਖ ਆਰਗਨਾਈਜੇਸ਼ਨ ਇੰਡੀਆ ਵੱਲੋਂ ਹਾਲ ਹੀ ਵਿੱਚ ਸੰਪਨ ਹੋਈਆਂ ਜ਼ਿਲਾ ਪ੍ਰੀਸ਼ਦ ਚੋਣਾਂ ਵਿੱਚ ਖੜਿਆਲਾ ਸੈਣੀਆਂ ਜ਼ੋਨ ਤੋਂ ਭਾਰੀ ਬਹੁਮਤ ਨਾਲ ਜੇਤੂ ਰਹੇ ਆਮ ਆਦਮੀ ਪਾਰਟੀ ਦੇ ਬੀਬੀ ਇੰਦਰਜੀਤ ਕੌਰ ਕੌਂਸਲ ਅਤੇ ਉਨ੍ਹਾਂ ਦੇ ਪਤੀ ਹਰਦੇਵ ਸਿੰਘ ਕੌਂਸਲ ਦਾ ਚੇਅਰਮੈਨ ਕੁਲਦੀਪ ਸਿੰਘ ਖਾਂਬਾ ਦੀ ਅਗਵਾਈ ਵਿੱਚ ਸਨਮਾਨ ਕੀਤਾ ਗਿਆ । ਜ਼ਿਕਰਯੋਗ ਹੈ ਕਿ ਬੀਬੀ ਇੰਦਰਜੀਤ ਕੌਰ ਕੌਂਸਲ ਨੇ ਹਲਕਾ ਸ਼ਾਮ ਚੁਰਾਸੀ ਵਿੱਚ ਆਉਂਦੇ ਇਸ ਖੜਿਆਲਾ ਸੈਣੀਆਂ ਜ਼ੋਨ ਤੋਂ ਰਿਵਾਇਤੀ ਅਕਾਲੀ ਅਤੇ ਕਾਂਗਰਸ ਪਾਰਟੀ ਨੂੰ ਭਾਰੀ ਬਹੁਮਤ ਨਾਲ ਹਰਾ ਕੇ ਇਹ ਸੀਟ ਆਮ ਆਦਮੀ ਪਾਰਟੀ ਦੀ ਝੋਲੀ ਵਿੱਚ ਪਾਈ ਹੈ। ਇਸ ਮੌਕੇ ਰਾਮਗੜੀਆ ਸਿੱਖ ਆਰਗਨਾਈਜੇਸ਼ਨ ਦੇ ਸੀਨੀਅਰ ਆਹੁਦੇਦਾਰ ਮਲਕੀਅਤ ਸਿੰਘ ਮਰਵਾਹਾ, ਜਸਵੰਤ ਸਿੰਘ ਭੋਗਲ,ਇੰਜ. ਗੁਰਦੇਵ ਸਿੰਘ ਸਾਬਕਾ ਐਕਸੀਅਨ, ਗੁਰਬਿੰਦਰ ਸਿੰਘ ਪਲਾਹਾ, ਰਜਿੰਦਰ ਸਿੰਘ ਸੀਹਰਾ, ਸੁਖਦੀਪ ਸਿੰਘ ਭੱਚੂ, ਗੁਰਜੀਤ ਸਿੰਘ ਵੀ ਮੌਜੂਦ ਸਨ। ਇਸ ਮੌਕੇ ਆਪਣੇ ਸੰਬੋਧਨ ਵਿੱਚ ਚੇਅਰਮੈਨ ਕੁਲਦੀਪ ਸਿੰਘ ਖਾਂਬਾ ਨੇ ਕਿਹਾ ਕਿ ਕੈਬਨਟ ਮੰਤਰੀ ਪੰਜਾਬ ਡਾ. ਰਵਜੋਤ ਸਿੰਘ ਨੇ ਪਹਿਲ ਕਦਮੀ ਕਰਕੇ ਰਾਮਗੜੀਆ ਸਿੱਖ ਆਰਗੇਨਾਜੀਏਸ਼ਨ ਦੇ ਮਾਣਮਤੇ ਪਰਿਵਾਰ ਨੂੰ ਜ਼ਿਲਾ ਪ੍ਰੀਸ਼ਦ ਲਈ ਉਮੀਦਵਾਰ ਬਣਾਇਆ ਜਿਸ ਲਈ ਸਮੁੱਚੀ ਆਰਗਨਾਈਜੇਸ਼ਨ ਉਹਨਾਂ ਵੱਲੋਂ ਪ੍ਰਗਟਾਏ ਭਰੋਸੇ ਲਈ ਧੰਨਵਾਦ ਕਰਦੀ ਹੈ ਅਤੇ ਨਾਲ ਹੀ ਮੰਗ ਕਰਦੀ ਹੈ ਕਿ ਬੀਬੀ ਇੰਦਰਜੀਤ ਕੌਂਸਲ ਦੀ ਵੱਡੀ ਜਿੱਤ ਨੂੰ ਵੇਖਦਿਆਂ ਉਹਨਾਂ ਨੂੰ ਹੋਰ ਵੱਡੀ ਜਿੰਮੇਵਾਰੀ ਦਿੱਤੀ ਜਾਵੇ ।

# ਬਾਲ ਭਿੱਖਿਆ ਰੋਕੂ ਟਾਸਕ ਫੋਰਸ ਨੇ ਭੀਖ ਮੰਗਦੇ 10 ਬੱਚੇ ਛੁਡਵਾਏ

**ਜਲੰਧਰ (ਇਕਬਾਲ ਸਿੰਘ ਉਭੀ)**- ਕੈਬਨਿਟ ਮੰਤਰੀ ਡਾ. ਬਲਜੀਤ ਕੌਰ, ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਵਿਭਾਗ ਦੇ ਅਦੇਸ਼ਾਂ ਦੀ ਪਾਲਣਾ ਹਿੱਤ ਜ਼ਿਲ੍ਹਾ ਪੱਧਰੀ ਬਾਲ ਭਿੱਖਿਆ ਰੋਕੂ ਟਾਸਕ ਫੋਰਸ ਵੱਲੋਂ ਬਾਲ ਭਿੱਖਿਆ ਰੋਕਣ ਲਈ ਵੱਖ-ਵੱਖ ਥਾਵਾਂ 'ਤੇ ਛਾਪੇਮਾਰੀ ਕੀਤੀ ਗਈ, ਜਿਸ ਦੌਰਾਨ 10 ਬੱਚਿਆਂ ਨੂੰ ਰੈਸਕਿਊ ਕੀਤਾ ਗਿਆ।ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਮਨਜਿੰਦਰ ਸਿੰਘ ਨੇ ਦੱਸਿਆ ਕਿ ਬਾਲ ਭੀਖ ਮੰਗਣ ਨੂੰ ਜੜ੍ਹੋਂ ਖ਼ਤਮ ਕਰਨ ਲਈ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਵਿਭਾਗ ਵੱਲੋਂ ਚਲਾਏ ਜਾ ਰਹੇ 'ਜੀਵਨਜੋਤ ਪ੍ਰਾਜੈਕਟ' ਤਹਿਤ ਜ਼ਿਲ੍ਹੇ ਦੀਆਂ ਵੱਖ-ਵੱਖ ਥਾਵਾਂ 'ਤੇ ਚੈਕਿੰਗ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਉਨ੍ਹਾਂ ਅਤੇ ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਅਜੈ ਭਾਰਤੀ ਦੀ ਅਗਵਾਈ ਵਾਲੀਆਂ ਟੀਮਾਂ ਵੱਲੋਂ ਜਿਥੇ ਜਲੰਧਰ ਸ਼ਹਿਰ ਵਿੱਚ ਬੱਸ ਸਟੈਂਡ ਸਮੇਤ ਵੱਖ-ਵੱਖ ਚੌਕਾਂ ਵਿੱਚ ਛਾਪੇਮਾਰੀ ਕੀਤੀ ਗਈ ਉਥੇ ਜ਼ਿਲ੍ਹੇ ਦੇ ਵੱਖ-ਵੱਖ ਬਲਾਕਾਂ ਵਿੱਚ ਬਾਲ ਵਿਕਾਸ ਪ੍ਰਾਜੈਕਟ ਅਫ਼ਸਰਾਂ ਦੀ ਅਗਵਾਈ ਵਿੱਚ ਟੀਮਾਂ ਵੱਲੋਂ ਚੈਕਿੰਗ ਕੀਤੀ ਗਈ।ਉਨ੍ਹਾਂ ਦੱਸਿਆ ਕਿ ਇਸ ਮੁਹਿੰਮ ਦੌਰਾਨ 10 ਬੱਚੇ ਬੈਗਰੀ ਐਕਟ ਤਹਿਤ ਰੈਸਕਿਊ ਕੀਤੇ ਗਏ ਹਨ, ਜਿਨ੍ਹਾਂ ਵਿੱਚ 6 ਲੜਕੀਆਂ ਅਤੇ 4 ਲੜਕੇ ਸ਼ਾਮਲ ਹਨ। ਉਨ੍ਹਾਂ ਦੱਸਿਆ ਕਿ ਛੁਡਾਏ ਗਏ ਬੱਚਿਆਂ ਦੀ ਉਮਰ 6-14 ਸਾਲ ਦੇ ਵਿਚਕਾਰ ਹੈ, ਜਿਨ੍ਹਾਂ ਦਾ ਸਿਵਲ ਹਸਪਤਾਲ ਤੋਂ ਮੈਡੀਕਲ ਕਰਵਾਉਣ ਮੈਡੀਕਲ ਉਪਰੰਤ ਬੱਚਿਆਂ ਨੂੰ ਬਾਲ ਭਲਾਈ ਕਮੇਟੀ, ਜਲੰਧਰ ਪਾਸ ਪੇਸ਼ ਕੀਤਾ ਗਿਆ।

# ਕਿਰਤੀ ਕਿਸਾਨ ਤੇ ਪੇਂਡੂ ਮਜ਼ਦੂਰ ਯੂਨੀਅਨ ਵੱਲੋਂ ਸੜਕ ਦਾ ਨਿਰਮਾਣ ਫੌਰੀ ਸ਼ੁਰੂ ਕਰਨ ਦੀ ਮੰਗ



ਮਹਿਤਪੁਰ (ਰਾਜਾ) ਕਿਰਤੀ ਕਿਸਾਨ ਯੂਨੀਅਨ ਤੇ ਪੇਂਡੂ ਮਜ਼ਦੂਰ ਯੂਨੀਅਨ ਨੇ ਟੋਲ ਪਲਾਜ਼ਾ ਸੰਗੋਵਾਲ ਉੱਤੇ ਰੈਲੀ ਕਰਕੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਪੰਜਾਬ ਸਰਕਾਰ ਤੇ ਟੋਲ ਪਲਾਜ਼ਾ ਕੰਪਨੀ ਦੇ ਸਾਂਝੇ ਖਾਤੇ ਵਿੱਚ ਲੋਕਾਂ ਦੇ ਇਕੱਠੇ ਕੀਤੇ ਜਮਾ ਕਰੋੜਾਂ ਰੁਪਏ ਨਾਲ ਖਸਤਾ ਹਾਲਤ ਸੜਕ ਦਾ ਨਿਰਮਾਣ ਫੌਰੀ ਸ਼ੁਰੂ ਕਰਨ ਦੀ ਮੰਗ ਕੀਤੀ। ਕਿਰਤੀ ਕਿਸਾਨ ਯੂਨੀਅਨ ਦੇ ਤਹਿਸੀਲ ਪ੍ਰਧਾਨ ਸਾਬਕਾ ਸਰਪੰਚ ਬਚਨ ਸਿੰਘ ਤੇ ਪੇਂਡੂ ਮਜ਼ਦੂਰ ਯੂਨੀਅਨ ਦੇ ਤਹਿਸੀਲ ਪ੍ਰਧਾਨ ਕਸ਼ਮੀਰ ਮੰਡਿਆਲਾ ਨੇ ਦੋਸ਼ ਲਾਇਆ ਕਿ ਰੇਤ ਮਾਫੀਆ ਨੇ ਸਰਕਾਰ ਵੱਲੋਂ ਬੀਤੇ ਦਿਨੀ ਅਏ ਹਾੜ ਤੋਂ ਕਿਸਾਨਾਂ ਨੂੰ ਰਾਹਤ ਦੇਣ ਲਈ ਕੀਤੇ ਐਲਾਨ ਕਿ ਜਿਸ ਕਾ ਖੇਤ ਉਸ ਕੀ ਰੇਤ ਦਾ ਲਾਹਾ ਲੈ ਕੇ ਰੇਤ ਮਾਫੀਆ ਸਤਲੁਜ ਦਰਿਆ 'ਚੋਂ ਦਿਨ ਰਾਤ ਮਾਈਨਿੰਗ ਕਰਕੇ ਰੇਤ ਵੇਚ ਰਿਹਾ ਹੈ । ਸਤਲੁਜ ਤੋਂ ਲੈ ਕੇ ਨਕੋਦਰ ਤੱਕ ਸੜਕ ਨੇ ਖੂਨੀ ਸੜਕ ਦਾ ਰੂਪ ਧਾਰ ਕਰ ਲਿਆ। ਆਏ ਦਿਨ ਐਕਸੀਡੈਂਟ ਦੀਆਂ ਖਬਰਾਂ ਅਖਬਾਰਾਂ ਦੀਆਂ ਸੁਰਖੀਆਂ ਬਣ ਰਹੀਆਂ ਹਨ। ਬੀਤੇ ਦਿਨੀ ਸੰਗੋਵਾਲ ਪਿੰਡ ਦੀ ਸਕੂਲ ਤੋਂ ਆ ਰਹੀ ਇੱਕ ਬੱਚੀ ਦੀ ਸੜਕ ਹਾਦਸੇ ਕਾਰਨ ਮੌਤ ਹੋ ਗਈ। ਲੋਕਾਂ ਵੱਲੋਂ ਦਬਾਅ ਪਾਏ ਜਾਣ ਤੇ ਟੋਇਆਂ ਨੂੰ ਪੂਰਨ ਲਈ ਪ੍ਰਸ਼ਾਸਨ ਵੱਲੋਂ ਪਾਈ ਗਈ ਸਵਾਹ ਨੇ ਸੜਕ ਦੀ ਹਾਲਤ ਤਾਂ ਕੀ ਸੁਧਰਨੀ ਸੀ ਉਲਟਾ ਲੋਕਾਂ ਦਾ ਸੜਕ ਤੋਂ ਲੰਘਣਾ ਵੀ ਮੁਸ਼ਕਿਲ ਹੋ ਗਿਆ ਹੈ। ਜੇ ਸਰਕਾਰ ਨੇ ਫੌਰੀ ਕੋਈ ਕਦਮ ਨਾ ਚੁੱਕਿਆ ਤਾਂ ਕੋਈ ਵੱਡਾ ਸੜਕ ਹਾਦਸਾ ਵਾਪਰ ਸਕਦਾ ਹੈ। ਪੇਂਡੂ ਮਜ਼ਦੂਰ ਯੂਨੀਅਨ ਦੇ ਸੂਬਾ ਪ੍ਰਧਾਨ ਤਰਸੇਮ ਪੀਟਰ ਅਤੇ ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਆਗੂ ਰਜਿੰਦਰ ਸਿੰਘ ਮੰਡ ਨੇ ਕਿਹਾ ਕਿ ਜੇ ਸਰਕਾਰ ਨੇ ਫੌਰੀ ਸੜਕ ਦਾ ਮਸਲਾ ਹੱਲ ਨਾ ਕੀਤਾ ਤਾਂ ਆਉਣ ਵਾਲੇ ਦਿਨਾਂ ਵਿੱਚ ਉਹ ਹਮ ਖਿਆਲੀ ਜਥੇਬੰਦੀਆਂ ਨਾਲ ਮਿਲ ਕੇ ਸੰਘਰਸ਼ ਕਰਨ ਲਈ ਮਜਬੂਰ ਹੋਣਗੇ।

# ਨਵੇਂ ਚੁਣੇ ਬਲਾਕ ਸੰਮਤੀ ਮੈਂਬਰਾਂ ਨੂੰ ਐੱਸ ਡੀ ਐੱਮ ਨੇ ਦਿੱਤੇ ਸਰਟੀਫਿਕੇਟ

**ਫਗਵਾੜਾ (ਡਾ. ਰਮਨ)**- ਬਲਾਕ ਸੰਮਤੀ ਚੋਣਾਂ 'ਚ ਨਵੇਂ ਚੁਣੇ ਗਏ ਸੰਮਤੀ ਮੈਂਬਰਾਂ ਨੂੰ ਸਥਾਨਕ ਐੱਸ ਡੀ ਐੱਮ ਜਸ਼ਨਜੀਤ ਸਿੰਘ ਦੇ ਦਫਤਰ ਵਿਖੇ ਸਰਟੀਫਿਕੇਟ ਵੰਡਣ ਮੌਕੇ ਆਮ ਆਦਮੀ ਪਾਰਟੀ ਦੇ ਸੂਬਾ ਸਪੋਕਸ ਪਰਸਨ ਅਤੇ ਵਿਧਾਨਸਭਾ ਹਲਕਾ ਫਗਵਾੜਾ ਦੇ ਇੰਚਾਰਜ ਹਰਨੂਰ ਸਿੰਘ (ਹਰਜੀ) ਮਾਨ ਵਿਸ਼ੇਸ਼ ਤੌਰ ਤੇ ਪਹੁੰਚੇ। ਉਹਨਾਂ ਆਪ ਪਾਰਟੀ ਦੇ ਚੁਣੇ ਗਏ 9 ਸੰਮਤੀ ਮੈਂਬਰਾਂ ਨੂੰ ਸ਼ੁੱਭ ਇੱਛਾਵਾਂ ਦਿੱਤੀਆਂ ਅਤੇ ਲੋਕਾਂ ਦੇ ਨਾਲ ਕੀਤੇ ਵਾਅਦੇ ਪੂਰੇ ਕਰਨ ਲਈ ਪੂਰੀ ਵਾਹ ਲਗਾਉਣ ਦੀ ਅਪੀਲ ਕੀਤੀ। ਹਰਜੀ ਮਾਨ ਨੇ ਕਿਹਾ ਕਿ ਫਗਵਾੜਾ ਸਮੇਤ ਪੂਰੇ ਪੰਜਾਬ ਦੀਆਂ ਬਲਾਕ ਸੰਮਤੀ ਤੇ ਜ਼ਿਲ੍ਹਾ ਪ੍ਰੀਸ਼ਦ ਚੋਣਾਂ ਦੌਰਾਨ ਵੋਟਰਾਂ ਨੇ ਇੱਕ ਵਾਰ ਫਿਰ ਮੁੱਖ ਮੰਤਰੀ ਭਗਵੰਤ ਮਾਨ ਅਤੇ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਹੱਕ 'ਚ ਫਤਵਾ ਦਿੱਤਾ ਹੈ। ਉਹਨਾਂ ਨੇ ਨਵੇਂ ਚੁਣੇ ਗਏ ਸਮੂਹ ਸੰਮਤੀ ਮੈਂਬਰਾਂ ਨੂੰ ਭਰੋਸਾ ਦਿੱਤਾ ਕਿ ਪਿੰਡਾਂ ਦੇ ਵਿਕਾਸ ਵਿੱਚ ਉਹਨਾਂ ਦੀ ਭੂਮਿਕਾ ਨੂੰ ਪੂਰਾ ਸਤਿਕਾਰ ਦਿੱਤਾ ਜਾਵੇਗਾ। ਪਿੰਡਾਂ ਦੇ ਵਿਕਾਸ ਵਿੱਚ ਕੋਈ ਕਸਰ ਬਾਕੀ ਨਹੀਂ ਰਹਿਣ ਦਿੱਤੀ ਜਾਵੇਗੀ। ਇਸ ਮੌਕੇ ਉਹਨਾਂ ਦੇ ਨਾਲ ਅਜੇ ਕੁਮਾਰ ਹੈਪੀ, ਬਲਾਕ ਸੰਮਤੀ ਮੈਂਬਰ ਰਜਿੰਦਰ ਕੌਰ, ਜਸਪ੍ਰੀਤ ਸਿੰਘ ਬਿੱਲੂ, ਬਲਾਕ ਸੰਮਤੀ ਮੈਂਬਰ ਗੁਰਪ੍ਰੀਤ ਸਿੰਘ, ਬਲਾਕ ਸੰਮਤੀ ਮੈਂਬਰ ਦਵਿੰਦਰ ਸਿੰਘ, ਬਲਾਕ ਸੰਮਤੀ ਮੈਂਬਰ ਕਮਲ ਕਲਸੀ, ਬਲਾਕ ਸਮਤੀ ਮੈਂਬਰ ਕਮਲੇਸ਼ ਕੌਰ, ਬਲਾਕ ਸੰਮਤੀ ਮੈਂਬਰ ਦੇਸ਼ਰਾਜ ਝੰਮਟ ਤੋਂ ਇਲਾਵਾ ਆਪ ਪਾਰਟੀ ਦੇ ਹੋਰ ਵਰਕਰ ਅਤੇ ਸਮਰਥਕ ਵੀ ਹਾਜ਼ਰ ਸਨ।




# ਸਾਲਾਨਾ ਸਪੋਰਟਸ ਮੀਟ ਧੂਮਧਾਮ ਨਾਲ ਸੰਪੰਨ

**ਸੁਲਤਾਨਪੁਰ ਲੋਧੀ (ਹਨੀ)**- ਲਾਰਡ ਕ੍ਰਿਸ਼ਨਾ ਇੰਟਰਨੈਸ਼ਨਲ ਸਕੂਲ ਵਿਖੇ ਸਲਾਨਾ ਸਪੋਰਟਸ ਮੀਟ ਬਹੁਤ ਹੀ ਧੂਮਧਾਮ ਨਾਲ ਮੈਨੇਜਿੰਗ ਕਮੇਟੀ ਦੇ ਪ੍ਰਮੁੱਖ ਰਕੇਸ਼ ਧੀਰ, ਕਰਨ ਧੀਰ, ਦਿਨੇਸ਼ ਧੀਰ ਤੇ ਸਮੂਹ ਮੈਂਬਰਾਂ ਦੀ ਸਰਪਰਸਤੀ ਹੇਠ ਪ੍ਰਿੰਸੀਪਲ ਸਿਮਰਨਜੀਤ ਕੌਰ ਦੀ ਅਗਵਾਈ ਹੇਠ ਮਨਾਇਆ ਗਿਆ। ਸੰਘਣੀ ਧੁੰਦ ਤੇ ਕੜਾਕੇ ਵਾਲੀ ਠੰਡ ਦੇ ਬਾਵਜੂਦ ਸਕੂਲ ਦੇ ਵਿਦਿਆਰਥੀਆਂ ਵੱਲੋਂ ਨਾ ਸਿਰਫ ਖੇਡਾਂ ਰਾਹੀਂ ਬਲਕਿ ਸੰਸਕ੍ਰਿਤਕ ਪ੍ਰੋਗਰਾਮ ਵਿਖਾ ਕੇ ਹਾਜ਼ਰੀਨ ਦਾ ਮਨ ਮੋਹ ਲਿਆ। ਸਮਾਗਮ ਵਿੱਚ ਮੁੱਖ ਮਹਿਮਾਨ ਦੇ ਤੌਰ ਤੇ ਸ਼ਿਰਕਤ ਕਰਦਿਆਂ ਏ ਐੱਸ ਪੀ ਸੁਲਤਾਨਪੁਰ ਲੋਧੀ ਧੁਰੇਂਦਰ ਵਰਮਾ ਨੇ ਸ਼ਮਾ ਰੋਸ਼ਨ ਕਰਕੇ ਲਾਰਡ ਕ੍ਰਿਸ਼ਨਾ ਸਕੂਲ ਦਾ ਝੰਡਾ ਚੜਾ ਕੇ, ਆਕਾਸ਼ ਵਿੱਚ ਗੁਬਾਰੇ ਛੱਡ ਕੇ ਸ਼ੁਭ ਆਰੰਭ ਕੀਤਾ। ਪ੍ਰਿੰਸੀਪਲ ਸਿਮਰਨਜੀਤ ਕੌਰ ਵੱਲੋਂ ਮੁੱਖ ਮਹਿਮਾਨ ਏ ਐੱਸ ਪੀ ਧੁਰੇਂਦਰ ਵਰਮਾ ਦੇ ਜੀਵਨ ਸਬੰਧੀ ਵਿਵਰਨ ਦੱਸਿਆ ਗਿਆ ਜਿਸ ਦਾ ਸਾਰੇ ਸਕੂਲ ਸਟਾਫ, ਹਾਜਰੀਨ ਤੇ ਮੈਨੇਜਿੰਗ ਕਮੇਟੀ ਵੱਲੋਂ ਤਾੜੀਆਂ ਵਜਾ ਕੇ ਖੁਸ਼ੀ ਦਾ ਪ੍ਰਗਟਾਵਾ ਕੀਤਾ ਗਿਆ। ਸਮਾਗਮ ਦਾ ਸ਼ੁਭ ਆਰੰਭ ਬੱਚਿਆਂ ਵੱਲੋਂ ਅਰਦਾਸ ਤੇ ਹਨੂਮਾਨ ਚਲੀਸਾ ਪੜ੍ਹ ਕੇ ਕੀਤਾ ਗਿਆ। ਸਪੋਰਟਸ ਮੀਟ ਵਿੱਚ ਬੱਚਿਆਂ ਵੱਲੋਂ ਵੱਖ-ਵੱਖ ਖੇਡ ਮੁਕਾਬਲੇ ਵਿਖਾ ਕੇ ਆਪਣੀ ਪ੍ਰਤਿਭਾ ਦਾ ਖ਼ੂਬਸੂਰਤ ਨਮੂਨਾ ਪੇਸ਼ ਕੀਤਾ। ਨੰਨੇ ਮੁੰਨੇ ਬੱਚਿਆਂ ਵੱਲੋਂ ਵੱਖ-ਵੱਖ ਪੰਜਾਬੀ ਸੱਭਿਆਚਾਰ ਨੂੰ ਦਰਸਾਉਂਦੇ ਗੀਤ, ਗਿੱਧਾ, ਭੰਗੜਾ ਤੋਂ ਇਲਾਵਾ ਬੱਚਿਆਂ ਦੇ ਮਾਪਿਆਂ ਨਾਲ ਵੱਖ-ਵੱਖ ਸੁੰਦਰ ਮੁਕਾਬਲੇ ਕਰਵਾ ਕੇ ਸਮਾਗਮ ਨੂੰ ਹੋਰ ਚਾਰ ਚੰਦ ਲਗਾਏ। ਬੱਚਿਆਂ ਦੇ ਰੱਸਾ ਕੱਸੀ ਦੇ ਮੁਕਾਬਲੇ ਵੀ ਬਹੁਤ ਦਿਲਚਸਪ ਰਹੇ ਜਿਸ ਦਾ ਸਾਰਿਆਂ ਨੇ ਆਨੰਦ ਮਾਣਿਆ। ਸਮਾਗਮ ਵਿੱਚ ਬੱਚਿਆਂ ਨੂੰ ਸੰਬੋਧਨ ਕਰਦਿਆਂ ਏਐਸਪੀ ਧੁਰੇਂਦਰ ਵਰਮਾ ਨੇ ਕਿਹਾ ਕਿ ਲਾਰਡ ਕ੍ਰਿਸ਼ਨਾ ਇੰਟਰਨੈਸ਼ਨਲ ਸਕੂਲ ਦਾ ਇਹ ਸਪੋਰਟ ਸਮਾਗਮ ਵੇਖ ਕੇ ਮੈਨੂੰ ਆਪਣੇ ਬਚਪਨ ਦੀ ਸਕੂਲ ਯਾਦ ਤਾਜ਼ਾ ਹੋ ਗਈ। ਸਕੂਲ ਮੈਨੇਜਿੰਗ ਕਮੇਟੀ ਦੇ ਸਰਪ੍ਰਸਤ ਰਕੇਸ਼ ਧੀਰ, ਦਿਨੇਸ਼ ਧੀਰ, ਰਜੇਸ਼ ਧੀਰ ,ਮੁਕੇਸ਼ ਧੀਰ, ਕਰਨ ਧੀਰ, ਕਾਨਵ ਧੀਰ ਵੱਲੋਂ ਏ ਐੱਸ ਪੀ ਧੁਰੇਂਦਰ ਵਰਮਾ ਨੂੰ ਯਾਦਗਾਰੀ ਚਿੰਨ ਦੇ ਕੇ ਸਨਮਾਨਤ ਕੀਤਾ ਗਿਆ। ਮੈਨੇਜਿੰਗ ਕਮੇਟੀ ਦੇ ਪ੍ਰਮੁੱਖ ਰਕੇਸ਼ ਧੀਰ ਨੇ ਸਮਾਗਮ ਨੂੰ ਸਫਲ ਬਣਾਉਣ ਲਈ ਪ੍ਰਿੰਸੀਪਲ ਸਿਮਰਨਜੀਤ ਕੌਰ, ਪ੍ਰਿੰਸੀਪਲ ਮੋਨਿਕਾ ਸਿੰਘ, ਅਕੈਡਮਿਕ ਕੁਆਡੀਨੇਟਰ ਰੁਪਿੰਦਰ ਕੌਰ, ਸਮਾਗਮ ਕੁਆਡੀਨੇਟਰ ਵਾਈਸ ਪ੍ਰਿੰਸੀਪਲ ਮੈਡਮ ਭਾਵਨਾ ਤੇ ਸਮੂਹ ਸਕੂਲ ਸਟਾਫ, ਬੱਚਿਆਂ ਤੇ ਮਾਪਿਆਂ ਦਾ ਧੰਨਵਾਦ ਕੀਤਾ। ਇਸ ਮੌਕੇ ਪ੍ਰਿੰਸੀਪਲ ਮੋਨਿਕਾ ਸਿੰਘ, ਪ੍ਰਿੰਸੀਪਲ ਸਿਮਰਨਜੀਤ ਕੌਰ, ਵਾਈਸ ਪ੍ਰਿੰਸੀਪਲ ਭਾਵਨਾ, ਕੋਆਰਡੀਨੇਟਰ ਸੁਖਬੀਰ ਕੌਰ, ਮਨਪ੍ਰੀਤ ਕੌਰ, ਰੁਪਿੰਦਰ ਕੌਰ, ਸਾਹਿਲ, ਰਣਜੀਤ ਕੌਰ, ਮੁਸਕਾਨਪ੍ਰੀਤ, ਸੂਰਜ, ਪੁਨੀਤ, ਅਪੁਲ, ਸ਼ਿਵਮ ਆਦਿ ਵੀ ਹਾਜ਼ਰ ਸਨ।




# ਮਨਰੇਗਾ ਮਜ਼ਦੂਰਾਂ ਨੇ ਕੇਂਦਰ ਸਰਕਾਰ ਦਾ ਪੁਤਲਾ ਫੂਕਿਆ



**ਮਹਿਤਪੁਰ (ਰਾਜਾ)**- ਪੇਂਡੂ ਮਜ਼ਦੂਰ ਯੂਨੀਅਨ, ਜਮੀਨ ਪ੍ਰਾਪਤੀ ਸੰਘਰਸ਼ ਕਮੇਟੀ ਅਤੇ ਇੰਡੀਅਨ ਫੈਡਰੇਸ਼ਨ ਆਫ ਟ੍ਰੇਡ ਯੂਨੀਅਨ ਦੇ ਸੱਦੇ ਤੇ ਤੀਸਰੇ ਦਿਨ ਵੀ ਕੇਂਦਰ ਸਰਕਾਰ ਦੇ ਪੁਤਲੇ ਸਾੜਨ ਦੀ ਕੜੀ ਵਜੋਂ ਨਕੋਦਰ ਤਹਿਸੀਲ ਦੇ ਪਿੰਡ ਕਰਸ਼ੈਦਪੁਰ ਵਿੱਚ ਕੇਂਦਰ ਵੱਲੋਂ ਮਜ਼ਦੂਰਾਂ ਵਿਰੋਧੀ ਵੈਬ ਜੀ ਰਾਮ ਜੀ 2025 ਕਾਨੂੰਨ ਲਿਆਉਣ ਬਿਜਲੀ ਸੋਧ ਬਿਲ 20 25 ਲਿਆਉਣ ਦੀ ਤਿਆਰੀ ਦਾ ਵਿਰੋਧ ਕਰਦਿਆਂ ਕੇਂਦਰ ਸਰਕਾਰ ਦਾ ਪੁਤਲਾ ਫੂਕਿਆ। ਇਸ ਮੌਕੇ ਮਜ਼ਦੂਰਾਂ ਨੂੰ ਸੰਬੋਧਨ ਕਰਦਿਆਂ ਯੂਨੀਅਨ ਦੀ ਵਾਈਸ ਪ੍ਰਧਾਨ ਬਖਸ਼ੋ ਰਾਣੀ ਅਤੇ ਸਕੱਤਰ ਵਿਜੇ ਬਾਠ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਪਹਿਲਾਂ ਕਿਰਤ ਕਾਨੂੰਨਾਂ ਵਿੱਚ ਕੀਤੀਆਂ ਗਈਆਂ ਸੋਧਾਂ ਅਤੇ ਹੁਣ ਵੈੱਬ-ਜੀ ਰਾਮ ਜੀ ਕਾਨੂੰਨ ਲਿਆ ਕੇ ਮਜ਼ਦੂਰਾਂ ਦੇ ਕੰਮ ਮੰਗਣ ਦੇ ਅਧਿਕਾਰ ਤੇ ਰੋਜ਼ਗਾਰ ਦੀ ਗਰੰਟੀ ਖੋਕੇ ਸਾਬਤ ਕਰ ਦਿੱਤਾ ਕਿ ਉਹ ਸਰਮਾਏਦਾਰਾਂ ਅਤੇ ਵੱਡੇ ਭੂਮੀਪਤੀਆਂ ਨੂੰ ਖੁਸ਼ ਕਰਨ ਲਈ ਲਗਾਤਾਰ ਕਿਸਾਨ ਅਤੇ ਮਜ਼ਦੂਰ ਵਿਰੋਧੀ ਕਾਨੂੰਨ ਲਿਆ ਕੇ ਅਮੀਰਾਂ ਨੂੰ ਹੋਰ ਅਮੀਰ ਅਤੇ ਮਿਹਨਤੀ ਲੋਕਾਂ ਦੇ ਚੁੱਲਿਆਂ ਚ ਪਾਣੀ ਪਾਉਣਾ ਚਾਹੁੰਦੀ ਹੈ।ਕੇਂਦਰ ਸਰਕਾਰ ਨੇ ਪਹਿਲਾਂ ਮਨਰੇਗਾ ਦੇ ਬਜਟ ਵਿੱਚ ਵੱਡੀ ਕਟੌਤੀ ਅਤੇ ਹੁਣ ਨਵੀਂ ਕਾਨੂੰਨ ਰਾਹੀਂ ਸੂਬਾ ਸਰਕਾਰਾਂ ਤੇ 40% ਮਨਰੇਗਾ ਦੇ ਬਜਟ ਵਿੱਚ ਹਿੱਸਾ ਪਾਉਣ ਦਾ ਬੋਝ ਪਾ ਕੇ ਇੱਕ ਕਿਸਮ ਦੀ ਰੁਜ਼ਗਾਰ ਦੀ ਗਰੰਟੀ ਤੋਂ ਛੁਟਕਾਰਾ ਪਾਉਣਾ ਚਾਹੁੰਦੀ ਹੈ। ਜਿਸ ਨੂੰ ਮਜ਼ਦੂਰ ਕਦੇ ਵੀ ਬਰਦਾਸ਼ਤ ਨਹੀਂ ਕਰਨਗੇ ਉਹਨਾਂ ਨੇ ਮਜ਼ਦੂਰਾਂ ਨੂੰ ਸੱਦਾ ਦਿੱਤਾ ਕਿ ਛੇ -ਸੱਤ ਜਨਵਰੀ ਨੂੰ ਪੰਜਾਬ ਭਰ ਵਿੱਚ ਜ਼ਿਲ੍ਹਾ ਹੈਡ ਕੁਆਰਟਰਾਂ ਤੇ ਕੀਤੇ ਜਾ ਰਹੇ ਵਿਰੋਧ ਪ੍ਰਦਰਸ਼ਨ ਵਿੱਚ ਵੱਧ ਤੋਂ ਵੱਧ ਹਿੱਸਾ ਪਾਉਣ।

# ਤਰਕਸ਼ੀਲ ਸਾਹਿਤ ਵੈਨ ਦੀ ਰੋਪੜ ਵਿਖੇ ਫੇਰੀ

**ਰੂਪਨਗਰ (ਨ ਜ ਸ)**- ਤਰਕਸ਼ੀਲ ਸੁਸਾਇਟੀ ਪੰਜਾਬ ਵੱਲੋਂ ਲੋਕਾਂ ਨੂੰ ਚੰਗੇਰੀ ਸੋਚ ਲਈ ਸਾਹਿਤ ਨਾਲ ਜੋੜਨ ਦਾ ਉਪਰਾਲਾ ਸਾਹਿਤ ਵੈਨ ਰਾਹੀਂ ਕੀਤਾ ਜਾ ਰਿਹਾ ਹੈ।ਤਰਕਸ਼ੀਲ ਸਾਹਿਤ ਵੈਨ,ਇੱਕ ਚੱਲਦੀ-ਫਿਰਦੀ ਲਾਇਬ੍ਰੇਰੀ ਦਾ ਕੰਮ ਕਰ ਰਹੀ ਹੈ। ਤਰਕਸ਼ੀਲ ਸੁਸਾਇਟੀ ਰੋਪੜ ਦੇ ਮੀਡੀਆ ਮੁਖੀ ਹਰਵਿੰਦਰ ਸੁਖਰਾਮਪੁਰੀ ਨੇ ਦੱਸਿਆ ਕਿ ਸਾਹਿਤ ਵੈਨ ਦੁਆਰਾ ਦੋ ਦਿਨਾਂ ਦੌਰਾਨ ਚਾਰ ਸਕੂਲਾਂ ਵਿੱਚ ਕਿਤਾਬਾਂ ਦੀ ਪ੍ਰਦਰਸ਼ਨੀ ਲਗਾਈ ਗਈ । ਇਕਾਈ ਮੁਖੀ ਅਸ਼ੋਕ ਕੁਮਾਰ ਨੇ ਦੱਸਿਆ ਕਿ ਸਾਹਿਤ ਵੈਨ, ਤਰਕਸ਼ੀਲ ਭਵਨ ਬਰਨਾਲਾ ਹੈਡਕੁਆਰਟਰ ਤੋਂ ਜੋਨ ਚੰਡੀਗੜ੍ਹ ਦੀਆਂ ਇਕਾਈਆਂ ਵਾਸਤੇ ਪੰਦਰ੍ਹਾਂ ਦਿਨਾਂ ਲਈ ਪ੍ਰਚਾਰ ਵਾਸਤੇ ਆਈ ਹੈ, ਇਕਾਈ ਰੋਪੜ ਦੇ ਦੋ ਦਿਨਾਂ ਦੇ ਸਫ਼ਰ ਦੌਰਾਨ, ਚਾਰ ਸਕੂਲਾਂ ਵਿੱਚ ਪਹੁੰਚ ਕੀਤੀ ਗਈ, ਵਿਦਿਆਰਥੀ ਚੇਤਨਾ ਪਰਖ ਪਰੀਖਿਆ ਵਿੱਚ ਸ਼ਮੂਲੀਅਤ ਕਰਨ ਵਾਲੇ ਬੱਚਿਆਂ ਨੂੰ ਸਨਮਾਨ ਪੱਤਰ ਅਤੇ ਕਿਤਾਬਾਂ ਦੇ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ। ਵਿਦਿਆਰਥੀਆਂ ਅਤੇ ਸਕੂਲਾਂ ਦੇ ਅਧਿਆਪਕਾਂ ਵਲੋਂ ਤਰਕਸ਼ੀਲ ਸਾਹਿਤ ਖਰੀਦਣ ਲਈ ਉਸਾਰੂ ਹੁੰਗਾਰਾ ਮਿਲਿਆ।



# ਸ਼੍ਰੀਮਦ ਭਾਗਵਤ ਕਥਾ ਸੁਦਾਮਾ ਦੀ ਕਥਾ ਨਾਲ ਸਮਾਪਤ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਬ੍ਰਾਹਮਣ ਸਭਾ 359 ਵੱਲੋਂ ਆਯੋਜਿਤ ਸ਼੍ਰੀਮਦ ਭਾਗਵਤ ਕਥਾ ਭਗਵਾਨ ਪਰਸ਼ੂਰਾਮ ਭਵਨ, ਸਰਸਵਤੀ ਵਿਹਾਰ, ਗਲੀ ਨੰਬਰ 5 ਵਿਖੇ ਸਮਾਪਤ ਹੋਈ। ਕਥਾ ਵਿਆਸ ਸ੍ਰੀ ਪ੍ਰੇਮ ਮੂਰਤੀ ਜੀ ਮਹਾਰਾਜ ਨੇ ਕ੍ਰਿਸ਼ਨ ਅਤੇ ਸੁਦਾਮਾ ਦੀ ਕਥਾ ਸਮੇਤ ਭਗਤੀ, ਗਿਆਨ ਅਤੇ ਤਿਆਗ ਦੀ ਕਥਾ ਸੁਣਾ ਕੇ ਸ਼ਰਧਾਲੂਆਂ ਨੂੰ ਮੋਹਿਤ ਕੀਤਾ।ਸਭਾ ਦੇ ਮੁਖੀ ਰਵਿੰਦਰ ਵੈਸ਼ਨਵ ਨੇ ਦੱਸਿਆ ਕਿ ਲੋਕ ਭਲਾਈ ਅਤੇ ਸ਼ਹਿਰ ਵਿੱਚ ਸ਼ਾਂਤੀ ਅਤੇ ਖੁਸ਼ੀ ਬਣਾਈ ਰੱਖਣ ਦੇ ਉਦੇਸ਼ ਨਾਲ ਆਯੋਜਿਤ ਕਥਾ ਸਮਾਗਮ ਵਿੱਚ, ਹਰ ਰੋਜ਼ ਵੱਡੀ ਗਿਣਤੀ ਵਿੱਚ ਔਰਤਾਂ, ਮਰਦਾਂ ਅਤੇ ਨੌਜਵਾਨਾਂ ਨੇ ਕਥਾ ਸੁਣੀ ਅਤੇ ਬ੍ਰਾਹਮਣਾਂ ਵੱਲੋਂ ਹਵਨ ਯੱਗ ਕਰਵਾਇਆ ਗਿਆ, ਉਸ ਤੋਂ ਬਾਅਦ ਭੰਡਾਰਾ ਵੀ ਵੰਡਿਆ ਗਿਆ। ਇਸ ਮੌਕੇ ਸਭਾ ਦੇ ਸਰਪ੍ਰਸਤ ਸੁਸ਼ੀਲ ਵਿਆਸ, ਮਾਸਟਰ ਹਰਬੰਸ ਲਾਲ ਸ਼ਰਮਾ, ਜਤਿੰਦਰ ਅੰਗਰੀਸ਼, ਅਸ਼ੋਕ ਵਿਆਸ, ਅਚਿੰਤ, ਦੀਪਕ ਸ਼ਰਮਾ, ਰਾਕੇਸ਼ ਅਚਿੰਤ, ਅਨਿਲ ਸ਼ਰਮਾ, ਯੋਗੇਸ਼ ਅਤਰੀ, ਰਾਜਕੁਮਾਰ ਮਹਿੰਦਰੂ, ਬਲਬੀਰ ਮਗੋ, ਬ੍ਰਿਜ਼ ਬਿਹਾਰੀ, ਸੁਸ਼ੀਲਾ ਰਾਜਪੂਤ, ਮੋਨਿਕਾ ਸ਼ਰਮਾ, ਸਪਨਾ ਮਹਿਤਾ, ਏ.ਕੇ.ਤਿਆਗੀ ਸਮੇਤ ਸਹਿ-ਪ੍ਰਬੰਧਕਾਂ ਸ਼੍ਰੀ ਸਨਾਤਨ ਧਰਮ ਪ੍ਰਚਾਰ ਸਭਾ, ਸ਼੍ਰੀ ਰਾਮਲੀਲਾ ਕਮੇਟੀ, ਸ਼੍ਰੀ ਰਾਮ ਤਲਾਈ ਬਿਊਟੀਫਿਕੇਸ਼ਨ ਕਮੇਟੀ, ਸਿੱਧ ਬਾਬਾ ਬਾਲਕ ਨਾਥ ਮੰਦਰ ਕਮੇਟੀ ਅਤੇ ਮਹਿਲਾ ਸੰਕੀਰਤਨ ਮੰਡਲਾਂ ਨੇ ਵਿਸ਼ੇਸ਼ ਸਹਿਯੋਗ ਦਿੱਤਾ।



# ਤਿੰਨ ਦਿਨਾ ਗੁਰਮਤਿ ਸਿਖਲਾਈ ਕੈਂਪ ਸ਼ੁਰੂ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਖੇਤਰ ਮਾਹਿਲਪੁਰ ਅਤੇ ਸਾਹਿਬਜ਼ਾਦਾ ਅਜੀਤ ਸਿੰਘ ਸੇਵਾ ਸੁਸਾਇਟੀ ਇਲਾਕਾ ਮਾਹਿਲਪੁਰ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਸਦਕਾ ਗੁਰਦੁਆਰਾ ਸ਼ਹੀਦਾਂ ਲੱਧੇਵਾਲ ਮਾਹਿਲਪੁਰ ਵਿਖੇ ਮਾਤਾ ਗੁਜਰ ਕੌਰ ਜੀ, ਸਾਹਿਬਜ਼ਾਦਿਆਂ ਅਤੇ ਸ਼ਹੀਦ ਸਿੰਘਾਂ ਦੀ ਯਾਦ ਨੂੰ ਸਮਰਪਿਤ ਲਗਾਏ ਗਏ ਤਿੰਨ ਰੋਜ਼ਾ ਗੁਰਮਤਿ ਸਿਖਲਾਈ ਕੈਂਪ ਦੀ ਅਰੰਭਤਾ ਭਾਈ ਗੁਰਜਿੰਦਰ ਸਿੰਘ ਵਲੋਂ ਅਰਦਾਸ ਕਰਨ ਉਪਰੰਤ ਕੀਤੀ ਗਈ। ਇਸ ਤੋਂ ਬਾਅਦ ਉਹਨਾਂ ਨੇ ਵਿਦਿਆਰਥੀਆਂ ਨੂੰ ਗੁਰਬਾਣੀ ਸੰਥਿਆ ਕਰਵਾਈ।ਇੰਜੀਨੀਅਰ ਸੁਖਜੀਤ ਸਿੰਘ ਕਪੂਰਥਲਾ ਵੱਲੋਂ ਭਾਵਪੂਰਤ ਸ਼ਬਦਾਂ ਰਾਹੀਂ ਵਿਦਿਆਰਥੀਆਂ ਨਾਲ ਸ਼ਹੀਦੀ ਪੰਦਰਵਾੜੇ ਦੇ ਇਤਿਹਾਸ ਬਾਰੇ ਵਿਸਥਾਰ ਸਹਿਤ ਜਾਣਕਾਰੀ ਸਾਂਝੀ ਕੀਤੀ ਗਈ। ਕੈਂਪ ਵਿੱਚ ਲੋਟਸ ਪਬਲਿਕ ਸਕੂਲ ਕੈਂਡੋਵਾਲ, ਖਾਲਸਾ ਸਕੂਲ ਬੱਡੋਂ, ਦੁਆਬਾ ਪਬਲਿਕ ਸਕੂਲ ਦੋਹਲਰੋਂ, ਕਿੰਗ ਐਡਵਰਡ ਸਕੂਲ ਟੂਟੋਮਜਾਰਾ, ਮਦਰ ਟਰੇਸਾ ਪਬਲਿਕ ਸਕੂਲ ਸਰਹਾਲਾ ਖੁਰਦ, ਸੰਤ ਬਾਬਾ ਹਰੀ ਸਿੰਘ ਪਬਲਿਕ ਸਕੂਲ ਮਾਹਿਲਪੁਰ, ਸਾਹਿਬਜ਼ਾਦਾ ਅਜੀਤ ਸਿੰਘ ਪਬਲਿਕ ਸਕੂਲ ਲੱਧੇਵਾਲ ਦੇ ਲੱਗਭਗ 500 ਵਿਦਿਆਰਥੀ ਹਾਜ਼ਰ ਹੋਏ। ਪ੍ਰਬੰਧਕਾਂ ਵਿੱਚ ਮਾਸਟਰ ਜਗਜੀਤ ਸਿੰਘ ਗਣੇਸ਼ਪੁਰ ਜੋਨਲ ਸਕੱਤਰ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਹੁਸ਼ਿਆਰਪੁਰ ਜੋਨ, ਬੀਬੀ ਸੁਰਿੰਦਰ ਕੌਰ ਸਾਹਿਬਜ਼ਾਦਾ ਅਜੀਤ ਸਿੰਘ ਪਬਲਿਕ ਸਕੂਲ ਲੱਧੇਵਾਲ, ਬੀਬੀ ਜਸਪਾਲ ਕੌਰ ਕਿੰਗ ਐਡਵਰਡ ਸਕੂਲ ਟੂਟੋਮਜਾਰਾ, ਪ੍ਰਿੰਸੀਪਲ ਰੁਪਿੰਦਰ ਜੋਤ ਸਿੰਘ ਲੋਟਸ ਪਬਲਿਕ ਸਕੂਲ ਕੈਂਡੋਵਾਲ, ਪ੍ਰਿੰਸੀਪਲ ਰਾਜਵਿੰਦਰ ਕੌਰ ਸਾਹਿਬਜ਼ਾਦਾ ਅਜੀਤ ਸਿੰਘ ਪਬਲਿਕ ਸਕੂਲ ਲੱਧੇਵਾਲ, ਹਰਬੰਸ ਸਿੰਘ ਸਰਹਾਲਾ ਮੁੱਖ ਸੇਵਾਦਾਰ ਸਾਹਿਬਜ਼ਾਦਾ ਅਜੀਤ ਸਿੰਘ ਸੇਵਾ ਸੁਸਾਇਟੀ ਇਲਾਕਾ ਮਾਹਿਲਪੁਰ, ਜਗਦੀਪ ਸਿੰਘ ਸੀਨੀਅਰ ਮੈਂਬਰ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ, ਸਕੱਤਰ ਰਣਵੀਰ ਸਿੰਘ, ਮੈਨੇਜਰ ਗੁਰਦਿਆਲ ਸਿੰਘ, ਮਨਮੀਤ ਸਿੰਘ ਸਾਹਿਬਜ਼ਾਦਾ ਅਜੀਤ ਸਿੰਘ ਪਬਲਿਕ ਸਕੂਲ ਲੱਧੇਵਾਲ, ਸਕੂਲਾਂ ਦੇ ਅਧਿਆਪਕ ਸਾਹਿਬਾਨ ਅਤੇ ਗੁਰਦੁਆਰਾ ਸ਼ਹੀਦਾਂ ਦਾ ਸਟਾਫ ਹਾਜ਼ਰ ਸੀ। ਸਟੇਜ ਸਕੱਤਰ ਦੀ ਸੇਵਾ ਪ੍ਰੋਫੈਸਰ ਆਪਿੰਦਰ ਸਿੰਘ ਮਾਹਿਲਪੁਰੀ ਅਤੇ ਮਾਸਟਰ ਜਗਜੀਤ ਸਿੰਘ ਗਣੇਸ਼ਪੁਰ ਨੇ ਸਾਂਝੇ ਤੌਰ ਤੇ ਨਿਭਾਈ।



# ਇੰਜੀ. ਨਰਿੰਦਰ ਬੰਗਾ ਦਾ ਸੇਵਾ-ਮੁਕਤੀ ਸਮਾਗਮ

**ਕਾਲਾ ਸੰਘਿਆਂ (ਮਨਜੀਤ ਮਾਨ)**- ਦੂਰਦਰਸ਼ਨ ਜਲੰਧਰ ਦੇ ਟੈਕਨੀਕਲ ਡਾਇਰੈਕਟਰ ਨਰਿੰਦਰ ਬੰਗਾ ਦਾ ਸੇਵਾਮੁਕਤੀ ਸਮਾਗਮ ਸ੍ਰੀ ਗੁਰੂ ਰਾਮ ਰਾਏ ਮਹਾਰਾਜ ਦੇਹਰਾਦੂਨ ਦਰਬਾਰ ਸਾਹਿਬ ਵਿਖੇ ਬੜੇ ਉਤਸ਼ਾਹ ਅਤੇ ਖੁਸ਼ੀ ਨਾਲ ਮਨਾਇਆ ਗਿਆ। ਇਸ ਸ਼ੁਭ ਮੌਕੇ ਸਤਿਗੁਰੂ ਸ੍ਰੀ ਮਹੰਤ ਦੇਵੇਂਦਰ ਦਾਸ ਮਹਾਰਾਜ ਨੇ ਇੰਜੀਨੀਅਰ ਨਰਿੰਦਰ ਬੰਗਾ ਅਤੇ ਉਨ੍ਹਾਂ ਦੀ ਪਤਨੀ ਕਮਲਜੀਤ ਬੰਗਾ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਤ ਕੀਤਾ। ਪੰਡਿਤ ਭਗਵਤੀ ਪ੍ਰਸਾਦ ਥਪਲਿਆਲ ਜੀ, ਝੰਡਾ ਜੀ ਦੇ ਪੁਜਾਰੀ ਚੰਦਰਕਾਂਤ ਮੈਥਾਨੀ ਅਤੇ ਰੋਸ਼ਨ ਰਾਣਾ ਨੇ ਮੰਤਰਾਂ ਦੇ ਜਾਪ ਨਾਲ ਸ਼ੰਮਾਂ ਰੌਸ਼ਨ ਕਰ ਮਾਲਾ ਪਹਿਨਾਈ ਅਤੇ ਸਿਰੋਪਾਓ ਪਾਏ। ਇਸ ਯਾਦਗਾਰੀ ਅਤੇ ਸੁਨਹਿਰੀ ਮੌਕੇ 'ਤੇ ਪਰਮ ਪੂਜਨੀਕ ਸ੍ਰੀ ਮਹੰਤ ਦੇਵੇਂਦਰ ਦਾਸ ਮਹਾਰਾਜ ਨੇ ਇੰਜੀਨੀਅਰ ਨਰਿੰਦਰ ਬੰਗਾ ਨੂੰ ਅਸ਼ੀਰਵਾਦ ਦਿੱਤਾ। ਦੂਰਦਰਸ਼ਨ ਦੇ ਖੇਤਰ ਵਿੱਚ ਨਰਿੰਦਰ ਬੰਗਾ ਦੀ 37 ਸਾਲਾਂ ਦੀ ਲੰਬੀ ਸੇਵਾ ਦਾ ਹਵਾਲਾ ਦਿੰਦੇ ਹੋਏ ਉਨ੍ਹਾਂ ਦੇ ਸ਼ਾਨਦਾਰ ਕਾਰਜ ਦੀ ਪ੍ਰਸ਼ੰਸਾ ਕੀਤੀ। ਨਰਿੰਦਰ ਬੰਗਾ ਦੀ ਸਮੁੱਚੀ ਸ਼ਖਸੀਅਤ ਦੀ ਜਾਣ-ਪਛਾਣ ਕਰਵਾਉਂਦੇ ਹੋਏ ਪੂਜਯ ਸ੍ਰੀ ਮਹਾਰਾਜ ਜੀ ਨੇ ਉਨ੍ਹਾਂ ਨੂੰ ਬਹੁਤ ਹੀ ਸ਼ਾਂਤ, ਸਰਲ, ਕੋਮਲ, ਦੋਸਤਾਨਾਂ, ਧਾਰਮਿਕ ,ਮਿਠਬੋਲੜੇ ਅਤੇ ਨੇਕਦਿਲ ਵਿਅਕਤੀ ਦੱਸਿਆ। ਪੂਜਯ ਸ੍ਰੀ ਮਹਾਰਾਜ ਜੀ ਨੇ ਅੱਗੇ ਕਿਹਾ ਕਿ ਦੂਰਦਰਸ਼ਨ ਤੋਂ ਇਲਾਵਾ ਸਿੱਖਿਆ, ਸਿਹਤ, ਸੰਗੀਤ,ਸਾਹਿਤ, ਸਮੂਹਕ ਸ਼ਾਦੀਆਂ, ਸੱਭਿਆਚਾਰ ਤੇ ਵੱਖ-ਵੱਖ ਸਮਾਜ ਸੇਵਾ ਦੇ ਪ੍ਰੋਜੈਕਟਾਂ ਵਿੱਚ ਨਰਿੰਦਰ ਬੰਗਾ ਦਾ ਯੋਗਦਾਨ ਅਭੁੱਲ ਅਤੇ ਸ਼ਲਾਘਾਯੋਗ ਹੈ। ਆਪਣੇ ਆਸ਼ੀਰਵਾਦ ਵਿੱਚ ਸ੍ਰੀ ਮਹਾਰਾਜ ਨੇ ਉਨ੍ਹਾਂ ਨੂੰ ਭਗਤੀ ਅਤੇ ਅਧਿਆਤਮਿਕਤਾ ਨਾਲ ਜੁੜੇ ਰਹਿਣ ਲਈ ਉਤਸ਼ਾਹਿਤ ਕੀਤਾ ਅਤੇ ਉਨ੍ਹਾਂ ਦੀ ਚੰਗੀ ਸਿਹਤ ਅਤੇ ਲੰਬੀ ਉਮਰ ਦੀ ਕਾਮਨਾ ਕੀਤੀ। ਇੰਜੀਨੀਅਰ ਨਰਿੰਦਰ ਬੰਗਾ ਦੀ ਪਤਨੀ ਕਮਲਜੀਤ ਬੰਗਾ ਦੀ ਸੇਵਾਮੁਕਤੀ ਦਾ ਹਵਾਲਾ ਦਿੰਦੇ ਹੋਏ ਉਨ੍ਹਾਂ ਦੇ ਸਮਾਜਿਕ ਕਾਰਜਾਂ ਦੀ ਪ੍ਰਸ਼ੰਸਾ ਕੀਤੀ ਅਤੇ ਉਨ੍ਹਾਂ ਦੇ ਪੁੱਤਰ ਜਗਦੀਸ਼ ਬੰਗਾ ਅਤੇ ਧੀ ਦਿਵਿਆ ਬੰਗਾ ਨੂੰ ਪੜ੍ਹਿਆ-ਲਿਖਿਆ,ਧਾਰਮਿਕ ਬਿਰਤੀ ਵਾਲੇ ਅਤੇ ਸੰਸਕਾਰੀ ਦੱਸਿਆ। ਇਸ ਮੌਕੇ ਦਰਬਾਰ ਸਾਹਿਬ ਦੇ ਦਰਬਾਰੀ ਰਾਗੀ ਇੰਦਰੇਸ਼ ਕੀਰਤਨ ਮੰਡਲੀ ਤੋਂ ਰਾਜਾ ਸਾਬਰੀ, ਪ੍ਰਤਾਪ ਸਿੰਘ ਬੰਗਾ ਅਤੇ ਰਾਕੇਸ਼ ਰਾਣਾ ਨੇ ਆਪਣੇ ਸੁਰੀਲੇ ਅੰਦਾਜ਼ ਵਿੱਚ ਭਗਤੀ ਦੇ ਤੱਤ ਦੀ ਗੰਗਾ ਵਹਾਈ ਅਤੇ ਸਮੁੱਚੀ ਸੰਗਤ ਨੂੰ ਭਾਵੁਕ ਅਤੇ ਰੂਹਾਨੀ ਸੰਕੀਰਤਨ ਨਾਲ ਮੰਤਰ ਮੁਗਧ ਕਰ ਦਿੱਤਾ । ਇੰਜੀਨੀਅਰ ਨਰਿੰਦਰ ਬੰਗਾ ਦੇ ਸੇਵਾ ਮੁਕਤੀ ਸਮਾਰੋਹ ਵਿੱਚ ਉਨ੍ਹਾਂ ਦੇ ਮਾਤਾ ਪ੍ਰਕਾਸ਼ ਕੌਰ ਬੰਗਾ, ਭਰਾ ਦੇਵੇਂਦਰ ਬੰਗਾ, ਮੋਨਿਕਾ ਬੰਗਾ, ਅਸ਼ੋਕ ਬੰਗਾ, ਸਵਰਨ ਕੌਰ ਬੰਗਾ, ਅਵਤਾਰ ਸਿੰਘ, ਰਾਮਪਾਲ ਸੈਣੀ, ਹੰਸਰਾਜ ਬੰਗਾ, ਸੁਰਜੀਤ ਰੱਤੂ, ਅਰਵਿੰਦ ਓਬਰਾਏ, ਅਸ਼ੋਕ ਚਾਵਲਾ, ਕਰਨੈਲ ਸਿੰਘ, ਮੀਨਾਕਸ਼ੀ ਸੈਣੀ, ਭੈਵਵ ਸੈਣੀ,ਸ਼੍ਰੀਚੰਦ ਬੰਗਾ, ਮੰਜੂ ਬੰਗਾ,ਮੋਹਨ ਲਾਲ ਪੌੜਵਾਲ, ਪਰਮਜੀਤ ਕੌਰ, ਰੋਹਿਤ ਪੌੜਵਾਲ, ਮੀਨਾ ਰਾਣੀ, ਅਮਰਜੀਤ ਸਿੰਘ, ਜਗਤਾਰ ਸਿੰਘ, ਗੁਰਦੇਵ ਸੈਣੀ ਸਮੇਤ ਪੰਜਾਬ ਤੋਂ ਸੰਗਤਾਂ ਹਾਜ਼ਰ ਸਨ।



22 Dec Page 9.qxd 12/21/2025 10:19 PM Page 1



# ਬਲਜੀਤ ਸਿੰਘ ਬਿੱਲਾ ਕਤਲ ਕਾਂਡ ਦਾ ਮੁੱਖ ਸ਼ੂਟਰ ਕਾਬੂ

**ਹੁਸ਼ਿਆਰਪੁਰ/ਟਾਂਡਾ ਉੜਮੁੜ (ਬਲਵੀਰ ਸਿੰਘ ਸੈਣੀ)**- ਜ਼ਿਲ੍ਹਾ ਹੁਸ਼ਿਆਰਪੁਰ ਦੇ ਟਾਂਡਾ ਹੁਸ਼ਿਆਰਪੁਰ ਸਟੇਟ ਹਾਈਵੇਅ ਸਥਿਤ ਅੱਡਾ ਕਲੋਆ ਨੇੜੇ ਹੋਏ ਬੁਲੇਟ ਮਕੈਨਿਕ ਬਲਜੀਤ ਸਿੰਘ ਬਿੱਲਾ ਦੇ ਕਤਲ ਸਬੰਧੀ ਪੁਲਸ ਨੇ ਪਿੰਡ ਚੌਟਾਲਾ ਨੇੜੇ ਮੁੱਖ ਸ਼ੂਟਰ ਨੂੰ ਇੱਕ ਮੁਕਾਬਲੇ ਦੌਰਾਨ ਕਾਬੂ ਕਰ ਲਿਆ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਮੌਕੇ 'ਤੇ ਪਹੁੰਚੇ ਐੱਸ ਐੱਸ ਪੀ ਹੁਸ਼ਿਆਰਪੁਰ ਸੰਦੀਪ ਕੁਮਾਰ ਮਲਿਕ ਨੇ ਦੱਸਿਆ ਕਿ ਕਤਲ ਦੀ ਵਾਰਦਾਤ ਤੋਂ ਬਾਅਦ ਪੁਲਸ ਦੀਆਂ ਟੀਮਾਂ ਐੱਸ ਪੀ ਪਰਮਿੰਦਰ ਸਿੰਘ ਅਤੇ ਡੀ ਐੱਸ ਪੀ ਦਵਿੰਦਰ ਸਿੰਘ ਬਾਜਵਾ ਦੀ ਅਗਵਾਈ ਵਿਚ ਕਾਤਲਾਂ ਦੀ ਭਾਲ ਕਰ ਰਹੀਆਂ ਸਨ। ਇਸ ਦੌਰਾਨ ਸ਼ੁਕਰਵਾਰ ਸ਼ਾਮ ਜਦ ਐੱਸ ਐੱਚ ਓ ਗੁਰਿੰਦਰ ਜੀਤ ਸਿੰਘ ਨਾਗਰਾ ਥਾਣੇਦਾਰ ਸਰਬਜੀਤ ਸਿੰਘ ਵਿਕਾਸ ਮਹਿਤਾ ਪੁਨੀਤ ਕੁਮਾਰ ਦੀ ਟੀਮ ਇਲਾਕੇ ਵਿਚ ਦਬਿਸ਼ ਦੇ ਰਹੀ ਸੀ ਤਾਂ ਮੋਟਰਸਾਈਕਲ 'ਤੇ ਸਵਾਰ ਹੋ ਕੇ ਆ ਰਹੇ ਮੁੱਖ ਮੁਲਜ਼ਮ ਸ਼ੂਟਰ ਲਖਵਿੰਦਰ ਸਿੰਘ ਉਰਫ ਮਨਿੰਦਰ ਸੈਣੀ ਵਾਸੀ ਖੜਿਆਲਾ ਸੈਣੀਆਂ ਨੂੰ ਰੋਕਣ ਦੀ ਕੋਸ਼ਿਸ਼ ਕੀਤੀ ਤਾਂ ਉਸ ਨੇ ਪਿੰਡ ਚੋਟਾਲਾ ਨੇੜ ਸੁਨਸਾਨ ਜਗ੍ਹਾ ਕੋਲ ਪੁਲਸ ਪਾਰਟੀ 'ਤੇ ਫਾਇਰਿੰਗ ਕਰ ਦਿੱਤੀ । ਜਵਾਬੀ ਕਾਰਵਾਈ 'ਚ ਪੁਲਸ ਦੀ ਗੋਲੀ ਉਸ ਦੀ ਲੱਤ 'ਤੇ ਲੱਗਣ ਤੋਂ ਬਾਅਦ ਉਸ ਨੂੰ ਕਾਬੂ ਕਰ ਕੇ ਹਸਪਤਾਲ ਵਿਚ ਦਾਖਲ ਕਰਵਾਇਆ ਹੈ। ਐੱਸ ਐੱਸ ਪੀ ਨੇ ਦੱਸਿਆ ਕਿ ਕਾਬੂ ਮੁਲਜ਼ਮ ਤੋਂ ਪੁੱਛਗਿੱਛ ਤੋਂ ਬਾਅਦ ਹੋਰ ਖੁਲਾਸੇ ਹੋਣਗੇ ਅਤੇ ਬਾਕੀ ਮੁਲਜ਼ਮਾਂ ਨੂੰ ਵੀ ਜਲਦ ਕਾਬੂ ਕਰ ਲਿਆ ਜਾਵੇਗਾ। ਮੁਲਜ਼ਮ ਕੋਲੋਂ ਵਾਰਦਾਤ ਵਿਚ ਵਰਤਿਆ ਪਿਸਤੌਲ ਵੀ ਬਰਾਮਦ ਕਰ ਲਿਆ ਗਿਆ ਹੈ। ਇਸ ਤੋਂ ਪਹਿਲਾਂ ਬੀਤੀ ਦੇਰ ਰਾਤ ਕਤਲ ਕੀਤੇ ਗਏ ਵਿਅਕਤੀ ਬਲਜੀਤ ਸਿੰਘ ਬਿੱਲਾ ਪੁੱਤਰ ਹਰਬੰਸ ਲਾਲ ਵਾਸੀ ਪਿੰਡ ਕੰਧਾਲਾ ਸੇਖਾਂ ਦੇ ਦੋਸਤ ਪੰਚਾਇਤ ਸੰਮਤੀ ਮੈਂਬਰ ਸਰਪੰਚ ਅਤਿੰਦਰਪਾਲ ਸਿੰਘ ਪੁੱਤਰ ਅਜੀਤ ਸਿੰਘ ਵਾਸੀ ਪਿੰਡ ਢਡਿਆਲਾ ਦੇ ਬਿਆਨਾਂ ਦੇ ਆਧਾਰ 'ਤੇ ਪ੍ਰਦੀਪ ਸਿੰਘ ਵਾਸੀ ਗੜ੍ਹਦੀਵਾਲਾ, ਅਮਰਦੀਪ ਸਿੰਘ ਉਰਫ ਬੂਈ ਵਾਸੀ ਮਾਂਗਾ, ਲੱਬਾ ਵਾਸੀ ਪਿੰਡ ਸੀਕਰੀ, ਅਰਸ਼ਦੀਪ ਸਿੰਘ ਵਾਸੀ ਗੜ੍ਹਦੀਵਾਲਾ, ਧਰਮਿੰਦਰ ਸਿੰਘ ਪੁੱਤਰ ਬਲਜੀਤ ਸਿੰਘ ਵਾਸੀ ਖੜਿਆਲਾ ਸੈਣੀਆਂ ਅਤੇ ਦੋ ਅਣਪਛਾਤੇ ਵਿਅਕਤੀਆਂ ਖਿਲਾਫ ਦਰਜ ਕੀਤਾ ਗਿਆ ਹੈ।



# ਮਾੜੇ ਅਨਸਰਾਂ ਖਿਲਾਫ਼ ਕਾਰਵਾਈ ਕਰਦੇ ਹੋਏ 3 ਦੋਸ਼ੀ ਗ੍ਰਿਫਤਾਰ, 2 ਪਿਸਟਲ ਤੇ 5 ਰੌਂਦ ਬਰਾਮਦ

**ਨਵਾਂਸ਼ਹਿਰ (ਮਨੋਜ ਲਾਡੀ)**- ਪੁਲਸ ਵੱਲੋਂ ਮਾਨਯੋਗ ਡਾਇਰੈਕਟਰ ਜਨਰਲ ਪੁਲਿਸ, ਪੰਜਾਬ ਅਤੇ ਡਿਪਟੀ ਇੰਸਪੈਕਟਰ ਜਨਰਲ ਪੁਲਿਸ, ਲੁਧਿਆਣਾ ਰੇਂਜ, ਲੁਧਿਆਣਾ ਦਿਸ਼ਾ ਨਿਰਦੇਸ਼ਾਂ ਤਹਿਤ ਮਾੜੇ ਅਨਸਰਾਂ ਅਤੇ ਗੈਂਗਸਟਰਾਂ ਖਿਲਾਫ਼ ਗਈ ਚਲਾਈ ਮੁਹਿੰਮ ਤਹਿਤ ਕਾਰਵਾਈ ਕਰਦੇ ਹੋਏ 3 ਦੋਸ਼ੀਆਂ ਨੂੰ ਗ੍ਰਿਫਤਾਰ ਕਰਕੇ ਉਹਨਾਂ ਪਾਸੋਂ 2 ਪਿਸਟਲ ਤੇ 5 ਰੌਂਦ ਬ੍ਰਾਮਦ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ। ਇਸ ਸਬੰਧੀ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਤੁਸ਼ਾਰ ਗੁਪਤਾ, ਸੀਨੀਅਰ ਕਪਤਾਨ ਪੁਲਿਸ, ਸ਼ਹੀਦ ਭਗਤ ਸਿੰਘ ਨਗਰ ਨੇ ਦੱਸਿਆ ਕਿ ਕਪਤਾਨ ਪੁਲਿਸ (ਜਾਂਚ), ਸ਼ਹੀਦ ਭਗਤ ਸਿੰਘ ਨਗਰ ਦੀ ਨਿਗਰਾਨੀ ਹੇਠ ਐੱਸ ਆਈ ਪ੍ਰਗਟ ਸਿੰਘ ਸੀ ਆਈ ਏ ਸਟਾਫ, ਨਵਾਂਸ਼ਹਿਰ ਦੀ ਪੁਲਿਸ ਪਾਰਟੀ ਗਸ਼ਤ ਬਾ ਚੈਕਿੰਗ ਸ਼ੱਕੀ ਪੁਰਸ਼ਾਂ ਦੇ ਸਬੰਧ ਵਿੱਚ ਪਿੰਡ ਕਰੀਹਾ ਪੁੱਜੀ ਤਾਂ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਨਨੀਸ਼ ਕੁਮਾਰ ਉਰਫ ਮਨੀਸ਼ ਕੁਮਾਰ ਨੀਸ਼ਾ ਪੁੱਤਰ ਸੁਨੀਤ ਦੱਤ ਵਾਸੀ ਜਾਡਲਾ ਹਾਲ ਵਾਸੀ ਵੈਸਟ ਚੁਗੀਟੀ ਜਲੰਧਰ, ਰਾਜ ਕੁਮਾਰ ਉਰਫ ਰਾਜਾ ਪੁੱਤਰ ਰਾਮ ਲੁਭਾਇਆ ਵਾਸੀ ਪਿੰਡ ਮੁਰਾਰ ਥਾਣਾ ਸੁਭਾਨਪੁਰ ਜਿਲ੍ਹਾ ਕਪੂਰਥਲਾ ਅਤੇ ਸਾਹਿਲ ਪੁੱਤਰ ਸਨੀ ਵਾਸੀ ਪਿੰਡ ਹਮੀਰਾ ਥਾਣਾ ਸੁਭਾਨਪੁਰ ਜਿਲ੍ਹਾ ਕਪੂਰਥਲਾ ਕਿਸੇ ਵਾਰਦਾਤ ਨੂੰ ਅੰਜਾਮ ਦੇਣ ਦੀ ਨੀਯਤ ਨਾਲ ਗੈਰਕਾਨੂੰਨੀ ਅਸਲਿਆਂ ਸਮੇਤ ਪਿੰਡ ਮੱਲਪੁਰ ਅੜਕਾਂ ਵਾਲੀ ਨਹਿਰ ਵਾਲੇ ਪਾਸੇ ਘੁੰਮ ਰਹੇ ਹਨ, ਜਿਸ ਤੇ ਸੂਚਨਾ ਭਰੋਸੇਯੋਗ ਹੋਣ ਕਰਕੇ ਮੁਕੱਦਮਾ ਥਾਣਾ ਸਦਰ ਨਵਾਂਸ਼ਹਿਰ ਵਿਖੇ ਦਰਜ ਰਜਿਸਟਰ ਕੀਤਾ ਗਿਆ। ਐਸ.ਆਈ ਪ੍ਰਗਟ ਸਿੰਘ ਦੀ ਪੁਲਿਸ ਪਾਰਟੀ ਵੱਲੋਂ ਮੁਸ਼ਤੈਦੀ ਨਾਲ ਕਾਰਵਾਈ ਕਰਦੇ ਹੋਏ ਜੱਬੋਵਾਲ ਨਹਿਰ ਨਜਦੀਕ ਬੇ-ਅਬਾਦ ਜਗ੍ਹਾਂ ਤੋਂ ਹੇਠ ਲਿਖੇ ਦੋਸ਼ੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਨਨੀਸ਼ ਕੁਮਾਰ ਉਰਫ ਮਨੀਸ਼ ਕੁਮਾਰ ਨੀਸ਼ਾ ਪੁੱਤਰ ਸੁਨੀਤ ਦੱਤ ਵਾਸੀ ਜਾਡਲਾ ਹਾਲ ਵਾਸੀ ਵੈਸਟ ਚੁਗੀਟੀ ਜਲੰਧਰ (ਉਮਰ 34 ਸਾਲ)। ਰਾਜ ਕੁਮਾਰ ਉਰਫ ਰਾਜਾ ਪੁੱਤਰ ਰਾਮ ਲੁਭਾਇਆ ਵਾਸੀ ਪਿੰਡ ਮੁਰਾਰ ਥਾਣਾ ਸੁਭਾਨਪੁਰ ਜਿਲ੍ਹਾ ਕਪੂਰਥਲਾ (ਉਮਰ 27 ਸਾਲ)।ਸਾਹਿਲ ਪੁੱਤਰ ਸਨੀ ਵਾਸੀ ਪਿੰਡ ਹਮੀਰਾ ਥਾਣਾ ਸੁਭਾਨਪੁਰ ਜ਼ਿਲ੍ਹਾ ਕਪੂਰਥਲਾ (ਉਮਰ 25 ਸਾਲ)।ਨਨੀਸ਼ ਕੁਮਾਰ ਉਰਫ ਮਨੀਸ਼ ਕੁਮਾਰ ਨੀਸ਼ਾ ਪਾਸੋਂ 1 ਪਿਸਟਲ ਤੇ 2 ਰੌਂਦ ਰਾਜ ਕੁਮਾਰ ਉਰਫ ਰਾਜਾ ਪਾਸੋਂ 1 ਪਿਸਟਲ ਅਤੇ 1 ਰੌਂਦ ਸਾਹਿਲ ਪਾਸੋਂ 2 ਰੌਂਦ ਬਰਾਮਦ ਕੀਤੇ। ਮੁੱਢਲੀ ਪੁੱਛਗਿੱਛ ਦੌਰਾਨ ਦੋਸ਼ੀਆਂ ਨੇ ਦੱਸਿਆ ਕਿ ਪਿੰਡ ਕਰੀਮਪੁਰ ਚਾਹਵਾਲਾ ਥਾਣਾ ਪੋਜੇਵਾਲ ਵਿੱਚ ਜੋ ਕਬੱਡੀ ਕੱਪ ਕਰਵਾਇਆ ਜਾ ਰਿਹਾ ਹੈ, ਉੱਥੇ ਇਹਨਾਂ ਨੇ ਜਾਣਾ ਸੀ ਅਤੇ ਰਾਮ ਕੁਮਾਰ ਉਰਫ ਰਾਮਾ ਵਾਸੀ ਜਾਡਲਾ ਜਿਸ ਨਾਲ ਇਹਨਾਂ ਦੀ ਪਹਿਲਾਂ ਹੀ ਲਾਂਗ-ਡਾਟ ਹੈ, ਨੇ ਵੀ ਇਸ ਕਬੱਡੀ ਕੱਪ ਵਿੱਚ ਜਾਣਾ ਸੀ, ਜਿੱਥੇ ਇਹਨਾਂ ਨੇ ਰਾਮ ਕੁਮਾਰ ਉਰਫ ਰਾਮਾ ਵਾਸੀ ਜਾਡਲਾ ਦਾ ਕਤਲ ਕਰਨਾ ਸੀ, ਪੁਲਸ ਵੱਲੋ ਮੁਸ਼ਤੈਦੀ ਨਾਲ ਕਾਰਵਾਈ ਕਰਦਿਆਂ ਹੋਇਆ ਇਹਨਾਂ ਵੱਲੋਂ ਇਸ ਵਾਰਦਾਤ ਨੂੰ ਅੰਜਾਮ ਦੇਣ ਤੋਂ ਪਹਿਲਾਂ ਹੀ ਗ੍ਰਿਫਤਾਰ ਕਰ ਲਿਆ ਗਿਆ। ਨਨੀਸ਼ ਕੁਮਾਰ ਉਰਫ ਮਨੀਸ਼ ਕੁਮਾਰ ਦੇ ਖਿਲਾਫ਼ 2 ਮੁਕੱਦਮੇ, ਰਾਜ ਕੁਮਾਰ ਉਰਫ ਰਾਜਾ ਦੇ ਖਿਲਾਫ਼ 3 ਮੁਕੱਦਮੇ ਤੇ ਸਾਹਿਲ ਦੇ ਖਿਲਾਫ਼ 3 ਮੁਕੱਦਮੇ ਦਰਜ ਹਨ। ਰਾਜ ਕੁਮਾਰ ਉਰਫ ਰਾਜਾ ਅਤੇ ਸਾਹਿਲ ਥਾਣਾ ਸੁਭਾਨਪੁਰ ਅਤੇ ਥਾਣਾ ਕੋਤਵਾਲੀ ਜਿਲ੍ਹਾ ਕਪੂਰਥਲਾ ਪੁਲਿਸ ਨੂੰ ਵੀ ਲੋੜੀਂਦੇ ਹਨ।

# ਮੁਨੀਸ਼ ਸ਼ਰਮਾ ਨੇ ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਚੋਣਾਂ 'ਚ ਜਿੱਤ ਹਾਸਲ ਕਰਨ ਵਾਲੇ ਅਹੁਦੇਦਾਰਾਂ ਨੂੰ ਦਿੱਤੀ ਵਧਾਈ



**ਗੁਰਾਇਆ (ਬਿੰਦਰ ਸੁਮਨ)**: ਆਲ ਇੰਡੀਆ ਯੂਥ ਕਾਂਗਰਸ ਦੇ ਇੰਚਾਰਜ ਮੁਨੀਸ਼ ਸ਼ਰਮਾ ਦੇ ਚੰਡੀਗੜ੍ਹ ਪਹੁੰਚਣ ਤੇ ਯੂਥ ਕਾਂਗਰਸ ਪੰਜਾਬ ਦੇ ਵੱਖ ਵੱਖ ਅਹੁਦੇਦਾਰਾਂ ਵਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਪੰਜਾਬ ਅੰਦਰ ਹੋਈਆ ਬਲਾਕ ਸੰਮਤੀ ਅਤੇ ਜ਼ਿਲ੍ਹਾ ਪ੍ਰੀਸ਼ਦ ਦੀਆ ਚੋਣਾਂ ਲੜਨ ਵਾਲੇ ਯੂਥ ਕਾਂਗਰਸ ਦੇ ਅਹੁਦੇਦਾਰਾਂ ਨਾਲ ਆਲ ਇੰਡੀਆ ਯੂਥ ਕਾਂਗਰਸ ਦੇ ਇੰਚਾਰਜ ਮੁਨੀਸ਼ ਸ਼ਰਮਾ ਵਲੋਂ ਵਿਸ਼ੇਸ਼ ਮੀਟਿੰਗ ਕੀਤੀ ਅਤੇ ਜਿਨ੍ਹਾਂ ਚੋਣਾਂ 'ਚ ਜਿੱਤ ਹਾਸਲ ਕਰਨ ਵਾਲੇ ਯੂਥ ਕਾਂਗਰਸ ਦੇ ਅਹੁਦੇਦਾਰਾਂ ਨੂੰ ਵਧਾਈ ਦਿੰਦੇ ਹੋਏ ਉਨ੍ਹਾਂ ਦਾ ਮੂੰਹ ਵੀ ਮਿੱਠਾ ਕਰਵਾਇਆ। ਇਸ ਮੌਕੇ ਬੋਲਦਿਆ ਉਨ੍ਹਾਂ ਯੂਥ ਕਾਂਗਰਸ ਨੂੰ ਸੂਬੇ ਅੰਦਰ ਹੋਰ ਮਜ਼ਬੂਤ ਕਰਨ ਲਈ ਦਿਸ਼ਾ ਨਿਰਦੇਸ਼ ਦਿੰਦੇ ਹੋਏ 2027 'ਚ ਪੰਜਾਬ ਅੰਦਰ ਕਾਂਗਰਸ ਦੀ ਸਰਕਾਰ ਬਣਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਨੈਸ਼ਨਲ ਸੈਕਟਰੀ ਇੰਡੀਅਨ ਯੂਥ ਕਾਂਗਰਸ ਨਵਜੋਤ ਸਿੰਘ ਸੰਧੂ, ਯੂਥ ਕਾਂਗਰਸ ਪੰਜਾਬ ਦੇ ਜਨਰਲ ਸਕੱਤਰ ਦੀਪਕ ਖੋਸਲਾ, ਜਨਰਲ ਸਕੱਤਰ ਯੂਥ ਕਾਂਗਰਸ ਪੰਜਾਬ ਮਨਪ੍ਰੀਤ ਚੱਡਾ, ਯੂਥ ਕਾਂਗਰਸ ਹੁਸ਼ਿਆਰਪੁਰ ਪ੍ਰਣਵ ਕ੍ਰਿਪਾਲ ਤੋ ਇਲਾਵਾ ਯੂਥ ਕਾਂਗਰਸ ਦੇ ਹੋਰ ਅਹੁਦੇਦਾਰ ਅਤੇ ਵਰਕਰ ਮੌਜੂਦ ਸਨ।

# ਤੇਜ਼ਧਾਰ ਹਥਿਆਰਾਂ ਨਾਲ ਨੌਜਵਾਨ ਦਾ ਕਤਲ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਬਿਗਾਨੇ ਘਰ ਦੇ ਝਗੜੇ ਨੂੰ ਸੁਲਝਾਉਣ ਦੀ ਵਿਚੋਲਗੀ ਕਰਨੀ ਇੱਕ ਨੌਜਵਾਨ ਨੂੰ ਉਦੋਂ ਮਹਿੰਗੀ ਪੈ ਗਈ ਜਦੋਂ ਤੈਸ਼ ਵਿੱਚ ਆਏ ਪਰਵਾਰਕ ਮੈਂਬਰਾਂ ਨੇ ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕਰਕੇ ਨੌਜਵਾਨ ਨੂੰ ਕਤਲ ਕਰ ਦਿੱਤਾ। ਹੁਸ਼ਿਆਰਪੁਰ ਸ਼ਹਿਰ ਦੇ ਮੁਹੱਲਾ ਕਮਾਲਪੁਰ ਵਿਖੇ

**● ਸਾਬਕਾ ਕੌਂਸਲਰ ਬਾਲੀ ਪਰਵਾਰ ਦੇ ਚਾਰ ਮੈਂਬਰ ਗ੍ਰਿਫ਼ਤਾਰ, 5 ਹਮਲਾਵਰ ਫਰਾਰ**

ਸਥਾਨਕ ਜਲੰਧਰ ਰੋਡ ਤੇ ਬੀਤੀ ਰਾਤ ਤਕਰੀਬਨ 9 ਵਜੇ ਵਾਪਰੀ ਇਸ ਦਰਦਨਾਕ ਘਟਨਾ ਲਈ ਜ਼ਿੰਮੇਵਾਰ ਸਾਬਕਾ ਕੌਂਸਲਰ ਕਰਮਵੀਰ ਬਾਲੀ ਦਾ ਪਰਵਾਰ ਦੱਸਿਆ ਜਾਂਦਾ ਹੈ। ਥਾਣਾ ਮਾਡਲ ਟਾਊਨ ਹੁਸ਼ਿਆਰਪੁਰ ਦੀ ਪੁਲਸ ਨੇ ਤੁਰੰਤ ਕਾਰਵਾਈ ਕਰਦਿਆਂ ਦੋਸ਼ੀਆਂ ਖਿਲਾਫ ਪਰਚਾ ਦਰਜ ਕਰਕੇ ਸਾਬਕਾ ਕੌਂਸਲਰ ਕਰਮਵੀਰ ਬਾਲੀ ਪਰਵਾਰ ਦੇ ਚਾਰ ਮੈਂਬਰਾਂ ਨੂੰ ਗ੍ਰਿਫਤਾਰ ਕਰ ਲਿਆ ਹੈ ਅਤੇ ਇੱਕ ਬਾਲੀ ਪਰਿਵਾਰ ਦੇ ਮੈਂਬਰ ਸਮੇਤ ਚਾਰ ਅਣਪਛਾਤਿਆਂ ਦੀ ਭਾਲ ਕੀਤੀ ਜਾ ਰਹੀ ਹੈ। ਕਤਲ ਹੋਏ ਨੌਜਵਾਨ ਅਜੇ ਕੁਮਾਰ (30) ਦੇ ਪਿਤਾ ਅੰਮ੍ਰਿਤ ਲਾਲ ਪੁੱਤਰ ਕਾਬਲ ਸਿੰਘ ਵਾਸੀ ਮਕਾਨ ਨੰਬਰ 747 ਮੁਹੱਲਾ ਕਮਾਲਪੁਰ ਸਾਹਮਣੇ ਹੀਰਾ ਕਲੀਨਿਕਲ ਲੈਬਾਰਟਰੀ ਜਲੰਧਰ ਰੋਡ, ਥਾਣਾ ਮਾਡਲ ਟਾਊਨ ਜ਼ਿਲ੍ਹਾ ਹੁਸ਼ਿਆਰਪੁਰ ਨੇ ਦੱਸਿਆ ਕਿ 19 ਦਸੰਬਰ ਰਾਤ ਕਰੀਬ 9 ਵਜੇ ਮੈਂ ਆਪਣੇ ਘਰ ਹਾਜ਼ਰ ਸੀ ਤਾ ਮੈਨੂੰ ਬਾਹਰ ਗਲੀ ਵਿੱਚ ਲੜਾਈ ਝਗੜਾ ਹੋਣ ਦਾ ਰੌਲਾ ਅਤੇ ਚੀਕ ਚਿਹਾੜਾ ਸੁਣਾਈ ਦਿਤਾ, ਜਦੋ ਮੈਂ ਆਪਣੇ ਘਰ ਤੋ 10 ਨੰਬਰ ਗਲੀ ਦੇ ਬਾਹਰ ਰੰਗੀ ਰਾਮ ਕਰਿਆਨਾ ਸਟੋਰ ਦੀ ਦੁਕਾਨ ਪਾਸ ਪੁੱਜਾ ਤਾਂ ਦੇਖਿਆ ਕਿ ਕਰਨ ਬਾਲੀ ਉਰਫ ਸੋਨੂੰ ਪੁੱਤਰ ਕਰਮਵੀਰ ਬਾਲੀ, ਕਰਮਵੀਰ ਬਾਲੀ ਪੁੱਤਰ ਨਾਨਕ ਚੰਦ ਬਾਲੀ, ਨਿਤਿਨ ਬਾਲੀ ਉਰਫ ਵੰਸ਼ ਪੁੱਤਰ ਕਰਨ ਬਾਲੀ ਵਾਸੀਆਨ ਮੁਹੱਲਾ ਕਮਾਲਪੁਰ ਥਾਣਾ ਮਾਡਲ ਟਾਊਨ ਹੁਸ਼ਿਆਰਪੁਰ ਅਤੇ ਕਰਮਵੀਰ ਬਾਲੀ ਦਾ ਜਵਾਈ ਵਿਨੈ ਕੁਮਾਰ ਉਰਫ ਸੋਨੂੰ ਪੁੱਤਰ ਸਵ. ਕਿਸ਼ੋਰੀ ਲਾਲ ਵਾਸੀ ਮੁਹੱਲਾ ਨੀਲ ਕੰਠ ਨੇੜੇ ਨੀਲ ਕੰਠ ਮੰਦਿਰ ਥਾਣਾ ਮਾਡਲ ਟਾਊਨ ਜ਼ਿਲ੍ਹਾ ਹੁਸ਼ਿਆਰਪੁਰ ਅਤੇ ਇਹਨਾ ਨਾਲ ਹੋਰ ਤਿੰਨ ਚਾਰ ਨਾਮਲੂਮ ਵਿਆਕਤੀ ਆਪਣੇ ਆਪਣੇ ਮਾਰੂ ਹਥਿਆਰਾਂ ਨਾਲ ਮੇਰੇ ਲੜਕੇ ਅਜੈ ਕੁਮਾਰ ਉਮਰ ਕਰੀਬ 30 ਸਾਲ ਨਾਲ ਕਾਫੀ ਬੁਰੇ ਤਰੀਕੇ ਨਾਲ ਕੁੱਟ ਮਾਰ ਕਰ ਰਹੇ ਸਨ ਅਤੇ ਪਾਸ ਖੜੀ ਮੀਨਾ ਕੁਮਾਰੀ ਪਤਨੀ ਕਰਨ ਬਾਲੀ ਉਰਫ ਸੋਨੂੰ ਲਲਕਾਰੇ ਮਾਰ ਰਹੀ ਸੀ ਕਿ ਇਸ ਨੂੰ ਸਾਡੇ ਘਰ ਵਿੱਚ ਦਖਲ ਅੰਦਾਜ਼ੀ ਕਰਨ ਦਾ ਮਜ਼ਾ ਚਖਾ ਦਿਓ। ਇਸ ਮੌਕੇ ਕਰਨ ਬਾਲੀ ਜਿਸ ਦੇ ਹੱਥ ਵਿਚ ਕ੍ਰਿਪਾਨ, ਕਰਮਵੀਰ ਬਾਲੀ ਦੇ ਹੱਥ ਵਿਚ ਕ੍ਰਿਪਾਨ, ਨਿਤਿਨ ਬਾਲੀ ਉਰਫ ਵੰਸ਼ ਦੇ ਹੱਥ ਵਿੱਚ ਖੰਡਾ ਅਤੇ ਵਿਨੈ ਕੁਮਾਰ ਦੇ ਹੱਥ ਵਿੱਚ ਲੋਹੇ ਦੀ ਰਾਡ ਅਤੇ ਨਾਮਲੂਮ ਵਿਅਕਤੀਆਂ ਦੇ ਹੱਥਾਂ ਵਿੱਚ ਡੰਡੇ ਸਨ ਜਿਨ੍ਹਾਂ ਨੇ ਮੇਰੇ ਦੇਖਦੇ ਹੀ ਦੇਖਦੇ ਨਿਤਿਨ ਬਾਲੀ ਉਰਫ ਵੰਸ਼ ਨੇ ਆਪਣੇ ਵਜੂਰੀ ਖੰਡਾ ਦਾ ਸਿੱਧਾ ਵਾਰ ਮੇਰੇ ਲੜਕੇ ਅਜੇ ਕੁਮਾਰ ਦੇ ਸਿਰ ਵਿੱਚ ਕੀਤਾ ਤਾਂ ਮੇਰਾ ਲੜਕਾ ਜਮੀਨ ਤੇ ਡਿਗ ਕੇ ਲਹੂ ਲੁਹਾਨ ਹੋ ਗਿਆ। ਲੋਕਾਂ ਦੀ ਸਹਾਇਤਾ ਨਾਲ ਲਹੂ ਲੁਹਾਨ ਹੋਏ ਆਪਣੇ ਲੜਕੇ ਅਜੇ ਕੁਮਾਰ ਨੂੰ ਇਲਾਜ ਲਈ ਸਿਵਲ ਹਸਪਤਾਲ ਹੁਸ਼ਿਆਰਪੁਰ ਲੈ ਕੇ ਆਏ ਜਿੱਥੇ ਡਾਕਟਰਾਂ ਨੇ ਉਸ ਨੂੰ ਚੈਕ ਕਰਨ ਤੋਂ ਬਾਅਦ ਮ੍ਰਿਤਕ ਕਰਾਰ ਦੇ ਦਿੱਤਾ। ਅੰਮ੍ਰਿਤ ਲਾਲ ਨੇ ਦੱਸਿਆ ਕਿ ਉਪਰੋਕਤ ਸਾਰੇ ਹਮਲਾਵਰ ਕਰਨ ਬਾਲੀ ਉਰਫ ਸੋਨੂੰ, ਕਰਮਵੀਰ ਬਾਲੀ, ਨਿਤਿਨ ਬਾਲੀ ਉਰਫ ਵੰਸ਼, ਵਿਨੈ ਕੁਮਾਰ ਅਤੇ ਇਹਨਾ ਨਾਲ ਹੋਰ ਤਿੰਨ ਚਾਰ ਨਾਮਲੂਮ ਵਿਅਕਤੀਆਂ ਵਲੋਂ ਹਮਸਲਾਹ ਹੋ ਕੇ ਆਪਣੇ ਆਪਣੇ ਹਥਿਆਰਾਂ ਨਾਲ ਉਸ ਦੇ ਪੁੱਤਰ ਨੂੰ ਕਤਲ ਕੀਤਾ। ਅੰਮ੍ਰਿਤ ਲਾਲ ਦੇ ਬਿਆਨਾਂ 'ਤੇ ਥਾਣਾ ਮਾਡਲ ਟਾਊਨ ਹੁਸ਼ਿਆਰਪੁਰ ਦੀ ਪੁਲਸ ਨੇ ਕੇਸ ਦਰਜ ਕਰਕੇ ਕਰਨ ਬਾਲੀ ਉਰਫ ਸੋਨੂੰ ਪੁੱਤਰ ਕਰਮਵੀਰ ਬਾਲੀ, ਸਾਬਕਾ ਕੌਂਸਲਰ ਕਰਮਵੀਰ ਬਾਲੀ ਪੁੱਤਰ ਨਾਨਕ ਚੰਦ ਬਾਲੀ, ਮੀਨਾ ਕੁਮਾਰੀ ਪਤਨੀ ਕਰਨ ਬਾਲੀ,ਵੀਨਾ ਕੁਮਾਰ ਪੁੱਤਰ ਕਿਸ਼ੋਰੀ ਲਾਲ ਵਾਸੀ ਨੀਲਕੰਠ ਨਗਰ ਨੂੰ ਗ੍ਰਿਫਤਾਰ ਕਰ ਲਿਆ ਹੈ ਜਦਕਿ ਕਥਿਤ ਮੁੱਖ ਦੋਸ਼ੀ ਨਿਤਿਨ ਬਾਲੀ ਉਰਫ ਵੰਸ਼ ਪੁੱਤਰ ਕਰਨ ਬਾਲੀ ਵਾਸੀਆਨ ਮੁਹੱਲਾ ਕਮਾਲਪੁਰ ਅਤੇ ਅਣਪਛਾਤੇ ਹਮਲਾਵਰ ਫਰਾਰ ਦੱਸੇ ਜਾਂਦੇ ਹਨ ਜਿਨਾਂ ਨੂੰ ਗ੍ਰਿਫਤਾਰ ਕਰਨ ਲਈ ਪੁਲਸ ਵੱਲੋਂ ਭਾਲ ਕੀਤੀ ਜਾ ਰਹੀ ਹੈ।





# ਐੱਨ ਕੇ ਸ਼ਰਮਾ ਨੇ ਵੇਟ ਲਿਫਟਰ ਅਨੰਨਿਆ ਨੂੰ ਕੀਤਾ ਸਨਮਾਨਤ



**ਜ਼ੀਰਕਪੁਰ (ਵਿਨੈ ਕੁਮਾਰ ਜੈਨ)**- ਅਰੁਣਾਚਲ ਪ੍ਰਦੇਸ਼ ਵਿੱਚ ਆਯੋਜਿਤ 69ਵੀਆਂ ਸਕੂਲ ਰਾਸ਼ਟਰੀ ਖੇਡਾਂ ਵਿੱਚ ਵੇਟਲਿਫਟਿੰਗ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਬ੍ਰਾਂਜ ਮੈਡਲ ਜਿੱਤਣ ਵਾਲੀ ਜ਼ੀਰਕਪੁਰ ਦੀ ਅਨੰਨਿਆ ਦੀ ਉਪਲੱਬਧੀ 'ਤੇ ਸਾਬਕਾ ਵਿਧਾਇਕ ਐਨ. ਕੇ. ਸ਼ਰਮਾ ਨੇ ਉਨ੍ਹਾਂ ਦੇ ਘਰ ਜਾ ਸਨਮਾਨਿਤ ਕੀਤਾ। ਇਸ ਵੇਟਲਿਫਟਿੰਗ ਮੁਕਾਬਲੇ ਵਿੱਚ ਅਨੰਨਿਆ ਨੇ ਕੁੜੀਆਂ ਦੇ 77+ ਕਿਲੋਗ੍ਰਾਮ ਭਾਰ ਵਰਗ ਵਿੱਚ ਹਿੱਸਾ ਲਿਆ। ਅਨੰਨਿਆ ਪਹਿਲਾਂ ਵੀ ਰਾਜ ਪੱਧਰ 'ਤੇ ਕਈ ਤਗਮੇ ਜਿੱਤ ਚੁੱਕੀ ਹੈ। ਐੱਨ ਕੇ ਸ਼ਰਮਾ ਸਕਾਈ ਨੈੱਟ ਐਨਕਲੇਵ ਸਥਿਤ ਅਨੰਨਿਆ ਦੇ ਘਰ ਪਹੁੰਚੇ ਤੇ ਅਨੰਨਿਆ ਨੂੰ ਸਨਮਾਨਤ ਕੀਤਾ। ਸ਼ਰਮਾ ਨੇ ਅਨੰਨਿਆ ਨੂੰ ਹਰ ਸੰਭਵ ਸਹਾਇਤਾ ਦਾ ਭਰੋਸਾ ਦਿੱਤਾ ਅਤੇ ਕਿਹਾ ਕਿ ਸਹੂਲਤਾਂ ਦੀ ਘਾਟ ਕਾਰਨ ਕਿਸੇ ਵੀ ਖਿਡਾਰੀ ਦੀ ਪ੍ਰਤਿਭਾ ਨੂੰ ਦੱਬਣ ਨਹੀਂ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਅਨੰਨਿਆ ਨੇ ਨਾ ਸਿਰਫ਼ ਜ਼ੀਰਕਪੁਰ ਸਗੋਂ ਪੂਰੇ ਪੰਜਾਬ ਦਾ ਮਾਣ ਵਧਾਇਆ ਹੈ। ਇਸ ਮੌਕੇ ਕੌਂਸਲਰ ਤੇਜਿੰਦਰ ਸਿੱਧੂ, ਕੁਨਾਲ ਸੇਠ, ਐਡਵੋਕੇਟ ਸਪਨਾ ਸੇਠ ਸਮੇਤ ਕਈ ਪਤਵੰਤੇ ਮੌਜੂਦ ਸਨ।

# ਰਾਜਪਾਲ ਪੰਜਾਬ ਨੇ ਸੀ ਜੀ ਸੀ ਲਾਂਡਰਾਂ ਦੇ 19ਵੇਂ ਕਨਵੋਕੇਸ਼ਨ 'ਚ ਵੰਡੀਆਂ ਡਿਗਰੀਆਂ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ, (ਗੁਰਜੀਤ ਬਿੱਲਾ)**- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਚੰਡੀਗੜ੍ਹ ਗਰੁੱਪ ਆਫ਼ ਕਾਲਜਿਜ਼ (ਸੀਜੀਸੀ) ਲਾਂਡਰਾਂ ਦੇ 19ਵੇਂ ਸਾਲਾਨਾ ਕਨਵੋਕੇਸ਼ਨ ਵਿੱਚ ਮੁੱਖ ਮਹਿਮਾਨ ਵਜੋਂ ਪ੍ਰਧਾਨਗੀ ਕੀਤੀ। ਇਸ ਮੌਕੇ ਵਿਯੋਮ ਜੈਨ, ਐਮਡੀ ਅਤੇ ਗਲੋਬਲ ਬਿਜ਼ਨਸ ਹੈੱਡ, ਐਂਟਰਪ੍ਰਾਈਜ਼ ਪ੍ਰੋਡਕਟਸ ਬੀਯੂ, ਨਾਗਾਰੋ, ਸਤਨਾਮ ਸਿੰਘ ਸੰਧੂ, ਚੇਅਰਮੈਨ, ਸੀਜੀਸੀ ਲਾਂਡਰਾਂ, ਰਸ਼ਪਾਲ ਸਿੰਘ ਧਾਲੀਵਾਲ, ਪ੍ਰਧਾਨ, ਸੀ ਜੀ ਸੀ ਲਾਂਡਰਾਂ, ਪਰਮਪਾਲ ਸਿੰਘ ਢਿੱਲੋਂ, ਵਾਈਸ ਚੇਅਰਮੈਨ, ਸੀ ਜੀ ਸੀ ਲਾਂਡਰਾਂ, ਡਾ.ਰਾਜਦੀਪ ਸਿੰਘ, ਕੈਂਪਸ ਡਾਇਰੈਕਟਰ, ਸੀ ਜੀ ਸੀ ਲਾਂਡਰਾਂ ਅਤੇ ਸੰਸਥਾ ਦੇ ਡਾਇਰੈਕਟਰ ਤੇ ਡੀਨ ਸ਼ਾਮਲ ਸਨ।ਕਨਵੋਕੇਸ਼ਨ ਸਮਾਰੋਹ ਦੌਰਾਨ ਗੁਲਾਬ ਚੰਦ ਕਟਾਰੀਆ ਨੇ ਸੀ ਜੀ ਸੀ ਦੇ ਕੁੱਲ 79 ਪ੍ਰਸਿੱਧ ਮੈਰਿਟ ਧਾਰਕਾਂ (ਹੋਲਡਰਾਂ) ਵਿੱਚੋਂ 49 ਸੋਨ ਤਗਮਾ ਜੇਤੂਆਂ ਨੂੰ ਸਨਮਾਨਤ ਕੀਤਾ। ਸੀ ਜੀ ਸੀ ਦੇ 19ਵੇਂ ਕਨਵੋਕੇਸ਼ਨ ਵਿੱਚ ਵੱਖ-ਵੱਖ ਇੰਜੀਨੀਅਰਿੰਗ ਵਿਸ਼ਿਆਂ ਦੇ ਵਿਦਿਆਰਥੀਆਂ ਨੂੰ 1,305 ਡਿਗਰੀਆਂ ਪ੍ਰਦਾਨ ਕੀਤੀਆਂ ਅਤੇ ਇਸ ਦੇ ਨਾਲ ਹੀ ਮੈਨੇਜਮੈਂਟ, ਬਾਇਓਟੈਕਨਾਲੋਜੀ, ਫਾਰਮੇਸੀ ਅਤੇ ਹੋਟਲ ਮੈਨੇਜਮੈਂਟ ਵਿੱਚ ਗੈਰ ਇੰਜੀਨੀਅਰਿੰਗ ਪ੍ਰੋਗਰਾਮਾਂ ਦੇ ਗ੍ਰੈਜੂਏਟਾਂ ਨੂੰ ਵੀ 1,420 ਡਿਗਰੀਆਂ ਵੰਡੀਆਂ।



# ਮੈਗਾ ਪੀ ਟੀ ਐੱਮ ਦਾ ਸਫਲ ਆਯੋਜਨ



**ਨਕੋਦਰ (ਮਨਜੀਤ ਮਾਨ)**- ਸਰਕਾਰੀ ਪ੍ਰਾਇਮਰੀ ਸਕੂਲ ਈਦਾ ਵਿਖੇ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਪੀ ਟੀ ਐਮ ਦਾ ਸਫਲ ਆਯੋਜਨ ਕੀਤਾ ਗਿਆ ।ਇਸ ਮੀਟਿੰਗ ਦਾ ਮੁੱਖ ਉਦੇਸ਼ ਵਿਦਿਆਰਥੀਆਂ ਦੀ ਅਕਾਦਮਿਕ ਪ੍ਰਾਪਤੀ, ਹਾਜ਼ਰੀ ,ਅਤੇ ਸਰਬਪੱਖੀ ਵਿਕਾਸ ਸਬੰਧੀ ਮਾਪਿਆਂ ਨਾਲ ਸਿੱਧਾ ਸੰਵਾਦ ਕਰਨਾ ਸੀ।ਮੀਟਿੰਗ ਦੀ ਅਗਵਾਈ ਸਕੂਲ ਮੁਖੀ ਸਰਦਾਰ ਕੇਵਲ ਸਿੰਘ ਹੁੰਦਲ ਵੱਲੋਂ ਕੀਤੀ ਗਈ। ਉਹਨਾਂ ਮਾਪਿਆਂ ਨੂੰ ਸਕੂਲ ਵਿੱਚ ਚੱਲ ਰਹੀਆਂ ਸਿੱਖਿਆਕ ਗਤੀਵਿਧੀਆਂ, ਸਰਕਾਰੀ ਯੋਜਨਾਵਾਂ ਅਤੇ ਬੱਚਿਆਂ ਦੇ ਭਵਿੱਖੀ ਵਿਕਾਸ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ ।ਉਹਨਾਂ ਕਿਹਾ ਕਿ ਮਾਪਿਆਂ ਤੇ ਅਧਿਆਪਕਾਂ ਦੀ ਸਾਂਝ ਨਾਲ ਹੀ ਬੱਚਿਆਂ ਦਾ ਸਰਬਪੱਖੀ ਵਿਕਾਸ ਸੰਭਵ ਹੈ ।ਮੀਟਿੰਗ ਵਿੱਚ ਵੱਡੀ ਗਿਣਤੀ ਵਿੱਚ ਮਾਪੇ, ਐੱਸ ਐੱਮ ਸੀ ਮੈਂਬਰ ਤੇ ਇਲਾਕੇ ਦੇ ਪਤਵੰਤੇ ਸੱਜਣ ਹਾਜ਼ਰ ਰਹੇ । ਅੰਤ ਵਿੱਚ ਸਕੂਲ ਮੁਖੀ ਵੱਲੋਂ ਸਮੂਹ ਹਾਜ਼ਰ ਮਾਪਿਆਂ ਦਾ ਧੰਨਵਾਦ ਕਰਦਿਆਂ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਸਹਿਯੋਗ ਦੀ ਅਪੀਲ ਕੀਤੀ।

# ਲੋਕਾਂ ਦਾ ਵਿਸ਼ਵਾਸ, ਵਿਕਾਸ ਦੀ ਨਵੀਂ ਸ਼ੁਰੂਆਤ : ਡਾ. ਰਵਜੋਤ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਸਥਾਨਕ ਸਰਕਾਰਾਂ ਮੰਤਰੀ ਡਾ. ਰਵਜੋਤ ਸਿੰਘ ਨੇ ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਚੋਣਾਂ ਵਿੱਚ ਚੁਣੇ ਗਏ ਸਾਰੇ ਉਮੀਦਵਾਰਾਂ ਨੂੰ ਦਿਲੋਂ ਵਧਾਈ ਦਿੰਦੇ ਹੋਏ ਕਿਹਾ ਕਿ ਜਨਤਾ ਦਾ ਵਿਸ਼ਵਾਸ ਵਿਕਾਸ ਦੀ ਸਭ ਤੋਂ ਮਜ਼ਬੂਤ ਨੀਂਹ ਹੈ। ਉਨ੍ਹਾਂ ਕਿਹਾ ਕਿ ਇਹ ਨਤੀਜਾ ਸੂਬੇ ਵਿੱਚ ਵਿਕਾਸ ਲਈ ਇਕ ਨਵੀਂ ਸ਼ੁਰੂਆਤ ਦਾ ਸੰਕੇਤ ਦਿੰਦਾ ਹੈ ਅਤੇ ਇਹ ਸਾਰੇ ਚੁਣੇ ਹੋਏ ਮੈਂਬਰਾਂ ਦੀ ਸਮੂਹਿਕ ਜ਼ਿੰਮੇਵਾਰੀ ਹੈ ਕਿ ਉਹ ਉਨ੍ਹਾਂ ਉਮੀਦਾਂ 'ਤੇ ਖਰੇ ਉਤਰਨ, ਜਿਨ੍ਹਾਂ ਨਾਲ ਲੋਕਾਂ ਨੇ ਆਪਣੇ ਨੁਮਾਇੰਦੇ ਚੁਣੇ ਹਨ। ਡਾ. ਰਵਜੋਤ ਸਿੰਘ ਨੇ ਅੱਜ ਆਪਣੇ ਦਫ਼ਤਰ ਪਹੁੰਚੇ ਸਾਰੇ ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਉਮੀਦਵਾਰਾਂ ਦਾ ਨਿੱਘਾ ਸਵਾਗਤ ਕੀਤਾ।ਇਸ ਮੌਕੇ ਉਨ੍ਹਾਂ ਨੇ ਚੋਣ ਪ੍ਰਕਿਰਿਆ ਦੌਰਾਨ ਦਿਨ-ਰਾਤ ਕੰਮ ਕਰਨ ਵਾਲੇ ਪਾਰਟੀ ਵਰਕਰਾਂ ਅਤੇ ਸਮਰਥਕਾਂ ਦੀ ਵੀ ਪ੍ਰਸ਼ੰਸਾ ਕੀਤੀ ਅਤੇ ਉਨ੍ਹਾਂ ਨੂੰ ਇਸ ਸਫਲਤਾ ਵਿੱਚ ਅਸਲ ਭਾਈਵਾਲ ਕਿਹਾ। ਕੈਬਨਿਟ ਮੰਤਰੀ ਨੇ ਕਿਹਾ ਕਿ ਵਰਕਰਾਂ ਦੀ ਵਫ਼ਾਦਾਰੀ, ਅਨੁਸ਼ਾਸਨ ਅਤੇ ਜਨਤਾ ਨਾਲ ਸਿੱਧਾ ਸੰਪਰਕ ਇਸ ਜਿੱਤ ਦੀ ਅਸਲ ਤਾਕਤ ਹੈ। ਸਥਾਨਕ ਸਰਕਾਰਾਂ ਮੰਤਰੀ ਨੇ ਵਿਸ਼ਵਾਸ ਪ੍ਰਗਟ ਕੀਤਾ ਕਿ ਸਾਰੇ ਚੁਣੇ ਹੋਏ ਨੁਮਾਇੰਦੇ ਆਪਣੇ-ਆਪਣੇ ਖੇਤਰਾਂ ਦੇ ਵਿਕਾਸ ਲਈ ਪੂਰੀ ਇਮਾਨਦਾਰੀ, ਪਾਰਦਰਸ਼ਤਾ ਅਤੇ ਸਮਰਪਣ ਨਾਲ ਕੰਮ ਕਰਨਗੇ। ਉਨ੍ਹਾਂ ਕਿਹਾ ਕਿ ਆਮ ਲੋਕਾਂ ਦੇ ਜੀਵਨ ਪੱਧਰ ਵਿੱਚ ਅਸਲ ਤਬਦੀਲੀ ਲਿਆਉਣ ਲਈ ਸੈਨੀਟੇਸ਼ਨ, ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨਾ, ਪੀਣ ਵਾਲੇ ਪਾਣੀ, ਸੜਕਾਂ, ਸਟਰੀਟ ਲਾਈਟਾਂ ਅਤੇ ਨਾਗਰਿਕ ਸਹੂਲਤਾਂ ਨੂੰ ਬਿਹਤਰ ਬਣਾਉਣ ਨੂੰ ਤਰਜੀਹ ਦਿੱਤੀ ਜਾਵੇਗੀ।



# ਨੇਤਰਹੀਣ ਯੂਨੀਅਨਾਂ ਦੀ ਹਰ ਜਾਇਜ਼ ਮੰਗ ਪੂਰੀ ਕੀਤੀ ਜਾਵੇਗੀ : ਡਾ. ਬਲਜੀਤ ਕੌਰ

**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸਮਾਜ ਦੇ ਹਰ ਵਰਗ ਦੀ ਭਲਾਈ ਅਤੇ ਸਮਾਵੇਸ਼ੀ ਵਿਕਾਸ ਲਈ ਵਚਨਬੱਧ ਹੈ।ਇਸੇ ਕੜੀ ਤਹਿਤ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਪੰਜਾਬ ਦੀਆਂ ਨੇਤਰਹੀਣ ਯੂਨੀਅਨਾਂ ਨਾਲ ਮੀਟਿੰਗ ਕਰਦਿਆਂ ਉਨ੍ਹਾਂ ਦੀਆਂ ਸਮੱਸਿਆਵਾਂ ਅਤੇ ਮੰਗਾਂ ਨੂੰ ਗੰਭੀਰਤਾ ਨਾਲ ਸੁਣਿਆ।ਪੰਜਾਬ ਭਵਨ ਵਿਖੇ ਮੀਟਿੰਗ ਦੌਰਾਨ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਨੇਤਰਹੀਣ ਯੂਨੀਅਨਾਂ ਨੂੰ ਭਰੋਸਾ ਦਿੰਦਿਆਂ ਕਿਹਾ ਕਿ ਉਨ੍ਹਾਂ ਦੀ ਹਰ ਜਾਇਜ਼ ਮੰਗ ਨੂੰ ਤਰਜੀਹ ਦੇ ਅਧਾਰ 'ਤੇ ਪੂਰਾ ਕੀਤਾ ਜਾਵੇਗਾ।ਉਨ੍ਹਾਂ ਨੇ ਅਧਿਕਾਰੀਆਂ ਨੂੰ ਦਿਵਿਆਂਗ ਕੋਟੇ ਅਧੀਨ ਖਾਲੀ ਪਈਆਂ ਅਸਾਮੀਆਂ ਨੂੰ ਜਲਦੀ ਤੋਂ ਜਲਦੀ ਭਰਨ ਲਈ ਤੁਰੰਤ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ।ਡਾ. ਬਲਜੀਤ ਕੌਰ ਨੇ ਸਪੱਸ਼ਟ ਕੀਤਾ ਕਿ ਜੋ ਮੰਗਾਂ ਵਿਭਾਗੀ ਪੱਧਰ 'ਤੇ ਮੰਨਣ ਯੋਗ ਹਨ, ਉਹਨਾਂ ਨੂੰ ਤੁਰੰਤ ਲਾਗੂ ਕੀਤਾ ਜਾਵੇਗਾ, ਜਦਕਿ ਜਿਹੜੀਆਂ ਮੰਗਾਂ ਲਈ ਸਰਕਾਰੀ ਪੱਧਰ 'ਤੇ ਫੈਸਲੇ ਦੀ ਲੋੜ ਹੈ, ਉਹਨਾਂ ਨੂੰ ਸਰਕਾਰ ਕੋਲ ਪੂਰੀ ਤਰ੍ਹਾਂ ਉਠਾਇਆ ਜਾਵੇਗਾ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਿਵਿਆਂਗ ਵਿਅਕਤੀਆਂ ਨੂੰ ਸਵੈ-ਨਿਰਭਰ ਬਣਾਉਣ ਅਤੇ ਉਨ੍ਹਾਂ ਨੂੰ ਸਮਾਜ ਦੀ ਮੁੱਖ ਧਾਰਾ ਨਾਲ ਜੋੜਨ ਲਈ ਲਗਾਤਾਰ ਯਤਨ ਕਰ ਰਹੀ ਹੈ। ਮੀਟਿੰਗ ਸੁਖਾਵੇਂ ਅਤੇ ਸਕਾਰਾਤਮਕ ਮਾਹੌਲ ਵਿੱਚ ਸੰਪਨ ਹੋਈ।

# ਮਨਰੇਗਾ 'ਚ ਬਦਲਾਅ ਗਰੀਬਾਂ ਦੇ ਅਧਿਕਾਰਾਂ 'ਤੇ ਸਿੱਧਾ ਹਮਲਾ : ਕਰਮਜੀਤ ਕੌਰ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਜ਼ਿਲ੍ਹਾ ਯੋਜਨਾ ਕਮੇਟੀ ਦੀ ਚੇਅਰਪਰਸਨ ਕਰਮਜੀਤ ਕੌਰ ਨੇ ਮਨਰੇਗਾ ਸਕੀਮ ਵਿੱਚ ਪ੍ਰਸਤਾਵਿਤ ਬਦਲਾਅ 'ਤੇ ਸਖ਼ਤ ਇਤਰਾਜ਼ ਪ੍ਰਗਟ ਕਰਦੇ ਹੋਏ ਕਿਹਾ ਕਿ ਇਹ ਸਿਰਫ਼ ਨਾਂਅ ਬਦਲਣਾ ਨਹੀਂ ਹੈ, ਸਗੋਂ ਗ਼ਰੀਬਾਂ ਦੇ ਅਧਿਕਾਰਾਂ ਨੂੰ ਸੀਮਤ ਕਰਨ ਦੀ ਜਾਣਬੁੱਝ ਕੇ ਕੀਤੀ ਗਈ ਕੋਸ਼ਿਸ਼ ਹੈ।ਉਨ੍ਹਾਂ ਸਪੱਸ਼ਟ ਤੌਰ 'ਤੇ ਕਿਹਾ ਕਿ ਕੇਂਦਰ ਸਰਕਾਰ ਪਹਿਲਾਂ ਮਨਰੇਗਾ ਲਈ 90 ਫੀਸਦੀ ਫੰਡਿੰਗ ਪ੍ਰਦਾਨ ਕਰਦੀ ਸੀ, ਹੁਣ ਇਸ ਨੂੰ ਘਟਾ ਕੇ 60:40 ਕਰ ਦਿੱਤਾ ਗਿਆ ਹੈ, ਜਿਸ ਨਾਲ ਰਾਜਾਂ 'ਤੇ ਵਾਧੂ ਵਿੱਤੀ ਬੋਝ ਪਾਇਆ ਜਾ ਰਿਹਾ ਹੈ।ਕਰਮਜੀਤ ਕੌਰ ਨੇ ਕਿਹਾ ਕਿ ਕੇਂਦਰ ਸਰਕਾਰ ਨੇ ਰਾਜਾਂ ਦੇ ਆਰ ਡੀ ਐਫ ਅਤੇ ਜੀ ਐਸ ਟੀ ਫੰਡ ਰੋਕ ਦਿੱਤੇ ਹਨ।ਇਸ ਤੋਂ ਇਲਾਵਾ ਕੀਤੇ ਜਾ ਰਹੇ ਕੰਮਾਂ 'ਤੇ ਪਾਬੰਦੀਆਂ ਲਗਾਈਆਂ ਜਾ ਰਹੀਆਂ ਹਨ, ਜਿਸ ਤਹਿਤ ਕੇਂਦਰ ਸਰਕਾਰ ਇਹ ਤੈਅ ਕਰਦੀ ਹੈ ਕਿ ਕਿਹੜੇ ਪ੍ਰੋਜੈਕਟ ਸ਼ੁਰੂ ਕੀਤੇ ਜਾਣਗੇ।ਉਨ੍ਹਾਂ ਕਿਹਾ ਕਿ ਪਾਈਪ ਲਾਈਨਾਂ, ਬਾਜ਼ਾਰਾਂ ਅਤੇ ਪਿੰਡਾਂ ਵਿੱਚ ਉਸਾਰੀ ਵਰਗੇ ਜ਼ਰੂਰੀ ਵਿਕਾਸ ਪ੍ਰੋਜੈਕਟ ਹੁਣ ਮਨਰੇਗਾ ਅਧੀਨ ਨਹੀਂ ਕੀਤੇ ਜਾ ਸਕਦੇ, ਜੋ ਕਿ ਪੇਂਡੂ ਜ਼ਰੂਰਤਾਂ ਦੇ ਪੂਰੀ ਤਰ੍ਹਾਂ ਵਿਰੁੱਧ ਹੈ।ਉਨ੍ਹਾਂ ਸਵਾਲ ਕੀਤਾ ਕਿ ਜਦੋਂ ਪਿੰਡਾਂ ਦੇ ਛੱਪੜਾਂ ਦੀ ਸਫਾਈ ਪੰਜ ਸਾਲਾਂ ਵਿੱਚ ਸਿਰਫ਼ ਇੱਕ ਵਾਰ ਹੀ ਕੀਤੀ ਜਾ ਸਕਦੀ ਹੈ ਤਾਂ 125 ਦਿਨਾਂ ਦਾ ਰੁਜ਼ਗਾਰ ਕਿਵੇਂ ਪੂਰਾ ਹੋਵੇਗਾ।ਇਹ ਗਰੀਬਾਂ ਦੇ ਮੂੰਹੋਂ ਰੋਟੀ ਖੋਹਣ ਦੇ ਬਰਾਬਰ ਹੈ ਅਤੇ ਇਸ ਦਾ ਸਖ਼ਤ ਵਿਰੋਧ ਕੀਤਾ ਜਾਵੇਗਾ।

# ਸੀਨੀਅਰ ਪੁਲਸ ਕਪਤਾਨ ਨੇ ਮੈਗਾ ਪੀ ਟੀ ਐੱਮ 'ਚ ਕੀਤੀ ਸ਼ਿਰਕਤ

**ਨੂਰਮਹਿਲ, (ਬਾਲ ਕ੍ਰਿਸ਼ਨ ਬਾਲੀ)**- ਪੰਜਾਬ ਸਰਕਾਰ ਦੇ ਉਪਰਾਲੇ ਮੈਗਾ ਪੀ ਟੀ ਐੱਮ ਦੇ ਤਹਿਤ ਸਰਕਾਰੀ ਸਕੂਲ ਅਲੋਵਾਲ ਨਕੋਦਰ ਵਿੱਚ ਐੱਸ ਐੱਸ ਪੀ ਹਰਵਿੰਦਰ ਸਿੰਘ ਵਿਰਕ ਸੀਨੀਅਰ ਪੁਲਿਸ ਕਪਤਾਨ ਜਲੰਧਰ ਦਿਹਾਤੀ ਵੱਲੋਂ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਗਈ।ਇਸ ਮੌਕੇ 'ਤੇ ਓਂਕਾਰ ਸਿੰਘ ਬਰਾੜ, ਉਪ ਪੁਲਸ ਕਪਤਾਨ ਸਬ-ਡਿਵੀਜ਼ਨ ਨਕੋਦਰ ਅਤੇ ਹਰਮਿੰਦਰ ਸਿੰਘ, ਸਬ ਇੰਸਪੈਕਟਰ ਅਤੇ ਮੁੱਖ ਅਫ਼ਸਰ ਥਾਣਾ ਸਿਟੀ ਨਕੋਦਰ ਵੀ ਹਾਜ਼ਰ ਰਹੇ।ਐੱਸ ਐੱਸ ਪੀ ਹਰਵਿੰਦਰ ਸਿੰਘ ਵਿਰਕ ਵੱਲੋਂ ਆਪਣੇ ਸੰਬੋਧਨ ਦੌਰਾਨ ਕਿਹਾ ਗਿਆ ਕਿ ਬੱਚਿਆਂ ਦੇ ਸਰਵਾਂਗੀ ਵਿਕਾਸ ਵਿੱਚ ਅਧਿਆਪਕਾਂ ਅਤੇ ਮਾਪਿਆਂ ਦੀ ਭੂਮਿਕਾ ਅਤਿ ਮਹੱਤਵਪੂਰਨ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਅਧਿਆਪਕਾਂ ਨੂੰ ਬੱਚਿਆਂ ਵਿੱਚ ਸਿਰਫ਼ ਅਕਾਦਮਿਕ ਸਿੱਖਿਆ ਹੀ ਨਹੀਂ, ਸਗੋਂ ਨੈਤਿਕ ਕਦਰਾਂ-ਕੀਮਤਾਂ, ਅਨੁਸ਼ਾਸਨ ਅਤੇ ਚੰਗੇ ਸੰਸਕਾਰ ਵੀ ਵਿਕਸਿਤ ਕਰਨੇ ਚਾਹੀਦੇ ਹਨ।ਐੱਸ ਐੱਸ ਪੀ ਨੇ ਕਿਹਾ ਕਿ ਬੱਚੇ ਦੇਸ਼ ਦਾ ਭਵਿੱਖ ਹਨ ਅਤੇ ਉਨ੍ਹਾਂ ਨੂੰ ਸਹੀ ਦਿਸ਼ਾ, ਸਕਾਰਾਤਮਕ ਸੋਚ ਅਤੇ ਮਿਹਨਤ ਦੀ ਪ੍ਰੇਰਨਾ ਦੇ ਕੇ ਹੀ ਇੱਕ ਉਜਵਲ ਭਵਿੱਖ ਵੱਲ ਅਗੇ ਵਧਾਇਆ ਜਾ ਸਕਦਾ ਹੈ। ਉਨ੍ਹਾਂ ਮਾਪਿਆਂ ਨੂੰ ਅਪੀਲ ਕੀਤੀ ਕਿ ਬੱਚਿਆਂ ਨਾਲ ਦੋਸਤਾਨਾ ਸਬੰਧ ਬਣਾਈ ਰੱਖਣ ਅਤੇ ਉਨ੍ਹਾਂ ਦੀ ਪੜ੍ਹਾਈ ਤੇ ਵਿਹਾਰ 'ਤੇ ਨਿਰੰਤਰ ਧਿਆਨ ਦਿੱਤਾ ਜਾਵੇ।ਸਮਾਗਮ ਦੇ ਅੰਤ ਵਿੱਚ ਸਕੂਲ ਪ੍ਰਬੰਧਨ, ਅਧਿਆਪਕਾਂ ਅਤੇ ਮਾਪਿਆਂ ਵੱਲੋਂ ਪੁਲਸ ਪ੍ਰਸ਼ਾਸਨ ਦਾ ਧੰਨਵਾਦ ਕਰਦਿਆਂ ਅਜਿਹੇ ਸਹਿਯੋਗਾਤਮਕ ਅਤੇ ਜਾਗਰੂਕਤਾ ਭਰੇ ਉਪਰਾਲਿਆਂ ਦੀ ਸਰਾਹਨਾ ਕੀਤੀ ਗਈ।



# ਕੇਂਦਰ ਸਰਕਾਰ ਖਿਲਾਫ ਰੋਸ ਪ੍ਰਦਰਸਨ 7 ਨੂੰ

**ਨਵਾਂਸ਼ਹਿਰ (ਮਨੋਜ ਲਾਡੀ)** ਪੇਂਡੂ ਮਜ਼ਦੂਰ ਯੂਨੀਅਨ ਪੰਜਾਬ, ਕੇਂਦਰ ਸਰਕਾਰ ਵਲੋਂ ਇੱਕ ਤੋਂ ਬਾਅਦ ਇੱਕ ਲਿਆਂਦੇ ਜਾ ਰਹੇ ਲੋਕ ਵਿਰੋਧੀ ਕਾਨੂੰਨਾਂ ਦੀ ਸਖਤ ਨਿਖੇਧੀ ਕਰਦਿਆਂ ਜਿਲ੍ਹਾ ਪ੍ਰਧਾਨ ਕਮਲਜੀਤ ਸਨਾਵਾ, ਹਰੀ ਰਾਮ ਰਸੂਲਪੁਰ,ਕਿਰਨਜੀਤ ਕੌਰ,ਇਲਾਕਾ ਪ੍ਰਧਾਨ ਸੁਰਿੰਦਰ ਮੀਰਪੁਰ ਕਿਹਾ ਕਿ ਕਿਰਤ ਕਾਨੂੰਨਾਂ ਵਿੱਚ ਕੀਤੀਆਂ ਗਈਆਂ ਮਜ਼ਦੂਰ ਵਿਰੋਧੀ ਤਬਦੀਲੀਆਂ ਅਤੇ ਹੁਣ ਬਿਜਲੀ ਸੋਧ ਬਿਲ 2025 ਅਤੇ ਵੈਬ-ਜੀ ਰਾਮ ਜੀ ਕਾਨੂੰਨ ਲਿਆ ਕੇ ਮਨਰੇਗਾ ਦਾ ਸਿਰਫ ਨਾਮ ਹੀ ਨਹੀਂ ਬਦਲਿਆ ਜਾ ਰਿਹਾ ਸਗੋਂ ਇਸ ਵਿੱਚ ਕੀਤੀਆਂ ਮਜ਼ਦੂਰ ਮਾਰੂ ਸੋਧਾਂ ਨੂੰ ਇਸ ਕਾਨੂੰਨ ਤਹਿਤ ਮਜ਼ਦੂਰ ਵਰਗ ਨੂੰ ਮਿਲਦਾ ਨਾ ਮਾਤਰ ਰੁਜ਼ਗਾਰ ਖੋਹ ਕੇ ਕਿਰਤੀ ਲੋਕਾਂ ਦੇ ਚੁੱਲ੍ਹੇ ਠੰਢੇ ਕਰਨ ਦੀ ਸਾਜ਼ਿਸ਼ ਘੜੀ ਹੈ। ਇਸ ਦੇ ਵਿਰੁੱਧ ਵਜੋਂ ਪੰਜਾਬ ਭਰ 'ਚ ਮਜ਼ਦੂਰ ਵਿਰੋਧੀ ਉਪਰੋਕਤ ਤਿੰਨੇ ਕਾਲੇ ਕਾਨੂੰਨਾਂ ਤੇ ਕੇਂਦਰ ਸਰਕਾਰ ਖਿਲਾਫ ਪਿੰਡ ਪੁਨੂ ਮਜਾਰਾ , ਸਹਾਬਪੁਰ, ਸਨਾਵਾ ਵਿਖੇ ਪੁਤਲੇ ਫੂਕੇ ਗਏ। ਆਗੂਆਂ ਨੇ ਕਿਹਾ ਕਿ ਨਿੱਜੀਕਰਨ ਦੀਆਂ ਨੀਤੀਆਂ ਤਹਿਤ ਅਥਾਹ ਬੇਰੁਜ਼ਗਾਰੀ ਦਾ ਸੰਤਾਪ ਹੰਢਾਉਂਦੇ ਪੇਂਡੂ ਤੇ ਖੇਤ ਮਜ਼ਦੂਰਾਂ ਨੂੰ ਮਨਰੇਗਾ ਤਹਿਤ ਪਹਿਲਾਂ ਹੀ ਨਿਗੂਣਾ ਰੋਜ਼ਗਾਰ ਦਿੱਤਾ ਜਾ ਰਿਹਾ ਸੀ ਪਰ ਹੁਣ ਇਸ ਸਕੀਮ 'ਤੇ ਹੋਣ ਵਾਲੇ ਖਰਚੇ ਦਾ ਕੇਂਦਰ ਸਰਕਾਰ ਦੁਆਰਾ ਪਹਿਲਾਂ ਪਾਇਆ ਜਾਂਦਾ 90 ਫੀਸਦੀ ਬਜਟ ਹਿੱਸਾ ਘਟਾਕੇ 60 ਫੀਸਦੀ ਕਰਨ ਅਤੇ ਸੂਬਾ ਸਰਕਾਰਾਂ ਵੱਲੋਂ 40 ਫੀਸਦੀ ਹਿੱਸਾ ਪਾਉਣ ਦੀ ਸ਼ਰਤ ਲਾ ਕੇ ਮੋਦੀ ਸਰਕਾਰ ਇਸ ਸਕੀਮ ਦਾ ਭੋਗ ਪਾਉਣ ਜਾ ਰਹੀ ਹੈ। ਪੇਂਡੂ ਮਜ਼ਦੂਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਕਮਲਜੀਤ ਸਨਵਾ ਤੇ ਜ਼ਿਲ੍ਹੇ ਦੇ ਸੈਕਟਰੀ ਹਰੀ ਰਾਮ ਨੇ ਇਹ ਐਲਾਨ ਵੀ ਕੀਤਾ ਕਿ ਕੇਂਦਰ ਸਰਕਾਰ ਦੇ ਇਸ ਕਦਮ ਖਿਲਾਫ ਸੰਘਰਸ਼ ਤੇਜ਼ ਕੀਤਾ ਜਾਵੇਗਾ ਅਤੇ ਹੱਕੀ ਮਜ਼ਦੂਰ ਮੰਗਾਂ ਨੂੰ ਲੈ ਕੇ 7 ਜਨਵਰੀ ਨੂੰ ਡਿਪਟੀ ਕਮਿਸ਼ਨਰ ਦਫ਼ਤਰਾਂ ਅੱਗੇ ਦਿੱਤੇ ਜਾ ਰਹੇ ਧਰਨਿਆਂ ਦੌਰਾਨ ਇਸ ਕਦਮ ਨੂੰ ਵਾਪਸ ਲੈਣ ਸਬੰਧੀ ਜ਼ੋਰਦਾਰ ਅਵਾਜ਼ ਬੁਲੰਦ ਕੀਤੀ ਜਾਵੇਗੀ।

# ਸੰਤੋਸ਼ ਟਰਾਫ਼ੀ ਫੁੱਟਬਾਲ ਮੁਕਾਬਲਿਆਂ 'ਚ ਪੰਜਾਬ ਦੀ ਟੀਮ ਜੇਤੂ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਖਾਲਸਾ ਕਾਲਜ ਮਾਹਿਲਪੁਰ ਦੇ ਖੇਡ ਸਟੇਡੀਅਮ 'ਚ ਹੋਏ ਸੰਤੋਸ਼ ਟਰਾਫ਼ੀ ਫੁੱਟਬਾਲ ਮੁਕਾਬਲਿਆਂ 'ਚ ਪੰਜਾਬ ਦੀ ਟੀਮ ਜੇਤੂ ਰਹੀ ਤੇ ਆਉਣ ਵਾਲੇ ਦਿਨਾਂ ਵਿੱਚ ਫਾਈਨਲ ਮੁਕਾਬਲੇ ਖੇਡਣ ਆਸਾਮ ਜਾਵੇਗੀ। ਤਿੰਨ ਦਿਨ ਚੱਲੇ ਇਨਾਂ ਮੁਕਾਬਲਿਆਂ 'ਚ ਪੰਜਾਬ ਸਮੇਤ ਜੰਮੂ ਕਸ਼ਮੀਰ, ਲਦਾਖ ਤੇ ਹਿਮਾਚਲ ਦੀਆਂ ਟੀਮਾਂ ਨੇ ਭਾਗ ਲਿਆ। ਮੈਚਾਂ ਨੂੰ ਸਫ਼ਲਤਾ ਪੂਰਵਕ ਕਰਵਾਉਣ ਲਈ ਬੰਗਾਲ, ਮਹਾਰਾਸ਼ਟਰ ਸਮੇਤ ਦੇਸ਼ ਦੇ ਵੱਖ ਵੱਖ ਸੂਬਿਆਂ ਦੇ ਰੈਫਰੀ ਸਾਹਿਬਾਨਾਂ ਨੇ ਹਿੱਸਾ ਲਿਆ। ਫੁੱਟਬਾਲ ਦੀ ਨਰਸਰੀ ਵਜੋਂ ਜਾਣੇ ਜਾਂਦੇ ਮਾਹਿਲਪੁਰ ਇਲਾਕੇ ਦੇ ਖੇਡ ਪ੍ਰੇਮੀਆਂ ਤੇ ਨੈਸ਼ਨਲ ਤੇ ਇੰਟਰ ਨੈਸ਼ਨਲ ਪੱਧਰ ਦੇ ਖਿਡਾਰੀਆਂ ਨੇ ਸ਼ਮੂਲੀਅਤ ਕਰਕੇ ਖਿਡਾਰੀਆਂ ਦੀ ਹੌਸਲਾ ਅਫਜ਼ਾਈ ਕੀਤੀ ਤੇ ਉਨਾਂ ਵਲੋਂ ਦਿਖਾਏ ਜੌਹਰਾਂ ਦਾ ਭਰਪੂਰ ਆਨੰਦ ਮਾਣਿਆ। ਪੰਜਾਬ ਫੁੱਟਬਾਲ ਐਸੋਸੀਏਸ਼ਨ, ਪ੍ਰਿੰਸੀਪਲ ਹਰਭਜਨ ਸਿੰਘ ਸਪੋਰਟਸ ਕਲੱਬ ਤੇ ਖਾਲਸਾ ਕਾਲਜ ਦੀ ਪ੍ਰਬੰਧਕੀ ਕਮੇਟੀ, ਸਟਾਫ਼ ਤੇ ਵਿਦਿਆਰਥੀਆਂ ਦੇ ਆਪਸੀ ਤਾਲਮੇਲ ਤੇ ਸੂਝ ਬੂਝ ਨਾਲ ਸਾਰੇ ਮੁਕਾਬਲੇ ਪੂਰਨ ਅਨੁਸ਼ਾਸਨ,ਖੇਡ ਦੀ ਭਾਵਨਾ ਨਾਲ ਸ਼ਾਂਤੀਪੂਰਵਕ ਖੇਡੇ ਗਏ। ਅੰਤਿਮ ਦਿਨ ਪੰਜਾਬ ਤੇ ਜੰਮੂ ਕਸ਼ਮੀਰ ਵਿੱਚ ਬਹੁਤ ਫਸਵਾਂ ਤੇ ਦਿਲਚਸਪ ਮੁਕਾਬਲਾ ਹੋਇਆ ਜਿਸ ਨੂੰ ਪੰਜਾਬ ਦੀ ਟੀਮ ਨੇ 1-0 ਨਾਲ ਜਿੱਤਿਆ।ਪੰਜਾਬ ਦੇ ਖਿਡਾਰੀ ਹਿਮਾਂਸ਼ੂ ਨੂੰ ਮੈਚ ਦਾ ਸਭ ਦਾ ਵਧੀਆ ਖਿਡਾਰੀ ਚੁਣ ਕੇ ਮਾਣ ਸਨਮਾਨ ਕੀਤਾ ਗਿਆ। ਇਸ ਤੋਂ ਇਲਾਵਾ ਪੰਜਾਬ ਫੁੱਟਬਾਲ ਐਸੋਸੀਏਸ਼ਨ ਦੇ ਅਹੁਦੇਦਾਰਾਂ ਨੇ ਪੁਰਾਣੇ ਖਿਡਾਰੀਆਂ ਤੇ ਨਵੇਂ ਉੱਭਰ ਰਹੇ ਖਿਡਾਰੀਆਂ ਨੂੰ ਵੀ ਸਨਮਾਨਤ ਕੀਤਾ। ਵਿਸ਼ੇਸ਼ ਤੌਰ ਤੇ ਫੁੱਟਬਾਲ ਦੇ ਖੇਤਰ ਵਿੱਚ ਨਾਮਣਾ ਖੱਟਣ ਵਾਲੀਆਂ ਪੰਜਾਬ ਦੀਆਂ ਧੀਆਂ ਨੂੰ ਸਨਮਾਨ ਚਿੰਨ ਤੇ ਨਕਦ ਰਾਸ਼ੀ ਦੇ ਕੇ ਨਿਵਾਜਿਆ ਗਿਆ।ਇਸ ਮੌਕੇ ਤੇ ਅਰਜਨਾ ਐਵਾਰਡੀ ਗੁਰਦੇਵ ਸਿੰਘ ਗਿੱਲ, ਸ਼ਵਿੰਦਰਜੀਤ ਸਿੰਘ ਬੈਂਸ, ਚਰਨਜੀਤ ਸਿੰਘ ਚੰਨੀ, ਪ੍ਰਿੰਸੀਪਲ ਪਰਵਿੰਦਰ ਸਿੰਘ, ਅਪਿੰਦਰ ਸਿੰਘ,ਹਰਦੇਵ ਸਿੰਘ ਢਿੱਲੋਂ,ਪ੍ਰਿੰਸੀਪਲ ਤਰਸੇਮ ਸਿੰਘ ਭਿੰਡਰ, ਪ੍ਰਿੰਸੀਪਲ ਜੁਗਲ ਕਿਸ਼ੋਰ ਜੀ, ਐਸ ਪੀ ਮੇਜਰ ਸਿੰਘ, ਡੀ ਐੱਸ ਪੀ ਸੁਰਿੰਦਰਪਾਲ ਸਿੰਘ, ਇੰਸਪੈਕਟਰ ਗੁਰਦਿਆਲ ਸਿੰਘ ਬੈਂਸ, ਦਲਜੀਤ ਸਿੰਘ ਬਿੱਟੂ, ਰੌਸ਼ਨਜੀਤ ਸਿੰਘ ਪਨਾਮ, ਡਾ. ਰਾਜ ਕੁਮਾਰ ਮੁਖੀ ਖੇਡ ਵਿਭਾਗ, ਤਲਵਿੰਦਰ ਸਿੰਘ ਹੀਰ ਨੰਗਲ ਖਿਲਾੜੀਆਂ, ਕੋਚ ਬੰਧਨ ਸਿੰਘ ਆਦਿ ਸਮੇਤ ਵੱਡੀ ਗਿਣਤੀ ਵਿੱਚ ਖੇਡ ਪ੍ਰੇਮੀ ਤੇ ਦੂਰੋਂ ਨੇੜਿਓਂ ਪੰਜਾਬ ਵਾਸੀ ਖੇਡਾਂ ਦੇ ਇਸ ਮਹਾਨ ਕੁੰਭ ਨੂੰ ਸਫ਼ਲ ਬਣਾਉਣ ਲਈ ਪਹੁੰਚੇ ਹੋਏ ਸਨ।



# ਇੱਕ ਸਾਲ 'ਚ ਇਕ ਵਿਅਕਤੀ ਦੇ ਚਾਰ ਦੁਪਹੀਆ ਵਾਹਨ ਹੋਏ ਚੋਰੀ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)** ਸੁਲਤਾਨਪੁਰ ਲੋਧੀ ਵਿੱਚ ਚੋਰੀਆਂ ਲਗਾਤਾਰ ਜਾਰੀ ਹਨ।ਇੱਕ ਵਿਅਕਤੀ ਨੇ ਦੱਸਿਆ ਕਿ ਹੁਣ ਤੱਕ ਉਸਦੇ ਚਾਰ ਮੋਟਰਸਾਈਕਲ ਚੋਰੀ ਹੋ ਗਏ ਹਨ।ਪੀੜਤ ਨੇ ਦੱਸਿਆ ਕਿ ਉਸਨੇ ਪੁਲਸ ਨੂੰ ਥਾਣੇ ਵਿੱਚ ਸ਼ਿਕਾਇਤ ਦਰਜ ਕਰਵਾਈ ਹੈ, ਪਰ ਅਜੇ ਤੱਕ ਕੋਈ ਕਾਰਵਾਈ ਨਹੀਂ ਕੀਤੀ ਗਈ।ਉਸ ਨੇ ਦੱਸਿਆ ਕਿ ਪਹਿਲਾਂ ਮੇਰਾ ਮੋਟਰਸਾਈਕਲ ਐਚ ਐਫ ਡੀਲੈਕਸ ਪੀਬੀ 41 ਡੀ 6158 ਚੋਰੀ ਹੋਇਆ ਸੀ ਉਸ ਤੋਂ ਬਾਅਦ ਮੈਂ ਸਪਲੈਂਡਰ ਮੋਟਰਸਾਈਕਲ ਲਿਆ ਪੀਬੀ 09 ਏਡੀ 0649 ਉਹ ਵੀ ਚੋਰੀ ਹੋ ਗਿਆ।ਉਸ ਨੇ ਦੱਸਿਆ ਕਿ ਮੈਂ ਫਿਰ ਐਚ ਐਫ ਡੀਲੈਕਸ ਪੀਬੀ09 ਏਡੀ 0649 ਖਰੀਦਿਆ ਉਹ ਵੀ ਚੋਰੀ ਹੋ ਗਿਆ।ਉਸ ਨੇ ਦੱਸਿਆ ਕਿ ਪੀਬੀ 41 ਡੀ 8049 ਐਕਟੀਵਾ ਵੀ ਚੋਰੀ ਹੋ ਗਈ ।ਪੀੜਤ ਨੇ ਕਿਹਾ, ਅਸੀਂ ਬਹੁਤ ਦੁਖੀ ਹਾਂ ਕਿ ਮੇਰੇ ਚਾਰ ਮੋਟਰਸਾਈਕਲ ਚੋਰੀ ਹੋ ਗਏ ਹਨ।ਸੁਲਤਾਨਪੁਰ ਲੋਧੀ ਪੁਲਸ ਬਿਲਕੁਲ ਕੁਝ ਨਹੀਂ ਕਰ ਰਹੀ।ਉਹ ਦਿਨ-ਰਾਤ ਇਲਾਕੇ ਵਿੱਚ ਗਸ਼ਤ ਕਰਨ ਦਾ ਦਾਅਵਾ ਕਰਦੇ ਹਨ, ਪਰ ਇਸਦਾ ਕੋਈ ਫਾਇਦਾ ਨਹੀਂ ਹੁੰਦਾ। ਪੀੜਤਾਂ ਨੇ ਕਿਹਾ ਪੁਲਸ ਨੂੰ ਜਲਦੀ ਤੋਂ ਜਲਦੀ ਚੋਰੀਆਂ ਨੂੰ ਰੋਕਣ ਲਈ ਕਦਮ ਚੁੱਕਣੇ ਚਾਹੀਦੇ ਹਨ।ਚੋਰੀ ਹੋਏ ਮੋਟਰਸਾਈਕਲ ਬਰਾਮਦ ਕੀਤੇ ਜਾਣੇ ਚਾਹੀਦੇ ਹਨ।ਪੁਲਸ ਨੂੰ ਗਸ਼ਤ ਵਧਾਉਣੀ ਚਾਹੀਦੀ ਹੈ ਅਤੇ ਇਲਾਕੇ ਵਿੱਚ ਸੁਰੱਖਿਆ ਵਿੱਚ ਸੁਧਾਰ ਕਰਨਾ ਚਾਹੀਦਾ ਹੈ।ਹੁਣ ਇਹ ਦੇਖਣਾ ਬਾਕੀ ਹੈ ਕਿ ਪੁਲਸ ਇਸ ਮਾਮਲੇ ਵਿੱਚ ਕੀ ਕਾਰਵਾਈ ਕਰਦੀ ਹੈ ।

# ਬੀਬੀ ਇੰਦਰਜੀਤ ਕੌਰ ਮਾਨ ਵੱਲੋਂ ਵੋਟਰਾਂ ਦਾ ਧੰਨਵਾਦ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਅੱਜ ਮੈਂ ਤੁਹਾਡਾ ਧਨਵਾਦ ਕਰਨ ਲਈ ਖੇਚਲ ਦਿੱਤੀ ਹੈ ਕਿ ਤੁਸੀਂ ਚੋਣਾ ਵਿੱਚ ਸਾਰਿਆਂ ਨੇ ਮੇਰੀ ਪਾਰਟੀ ਦਾ ਬਹੁਤ ਸਾਥ ਦਿੱਤਾ ਹੈ। ਜਿਸ ਦੇ ਸਿੱਟੇ ਵਜੋਂ ਵੋਟਰਾਂ ਨੇ ਆਮ ਆਦਮੀ ਪਾਰਟੀ ਦੇ ਮੁਕਾਬਲੇ ਦੂਜੀਆਂ ਪਾਰਟੀਆਂ ਨੂੰ ਬੁਰੀ ਤਰ੍ਹਾਂ ਪਛਾੜ ਦਿੱਤਾ ਹੈ । ਇਸ ਸਫਲਤਾ ਲਈ ਵੋਟਰਾਂ ਦਾ ਹਾਰਦਿਕ ਧੰਨਵਾਦ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਹਲਕਾ ਨਕੋਦਰ ਦੇ ਵਿਧਾਇਕ ਬੀਬੀ ਇੰਦਰਜੀਤ ਕੌਰ ਮਾਨ ਨੇ ਕਹੇ। ਉਨ੍ਹਾਂ ਕਿਹਾ ਕਿ ਮੇਰੀ ਪਾਰਟੀ ਨੇ ਜ਼ਿਲ੍ਹਾ ਪ੍ਰੀਸ਼ਦ ਅਤੇ ਸੰਮਤੀ ਚੋਣਾਂ ਵਿੱਚ 25951ਵੋਟ ਪ੍ਰਾਪਤ ਕੀਤੇ, ਜਦੋਂ ਕਿ ਕਾਂਗਰਸ ਨੂੰ ਕੇਵਲ 19356 ਵੋਟ ਹੀ ਮਿਲੇ, ਸ਼੍ਰੋਮਣੀ ਅਕਾਲੀ ਦਲ ਦੇ ਹਿੱਸੇ 6123 ਵੋਟ ਆਏ ਅਤੇ ਬਸਪਾ ਨੂੰ 6128 ਵੋਟ ਹੀ ਮਿਲੇ, ਆਜ਼ਾਦ ਉਮੀਦਵਾਰ 6154 ਵੋਟ ਲੈ ਕੇ ਅਕਾਲੀ ਦਲ ਤੇ ਬਸਪਾ ਤੋਂ ਅੱਗੇ ਨਿਕਲ ਗਏ । ਅਗਰ ਆਮ ਆਦਮੀ ਪਾਰਟੀ ਨੂੰ 240 ਵੋਟ ਹੋਰ ਮਿਲ ਜਾਂਦੇ ਤਾਂ ਅਸੀਂ ਛੇ ਸੰਮਤੀਆਂ ਹੋਰ ਜਿੱਤ ਜਾਂਦੇ ਜੋ ਕਿ ਬਹੁਤ ਹੀ ਥੋੜੇ ਫਰਕ ਨਾਲ ਹਾਰੇ ਹਾਂ । ਜਿਨਾਂ ਵਿੱਚ ਜੋਨ ਆਦੀ 5 ਦੇ ਫਰਕ ਨਾਲ, ਭੁੱਲਰ ਜੋਨ ਤੋਂ 15 ਵੋਟਾਂ ਨਾਲ, ਪੁਆਦੜਾ ਤੋਂ 21 ਵੋਟਾਂ ਨਾਲ, ਚੀਮਾ ਕਲਾ ਤੋਂ 31 ਵੋਟਾਂ ਨਾਲ, ਭੰਗਾਲਾ 65 ਵੋਟਾਂ ਨਾਲ ਅਤੇ ਟਾਹਲੀ ਤੋਂ 103 ਵੋਟਾਂ ਨਾਲ ਹਾਰੇ ਹਾਂ । ਸਾਰੀਆਂ ਵਿਰੋਧੀ ਪਾਰਟੀਆਂ ਨੇ ਸਾਡੀ ਪਾਰਟੀ ਵਿਰੁਧ ਸਾਂਝਾ ਮੋਰਚਾ ਬਣਾ ਲਿਆ ਸੀ। ਵੋਟਾਂ ਦੀ ਗਿਣਤੀ ਵਿੱਚ ਅਸੀਂ ਸਾਰੀਆਂ ਵਿਰੋਧੀ ਪਾਰਟੀਆਂ ਦੇ ਮੋਰਚੇ ਨੂੰ ਬੁਰੀ ਤਰ੍ਹਾਂ ਹਰਾਇਆ ਹੈ।



# 'ਨੌਵੇਂ ਗੁਰੂ ਦੀ ਵਿਰਾਸਤ : ਧਾਰਮਿਕ ਆਜ਼ਾਦੀ ਤੇ ਮਨੁੱਖੀ ਗੌਰਵ' ਵਿਸ਼ੇ 'ਤੇ ਸੈਮੀਨਾਰ

**ਫਗਵਾੜਾ (ਡਾ. ਰਮਨ)** ਸ੍ਰੀ ਗੁਰੂ ਤੇਗ ਬਹਾਦਰ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਰਾਮਗੜ੍ਹੀਆ ਕਾਲਜ ਆਫ ਐਜੂਕੇਸ਼ਨ, ਫਗਵਾੜਾ ਵਿਖੇ 'ਨੌਵੇਂ ਗੁਰੂ ਦੀ ਵਿਰਾਸਤ : ਧਾਰਮਿਕ ਆਜ਼ਾਦੀ ਅਤੇ ਮਨੁੱਖੀ ਗੌਰਵ' ਦੇ ਵਿਸ਼ੇ 'ਤੇ ਸੈਮੀਨਾਰ ਦਾ ਆਯੋਜਨ ਕੀਤਾ ਗਿਆ।ਸੈਮੀਨਾਰ ਦਾ ਉਦੇਸ਼ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਗੁਰੂ ਜੀ ਦੀਆਂ ਸਿੱਖਿਆਵਾਂ ਧਾਰਮਿਕ ਆਜ਼ਾਦੀ, ਮਨੁੱਖੀ ਮਾਣ ਅਤੇ ਨੈਤਿਕ ਕਦਰਾਂ-ਕੀਮਤਾਂ 'ਤੇ ਸਾਹਸ ਬਾਰੇ ਜਾਣੂ ਕਰਾਉਣਾ ਅਤੇ ਇਹਨਾਂ ਕਦਰਾਂ ਕੀਮਤਾਂ ਨੂੰ ਕਾਇਮ ਰੱਖਣ ਲਈਂ ਪ੍ਰੇਰਿਤ ਕਰਨਾ ਸੀ।ਪ੍ਰੋਗਰਾਮ ਦੀ ਸ਼ੁਰੂਆਤ ਸੰਤ ਬਾਬਾ ਅਮੀਰ ਸਿੰਘ ਮਜੂੰਦਾ ਮੁਖੀ, ਜਵੱਦੀ ਟਕਸਾਲ ਵੱਲੋਂ ਭੇਜੇ ਗਏ ਕੀਰਤਨੀ ਜੱਥੇ ਦੁਆਰਾ ਗੁਰਬਾਣੀ ਕੀਰਤਨ ਨਾਲ ਕੀਤੀ ਗਈ।ਜਵੱਦੀ ਟਕਸਾਲ ਜੱਥੇ ਦੁਆਰਾ ਤੰਤੀ ਸਾਜ਼ਾਂ ਦੀ ਪ੍ਰਦਰਸ਼ਨੀ ਵੀ ਲਗਾਈ ਗਈ।ਪ੍ਰਦਰਸ਼ਨੀ 'ਚ ਇਤਿਹਾਸਕ ਤੌਰ 'ਤੇ ਭਗਤੀ ਸੰਗੀਤ 'ਚ ਵਰਤੇ ਜਾਣ ਵਾਲੇ ਸਾਜ਼ਾਂ ਨੂੰ ਉਜਾਗਰ ਕੀਤਾ ਗਿਆ।ਇਸ ਮੌਕੇ ਭਾਸ਼ਾ ਵਿਭਾਗ ਕਪੂਰਥਲਾ ਵੱਲੋਂ ਵਿਦਿਆਰਥੀਆਂ ਲਈਂ ਕਿਤਾਬਾਂ ਦੀ ਪ੍ਰਦਰਸ਼ਨੀ ਲਗਾਈ ਗਈ।ਪ੍ਰਿੰਸੀਪਲ ਡਾ. ਸੁਰਿੰਦਰ ਜੀਤ ਕੌਰ ਨੇ ਸ੍ਰੀ ਗੁਰੂ ਤੇਗ ਬਹਾਦਰ ਦੀ ਵਿਰਾਸਤ ਨੂੰ ਸੰਭਾਲਣ ਦੀ ਮਹੱਤਤਾ ਅਤੇ ਵਿਦਿਆਰਥੀਆਂ ਵਿੱਚ ਧਾਰਮਿਕ ਸਹਿਣਸ਼ੀਲਤਾ, ਮਨੁੱਖੀ ਗੌਰਵ ਅਤੇ ਨਿਰਸਵਾਰਥ ਸੇਵਾ ਦੀਆਂ ਕਦਰਾਂ ਕੀਮਤਾਂ ਨੂੰ ਪੈਦਾ ਕਰਨ 'ਤੇ ਜ਼ੋਰ ਦਿੱਤਾ। ਇਤਿਹਾਸ ਵਿੱਚ ਕਦੇ ਵੀ ਕਿਸੇ ਇੱਕ ਧਰਮ ਦੇ ਨੇਤਾ ਨੇ ਦੂਜੇ ਧਰਮ ਦੀ ਆਜ਼ਾਦੀ ਨੂੰ ਬਚਾਉਣ ਲਈ ਆਪਣੀ ਜਾਨ ਦੀ ਕੁਰਬਾਨੀ ਨਹੀ ਦਿੱਤੀ ਪਰ ਗੁਰੂ ਜੀ ਨੇ ਦੂਜੇ ਧਰਮ ਨੂੰ ਬਚਾਉਣ ਦੀ ਖਾਤਰ ਆਪਣੀ ਜਾਨ ਕੁਰਬਾਨ ਕਰਕੇ ਹਿੰਮਤ ਅਤੇ ਦਇਆ ਦੀ ਇੱਕ ਲਾਸਾਨੀ ਮਿਸਾਲ ਕਾਇਮ ਕੀਤੀ। ਪ੍ਰੋ: ਅਵਤਾਰ ਸਿੰਘ ਨੇ ਪੰਜਾਬੀ ਸਾਹਿਤ ਅਤੇ ਸੱਭਿਆਚਾਰ 'ਤੇ ਪਏ ਗੁਰੂ ਜੀ ਦੇ ਸਥਾਈ ਪ੍ਰਭਾਵ ਬਾਰੇ ਗੱਲ ਕੀਤੀ। ਵਿਦਿਆਰਥੀਆਂ ਨੂੰ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਜੀਵਨ ਅਤੇ ਫਲਸਫੇ ਤੋਂ ਜਾਣੂ ਕਰਵਾਇਆ।ਵਿੱਦਿਅਕ ਦਰਸ਼ਨ ਅਤੇ ਗੁਰਬਾਣੀ ਦੇ ਮਾਹਿਰ ਡਾ. ਮਿਹਰਬਾਨ ਸਿੰਘ ਨੇ ਗੁਰੂ ਜੀ ਦੇ ਜੀਵਨ ਤੋ ਮਿਲਦੀਆਂ ਸਿੱਖਿਆਵਾਂ ਅਤੇ ਨੈਤਿਕ ਸਬਕਾਂ 'ਤੇ ਚਰਚਾ ਕੀਤੀ।ਜਸਵੰਤ ਸਿੰਘ ਜ਼ਫਰ ਡਾਇਰੈਕਟਰ, ਭਾਸ਼ਾ ਵਿਭਾਗ ਪੰਜਾਬ ਨੇ ਆਪਣੇ ਵਿਚਾਰ ਸਾਂਝੇ ਕੀਤੇ ਅਤੇ ਸੈਮੀਨਾਰ ਦੇ ਆਯੋਜਨ ਲਈ ਕਾਲਜ ਦੀ ਪ੍ਰਸ਼ੰਸਾ ਕੀਤੀ। ਉਹਨਾਂ ਨੇ ਅਧਿਆਤਮਿਕ, ਨੈਤਿਕ ਅਤੇ ਮਾਨਵਤਾਵਾਦੀ ਮੁੱਲਾਂ ਬਾਰੇ ਜਾਗਰੂਕਤਾ ਪੈਦਾ ਕਰਨ ਵਿੱਚ ਵਿੱਦਿਅਕ ਸੰਸਥਾਵਾਂ ਦੀ ਭੂਮਿਕਾ 'ਤੇ ਜ਼ੋਰ ਦਿੱਤਾ।ਸਮਾਗਮ ਵਿੱਚ ਡਾ. ਵਿਓਮਾ ਭੋਗਲ ਢੱਟ, ਡਾਇਰੈਕਟਰ, ਰਾਮਗੜ੍ਹੀਆ ਐਜੂਕੇਸ਼ਨਲ ਇੰਸਟੀਟਿਊਸ਼ਨਜ਼ ਸ਼੍ਰੀਮਤੀ ਰਵਨੀਤ ਸਿੰਘ ਭੋਗਲ ਕਾਲਜ਼ਾ, ਐਡੀਸ਼ਨਲ ਡਾਇਰੈਕਟਰ ਰਾਮਗੜ੍ਹੀਆ ਐਜੂਕੇਸ਼ਨਲ ਇੰਸਟੀਟਿਊਸ਼ਨਜ਼ ਮੁਕੇਸ਼ ਕਾਂਤ, ਚੀਫ ਅਕਾਊਟੈਂਟ, ਰਾਮਗੜ੍ਹੀਆ ਐਜੂਕੇਸ਼ਨਲ ਕੌਂਸਲ; ਆਰ.ਈ.ਸੀ. ਦਫਤਰ ਦੇ ਮੈਂਬਰ; ਵੱਖ-ਵੱਖ ਰਾਮਗੜ੍ਹੀਆ ਵਿੱਦਿਅਕ ਅਦਾਰਿਆਂ ਦੇ ਪ੍ਰਿੰਸੀਪਲ, ਸਟਾਫ ਮੈਂਬਰ ਤੇ ਮੀਡੀਆ ਪਰਸਨਜ਼ ਅਤੇ ਹੋਰ ਵਿਸ਼ੇਸ਼ ਮਹਿਮਾਨ ਵੀ ਸ਼ਾਮਲ ਹੋਏ।



# ਸਰਕਾਰ ਬਿਹਤਰ ਸੜਕੀ ਬੁਨਿਆਦੀ ਢਾਂਚਾ ਪ੍ਰਦਾਨ ਕਰਨ ਲਈ ਵਚਨਬੱਧ : ਈ ਟੀ ਓ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ ਟੀ ਓ ਨੇ ਕਿਹਾ ਕਿ ਪੰਜਾਬ ਭਰ ਵਿੱਚ ਸੜਕਾਂ ਦੇ ਨਵੀਨੀਕਰਨ ਅਤੇ ਮੁਰੰਮਤ ਦਾ ਕੰਮ ਪੂਰੇ ਜ਼ੋਰਾਂ-ਸ਼ੋਰਾਂ 'ਤੇ ਚੱਲ ਰਿਹਾ ਹੈ ਅਤੇ ਲਿੰਕ ਸੜਕਾਂ ਸਮੇਤ ਹਰ ਪੱਧਰ 'ਤੇ ਗੁਣਵੱਤਾ ਵਾਲੇ ਕੰਮ ਨੂੰ ਯਕੀਨੀ ਬਣਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਦੂਰਦਰਸ਼ੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਵਿੱਚ ਬਿਹਤਰ ਸੜਕੀ ਬੁਨਿਆਦੀ ਢਾਂਚਾ ਪ੍ਰਦਾਨ ਕਰਨ ਲਈ ਵਚਨਬੱਧ ਹੈ, ਜਿਸ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ ਹੈ। ਕੈਬਨਿਟ ਮੰਤਰੀ ਇੱਥੇ ਵੱਖ-ਵੱਖ ਯੋਜਨਾਵਾਂ, ਜਿਨ੍ਹਾਂ ਤਹਿਤ ਲੋਕ ਨਿਰਮਾਣ ਵਿਭਾਗ ਵੱਲੋਂ ਇਹ ਕੰਮ ਅਮਲ ਵਿੱਚ ਲਿਆਂਦੇ ਜਾ ਰਹੇ ਹਨ, ਦੀ ਸਮੁੱਚੀ ਪ੍ਰਗਤੀ ਦਾ ਜਾਇਜ਼ਾ ਲੈਣ ਪਹੁੰਚੇ ਸਨ। ਕੈਬਨਿਟ ਮੰਤਰੀ ਨੇ ਦੱਸਿਆ ਕਿ ਪੰਜਾਬ ਦੀਆਂ ਵੱਖ-ਵੱਖ ਮਾਰਕੀਟ ਕਮੇਟੀਆਂ ਵਿੱਚ 1543 ਕਰੋੜ ਰੁਪਏ ਦੀ ਲਾਗਤ ਨਾਲ 10262 ਕਿਲੋਮੀਟਰ ਲਿੰਕ ਸੜਕਾਂ ਦੀ ਵਿਸ਼ੇਸ਼ ਮੁਰੰਮਤ ਅਤੇ ਆਧੁਨਿਕੀਕਰਨ ਦਾ ਕੰਮ ਚੱਲ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਉਨ੍ਹਾਂ ਦੀ ਸਰਕਾਰ ਵੱਲੋਂ ਲਿੰਕ ਸੜਕਾਂ ਦੇ ਆਧੁਨਿਕੀਕਰਨ ਲਈ ਵਿਸ਼ੇਸ਼ ਕਾਰਜ ਵੀ ਸ਼ੁਰੂ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ 2,920 ਕਰੋੜ ਰੁਪਏ ਦੀ ਲਾਗਤ ਨਾਲ 7,767 ਕਿਲੋਮੀਟਰ ਲਿੰਕ ਸੜਕਾਂ 'ਤੇ ਕੰਮ ਕੀਤਾ ਜਾ ਰਿਹਾ ਹੈ ਅਤੇ ਪਲਾਨ ਰੋਡਜ਼ (ਸੜਕਾਂ) ਲਈ 2,363 ਕਰੋੜ ਰੁਪਏ ਦੀ ਲਾਗਤ ਨਾਲ 2,834 ਕਿਲੋਮੀਟਰ ਸੜਕ ਦੇ ਨਵੀਨੀਕਰਨ ਲਈ ਵਿਸ਼ੇਸ਼ ਯੋਜਨਾ ਉਲੀਕੀ ਗਈ ਹੈ। ਉਨ੍ਹਾਂ ਦੱਸਿਆ ਕਿ ਪਲਾਨ ਸੜਕਾਂ ਅਤੇ ਲਿੰਕ ਸੜਕਾਂ ਲਈ ਬੋਲੀਆਂ ਪਹਿਲਾਂ ਹੀ ਮੰਗੀਆਂ ਜਾ ਚੁੱਕੀਆਂ ਹਨ ਅਤੇ ਇਸ ਸਬੰਧੀ ਕੰਮ ਜਲਦੀ ਹੀ ਸ਼ੁਰੂ ਹੋਣ ਦੀ ਸੰਭਾਵਨਾ ਹੈ।



# ਕਾਂਸੀ ਤਮਗਾ ਜੇਤੂਆਂ ਦਾ ਸ਼ਾਨਦਾਰ ਸਵਾਗਤ

**ਜਲੰਧਰ (ਸ਼ੈਲੀ ਐਲਬਰਟ)**- ਜੂਨੀਅਰ ਹਾਕੀ ਵਰਲਡ ਕੱਪ ਵਿੱਚ ਭਾਰਤ ਦੇ ਕਾਂਸੀ ਤਮਗਾ ਜਿੱਤਣ ਤੋਂ ਬਾਅਦ ਪ੍ਰਿੰਸਦੀਪ ਸਿੰਘ, ਅਰਸ਼ਦੀਪ ਸਿੰਘ ਅਤੇ ਗੁਰਜੋਤ ਸਿੰਘ ਦਾ ਰਾਊਂਡਗਲਾਸ ਹਾਕੀ ਅਕੈਡਮੀ ਵਿੱਚ ਸ਼ਾਨਦਾਰ ਸਵਾਗਤ ਤੇ ਸਨਮਾਨ ਸਮਾਰੋਹ ਆਯੋਜਿਤ ਕੀਤਾ ਗਿਆ। ਇਹ ਘੜੀ ਉਪਲਬਧੀ ਦੇ ਨਾਲ-ਨਾਲ ਭਾਵਨਾਵਾਂ ਨਾਲ ਭਰਪੂਰ ਇੱਕ ਯਾਦਗਾਰ ਘਰ-ਵਾਪਸੀ ਦਾ ਪਲ ਸੀ। ਰਾਊਂਡਗਲਾਸ ਹਾਕੀ ਅਕੈਡਮੀ ਦਾ ਹਿੱਸਾ ਰਹੇ ਇਹ ਤਿੰਨੇ ਨੌਜਵਾਨ ਖਿਡਾਰੀ ਭਾਰਤ ਦੇ ਤਮਗਾ-ਜੇਤੂ ਅਭਿਆਨ ਦੇ ਮਹੱਤਵਪੂਰਨ ਸਤੰਭ ਰਹੇ। ਵਿਸ਼ਵ ਮੰਚ 'ਤੇ ਟੀਮ ਇੰਡੀਆ ਦਾ ਇਹ ਪ੍ਰਦਰਸ਼ਨ ਜਜ਼ਬੇ, ਅਨੁਸ਼ਾਸਨ ਤੇ ਟੀਮਵਰਕ ਲਈ ਖਾਸ ਤੌਰ 'ਤੇ ਸਰਾਹਿਆ ਗਿਆ। ਸਨਮਾਨ ਸਮਾਰੋਹ ਦੌਰਾਨ ਰਾਊਂਡਗਲਾਸ ਦੇ ਸੰਸਥਾਪਕ ਗੁਰਪ੍ਰੀਤ 'ਸਨੀ' ਸਿੰਘ ਨੇ ਖਿਡਾਰੀਆਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਨੂੰ ਸ਼ਾਨਦਾਰ ਪ੍ਰਦਰਸ਼ਨ ਲਈ ਵਧਾਈ ਦਿੱਤੀ ਅਤੇ ਟੂਰਨਾਮੈਂਟ ਭਰ ਦਿਖਾਏ ਗਏ ਉਨ੍ਹਾਂ ਦੇ ਚਰਿੱਤਰ ਅਤੇ ਹੌਸਲੇ ਦੀ ਪ੍ਰਸ਼ੰਸਾ ਕੀਤੀ। ਉਨ੍ਹਾਂ ਕਿਹਾ ਕਿ ਅਜਿਹੇ ਪਲ ਲੰਬੇ ਸਮੇਂ ਦੀ ਐਥਲੀਟ ਵਿਕਾਸ ਦੀ ਸੋਚ ਨੂੰ ਮਜ਼ਬੂਤ ਕਰਦੇ ਹਨ ਅਤੇ ਨੌਜਵਾਨ ਪ੍ਰਤਿਭਾ ਲਈ ਸਹੀ ਮਾਹੌਲ ਬਣਾਉਣ ਦੀ ਮਹੱਤਤਾ ਨੂੰ ਸਾਬਤ ਕਰਦੇ ਹਨ। ਅਰਸ਼ਦੀਪ, ਗੁਰਜੋਤ ਅਤੇ ਪ੍ਰਿੰਸਦੀਪ ਨੂੰ ਹਰ ਇੱਕ ਨੂੰ 1 ਲੱਖ ਦੀ ਨਕਦ ਇਨਾਮ ਰਾਸ਼ੀ ਪ੍ਰਦਾਨ ਕੀਤੀ ਗਈ। ਇਹ ਸਨਮਾਨ ਸਿਰਫ਼ ਤਮਗੇ ਲਈ ਨਹੀਂ, ਸਗੋਂ ਉਸ ਦੇ ਪਿੱਛੇ ਦੀ ਲਗਾਤਾਰ ਮਿਹਨਤ, ਧੀਰਜ ਅਤੇ ਸੰਘਰਸ਼ ਦੀ ਵੀ ਪਛਾਣ ਹੈ।



22-DEC-PAGE-10.qxd 12/21/2025 9:51 PM Page 1



## ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਜਾਗਰੂਕਤਾ ਰੈਲੀ



**ਮੋਗਾ (ਇਕਬਾਲ ਸਿੰਘ ਖਹਿਰਾ)**-ਮਿਸਟਰ ਜਸਟਿਸ ਅਸ਼ਵਨੀ ਕੁਮਾਰ ਮਿਸ਼ਰਾ ਜੱਜ ਪੰਜਾਬ ਤੇ ਹਰਿਆਣਾ ਹਾਈਕੋਰਟ ਚੰਡੀਗੜ੍ਹ ਤੇ ਕਾਰਜਕਾਰੀ ਚੇਅਰਮੈਨ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਅਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਐਸ.ਏ.ਐਸ. ਨਗਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੂਰੇ ਪੰਜਾਬ ਵਿੱਚ ਯੂਥ ਅਗੇਂਸਟ ਡਰੱਗਜ਼-ਐਂਟੀ ਡਰੱਗਜ਼ ਅਵੇਅਰਨੈੱਸ ਡਰਾਈਵ ਮੁਹਿੰਮ ਚਲਾਈ ਜਾ ਰਹੀ ਹੈ।ਇਸ ਮੁਹਿੰਮ ਤਹਿਤ ਅੱਜ ਮਿਸ ਨੀਲਮ ਅਰੋੜਾ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਮੋਗਾ ਵੱਲੋਂ ਸਿੱਖਿਆ ਵਿਭਾਗ ਮੋਗਾ, ਪੁਲਸ ਬੈਂਡ ਤੇ ਸੈਂਟਰਲ ਕਲੱਬ ਮੋਗਾ ਦੇ ਸਹਿਯੋਗ ਨਾਲ ਜ਼ਿਲ੍ਹਾ ਕਚਹਿਰੀਆਂ ਮੋਗਾ ਤੋਂ ਮੇਨ ਚੌਕ ਮੋਗਾ ਤੱਕ ਕੱਢੀ ਗਈ ਨਸ਼ਾ ਵਿਰੋਧੀ ਜਾਗਰੂਕਤਾ ਰੈਲੀ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ।ਇਸ ਰੈਲੀ ਵਿੱਚ ਮੋਗਾ ਦੇ ਸਾਰੇ ਜੁਡੀਸ਼ੀਅਲ ਅਫਸਰ, ਪੁਲਸ ਵਿਭਾਗ ਦੇ ਏ.ਐਸ.ਆਈ. ਹਰਮੇਲ ਸਿੰਘ ਇੰਚਾਰਜ ਜ਼ਿਲ੍ਹਾ ਸਾਂਝ ਕੇਂਦਰ ਮੋਗਾ, ਬਾਰ ਐਸੋਸੀਏਸ਼ਨ ਮੋਗਾ ਦੇ ਮੈਂਬਰ, ਪੈਨਲ ਵਕੀਲ, ਲੀਗਲ ਏਡ ਡਿਫੈਂਸ ਕਾਊਂਸਲ, ਸਰਕਾਰੀ ਵਕੀਲ, ਸੈਂਟਰ ਕਲੱਬ ਮੋਗਾ ਦੇ ਮੈਂਬਰ, ਹੌਲਦਾਰ ਦਲਜੀਤ ਸਿੰਘ, ਅਧਿਆਪਕ, ਵਿਦਿਆਰਥੀਆਂ, ਡੀ.ਐੱਲ.ਐੱਸ.ਏ. ਦਾ ਸਟਾਫ ਤੇ ਪੈਰਾ-ਲੀਗਲ ਵਲੰਟੀਅਰਾਂ ਵੱਲੋਂ ਹਿੱਸਾ ਲਿਆ।ਮਿਸ ਨੀਲਮ ਅਰੋੜਾ ਜ਼ਿਲ੍ਹਾ ਤੇ ਸੈਸ਼ਨ ਜੱਜ ਮੋਗਾ ਨੇ ਦੱਸਿਆ ਕਿ ਇਸ ਮੁਹਿੰਮ ਦਾ ਮੁੱਖ ਮਕਸਦ ਲੋਕਾਂ ਵਿੱਚ ਇਹ ਸੰਦੇਸ਼ ਪਹੁੰਚਾਉਣਾ ਹੈ ਕਿ ਸਾਨੂੰ ਨਸ਼ਿਆਂ ਤੋਂ ਦੂਰ ਰਹਿਣਾ ਚਾਹੀਦਾ ਹੈ, ਕਿਉਂਕਿ ਨਸ਼ੇ ਨਾਲ ਸਿਰਫ ਇਕ ਵਿਅਕਤੀ ਦੀ ਜ਼ਿੰਦਗੀ ਹੀ ਬਰਬਾਦ ਨਹੀਂ ਹੁੰਦੀ, ਬਲਕਿ ਸਾਰਾ ਪਰਿਵਾਰ ਹੀ ਖਤਮ ਹੋ ਜਾਂਦਾ ਹੈ ਅਤੇ ਸਮਾਜ 'ਤੇ ਵੀ ਇਸ ਦਾ ਮਾੜਾ ਪ੍ਰਭਾਵ ਪੈਂਦਾ ਹੈ।ਪੰਜਾਬ ਵਿੱਚ ਨਸ਼ੇ ਆਉਣ ਵਾਲੀ ਪੀੜ੍ਹੀ ਲਈ ਘਾਤਕ ਸਿੱਧ ਹੋ ਸਕਦੇ ਹਨ, ਇਸ ਲਈ ਸਾਰਿਆਂ ਨੂੰ ਰਲ ਕੇ ਇਸ ਵਿਰੁੱਧ ਲੜਨ ਦੀ ਲੋੜ ਹੈ।

## 2027 ਦੀਆਂ ਚੋਣਾਂ ਲਈ ਚੰਨੀ ਨੂੰ ਮੁੱਖ ਮੰਤਰੀ ਦਾ ਚਿਹਰਾ ਐਲਾਨੇ ਜਾਣ ਦੀ ਮੰਗ ਨੇ ਜ਼ੋਰ ਫੜਿਆ



**ਬਠਿੰਡਾ (ਰਾਜੀਵ ਗੋਇਲ)**-ਨਵਜੋਤ ਕੌਰ ਸਿੱਧੂ ਵੱਲੋਂ ਪਿਛਲੇ ਦਿਨੀਂ ਕੀਤੀ ਗਈ ਬਿਆਨਬਾਜ਼ੀ ਤੋਂ ਬਾਅਦ ਆਮ ਲੋਕਾਂ ਵਿੱਚ ਕਾਂਗਰਸੀ ਆਗੂਆਂ ਬਾਰੇ ਆਮ ਚਰਚਾ ਹੁੰਦੀ ਸਾਫ ਦੇਖੀ ਜਾ ਸਕਦੀ ਹੈ ਅਤੇ ਹੁਣੇ-ਹੁਣੇ ਆਏ ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਚੋਣਾਂ ਦੇ ਨਤੀਜਿਆਂ ਨੇ ਜਿੱਥੇ ਕਾਂਗਰਸੀ ਦਲ ਦੇ ਹੌਸਲੇ ਬੁਲੰਦ ਕੀਤੇ ਹਨ, ਉੱਥੇ ਹੀ ਸੱਤਾਧਾਰੀ ਧਿਰ ਸਮੇਤ ਕਾਂਗਰਸ ਤੇ ਭਾਜਪਾ ਨੂੰ ਅਸਲ ਸ਼ੀਸ਼ਾ ਦਿਖਾ ਦਿੱਤਾ ਹੈ।ਇਨ੍ਹਾਂ ਚੋਣਾਂ ਦੇ ਨਤੀਜਿਆਂ ਤੋਂ ਬਾਅਦ ਜਿੱਥੇ ਕਾਂਗਰਸੀ ਆਗੂ ਤੇ ਵਰਕਰ ਪਾਰਟੀ ਹਾਈਕਮਾਨ ਪਾਸੋਂ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੂੰ ਮੁੱਖ ਮੰਤਰੀ ਦਾ ਚਿਹਰਾ ਐਲਾਨੇ ਜਾਣ ਦੀ ਮੰਗ ਕਰ ਰਹੇ ਹਨ, ਉੱਥੇ ਹੀ ਹੁਣ ਕਾਂਗਰਸ ਨੂੰ ਚਾਹੁਣ ਵਾਲੇ ਆਮ ਲੋਕ ਵੀ ਚੰਨੀ-ਚੰਨੀ ਜਪਦੇ ਨਜ਼ਰ ਆ ਰਹੇ ਹਨ।ਇਨ੍ਹਾਂ ਚੋਣਾਂ ਵਿੱਚ ਚੰਨੀ ਦੇ ਹਲਕੇ ਅੰਦਰ ਕਾਂਗਰਸ ਦਾ ਪ੍ਰਦਰਸ਼ਨ ਵੀ ਵਧੀਆ ਰਿਹਾ, ਪਰ ਚੰਨੀ ਦੀ ਬੇਬਾਕੀ ਤੇ ਪਾਰਲੀਮੈਂਟ ਵਿੱਚ ਮੌਕੇ ਜਲੰਧਰ ਵਾਸੀਆਂ ਵੱਲੋਂ ਚੰਨੀ ਨੂੰ ਦਿੱਤੇ ਸਮਰਥਨ ਅਤੇ ਭਾਰੀ ਬਹੁਮੱਤ ਨਾਲ ਜਿੱਤੀ ਸੀਟ ਕਾਰਨ ਚੰਨੀ ਆਮ ਲੋਕਾਂ ਦੀ ਖਿੱਚ ਦਾ ਕੇਂਦਰ ਬਣੇ ਹਨ।ਭਾਵੇਂ ਹੀ ਕਾਂਗਰਸ ਦੇ ਦਿੱਗਜ ਲੀਡਰ ਵੀ ਸੂਬੇ ਅੰਦਰ ਆਪਣੀ ਵੱਖਰੀ ਪਹਿਚਾਣ ਰੱਖਦੇ ਹਨ, ਪਰ ਇਸ ਵਿੱਚ ਕੋਈ ਸ਼ੱਕ ਨਹੀਂ ਕਿ ਜੇਕਰ ਦਿੱਲੀ ਹਾਈਕਮਾਨ ਚਰਨਜੀਤ ਸਿੰਘ ਚੰਨੀ ਨੂੰ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਮੁੱਖ ਮੰਤਰੀ ਦੇ ਚਿਹਰੇ ਵਜੋਂ ਐਲਾਨ ਕਰਦੀ ਹੈ ਤਾਂ ਸੂਬੇ ਅੰਦਰ ਇਸ ਦਾ ਵੱਖਰਾ ਹੀ ਅਸਰ ਦੇਖਣ ਨੂੰ ਮਿਲੇਗਾ।

## ਮਾਤਾ ਸੁਰਜੀਤ ਕੌਰ ਨਮਿਤ ਸ਼ਰਧਾਂਜਲੀ ਸਮਾਗਮ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਸਾਬਕਾ ਸੈਨਿਕ ਵਿੰਗ ਇਕਾਈ ਮਹਿਲ ਕਲਾਂ ਦੇ ਪ੍ਰਧਾਨ ਕੁਲਵੰਤ ਸਿੰਘ ਫੌਜੀ ਤੇ ਸਰਪ੍ਰੀਤ ਸਿੰਘ ਦੇ ਸਤਿਕਾਰਯੋਗ ਮਾਤਾ ਸੁਰਜੀਤ ਕੌਰ ਪਤਨੀ ਸਵ. ਚੰਦ ਸਿੰਘ ਕੁੰਢੇ ਦੇ ਅੰਤਿਮ ਅਰਦਾਸ ਉਪਰੰਤ ਸ਼ਰਧਾਂਜਲੀ ਸਮਾਗਮ ਇਤਿਹਾਸਕ ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਮਹਿਲ ਕਲਾਂ (ਬਰਨਾਲਾ) ਵਿਖੇ ਹੋਇਆ।ਇਸ ਮੌਕੇ ਭਾਈ ਜਗਸੀਰ ਸਿੰਘ ਖ਼ਾਲਸਾ ਦੇ ਰਾਗੀ ਜਥੇ ਨੇ ਵੈਰਾਗਮਈ ਕੀਰਤਨ ਕੀਤਾ।ਸ਼ਰਧਾਂਜਲੀ ਸਮਾਗਮ ਨੂੰ ਸੰਬੋਧਨ ਕਰਦਿਆਂ ਹਲਕਾ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਨੇ ਕਿਹਾ ਕਿ ਮਾਤਾ ਸੁਰਜੀਤ ਕੌਰ ਨੇ ਸੁਚੱਜੀ ਅਗਵਾਈ ਦੇ ਕੇ ਪਰਵਾਰ ਨੂੰ ਬੁਲੰਦੀਆਂ 'ਤੇ ਪਹੁੰਚਾਇਆ।ਪਿਛਲੇ ਸਮੇਂ ਤੋਂ ਪਰਵਾਰ ਨੇ ਦਿਨ ਰਾਤ ਇੱਕ ਕਰ ਕੇ ਅਧਰੰਗ ਦਾ ਸ਼ਿਕਾਰ ਮਾਤਾ ਸੁਰਜੀਤ ਕੌਰ ਦੀ ਸੇਵਾ ਸੰਭਾਲ ਕੀਤੀ, ਸਮੂਹ ਲੋਕਾਂ ਨੂੰ ਇਸ ਤੋਂ ਸੇਧ ਲੈ ਕੇ ਆਪਣੇ ਬਜ਼ੁਰਗ ਮਾਪਿਆਂ ਦੀ ਸੇਵਾ ਸੰਭਾਲ ਕਰਨ ਵੱਲ ਵਿਸ਼ੇਸ਼ ਧਿਆਨ ਦੇਣਾ ਚਾਹੀਦਾ ਹੈ।ਸਾਬਕਾ ਚੇਅਰਮੈਨ ਹਰਦੇਵ ਸਿੰਘ ਰੋਹਾਵਾ, ਸਾਬਕਾ ਸੈਨਿਕ ਵਿੰਗ ਦੇ ਆਗੂ ਗੁਰਜਿੰਦਰ ਸਿੰਘ ਸਿੱਧੂ ਦੀ ਅਗਵਾਈ ਹੇਠ ਕੁਲਵੰਤ ਸਿੰਘ ਫੌਜੀ ਅਤੇ ਸਰਪ੍ਰੀਤ ਸਿੰਘ ਨੂੰ ਸਿਰੋਪਾਓ ਭੇਟ ਕੀਤੇ ਗਏ।ਇਸ ਸਮੇਂ ਸਾਬਕਾ ਚੇਅਰਮੈਨ ਅਜਮੇਰ ਸਿੰਘ ਸਹਿਜੜਾ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਬੀਬੀ ਕੁਲਦੀਪ ਕੌਰ ਗੰਗੂ, ਇੰਚਾਰਜ ਬਰਨਾਲਾ ਕੁਲਵੰਤ ਸਿੰਘ ਕੀਤੂ, ਰੁਬਲ ਗਿੱਲ ਕੈਨੇਡਾ, ਸਰਬਜੀਤ ਸਿੰਘ ਸਰਬੀ, ਸਰਪੰਚ ਬੀਬੀ ਕਿਰਨਾ ਰਾਣੀ, ਸਰਪੰਚ ਸਰਬਜੀਤ ਸਿੰਘ ਸ਼ੰਭੂ, ਅਰੁਣ ਕੁਮਾਰ ਬਾਂਸਲ, ਪ੍ਰਧਾਨ ਅਰਸ਼ਦੀਪ ਸਿੰਘ ਬਿੱਟੂ, ਸੰਮਤੀ ਮੈਂਬਰ ਰਛਪਾਲ ਸਿੰਘ ਢੱਟੀ, ਪ੍ਰਧਾਨ ਬਲਜੀਤ ਸਿੰਘ ਮਾਨ, ਮਾ: ਜਗਰਾਜ ਸਿੰਘ ਆਦਿ ਆਗੂਆਂ ਤੋਂ ਇਲਾਵਾ ਗ੍ਰਾਮ ਪੰਚਾਇਤਾਂ, ਯੂਥ ਕਲੱਬ, ਪ੍ਰੈੱਸ ਕਲੱਬ ਮਹਿਲ ਕਲਾਂ, ਸਾਬਕਾ ਸੈਨਿਕ ਵੱਡੀ ਗਿਣਤੀ 'ਚ ਹਾਜ਼ਰ ਸਨ।

## ਬਲਾਕ ਸੰਮਤੀ ਜ਼ੋਨ ਲਟੌਰ ਤੋਂ ਜੇਤੂ ਗੁਰਜੀਤ ਸਿੰਘ ਬਿੱਟਾ ਦਾ ਸਨਮਾਨ



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਬਲਾਕ ਸੰਮਤੀ ਜ਼ੋਨ ਲਟੌਰ ਤੋਂ ਆਮ ਆਦਮੀ ਪਾਰਟੀ ਦੇ ਗੁਰਜੀਤ ਸਿੰਘ ਬਿੱਟਾ ਨੇ ਜਿੱਤ ਹਾਸਲ ਕੀਤੀ ਹੈ।ਇਸ ਜਿੱਤ ਉਪਰੰਤ ਪਿੰਡ ਵਾਸੀਆਂ ਦੇ ਵੱਲੋਂ ਉਨ੍ਹਾਂ ਨੂੰ ਸਿਰੋਪਾਓ ਨਾਲ ਸਨਮਾਨਤ ਕੀਤਾ ਗਿਆ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਲਖਬੀਰ ਸਿੰਘ ਰਾਏ ਦੇ ਪੀ ਏ ਸਤੀਸ਼ ਲਟੌਰ ਨੇ ਕਿਹਾ ਕਿ ਬਲਾਕ ਸੰਮਤੀ ਜ਼ੋਨ ਲਟੌਰ ਦੇ ਲੋਕਾਂ ਵੱਲੋਂ ਪੰਜਾਬ ਸਰਕਾਰ ਦੇ ਵਿਕਾਸ ਕਾਰਜਾਂ 'ਤੇ ਮੋਹਰ ਲਗਾਈ ਗਈ ਹੈ।ਮਾਨਯੋਗ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਦੇ ਵਿੱਚ ਪੰਜਾਬ ਸਰਕਾਰ ਜਦੋਂ ਦੀ ਹੋਂਦ ਵਿੱਚ ਆਈ ਹੈ, ਉਦੋਂ ਤੋਂ ਹੀ ਵਿਕਾਸ ਕਾਰਜਾਂ ਨੂੰ ਜੰਗੀ ਪੱਧਰ ਉੱਤੇ ਕਰਵਾ ਰਹੀ ਹੈ, ਤਾਂ ਜੋ ਆਮ ਲੋਕਾਂ ਨੂੰ ਵੱਡੀ ਰਾਹਤ ਮਿਲ ਸਕੇ।ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਵਿਕਾਸ ਕਾਰਜ ਹੋਰ ਤੇਜ਼ੀ ਨਾਲ ਕਰਵਾਏ ਜਾਣਗੇ।ਉਨ੍ਹਾਂ ਕਿਹਾ ਕਿ ਬਲਾਕ ਸੰਮਤੀ ਜ਼ੋਨ ਲਟੌਰ ਦੇ ਵੋਟਰਾਂ ਤੇ ਸਪੋਟਰਾਂ ਦਾ ਅਸੀਂ ਤਹਿ ਦਿਲੋਂ ਧੰਨਵਾਦ ਕਰਦੇ ਹਾਂ, ਜਿਨ੍ਹਾਂ ਨੇ ਚੋਣ ਮੁਹਿੰਮ ਨੂੰ ਆਪਣੀ ਸਮਝ ਕੇ ਦਿਨ-ਰਾਤ ਇੱਕ ਕੀਤਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸਰਪੰਚ ਰੋਹਿਤ ਸਿੰਗਲਾ, ਸਾਬਕਾ ਸਰਪੰਚ ਮਨਜੀਤ ਸਿੰਘ, ਸਾਬਕਾ ਸਰਪੰਚ ਹਰਨੇਕ ਸਿੰਘ, ਦਿਆਲ ਸਿੰਘ, ਤਰਸੇਮ ਦਾਸ, ਬਲਜੀਤ ਸਿੰਘ, ਜਰਨੈਲ ਸਿੰਘ, ਰਣਜੀਤ ਸਿੰਘ, ਬਹਾਦਰ ਅਲੀ, ਹਰਪ੍ਰੀਤ ਸਿੰਘ, ਹਰਿੰਦਰ ਸਿੰਘ, ਪੰਚ ਬਹਾਦਰ ਅਲੀ ਆਦਿ ਹਾਜ਼ਰ ਸਨ।

## ਦੇਵ ਮਾਨ ਵੱਲੋਂ ਨਵੇਂ ਬਣੇ ਬਲਾਕ ਸੰਮਤੀ ਮੈਂਬਰਾਂ ਦਾ ਸਨਮਾਨ



**ਨਾਭਾ (ਵਰਿੰਦਰ ਵਰਮਾ)**-ਪਿਛਲੇ ਦਿਨੀਂ ਹੋਈਆਂ ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਚੋਣਾਂ ਵਿੱਚ ਨਵੇਂ ਚੁਣੇ ਗਏ ਮੈਂਬਰਾਂ ਦਾ ਹਲਕਾ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨਾਭਾ ਵੱਲੋਂ ਐੱਮ ਐੱਲ ਏ ਦਫਤਰ ਵਿਖੇ ਵਿਸ਼ੇਸ਼ ਸਨਮਾਨ ਕੀਤਾ ਗਿਆ।ਇਸ ਮੌਕੇ ਉਨ੍ਹਾਂ ਦੱਸਿਆ ਕਿ ਹਲਕਾ ਨਾਭਾ ਵਿੱਚ ਚੋਣਾਂ ਵਿੱਚ ਕਿਸੇ ਵਿਅਕਤੀ ਨਾਲ ਕੋਈ ਵੀ ਧੱਕਾ ਨਹੀਂ ਕੀਤਾ ਗਿਆ, ਗਿਣਤੀ ਵਾਲੇ ਦਿਨ ਵੀ ਬੜੇ ਸੁਚੱਜੇ ਤੇ ਪਾਰਦਰਸ਼ੀ ਢੰਗ ਨਾਲ ਗਿਣਤੀ ਕੀਤੀ ਗਈ ਹੈ।ਉਨ੍ਹਾਂ ਦੱਸਿਆ ਕਿ ਇਨ੍ਹਾਂ ਚੋਣਾਂ ਵਿੱਚ ਜ਼ਿਲ੍ਹਾ ਪ੍ਰੀਸ਼ਦ ਜ਼ੋਨ ਮੱਲੇਵਾਲ ਤੋਂ ਜਸਵਿੰਦਰ ਕੌਰ ਸੁਖੇਵਾਲ, ਬਲਾਕ ਸੰਮਤੀ ਮੈਂਬਰਾਂ ਵਿੱਚ ਜ਼ੋਨ ਰੋਹਟਾ ਤੋਂ ਬਲਜੀਤ ਸਿੰਘ, ਜ਼ੋਨ ਥੂਹੀ ਤੋਂ ਬਹਾਦਰ ਕਲਾਂ ਤੋਂ ਅਮਨਦੀਪ ਕੌਰ ਖਹਿਰਾ, ਜ਼ੋਨ ਨੌਹਰਾ ਤੋਂ ਕਰਮਾ ਟੋਹਰ, ਜ਼ੋਨ ਚਹਿਲ ਤੋਂ ਗੁਰਦੀਪ ਸਿੰਘ ਦੀਪਾ ਰਾਮਗੜ੍ਹ, ਜ਼ੋਨ ਗੁਰਦਿੱਤ ਪੁਰਾ ਤੋਂ ਚੰਨਪ੍ਰੀਤ ਕੌਰ ਸੁਖੇਵਾਲ, ਜ਼ੋਨ ਛੀਟਾਂਵਾਲਾ ਤੋਂ ਸੁਖਪ੍ਰੀਤ ਕੌਰ, ਜ਼ੋਨ ਸਹੌਲੀ ਤੋਂ ਭੁਪਿੰਦਰ ਸਿੰਘ ਕੱਲਰਮਾਜਰੀ, ਅਗੇਤੀ ਤੋਂ ਸਰਬਜੀਤ ਸਿੰਘ ਬਿੱਲੂ, ਲੱਧਾਹੇੜੀ ਤੋਂ ਗੁਰਚਰਨ ਸਿੰਘ, ਕਕਰਾਲਾ ਤੋਂ ਹਰਵਿੰਦਰ ਕੌਰ, ਜ਼ੋਨ ਅਲੌਹਰਾਂ ਕਲਾਂ ਵਰਿੰਦਰ ਕੌਰ ਅਟਵਾਲ, ਰਣਜੀਤਗੜ੍ਹ ਜ਼ੋਨ ਤੋਂ ਕੇਵਲ ਸਿੰਘ ਜੇਤੂ ਰਹੇ ਹਨ।ਉਨ੍ਹਾਂ ਕਿਹਾ ਕਿ ਇਹ ਉਮੀਦਵਾਰਾਂ ਦਾ ਸਨਮਾਨ ਕੀਤਾ ਗਿਆ ਹੈ।ਇਸ ਮੌਕੇ ਵਿਧਾਇਕ ਦੇਵ ਮਾਨ ਨੇ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਵਿਕਾਸ ਕਾਰਜ ਹੋਰ ਗਤੀ ਨਾਲ ਜਾਰੀ ਰੱਖੇ ਜਾਣਗੇ।ਦੇਵ ਮਾਨ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਪਿੰਡ ਵਾਸੀਆਂ ਨੇ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੂੰ ਭਰਵਾਂ ਸਮਰਥਨ ਦਿੱਤਾ ਹੈ।ਇਸ ਮੌਕੇ ਉਨ੍ਹਾਂ ਨਾਲ ਪੀ.ਆਰ.ਓ. ਹਰਜਿੰਦਰ ਸਿੰਘ, ਡਾਇਰੈਕਟਰ ਧਰਮਿੰਦਰ ਸਿੰਘ ਸੁੱਖੇਵਾਲ, ਰਾਜ ਕੁਮਾਰ ਸੇਠੀ, ਕਮਲ ਭਾਰਦਵਾਜ, ਜਸਵੀਰ ਸਿੰਘ ਵਜੀਦਪੁਰ, ਸੁਖਦੀਪ ਸਿੰਘ ਖਹਿਰਾ, ਸੋਨੂ ਸੂਦ, ਸੁਖਦੇਵ ਸਿੰਘ ਮਾਨ, ਕਪਿਲ ਮਾਨ, ਮੇਜਰ ਸਿੰਘ ਤੁੰਗਾਂ, ਲਵਲੀ ਭਾਦਸੋਂ ਤੇ ਵੱਡੀ ਗਿਣਤੀ ਵਿੱਚ ਅਹੁਦੇਦਾਰ ਮੌਜੂਦ ਸਨ।

# ਈ ਟੀ ਟੀ 5994 ਭਰਤੀ ਨੂੰ ਬੈਕਲਾਗ ਸਮੇਤ ਮੁਕੰਮਲ ਕੀਤਾ ਜਾਵੇ : ਡੀ ਟੀ ਐੱਫ

### ਮੋਹਾਲੀ ਧਰਨੇ 'ਤੇ ਡਟੇ ਬੇਰੁਜ਼ਗਾਰ ਅਧਿਆਪਕਾਂ ਦੇ ਸੰਘਰਸ਼ ਦੀ ਡੀ ਟੀ ਐੱਫ ਵੱਲੋਂ ਹਮਾਇਤ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ 'ਸਿੱਖਿਆ ਕ੍ਰਾਂਤੀ' ਦੇ ਦਾਅਵਿਆਂ ਦੇ ਵਿਚਕਾਰ ਪਿਛਲੀ ਸਰਕਾਰ ਵੇਲੇ ਦੀ ਜਾਰੀ ਹੋਈ 5994 ਈਟੀਟੀ ਅਸਾਮੀਆਂ ਦੀ ਭਰਤੀ ਹਾਲੇ ਬੈਕਲਾਗ ਸਮੇਤ ਮੁਕੰਮਲ ਨਹੀਂ ਹੋਈ ਹੈ। ਇਸ ਸਬੰਧੀ 5994 ਈਟੀਟੀ ਅਸਾਮੀਆਂ ਲਈ ਯੋਗ ਬੇਰੁਜ਼ਗਾਰ ਅਧਿਆਪਕਾਂ ਵੱਲੋਂ ਪਿਛਲੇ 117 ਦਿਨਾਂ ਤੋਂ ਵਿਦਿਆ ਭਵਨ ਮੋਹਾਲੀ ਵਿਖੇ ਅਣਮਿੱਥੇ ਸਮੇਂ ਦਾ ਮੋਰਚਾ ਲਗਾਇਆ ਹੋਇਆ ਹੈ। ਅੱਜ ਇਸ ਵਿੱਚ ਡੈਮੋਕ੍ਰੇਟਿਕ ਟੀਚਰਜ਼ ਫਰੰਟ ਦੇ ਵਫਦ ਵੱਲੋਂ ਸੂਬਾ ਪ੍ਰਧਾਨ ਵਿਕਰਮ ਦੇਵ ਸਿੰਘ ਦੀ ਅਗਵਾਈ ਵਿੱਚ ਸ਼ਮੂਲੀਅਤ ਕੀਤੀ ਗਈ ਤੇ ਪੰਜਾਬ ਸਰਕਾਰ ਨੂੰ 'ਕਥਨੀ ਤੇ ਕਰਨੀ ਵਿੱਚ ਵੱਡਾ ਅੰਤਰ' ਰੱਖਣ ਵਾਲੀ ਕਰਾਰ ਦਿੰਦੇ ਹੋਏ ਇਸ ਭਰਤੀ ਨੂੰ ਮੁਕੰਮਲ ਕਰਨ ਦੀ ਮੰਗ ਦਾ ਜ਼ੋਰਦਾਰ ਸਮਰਥਨ ਕੀਤਾ ਗਿਆ। ਇੱਥੇ ਇਹ ਵੀ ਜ਼ਿਕਰਯੋਗ ਹੈ ਕਿ ਅਧਿਆਪਕ ਜਥੇਬੰਦੀਆਂ ਵੱਲੋਂ ਲੰਬੇ ਸਮੇਂ ਤੋਂ ਮੰਗ ਕੀਤੀ ਜਾ ਰਹੀ ਹੈ ਕਿ ਪ੍ਰਾਇਮਰੀ ਸਕੂਲਾਂ ਵਿੱਚ ਜਮਾਤਾਂ ਦੀ ਗਿਣਤੀ ਅਨੁਸਾਰ ਅਧਿਆਪਕਾਂ ਦੀ ਉਪਲਬਧਤਾ ਯਕੀਨੀ ਬਣਾਈ ਜਾਵੇ ਤਾਂ ਜੋ ਪ੍ਰਾਇਮਰੀ ਸਿੱਖਿਆ ਦਾ ਮਿਆਰ ਉੱਚਾ ਉੱਠ ਸਕੇ। ਇਸ ਮੌਕੇ ਗੱਲਬਾਤ ਕਰਦੇ ਹੋਏ ਡੀਟੀਐੱਫ ਦੇ ਸੂਬਾ ਪ੍ਰਧਾਨ ਵਿਕਰਮਦੇਵ ਸਿੰਘ, ਮਲਕੀਤ ਸਿੰਘ ਹਰਾਜ ਜ਼ਿਲ੍ਹਾ ਪ੍ਰਧਾਨ ਫਿਰੋਜ਼ਪੁਰ, ਸਰਬਜੀਤ ਸਿੰਘ ਭਾਵੜਾ ਸੂਬਾ ਕਮੇਟੀ ਮੈਂਬਰ, ਰੁਪਿੰਦਰ ਪਾਲ ਗਿੱਲ ਜ਼ਿਲ੍ਹਾ ਸਕੱਤਰ ਲੁਧਿਆਣਾ ਤੇ ਡੀਟੀਐੱਫ ਮੋਹਾਲੀ ਦੇ ਆਗੂ ਪ੍ਰਦੀਪ ਕੁਮਾਰ ਬਾਂਸਲ ਨੇ ਦੱਸਿਆ ਕਿ ਈਟੀਟੀ 5994 ਅਧਿਆਪਕਾਂ ਦੀ ਭਰਤੀ ਵਿੱਚੋਂ ਹਾਲੇ ਤੱਕ ਕੇਵਲ 2640 ਉਮੀਦਵਾਰਾਂ ਨੂੰ ਹੀ ਨਿਯੁਕਤੀ ਪੱਤਰ ਜਾਰੀ ਕੀਤੇ ਗਏ ਹਨ, ਜਦਕਿ 3354 ਅਸਾਮੀਆਂ ਹਾਲੇ ਵੀ ਖਾਲੀ ਹਨ। ਪੰਜਾਬ ਸਰਕਾਰ ਦੀ ਸਿੱਖਿਆ ਪ੍ਰਤੀ ਅਜਿਹੀ ਗੈਰ ਸੁਹਿਰਦਤਾ ਕਾਰਨ ਬੇਰੁਜ਼ਗਾਰ ਅਧਿਆਪਕਾਂ ਨੂੰ ਗਰਮੀ, ਬਰਸਾਤਾਂ ਤੇ ਠੰਡੀਆਂ ਰਾਤਾਂ ਸੜਕਾਂ ਉੱਪਰ ਬਿਤਾਉਣ ਲਈ ਮਜਬੂਰ ਹੋਣਾ ਪੈ ਰਿਹਾ ਹੈ। ਡੀਟੀਐੱਫ ਆਗੂਆਂ ਨੇ ਮੰਗ ਕੀਤੀ ਕਿ ਈਟੀਟੀ 5994 ਭਰਤੀ ਵਿੱਚੋਂ ਬੈਕਲਾਗ ਦੀਆਂ ਅਸਾਮੀਆਂ ਨੂੰ ਸੰਬੰਧਤ ਕੈਟਾਗਰੀ ਵਿੱਚ ਡੀ-ਰਿਜ਼ਰਵ ਕਰਕੇ ਭਰਤੀ ਦੀ ਅਗਲੀ ਪ੍ਰਕਿਰਿਆ ਨੂੰ ਸ਼ੁਰੂ ਕੀਤਾ ਜਾਵੇ। ਜਿਹੜੇ ਉਮੀਦਵਾਰ ਸਕਰੂਟਨੀ ਕਰਵਾ ਚੁੱਕੇ ਹਨ, ਪਰ ਉਨ੍ਹਾਂ ਨੂੰ ਹਾਲੇ ਤੱਕ ਨਿਯੁਕਤੀ ਪੱਤਰ ਜਾਰੀ ਨਹੀਂ ਕੀਤੇ ਗਏ, ਉਨ੍ਹਾਂ ਨੂੰ ਵੀ ਜਲਦ ਤੋਂ ਜਲਦ ਨਿਯੁਕਤੀ ਪੱਤਰ ਜਾਰੀ ਕੀਤੇ ਜਾਣ। ਆਗੂਆਂ ਨੇ ਮੰਗ ਕੀਤੀ ਕਿ ਇਸ ਈਟੀਟੀ ਭਰਤੀ ਦੀ ਰਹਿੰਦੀ ਸਿਕਰੂਟਨੀ ਜਲਦ ਤੋਂ ਜਲਦ ਕਰਵਾਈ ਜਾਵੇ ਤਾਂ ਜੋ ਪ੍ਰਾਇਮਰੀ ਸਕੂਲਾਂ ਵਿਚ ਅਧਿਆਪਕਾਂ ਦੀ ਘਾਟ ਪੂਰੀ ਹੋ ਸਕੇ ਅਤੇ ਬੇਰੁਜ਼ਗਾਰਾਂ ਨੂੰ ਪੱਕਾ ਰੁਜ਼ਗਾਰ ਮਿਲ ਸਕੇ। ਇਸ ਮੌਕੇ ਈਟੀਟੀ 5994 ਯੂਨੀਅਨ ਦੇ ਆਗੂ ਅਜੀਤ ਸਿੰਘ ਮਾਨਸਾ, ਜਸਵੀਰ ਬੁਢਲਾਡਾ, ਦੀਪਕ ਅਬੋਹਰ, ਅਰਸ਼ਦੀਪ ਮੁਕਤਸਰ, ਓਂਕਾਰ ਘੁਬਾਇਆ, ਸੁਰਿੰਦਰ ਜਲਾਲਾਬਾਦ ਤੇ ਉਨ੍ਹਾਂ ਦੇ ਸਾਥੀਆਂ ਤੋਂ ਇਲਾਵਾ ਵਰਿੰਦਰਪਾਲ ਸਿੰਘ ਫਿਰੋਜ਼ਪੁਰ ਤੇ ਡੀਟੀਐੱਫ ਆਗੂ ਡਾ. ਰਵਿੰਦਰ ਕੰਬੋਜ ਵੀ ਮੌਜੂਦ ਰਹੇ।

## ਮਹਿਲਾਵਾਂ ਦੀ ਮੁਫ਼ਤ ਸਿਹਤ ਜਾਂਚ ਤੇ ਰੋਜ਼ਗਾਰ ਮੇਲੇ ਦਾ ਆਯੋਜਨ

### ਅਜਿਹੇ ਪ੍ਰੋਗਰਾਮ ਲੋਕਾਂ ਲਈ ਹੁੰਦੇ ਹਨ ਲਾਹੇਵੰਦ : ਡੀ ਸੀ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਵੱਲੋਂ ਬੇਟੀ ਬਚਾਓ, ਬੇਟੀ ਪੜ੍ਹਾਓ ਸਕੀਮ ਅਧੀਨ ਔਰਤਾਂ ਲਈ ਸਿਹਤ ਤੇ ਰੋਜ਼ਗਾਰ ਮੇਲਾ ਤਾਜ ਪੈਲੇਸ ਸ੍ਰੀ ਮੁਕਤਸਰ ਸਾਹਿਬ ਵਿਖੇ ਲਾਇਆ ਗਿਆ।

ਇਸ ਮੇਲੇ ਵਿੱਚ 10 ਕੰਪਨੀਆਂ ਨੇ ਭਾਗ ਲਿਆ ਅਤੇ 500 ਤੋਂ ਵੱਧ ਅਸਾਮੀਆਂ ਲਈ ਇੰਟਰਵਿਊ ਕੀਤੀ ਗਈ।ਇਸ ਮੇਲੇ ਵਿੱਚ 271 ਉਮੀਦਵਾਰਾਂ ਨੇ ਸੁਨਹਿਰੀ ਭਵਿੱਖ ਲੋਚਦਿਆਂ ਆਈਆਂ ਕੰਪਨੀਆਂ ਵਿੱਚ ਆਪਣੇ ਵੇਰਵੇ ਦਿੱਤੇ ਤੇ ਸਿਲੈਕਟ ਹੋਏ।ਰੋਜ਼ਗਾਰ ਦਫਤਰ ਦੇ ਨੁਮਾਇੰਦੇ ਨੇ ਦੱਸਿਆ ਕਿ ਆਏ ਹੋਏ ਉਮੀਦਵਾਰਾਂ ਵਿੱਚੋਂ 149 ਦੀ ਨਿਯੁਕਤੀ ਮੌਕੇ 'ਤੇ ਕਰ ਦਿੱਤੀ ਗਈ।ਉਨ੍ਹਾਂ ਦੱਸਿਆ ਕਿ 13 ਨਿਯੁਕਤ ਲੜਕੀਆਂ ਨੂੰ ਮੌਕੇ 'ਤੇ ਆਫਰ ਲੈਟਰ ਦਿੱਤੇ ਗਏ।ਡਿਪਟੀ ਕਮਿਸ਼ਨਰ ਸ੍ਰੀ ਅਭੀਜੀਤ ਕਪਲਿਸ਼ ਨੇ ਦੱਸਿਆ ਕਿ ਅਜਿਹੇ ਪ੍ਰੋਗਰਾਮ ਲੋਕਾਂ ਲਈ ਲਾਹੇਵੰਦ ਹੁੰਦੇ ਹਨ।

ਇਸ ਮੌਕੇ ਮੇਲੇ ਸੰਬੰਧੀ ਜਾਣਕਾਰੀ ਦਿੰਦਿਆਂ ਨੋਡਲ ਅਫ਼ਸਰ ਦਿਲਬਾਗ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਦੇ ਇਸ ਉਪਰਾਲੇ ਦਾ ਲੋਕਾਂ ਵੱਲੋਂ ਭਰਵਾਂ ਹੁੰਗਾਰਾ ਮਿਲਿਆ ਹੈ।ਉਨ੍ਹਾਂ ਦੱਸਿਆ ਕਿ ਇਸ ਮੇਲੇ ਦੌਰਾਨ ਪਹੁੰਚੀਆਂ ਮਹਿਲਾਵਾਂ ਦਾ ਸਿਵਲ ਹਸਪਤਾਲ ਦੇ ਦੋ ਮਾਹਰ ਡਾਕਟਰਾਂ ਵੱਲੋਂ ਮੁਫ਼ਤ ਚੈੱਕਅਪ ਵੀ ਕੀਤਾ ਗਿਆ।ਉਨ੍ਹਾਂ ਦੱਸਿਆ ਕਿ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਉਪਰਾਲੇ ਕੀਤੇ ਜਾਂਦੇ ਰਹਿਣਗੇ।

## ਨੌਜਵਾਨਾਂ ਵੱਲੋਂ ਖ਼ੂਨ ਦਾਨ ਕਰਨਾ ਸ਼ਲਾਘਾਯੋਗ : ਬਲਦੇਵ ਸਿੰਘ ਰਾਮਗੜ੍ਹ

**ਪਟਿਆਲਾ/ਡਕਾਲਾ (ਰਾਜਿੰਦਰ ਥਿੰਦ)**-ਕਸਬਾ ਡਕਾਲਾ ਵਿਖੇ ਸਥਿਤ ਟਿੱਲਾ ਬਾਬਾ ਸ੍ਰੀ ਚੰਦ ਜੀ ਦੇ ਅਸਥਾਨ 'ਤੇ ਮਿਸ਼ਨ ਲਾਲੀ ਤੇ ਹਰਿਆਲੀ ਗਰੁੱਪ ਵੱਲੋਂ ਕੈਂਪ ਕਮਾਂਡਰ ਮਨਵਿੰਦਰ ਸਿੰਘ ਮਨੀ ਟੌਹੜਾ ਦੀ ਅਗਵਾਈ ਹੇਠ ਮਨੁੱਖਤਾ ਦੇ ਭਲੇ ਲਈ ਖ਼ੂਨਦਾਨ ਕੈਂਪ ਲਗਾਇਆ ਗਿਆ।ਇਸ ਵਿੱਚ ਪ੍ਰਧਾਨ ਭੁਪਿੰਦਰ ਸਿੰਘ ਸਮੇਤ 22 ਵਲੰਟੀਅਰਾਂ ਨੇ ਖ਼ੂਨ ਦਾਨ ਕੀਤਾ।ਭਾਰਤੀ ਕਿਸਾਨ ਯੂਨੀਅਨ ਦੇ ਆਗੂ ਬਲਦੇਵ ਸਿੰਘ ਰਾਮਗੜ੍ਹ ਅਤੇ ਮਿਸ਼ਨ ਦੇ ਮੋਢੀ ਮਾਸਟਰ ਮੋਟੀਵੇਟਰ ਹਰਦੀਪ ਸਿੰਘ ਸਨੌਰ ਨੇ ਖ਼ੂਨਦਾਨੀਆਂ ਨੂੰ ਲੋਈ, ਸਰਟੀਫਿਕੇਟ ਤੇ ਗਮਛਾ ਦੇ ਕੇ ਸਨਮਾਨਤ



ਕੀਤਾ।ਇਸ ਮੌਕੇ ਹਰਦੀਪ ਸਿੰਘ ਸਨੌਰ ਨੇ ਕਿਹਾ ਕਿ ਸਰਦੀ ਦੇ ਮੌਸਮ ਵਿੱਚ ਖ਼ੂਨ ਦੇ ਗਾੜ੍ਹੇਪਣ ਤੋਂ ਬਚਾਓ ਲਈ ਸਮੂਹ ਤੰਦਰੁਸਤ ਇਨਸਾਨਾਂ ਨੂੰ ਖ਼ੂਨ ਦਾਨ ਕਰਨਾ ਚਾਹੀਦਾ ਹੈ ਤਾਂ ਜੋ ਆਪਣੀ ਸਿਹਤ ਠੀਕ ਰਹੇ ਅਤੇ ਲੋੜਵੰਦ ਮਰੀਜ਼ ਦੀ ਜਾਨ ਬਚਾਉਣ ਵਿੱਚ ਮਦਦ ਹੋ ਸਕੇ।ਕਿਸਾਨ ਆਗੂ ਬਲਦੇਵ ਸਿੰਘ ਰਾਮਗੜ੍ਹ ਨੇ ਕਿਹਾ ਕਿ ਨੌਜਵਾਨਾਂ ਵੱਲੋਂ ਖ਼ੂਨ ਦਾਨ ਕਰਨਾ ਸ਼ਲਾਘਾਯੋਗ ਹੈ, ਜਿਸ ਨਾਲ ਮਰੀਜ਼ਾਂ ਦੀ ਜਾਨ ਬਚਾਈ ਜਾ ਸਕਦੀ ਹੈ।ਇਸ ਮੌਕੇ ਉੱਘੇ ਲੇਖਕ ਸੁਖਦੇਵ ਸਿੰਘ ਸ਼ਾਂਤ ਐੱਨ. ਆਰ. ਆਈ., ਗੁਰਮੀਤ ਸਿੰਘ ਜੋਸਨ, ਰਣਵੀਰ ਸ਼ੈਲੀ, ਗੁਰਜੰਟ ਸਿੰਘ ਤੇ ਮਾਨ ਬਾਈ ਨੇ ਵੱਧ ਚੜ੍ਹ ਕੇ ਸਹਿਯੋਗ ਦਿੱਤਾ।

# ਬੱਚਿਆਂ ਦੇ ਸੁਨਹਿਰੀ ਭਵਿੱਖ ਲਈ ਮਾਪਿਆਂ ਦੀ ਸਰਗਰਮ ਭੂਮਿਕਾ ਜ਼ਰੂਰੀ : ਡੀ ਸੀ

### ਸਰਕਾਰੀ ਸਕੂਲਾਂ 'ਚ ਮਾਪੇ-ਅਧਿਆਪਕ ਮਿਲਣੀ ਦੌਰਾਨ ਕੀਤੀ ਸ਼ਿਰਕਤ



**ਮਾਨਸਾ (ਆਤਮਾ ਸਿੰਘ ਪਮਾਰ)**-ਪੰਜਾਬ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਵਿੱਚ ਮੈਗਾ ਮਾਪੇ-ਅਧਿਆਪਕ ਮਿਲਣੀ ਕਰਵਾਈ ਗਈ।ਇਸ ਦੌਰਾਨ ਡਿਪਟੀ ਕਮਿਸ਼ਨਰ ਸ੍ਰੀਮਤੀ ਨਵਜੋਤ ਕੌਰ ਆਈ.ਏ.ਐੱਸ. ਨੇ ਸਕੂਲ ਆਫ ਐਮੀਨੈਂਸ ਮਾਨਸਾ ਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੀਆਂ) ਮਾਨਸਾ ਵਿਖੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਅਤੇ ਵਿਦਿਆਰਥੀਆਂ ਤੇ ਮਾਪਿਆਂ ਦੇ ਰੂਬਰੂ ਹੋ ਕੇ ਉਨ੍ਹਾਂ ਦੀ ਹੌਸਲਾ ਅਫ਼ਜ਼ਾਈ ਕੀਤੀ।

ਇਸ ਮੌਕੇ ਮਾਪਿਆਂ ਨੂੰ ਸਕੂਲ ਤੇ ਬੱਚਿਆਂ ਵਿਚਕਾਰ ਕੜੀ ਦੀ ਭੂਮਿਕਾ ਨਿਭਾਉਣ ਲਈ ਪ੍ਰੇਰਿਤ ਕਰਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਬੱਚਿਆਂ ਦੇ ਸੁਨਹਿਰੀ ਭਵਿੱਖ ਲਈ ਮਾਪਿਆਂ ਦੀ ਸਰਗਰਮ ਭੂਮਿਕਾ ਅਤਿ ਜ਼ਰੂਰੀ ਹੈ।ਉਨ੍ਹਾਂ ਕਿਹਾ ਕਿ ਮੈਗਾ ਅਧਿਆਪਕ-ਮਾਪੇ ਮਿਲਣੀ ਦਾ ਮੁੱਖ ਮਕਸਦ ਮਾਪਿਆਂ ਤੇ ਅਧਿਆਪਕਾਂ ਵਿਚਕਾਰ ਬੱਚਿਆਂ ਦੀ ਪੜ੍ਹਾਈ, ਕੁਸ਼ਲਤਾ ਤੇ ਹੁਨਰ ਸਬੰਧੀ ਵਿਚਾਰ ਵਟਾਂਦਰਾ ਕਰਨਾ ਹੈ।ਉਨ੍ਹਾਂ ਕਿਹਾ ਕਿ ਹਰ ਬੱਚਾ ਆਪਣੇ ਆਪ ਵਿਚ ਵਿਲੱਖਣ ਹੁੰਦਾ ਹੈ ਤੇ ਹਰ ਬੱਚੇ ਵਿਚ ਵੱਖੋ ਵੱਖਰੇ ਗੁਣ ਹੁੰਦੇ ਹਨ, ਸਾਨੂੰ ਲੋੜ ਹੁੰਦੀ ਹੈ ਉਸ ਵਿਚਲੇ ਹੁਨਰ ਨੂੰ ਪਛਾਣ ਕੇ ਬੱਚੇ ਦੇ ਹੁਨਰ ਨੂੰ ਤਰਾਸ਼ਣ ਦੀ ਤੇ ਅੱਗੇ ਲੈ ਕੇ ਜਾਣ ਦੀ ਤਾਂ ਜੋ ਬੱਚੇ ਨੂੰ ਇਕ ਚੰਗਾ ਨਾਗਰਿਕ ਬਣਾਇਆ ਜਾ ਸਕੇ।ਇਸ ਦੇ ਲਈ ਮਾਪਿਆਂ ਤੇ ਅਧਿਆਪਕਾਂ ਦੀ ਸਾਂਝੀ ਭੂਮਿਕਾ ਬਹੁਤ ਜ਼ਰੂਰੀ ਹੈ।

ਇਸ ਦੌਰਾਨ ਡਿਪਟੀ ਕਮਿਸ਼ਨਰ ਨੇ ਮਾਪਿਆਂ ਨਾਲ ਗੱਲਬਾਤ ਕਰਦਿਆ ਉਨ੍ਹਾਂ ਤੋਂ ਬੱਚੇ ਦੀ ਪੜ੍ਹਾਈ ਤੇ ਸਕੂਲਾਂ ਬਾਰੇ ਸੁਝਾਅ ਵੀ ਲਏ। ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ ਸਿੱਖਿਆ) ਨੀਲਮ ਰਾਣੀ, ਜ਼ਿਲ੍ਹਾ ਸਿੱਖਿਆ ਅਫ਼ਸਰ (ਐਲੀਮੈਂਟਰੀ) ਮੰਜੂ ਬਾਲਾ, ਪ੍ਰਿੰਸੀਪਲ ਸਕੂਲ ਆਫ ਐਮੀਨੈਂਸ, ਮਾਨਸਾ ਵਿਜੈ ਮਿੱਢਾ, ਇੰਚਾਰਜ ਪ੍ਰਿੰਸੀਪਲ ਸਰਕਾਰੀ ਕੰਨਿਆ ਸਕੂਲ ਮਾਨਸਾ ਨਰਿੰਦਰ ਸਿੰਘ, ਅਧਿਆਪਕਾ ਰਣਜੀਤ ਕੌਰ, ਸੰਦੀਪ ਸਿੰਘ, ਨਵਦੀਪ ਕੱਕੜ ਤੇ ਵਿਨੋਦ ਮਿੱਤਲ ਆਦਿ ਹਾਜ਼ਰ ਸਨ।

## ਆਸ਼ਾ ਵਰਕਰਾਂ ਵੱਲੋਂ ਨਸ਼ਾ ਵਿਰੋਧੀ ਸਰਵੇ ਦਾ ਵਿਰੋਧ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਖ਼ਾਤਮੇ ਲਈ ਸ਼ੁਰੂ ਕੀਤੇ ਗਏ ਨਵੇਂ ਸਰਵੇਖਣ ਵਿੱਚ ਆਸ਼ਾ ਵਰਕਰਾਂ ਦੀਆਂ ਡਿਊਟੀਆਂ ਲਗਾਉਣ ਨਾਲ ਫਿਰੋਜ਼ਸ਼ਾਹ ਆਸ਼ਾ ਵਰਕਰਾਂ ਨੇ ਇਸ ਫੈਸਲੇ ਵਿਰੁੱਧ ਸਖ਼ਤ ਰੁਖ਼ ਅਖਤਿਆਰ ਕਰਦਿਆਂ ਸਾਫ਼ ਕਰ ਦਿੱਤਾ ਹੈ ਕਿ ਉਹ ਆਪਣੀ ਜਾਨ ਜ਼ੋਖ਼ਮ ਵਿੱਚ ਪਾ ਕੇ ਇਹ ਕੰਮ ਨਹੀਂ ਕਰਨਗੀਆਂ। ਇਸ ਸਬੰਧੀ ਅੱਜ ਆਸ਼ਾ ਵਰਕਰ ਯੂਨੀਅਨ ਦੀ ਜ਼ਿਲ੍ਹਾ ਪ੍ਰਧਾਨ ਰਜਵੰਤ ਕੌਰ ਦੀ ਅਗਵਾਈ ਵਿੱਚ ਸੀਨੀਅਰ ਮੈਡੀਕਲ ਅਫ਼ਸਰ ਸੀਐੱਚਸੀ ਫਿਰੋਜ਼ਸ਼ਾਹ ਨੂੰ ਇੱਕ ਮੰਗ ਪੱਤਰ ਸੌਂਪਿਆ। ਪ੍ਰਧਾਨ ਰਜਵੰਤ ਕੌਰ ਨੇ ਕਿਹਾ ਕਿ ਆਸ਼ਾ ਵਰਕਰ ਪਹਿਲਾਂ ਹੀ ਸਿਹਤ ਵਿਭਾਗ ਦੇ ਅਨੇਕਾਂ ਕੰਮਾਂ ਦੇ ਬੋਝ ਹੇਠ ਦੱਬੀਆਂ ਹੋਈਆਂ ਹਨ। ਉਨ੍ਹਾਂ ਕਿਹਾ ਕਿ ਨਸ਼ੇ ਦੀ ਹਾਲਤ ਵਿੱਚ ਵਿਅਕਤੀ ਨੂੰ ਆਪਣੇ ਆਪ ਦਾ ਹੋਸ਼ ਨਹੀਂ ਹੁੰਦਾ, ਅਜਿਹੇ ਵਿਚ ਘਰ-ਘਰ ਜਾ ਕੇ ਸਰਵੇ ਕਰਨਾ ਆਸ਼ਾ ਵਰਕਰਾਂ ਲਈ ਬੇਹੱਦ ਖ਼ਤਰਨਾਕ ਸਾਬਤ ਹੋ ਸਕਦਾ ਹੈ। ਸਰਕਾਰ ਤੇ ਵਿਭਾਗ ਦੀ ਹੋਵੇਗੀ ਜ਼ਿੰਮੇਵਾਰੀ ਯੂਨੀਅਨ ਨੇ ਚਿਤਾਵਨੀ ਦਿੱਤੀ ਹੈ ਕਿ ਜੇਕਰ ਸਰਵੇ ਦੌਰਾਨ ਕਿਸੇ ਵਰਕਰ ਨਾਲ ਕੋਈ ਬਦਸਲੂਕੀ ਜਾਂ ਅਣਸੁਖਾਵੀਂ ਘਟਨਾ ਵਾਪਰਦੀ ਹੈ, ਤਾਂ ਉਸ ਦੀ ਸਾਰੀ ਜ਼ਿੰਮੇਵਾਰੀ ਪੰਜਾਬ ਸਰਕਾਰ ਅਤੇ ਸਿਹਤ ਵਿਭਾਗ ਦੀ ਹੋਵੇਗੀ। ਉਨ੍ਹਾਂ ਮੰਗ ਕੀਤੀ ਕਿ ਆਸ਼ਾ ਵਰਕਰਾਂ ਨੂੰ ਤੁਰੰਤ ਇਸ ਡਿਊਟੀ ਤੋਂ ਮੁਕਤ ਕੀਤਾ ਜਾਵੇ ਤਾਂ ਜੋ ਉਹ ਬਿਨਾਂ ਕਿਸੇ ਡਰ ਦੇ ਆਪਣਾ ਬਾਕੀ ਕੰਮ ਕਰ ਸਕਣ। ਇਸ ਮੌਕੇ ਨਿਸ਼ਾ ਆਸ਼ਾ ਵਰਕਰ, ਕੁਲਵਿੰਦਰ ਕੌਰ, ਕਿਰਨਦੀਪ ਕੌਰ, ਜਯੋਤੀ ਰਾਣੀ, ਚਰਜਨੀਤ ਕੌਰ, ਗੁਰਪ੍ਰੀਤ ਕੌਰ ਆਸ਼ਾ ਵਰਕਰ, ਸਰਬਜੀਤ ਕੌਰ ਆਸ਼ਾ ਵਰਕਰ, ਅਰਮਜੀਤ ਕੌਰ ਆਸ਼ਾ ਵਰਕਰ, ਮਨਜੀਤ ਕੌਰ ਆਸ਼ਾ ਵਰਕਰ, ਸੁਖਪਾਲ ਕੌਰ ਆਸ਼ਾ ਵਰਕਰ, ਪਰਮਿੰਦਰ ਕੌਰ ਆਸ਼ਾ ਵਰਕਰ, ਸੀਤਾ ਰਾਣੀ ਆਸ਼ਾ ਵਰਕਰ, ਨਿੰਦਰਪਾਲ ਕੌਰ ਆਸ਼ਾ ਵਰਕਰ, ਚਰਨਦੀਪ ਦੇਵੀ, ਜਸਵੀਰ ਕੌਰ, ਰਣਜੀਤ ਕੌਰ, ਕਰਮਜੀਤ ਕੌਰ ਆਸ਼ਾ ਵਰਕਰ, ਪਵਨਦੀਪ ਕੌਰ ਆਸ਼ਾ ਵਰਕਰ, ਕਮਲਜੀਤ ਕੌਰ ਆਸ਼ਾ ਵਰਕਰ, ਮਨਜੀਤ ਕੌਰ ਆਸ਼ਾ ਵਰਕਰ ਆਦਿ ਹਾਜ਼ਰ ਸਨ।

## ਮਨਰੇਗਾ ਦਾ ਨਾਂਅ ਬਦਲਣਾ ਰੁਜ਼ਗਾਰ 'ਤੇ ਹਮਲਾ : ਔਲਖ਼

**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਆਮ ਆਦਮੀ ਪਾਰਟੀ ਯੂਥ ਵਿੰਗ ਦੇ ਸੂਬਾਈ ਆਗੂ ਪਰਮਿੰਦਰ ਸਿੰਘ ਨੂਰ ਔਲਖ਼ ਨੇ ਮਨਰੇਗਾ ਦਾ ਨਾਮ ਬਦਲ ਕੇ ਸੂਬਿਆਂ ਵਿੱਚ ਨਰੇਗਾ ਯੋਜਨਾ ਨੂੰ ਅਮਲ ਵਿੱਚੋਂ ਖਤਮ ਕਰਨ ਲਈ ਕੇਂਦਰ ਸਰਕਾਰ ਵੱਲੋਂ ਕੀਤੀਆਂ ਜਾ ਰਹੀਆਂ ਕੋਸ਼ਿਸ਼ਾਂ ਦੀ ਤਿੱਖੀ ਨਿੰਦਾ ਕੀਤੀ ਹੈ।ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਲਗਾਤਾਰ ਵੱਖ-ਵੱਖ ਬਹਾਨਿਆਂ ਨਾਲ ਪੰਜਾਬ ਨਾਲ ਧੱਕੇਸ਼ਾਹੀ ਕਰਦੀ ਆ ਰਹੀ ਹੈ ਤੇ ਲੋਕ-ਹਿਤੈਸ਼ੀ ਯੋਜਨਾਵਾਂ ਨੂੰ ਕਮਜ਼ੋਰ ਕਰਨ ਦੀ ਰਣਨੀਤੀ ਅਪਣਾ ਰਹੀ ਹੈ।ਸ੍ਰੀ ਔਲਖ਼ ਨੇ ਕਿਹਾ ਕਿ ਮਨਰੇਗਾ ਯੋਜਨਾ ਤਹਿਤ ਪਿੰਡਾਂ ਦੇ ਲੱਖਾਂ ਲੋੜਵੰਦ ਪਰਵਾਰਾਂ ਨੂੰ ਰੁਜ਼ਗਾਰ ਮਿਲਦਾ ਆ ਰਿਹਾ ਹੈ।ਇਸ ਯੋਜਨਾ ਨੇ ਗਰੀਬ, ਮਜ਼ਦੂਰ ਤੇ ਦਿਹਾੜੀਦਾਰ ਵਰਗ ਨੂੰ ਆਰਥਿਕ ਸਹਾਰਾ ਦਿੱਤਾ ਹੈ ਅਤੇ ਪਿੰਡਾਂ ਵਿੱਚ ਵਿਕਾਸ ਕਾਰਜਾਂ ਨੂੰ ਗਤੀ ਦਿੱਤੀ ਹੈ, ਪਰ ਕੇਂਦਰ ਸਰਕਾਰ ਵੱਲੋਂ ਵੱਖ-ਵੱਖ ਪਾਬੰਦੀਆਂ ਲਗਾ ਕੇ, ਫੰਡ ਰੋਕ ਕੇ ਤੇ ਨਵੇਂ ਨਿਯਮ ਲਾਗੂ ਕਰਕੇ ਮਨਰੇਗਾ ਨੂੰ ਹੌਲੀ-ਹੌਲੀ ਖਤਮ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।ਇਹ ਕੇਂਦਰ ਸਰਕਾਰ ਦੀ ਲੋਕ-ਵਿਰੋਧੀ ਨੀਤੀ ਦਾ ਸਾਫ਼ ਪ੍ਰਮਾਣ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਆਮ ਆਦਮੀ ਪਾਰਟੀ ਮਨਰੇਗਾ ਤੇ ਸੂਬਿਆਂ ਦੇ ਹੱਕਾਂ ਦੀ ਰੱਖਿਆ ਲਈ ਹਰ ਮੋਰਚੇ 'ਤੇ ਸੰਘਰਸ਼ ਕਰੇਗੀ ਤੇ ਲੋਕਾਂ ਦੇ ਰੁਜ਼ਗਾਰ ਨਾਲ ਕਿਸੇ ਵੀ ਤਰ੍ਹਾਂ ਦਾ ਸਮਝੌਤਾ ਨਹੀਂ ਹੋਣ ਦੇਵੇਗੀ।

## ਸੂਬਿਆਂ ਤੋਂ ਆਨੇ-ਬਹਾਨੇ ਸਹੂਲਤਾਂ ਖੋਹ ਰਹੀ ਹੈ ਕੇਂਦਰ ਸਰਕਾਰ : ਚੱਠਾ

**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਆਮ ਆਦਮੀ ਪਾਰਟੀ ਦੇ ਸੂਬਾਈ ਆਗੂ ਤੇ ਆਲ ਇੰਡੀਆ ਐੱਫ.ਸੀ.ਆਈ. ਐਗਜ਼ੀਕਿਊਟਿਵ ਸਟਾਫ਼ ਯੂਨੀਅਨ ਦੇ ਕੌਮੀ ਪ੍ਰਧਾਨ ਸਤਿੰਦਰ ਸਿੰਘ ਚੱਠਾ ਨੇ ਕੇਂਦਰ ਸਰਕਾਰ ਵੱਲੋਂ ਮਜ਼ਦੂਰ ਵਿਰੋਧੀ ਨੀਤੀਆਂ ਅਧੀਨ ਮਨਰੇਗਾ ਯੋਜਨਾ ਨੂੰ ਕਮਜ਼ੋਰ ਕਰਨ ਤੇ ਖ਼ਤਮ ਕਰਨ ਲਈ ਰਚੀਆਂ ਜਾ ਰਹੀਆਂ ਸਾਜ਼ਿਸ਼ਾਂ ਦੀ ਸਖ਼ਤ ਨਿੰਦਾ ਕੀਤੀ ਹੈ।ਉਨ੍ਹਾਂ ਕਿਹਾ ਕਿ ਮਨਰੇਗਾ ਗਰੀਬਾਂ, ਦਿਹਾੜੀਦਾਰਾਂ ਤੇ ਪਿੰਡਾਂ ਦੇ ਬੇਰੁਜ਼ਗਾਰਾਂ ਲਈ ਰੁਜ਼ਗਾਰ ਦਾ ਅਹਿਮ ਸਹਾਰਾ ਹੈ, ਪਰ ਕੇਂਦਰ ਸਰਕਾਰ ਜਾਣਬੁੱਝ ਕੇ ਇਸ ਯੋਜਨਾ ਨੂੰ ਆਨੇ-ਬਹਾਨੇ ਘੇਰ ਰਹੀ ਹੈ।ਸ੍ਰੀ ਚੱਠਾ ਨੇ ਕਿਹਾ ਕਿ ਕੇਂਦਰ ਸਰਕਾਰ ਇੱਕ ਪਾਸੇ ਤਾਂ ਸੂਬਾ ਸਰਕਾਰਾਂ 'ਤੇ ਵਿੱਤੀ ਬੋਝ ਪਾ ਰਹੀ ਹੈ ਤੇ ਦੂਜੇ ਪਾਸੇ ਮਨਰੇਗਾ ਅਧੀਨ ਵਿਕਾਸ ਕਾਰਜਾਂ 'ਤੇ ਪਾਬੰਦੀਆਂ ਲਗਾ ਕੇ ਪਿੰਡਾਂ ਦੇ ਵਿਕਾਸ ਨੂੰ ਰੋਕ ਰਹੀ ਹੈ।ਉਨ੍ਹਾਂ ਦੋਸ਼ ਲਗਾਇਆ ਕਿ ਕੇਂਦਰ ਸਰਕਾਰ ਲਗਾਤਾਰ ਸੂਬਿਆਂ ਦੇ ਗਲ ਅੰਗੂਠਾ ਦੇ ਕੇ ਵੱਖ-ਵੱਖ ਲੋਕ-ਹਿਤਕਾਰੀ ਯੋਜਨਾਵਾਂ ਨੂੰ ਬੰਦ ਕਰਨ ਉਨ ਦੇ ਰਾਹ 'ਤੇ ਤੁਰ ਪਈ ਹੈ।ਉਨ੍ਹਾਂ ਕਿਹਾ ਕਿ ਮਨਰੇਗਾ ਵਰਗੀਆਂ ਯੋਜਨਾਵਾਂ ਨਾਲ ਪਿੰਡਾਂ ਵਿੱਚ ਰੁਜ਼ਗਾਰ ਪੈਦਾ ਹੁੰਦਾ ਹੈ, ਗਰੀਬ ਪਰਿਵਾਰਾਂ ਨੂੰ ਆਰਥਿਕ ਸਹਾਰਾ ਮਿਲਦਾ ਹੈ ਤੇ ਪਿੰਡਾਂ ਦਾ ਸਰਬਪੱਖੀ ਵਿਕਾਸ ਸੰਭਵ ਹੁੰਦਾ ਹੈ. ਪਰ ਕੇਂਦਰ ਦੀਆਂ ਲੋਕ-ਮਾਰੂ ਨੀਤੀਆਂ ਕਾਰਨ ਇਹ ਸਭ ਕੁਝ ਖ਼ਤਰੇ 'ਚ ਪੈ ਰਿਹਾ ਹੈ।ਚੱਠਾ ਨੇ ਕੇਂਦਰ ਸਰਕਾਰ ਦੇ ਇਨ੍ਹਾਂ ਫ਼ੈਸਲਿਆਂ ਦਾ ਡੱਟ ਕੇ ਵਿਰੋਧ ਕਰਨ ਦਾ ਐਲਾਨ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਮਜ਼ਦੂਰਾਂ, ਕਿਸਾਨਾਂ ਤੇ ਗਰੀਬ ਵਰਗ ਦੇ ਹੱਕਾਂ ਦੀ ਰੱਖਿਆ ਲਈ ਹਰ ਮੰਚ 'ਤੇ ਆਵਾਜ਼ ਉਠਾਉਂਦੀ ਰਹੇਗੀ।

## 'ਆਪ' ਸਰਕਾਰ ਦੇ ਕੰਮਾਂ ਤੋਂ ਸੰਤੁਸ਼ਟ ਹਨ ਪੰਜਾਬ ਦੇ ਲੋਕ : ਬਰਸਟ



**ਪਟਿਆਲਾ (ਰਾਜਿੰਦਰ ਥਿੰਦ)**-ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੀ ਸ਼ਾਨਦਾਰ ਜਿੱਤ ਹੋਣ 'ਤੇ ਪਟਿਆਲਾ ਦਫ਼ਤਰ ਵਿਖੇ ਆਯੋਜਿਤ ਲੋਕ ਮਿਲਣੀ ਪ੍ਰੋਗਰਾਮ ਦੌਰਾਨ ਪਾਰਟੀ ਵਰਕਰਾਂ ਵੱਲੋਂ ਆਮ ਆਦਮੀ ਪਾਰਟੀ ਪੰਜਾਬ ਦੇ ਜਨਰਲ ਸਕੱਤਰ ਤੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ੍. ਹਰਚੰਦ ਸਿੰਘ ਬਰਸਟ ਦਾ ਮੂੰਹ ਮਿੱਠਾ ਕਰਵਾਇਆ ਗਿਆ ਤੇ ਉਨ੍ਹਾਂ ਨੂੰ ਮੁਬਾਰਕਾਂ ਦਿੱਤੀਆਂ ਗਈਆਂ।ਇਸ ਦੌਰਾਨ ਸ੍. ਬਰਸਟ ਨੇ ਕਿਹਾ ਕਿ ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਚੋਣਾਂ ਵਿੱਚ ਆਮ ਆਦਮੀ ਪਾਰਟੀ ਵੱਲੋਂ ਪ੍ਰਾਪਤ ਕੀਤੀ ਗਈ ਸ਼ਾਨਦਾਰ ਜਿੱਤ ਤੋਂ ਇਹ ਸਪੱਸ਼ਟ ਹੋ ਗਿਆ ਹੈ ਕਿ ਲੋਕ ਆਪ ਸਰਕਾਰ ਦੇ ਕਾਰਜਾਂ ਤੋਂ ਬਹੁਤ ਖੁਸ਼ ਹਨ।ਇਸ ਦੌਰਾਨ ਜ਼ਿਲ੍ਹਾ ਪ੍ਰੀਸ਼ਦ ਚੋਣ ਵਿੱਚ ਚੌਰਾਂ ਜੋਨ ਤੋਂ ਜੇਤੂ ਰਹਿਣ 'ਤੇ ਬਲਕਾਰ ਸਿੰਘ ਤੇ ਬਲਾਕ ਸੰਮਤੀ ਚੋਣ ਵਿੱਚ ਬਰਸਟ ਜ਼ੋਨ ਤੋਂ ਜੇਤੂ ਰਹੇ ਬਲਜਿੰਦਰ ਸਿੰਘ ਦਾ ਮੂੰਹ ਮਿੱਠਾ ਕਰਵਾਇਆ ਗਿਆ।ਲੋਕ ਮਿਲਣੀ ਪ੍ਰੋਗਰਾਮ ਦੌਰਾਨ ਵੱਖ-ਵੱਖ ਇਲਾਕਿਆਂ ਤੋਂ ਆਏ ਲੋਕਾਂ ਵੱਲੋਂ ਆਪਣੀਆਂ ਸਮੱਸਿਆਵਾਂ ਸ. ਬਰਸਟ ਦੇ ਸਾਹਮਣੇ ਰੱਖੀਆਂ ਗਈਆਂ, ਜਿਨ੍ਹਾਂ ਨੂੰ ਉਨ੍ਹਾਂ ਵੱਲੋਂ ਧਿਆਨ ਨਾਲ ਸੁਣਿਆ ਗਿਆ ਅਤੇ ਮੌਕੇ 'ਤੇ ਹੀ ਹੱਲ ਕੀਤਾ ਗਿਆ।ਬਰਸਟ ਨੇ ਕਿਹਾ ਕਿ ਅਜਿਹੇ ਲੋਕ ਮਿਲਣੀ ਪ੍ਰੋਗਰਾਮ ਭਵਿੱਖ ਵਿੱਚ ਵੀ ਕੀਤੇ ਜਾਣਗੇ, ਤਾਂ ਜੋ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾ ਸਕੇ।ਇਸ ਮੌਕੇ ਮਨਿੰਦਰ ਸਿੰਘ ਵਿੱਕੀ ਘਨੌਰ ਵਾਇਸ ਚੇਅਰਮੈਨ ਪੰਜਾਬ ਹੈਲਥ ਕਾਰਪੋਰੇਸ਼ਨ, ਹਨੀ ਮਾਹਲਾ ਚੇਅਰਮੈਨ ਮਾਰਕਿਟ ਕਮੇਟੀ ਡਕਾਲਾ, ਅਸ਼ੋਕ ਸਿਰਸਵਾਲ ਚੇਅਰਮੈਨ ਮਾਰਕਿਟ ਕਮੇਟੀ ਪਟਿਆਲਾ, ਪ੍ਰਗਟ ਸਿੰਘ ਸਰਪੰਚ ਢਕੜਬਾ, ਅਵਤਾਰ ਸਿੰਘ ਸਰਪੰਚ ਮੈਣ, ਜਸਪਾਲ ਬੀਬੀਪੁਰ, ਗੁਲਜਾਰ ਦੁਘਾਟ, ਮਨਜਿੰਦਰ ਸਿੰਘ, ਗੁਰਦਰਸ਼ਨ ਸਿੰਘ ਆਦਿ ਮੌਜੂਦ ਰਹੇ।

## ਡੀ ਆਈ ਜੀ ਦੀ ਅਗਵਾਈ ਹੇਠ ਮੋਗਾ 'ਚ ਚਲਾਇਆ ਕਾਸੋ ਅਪ੍ਰੇਸ਼ਨ



**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਨੂੰ ਨਸ਼ਾ ਮੁਕਤ ਕਰਨ ਲਈ ਪੰਜਾਬ ਸਰਕਾਰ ਵੱਲੋਂ ਚਲਾਈ ਗਈ ਮੁਹਿੰਮ ਤਹਿਤ ਮਾੜੇ ਅਨਸਰਾਂ ਖਿਲਾਫ ਲਗਾਤਾਰ ਕਾਰਵਾਈਆਂ ਕੀਤੀਆਂ ਜਾ ਰਹੀਆਂ ਹਨ।ਇਸੇ ਮੁਹਿੰਮ ਤਹਿਤ ਸ਼ਨੀਵਾਰ ਮੋਗਾ ਦੀ ਸਾਧਾਂ ਵਾਲੀ ਬਸਤੀ ਦੇ ਵਿੱਚ ਡੀ.ਆਈ.ਜੀ ਫਰੀਦਕੋਟ ਰੇਂਜ ਦੀ ਅਗਵਾਈ ਵਿੱਚ ਕਾਸੋ ਆਪ੍ਰੇਸ਼ਨ ਚਲਾਇਆ ਗਿਆ।ਇਸ ਮੌਕੇ ਉਨ੍ਹਾਂ ਨਾਲ ਐੱਸ.ਪੀ.ਆਈ. ਬਾਲ ਕ੍ਰਿਸ਼ਨ ਸਿੰਗਲਾ, ਡੀ.ਐੱਸ.ਪੀ. ਡੀ ਸੁਖਅੰਮ੍ਰਿਤ ਸਿੰਘ, ਡੀ.ਐੱਸ.ਪੀ. ਸਿਟੀ ਗੁਰਪ੍ਰੀਤ ਸਿੰਘ, ਥਾਣਾ ਸਿਟੀ ਦੇ ਐੱਸ.ਐੱਚ.ਓ. ਇੰਸਪੈਕਟਰ ਵਰੁਣ, ਥਾਣਾ ਸਿਟੀ ਸਾਊਥ ਦੇ ਐੱਸ.ਐੱਚ.ਓ. ਭਲਵਿੰਦਰ ਸਿੰਘ ਮੌਜੂਦ ਸਨ।ਇਸ ਮੌਕੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਡੀ.ਆਈ.ਜੀ. ਫਰੀਦਕੋਟ ਰੇਂਜ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਪੰਜਾਬ ਨੂੰ ਨਸ਼ਾ ਮੁਕਤ ਕਰਨ ਲਈ 1 ਮਾਰਚ 2025 ਤੋਂ ਮੁਹਿੰਮ ਚਲਾਈ ਗਈ ਹੈ।ਇਸੀ ਕੜੀ ਤਹਿਤ ਜ਼ਿਲ੍ਹੇ ਵਿੱਚ ਨਸ਼ਾ ਤਸਕਰਾਂ ਖ਼ਿਲਾਫ਼ ਸਖ਼ਤ ਕਾਰਵਾਈ ਕਰਕੇ ਉਨ੍ਹਾਂ ਦੇ ਕਾਲੇ ਧੰਦੇ ਨੂੰ ਬੰਦ ਕਰਵਾਇਆ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਹੁਣ ਤੱਕ ਬਸਤੀ ਸਾਧਾ ਵਾਲੀ ਦੀ ਗੱਲ ਕਰੀਏ ਤਾਂ 40 ਐੱਫ ਆਈ ਆਰ ਦਰਜ ਕਰਨ ਸਮੇਤ 53 ਨਸ਼ਾ ਤਸਕਰਾਂ ਨੂੰ ਹਿਰਾਸਤ ਵਿੱਚ ਲਿਆ ਗਿਆ ਹੈ, ਜੋ ਇਸ ਸਮੇਂ ਵੱਖ-ਵੱਖ ਜ਼ਿਲ੍ਹਿਆਂ ਦੀਆਂ ਜੇਲ੍ਹਾਂ ਵਿੱਚ ਬੰਦ ਹਨ।ਉਨ੍ਹਾਂ ਕਿਹਾ ਕਿ ਜ਼ਿਲ੍ਹੇ ਦੀਆਂ ਸਾਰੀਆਂ ਸਬ-ਡਵੀਜ਼ਨਾਂ ਵਿੱਚ ਕਾਸੋ ਆਪ੍ਰੇਸ਼ਨ ਚਲਾਏ ਜਾ ਰਹੇ ਹਨ।ਉਨ੍ਹਾਂ ਦੱਸਿਆ ਕਿ 1 ਮਾਰਚ ਤੋਂ ਲੈ ਕੇ ਹੁਣ ਤੱਕ 1180 ਐਫਆਈਆਰ ਦਰਜ ਹੋ ਚੁੱਕੀਆਂ ਹਨ, ਜਿਨ੍ਹਾਂ ਵਿੱਚੋਂ 63 ਕੇਸ ਕਮਰਸ਼ੀਅਲ ਕੁਆਂਟਿਟੀ ਤਹਿਤ ਦਰਜ ਕੀਤੇ ਗਏ ਹਨ।

## ਬਲਾਕ ਸੰਮਤੀ ਜ਼ੋਨ ਧਨੇਰ ਤੋਂ ਕਾਂਗਰਸ ਦੇ ਜੇਤੂ ਉਮੀਦਵਾਰ ਗਰੇਵਾਲ ਦਾ ਸਨਮਾਨ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਬਲਾਕ ਸੰਮਤੀ ਜ਼ੋਨ ਧਨੇਰ ਤੋਂ ਕਾਂਗਰਸ ਪਾਰਟੀ ਦੇ ਉਮੀਦਵਾਰ ਕੁਲਵੰਤ ਸਿੰਘ ਗਰੇਵਾਲ ਨੇ 393 ਵੋਟਾਂ ਨਾਲ ਸ਼ਾਨਦਾਰ ਜਿੱਤ ਪ੍ਰਾਪਤ ਕੀਤੀ ਹੈ।ਸੀਨੀਅਰ ਯੂਥ ਆਗੂ ਬੰਨੀ ਖੈਰਾ ਤੇ ਕਾਂਗਰਸ ਕਿਸਾਨ ਸੈੱਲ ਦੇ ਜ਼ਿਲ੍ਹਾ ਪ੍ਰਧਾਨ ਸਰਬਜੀਤ ਸਿੰਘ ਸਰਬੀ ਨੇ ਆਪਣੇ ਸਾਥੀਆਂ ਸਮੇਤ ਕੁਲਵੰਤ ਸਿੰਘ ਗਰੇਵਾਲ ਦਾ ਜਿੱਤ ਉਪਰੰਤ ਮੂੰਹ ਮਿੱਠਾ ਕਰਵਾਇਆ।ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਵੱਡੀ ਪਾਰਟੀ ਬਣ ਕੇ ਉੱਭਰੀ ਹੈ, ਜਿਸ ਦਾ ਵੱਡਾ ਫਾਇਦਾ ਆਉਣ ਵਾਲੀਆਂ 2027 ਦੀਆਂ ਚੋਣਾਂ ਵਿੱਚ ਮਿਲੇਗਾ।ਯੂਥ ਆਗੂ ਬੰਨੀ ਖੈਰਾ ਤੇ ਸਰਬੀ ਆੜ੍ਹਤੀਆ ਨੇ ਕਿਹਾ ਕਿ ਇਨ੍ਹਾਂ ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਚੋਣਾਂ ਵਿੱਚ ਕਾਂਗਰਸ ਦੇ ਹਰ ਆਗੂ ਤੇ ਵਰਕਰ ਨੇ ਆਪਣੀ ਜ਼ਿੰਮੇਵਾਰੀ ਨੂੰ ਬਖ਼ੂਬੀ ਨਿਭਾਇਆ ਹੈ।ਉਨ੍ਹਾਂ ਕਿਹਾ ਕਿ ਵਿਧਾਨ ਸਭਾ ਹਲਕਾ ਮਹਿਲ ਕਲਾਂ ਦੇ ਲੋਕਾਂ ਦੀਆਂ ਮੁਸ਼ਕਲਾਂ ਨੂੰ ਹੱਲ ਕਰਾਉਣ ਲਈ ਕਾਂਗਰਸ ਪਾਰਟੀ ਵੱਲੋਂ ਜਿੱਤੇ ਉਮੀਦਵਾਰ ਹਰ ਸਮੇਂ ਤਿਆਰ ਰਹਿਣਗੇ।ਉਨ੍ਹਾਂ ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਚੋਣਾਂ ਵਿੱਚ ਤਨਦੇਹੀ ਨਾਲ ਕੰਮ ਕਰਨ ਵਾਲੇ ਕਾਂਗਰਸੀ ਆਗੂਆਂ, ਵਰਕਰਾਂ ਦਾ ਧੰਨਵਾਦ ਕਰਦਿਆਂ ਅਗਲੀਆਂ ਵਿਧਾਨ ਸਭਾ 2027 ਚੋਣਾਂ ਨੂੰ ਹੋਰ ਉਤਸ਼ਾਹ ਨਾਲ ਜਿੱਤਣ ਲਈ ਹੁਣੇ ਤੋਂ ਹੀ ਤਿਆਰੀਆਂ ਆਰੰਭਣ ਦੀ ਅਪੀਲ ਕੀਤੀ।ਇਸ ਮੌਕੇ ਬਲਾਕ ਸੰਮਤੀ ਮੈਂਬਰ ਬਣੇ ਕੁਲਵੰਤ ਸਿੰਘ ਗਰੇਵਾਲ ਦਾ ਸਨਮਾਨ ਕਰਨ ਮੌਕੇ ਵਡੀ ਗਿਣਤੀ 'ਚ ਕਾਂਗਰਸੀ ਆਗੂ ਤੇ ਮੈਂਬਰ ਆਦਿ ਹਾਜ਼ਰ ਸਨ।

## ਸੰਧਵਾਂ ਵੱਲੋਂ ਮੋਰਾਂਵਾਲੀ 'ਚ ਸਰਪੰਚਾਂ, ਪੰਚਾਂ ਤੇ ਪਾਰਟੀ ਵਰਕਰਾਂ ਨਾਲ ਮੀਟਿੰਗ



**ਫਰੀਦਕੋਟ (ਐਲਿਗਜੈਂਡਰ ਡਿਸੂਜਾ)**-ਪੰਜਾਬ ਵਿਧਾਨ ਸਭਾ ਦੇ ਸਪੀਕਰ ਸ੍. ਕੁਲਤਾਰ ਸਿੰਘ ਸੰਧਵਾਂ ਨੇ ਪਿੰਡ ਮੋਰਾਂਵਾਲੀ ਵਿਖੇ ਸਰਪੰਚਾਂ, ਪੰਚਾਂ ਤੇ ਪਾਰਟੀ ਵਰਕਰਾਂ ਨਾਲ ਮੀਟਿੰਗ ਕੀਤੀ।ਇਸ ਮੌਕੇ ਉਨ੍ਹਾਂ ਸਰਪੰਚਾਂ, ਪੰਚਾਂ ਤੇ ਪਾਰਟੀ ਵਰਕਰਾਂ ਦੀਆਂ ਮੁਸ਼ਕਲਾਂ ਤੇ ਆ ਰਹੀਆਂ ਦਿਕਤਾਂ ਅਤੇ ਲੋਕਾਂ ਨਾਲ ਜੁੜੇ ਮੁੱਦਿਆਂ ਬਾਰੇ ਧਿਆਨ ਨਾਲ ਜਾਣਕਾਰੀ ਪ੍ਰਾਪਤ ਕੀਤੀ।ਵਰਕਰਾਂ ਵੱਲੋਂ ਰੱਖੀਆਂ ਗਈਆਂ ਸਮੱਸਿਆਵਾਂ ਨੂੰ ਉਨ੍ਹਾਂ ਨੇ ਗੰਭੀਰਤਾ ਨਾਲ ਸੁਣਦਿਆਂ ਉਚਿਤ ਹੱਲ ਦਾ ਭਰੋਸਾ ਦਿਵਾਇਆ।ਸਪੀਕਰ ਸੰਧਵਾਂ ਨੇ ਕਿਹਾ ਕਿ ਪਾਰਟੀ ਵਰਕਰ ਪਾਰਟੀ ਦੀ ਰੀੜ੍ਹ ਦੀ ਹੱਡੀ ਹਨ ਤੇ ਉਨ੍ਹਾਂ ਦੀ ਸੁਰੱਖਿਆ, ਸਨਮਾਨ ਤੇ ਸੁਵਿਧਾਵਾਂ ਯਕੀਨੀ ਬਣਾਉਣਾ ਸਰਕਾਰ ਅਤੇ ਪਾਰਟੀ ਦੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਵਰਕਰਾਂ ਦੀ ਆਵਾਜ਼ ਸਿੱਧੀ ਸਰਕਾਰ ਤੱਕ ਪਹੁੰਚੇ, ਇਸ ਲਈ ਉਹ ਖੁਦ ਉਨ੍ਹਾਂ ਨੂੰ ਮਿਲਣ ਆਏ ਹਨ।ਇਸ ਦੌਰਾਨ ਪਿੰਡ ਦੇ ਵਿਕਾਸ ਨਾਲ ਸੰਬੰਧਤ ਮਸਲਿਆਂ, ਸਰਕਾਰੀ ਸਕੀਮਾਂ ਦੇ ਲਾਭ, ਨੌਜਵਾਨਾਂ, ਕਿਸਾਨਾਂ ਤੇ ਮਹਿਲਾਵਾਂ ਦੀ ਭਲਾਈ ਬਾਰੇ ਵੀ ਵਿਚਾਰ-ਵਟਾਂਦਰਾ ਕੀਤਾ ਗਿਆ।ਸਪੀਕਰ ਨੇ ਪਾਰਟੀ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਸਰਕਾਰ ਦੀਆਂ ਲੋਕ-ਹਿਤੈਸ਼ੀ ਨੀਤੀਆਂ ਤੇ ਯੋਜਨਾਵਾਂ ਨੂੰ ਘਰ-ਘਰ ਤੱਕ ਪਹੁੰਚਾਉਣ ਲਈ ਇਕਜੁੱਟ ਹੋ ਕੇ ਕੰਮ ਕਰਨ।ਇਸ ਮੌਕੇ ਗੁਰਜਿੰਦਰ ਸਿੰਘ ਪੱਕਾ, ਬੱਬੂ ਪੱਕਾ, ਗੁਰਮੀਤ ਸਿੰਘ ਧੂੜਕੋਟ, ਸੇਵਕ ਸਿੰਘ ਧੂੜਕੋਟ, ਸਰਬਜੀਤ ਸਿੰਘ ਸਰਪੰਚ, ਜਸਵੰਤ ਸਿੰਘ, ਮਲਕੀਤ ਸਿੰਘ, ਸੇਵਕ ਸਿੰਘ, ਸੀਪਾ ਸਰਪੰਚ, ਅਭੈ ਢਿੱਲੋਂ, ਹਰਵਿੰਦਰ ਨੱਥੇਆਲਾ, ਜਗਜੀਤ ਸਿੰਘ ਤੋਂ ਇਲਾਵਾ ਹੋਰ ਹਾਜ਼ਰ ਸਨ।

## ਚੇਅਰਮੈਨ ਹਡਾਣਾ ਨੇ 33 ਉਮੀਦਵਾਰਾਂ ਨੂੰ ਵੰਡੇ ਜਿੱਤ ਦੇ ਪ੍ਰਮਾਣ ਪੱਤਰ



**ਪਟਿਆਲਾ/ਸਨੌਰ (ਰਾਜਿੰਦਰ ਥਿੰਦ)**-ਹਲਕਾ ਸਨੌਰ ਵਿੱਚ ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਚੋਣਾਂ ਦੌਰਾਨ ਸ਼ਾਨਦਾਰ ਜਿੱਤ ਹਾਸਲ ਕਰਨ ਵਾਲੇ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰੀਸ਼ਦ ਦੇ 4 ਤੇ ਬਲਾਕ ਸੰਮਤੀ ਦੇ 29 ਉਮੀਦਵਾਰਾਂ ਨੂੰ ਚੇਅਰਮੈਨ ਪੀ ਆਰ ਟੀ ਸੀ ਤੇ ਹਲਕਾ ਇੰਚਾਰਜ ਸਨੌਰ ਰਣਜੋਧ ਸਿੰਘ ਹਡਾਣਾ ਨੇ ਮਹਿਕਮੇ ਦੇ ਮੁੱਖ ਦਫਤਰ ਵਿਖੇ ਜਿੱਤ ਦੇ ਪ੍ਰਮਾਣ ਪੱਤਰ ਸੌਂਪੇ।ਇਸ ਮੌਕੇ ਜੇਤੂ ਉਮੀਦਵਾਰਾਂ, ਪਾਰਟੀ ਵਰਕਰਾਂ ਤੇ ਸਮਰਥਕਾਂ ਵਿੱਚ ਖੁਸ਼ੀ ਦੀ ਲਹਿਰ ਦਿਖਾਈ ਦਿੱਤੀ।ਚੇਅਰਮੈਨ ਹਡਾਣਾ ਨੇ ਉਮੀਦਵਾਰਾਂ ਨੂੰ ਮੁਬਾਰਕਬਾਦ ਦੇਣ ਮਗਰੋਂ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਇਹ ਜਿੱਤ ਸਿਰਫ਼ ਵਿਅਕਤੀਗਤ ਨਹੀਂ, ਸਗੋਂ ਟੀਮ ਵਰਕ, ਜਨਤਾ ਦੇ ਭਰੋਸੇ ਤੇ ਇਮਾਨਦਾਰੀ ਨਾਲ ਪਾਰਟੀ ਪ੍ਰਤੀ ਪ੍ਰਚਾਰ ਦੀ ਕਾਮਯਾਬੀ ਹੈ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੇ ਮਿਹਨਤ, ਨਿਮਰਤਾ ਤੇ ਲੋਕਾਂ ਨਾਲ ਸਿੱਧੀ ਸੰਵਾਦ ਰਾਹੀਂ ਚੋਣਾਂ ਵਿੱਚ ਝੰਡੇ ਗੱਡੇ ਹਨ।ਲੋਕਾਂ ਨੇ ਵਿਕਾਸ, ਪਾਰਦਰਸ਼ਤਾ ਤੇ ਸਾਫ਼-ਸੁਥਰੀ ਰਾਜਨੀਤੀ ਦੇ ਏਜੰਡੇ ਨੂੰ ਸਮਰਥਨ ਦਿੱਤਾ ਹੈ।ਉਨ੍ਹਾਂ ਜ਼ੋਰ ਦਿੱਤਾ ਕਿ ਜੇਤੂ ਨੁਮਾਇੰਦੇ ਹੁਣ ਹੋਰ ਵੀ ਜ਼ਿੰਮੇਵਾਰੀ ਨਾਲ ਕੰਮ ਕਰਨਗੇ ਤੇ ਹਰ ਪਿੰਡ, ਹਰ ਵਰਗ ਦੀ ਆਵਾਜ਼ ਬਣਨਗੇ।ਅੰਤ ਵਿੱਚ ਹਡਾਣਾ ਨੇ ਸਾਰੇ ਪਾਰਟੀ ਵਰਕਰਾਂ ਤੇ ਸਮਰਥਕਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਜਿੱਤ ਨਵੀਂ ਸ਼ੁਰੂਆਤ ਹੈ।ਆਉਣ ਵਾਲੇ ਸਮੇਂ ਵਿੱਚ ਹਲਕਾ ਸਨੌਰ ਨੂੰ ਵਿਕਾਸ ਦੇ ਨਵੇਂ ਮਾਪਦੰਡਾਂ 'ਤੇ ਲੈ ਜਾਣਾ ਸਭ ਦੀ ਸਾਂਝੀ ਜ਼ਿੰਮੇਵਾਰੀ ਹੈ।

## ਸਰਕਾਰੀ ਸਕੂਲ ਛਾਜਲਾ 'ਚ ਮਾਪੇ-ਅਧਿਆਪਕ ਮਿਲਣੀ ਕਰਵਾਈ



**ਦਿੜ੍ਹਬਾ (ਜਸਵੀਰ ਲਾਡੀ)**-ਇੱਥੋਂ ਨੇੜਲੇ ਪਿੰਡ ਛਾਜਲਾ ਦੇ ਸਰਕਾਰੀ ਹਾਈ ਸਕੂਲ ਵਿਖੇ ਵਿਭਾਗੀ ਹਦਾਇਤਾਂ ਮੁਤਾਬਿਕ ਮੈਗਾ ਮਾਪੇ-ਅਧਿਆਪਕ ਮਿਲਣੀ ਕਰਵਾਈ ਗਈ, ਜਿਸ ਵਿੱਚ ਬੱਚਿਆਂ ਦਾ ਦਾਖਲਾ ਵਧਾਉਣ ਲਈ ਸਰਗਰਮੀ ਕੀਤੀ ਗਈ।ਇਸ ਮਿਲਣੀ ਵਿੱਚ ਸ੍. ਗੁਰਜੰਟ ਸਿੰਘ ਮੈਥ ਬੀ.ਆਰ.ਪੀ. ਵਿਸ਼ੇਸ਼ ਤੌਰ 'ਤੇ ਪਹੁੰਚੇ, ਜਿਨ੍ਹਾਂ ਨੇ ਬੱਚਿਆਂ ਦੇ ਮਾਪਿਆਂ ਨੂੰ ਬੱਚਿਆਂ ਦੀ ਵਧੀਆ ਕਾਰਗੁਜ਼ਾਰੀ ਲਈ ਵਧਾਈ ਦਿੱਤੀ ਤੇ ਬੱਚਿਆਂ ਦੀ ਪੜ੍ਹਾਈ 'ਤੇ ਕੇਂਦਰਤ ਹੋਣ ਲਈ ਕਿਹਾ।ਇਸ ਮਿਲਣੀ ਵਿੱਚ ਬੱਚਿਆਂ ਦੇ ਮਾਪਿਆਂ ਦੀ ਗਿਣਤੀ 90% ਰਹੀ।ਇਸ ਮੌਕੇ ਸਮਾਜ ਸੇਵੀ ਸਾਬਕਾ ਅਧਿਆਪਕ ਸ੍. ਰਣਜੀਤ ਸਿੰਘ, ਕੁਲਵਿੰਦਰ ਸਿੰਘ ਹੈੱਡ ਟੀਚਰ, ਰਵੀਰਿਸ਼ੀ ਸ਼ੰਕਰ, ਹਰਦੀਪ ਕੁਮਾਰ, ਨਰਿੰਦਰ ਸਿੰਘ, ਕੁਲਵੰਤ ਸਿੰਘ, ਪ੍ਰਦੀਪ ਸਿੰਘ, ਲਖਵਿੰਦਰ ਕੌਰ, ਮੇਗਨਾ ਗਰੋਵਰ, ਐੱਮ.ਐੱਸ.ਸੀ. ਚੇਅਰਮੈਨ, ਮੈਂਬਰ ਤੇ ਪਿੰਡ ਦੇ ਪਤਵੰਤੇ ਸੱਜਣ ਹਾਜ਼ਰ ਸਨ।


## ਤਿਉਹਾਰਾਂ ਦੇ ਸੀਜ਼ਨ ਲਈ ਅੰਮ੍ਰਿਤਸਰ ਤੋਂ ਮਡਗਾਓਂ ਵਿਚਾਲੇ ਚੱਲੇਗੀ ਵਿਸ਼ੇਸ਼ ਸੁਪਰਫਾਸਟ ਟਰੇਨ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਤਿਉਹਾਰਾਂ ਦੇ ਸੀਜ਼ਨ ਦੌਰਾਨ ਯਾਤਰੀਆਂ ਦੀ ਵਾਧੂ ਭੀੜ ਨੂੰ ਮੁੱਖ ਰੱਖਦਿਆਂ ਤੇ ਲੋਕਾਂ ਦੀ ਸਹੂਲਤ ਲਈ ਰੇਲਵੇ ਵੱਲੋਂ ਅੰਮ੍ਰਿਤਸਰ ਤੇ ਮਡਗਾਓਂ (ਗੋਆ) ਦੇ ਵਿਚਕਾਰ ਵਿਸ਼ੇਸ਼ ਆਰਖਸ਼ਿਤ ਸੁਪਰਫਾਸਟ ਸਪੈਸ਼ਲ ਟਰੇਨ ਚਲਾਉਣ ਦਾ ਐਲਾਨ ਕੀਤਾ ਗਿਆ ਹੈ। ਉੱਤਰ ਰੇਲਵੇ ਫਿਰੋਜ਼ਪੁਰ ਮੰਡਲ ਦੇ ਸੀਨੀਅਰ ਡਵੀਜ਼ਨਲ ਕਮਰਸ਼ੀਅਲ ਮੈਨੇਜਰ ਪਰਮਦੀਪ ਸਿੰਘ ਸੈਨੀ ਨੇ ਇਸ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਗੱਡੀ ਨੰਬਰ 04694/04693 ਅੰਮ੍ਰਿਤਸਰ-ਮਡਗਾਓਂ-ਅੰਮ੍ਰਿਤਸਰ ਵਿਚਾਲੇ ਨਿਰਧਾਰਤ ਫੇਰੇ ਲਗਾਏਗੀ। ਟਰੇਨ ਨੰਬਰ 04694 (ਅੰਮ੍ਰਿਤਸਰ ਤੋਂ ਮਡਗਾਓਂ) ਇਹ ਟਰੇਨ ਅੰਮ੍ਰਿਤਸਰ ਤੋਂ ਮਿਤੀ 22.12.2025, 27.12.2025 ਤੇ 01.01.2026 ਨੂੰ ਸਵੇਰੇ 5110 ਵਜੇ ਰਵਾਨਾ ਹੋਵੇਗੀ। ਇਹ ਲਗਭਗ 42 ਘੰਟੇ 45 ਮਿੰਟ ਦਾ ਸਫਰ ਤੈਅ ਕਰਕੇ ਰਾਤ 23.55 ਵਜੇ ਮਡਗਾਓਂ ਪਹੁੰਚੇਗੀ। ਟਰੇਨ ਨੰਬਰ 04693 (ਮਡਗਾਓਂ ਤੋਂ ਅੰਮ੍ਰਿਤਸਰ) ਵਾਪਸੀ ਵਿੱਚ ਇਹ ਟਰੇਨ ਮਡਗਾਓਂ ਤੋਂ ਮਿਤੀ 24.12.2025, 29.12.2025 ਤੇ 03.01.2026 ਨੂੰ ਸਵੇਰੇ 8 ਵਜੇ ਚੱਲੇਗੀ ਅਤੇ 44 ਘੰਟੇ 30 ਮਿੰਟ ਬਾਅਦ ਸ਼ਾਮ 4.30 ਵਜੇ ਅੰਮ੍ਰਿਤਸਰ ਪਹੁੰਚੇਗੀ। ਇਹ ਸਪੈਸ਼ਲ ਟਰੇਨ ਆਪਣੇ ਸਫਰ ਦੌਰਾਨ ਦੋਵਾਂ ਦਿਸ਼ਾਵਾਂ ਵਿੱਚ ਮੁੱਖ ਸਟੇਸ਼ਨਾਂ 'ਤੇ ਰੁਕੇਗੀ ਜਿਵੇਂ ਕਿ ਬਿਆਸ, ਜਲੰਧਰ ਸਿਟੀ, ਲੁਧਿਆਣਾ, ਅੰਬਾਲਾ ਕੈਂਟ, ਪਾਣੀਪਤ, ਦਿੱਲੀ ਸਫਦਰਜੰਗ, ਮਥੁਰਾ ਜੰਕਸ਼ਨ, ਗੰਗਾਪੁਰ ਸਿਟੀ, ਸਵਾਈ ਮਾਧੋਪੁਰ, ਕੋਟਾ, ਰਤਲਾਮ, ਵਡੋਦਰਾ, ਸੂਰਤ, ਵਸਈ ਰੋਡ, ਪਨਵੇਲ, ਰੋਹਾ, ਮਾਣਗਾਓਂ, ਖੇੜ, ਚਿਪਲੂਨ, ਸੰਗਮੇਸ਼ਵਰ ਰੋਡ, ਰਤਨਾਗਿਰੀ, ਰਾਜਾਪੁਰ ਰੋਡ, ਕਣਕਵਲੀ, ਕੁਡਾਲ, ਸਾਵੰਤਵਾੜੀ ਰੋਡ, ਥਿਵਿਮ ਤੇ ਕਰਮਲੀ। ਰੇਲ ਯਾਤਰੀ ਆਪਣੀ ਯਾਤਰਾ ਦੌਰਾਨ ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਜਾਂ ਸੁਝਾਅ ਲਈ ਰੇਲ ਮੱਦਦ ਨੰਬਰ 139 'ਤੇ ਸੰਪਰਕ ਕਰ ਸਕਦੇ ਹਨ।

22-Dec-PAGE-11-Dec-25.qxd 12/21/2025 10:24 PM Page 1



## ਅੰਮ੍ਰਿਤਸਰ ਦਿਹਾਤੀ ਪੁਲਸ ਵੱਲੋਂ 4 ਪਿਸਟਲ, ਇੱਕ ਕਿੱਲੋ ਅਫੀਮ ਤੇ 25 ਗ੍ਰਾਮ ਹੈਰੋਇਨ ਸਮੇਤ ਦੋ ਗ੍ਰਿਫ਼ਤਾਰ




ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)-ਅੰਮ੍ਰਿਤਸਰ ਦਿਹਾਤੀ ਪੁਲਸ ਨੂੰ ਉਸ ਸਮੇਂ ਵੱਡੀ ਸਫਲਤਾ ਮਿਲੀ ਜਦੋਂ ਸਪੈਸ਼ਲ ਸੈੱਲ ਅੰਮ੍ਰਿਤਸਰ ਦਿਹਾਤੀ ਵੱਲੋਂ 4 ਪਿਸਟਲ, 24 ਜ਼ਿੰਦਾ ਰੌਂਦ, 1 ਕਿੱਲੋ ਅਫੀਮ ਅਤੇ 25 ਗ੍ਰਾਮ ਹੈਰੋਇਨ ਸਮੇਤ 2 ਦੋਸ਼ੀਆਂ ਨੂੰ ਗ੍ਰਿਫਤਾਰ ਕੀਤਾ ਗਿਆ। ਮਾਣਯੋਗ ਸੁਹੇਲ ਮੀਰ ਆਈ.ਪੀ.ਐੱਸ, ਸੀਨੀਅਰ ਕਪਤਾਨ ਪੁਲਸ, ਜ਼ਿਲ੍ਹਾ ਅੰਮ੍ਰਿਤਸਰ ਦਿਹਾਤੀ ਦੀਆਂ ਦਿਸ਼ਾ-ਨਿਰਦੇਸ਼ਾਂ ਅਤੇ ਅਦਿੱਤਿਆ ਵਾਰੀਅਰ ਆਈ.ਪੀ.ਐੱਸ., ਐੱਸ.ਪੀ.(ਡੀ) ਅਤੇ ਗੁਰਿੰਦਰਪਾਲ ਸਿੰਘ ਡੀ.ਐੱਸ.ਪੀ.(ਡੀ) ਦੀ ਅਗਵਾਈ ਹੇਠ ਸਪੈਸ਼ਲ ਸੈੱਲ ਅੰਮ੍ਰਿਤਸਰ ਦਿਹਾਤੀ ਦੀ ਟੀਮ ਵੱਲੋਂ ਇਹ ਕਾਰਵਾਈ ਅਮਲ ਵਿੱਚ ਲਿਆਂਦੀ ਗਈ।ਸਪੈਸ਼ਲ ਸੈੱਲ ਦੀ ਟੀਮ ਵੱਲੋਂ ਨਵੇਂ ਬਣ ਰਹੇ ਪੁਲ ਨੇੜੇ ਪਿੰਡ ਬੋਪਾਰਾਏ ਬਾਜ਼ ਸਿੰਘ ਵਿਖੇ ਨਾਕਾਬੰਦੀ ਕਰਕੇ ਚੈਕਿੰਗ ਕੀਤੀ ਜਾ ਰਹੀ ਸੀ ਕਿ ਪਿੰਡ ਖੁਰਮਾਣੀਆਂ ਵੱਲੋਂ ਇੱਕ ਮੋਟਰਸਾਈਕਲ ਆਉਂਦਾ ਦਿਖਾਈ ਦਿੱਤਾ।ਜਦੋਂ ਪੁਲਸ ਟੀਮ ਵੱਲੋਂ ਮੋਟਰਸਾਈਕਲ ਨੂੰ ਰੋਕਣ ਦੀ ਕੋਸ਼ਿਸ਼ ਕੀਤੀ ਗਈ ਤਾਂ ਮੋਟਰਸਾਈਕਲ ਸਵਾਰ ਨੌਜਵਾਨਾਂ ਨੇ ਭੱਜਣ ਦੀ ਕੋਸ਼ਿਸ਼ ਕੀਤੀ।ਤੁਰੰਤ ਕਾਰਵਾਈ ਕਰਦੇ ਹੋਏ ਪੁਲਸ ਟੀਮ ਵੱਲੋਂ ਦੋਵੇਂ ਨੌਜਵਾਨਾਂ ਨੂੰ ਕਾਬੂ ਕਰ ਲਿਆ ਗਿਆ। ਪੁੱਛਗਿੱਛ ਦੌਰਾਨ ਉਨ੍ਹਾਂ ਨੇ ਆਪਣਾ ਨਾਮ ਸੁਖਰਾਜ ਸਿੰਘ ਉਰਫ ਜੋਬਨ ਅਤੇ ਜਸਕਰਨ ਸਿੰਘ ਦੱਸਿਆ।ਦੋਵਾਂ ਦੀ ਤਲਾਸ਼ੀ ਲੈਣ ਤੇ ਉਪਰੋਕਤ ਅਸਲਾ, ਨਸ਼ੀਲੇ ਪਦਾਰਥ, ਮੋਬਾਇਲ ਫੋਨ ਅਤੇ ਮੋਟਰਸਾਈਕਲ ਬਰਾਮਦ ਕੀਤਾ ਗਿਆ।ਇਸ ਸਬੰਧੀ ਥਾਣਾ ਲੋਪੋਕੇ ਵਿਖੇ ਮੁਕੱਦਮਾ ਨੰਬਰ 331 ਮਿਤੀ 18.12.2025 ਜੁਰਮ 18/21/25/29/61/85 ਐੱਨ.ਡੀ.ਪੀ.ਐੱਸ. ਐਕਟ ਅਤੇ 25(8)-54-59 ਅਸਲਾ ਐਕਟ ਤਹਿਤ ਦਰਜ ਕਰਕੇ ਅਗਲੀ ਤਫਤੀਸ਼ ਕੀਤੀ ਜਾ ਰਹੀ ਹੈ।ਗ੍ਰਿਫਤਾਰ ਦੋਸ਼ੀਆਂ ਦੇ ਫਾਰਵਰਡ ਅਤੇ ਬੈਕਵਰਡ ਲਿੰਕਾਂ ਨੂੰ ਗਹਿਰਾਈ ਨਾਲ ਖੰਗਾਲਿਆ ਜਾ ਰਿਹਾ ਹੈ ਅਤੇ ਜਾਂਚ ਦੌਰਾਨ ਜਿਸ ਕਿਸੇ ਦੀ ਵੀ ਸ਼ਮੂਲੀਅਤ ਸਾਹਮਣੇ ਆਵੇਗੀ, ਉਸ ਖਿਲਾਫ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

## ਲੋਕ ਵਿਰੋਧੀ ਕਾਨੂੰਨਾਂ ਖਿਲਾਫ ਸਾਂਝਾ ਸੰਘਰਸ਼ ਵਿੱਢਣ ਦੀ ਲੋੜ: ਦਵਿੰਦਰ ਸੋਹਲ



ਸਰਾਏ ਅਮਾਨਤ ਖਾਂ/ਝਬਾਲ (ਮੱਖਣ ਮਨੋਜ)-ਭਾਰਤੀ ਕਮਿਊਨਿਸਟ ਪਾਰਟੀ ਬਲਾਕ ਕਮੇਟੀ ਗੰਡੀਵਿੰਡ ਝਬਾਲ ਦੀ ਮੀਟਿੰਗ ਸਥਾਨਕ ਕਾਮਰੇਡ ਸਰਵਨ ਸਿੰਘ ਸੋਹਲ ਭਵਨ ਵਿਖੇ ਸੁਲੱਖਣ ਸਿੰਘ ਗੰਡੀਵਿੰਡ ਦੀ ਪ੍ਰਧਾਨਗੀ ਹੇਠ ਹੋਈ।ਬਲਾਕ ਸਕੱਤਰ ਕਾਮਰੇਡ ਗੁਰਬਿੰਦਰ ਸਿੰਘ ਸੋਹਲ ਨੇ ਦੱਸਿਆ ਕਿ ਮੀਟਿੰਗ 'ਚ ਫੈਸਲਾ ਕੀਤਾ ਗਿਆ ਕਿ ਚਾਰ ਜਨਵਰੀ ਨੂੰ ਬਾਬਾ ਸੋਹਣ ਸਿੰਘ ਭਕਨਾ ਦਾ ਜਨਮ ਦਿਹਾੜਾ ਪਿੰਡ ਭਕਨਾ ਵਿਖੇ ਪੂਰੇ ਇਨਕਲਾਬੀ ਜੋਸ਼-ਖਰੋਸ਼ ਨਾਲ ਮਨਾਇਆ ਜਾਵੇਗਾ।ਜ਼ਿਲ੍ਹਾ ਸਕੱਤਰ ਦਵਿੰਦਰ ਸੋਹਲ ਨੇ ਕਿਹਾ ਕਿ ਗ਼ਦਰੀ ਬਾਬਿਆਂ ਦੀ ਸੋਚ 'ਤੇ ਚਲਦਿਆਂ ਪੂੰਜੀਵਾਦੀ ਸਰਕਾਰਾਂ ਵਿਰੁੱਧ ਵੱਡਾ ਸੰਘਰਸ਼ ਕਰਨ ਦਾ ਹੈ।ਉਨ੍ਹਾਂ ਕਿਹਾ ਕਿ ਮਨਰੇਗਾ ਕਾਨੂੰਨ ਮੋਦੀ ਸਰਕਾਰ ਨੇ ਖ਼ਤਮ ਕਰ ਦਿੱਤਾ ਹੈ ਜਿਸ ਨਾਲ ਪੇਂਡੂ ਗਰੀਬਾਂ ਦਾ ਮਾਮੂਲੀ ਹੱਕ ਵੀ ਖੋਹ ਲਿਆ ਹੈ।ਉਨ੍ਹਾਂ ਕਿਹਾ ਕਿ ਇਸੇ ਤਰ੍ਹਾਂ ਐੱਲ ਆਈ ਸੀ ਕੰਪਨੀ ਦਾ ਗਲਾ ਵੀ ਘੁੱਟ ਦਿੱਤਾ ਹੈ।ਕੇਂਦਰ ਸਰਕਾਰ ਇੱਕ ਨਵਾਂ ਕਾਨੂੰਨ ਲਿਆ ਕੇ ਬਿਜਲੀ ਨੂੰ ਵੀ ਕਾਰਪੋਰੇਟ ਘਰਾਣਿਆਂ ਦੇ ਹੱਥ ਵਿੱਚ ਦੇਣਾ ਚਾਹੁੰਦੀ ਹੈ।ਮਜ਼ਦੂਰਾਂ ਦੇ ਹੱਕਾਂ 'ਤੇ ਛਾਪਾ ਮਾਰਦਿਆਂ ਕਈ ਚੰਗੇ ਕਾਨੂੰਨ ਖ਼ਤਮ ਕਰਕੇ ਚਾਰ ਲੇਬਰ ਕੋਡ ਲਾਗੂ ਕਰਕੇ ਸਰਮਾਏਦਾਰੀ ਦਾ ਪੱਖ ਪੂਰਿਆ ਹੈ।ਪੰਜਾਬ ਸਰਕਾਰ ਵੀ ਬਿਜਲੀ ਬੋਰਡ ਦੀਆਂ ਜਾਇਦਾਦਾਂ ਵੇਚਣ ਲਈ ਕਾਹਲੀ ਹੈ।ਸਰਕਾਰ ਦੀਆਂ ਲੋਕ ਵਿਰੋਧੀ ਇਨ੍ਹਾਂ ਨੀਤੀਆਂ ਖਿਲਾਫ ਭਾਰਤੀ ਕਮਿਊਨਿਸਟ ਪਾਰਟੀ ਸਾਂਝਾ ਤੇ ਵਿਸ਼ਾਲ ਸੰਘਰਸ਼ ਤਿੱਖਾ ਕਰੇਗੀ।ਇਸ ਮੌਕੇ ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਸਕੱਤਰ ਬਲਕਾਰ ਸਿੰਘ ਵਲਟੋਹਾ ਨੇ ਵੀ ਆਪਣੇ ਵਿਚਾਰ ਰੱਖੇ। ਹੋਰਨਾਂ ਤੋਂ ਇਲਾਵਾ ਮੋਤਾ ਸਿੰਘ ਸੋਹਲ, ਬਲਵਿੰਦਰ ਸਿੰਘ ਮੂਸੇ, ਜਗਤਾਰ ਸਿੰਘ ਜੱਗਾ, ਸੁਰਿੰਦਰ ਸਿੰਘ ਬਿੱਲਾ, ਬਲਵਿੰਦਰ ਸਿੰਘ, ਸੁਰਜੀਤ ਸਿੰਘ ਠੱਠੀ ਸੋਹਲ, ਅਰਵਿੰਦ ਗੁਪਤਾ, ਸੀਮਾ ਸੋਹਲ ਵੀ ਹਾਜ਼ਰ ਸਨ।

## ਸੀ ਪੀ ਆਈ ਐੱਮ ਐੱਲ ਲਿਬਰੇਸ਼ਨ ਵੱਲੋਂ ਮਗਨਰੇਗਾ ਯੋਜਨਾ ਦਾ ਨਾਂਅ ਬਦਲਣ ਦੀ ਜ਼ੋਰਦਾਰ ਨਿਖੇਧੀ



ਚੇਤਨਪੁਰਾ (ਸੁਖਵੰਤ ਚੇਤਨਪੁਰੀ)-ਸੀਪੀਆਈ ਐੱਮਐੱਲ ਲਿਬਰੇਸ਼ਨ ਅੰਮ੍ਰਿਤਸਰ ਅਤੇ ਤਰਨਤਾਰਨ ਦੇ ਕਮੇਟੀ ਵਰਕਰਾਂ ਨੇ ਲੁਹਾਰਕਾ ਰੋਡ ਪਾਰਟੀ ਦਫਤਰ ਵਿਖੇ ਮੰਗਲ ਸਿੰਘ ਦੀ ਪ੍ਰਧਾਨੀ ਹੇਠ ਮੀਟਿੰਗ ਕਰਕੇ ਪਾਰਟੀ ਦੇ ਮਰਹੂਮ ਜਨਰਲ ਸਕੱਤਰ ਵਿਨੋਦ ਮਿਸ਼ਰਾ ਦੀ 27ਵੀਂ ਬਰਸੀ ਮੌਕੇ ਉਨ੍ਹਾਂ ਦੀਆਂ ਰਾਜਨੀਤਿਕ ਪਰਾਪਤੀਆਂ 'ਤੇ ਚਰਚਾ ਕੀਤੀ।ਇਸ ਸਮੇਂ ਬੋਲਦਿਆਂ ਲਿਬਰੇਸ਼ਨ ਦੇ ਜ਼ਿਲ੍ਹਾ ਸਕੱਤਰ ਬਲਬੀਰ ਸਿੰਘ ਮੂਧਲ ਅਤੇ ਸੂਬਾ ਸਕੱਤਰ ਕਾਮਰੇਡ ਗੁਰਮੀਤ ਸਿੰਘ ਬਖਤਪੁਰਾ ਨੇ ਕਿਹਾ ਕਿ ਪਾਰਟੀ ਦੀ ਮਜ਼ਬੂਤੀ ਲਈ ਪਾਰਟੀ ਵਰਕਰਾਂ ਨੂੰ ਵੱਡੇ ਪੱਧਰ ਤੇ ਰਾਜਨੀਤਿਕ ਸਿਖਲਾਈ ਦੇਣ ਦਾ ਫੈਸਲਾ ਲਿਆ ਗਿਆ ਹੈ।ਮੀਟਿੰਗ ਸਮੇਂ ਇਹ ਵੀ ਵਿਚਾਰਿਆ ਗਿਆ ਕਿ ਪੰਜਾਬ ਵਿੱਚ ਅਮਨ ਕਾਨੂੰਨ ਦੀ ਹਾਲਤ ਲਗਾਤਾਰ ਖਰਾਬ ਹੋ ਰਹੀ ਹੈ, ਨਸ਼ਿਆਂ ਦੇ ਵਪਾਰੀ ਨਿਰੰਤਰ ਨੌਜਵਾਨਾਂ ਨੂੰ ਨਸ਼ਿਆਂ ਦਾ ਸ਼ਿਕਾਰ ਬਣਾ ਰਹੇ ਹਨ।ਪੰਜਾਬ ਦੇ ਰਾਜਨੀਤਿਕ ਅਤੇ ਸਿਆਸੀ ਹਲਕਿਆਂ ਵਿੱਚ ਰਿਕਾਰਡ ਤੋੜ ਭ੍ਰਿਸ਼ਟਾਚਾਰ ਚਲ ਰਿਹਾ ਹੈ।ਮੌਜੂਦਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪਹਿਲੀਆਂ ਸਰਕਾਰਾਂ ਦੀ ਤਰ੍ਹਾਂ ਹੀ ਪੁਲਸ ਦੇ ਜ਼ੋਰ ਬਲਾਕ ਅਤੇ ਜ਼ਿਲ੍ਹਾ ਪ੍ਰੀਸ਼ਦ ਦੀਆਂ ਚੋਣਾਂ ਲੁੱਟੀਆਂ ਹਨ। ਮੀਟਿੰਗ ਵਿੱਚ ਕੇਂਦਰ ਸਰਕਾਰ ਦੀ ਨਿਖੇਧੀ ਕਰਦਿਆਂ ਕਿਹਾ ਗਿਆ ਕਿ ਕੇਂਦਰ ਸਰਕਾਰ ਨੇ 20 ਸਾਲ ਪਹਿਲਾਂ ਬਣਾਏ ਗਏ ਲੋਕ ਭਲਾਈ ਮਨਰੇਗਾ ਕਾਨੂੰਨ ਨੂੰ ਨਵੀਆਂ ਸੋਧਾਂ ਕਰਕੇ ਲੰਗੜਾ ਲੂਲਾ ਬਣਾ ਦਿੱਤਾ ਹੈ, ਇਸ ਕਾਨੂੰਨ ਦੁਆਰਾ ਹੁਣ ਕਿਸੇ ਨੂੰ ਵੀ ਰੁਜ਼ਗਾਰ ਮਿਲਣਾ ਸੰਭਵ ਨਹੀਂ ਰਿਹਾ ਕਿਉਂਕਿ ਮਨਰੇਗਾ ਦੀ ਜਿਹੜੀ ਰਕਮ ਸਮੁੱਚੇ ਤੌਰ ਤੇ ਕੇਂਦਰ ਸਰਕਾਰ ਦਿੰਦੀ ਸੀ ਉਸ ਦਾ ਹੁਣ 40 ਫੀਸਦੀ ਹਿੱਸਾ ਰਾਜ ਸਰਕਾਰਾਂ ਦੇ ਜ਼ੁੰਮੇ ਮੜ੍ਹ ਦਿੱਤਾ ਗਿਆ, ਜਿਸ ਰਕਮ ਨੂੰ ਪੰਜਾਬ ਵਰਗੀਆਂ ਸਰਕਾਰਾਂ ਕਦਾਚਿਤ ਪੂਰਾ ਨਹੀਂ ਕਰ ਸਕਣਗੀਆਂ ਕਿਉਂਕਿ ਹੋਰਨਾਂ ਸੂਬਿਆਂ ਦੀ ਤਰ੍ਹਾਂ ਪੰਜਾਬ ਵੀ ਕਰੀਬ 4 ਲੱਖ ਕਰੋੜ ਰੁਪਏ ਦਾ ਕਰਜ਼ਾਈ ਹੋ ਗਿਆ ਹੈ ਖ਼ਜ਼ਾਨੇ ਦੀ ਹਾਲਤ ਇੰਨੀ ਪਤਲੀ ਹੈ ਕਿ ਸਰਕਾਰ ਨੂੰ ਆਪਣੇ ਮੁਲਾਜ਼ਮਾਂ ਦੀਆਂ ਤਨਖਾਹਾਂ ਦੇਣੀਆਂ ਵੀ ਮੁਸ਼ਕਲ ਬਣੀਆਂ ਪਈਆਂ ਹਨ।ਲਿਬਰੇਸ਼ਨ ਆਗੂਆਂ ਨੇ ਕਿਹਾ ਕਿ ਮਨਰੇਗਾ ਕਾਨੂੰਨ ਦਾ ਪਹਿਲਾ ਰੂਪ ਬਹਾਲ ਕਰਨ ਲਈ, ਸ਼ਤਾਵਿਤ ਬਿਜਲੀ ਸੋਧ ਬਿਲ ਅਤੇ ਬੀਜ ਬਿਲ ਵਰਗੇ ਕਾਨੂੰਨਾਂ ਨੂੰ ਲੈ ਕੇ ਪਾਰਟੀ ਪੰਜਾਬ ਅਤੇ ਦੇਸ਼ ਵਿੱਚ ਹੋਰ ਖੱਬੀਆਂ ਪਾਰਟੀਆਂ ਨੂੰ ਨਾਲ ਲੈ ਕੇ ਲੰਬਾ ਸੰਘਰਸ਼ ਲੜਨ ਦੀ ਯੋਜਨਾ ਬਣਾ ਰਹੀ ਹੈ।ਮੀਟਿੰਗ ਵਿੱਚ ਨਿਰਮਲ ਸਿੰਘ ਛੱਜਲਵੱਡੀ, ਸ਼ਮਸ਼ੇਰ ਸਿੰਘ ਹੇਰ ਆਗੂਆਂ ਤੋਂ ਇਲਾਵਾ ਰਜੇਸ਼ ਹੰਸ ਲੱਖੂਵਾਲ, ਦਵਿੰਦਰ ਸਿੰਘ ਸਲੇਮਪੁਰਾ, ਭੁਪਿੰਦਰ ਸਿੰਘ ਮੀਰਾਂਕੋਟ ਅਤੇ ਕਾਮਰੇਡ ਨਰਿੰਦਰ ਲਾਡੀ ਤੇੜਾ ਆਦਿ ਪਾਰਟੀ ਵਰਕਰ ਸ਼ਾਮਿਲ ਸਨ।

## ਮਹਿੰਗਾਈ ਇੰਡੈਕਸ ਤੁਰੰਤ ਜਾਰੀ ਕਰਨ ਦੀ ਮੰਗ



ਛੇਹਰਟਾ, (ਮਨੋਜ ਕੁਮਾਰ)-ਸੀਟੀਯੂ (ਪੰਜਾਬ) ਦੇ ਸੂਬਾ ਜੁਆਇੰਟ ਸਕੱਤਰ ਕਾਮਰੇਡ ਜਗਤਾਰ ਸਿੰਘ ਕਰਮਪੁਰਾ ਨੇ ਜਾਰੀ ਬਿਆਨ ਵਿਚ ਕਿਹਾ ਹੈ ਕਿ ਪੰਜਾਬ ਸਰਕਾਰ ਨੇ ਹਰ ਛੇ ਮਹੀਨੇ ਬਾਅਦ ਤਨਖਾਹਦਾਰ ਮਜ਼ਦੂਰਾਂ ਦੀ ਸਹਾਇਤਾ ਲਈ ਮਹਿੰਗਾਈ ਇੰਡੈਕਸ ਜਾਰੀ ਕਰਨਾ ਹੁੰਦਾ ਹੈ ਪਰ ਮੌਜੂਦਾ ਸਰਕਾਰ ਸ਼ਾਹੂਕਾਰਾਂ ਤੇ ਵੱਡੇ-ਵੱਡੇ ਸਨਅਤਕਾਰਾਂ ਦਾ ਪੱਖ ਪੂਰਦਿਆਂ 13 ਸਾਲ ਬੀਤ ਜਾਣ 'ਤੇ ਘੱਟੋ-ਘੱਟ ਤਨਖਾਹ ਰਿਵਾਈਜ਼ ਕਰ ਰਹੀ ਹੈ, ਜਦੋਂਕਿ 5 ਸਾਲ ਬੀਤ ਜਾਣ ਤੋਂ ਬਾਅਦ ਤਨਖਾਹ ਰਿਵਾਈਜ਼ ਕਰਨੀ ਹੁੰਦੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸਤੰਬਰ ਮਹੀਨੇ ਜਾਰੀ ਹੋਣ ਵਾਲਾ ਮਹਿੰਗਾਈ ਇੰਡੈਕਸ ਵੀ ਜਾਰੀ ਨਹੀਂ ਕਰ ਰਹੀ। ਕਈ ਤਿਓਹਾਰ ਜਿਵੇਂ ਕਰਵਾ ਚੌਥ, ਦੁਸ਼ਹਿਰਾ, ਦੀਵਾਲੀ ਆਦਿ ਲੰਘ ਗਏ ਹਨ ਪਰ ਸੂਬਾ ਸਰਕਾਰ ਨੇ ਮਜ਼ਦੂਰਾਂ ਲਈ ਮਹਿੰਗਾਈ ਇੰਡੈਕਸ ਜਾਰੀ ਨਹੀਂ ਕੀਤਾ। ਇਸ ਕਾਰਨ ਮਜ਼ਦੂਰਾਂ ਵਿਚ ਡਾਢਾ ਰੋਸ ਪਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਮਹੀਨਾ ਸਤੰਬਰ, ਅਕਤੂਬਰ, ਨਵੰਬਰ ਬੀਤ ਗਏ ਹਨ ਅਤੇ ਚੌਥਾ ਮਹੀਨਾ ਦਸੰਬਰ ਬੀਤਣ ਕੰਢੇ ਹੈ ਪਰ ਹਾਲੇ ਤਕ ਸਰਕਾਰ ਗੂੜ੍ਹੀ ਨੀਂਦ ਸੁੱਤੀ ਪਈ ਹੈ, ਜਦੋਂਕਿ ਮਹਿੰਗਾਈ ਲਗਾਤਾਰ ਵੱਧਦੀ ਜਾ ਰਹੀ ਹੈ। ਇਸ ਕਾਰਨ ਮਜ਼ਦੂਰਾਂ ਨੂੰ ਪਰਿਵਾਰਾਂ ਦਾ ਪਾਲਣ-ਪੋਸ਼ਣ ਕਰਨਾ ਔਖਾ ਹੋ ਗਿਆ ਹੈ। ਉਨ੍ਹਾਂ ਕਿਹਾ ਕਿ ਮਹਿੰਗਾਈ ਇੰਡੈਕਸ ਸਮੇਂ ਸਿਰ ਜਾਰੀ ਨਾ ਹੋਣ ਕਰਕੇ ਮਾਲਕ ਮਨਮਰਜ਼ੀ ਨਾਲ ਗੈਰ-ਜਥੇਬੰਦ ਮਜ਼ਦੂਰਾਂ ਦੀ ਲੁੱਟ ਕਰਦੇ ਹਨ ਅਤੇ ਸਿਰਫ਼ 12-13 ਫ਼ੀਸਦੀ ਜਥੇਬੰਦ ਮਜ਼ਦੂਰ ਹੀ ਪਿਛਲਾ ਬਣਦਾ ਬਕਾਇਆ ਲੈ ਪਾਉਂਦੇ ਹਨ। ਕਰਮਪੁਰਾ ਨੇ ਸੂਬਾ ਸਰਕਾਰ ਕੋਲੋਂ ਮੰਗ ਕੀਤੀ ਕਿ ਪਹਿਲੀ ਸਤੰਬਰ ਤੋਂ ਜਾਰੀ ਹੋਣ ਵਾਲਾ ਮਹਿੰਗਾਈ ਇੰਡੈਕਸ ਤੁਰੰਤ ਜਾਰੀ ਕੀਤਾ ਜਾਵੇ ਤਾਂ ਜੋ ਮਜ਼ਦੂਰਾਂ ਨੂੰ ਕੁਝ ਰਾਹਤ ਮਿਲ ਸਕੇ।

## ਨਰੋਏ ਸਮਾਜ ਦੀ ਸਿਰਜਣਾ ਲਈ ਨਸ਼ਿਆਂ ਤੇ ਸਮਾਜਿਕ ਬੁਰਾਈਆਂ ਦਾ ਖਾਤਮਾ ਜ਼ਰੂਰੀ: ਸੈਣੀ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਮਨਜੀਤ ਸਿੰਘ ਸੈਣੀ ਜਨਰਲ ਸਕੱਤਰ ਅੰਮ੍ਰਿਤਸਰ ਹਰਿਆਵਲ ਮੰਚ ਨੇ ਕਿਹਾ ਕਿ ਨਸ਼ਿਆਂ ਵਰਗੀ ਲਾਹਣਤ ਅਤੇ ਸਮਾਜਿਕ ਕੁਰੀਤੀਆਂ ਦਾ ਖਾਤਮਾ ਕਰਨਾ ਅਤਿ ਲੋੜੀਂਦਾ ਹੈ ਤਾਂ ਜੋ ਇੱਕ ਉੱਤਮ ਸਮਾਜ ਦੀ ਨੀਂਹ ਰੱਖੀ ਜਾ ਸਕੇ।ਇਹ ਕਾਰਜ ਕਿਸੇ ਇੱਕ ਵਿਅਕਤੀ ਦਾ ਨਹੀਂ, ਸਗੋਂ ਸਾਡੀ ਸਮੂਹਿਕ ਜ਼ਿੰਮੇਵਾਰੀ ਹੈ।ਉਨ੍ਹਾਂ ਅਨੁਸਾਰ ਸਮਾਜ ਵਿੱਚ ਵਧ ਰਹੀਆਂ ਬੁਰਾਈਆਂ ਵਿਰੁੱਧ ਜਨ-ਚੇਤਨਾ ਪੈਦਾ ਕਰਨ ਲਈ ਸਾਨੂੰ ਲਾਮਬੰਦ ਹੋਣਾ ਪਵੇਗਾ।ਸਾਂਝੇ ਅਤੇ ਗੰਭੀਰ ਯਤਨਾਂ ਸਦਕਾ ਹੀ ਅਸੀਂ ਇੱਕ ਅਜਿਹਾ ਸਮਾਜ ਸਿਰਜ ਸਕਦੇ ਹਾਂ ਜੋ ਨਸ਼ਾ-ਮੁਕਤ ਅਤੇ ਹਰ ਪੱਖੋਂ ਨਰੋਆ ਹੋਵੇ।ਉਨ੍ਹਾਂ ਅੱਗੇ ਕਿਹਾ ਕਿ ਸਾਡੀ ਨੌਜਵਾਨ ਪੀੜ੍ਹੀ ਨੂੰ ਇਨ੍ਹਾਂ ਅਲਾਮਤਾਂ ਤੋਂ ਬਚਾਉਣਾ ਬੇਹੱਦ ਲਾਜ਼ਮੀ ਹੈ, ਕਿਉਂਕਿ ਨੌਜਵਾਨ ਹੀ ਦੇਸ਼ ਦਾ ਸਰਮਾਇਆ ਹਨ। ਜੇਕਰ ਅੱਜ ਅਸੀਂ ਜਾਗਰੂਕ ਹੋ ਕੇ ਇਨ੍ਹਾਂ ਬੁਰਾਈਆਂ ਵਿਰੁੱਧ ਇੱਕ ਜੁੱਟ ਨਾ ਹੋਏ, ਤਾਂ ਆਉਣ ਵਾਲੀਆਂ ਨਸਲਾਂ ਦਾ ਭਵਿੱਖ ਧੁੰਦਲਾ ਹੋ ਜਾਵੇਗਾ।ਉਨ੍ਹਾਂ ਸਮਾਜ ਦੇ ਹਰ ਵਰਗ ਨੂੰ ਅਪੀਲ ਕੀਤੀ ਕਿ ਉਹ ਇਸ ਨੇਕ ਮੁਹਿੰਮ ਵਿੱਚ ਆਪਣਾ ਵਡਮੁੱਲਾ ਯੋਗਦਾਨ ਪਾਉਣ ਤਾਂ ਜੋ ਅਸੀਂ ਆਉਣ ਵਾਲੀ ਪੀੜ੍ਹੀ ਨੂੰ ਇੱਕ ਸੁਰੱਖਿਅਤ ਅਤੇ ਸਿਹਤਮੰਦ ਮਾਹੌਲ ਪ੍ਰਦਾਨ ਕਰ ਸਕੀਏ।

## ਜੇ ਮੁਲਾਜ਼ਮ ਅਤੇ ਪੈਨਸ਼ਨਰ ਸੁਚੇਤ ਨਾ ਹੋਏ ਤਾਂ ਸਰਕਾਰ ਤੋਂ ਕੋਈ ਆਸ ਨਾ ਰੱਖਣ: ਕੁਲਵਰਨ ਸਿੰਘ



ਗੁਰਦਾਸਪੁਰ, ਦੀਨਾਨਗਰ (ਜਨਕ ਮਹਾਜਨ, ਬਲਵਿੰਦਰ ਸਿੰਘ ਬਿੱਲਾ)-ਪੰਜਾਬ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਜ਼ਿਲ੍ਹਾ ਗੁਰਦਾਸਪੁਰ ਵੱਲੋਂ ਸ ਜਵੰਦ ਸਿੰਘ ਦੀ ਪ੍ਰਧਾਨਗੀ ਹੇਠ ਚੰਦਨ ਪੈਲੇਸ ਗੁਰਦਾਸਪੁਰ ਵਿਖੇ ਪੈਨਸ਼ਨਰ-ਦਿਹਾੜਾ ਮਨਾਇਆ ਗਿਆ ਜਿਸ ਦੇ ਪ੍ਰਧਾਨਗੀ-ਮੰਡਲ ਵਿੱਚ ਅਵਿਨਾਸ਼ ਸਿੰਘ ਬਲਾਕ ਪ੍ਰਧਾਨ, ਸਵਿੰਦਰ ਸਿੰਘ ਔਲਖ ਬਲਾਕ ਪ੍ਰਧਾਨ, ਪ੍ਰਕਾਸ਼ ਚੰਦ ਬਲਾਕ ਪ੍ਰਧਾਨ, ਮੰਗਤ ਚੰਚਲ ਬਲਾਕ ਪ੍ਰਧਾਨ, ਸੁਰੇਸ਼ ਸ਼ਰਮਾ ਜ਼ਿਲ੍ਹਾ ਵਿੱਤ ਸਕੱਤਰ, ਮੱਖਣ ਕੁਹਾੜ, ਸੁਖਦੇਵ ਸਿੰਘ ਢਿੱਲੋਂ,ਮਨਜੀਤ ਸਿੰਘ ਸੈਣੀ, ਅਮਰਜੀਤ ਸਿੰਘ ਭਾਟੀਆ, ਅਜੀਤ ਸਿੰਘ ਸਿਧਵਾਂ, ਗੁਰਦਿਆਲ ਸਿੰਘ ਅਤੇ ਹਰਭਜਨ ਸਿੰਘ ਔਲਖ ਸ਼ਾਮਲ ਹੋਏ।ਕਰਮ ਸਿੰਘ ਧਨੋਆ ਪੰਜਾਬ ਪ੍ਰਧਾਨ ਬਤੌਰ ਮੁੱਖ-ਮਹਿਮਾਨ ਅਤੇ ਸ ਕੁਲਵਰਨ ਸਿੰਘ ਜਨਰਲ ਸਕੱਤਰ ਪੰਜਾਬ ਬਤੌਰ ਵਿਸ਼ੇਸ਼ ਮਹਿਮਾਨ ਹਾਜ਼ਰ ਹੋਏ।ਪ੍ਰੋਗਰਾਮ ਦੇ ਆਰੰਭ ਵਿੱਚ ਪਿਛਲੇ ਸਮੇਂ ਦੌਰਾਨ ਇਸ ਫ਼ਾਨੀ ਸੰਸਾਰ ਤੋਂ ਰੁਖ਼ਸਤ ਹੋ ਗਏ ਪੈਨਸ਼ਨਰ ਸਾਥੀਆਂ ਦੀ ਯਾਦ ਵਿਚ ਦੋ ਮਿੰਟ ਦਾ ਮੌਨ ਰੱਖ ਕੇ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ।ਜ਼ਿਲ੍ਹਾ ਜਨਰਲ ਸਕੱਤਰ ਸਵਿੰਦਰ ਔਲਖ ਨੇ ਗੱਲਬਾਤ ਸ਼ੁਰੂ ਕਰਦਿਆਂ ਪੈਨਸ਼ਨਰ ਦਿਹਾੜੇ ਦੇ ਮਹੱਤਵ ਬਾਰੇ ਚਾਨਣਾ ਪਾਇਆ।

ਪੈਨਸ਼ਨਰਾਂ ਨੇ ਆਪਣੇ ਸਾਥੀਆਂ ਦੀਆਂ ਚਿਰੋਕਣੀਆਂ ਮੰਗਾਂ ਜੋ ਹੁਣ ਤੱਕ ਵੱਟੇ ਖਾਤੇ ਪਈਆਂ ਹੋਈਆਂ ਹਨ, ਬਾਰੇ ਅਹਿਮ ਵਿਚਾਰ ਵਟਾਂਦਰਾ ਕੀਤਾ।

ਉਨ੍ਹਾਂ ਮੌਜੂਦਾ ਸਰਕਾਰ ਦੇ ਨਾਂਹ-ਪੱਖੀ ਰਵੱਈਏ ਤੇ ਤਿੱਖੇ ਹਮਲੇ ਕੀਤੇ ਅਤੇ ਇਸ ਨੂੰ ਵੀ ਬੇ-ਆਸ ਸਰਕਾਰ ਕਿਹਾ ਅਤੇ ਆਉਂਦੇ ਦਿਨਾਂ ਦੌਰਾਨ ਕੋਈ ਵੱਡਾ ਐਕਸ਼ਨ ਵਿੱਢਣ ਦੀ ਗੱਲ ਕੀਤੀ। ਇਸ ਸਮਾਗਮ ਵਿੱਚ ਪੰਜ ਕੁ ਸੌ ਦੇ ਕਰੀਬ ਪੈਨਸ਼ਨਰ ਸ਼ਾਮਲ ਹੋਏ।

## ਸਕੂਲ ਆਫ ਐਮੀਨੈਂਸ ਦੇ ਵਿਦਿਆਰਥੀ ਪੰਦਰਾਂ ਰੋਜ਼ਾ ਰੈਜ਼ੀਡੈਂਸ਼ੀਅਲ ਵਿੰਟਰ ਕੈਂਪ ਲਈ ਰਵਾਨਾ




ਧਾਰੀਵਾਲ, (ਮਨਦੀਪ ਸਿੰਘ ਵਿੱਕੀ)-ਡਾਇਰੈਕਟਰ ਸਕੂਲ ਸਿੱਖਿਆ ਵਿਭਾਗ ਪੰਜਾਬ ਵਲੋਂ ਪੂਰੇ ਪੰਜਾਬ ਦੇ ਸਕੂਲ ਆਫ ਐਮੀਨੈਂਸ ਵਿਚ ਪੜਦੇ ਵਿਦਿਆਰਥੀਆਂ ਲਈ 02 ਮੈਗਾ ਵਿੰਟਰ ਕੈਂਪਸ ਦਾ ਪ੍ਰਬੰਧ ਕੀਤਾ ਗਿਆ ਹੈ ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਨੋਡਲ ਅਫਸਰ ਸ: ਅਮਰਜੀਤ ਸਿੰਘ ਪੁਰੇਵਾਲ ਨੇ ਦੱਸਿਆ ਕਿ ਪਹਿਲਾ ਵਿੰਟਰ ਕੈਂਪ 10+2 ਜਮਾਤ ਵਿਚ ਪੜ੍ਹਦੇ ਸਾਇੰਸ ਸਟਰੀਮ ਦੇ ਵਿਦਿਆਰਥੀਆਂ ਲਈ ਹੈ ਜੋ ਮੈਰੀਟੋਰੀਅਸ ਸਕੂਲ ਬਠਿੰਡਾ ਵਿਖੇ ਆਯੋਜਿਤ ਕੀਤਾ ਜਾ ਰਿਹਾ ਹੈ ਅਤੇ ਦੂਸਰਾ ਵਿੰਟਰ ਕੈਂਪ 10+1 ਜਮਾਤ ਵਿੱਚ ਪੜਦੇ ਸਾਇੰਸ ਸਟਰੀਮ ਦੇ ਵਿਦਿਆਰਥੀਆਂ ਲਈ ਹੈ ਜੋ ਮੈਰੀਟੋਰੀਅਸ ਸਕੂਲ ਲੁਧਿਆਣਾ ਵਿਖੇ ਲਗਾਇਆ ਜਾ ਰਿਹਾ ਹੈ । ਇਨ੍ਹਾਂ ਵਿੰਟਰ ਕੈਂਪਸ ਦਾ ਮੁੱਖ ਮੰਤਵ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਕੰਪੀਟੀਟਿਵ ਇਮਿ ਤਿਹਾਨਾਂ ਜਿਹਨਾਂ ਵਿੱਚ ਮੁੱਖ ਤੋਰ ਤੇ ਜੇਈਈ ਅਤੇ ਨੀਟ ਆਦਿ ਲਈ ਤਿਆਰ ਕਰਨਾ ਹੈ।ਇਸੇ ਕੜੀ ਤਹਿਤ ਜਿਲਾ ਸਿੱਖਿਆ ਅਫਸਰ ਸੈਕੰਡਰੀ ਸਿੱਖਿਆ ਪਰਮਜੀਤ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜਿਲੇ ਦੇ ਕੁੱਲ 03 ਸਕੂਲ ਆਫ ਐਮੀਨੈਂਸ ਬਟਾਲਾ, ਗੁਰਦਾਸਪੁਰ ਅਤੇ ਸ਼੍ਰੀਹਰਗੋਬਿੰਦਰਪੁਰ ਸਾਹਿਬ ਦੇ 16 ਵਿਦਿਆਰਥੀਆਂ ਨੂੰ ਬਠਿੰਡਾ ਲਈ ਅਤੇ 20 ਵਿਦਿਆਰਥੀਆਂ ਨੂੰ ਲੁਧਿਆਣਾ ਲਈ ਜਿਲਾ ਨੋਡਲ ਅਫਸਰ ਪੁਰੇਵਾਲ ਦੀ ਯੋਗ ਅਗਵਾਈ ਹੇਠ ਰਵਾਨਾ ਕੀਤਾ ਗਿਆ ।ਸ: ਪੁਰੇਵਾਲ ਨੇ ਦੱਸਿਆ ਕਿ ਇਹ ਦੋਨੋਂ ਕੈਂਪ 31 ਦਸੰਬਰ ਤੱਕ 15 ਦਿਨਾਂ ਲਈ ਹੋਣਗੇ ਜਿਸ ਵਿੱਚ ਵਿਦਿਆਰਥੀਆਂ ਦੇ ਰਹਿਣ ਸਹਿਣ, ਖਾਣ ਪੀਣ ਅਤੇ ਟਰਾਂਸਪੋਰਟ ਆਦਿ ਦਾ ਸਾਰਾ ਖਰਚ ਪੰਜਾਬ ਸਰਕਾਰ ਵਲੋਂ ਕੀਤਾ ਜਾਵੇਗਾ ਅਤੇ ਵਿਦਿਆਰਥੀਆਂ ਨੂੰ ਉੱਚ ਪੱਧਰੀ ਅਤੇ ਨਾਮਵਾਰ ਸੰਸਥਾਵਾਂ ਦੇ ਫੈਕਲਟੀਜ ਵਲੋਂ ਜੇਈਈ/ਨੀਟ ਦੀ ਕੋਚਿੰਗ ਦਿੱਤੀ ਜਾਵੇਗੀ ਅਤੇ ਇਹ ਵਿਦਿਆਰਥੀ ਆਉਣ ਵਾਲੇ ਦਿਨਾਂ ਵਿੱਚ ਟੈਸਟ ਪਾਸ ਕਰਕੇ ਉਚਕੋਟੀ ਸੰਸਥਾਵਾਂ ਵਿੱਚ ਦਾਖਲਾ ਲੈਣਗੇ।ਜ਼ਿਲਾ ਸਿੱਖਿਆ ਅਫਸਰ ਮੈਡਮ ਪਰਮਜੀਤ ਵਲੋਂ ਸਮੂਹ ਵਿਦਿਆਰਥੀਆਂ ਨੂੰ ਅਨੁਸ਼ਾਸਨ ਵਿੱਚ ਰਹਿ ਕੇ ਕੈਂਪ ਅਟੈਂਡ ਕਰਨ ਲਈ ਸੁਚੇਤ ਕੀਤਾ ।ਇਸ ਮੌਕੇ ਸਕੂਲ ਇੰਚਾਰਜ ਸੰਜੀਵ ਢੀਂਗਰਾ, ਜਸਬੀਰ ਕੌਰ, ਹਰਬਿੰਦਰ ਕੌਰ, ਰਾਜੇਸ਼ ਕੁਮਾਰ, ਸਰਬਜੀਤ ਕੌਰ, ਹਰਵਿੰਦਰ ਸਿੰਘ, ਸੁਖਜਿੰਦਰ ਸਿੰਘ ਤੋਂ ਇਲਾਵਾ ਕੈਂਪ ਵਿੱਚ ਜਾਣ ਵਾਲੇ ਵਿਦਿਆਰਥੀ ਹਾਜ਼ਰ ਸਨ।

## ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਿਤ ਸਕੂਲ 'ਚ ਕਰਵਾਇਆ ਇਨਾਮ ਵੰਡ ਸਮਾਗਮ



ਧਾਰੀਵਾਲ, (ਮਨਦੀਪ ਸਿੰਘ ਵਿੱਕੀ)-ਸਾਹਿਬਜ਼ਾਦਾ ਜ਼ੋਰਾਵਰ ਸਿੰਘ ਫਤਿਹ ਸਿੰਘ ਖਾਲਸਾ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਧਾਰੀਵਾਲ ਵੱਲੋਂ ਗੁਰਦੁਆਰਾ ਬੇਬੇ ਨਾਨਕੀ ਜੀ ਦੇ ਹਾਲ ਵਿੱਚ ਪ੍ਰਿੰਸੀਪਲ ਡਾ: ਗਗਨਜੀਤ ਕੌਰ ਦੇ ਪ੍ਰਬੰਧਾਂ ਵਿੱਚ ਛੋਟੇ ਸਾਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ ਬਾਬਾ ਫਤਿਹ ਸਿੰਘ ਜੀ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਿਤ ਸਮਾਗਮ ਕਰਵਾਇਆ ਗਿਆ। ਸਮਾਗਮ ਵਿੱਚ ਸਕੂਲ ਦੇ ਸਮੂਹ ਸਟਾਫ ਅਤੇ ਵਿਦਿਆਰਥੀਆਂ ਨੇ ਰਲ ਕੇ ਸੰਗਤੀ ਰੂਪ ਵਿੱਚ ਸੁਖਮਨੀ ਸਾਹਿਬ ਦਾ ਪਾਠ ਕੀਤਾ। ਉਪਰੰਤ ਵਿਦਿਆਰਥੀਆਂ ਵੱਲੋਂ ਸ਼ਬਦ ਗਾਇਨ ਕੀਤਾ ਗਿਆ। ਇਸ ਤੋਂ ਇਲਾਵਾ ਵਿਦਿਆਰਥੀਆਂ ਨੇ ਸ਼ਹਾਦਤ ਨੂੰ ਸਮਰਪਿਤ ਕਵੀਸ਼ਰੀਆਂ ਅਤੇ ਕਵਿਤਾਵਾਂ ਪੇਸ਼ ਕੀਤੀਆਂ। ਇਸ ਮੌਕੇ ਪ੍ਰਿੰਸੀਪਲ ਡਾ: ਗਗਨਜੀਤ ਕੌਰ ਨੇ ਛੋਟੇ ਸਾਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ ਬਾਬਾ ਫਤਿਹ ਸਿੰਘ ਜੀ ਦੀ ਲਾਸਾਨੀ ਸ਼ਹਾਦਤ ਅਤੇ ਉਨ੍ਹਾਂ ਦੇ ਜੀਵਨੀ ਬਾਰੇ ਚਾਨਣਾ ਪਾਇਆ। ਇਸ ਉਪਰੰਤ ਛੇਵੀਂ ਤੋਂ ਬਾਰ੍ਹਵੀਂ ਜਮਾਤ ਤੱਕ ਸਾਲਾਨਾ ਇਨਾਮ ਵੰਡ ਸਮਾਗਮ ਦੌਰਾਨ ਸਕੂਲ ਦੇ ਹੋਣਹਾਰ ਵਿਦਿਆਰਥੀਆਂ ਨੂੰ ਐਵਾਰਡ ਦੇ ਸਨਮਾਨਿਤ ਕੀਤਾ ਅਤੇ ਖੇਡਾਂ ਵਿੱਚ ਜ਼ਿਲ੍ਹਾ ਪੱਧਰ, ਸੂਬਾ ਪੱਧਰ ਅਤੇ ਨੈਸ਼ਨਲ ਪੱਧਰ 'ਤੇ ਪ੍ਰਾਪਤੀਆਂ ਕਰਨ ਵਾਲੇ ਵਿਦਿਆਰਥੀਆਂ ਨੂੰ ਇਨਾਮ ਤਕਸੀਮ ਕੀਤੇ ਗਏ। ਇਸ ਸਮੇਂ ਸਕੂਲ ਦੇ ਪ੍ਰਿੰਸੀਪਲ ਡਾ: ਗਗਨਜੀਤ ਕੌਰ, ਪ੍ਰਧਾਨ ਗੁਰਦੇਵ ਸਿੰਘ ਸੋਹਲ (ਐਡਵੋਕੇਟ), ਸਕੱਤਰ ਕੁਲਦੀਪ ਸਿੰਘ ਪਟਵਾਰੀ, ਗੁਰਜੀਤ ਸਿੰਘ ਲੇਹਲ ਤੇ ਕੁਲਦੀਪ ਸਿੰਘ ਸੋਹਲ ਅਤੇ ਗੁਰਦੁਆਰਾ ਬੇਬੇ ਨਾਨਕੀ ਜੀ ਦੇ ਪ੍ਰਧਾਨ ਅਮਰਜੀਤ ਸਿੰਘ ਹੈਪੀ ਨੇ ਜੇਤੂ ਵਿਦਿਆਰਥੀਆਂ ਨੂੰ ਇਨਾਮ ਤਕਸੀਮ ਕੀਤੇ।

## ਦੁਧਾਲਾ ਤੇ ਸੁਖਵਿੰਦਰ ਸਿੰਘ ਚਵਿੰਡਾ ਦੇਵੀ ਦੀ ਪ੍ਰਿੰ: ਪਾਖਰਪੁਰਾ ਦੇ ਘਰ ਫੇਰੀ



ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)-ਕਾਮਰੇਡ ਬਲਕਾਰ ਸਿੰਘ ਦੁਧਾਲਾ ਤੇ ਕਾਮਰੇਡ ਸੁਖਵਿੰਦਰ ਸਿੰਘ ਚਵਿੰਡਾ ਦੇਵੀ ਪ੍ਰਿੰਸੀਪਲ ਗੁਰਦੀਪ ਸਿੰਘ ਪਾਖਰਪੁਰਾ ਨੂੰ ਮਿਲਣ ਵਾਸਤੇ ਉਨ੍ਹਾਂ ਦੇ ਗ੍ਰਹਿ ਵਿਖੇ ਪਹੁੰਚੇ, ਜਿਨ੍ਹਾਂ ਨੇ ਬਹੁਤ ਹੀ ਗਰਮ ਜੋਸ਼ੀ ਨਾਲ ਸਾਥੀਆਂ ਦਾ ਸਵਾਗਤ ਕੀਤਾ ਅਤੇ ਕੁਝ ਯਾਦ ਚਿੰਨ੍ਹ ਭੇਟ ਕਰਕੇ ਸਨਮਾਨ ਕੀਤਾ।ਇਸ ਮੌਕੇ ਉਨ੍ਹਾਂ ਨੇ ਆਪਣੇ ਵੱਲੋਂ ਕੁਝ ਲਿਖੀਆਂ ਹੋਈਆਂ ਕਿਤਾਬਾਂ ਵੀ ਭੇਟ ਕੀਤੀਆਂ।ਇਨ੍ਹਾਂ ਕਿਤਾਬਾਂ ਵਿੱਚ ਸੋਨੇ ਦੀ ਚਿੜੀ ਜੋ ਦੱਸਦੀ ਹੈ ਕਿ ਵਕਤ ਦਾ ਸਹੀ ਇਸਤੇਮਾਲ ਕਿਵੇਂ ਕਰਨਾ ਹੈ, ਬਹੁਤ ਖ਼ੂਬਸੂਰਤ ਤਰੀਕੇ ਨਾਲ ਉਲੀਕਿਆ ਗਿਆ ਹੈ। ਇਸੇ ਤਰ੍ਹਾਂ ਕਿਤਾਬ ਅਨੋਖੀਆਂ ਪ੍ਰੀਖਿਆਵਾਂ ਵਿੱਚ ਵੀ ਇਹ ਦਰਸਾਇਆ ਗਿਆ ਹੈ ਕਿ ਸਿੱਖਿਆ ਵਿੱਚ ਨਕਲ ਦਾ ਰੁਝਾਨ ਬੰਦ ਕੀਤੇ ਤੋਂ ਬਿਨਾਂ ਦੇਸ਼ ਤਰੱਕੀ ਨਹੀਂ ਕਰ ਸਕਦਾ। ਇੱਕ ਹੋਰ ਕਿਤਾਬ ਮਹਿਕ ਫੁੱਲਵਾੜੀ ਦੀ ਅਤੇ ਸ਼ਹੀਦ ਭਗਤ ਸਿੰਘ ਦੀ ਵਿਚਾਰਧਾਰਾ ਨੂੰ ਅਪਨਾਏ ਤੋਂ ਬਗੈਰ ਨੌਜਵਾਨਾਂ ਨੂੰ ਰੁਜ਼ਗਾਰ ਨਹੀਂ ਮਿਲ ਸਕਦਾ। ਉਨ੍ਹਾਂ ਦਾ ਦਫਤਰ ਵੇਖ ਕੇ ਮਨ ਬਹੁਤ ਖੁਸ਼ ਹੋਇਆ।

## ਬਿਮਾਰੀ ਦੀ ਹਾਲਤ 'ਚ ਮਿਲੇ ਅਣਪਛਾਤੇ ਵਿਅਕਤੀ ਦੀ ਇਲਾਜ ਦੌਰਾਨ ਮੌਤ

ਬਿਆਸ (ਪਰਮਜੀਤ ਸਿੰਘ ਰੱਖੜਾ)-ਜੀ. ਆਰ. ਪੀ. ਚੌਂਕੀ ਬਿਆਸ ਦੇ ਏਐੱਸਆਈ ਜਸਪਿੰਦਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ 13 ਦਸੰਬਰ ਨੂੰ ਰੇਲਵੇ ਸਟੇਸ਼ਨ ਬਿਆਸ 'ਤੇ ਬਿਮਾਰੀ ਦੀ ਹਾਲਤ 'ਚ ਅਣਪਛਾਤਾ ਵਿਅਕਤੀ ਮਿਲਿਆ ਸੀ ਜਿਸ ਦੀ ਉਮਰ ਕਰੀਬ 50/52 ਸਾਲ ਸੀ। ਉਸ ਦੀ ਹਾਲਤ ਬਹੁਤ ਨਾਜ਼ੁਕ ਸੀ ਇਸ ਕਰਕੇ ਉਸ ਨੂੰ ਇਲਾਜ ਲਈ ਗੁਰੂ ਨਾਨਕ ਦੇਵ ਹਸਪਤਾਲ ਅੰਮ੍ਰਿਤਸਰ ਵਿੱਚ ਦਾਖਲ ਕਰਾਇਆ ਗਿਆ ਜਿਸ ਦੀ ਇਲਾਜ ਦੌਰਾਨ 20 ਦਸੰਬਰ 2025 ਨੂੰ ਮੌਤ ਹੋ ਗਈ।ਲਾਸ਼ ਨੂੰ ਸ਼ਨਾਖਤ ਲਈ 72 ਘੰਟਿਆਂ ਲਈ ਅੰਮ੍ਰਿਤਸਰ ਦੇ ਮੈਡੀਕਲ ਕਾਲਜ ਦੀ ਮੋਰਚਰੀ ਵਿੱਚ ਰੱਖਿਆ ਗਿਆ ਹੈ ਅਤੇ ਜੀ. ਆਰ. ਪੀ. ਦੇ ਪੁਲਸ ਥਾਣਾ ਅੰਮ੍ਰਿਤਸਰ ਵਿੱਚ ਕਾਰਵਾਈ ਕੀਤੀ ਗਈ ਹੈ।

## ਸਫ਼ਰ-ਏ-ਸ਼ਹਾਦਤ ਨੂੰ ਸਮਰਪਿਤ ਗੁਰਮਤਿ ਸਮਾਗਮ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਾਰ ਸਾਹਿਬਜ਼ਾਦੇ, ਮਾਤਾ ਗੁਜਰੀ ਜੀ ਅਤੇ ਸਾਕਾ ਚਮਕੌਰ ਸਾਹਿਬ ਤੇ ਸਾਕਾ ਸਰਹਿੰਦ ਦੇ ਸਮੂਹ ਸਿੰਘਾਂ ਦੀਆਂ ਸ਼ਹੀਦੀਆਂ ਨੂੰ ਸਮਰਪਿਤ ਸਫ਼ਰ- ਏ-ਸ਼ਹਾਦਤ (ਸ਼ਹੀਦੀ ਸਭਾ) ਗੁਰਮਤਿ ਸਮਾਗਮ ਸੰਗਤ ਦੇ ਸਹਿਯੋਗ ਨਾਲ ਨੌਜਵਾਨ ਸੇਵਕ ਜੱਥਾ ਮੁਹੱਲਾ ਅਕਾਲਗੜ੍ਹ ਕਾਦੀਆਂ ਵੱਲੋਂ ਬੀਤੀ ਰਾਤ ਨੂੰ ਭਿੰਡਰ ਪਬਲਿਕ ਸਕੂਲ ਦੇ ਗੇਟ ਅੱਗੇ ਸ਼ਾਮ 6 ਤੋਂ 9 ਵਜੇ ਤੱਕ ਕਰਵਾਇਆ ਗਿਆ।

ਸ਼ਾਮ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਹਿਜ ਪਾਠ ਦੇ ਭੋਗ ਉਪਰੰਤ ਕੀਰਤਨ ਅਤੇ ਕਵੀਸ਼ਰੀ ਸਭਾ ਰਾਤ 9:00 ਵਜੇ ਤੱਕ ਕੀਤੀ ਗਈ।

ਇਸ ਦੌਰਾਨ ਦੁੱਧ ਦੀ ਸੇਵਾ ਚਲਦੀ ਰਹੀ। ਸਮਾਪਤੀ ਤੇ ਗੁਰੂ ਕਾ ਲੰਗਰ ਵਰਤਾਇਆ ਗਿਆ। ਛੋਟੇ ਬੱਚੇ ਬੱਚੀਆਂ ਕੇਸਰੀ ਜਾਂ ਪੀਲੀ ਦਸਤਾਰ ਸਜਾ ਕੇ ਸਮਾਗਮ ਵਿਚ ਸ਼ਾਮਿਲ ਹੋਏ। ਸਮੂਹ ਸਾਧ ਸੰਗਤ ਵੱਲੋਂ ਸਮਾਗਮ ਵਿਚ ਪਰਿਵਾਰ ਸਮੇਤ ਪਹੁੰਚ ਕੇ ਸ਼ਹੀਦਾਂ ਨੂੰ ਸੱਚੀ ਸ਼ਰਧਾਂਜਲੀ ਭੇਟ ਕੀਤੀ ਗਈ।

## ਜ਼ਿਲ੍ਹਾ ਪੱਧਰੀ ਟੀਚਰ ਫੈਸਟ 'ਚ ਮੂਸੇ ਸਕੂਲ ਦੇ ਅਧਿਆਪਕ ਰਹੇ ਪਹਿਲੇ ਸਥਾਨ 'ਤੇ



ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਸਿੱਖਿਆ ਵਿਭਾਗ ਪੰਜਾਬ ਤੇ ਜ਼ਿਲ੍ਹਾ ਸਿੱਖਿਆ ਅਫ਼ਸਰ ਸ. ਸਤਨਾਮ ਸਿੰਘ ਬਾਠ ਦੀ ਦੇਖ-ਰੇਖ ਹੇਠ ਡਾਈਟ (ਡਿਸਟ੍ਰਿਕਟ ਇੰਸਟੀਚਿਊਟ ਆਫ਼ ਐਜੂਕੇਸ਼ਨ ਐਂਡ ਟ੍ਰੇਨਿੰਗ) ਕੈਰੋਂ ਵਿਖੇ ਕਰਵਾਏ ਗਏ ਜ਼ਿਲ੍ਹਾ ਪੱਧਰੀ ਟੀਚਰ ਫੈਸਟ 'ਚ ਭਾਗ ਲੈਂਦਿਆਂ ਸਰਕਾਰੀ ਹਾਈ ਸਕੂਲ ਮੂਸੇ ਤੋਂ ਮੈਥ ਮਾਸਟਰ ਨਰਿੰਦਰ ਸਿੰਘ ਤੇ ਉਪਦੀਪ ਸਿੰਘ ਨੇ ਪਹਿਲਾ ਸਥਾਨ ਹਾਸਲ ਕੀਤਾ ਹੈ। ਦੱਸਣਯੋਗ ਹੈ ਕਿ ਇਨ੍ਹਾਂ ਦੋਵਾਂ ਅਧਿਆਪਕਾਂ ਨੇ ਰੀਕਰੀਏਸ਼ਨਲ ਐਕਟੀਵਿਟੀਜ਼ ਥੀਮ ਵਿੱਚ ਭਾਗ ਲੈਂਦਿਆਂ ਪਹਿਲੀਆਂ ਪੁਜ਼ੀਸ਼ਨਾਂ ਹਾਸਲ ਕੀਤੀਆਂ।ਅਧਿਆਪਕਾਂ ਦੀ ਪ੍ਰਾਪਤੀ 'ਤੇ ਖੁਸ਼ੀ ਦਾ ਇਜ਼ਹਾਰ ਕਰਦਿਆਂ ਸਕੂਲ ਮੁਖੀ ਗੁਲਬਾਗ ਸਿੰਘ ਨੇ ਕਿਹਾ ਕਿ ਉਨ੍ਹਾਂ ਦੇ ਅਧਿਆਪਕ ਬੜੇ ਮਿਹਨਤੀ ਤੇ ਸੂਝਵਾਨ ਹਨ। ਉਨ੍ਹਾਂ ਕਿਹਾ ਕਿ ਦੋਵਾਂ ਅਧਿਆਪਕਾਂ ਦੀ ਪ੍ਰਾਪਤੀ ਨੇ ਮੂਸੇ ਸਕੂਲ ਦਾ ਨਾਂਅ ਚਮਕਾਇਆ ਹੈ। ਸਕੂਲ ਮੁਖੀ ਨੇ ਦੱਸਿਆ ਕਿ ਜ਼ਿਲ੍ਹਾ ਸਿੱਖਿਆ ਅਫ਼ਸਰ ਤਰਨ ਤਾਰਨ ਸ. ਸਤਨਾਮ ਸਿੰਘ ਬਾਠ ਨੇ ਅਧਿਆਪਕਾਂ ਨੂੰ ਵਧਾਈ ਸੰਦੇਸ਼ ਭੇਜਦਿਆਂ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਮਿਹਨਤ ਕਰਕੇ ਉੱਚੇ ਮੁਕਾਮ ਹਾਸਲ ਕਰਨ ਲਈ ਪ੍ਰੇਰਿਆ ਹੈ।ਜੇਤੂ ਅਧਿਆਪਕਾਂ ਦਾ ਸਕੂਲ ਪਹੁੰਚਣ ਤੇ ਸਕੂਲ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਸਮੇਤ ਮੈਂਬਰਾਂ ਤੇ ਸਾਥੀ ਅਧਿਆਪਕਾਂ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ।ਇਸ ਮੌਕੇ ਗੁਰਪ੍ਰੀਤ ਕੌਰ, ਨਰਿੰਦਰ ਕੁਮਾਰ, ਨਰਿੰਦਰ ਸਿੰਘ, ਉਪਦੀਪ ਸਿੰਘ, ਲਵਪ੍ਰੀਤ ਕੌਰ, ਅਮਨਜੋਤ ਕੌਰ, ਅਜੀਤ ਸਿੰਘ, ਮੰਗਲ ਸਿੰਘ, ਗੁਰਬੀਰ ਸਿੰਘ ਆਦਿ ਸਟਾਫ ਮੈਂਬਰ ਹਾਜ਼ਰ ਸਨ।

## ਬਲਾਕ ਪੱਧਰੀ ਕੁਇਜ਼ ਮੁਕਾਬਲੇ 'ਚ ਲੜਕੀਆਂ ਵੱਲੋਂ ਤੀਸਰਾ ਸਥਾਨ ਹਾਸਲ



ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-ਬਲਾਕ ਚੋਹਲਾ ਸਾਹਿਬ ਦਾ ਪਹਿਲਾ ਬਲਾਕ ਪੱਧਰੀ ਵਿੱਦਿਅਕ ਮੁਕਾਬਲਾ ਜੋ ਸਰਕਾਰੀ ਐਲੀਮੈਂਟਰੀ ਸਕੂਲ ਭੈਲ ਢਾਏ ਵਾਲਾ ਵਿਖੇ ਹੋਇਆ।ਇਸ ਮੌਕੇ ਕਰਵਾਏ ਕੁਇਜ਼ ਮੁਕਾਬਲੇ ਵਿਚ ਸਰਕਾਰੀ ਐਲੀਮੈਂਟਰੀ ਸਕੂਲ ਲੜਕੀਆਂ ਫਤਿਹਾਬਾਦ ਦੀਆਂ ਵਿਦਿਆਰਥਣਾਂ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ ਜਿਨ੍ਹਾਂ ਨੂੰ ਬਲਾਕ ਸਿੱਖਿਆ ਅਫਸਰ ਸ੍ਰ ਕੁਲਵਿੰਦਰ ਸਿੰਘ ਨੇ ਇਨਾਮ ਦੇ ਕੇ ਸਨਮਾਨਿਤ ਕੀਤਾ।ਇਸ ਸਬੰਧੀ ਜਾਣਕਾਰੀ ਦਿੰਦਿਆਂ ਸਕੂਲ ਦੇ ਮੁੱਖ ਅਧਿਆਪਕ ਮਨਜੀਤ ਸਿੰਘ ਨੇ ਦੱਸਿਆ ਕਿ ਸਕੂਲ ਦੀਆਂ ਵਿਦਿਆਰਥਣਾਂ ਲੱਛਮੀ, ਜਸਮੀਤ ਕੌਰ, ਮਨਮੀਤ ਕੌਰ ਜੋ ਕਿ ਪੰਜਵੀਂ ਜਮਾਤ ਦੀਆਂ ਵਿਦਿਆਰਥਣਾਂ ਨੇ ਬੜੀ ਸੂਝਬੂਝ ਨਾਲ ਮੁਕਾਬਲਾ ਵਿਚ ਪ੍ਰਦਰਸ਼ਨ ਕੀਤਾ ਹੈ।ਉਨ੍ਹਾਂ ਇਸ ਪ੍ਰਾਪਤੀ ਲਈ ਵਿਦਿਆਰਥਣਾਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਮੁਬਾਰਕਬਾਦ ਦਿੱਤੀ।ਇਸ ਮੌਕੇ ਸਕੂਲ ਸਟਾਫ ਵਿਚ ਗੁਰਜੀਤ ਕੌਰ, ਪਰਮਜੀਤ ਕੌਰ, ਪਰਨੀਤ ਕੌਰ, ਤਨਜੀਤ ਕੌਰ, ਸਤਿੰਦਰਜੀਤ ਕੌਰ, ਕੰਵਲਜੀਤ ਕੌਰ ਆਦਿ ਹਾਜ਼ਰ ਸਨ।

## ਜੇ ਐੱਮ ਕੇ ਇੰਟਰਨੈਸ਼ਨਲ ਸਕੂਲ ਦਾ ਦੋ ਦਿਨਾ ਸਾਲਾਨਾ ਮੇਲਾ ਉਤਸ਼ਾਹਪੂਰਵਕ ਸਮਾਪਤ



ਪਠਾਨਕੋਟ (ਦਵਿੰਦਰ ਸਿੰਘ)-ਜੇਐੱਮਕੇ ਇੰਟਰਨੈਸ਼ਨਲ ਸਕੂਲ ਪਠਾਨਕੋਟ ਵੱਲੋਂ ਪ੍ਰਿੰਸੀਪਲ ਨੀਤੀ ਕੌਚਰ ਦੀ ਦੇਖ ਰੇਖ ਹੇਠ ਕਰਵਾਏ ਗਏ ਦੋ ਦਿਨਾ ਸਾਲਾਨਾ ਮੇਲੇ ਦਾ ਐਤਵਾਰ ਨੂੰ ਸਮਾਪਨ ਕੀਤਾ ਗਿਆ। ਸਮਾਪਨ ਸਮਾਰੋਹ ਵਿੱਚ ਨਰੇਸ਼ ਮਹਾਜਨ ਨਿਰਗੁਣ (ਰਿਟਾਇਰਡ ਐਸ.ਈ., ਵਾਟਰ ਰਿਸੋਰਸਿਜ਼ ਡਿਪਾਰਟਮੈਂਟ ਪੰਜਾਬ) ਮੁੱਖ ਮਹਿਮਾਨ ਵੱਜੋਂ ਹਾਜ਼ਰ ਹੋਏ।ਇਸ ਮੌਕੇ ਜੇਐੱਮਕੇ ਗਰੁੱਪ ਦੇ ਚੇਅਰਮੈਨ ਅਨੁਜ ਸੂਦ, ਵਾਈਸ ਚੇਅਰਪਰਸਨ ਵੰਦਨਾ ਸੂਦ, ਸਕੂਲ ਡਾਇਰੈਕਟਰ ਤਾਨਿਆ ਸੂਦ ਅਤੇ ਅਸਿਸਟੈਂਟ ਡਾਇਰੈਕਟਰ ਚਰਨਜੀਤ ਸਿੰਘ ਵੀ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਮੇਲੇ ਦੇ ਆਖਰੀ ਦਿਨ ਲੋਕਾਂ ਦੀ ਕਾਫ਼ੀ ਭੀੜ ਦੇਖਣ ਨੂੰ ਮਿਲੀ। ਵਿਦਿਆਰਥੀਆਂ ਦੇ ਨਾਲ-ਨਾਲ ਮਾਪਿਆਂ ਅਤੇ ਬਾਹਰੋਂ ਆਏ ਲੋਕਾਂ ਨੇ ਵੀ ਮੇਲੇ ਦਾ ਭਰਪੂਰ ਆਨੰਦ ਲਿਆ।ਸਕੂਲ ਦੇ ਵਿਦਿਆਰਥੀਆਂ ਵੱਲੋਂ ਪੰਜਾਬੀ ਗੀਤਾਂ 'ਤੇ ਵੀ ਪ੍ਰਸਤੁਤੀਆਂ ਦਿੱਤੀਆਂ ਗਈਆਂ, ਜਿਨ੍ਹਾਂ ਨੂੰ ਸਭ ਨੇ ਖ਼ੂਬ ਸਰਾਹਿਆ।ਸਮਾਰੋਹ ਨੂੰ ਸੰਬੋਧਨ ਕਰਦਿਆਂ ਮੁੱਖ ਮਹਿਮਾਨ ਨਰੇਸ਼ ਮਹਾਜਨ ਨਿਰਗੁਣ ਨੇ ਸਾਲਾਨਾ ਮੇਲੇ ਦੇ ਆਯੋਜਨ ਦੀ ਪ੍ਰਸ਼ੰਸਾ ਕੀਤੀ ਅਤੇ ਕਿਹਾ ਕਿ ਮਨੁੱਖ ਦੇ ਜੀਵਨ ਵਿੱਚ ਰਚਨਾਤਮਕਤਾ ਦਾ ਬਹੁਤ ਵੱਡਾ ਮਹੱਤਵ ਹੈ।ਇਸ ਮੇਲੇ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਸਿੱਖਿਆ ਦੇ ਨਾਲ-ਨਾਲ ਰਚਨਾਤਮਕਤਾ ਵੱਲ ਪ੍ਰੇਰਿਤ ਕਰਨਾ ਹੈ। ਉਨ੍ਹਾਂ ਮੇਲੇ ਦੇ ਸਫਲ ਆਯੋਜਨ ਲਈ ਪ੍ਰਬੰਧਕ ਕਮੇਟੀ, ਸਟਾਫ਼ ਅਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਮੇਲੇ ਵਿੱਚ ਸ਼ਾਮਲ ਸਾਰੇ ਮਹਿਮਾਨਾਂ ਦਾ ਧੰਨਵਾਦ ਕੀਤਾ।ਪ੍ਰਿੰਸੀਪਲ ਨੀਤੀ ਕੋਚਰ ਨੇ ਕਿਹਾ ਕਿ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਸਮਾਰੋਹ ਸਮੇਂ-ਸਮੇਂ 'ਤੇ ਕਰਵਾਏ ਜਾਣਗੇ ਤਾਂ ਜੋ ਵਿਦਿਆਰਥੀਆਂ ਨੂੰ ਉੱਚ-ਸਤ੍ਹਾ ਦੀ ਸਿੱਖਿਆ ਦੇਣ ਦੇ ਨਾਲ-ਨਾਲ ਭਾਰਤੀ ਸੰਸਕ੍ਰਿਤੀ ਨਾਲ ਜੋੜਿਆ ਜਾ ਸਕੇ। ਅੰਤ ਵਿੱਚ ਪ੍ਰਿੰਸੀਪਲ ਨੀਤੀ ਕੋਚਰ ਨੇ ਸਕੂਲ ਸਟਾਫ਼ ਦੇ ਸਹਿਯੋਗ ਦੀ ਸਰਾਹਨਾ ਕੀਤੀ।ਇਸ ਮੌਕੇ ਸਮੂਹ ਸਟਾਫ਼ ਅਤੇ ਵਿਦਿਆਰਥੀ ਹਾਜ਼ਰ ਸਨ।

## ਬਾਬਾ ਸ਼੍ਰੀ ਚੰਦ ਸਕੂਲ 'ਚ ਬੜੀ ਧੂਮਧਾਮ ਨਾਲ ਮਨਾਇਆ ਸਾਲਾਨਾ ਸਮਾਗਮ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਬਾਬਾ ਸ਼੍ਰੀ ਚੰਦ ਮਾਡਰਨ ਸੀਨੀਅਰ ਸੈਕੰਡਰੀ ਸਕੂਲ, ਚੂਹੜ ਚੱਕ ਲੋਧਾ ਵਿੱਚ ਸਾਲਾਨਾ ਸਮਾਗਮ ਬੜੀ ਧੂਮਧਾਮ ਨਾਲ ਮਨਾਇਆ ਗਿਆ।ਸਮਾਗਮ ਵਿੱਚ ਸਕੂਲ ਦੀ ਨਰਸਰੀ ਕਲਾਸ ਤੋਂ ਲੈ ਕੇ ਬਾਰ੍ਹਵੀਂ ਕਲਾਸ ਤੱਕ ਦੇ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ।ਸਮਾਗਮ ਦੌਰਾਨ ਮੁੱਖ ਮਹਿਮਾਨ ਦੇ ਤੌਰ 'ਤੇ ਸਰਦਾਰ ਦਰਸ਼ਨ ਸਿੰਘ ਜੀ ਪਾਠੀ, ਚੇਅਰਮੈਨ ਸਵਿਤਰੀ ਬਾਈ ਫੂਲੇ ਵੈੱਲਫੇਅਰ ਸੋਸਾਇਟੀ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਆਦਰਸ਼ ਬਿਰਧ ਆਸ਼ਰਮ ਝਾਖੋਲਾੜੀ ਤੋਂ ਸੁਪਰਡੈਂਟ ਮੈਡਮ ਅੰਜਲੀ ਸ਼ਰਮਾ ਅਤੇ ਕੋਆਰਡੀਨੇਟਰ ਇੰਦਰਜੀਤ ਕੌਰ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ।ਸਰਬਜੀਤ ਕੌਰ ਨੇ ਬੱਚਿਆਂ ਨੂੰ ਮਿਹਨਤ ਕਰਨ ਦਾ ਸੁਨੇਹਾ ਦਿੱਤਾ।ਛੋਟੇ ਬੱਚਿਆਂ ਵੱਲੋਂ ਗੀਤ-ਸੰਗੀਤ, ਕਵਿਤਾਵਾਂ, ਸਕਿਟ ਅਤੇ ਡਰਾਮੇ ਪੇਸ਼ ਕੀਤੇ ਗਏ।ਨੌਵੀਂ ਅਤੇ ਦਸਵੀਂ ਕਲਾਸ ਦੀਆਂ ਵਿਦਿਆਰਥਣਾਂ ਵੱਲੋਂ ਭੰਗੜਾ ਅਤੇ ਗਿੱਧਾ ਵੀ ਪੇਸ਼ ਕੀਤਾ ਗਿਆ, ਜਿਸ ਨੇ ਦਰਸ਼ਕਾਂ ਦਾ ਮਨ ਮੋਹ ਲਿਆ।ਸਮਾਗਮ ਦੇ ਅੰਤ ਵਿੱਚ ਸਾਰੇ ਵਿਦਿਆਰਥੀਆਂ ਨੂੰ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ। ਵਾਈਸ ਪ੍ਰਿੰਸੀਪਲ ਅਸ਼ਵਨੀ ਕੁਮਾਰ ਵੱਲੋਂ ਆਏ ਹੋਏ ਸਾਰੇ ਮੁੱਖ ਮਹਿਮਾਨਾਂ ਅਤੇ ਸਹਿਯੋਗੀਆਂ ਦਾ ਧੰਨਵਾਦ ਕੀਤਾ ਗਿਆ।ਇਸ ਮੌਕੇ ਸਕੂਲ ਦਾ ਸਮੂਹ ਸਟਾਫ ਕ੍ਰਿਸ਼ਨਾ ਦੇਵੀ, ਗੁਰਜਿੰਦਰ ਕੌਰ, ਮਨਪ੍ਰੀਤ ਕੌਰ, ਰਿੰਪੀ ਦੇਵੀ, ਕਮਲਜੀਤ, ਵਿਜੇ ਕੁਮਾਰ ਅਤੇ ਸਰਿਸ਼ਟਾ ਦੇਵੀ ਵੀ ਮੌਜੂਦ ਸਨ।




## ਨਸ਼ੇ, ਭਰੂਣ ਹੱਤਿਆ ਅਤੇ ਸਵੱਛਤਾ ਸਬੰਧੀ ਜਾਗਰੂਕਤਾ ਰੈਲੀ ਕੱਢੀ




ਧਾਰੀਵਾਲ, (ਮਨਦੀਪ ਸਿੰਘ ਵਿੱਕੀ)-ਹਿੰਦੂ ਕੰਨਿਆ ਮਹਾਂਵਿਦਿਆਲਿਆ ਕਾਲਜ ਧਾਰੀਵਾਲ ਵੱਲੋਂ ਲਗਾਏ ਗਏ ਸੱਤ ਰੋਜ਼ਾ ਵਿਸ਼ੇਸ਼ ਕੈਂਪ ਦੇ ਦੂਜੇ ਦਿਨ ਐਨ.ਐਸ.ਐਸ. ਵਲੰਟੀਅਰ ਵਿਦਿਆਰਥਣਾਂ ਨੇ ਸ਼ਹਿਰ ਵਿੱਚ ਨਸ਼ਿਆਂ, ਭਰੂਣ ਹੱਤਿਆ ਅਤੇ ਸਵੱਛਤਾ ਸਬੰਧੀ ਜਾਗਰੂਕਤਾ ਰੈਲੀ ਕੱਢੀ ਗਈ।

ਇਸ ਰੈਲੀ ਵਿੱਚ 100 ਐੱਨ. ਐੱਸ. ਐੱਸ. ਵਲੰਟੀਅਰ ਵਿਦਿਆਰਥਣਾਂ ਨੇ ਹਿੱਸਾ ਲਿਆ। ਕਾਲਜ ਪ੍ਰਿੰਸੀਪਲ ਡਾ. ਰਜਿੰਦਰ ਕੌਰ ਨੇ ਦੱਸਿਆ ਕਿ ਇਸ ਰੈਲੀ ਦਾ ਮੁੱਖ ਮਕਸਦ ਲੋਕਾਂ ਨੂੰ ਸਮਾਜਿਕ ਬੁਰਾਈਆਂ ਦੇ ਬੁਰੇ ਪ੍ਰਭਾਵਾਂ ਬਾਰੇ ਜਾਗਰੂਕ ਕਰਨਾ ਅਤੇ ਮਨੁੱਖਤਾ ਦੀ ਸੇਵਾ ਕਰਨਾ ਸੀ। ਰੈਲੀ ਦੌਰਾਨ ਐੱਨ. ਐੱਸ. ਐੱਸ. ਵਲੰਟੀਅਰਾਂ ਸਮਾਜਿਕ ਬੁਰਾਈਆਂ ਨਾਲ ਸੰਬੰਧਿਤ ਲਿਖੇ ਮਾਟੋ ਵਾਲੀਆਂ ਤਖਤੀਆਂ ਹੱਥਾਂ ਵਿੱਚ ਫੜ ਕੇ ਨਾਅਰੇ ਲਗਾ ਕੇ ਲੋਕਾਂ ਨੂੰ ਜਾਗਰੂਕ ਕੀਤਾ।

ਇਹ ਰੈਲੀ ਕਾਲਜ ਤੋਂ ਸ਼ੁਰੂ ਹੋ ਕੇ ਇਤਿਹਾਸਕ ਗੁਰਦੁਆਰਾ ਸ੍ਰੀ ਬੁਰਜ ਸਾਹਿਬ ਵਿਖੇ ਪਹੁੰਚੀ। ਇਸ ਮੌਕੇ ਐੱਨ. ਐੱਸ. ਐੱਸ. ਵਲੰਟੀਅਰਾਂ ਨੇ ਗੁਰਦੁਆਰਾ ਸਾਹਿਬ ਵਿਖੇ ਭਾਂਡੇ ਮਾਂਜਣ, ਸਫਾਈ, ਲੰਗਰ, ਸਬਜ਼ੀਆਂ ਕੱਟਣਾ ਆਦਿ ਦੀ ਸੇਵਾ ਵੀ ਪੂਰੀ ਸ਼ਰਧਾ ਨਾਲ ਨਿਭਾਈ। ਇਸ ਅਨੁਭਵ ਰਾਹੀਂ ਵਲੰਟੀਅਰਾਂ ਨੇ ਨਿਰਸਵਾਰਥ ਸੇਵਾ, ਸਮਾਨਤਾ, ਨਿਮਰਤਾ ਅਤੇ ਭਾਈਚਾਰਕ ਸਦਭਾਵਨਾ ਦੇ ਮੁੱਲਾਂ ਨੂੰ ਗ੍ਰਹਿਣ ਕੀਤਾ।

## ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਨੇ ਪਿੰਡ ਪੱਧਰੀ ਇਕਾਈਆਂ ਦੀ ਚੋਣ ਕੀਤੀ



ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਵੱਲੋਂ ਜ਼ਿਲ੍ਹਾ ਤਰਨਤਾਰਨ ਦੇ ਮੀਤ ਪ੍ਰਧਾਨ ਦਿਆਲ ਸਿੰਘ ਮੀਆਂਵਿੰਡ, ਜੋਨ ਸਕੱਤਰ ਸਤਨਾਮ ਸਿੰਘ ਖੋਜਕੀਪੁਰ, ਪ੍ਰਧਾਨ ਮੁਖਤਾਰ ਸਿੰਘ ਬਿਹਾਰੀਪੁਰ, ਪਰਮਜੀਤ ਸਿੰਘ ਬਾਠ, ਬਲਜਿੰਦਰ ਸਿੰਘ ਆਲਮਪੁਰ ਅਤੇ ਮਨਜੀਤ ਸਿੰਘ ਵੈਰੋਵਾਲ ਬਾਵਿਆਂ ਦੀ ਅਗਵਾਈ ਹੇਠ ਜ਼ੋਨ ਸ੍ਰੀ ਗੁਰੂ ਅੰਗਦ ਦੇਵ ਜੀ ਦੇ ਅਧੀਨ ਆਉਂਦੇ ਪਿੰਡ ਬਿਹਾਰੀਪੁਰ, ਹੋਠੀਆਂ ਅਤੇ ਆਲਮਪੁਰ ਵਿਖੇ ਬਣੀਆਂ ਇਕਾਈਆਂ ਦਾ ਜਥੇਬੰਦੀ ਦੇ ਸੰਵਿਧਾਨ ਅਨੁਸਾਰ ਹਰੇਕ ਤਿੰਨ ਸਾਲ ਬਾਅਦ ਅੱਜ ਮੁੜ ਤੋਂ ਪੁਨਰ ਗਠਨ ਕੀਤਾ ਗਿਆ ਜਿਸ ਵਿੱਚ ਕੁੱਝ ਨਵੇਂ ਮੈਂਬਰਾਂ ਨੂੰ ਪਿੰਡਾਂ ਦੀਆਂ ਕੋਰ ਕਮੇਟੀਆਂ ਵਿੱਚ ਸ਼ਾਮਲ ਕਰਕੇ ਜ਼ਿੰਮੇਵਾਰੀ ਸੌਂਪੀ ਗਈ।

ਪਿੰਡ ਬਿਹਾਰੀਪੁਰ ਤੋਂ ਸੁਖਦੇਵ ਸਿੰਘ, ਪਿੰਡ ਹੋਠੀਆਂ ਤੋਂ ਹਰਜੀਤ ਸਿੰਘ ਅਤੇ ਪਿੰਡ ਆਲਮਪੁਰ ਤੋਂ ਧਰਮਿੰਦਰ ਸਿੰਘ ਨੂੰ ਇਕਾਈ ਪ੍ਰਧਾਨ ਚੁਣਿਆ ਗਿਆ ਅਤੇ ਇਨ੍ਹਾਂ ਦੇ ਨਾਲ ਗਿਆਰਾਂ ਮੈਂਬਰੀ ਅਹੁਦੇਦਾਰਾਂ ਟੀਮਾਂ ਦੀ ਪਿੰਡਾਂ ਦੇ ਲੋਕਾਂ ਵੱਲੋਂ ਸਰਬਸੰਮਤੀ ਨਾਲ ਚੋਣ ਕੀਤੀ ਗਈ। ਇਸ ਮੌਕੇ ਅਮਰਜੀਤ ਸਿੰਘ ਬਿਹਾਰੀਪੁਰ, ਅਮਰਸੇਰ ਸਿੰਘ ਬਿਹਾਰੀਪੁਰ, ਅੰਗਰੇਜ਼ ਸਿੰਘ, ਜਤਿੰਦਰ ਸਿੰਘ, ਕਾਬਲ ਸਿੰਘ ਆਲਮਪੁਰ, ਕੈਪਟਨ ਨਿਰਮਲ ਸਿੰਘ ਹੋਠੀਆਂ, ਦਇਆ ਸਿੰਘ, ਰਣਜੀਤ ਸਿੰਘ ਹੋਠੀਆਂ ਤੋਂ ਇਲਾਵਾ ਵੱਖ-ਵੱਖ ਪਿੰਡਾਂ ਤੋਂ ਕਿਸਾਨ ਮਜ਼ਦੂਰ ਅਤੇ ਬੀਬੀਆਂ ਹਾਜ਼ਰ ਸਨ।

## 8 ਕਿੱਲੋ ਹੈਰੋਇਨ ਤੇ ਡਰੋਨ ਬਰਾਮਦ

ਖਾਸਾ, (ਸ਼ਸ਼ਪਾਲ ਸਿੰਘ)-ਅੰਮ੍ਰਿਤਸਰ ਦਿਹਾਤੀ ਪੁਲਸ ਦੀ ਥਾਣਾ ਘਰਿੰਡਾ ਪੁਲਸ ਨੇ ਵੱਡੀ ਸਫ਼ਲਤਾ ਹਾਸਲ ਕਰਦਿਆਂ 8 ਕਿਲੋ ਹੈਰੋਇਨ ਤੇ ਇਕ ਡਰੋਨ ਬਰਾਮਦ ਕੀਤਾ ਹੈ। ਥਾਣਾ ਘਰਿੰਡਾ ਦੀ ਪੁਲਸ ਨੂੰ ਗੁਪਤ ਸੂਚਨਾ ਪ੍ਰਾਪਤ ਹੋਈ ਕਿ ਪਿੰਡ ਨੇਸ਼ਟਾ ਵਿਚ ਡਰੇਨ ਨਾਲ ਲੱਗਦੇ ਕਣਕ ਦੇ ਖੇਤਾਂ ਵਿਚ ਡਰੋਨ ਵਰਗੀ ਕੋਈ ਭਾਰੀ ਚੀਜ਼ ਡਿੱਗੀ ਹੋਈ ਹੈ। ਇਸ ਸੂਚਨਾ 'ਤੇ ਤੁਰੰਤ ਕਾਰਵਾਈ ਕਰਦਿਆਂ ਥਾਣਾ ਘਰਿੰਡਾ ਪੁਲਸ ਵੱਲੋਂ ਵਿਸ਼ੇਸ਼ ਸਰਚ ਪਾਰਟੀ ਤਿਆਰ ਕਰ ਕੇ ਉਕਤ ਥਾਂ 'ਤੇ ਤਲਾਸ਼ੀ ਮੁਹਿੰਮ ਚਲਾਈ ਗਈ। ਤਲਾਸ਼ੀ ਦੌਰਾਨ ਸਰਚ ਪਾਰਟੀ ਨੂੰ ਇਕ ਟੁੱਟਿਆ ਹੋਇਆ ਡਰੋਨ ਤੇ ਪੀਲੀ ਟੇਪ ਨਾਲ ਲਪੇਟੀ ਹੋਈ ਇਕ ਵਜ਼ਨਦਾਰ ਚੀਜ਼ ਬਰਾਮਦ ਹੋਈ। ਜਾਂਚ ਕਰਨ 'ਤੇ ਪਤਾ ਲੱਗਿਆ ਕਿ ਉਕਤ ਵਜ਼ਨਦਾਰ ਚੀਜ਼ ਹੈਰੋਇਨ ਹੈ। ਵਜ਼ਨ ਕਰਨ ਉਪਰੰਤ ਕੁੱਲ 8 ਕਿਲੋ ਹੈਰੋਇਨ ਬਰਾਮਦ ਹੋਈ। ਇਸ ਸਬੰਧੀ ਥਾਣਾ ਘਰਿੰਡਾ ਵਿਚ ਮਾਮਲਾ ਦਰਜ ਕਰਕੇ ਤਫਤੀਸ਼ ਅਮਲ ਵਿਚ ਲਿਆਂਦੀ ਜਾ ਰਹੀ ਹੈ।



## ਡੀ ਟੀ ਐੱਫ ਗੁਰਦਾਸਪੁਰ ਵੱਲੋਂ ਮਿੱਡ-ਡੇ-ਮੀਲ ਵਰਕਰਾਂ ਤੇ ਸੇਵਾਦਾਰਾਂ ਦਾ ਵਿਸ਼ੇਸ਼ ਸਨਮਾਨ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਡੈਮੋਕ੍ਰੇਟਿਕ ਟੀਚਰਜ਼ ਫਰੰਟ (ਡੀਟੀਐੱਫ) ਜ਼ਿਲ੍ਹਾ ਗੁਰਦਾਸਪੁਰ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ), ਡੇਰਾ ਬਾਬਾ ਨਾਨਕ ਵਿਖੇ ਇੱਕ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਜ਼ਿਲ੍ਹਾ ਪ੍ਰਧਾਨ ਪਲਵਿੰਦਰ ਸਿੰਘ ਰੰਧਾਵਾ ਦੀ ਯੋਗ ਅਗਵਾਈ ਹੇਠ ਕਰਵਾਏ ਗਏ ਇਸ ਸਮਾਗਮ ਵਿੱਚ ਹੜ੍ਹਾਂ ਦੌਰਾਨ ਆਪਣੀ ਡਿਊਟੀ ਤੋਂ ਉਪਰ ਉਠ ਕੇ ਨਿਸ਼ਕਾਮ ਸੇਵਾ ਕਰਨ ਵਾਲੇ ਮਿੱਡ-ਡੇ-ਮੀਲ ਵਰਕਰਾਂ ਨੂੰ ਕੰਬਲ ਤੇ ਸ਼ਾਲ ਅਤੇ ਸੇਵਾਦਾਰਾਂ ਨੂੰ ਲੋਈਆਂ ਭੇਟ ਕਰਕੇ ਸਨਮਾਨਿਤ ਕੀਤਾ ਗਿਆ।ਵਿਛੜੇ ਸਾਥੀਆਂ ਨੂੰ ਸ਼ਰਧਾਂਜਲੀ ਸਮਾਗਮ ਦੀ ਸ਼ੁਰੂਆਤ ਵਿੱਚ ਹਾਲ ਹੀ ਵਿੱਚ ਸਦੀਵੀ ਵਿਛੋੜਾ ਦੇ ਗਏ ਸਾਥੀ ਜਸਕਰਨ ਸਿੰਘ ਅਤੇ ਭੈਣ ਕਮਲਜੀਤ ਕੌਰ ਦੀ ਯਾਦ ਵਿੱਚ ਸੋਗ ਮਤਾ ਪੜ੍ਹਿਆ ਗਿਆ ਅਤੇ ਉਨ੍ਹਾਂ ਨੂੰ ਭਾਵਭਿੰਨੀ ਸ਼ਰਧਾਂਜਲੀ ਭੇਟ ਕੀਤੀ ਗਈ।ਹੇਠ ਲਿਖੇ ਸਕੂਲਾਂ ਦੇ ਸਟਾਫ਼ ਨੂੰ ਸਨਮਾਨਿਤ ਕੀਤਾ ਗਿਆ: ਪ੍ਰਾਇਮਰੀ ਸਕੂਲ: ਪੱਖੋਕੇ ਟਾਹਲੀ ਸਾਹਿਬ, ਮਹਾਲ ਨੰਗਲ, ਜੌੜੀਆਂ ਖੁਰਦ, ਚੰਦੂ ਨੰਗਲ, ਜੌੜੀਆਂ ਕਲਾਂ, ਠੇਠਰਕੇ ਅਤੇ ਖੋਦੇਬੇਟ।ਮਿਡਲ ਸਕੂਲ: ਬਹਿਲੋਲਪੁਰ, ਖੁਸ਼ਹਾਲਪੁਰ ਅਤੇ ਖੋਦੇਬੇਟ।ਹਾਈ ਸਕੂਲ: ਠੇਠਰਕੇ, ਤਲਵੰਡੀ ਗੋਰਾਇਆ ਅਤੇ ਰੱਤਾ ਅਬਦਾਲ।ਸੀਨੀਅਰ ਸੈਕੰਡਰੀ ਸਕੂਲ: ਧਰਮਕੋਟ ਰੰਧਾਵਾ, ਡੇਰਾ ਬਾਬਾ ਨਾਨਕ (ਕੰਨਿਆ) ਅਤੇ ਡੇਰਾ ਬਾਬਾ ਨਾਨਕ (ਲੜਕੇ)।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਪਲਵਿੰਦਰ ਸਿੰਘ ਰੰਧਾਵਾ ਨੇ ਦੱਸਿਆ ਕਿ ਹੜ੍ਹਾਂ ਵਰਗੀ ਮੁਸ਼ਕਿਲ ਸਥਿਤੀ ਵਿੱਚ ਅਧਿਆਪਕਾਂ ਅਤੇ ਜਥੇਬੰਦੀ ਦੇ ਮੈਂਬਰਾਂ ਨੇ ਮਨੁੱਖਤਾ ਦੀ ਸੇਵਾ ਲਈ ਦਿਲ ਖੋਲ੍ਹ ਕੇ ਫੰਡ ਦਿੱਤੇ। ਉਹਨਾਂ ਦੱਸਿਆ ਕਿ ਮਦਦ ਦਾ ਜਜ਼ਬਾ ਇੰਨਾ ਜ਼ਿਆਦਾ ਸੀ ਕਿ ਆਨਲਾਈਨ ਫੰਡ ਇਕੱਠਾ ਕਰਨ ਸਮੇਂ ਕੁਝ ਹੀ ਘੰਟਿਆਂ ਵਿੱਚ ਬੈਂਕ ਲਿਮਿਟ ਖਤਮ ਹੋ ਗਈ ਸੀ।ਆਗੂਆਂ ਨੇ ਡੀਟੀਐੱਫ ਪੰਜਾਬ ਦੇ ਸੂਬਾ ਪ੍ਰਧਾਨ ਦਿਗਵਿਜੇ ਪਾਲ ਸ਼ਰਮਾ ਅਤੇ ਸਮੁੱਚੀ ਸੂਬਾ ਲੀਡਰਸ਼ਿਪ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।ਸਮਾਗਮ ਵਿੱਚ ਜ਼ਿਲ੍ਹਾ ਸਕੱਤਰ ਸਾਹਿਬ ਸਿੰਘ ਅਬਲਖੈਰ, ਦਲਜੀਤ ਸਿੰਘ ਖਾਲਸਾ (ਹੈੱਡਮਾਸਟਰ), ਪ੍ਰਿੰ. ਪਰਮਿੰਦਰ ਸਿੰਘ ਬੇਦੀ, ਹਰਭਜਨ ਲਾਲ, ਸੁਖਦੀਪ ਸਿੰਘ ਮਾਲੇਵਾਲ, ਰਮੇਸ਼ ਅਵਸਥੀ, ਸਿਟੀ ਵੈੱਲਫੇਅਰ ਕਲੱਬ ਦੇ ਪ੍ਰਧਾਨ ਰਾਜੇਸ਼ ਹਾਂਡਾ ਅਤੇ ਵੱਡੀ ਗਿਣਤੀ ਵਿੱਚ ਅਧਿਆਪਕ ਆਗੂ ਤੇ ਸੰਘਰਸ਼ੀ ਯੋਧੇ ਹਾਜ਼ਰ ਸਨ।

## ਭਾਈ ਜੈਤਾ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਨਗਰ ਕੀਰਤਨ ਸਜਾਇਆ



ਬਿਆਸ (ਪਰਮਜੀਤ ਸਿੰਘ ਰੱਖੜਾ)-ਪਿੰਡ ਵਜ਼ੀਰ ਭੁੱਲਰ ਵਿਖੇ ਗੁਰਦੁਆਰਾ ਬਾਬਾ ਜੀਵਨ ਸਿੰਘ ਜੀ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ ਦਿੱਲੀਓਂ ਸੀਸ ਲਿਆਉਣ ਵਾਲੇ ਸ਼੍ਰੋਮਣੀ ਸ਼ਹੀਦ ਭਾਈ ਜੈਤਾ ਜੀ (ਬਾਬਾ ਜੀਵਨ ਸਿੰਘ ਜੀ) ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ ਜੋ ਪਿੰਡ ਵਜ਼ੀਰ ਭੁੱਲਰ ਦੀ ਪਰਿਕਰਮਾ ਕਰਦੇ ਹੋਏ ਪਹਿਲਾਂ ਬਾਬਾ ਭਾਈ ਭਾਨਾ ਜੀ ਦੇ ਗੁਰਦੁਆਰਾ ਸਾਹਿਬ ਪੁੱਜਾ ਜਿੱਥੇ ਪੰਜ ਪਿਆਰਿਆਂ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਿਤ ਕੀਤਾ ਗਿਆ ਅਤੇ ਸੰਗਤਾਂ ਨੂੰ ਦੁੱਧ ਛਕਾਇਆ ਗਿਆ। ਉਪਰੰਤ ਪੁਰਾਣੇ ਪਿੰਡ ਦੇ ਗੁਰਦੁਆਰਾ ਸਾਹਿਬ ਵਿਖੇ ਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਅਤੇ ਪੰਜ ਪਿਆਰਿਆਂ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਸਰਬੱਤ ਸੰਗਤ ਨੂੰ ਬਹੁਤ ਹੀ ਸ਼ਰਧਾ ਭਾਵਨਾ ਨਾਲ ਲੰਗਰ ਛਕਾਇਆ ਗਿਆ।ਓਥੋਂ ਚੱਲ ਕੇ ਰਾਗੀ ਸਿੰਘ ਬਾਬਾ ਦਵਿੰਦਰ ਸਿੰਘ ਅਤੇ ਬਾਬਾ ਅਵਤਾਰ ਸਿੰਘ ਦੇ ਕੀਰਤਨੀ ਜਥੇ ਵੱਲੋਂ ਸੰਗਤਾਂ ਨੂੰ ਕੀਰਤਨ ਨਾਲ ਨਿਹਾਲ ਕਰਦਿਆਂ ਕਲੋਨੀ ਅਜੀਤ ਨਗਰ ਪੁੱਜੇ। ਕਲੋਨੀ ਵਾਸੀਆਂ ਵੱਲੋਂ ਬਹੁਤ ਹੀ ਸ਼ਰਧਾ ਭਾਵਨਾ ਨਾਲ ਪੰਜ ਪਿਆਰਿਆਂ ਅਤੇ ਨਾਲ ਆਏ ਗੁਰੂ ਪਿਆਰਿਆਂ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਿਤ ਕੀਤਾ ਗਿਆ ਅਤੇ ਨਾਲ ਕੜਾਹ ਪ੍ਰਸ਼ਾਦ ਦੀ ਦੇਗ ਵਰਤਾਈ ਗਈ ਅਤੇ ਸੰਗਤਾਂ ਨੂੰ ਦੁੱਧ ਛਕਾਇਆ ਗਿਆ।ਇਸ ਮੌਕੇ ਇਲਾਕੇ ਦੀਆਂ ਸੰਗਤਾਂ ਤੇ ਇਲਾਵਾ ਸਰਪੰਚ ਬਲਦੇਵ ਸਿੰਘ, ਰੇਸ਼ਮ ਸਿੰਘ, ਡੀਐੱਸਪੀ ਸੁਖਵਿੰਦਰ ਸਿੰਘ, ਸਰਪੰਚ ਸ਼ੁਭਦੀਪ ਸਿੰਘ, ਸੰਤੋਖ ਸਿੰਘ ਬੱਲੀ, ਸੁਰਜੀਤ ਸਿੰਘ, ਰਾਮ ਸਿੰਘ, ਜਸਕਰਨ ਸਿੰਘ, ਫੌਜੀ ਬਲਦੇਵ ਸਿੰਘ, ਸਾਬਕਾ ਸਰਪੰਚ ਸਤਵਿੰਦਰ ਕੌਰ, ਸੂਬੇਦਾਰ ਸਤਵੰਤ ਸਿੰਘ, ਸੁਖਵਿੰਦਰ ਸਿੰਘ, ਪਰਮਜੀਤ ਸਿੰਘ ਰਾਜੂ, ਸਰਬਜੀਤ ਸਿੰਘ (ਸਾਰੇ ਹਵਾਲਦਾਰ) ਗ੍ਰੰਥੀ ਰਣਜੀਤ ਸਿੰਘ, ਸੂਬਾ ਸਿੰਘ, ਪ੍ਰੇਮ ਸਿੰਘ, ਬਲਵੰਤ ਸਿੰਘ, ਸੁਖਵਿੰਦਰ ਸਿੰਘ, ਬੂਟਾ ਸਿੰਘ, ਰਾਜਵਿੰਦਰ ਸਿੰਘ ਕਾਕਾ ਹਾਜ਼ਰ ਸਨ।

22 Dec Page 12.qxd 12/21/2025 10:20 PM Page 1



# ਮਗਨਰੇਗਾ ਸਕੀਮ ਦਾ ਭੋਗ ਪਾਉਣ ਦੀਆਂ ਸਾਜ਼ਿਸ਼ਾਂ ਖ਼ਿਲਾਫ 7 ਨੂੰ ਰੋਸ ਪ੍ਰਦਰਸ਼ਨ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਪੇਂਡੂ ਮਜ਼ਦੂਰ ਯੂਨੀਅਨ ਪੰਜਾਬ, ਕੇਂਦਰ ਸਰਕਾਰ ਵਲੋਂ ਇੱਕ ਤੋਂ ਬਾਅਦ ਇੱਕ ਲਿਆਂਦੇ ਜਾ ਰਹੇ ਲੋਕ ਵਿਰੋਧੀ ਕਾਨੂੰਨਾਂ ਦੀ ਸਖ਼ਤ ਨਿਖੇਧੀ ਕਰਦਿਆਂ ਜ਼ਿਲ੍ਹਾ ਪ੍ਰਧਾਨ ਕਮਲਜੀਤ ਸਨਾਵਾ, ਰਗੀ ਰਾਮ ਰਸੂਲਪੁਰ, ਕਿਰਨਜੀਤ ਕੌਰ, ਇਲਾਕਾ ਪ੍ਰਧਾਨ ਸੁਰਿੰਦਰ ਮੀਰਪੁਰ ਕਿਹਾ ਕਿ ਕਿਰਤ ਕਾਨੂੰਨਾਂ ਵਿੱਚ ਕੀਤੀਆਂ ਗਈਆਂ ਮਜ਼ਦੂਰ ਵਿਰੋਧੀ ਤਬਦੀਲੀਆਂ ਅਤੇ ਹੁਣ ਬਿਜਲੀ ਸੋਧ ਬਿਲ 2025 ਅਤੇ ਵੱਬ-ਜੀ ਰਾਮ ਜੀ ਕਾਨੂੰਨ ਲਿਆ ਕੇ ਮਨਰੇਗਾ ਦਾ ਸਿਰਫ ਨਾਂ ਹੀ ਨਹੀਂ ਬਦਲਿਆ ਜਾ ਰਿਹਾ ਸਗੋਂ ਇਸ ਵਿੱਚ ਕੀਤੀਆਂ ਮਜ਼ਦੂਰ ਮਾਰੂ ਸੋਧਾਂ ਨੂੰ ਇਸ ਕਾਨੂੰਨ ਤਹਿਤ ਮਜ਼ਦੂਰ ਵਰਗ ਨੂੰ ਮਿਲਦਾ ਨਾ ਮਾਤਰ ਰੁਜ਼ਗਾਰ ਖੋਹ ਕੇ ਕਿਰਤੀ ਲੋਕਾਂ ਦੇ ਚੁੱਲ੍ਹੇ ਠੰਢੇ ਕਰਨ ਦੀ ਸਾਜ਼ਿਸ਼ ਘੜੀ ਹੈ। ਇਸਦੇ ਵਿਰੁੱਧ ਵਜੋਂ ਪੰਜਾਬ ਭਰ ਚ ਮਜ਼ਦੂਰ ਵਿਰੋਧੀ ਉਪਰੋਕਤ ਤਿੰਨੇ ਕਾਲੇ ਕਾਨੂੰਨਾਂ ਤੇ ਕੇਂਦਰ ਸਰਕਾਰ ਖਿਲਾਫ ਪਿੰਡ ਪੁਨੂ ਮਜਾਰਾ, ਸਹਾਬਪੁਰ, ਸਨਾਵਾ ਵਿਖੇ ਪੁਤਲੇ ਫੂਕੇ ਗਏ ਇਸ ਮੌਕੇ ਆਗੂਆਂ ਨੇ ਕਿਹਾ ਕਿ ਨਿੱਜੀਕਰਨ ਦੀਆਂ ਨੀਤੀਆਂ ਤਹਿਤ ਅਥਾਹ ਬੇਰੁਜ਼ਗਾਰੀ ਦਾ ਸੰਤਾਪ ਹੰਢਾਉਂਦੇ ਪੇਂਡੂ ਤੇ ਖੇਤ ਮਜ਼ਦੂਰਾਂ ਨੂੰ ਮਨਰੇਗਾ ਤਹਿਤ ਪਹਿਲਾਂ ਹੀ ਨਿਗੂਣਾ ਰੁਜ਼ਗਾਰ ਦਿੱਤਾ ਜਾ ਰਿਹਾ ਸੀ ਪਰ ਹੁਣ ਇਸ ਸਕੀਮ 'ਤੇ ਹੋਣ ਵਾਲੇ ਖਰਚ ਦਾ ਕੇਂਦਰ ਸਰਕਾਰ ਦੁਆਰਾ ਪਹਿਲਾਂ ਪਾਇਆ ਜਾਂਦਾ 90 ਫੀਸਦੀ ਬਜਟ ਹਿੱਸਾ ਘਟਾਕੇ 60 ਫੀਸਦੀ ਕਰਨ ਅਤੇ ਸੂਬਾ ਸਰਕਾਰਾਂ ਵੱਲੋਂ 40 ਫੀਸਦੀ ਹਿੱਸਾ ਪਾਉਣ ਦੀ ਸ਼ਰਤ ਲਾ ਕੇ ਮੋਦੀ ਸਰਕਾਰ ਇਸ ਸਕੀਮ ਦਾ ਭੋਗ ਪਾਉਣ ਜਾ ਰਹੀ ਹੈ।ਮਜ਼ਦੂਰ ਆਗੂਆਂ ਨੇ ਇਹ ਵੀ ਦੋਸ਼ ਲਾਇਆ ਕਿ ਮੋਦੀ ਸਰਕਾਰ ਮਨਰੇਗਾ ਦਾ ਨਾਮ ਬਦਲ ਕੇ 'ਵੈਬ- ਜੀ ਰਾਮ ਜੀ' ਕਰਨ ਰਾਹੀਂ ਮੂੰਹ 'ਚੋਂ ਰਾਮ ਰਾਮ ਤੇ ਬਗਲ ਮੇਂ ਛੁਰੀ ਕਹਾਵਤ ਵਾਂਗ ਆਰ ਐਸ ਐਸ ਤੇ ਬੀ ਜੇ ਪੀ ਦੇ ਵਿਚਾਰਧਾਰਕ ਫਿਰਕੂ ਏਜੰਡੇ ਨੂੰ ਲਾਗੂ ਕਰਨ ਵਿੱਚ ਤੇਜ਼ੀ ਲਿਆਉਣਾ ਚਾਹੁੰਦੀ ਹੈ।ਪੇਂਡੂ ਮਜ਼ਦੂਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਕਮਲਜੀਤ ਸਨਾਵਾ ਅਤੇ ਜ਼ਿਲੇ ਦੇ ਸੈਕਟਰੀ ਹਰੀ ਰਾਮ ਨੇ ਇਹ ਐਲਾਨ ਵੀ ਕੀਤਾ ਕਿ ਕੇਂਦਰ ਸਰਕਾਰ ਦੇ ਇਸ ਕਦਮ ਖਿਲਾਫ ਤਿੱਖਾ ਸੰਘਰਸ਼ ਕੀਤਾ ਜਾਵੇਗਾ ਅਤੇ ਹੱਕੀ ਮਜ਼ਦੂਰ ਮੰਗਾਂ ਨੂੰ ਲੈ ਕੇ 7 ਜਨਵਰੀ ਨੂੰ ਡਿਪਟੀ ਕਮਿਸ਼ਨਰ ਦਫ਼ਤਰਾਂ ਅੱਗੇ ਦਿੱਤੇ ਜਾ ਰਹੇ ਧਰਨਿਆਂ ਦੌਰਾਨ ਇਸ ਕਦਮ ਨੂੰ ਵਾਪਸ ਲੈਣ ਸਬੰਧੀ ਜ਼ੋਰਦਾਰ ਅਵਾਜ਼ ਬੁਲੰਦ ਕੀਤੀ ਜਾਵੇਗੀ।

# ਸ਼ੁਭਮ ਸਿੰਗਲਾ ਨੇ ਜੱਜ ਬਣ ਕੇ ਪਾਤੜਾਂ ਦਾ ਨਾਂਅ ਚਮਕਾਇਆ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**- ਇਲਾਕੇ ਦੇ ਨਾਮਵਰ ਸਮਾਜ ਸੇਵੀ ਆਗੂ ਸਾਬਕਾ ਸਰਪੰਚ ਸਤਪਾਲ ਸਿੰਗਲਾ ਦੇ ਪੋਤੇ ਸ਼ੁਭਮ ਸਿੰਗਲਾ ਨੇ ਜੱਜ ਬਣ ਕੇ ਪਾਤੜਾਂ ਦਾ ਨਾਮ ਰੌਸ਼ਨ ਕੀਤਾ ਹੈ। ਰਾਜਸਥਾਨ ਜੁਡੀਸ਼ੀਅਲ ਦਾ ਟੈਸਟ ਪਾਸ ਕਰਕੇ ਸ਼ੁਭਮ ਸਿੰਗਲਾ ਦੇ ਜੱਜ ਬਣਨ ਦਾ ਪਤਾ ਲੱਗਦਿਆਂ ਇਲਾਕੇ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਅਤੇ ਵਧਾਈਆਂ ਦੇਣ ਵਾਲਿਆਂ ਦਾ ਤਾਂਤਾ ਲੱਗ ਗਿਆ।ਦੱਸਣਯੋਗ ਹੈ ਕਿ ਸ਼ੁਭਮ ਸਿੰਗਲਾ ਸ਼ੇਰੇ ਪੰਜਾਬ ਗਰੁੱਪ ਆਫ ਲੁਧਿਆਣਾ ਦੇ ਡਾਇਰੈਕਟਰ ਤੇ ਪਾਤੜਾਂ ਮੀਡੀਆ ਕਲੱਬ ਦੇ ਸਰਗਰਮ ਆਗੂ ਰਾਜ ਸਿੰਗਲਾ ਗੁਰਦਾਸ ਦੇ ਬੇਟੇ ਹਨ। ਸਿੰਗਲਾ ਪਰਵਾਰ ਨੂੰ ਮੁਬਾਰਕਬਾਦ ਦਿੰਦਿਆਂ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਟਰੱਸਟ ਹਾਮਝੇੜੀ ਦੇ ਪ੍ਰਧਾਨ ਮੋਹਨ ਸਿੰਘ ਸਿੱਧੂ ਨੇ ਦੱਸਿਆ ਕਿ ਸਵਰਗੀ ਸਤਪਾਲ ਸਿੰਗਲਾ ਪਿੰਡ ਹਾਮਝੇੜੀ ਦੇ ਲੰਬਾ ਸਮਾਂ ਸਰਪੰਚ ਰਹਿਣ ਦੇ ਨਾਲ ਨਾਲ ਇਲਾਕੇ ਵਿੱਚ ਸਮਾਜਸੇਵੀ ਆਗੂ ਵਜੋਂ ਉਨ੍ਹਾਂ ਦੀ ਵੱਡੀ ਪਹਿਚਾਣ ਸੀ, ਉਹ ਕਾਮਰੇਡ ਹਰਪਾਲ ਸਿੰਘ ਘੱਗਾ ਦੀ ਅਗਵਾਈ ਵਿੱਚ ਸਮਾਜ ਸੇਵੀ ਸੰਸਥਾ ਵਜੋਂ ਚੱਲ ਰਹੇ ਸਕੂਲ ਟਰੱਸਟ ਦੇ ਲੰਬਾ ਸਮਾਂ ਪ੍ਰਧਾਨ ਰਹੇ ਹਨ।ਉਨ੍ਹਾਂ ਕਿਹਾ ਕਿ ਸ਼ੁਭਮ ਸਿੰਗਲਾ ਇਲਾਕੇ ਦੇ ਨੌਜਵਾਨਾਂ ਲਈ ਪ੍ਰੇਰਣਾ ਸਰੋਤ ਬਣ ਕੇ ਉੱਭਰੇ ਹਨ।ਇਸ ਮੌਕੇ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ, ਪਬਲਿਕ ਸੀਨੀਅਰ ਸੈਕੰਡਰੀ ਸਕੂਲ ਕਾਲਜ ਟਰੱਸਟ ਪਾਤੜਾਂ ਦੇ ਚੇਅਰਮੈਨ ਕੀਮਤ ਰਾਏ ਸਿੰਗਲਾ, ਸੀਪੀਆਈ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਕੁਲਵੰਤ ਸਿੰਘ ਮੌਲਵੀਵਾਲਾ, ਸ੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਜਗਮੀਤ ਸਿੰਘ ਹਰਿਆਊ, ਸਰਕਲ ਪ੍ਰਧਾਨ ਗੁਰਦੀਪ ਸਿੰਘ ਖਾਂਗ, ਭਾਜਪਾ ਦੇ ਹਲਕਾ ਇੰਚਾਰਜ ਨਰਾਇਣ ਸਿੰਘ ਨਰਸੋਤ, ਬਾਬੂ ਤਰਸੇਮ ਚੰਦ ਬਾਂਸਲ, ਭੀਮ ਸੈਨ, ਜਸਵਿੰਦਰ ਡਿੰਪਲ, ਮੀਡੀਆ ਕਲੱਬ ਪਾਤੜਾਂ ਦੇ ਪ੍ਰਧਾਨ ਜਗਦੀਸ਼ ਸਿੰਘ ਕੰਬੋਜ, ਭੁਪਿੰਦਰਜੀਤ ਮੌਲਵੀਵਾਲਾ, ਬਲਰਾਮ ਸਿੰਘ ਧੌਂਸਾ, ਕਾਮਰੇਡ ਮੱਖਣ ਸਿੰਘ ਆਦਿ ਨੇ ਪਰਵਾਰ ਨੂੰ ਮੁਬਾਰਕਬਾਦ ਦਿੰਦਿਆਂ ਸ਼ੁਭਮ ਸਿੰਗਲਾ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ ਹੈ।

# ਡਾ. ਰਵਜੋਤ ਸਿੰਘ ਨੇ ਕੰਢੀ ਖੇਤਰ 'ਚ ਮੋਬਾਇਲ ਨੈੱਟਵਰਕ ਸਮੱਸਿਆਵਾਂ ਨੂੰ ਹੱਲ ਕਰਨ ਲਈ ਜਾਰੀ ਕੀਤੀਆਂ ਸਖ਼ਤ ਹਦਾਇਤਾਂ

**ਹੁਸ਼ਿਆਰਪੁਰ (ਓ ਪੀ ਰਾਣਾ)** ਸਥਾਨਕ ਸਰਕਾਰਾਂ ਮੰਤਰੀ ਡਾ. ਰਵਜੋਤ ਸਿੰਘ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸ਼ਾਮਚੁਰਾਸੀ ਵਿਧਾਨ ਸਭਾ ਹਲਕੇ ਅਧੀਨ ਆਉਂਦੇ ਕੰਢੀ ਖੇਤਰ ਦੇ ਸਰਪੰਚਾਂ ਨਾਲ ਇਕ ਮਹੱਤਵਪੂਰਨ ਮੀਟਿੰਗ ਕੀਤੀ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਵੀ ਇਸ ਮੌਕੇ ਮੌਜੂਦ ਸਨ।ਮੀਟਿੰਗ ਦਾ ਮੁੱਖ ਉਦੇਸ਼ ਕੰਢੀ ਖੇਤਰ ਦੇ ਪਿੰਡ ਵਾਸੀਆਂ ਵੱਲੋਂ ਉਠਾਏ ਗਏ ਲੰਬੇ ਸਮੇਂ ਤੋਂ ਚੱਲ ਰਹੇ ਮੁੱਦਿਆਂ ਨੂੰ ਹੱਲ ਕਰਨਾ ਸੀ। ਕੈਬਨਿਟ ਮੰਤਰੀ ਨੇ ਇਸ ਗੱਲ ਨੂੰ ਗੰਭੀਰਤਾ ਨਾਲ ਲਿਆ ਕਿ ਕੰਢੀ ਦੇ ਲੋਕ ਖਾਸ ਤੌਰ 'ਤੇ ਮੋਬਾਇਲ ਨੈੱਟਵਰਕ ਦੀ ਘਾਟ ਦੀ ਸਮੱਸਿਆ ਦਾ ਸਾਹਮਣਾ ਕਰ ਰਹੇ ਹਨ।ਇਸ ਸਬੰਧ ਵਿੱਚ ਬੀ.ਐਸ.ਐਨ.ਐਲ ਅਤੇ ਹੋਰ ਨਿੱਜੀ ਟੈਲੀਕਾਮ ਕੰਪਨੀਆਂ ਦੇ ਅਧਿਕਾਰੀਆਂ ਨੂੰ ਸਥਿਤੀ ਦਾ ਜਾਇਜ਼ਾ ਲੈਣ ਲਈ ਬੁਲਾਇਆ ਗਿਆ ਸੀ। ਉਨ੍ਹਾਂ ਨੇ ਅਧਿਕਾਰੀਆਂ ਨੂੰ ਨੈੱਟਵਰਕ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨ ਦੇ ਸਪੱਸ਼ਟ ਨਿਰਦੇਸ਼ ਦਿੱਤੇ ਤਾਂ ਜੋ ਪਿੰਡ ਵਾਸੀਆਂ ਨੂੰ ਕਿਸੇ ਵੀ ਸੰਚਾਰ ਮੁਸ਼ਕਿਲ ਦਾ ਸਾਹਮਣਾ ਨਾ ਕਰਨਾ ਪਵੇ।ਡਾ. ਰਵਜੋਤ ਸਿੰਘ ਨੇ ਕਿਹਾ ਕਿ ਪਿੰਡਾਂ ਦੇ ਲੋਕਾਂ ਦੇ ਸਮਾਜਿਕ-ਆਰਥਿਕ ਵਿਕਾਸ ਲਈ ਮੋਬਾਇਲ ਨੈੱਟਵਰਕ ਵਰਗਾ ਬੁਨਿਆਦੀ ਢਾਂਚਾ ਬਹੁਤ ਜ਼ਰੂਰੀ ਹੈ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਇਨ੍ਹਾਂ ਸਮੱਸਿਆਵਾਂ ਦੇ ਸਥਾਈ ਹੱਲ ਯਕੀਨੀ ਬਣਾਏ ਜਾਣ ਅਤੇ ਕਾਰਵਾਈ ਵਿੱਚ ਕਿਸੇ ਵੀ ਤਰ੍ਹਾਂ ਦੀ ਦੇਰੀ ਤੋਂ ਬਚਿਆ ਜਾਵੇ।ਮੀਟਿੰਗ ਵਿੱਚ ਸ਼ਾਮਲ ਪਿੰਡਾਂ ਦੇ ਹੋਰ ਸਥਾਨਕ ਮੁੱਦਿਆਂ 'ਤੇ ਵੀ ਵਿਸਥਾਰ ਵਿੱਚ ਚਰਚਾ ਕੀਤੀ ਗਈ। ਕੈਬਨਿਟ ਮੰਤਰੀ ਨੇ ਸਬੰਧਤ ਵਿਭਾਗਾਂ ਨੂੰ ਇਨ੍ਹਾਂ ਮੁੱਦਿਆਂ ਦੇ ਹੱਲ ਲਈ ਠੋਸ ਕਦਮ ਚੁੱਕਣ ਦੇ ਨਿਰਦੇਸ਼ ਦਿੱਤੇ।ਡਾ. ਰਵਜੋਤ ਨੇ ਕਿਹਾ ਕਿ ਪ੍ਰਸ਼ਾਸਨ ਅਤੇ ਜਨਤਕ ਨੁਮਾਇੰਦਿਆਂ ਵਿਚਕਾਰ ਤਾਲਮੇਲ ਹੀ ਵਿਕਾਸ ਕਾਰਜਾਂ ਨੂੰ ਤੇਜ਼ ਕਰ ਸਕਦਾ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਸੂਬਾ ਸਰਕਾਰ ਪੇਂਡੂ ਖੇਤਰਾਂ ਦੇ ਵਿਕਾਸ ਅਤੇ ਜਨਤਕ ਸਮੱਸਿਆਵਾਂ ਦੇ ਹੱਲ ਲਈ ਵਚਨਬੱਧ ਹੈ।

# ਕਾਂਗਰਸ ਵੱਲੋਂ ਮੇਹਲੀ ਵਿਖੇ ਸ਼ੁਕਰਾਨਾ ਸਮਾਗਮ



**ਬੰਗਾ (ਅਵਤਾਰ ਕਲੇਰ)** ਬਲਾਕ ਸੰਮਤੀ ਚੋਣਾਂ ਵਿੱਚ ਮੇਹਲੀ ਜੋਨ ਤੋਂ ਕਾਂਗਰਸ ਪਾਰਟੀ ਦੇ ਉਮੀਦਵਾਰ ਬੀਬੀ ਰਜਨੀ ਦੇਵੀ ਜੇਤੂ ਰਹੇ।ਇਸ ਜਿੱਤ ਦੀ ਖੁਸ਼ੀ ਵਿੱਚ ਗੁਰਦੁਆਰਾ ਬਾਬਾ ਫਲਾਈਆਂ ਮੇਹਲੀ ਵਿਖੇ ਸ਼ੁਕਰਾਨਾ ਸਮਾਗਮ ਕਰਵਾਇਆ ਗਿਆ।ਸ੍ਰੀ ਸੁਖਮਨੀ ਸਾਹਿਬ ਜੀ ਦੇ ਭੋਗ ਪਾਏ ਗਏ। ਸਤਵੀਰ ਸਿੰਘ ਪੱਲੀ ਝਿੱਕੀ ਸਾਬਕਾ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਕਮੇਟੀ, ਕਮਲਜੀਤ ਬੰਗਾ ਸਾਬਕਾ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਰਜਿੰਦਰ ਸ਼ਰਮਾ, ਅਮਰਜੀਤ ਕਲਸੀ, ਹਰਬੰਤ ਸਿੰਘ ਮਕਸੂਦਪੁਰ, ਦਰਵਜੀਤ ਸਿੰਘ ਪੂਨੀਆਂ, ਬੀਬੀ ਬਿਮਲਾ ਦੇਵੀ ਮੈਂਬਰ ਜ਼ਿਲ੍ਹਾ ਪ੍ਰੀਸ਼ਦ ਵਿਸ਼ੇਸ਼ ਤੌਰ 'ਤੇ ਪਹੁੰਚੇ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਤਵੀਰ ਸਿੰਘ ਪੱਲੀ ਝਿੱਕੀ ਅਤੇ ਕਮਲਜੀਤ ਬੰਗਾ ਨੇ ਕਿਹਾ ਕਿ ਲੋਕਾਂ ਦਾ ਝੁਕਾਅ ਕਾਂਗਰਸ ਪਾਰਟੀ ਵੱਲ ਹੈ। 2027 ਦੀਆਂ ਵਿਧਾਨ ਸਭਾ ਚੋਣਾਂ ਚ ਪੰਜਾਬ ਵਿੱਚ ਕਾਂਗਰਸ ਪਾਰਟੀ ਦੀ ਸਰਕਾਰ ਬਣੇਗੀ। ਉਹਨਾਂ ਵੋਟਰਾਂ ਅਤੇ ਸਪੋਟਰਾਂ ਦਾ ਧੰਨਵਾਦ ਕੀਤਾ।ਇਸ ਮੌਕੇ ਪ੍ਰੇਮ ਬੱਧਣ, ਬੀਬੀ ਰਜਨੀ ਦੇਵੀ ਸੰਮਤੀ ਮੈਂਬਰ, ਸੁਰਿੰਦਰ ਪਾਲ ਸਾਬਕਾ ਸਰਪੰਚ, ਸੁਰਿੰਦਰ ਪਾਲ ਸਰਪੰਚ ਜੰਡਿਆਲੀ, ਪਰਵਿੰਦਰ ਸਿੰਘ ਸਾਬਕਾ ਸਰਪੰਚ ਬਹੂਆ, ਨਰੰਜਣ ਦਾਸ ਮੇਹਲੀ,ਓਮ ਪ੍ਰਕਾਸ਼ ਬੱਧਣ, ਅਮਨਦੀਪ ਸਿੰਘ, ਬਲਿਹਾਰ ਸਿੰਘ, ਗੁਰਸ਼ਰਨ ਕੌਰ ਪੰਚ, ਸੀਮਾ ਸ਼ਰਮਾ ਪੰਚ , ਜਸਵਿੰਦਰ ਕੌਰ ਪੰਚ, ਵਿੱਦਿਆ ਦੇਵੀ ਪੰਚ, ਜਗਪਾਲ ਸਿੰਘ, ਸੁਰਜੀਤ ਸਿੰਘ ਇੰਸਪੈਕਟਰ, ਪਰਮਿੰਦਰ ਸਿੰਘ, ਹਰਮੇਸ਼ ਚੰਦਰ ਪਾਸਟਰ, ਜਗਦੀਸ਼ ਕੌਰ ਸਾਬਕਾ ਸਰਪੰਚ, ਅਮਨਪ੍ਰੀਤ ਸਰਪੰਚ ਬਹੂਆ, ਸ਼ੇਰਵਿੰਦਰ ਸਿੰਘ, ਮਹਾਂਵੀਰ ਸਿੰਘ, ਬਲਵਿੰਦਰ ਕੁਮਾਰ ਸਾਬਕਾ ਸਰਪੰਚ ਬੁਰਜ, ਬੀਬੀ ਸੁਨੀਤਾ ਬੁਰਜ, ਗੁਰਦੀਪ ਸਿੰਘ ਦੀਪਾ ਆਦਿ ਹਾਜ਼ਰ ਸਨ।

# ਮਾਨ ਸਰਕਾਰ ਦੇ ਸਿੱਖਿਆ ਸੁਧਾਰਾਂ ਨਾਲ ਸਰਕਾਰੀ ਸਕੂਲ ਸਰਵੋਤਮ ਵਿਦਿਆ ਕੇਂਦਰ ਬਣ ਰਹੇ : ਰੰਧਾਵਾ

**ਡੇਰਾਬੱਸੀ (ਵਿਨੈ ਕੁਮਾਰ ਜੈਨ)** ਪੰਜਾਬ ਸਰਕਾਰ ਵੱਲੋਂ ਸਕੂਲੀ ਸਿੱਖਿਆ ਵਿੱਚ ਵੱਡੇ ਪੱਧਰ 'ਤੇ ਸੁਧਾਰ ਲਈ ਚਲਾਈ ਜਾ ਰਹੀ ਮੋਹਰੀ ਸਿੱਖਿਆ ਯੋਜਨਾ ਤਹਿਤ ਸਕੂਲ ਆਫ਼ ਐਮੀਨੈਂਸ, ਡੇਰਾਬੱਸੀ ਵਿੱਚ ਕਰਵਾਈ ਗਈ ਮੈਗਾ ਮਾਪੇ-ਅਧਿਆਪਕ ਮਿਲਣੀ (ਪੀ ਟੀ ਐਮ) ਡੇਰਾਬੱਸੀ ਦੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਲਈ ਯਾਦਗਾਰ ਅਤੇ ਪ੍ਰੇਰਕ ਪਲ ਬਣ ਗਈ, ਜਦੋਂ ਉਨ੍ਹਾਂ ਨੇ ਆਪਣੇ ਜੱਦੀ ਸਕੂਲ (ਅਲਮਾ ਮਾਟਰ) ਦਾ ਦੌਰਾ ਕੀਤਾ, ਜਿੱਥੇ ਉਨ੍ਹਾਂ ਨੇ ਆਪਣੀ ਅੱਪਰ ਪ੍ਰਾਈਮਰੀ ਸਿੱਖਿਆ ਹਾਸਲ ਕੀਤੀ ਸੀ।ਮੈਗਾ ਪੀ ਟੀ ਐਮ ਦੌਰਾਨ ਵਿਦਿਆਰਥੀਆਂ, ਮਾਪਿਆਂ ਅਤੇ ਅਧਿਆਪਕਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਰੰਧਾਵਾ ਨੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਦੂਰਦਰਸ਼ੀ ਅਗਵਾਈ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਸਿੱਖਿਆ ਖੇਤਰ ਵਿੱਚ ਲਿਆਂਦੇ ਗਏ ਇਨਕਲਾਬੀ ਸੁਧਾਰਾਂ ਨਾਲ ਸਰਕਾਰੀ ਸਕੂਲਾਂ ਦੀ ਸੂਰਤ ਬਦਲ ਰਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰੀ ਸਕੂਲਾਂ ਨੂੰ ਸਕੂਲ ਆਫ਼ ਐਮੀਨੈਂਸ ਵਜੋਂ ਵਿਕਸਿਤ ਕਰਨਾ ਸਰਕਾਰ ਦੀ ਗੁਣਵੱਤਾ ਭਰੀ, ਸਮੇਂ ਦੀ ਬਦਲਦੀ ਲੋੜ



ਮੁਤਾਬਕ ਅਤੇ ਮੁੱਲ ਅਧਾਰਿਤ ਸਿੱਖਿਆ ਪ੍ਰਤੀ ਪੱਕੀ ਵਚਨਬੱਧਤਾ ਦਾ ਪ੍ਰਤੀਕ ਹੈ।ਵਿਧਾਇਕ ਰੰਧਾਵਾ ਨੇ ਵਿਦਿਆਰਥੀਆਂ ਦੀ ਕਾਬਲੀਅਤ, ਆਤਮ-ਵਿਸ਼ਵਾਸ ਅਤੇ ਅਨੁਸ਼ਾਸਨ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਨਵੀਂ ਪੀੜ੍ਹੀ ਦੇ ਬੱਚੇ ਅਕਾਦਮਿਕ ਅਤੇ ਸਹ-ਪਾਠਕਰਮੀ ਗਤੀਵਿਧੀਆਂ ਵਿੱਚ ਨਵੇਂ ਮਿਆਰ ਸਥਾਪਤ ਕਰ ਰਹੇ ਹਨ। ਉਨ੍ਹਾਂ ਸਕੂਲ ਵਿੱਚ ਉਪਲਬਧ ਆਧੁਨਿਕ ਢਾਂਚੇ, ਬਿਹਤਰ ਸਿੱਖਣ ਮਾਹੌਲ ਅਤੇ ਨਵੀਨਤਮ ਅਧਿਆਪਨ ਤਰੀਕਿਆਂ 'ਤੇ ਸੰਤੋਖ ਪ੍ਰਗਟਾਇਆ।ਮਾਪਿਆਂ ਨੂੰ ਸੰਬੋਧਨ ਕਰਦਿਆਂ ਵਿਧਾਇਕ ਨੇ ਜ਼ੋਰ ਦੇ ਕੇ ਕਿਹਾ ਕਿ ਬੱਚਿਆਂ ਦੇ ਸਮੂਹਿਕ ਵਿਕਾਸ ਵਿੱਚ ਮਾਪਿਆਂ ਦੀ ਸਰਗਰਮ ਭੂਮਿਕਾ ਨਿਰਣਾਇਕ ਹੁੰਦੀ ਹੈ। ਉਨ੍ਹਾਂ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਅਧਿਆਪਕਾਂ ਦੇ ਯਤਨਾਂ ਵਿੱਚ ਪੂਰਾ ਸਹਿਯੋਗ ਦੇਣ ਤਾਂ ਜੋ ਬੱਚਿਆਂ ਨੂੰ ਗੁਣਵੱਤਾ ਭਰੀ ਸਿੱਖਿਆ ਦੇ ਨਾਲ-ਨਾਲ ਚੰਗੇ ਸੰਸਕਾਰ ਵੀ ਪ੍ਰਦਾਨ ਕੀਤੇ ਜਾ ਸਕਣ।ਉਨ੍ਹਾਂ ਕਿਹਾ ਕਿ ਮਾਪੇ ਅਤੇ ਅਧਿਆਪਕਾਂ ਵਿਚਕਾਰ ਮਜ਼ਬੂਤ ਸਾਂਝ ਬੱਚਿਆਂ ਦੇ ਭਵਿੱਖ ਦੀ ਮਜ਼ਬੂਤ ਨੀਂਹ ਰੱਖਦੀ ਹੈ।ਮੈਗਾ ਪੀ ਟੀ ਐਮ ਵਿੱਚ ਵੱਡੀ ਗਿਣਤੀ ਵਿੱਚ ਮਾਪਿਆਂ, ਅਧਿਆਪਕਾਂ ਅਤੇ ਵਿਦਿਆਰਥੀਆਂ ਦੀ ਉਤਸ਼ਾਹਪੂਰਕ ਭਾਗੀਦਾਰੀ ਰਹੀ, ਜਿਸ ਨਾਲ ਸਕੂਲ-ਸਮੁਦਾਇਕ ਸਾਂਝ ਨੂੰ ਮਜ਼ਬੂਤ ਬਣਾਉਣ ਅਤੇ ਹਰ ਬੱਚੇ ਲਈ ਗੁਣਵੱਤਾ ਭਰੀ ਸਿੱਖਿਆ ਯਕੀਨੀ ਬਣਾਉਣ ਦੇ ਉਦੇਸ਼ ਨੂੰ ਹੋਰ ਬਲ ਮਿਲਿਆ।

# ਫਿਲੌਰ ਦਾ ਬੱਸ ਅੱਡਾ ਇੱਕ ਥਾਂ ਨਾ ਹੋਣ ਕਾਰਨ ਲੋਕਾਂ ਦੀ ਹੋ ਰਹੀ ਖੱਜਲ-ਖੁਆਰੀ

**ਫਿਲੌਰ (ਨਿਰਮਲ)** ਫਿਲੌਰ ਵਿਖੇ ਅੱਜ ਕੱਲ੍ਹ ਚਾਰ ਥਾਵਾਂ 'ਤੇ ਬੱਸ ਸਟੈਂਡ ਬਣੇ ਹੋਏ ਹਨ, ਜਿਸ ਕਾਰਨ ਲੋਕ ਬਹੁਤ ਦੁਖੀ ਹਨ ਖਾਸ ਕਰਕੇ ਵਿਦੇਸ਼ਾਂ ਤੋਂ ਆਉਣ ਵਾਲੇ ਐਨ ਆਰ ਆਈ ਜਲੰਧਰ ਨੂੰ ਜਾਣ



ਵਾਲੀਆਂ ਬੱਸਾਂ ਲਈ ਹੋਰ ਅੱਡਾ ਹੈ, ਲੁਧਿਆਣਾ ਲਈ ਹੋਰ ਨਵਾਂਸ਼ਹਿਰ ਲਈ ਹੋਰ ਅਤੇ ਨੂਰਮਹਿਲ, ਨਕੋਦਰ ਜਾਣ ਲਈ ਹੋਰ ਥਾਂ ਬੱਸ ਅੱਡੇ ਬਣੇ ਹੋਏ ਹਨ, ਜਿਸ ਕਾਰਨ ਇਲਾਕਾ ਨਿਵਾਸੀ ਬੇਹਦ ਪ੍ਰਸ਼ਾਨ ਤੇ ਦੁਖੀ ਹਨ। ਲੋਕਾਂ ਦੀ ਮੰਗ ਹੈ ਕਿ ਫਿਲੌਰ ਦੇ ਚਾਰੇ ਬੱਸ ਅੱਡੇ ਬੰਦ ਕਰਕੇ ਇੱਕੋ ਥਾਂ ਅੱਡਾ ਬਣਾਇਆ ਜਾਵੇ ਤਾਂ ਜੋ ਵਿਦੇਸ਼ਾਂ ਤੋਂ ਆਉਣ ਵਾਲੇ ਐਨ ਆਰ ਆਈ ਅਤੇ ਹੋਰ ਯਾਤਰੀ ਪ੍ਰੇਸ਼ਾਨੀ ਤੋਂ ਬਚ ਸਕਣ ਖੱਜਲ ਖੁਆਰੀ ਬੰਦ ਹੋ ਸਕੇ। 35 ਲੱਖ ਲਾਇਆ ਕਿਸੇ ਕੰਮ ਨਾ ਆਇਆ ਅੱਜ ਤੋਂ ਲਗਭਗ 30-35 ਸਾਲ ਪਹਿਲਾਂ 35 ਲੱਖ ਰੁਪਏ ਦੀ ਲਾਗਤ ਨਾਲ ਫਿਲੌਰ ਵਿਖੇ ਉਸ ਮੌਕੇ ਦੀ ਅਕਾਲੀ ਸਰਕਾਰ ਦੇ ਸਰਵਣ ਸਿੰਘ ਫਿਲੌਰ ਸਾਬਕਾ ਮੰਤਰੀ ਅਕਾਲੀਦਲ ਦੀ ਦੇਖ ਰੇਖ ਵਿੱਚ ਸਾਬਕਾ ਅਕਾਲੀ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਵੱਲੋਂ ਮਨਜ਼ੂਰ ਗਰਾਂਟ ਨਾਲ ਬਣਾਇਆ ਸੀ ਜੋ ਅੱਜ ਕੱਲ ਕਾਮਯਾਬ ਨਹੀਂ ਹੋਇਆ ਬੱਸ ਅੱਡਾ ਬੰਦ ਪਿਆ ਹੈ ਲੋਕ ਕਹਿ ਰਹੇ ਹਨ 35 ਲੱਖ ਲਾਇਆ ਕਿਸੇ ਕੰਮ ਨਹੀਂ ਆਇਆ। ਵੱਖ ਵੱਖ ਸਿਆਸੀ ਪਾਰਟੀਆਂ ਦੇ ਆਗੂਆਂ ਸਮਾਜ ਸੇਵਕ ਧਾਰਮਿਕ ਸੰਸਥਾਵਾਂ ਜੋਰ ਲਾ ਕੇ ਹਾਰ ਹੰਭ ਕੇ ਬੈਠ ਗਈਆਂ ਹਨ ਇਸ ਵਕਤ ਫਿਲੌਰ ਸ਼ਹਿਰ ਦੇ ਇਲਾਕਾ ਨਿਵਾਸੀਆਂ ਦੀ ਇੱਕੋ ਇੱਕ ਮੰਗ ਹੈ ਕਿ ਬੰਦ ਪਏ ਬੱਸ ਅੱਡੇ ਨੂੰ ਚਾਲੂ ਕਰਵਾਇਆ ਜਾਵੇ।

# ਖੂਨਦਾਨ ਕੈਂਪ ਲਾਏ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**- ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ (ਡੀ.ਐਲ.ਐੱਸ.ਏ.), ਐੱਸ.ਏ.ਐੱਸ. ਨਗਰ ਵੱਲੋਂ ਯੂਥ ਅਗੇਂਸਟ ਡਰੱਗਜ਼ ਮੁਹਿੰਮ ਤਹਿਤ ਜ਼ਿਲ੍ਹਾ ਅਤੇ ਸੈਸ਼ਨ ਜੱਜ ਐੱਸ ਏ ਐੱਸ ਨਗਰ ਅਤੁਲ ਕਸਾਨਾ ਦੀ ਅਗਵਾਈ ਹੇਠ



ਜੁਡੀਸ਼ਲ ਕੋਰਟ ਕੰਪਲੈਕਸ, ਐੱਸ ਏ ਐੱਸ ਨਗਰ ਅਤੇ ਸਬ-ਡਿਵਿਜ਼ਨਲ ਕੋਰਟ, ਡੇਰਾਬੱਸੀ ਵਿਖੇ ਖੂਨਦਾਨ ਕੈਂਪਾਂ ਦਾ ਆਯੋਜਨ ਕੀਤਾ ਗਿਆ। ਇਨ੍ਹਾਂ ਕੈਂਪਾਂ ਵਿੱਚ ਨਿਆਇਕ ਅਧਿਕਾਰੀਆਂ, ਅਦਾਲਤੀ ਸਟਾਫ਼ ਅਤੇ ਬਾਰ ਐਸੋਸੀਏਸ਼ਨ, ਐੱਸ.ਏ.ਐੱਸ. ਨਗਰ ਦੇ ਮੈਂਬਰਾਂ ਵੱਲੋਂ ਉਤਸ਼ਾਹ ਨਾਲ ਖੂਨਦਾਨ ਕੀਤਾ ਗਿਆ। ਖੂਨ ਦਾਨ ਕਰਨ ਵਾਲੇ ਦਾਨੀਆਂ ਨੂੰ ਉਨ੍ਹਾਂ ਦੀ ਮਨੁੱਖੀ ਸੇਵਾ ਲਈ ਜ਼ਿਲ੍ਹਾ ਅਤੇ ਸੈਸ਼ਨ ਜੱਜ ਵੱਲੋਂ ਸਨਮਾਨਿਤ ਕੀਤਾ ਗਿਆ। ਐੱਸ ਏ ਐਸ ਨਗਰ ਅਤੇ ਡੇਰਾਬੱਸੀ ਵਿਖੇ ਲਗਾਏ ਗਏ ਦੋਵੇਂ ਕੈਂਪਾਂ ਦੌਰਾਨ ਕੁੱਲ 100 ਯੂਨਿਟ ਖੂਨ ਇਕੱਠਾ ਕੀਤਾ ਗਿਆ।

# 'ਏਕ ਭਾਰਤ ਸ੍ਰੇਸ਼ਠ ਭਾਰਤ' ਰਾਜ ਪੱਧਰ ਦੇ ਮੁਕਾਬਲੇ 'ਚ ਸੰਜਨਾ ਲੋਕ ਨਾਚ ਮੁਕਾਬਲੇ 'ਚ ਪਹਿਲੇ ਸਥਾਨ 'ਤੇ



**ਮੋਹਾਲੀ (ਗੁਰਜੀਤ ਬਿੱਲਾ)** ਸਮਗਰਾ ਸਿੱਖਿਆ ਅਧੀਨ ਭਾਰਤ ਵਿੱਚ ਵਿਦਿਆਰਥੀਆਂ ਨੂੰ ਦੂਜੇ ਪ੍ਰਦੇਸ਼ਾਂ ਦੇ ਸੱਭਿਆਚਾਰ, ਸੰਸਕ੍ਰਿਤੀ, ਵਿਰਸੇ ਨਾਲ ਜੋੜਨ ਦੇ ਮੰਤਵ ਨਾਲ ਇਸ ਸਾਲ ਭਾਰਤ ਸਰਕਾਰ ਵੱਲੋਂ 2025-26 ਵਿੱਚ 'ਏਕ ਭਾਰਤ ਸ੍ਰੇਸ਼ਠ ਭਾਰਤ ਰਾਜ' ਪੱਧਰ ਦੇ ਮੁਕਾਬਲੇ ਕਰਵਾਏ ਗਏ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸਕੂਲ ਦੀ ਮੁੱਖ ਅਧਿਆਪਕਾ ਸ੍ਰੀਮਤੀ ਕਿਰਨ ਕੁਮਾਰੀ ਨੇ ਦੱਸਿਆ ਕਿ ਜਿਨ੍ਹਾਂ ਵਿੱਚ ਜਿਲ੍ਹਾ ਸਾਹਿਬਜਾਦਾ ਅਜੀਤ ਸਿੰਘ ਨਗਰ ਦੀ ਸਰਕਾਰੀ ਹਾਈ ਸਕੂਲ ਦਾਊਂ ਦੀ ਦਸਵੀਂ ਜਮਾਤ ਦੀ ਵਿਦਿਆਰਥਣ ਸੰਜਨਾ ਨੇ 9ਵੀਂ ਤੋਂ 12ਵੀਂ ਦੇ ਗਰੁੱਪ ਵਿੱਚ ਲੋਕ ਨਾਚ ਮੁਕਾਬਲੇ ਵਿੱਚ ਪਹਿਲਾ ਸਥਾਨ ਜਿੱਤ ਕੇ ਸਕੂਲ ਦਾਊਂ ਦਾ ਨਾਂਅ, ਜ਼ਿਲ੍ਹੇ ਦਾ ਨਾਂਅ ਰਾਜ ਵਿੱਚ ਰੌਸ਼ਨ ਕੀਤਾ। ਵਿਦਿਆਰਥਣ ਸੰਜਨਾ ਨੇ ਗਾਈਡ ਅਧਿਆਪਕਾ ਸ੍ਰੀਮਤੀ ਕੰਵਲਜੀਤ ਕੌਰ ਆਰਟ ਐਂਡ ਕਰਾਫਟ ਅਤੇ ਸ੍ਰੀਮਤੀ ਅੰਜਲੀ ਜੈਨ ਕੰਪਿਊਟਰ ਫੈਕਲਟੀ ਦੀ ਗਾਈਡੈਂਸ ਵਿੱਚ ਆਂਧਰਾ ਪ੍ਰਦੇਸ਼ ਦੇ ਵਣਜਾਰਾ ਲਾਂਬੜੀ ਬਸਤੀ ਦੇ ਲੋਕ ਨਾਚ ਨੂੰ ਬਹੁਤ ਹੀ ਖੂਬਸੂਰਤੀ ਨਾਲ ਪੇਸ਼ ਕੀਤਾ। ਸਕੂਲ ਦੀ ਇਸ ਜਿੱਤ ਦਾ ਸਿਹਰਾ ਜਿਲ੍ਹਾ ਸਿੱਖਿਆ ਅਫ਼ਸਰ ਡਾਕਟਰ ਗਿੰਨੀ ਦੁੱਗਲ, ਸਕੂਲ ਮੁੱਖ ਅਧਿਆਪਕਾ ਸ੍ਰੀਮਤੀ ਕਿਰਨ ਕੁਮਾਰੀ ਨੂੰ ਜਾਂਦਾ ਹੈ, ਜੋ ਸਕੂਲ ਨੂੰ ਪੜ੍ਹਾਈ ਦੇ ਨਾਲ ਨਾਲ ਸਹਿ-ਵਿੱਦਿਅਕ ਗਤੀਵਿਧੀਆਂ ਨੂੰ ਉਤਸ਼ਾਹਿਤ ਕਰਦੇ ਰਹਿੰਦੇ ਹਨ।

# ਸਵੱਛਤਾ ਸਿਹਤਮੰਦ ਸਮਾਜ ਦਾ ਅਧਾਰ ਹੈ : ਸੀਮਾ ਗੁਪਤਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਭਾਖੜਾ ਬਿਆਸ ਮੈਨੇਜਮੈਂਟ ਬੋਰਡ (ਬੀ ਬੀ ਐਮ ਬੀ) ਰੈਡਕ੍ਰਾਸ ਸੰਸਥਾ ਵੱਲੋਂ ਮੁੱਖ ਇੰਜਨੀਅਰ ਰਾਕੇਸ਼ ਗੁਪਤਾ ਦੇ ਨਿਰਦੇਸ਼ਾਂ ਅਨੁਸਾਰ ਸਮਾਜ ਭਲਾਈ ਦੇ ਆਪਣੇ ਲਗਾਤਾਰ ਯਤਨਾਂ ਤਹਿਤ ਸ਼ਿਵ ਕਲੋਨੀ, ਸੈਕਟਰ 2 ਵਿੱਚ ਲੋੜਵੰਦ ਪਰਵਾਰਾਂ ਦੀਆਂ ਮਹਿਲਾਵਾਂ ਲਈ ਸੈਨੇਟਰੀ ਪੈਡ ਅਤੇ ਪਰਵਾਰਿਕ ਮੈਂਬਰਾਂ ਦੀ ਵਰਤੋਂ ਲਈ ਸਾਬਣਾਂ ਦੀ ਵੰਡ ਕੀਤੀ ਗਈ।ਇਸ ਉਦੇਸ਼ਪੂਰਨ ਕਾਰਜ ਦੀ ਅਗਵਾਈ ਬੀਬੀਐਮਬੀ ਰੈਡ ਕ੍ਰਾਸ ਦੀ ਚੇਅਰਪਰਸਨ ਸ਼੍ਰੀਮਤੀ ਸੀਮਾ ਗੁਪਤਾ ਨੇ ਖੁਦ ਕੀਤੀ ਅਤੇ ਉਨ੍ਹਾਂ ਨੇ ਮਹਿਲਾਵਾਂ ਨਾਲ ਸਿੱਧਾ ਸੰਵਾਦ ਕਰਦਿਆਂ ਸਵੱਛਤਾ ਅਤੇ ਸਿਹਤ ਸਬੰਧੀ ਮਸਲਿਆਂ ਬਾਰੇ ਗੱਲਬਾਤ ਵੀ ਕੀਤੀ। ਉਹਨਾਂ ਆਖਿਆ ਕਿ ਸਵੱਛਤਾ ਹੀ ਸਿਹਤਮੰਦ ਸਮਾਜ ਦਾ ਆਧਾਰ ਹੈ ਅਤੇ ਸਮਾਜ ਵਿੱਚ ਸਵੱਛਤਾ ਪ੍ਰਤੀ ਜਾਗਰੂਕਤਾ ਪੈਦਾ ਕਰਨ ਲਈ ਬੀ ਬੀ ਐਮ ਬੀ ਰੈਡ ਕ੍ਰਾਸ ਇਹ ਉਪਰਾਲੇ ਕਰ ਰਿਹਾ ਹੈ।ਬੀ ਬੀ ਐਮ ਬੀ ਰੈਡ ਕ੍ਰਾਸ ਸੰਸਥਾ ਦੇ ਚੇਅਰ ਪਰਸਨ ਮੁੱਖ ਇੰਜੀਨੀਅਰ ਸ੍ਰੀ ਰਾਕੇਸ਼ ਗੁਪਤਾ ਦੇ ਧਰਮ ਪਤਨੀ ਹਨ।ਇਸ ਮੌਕੇ ਬੀ ਬੀ ਐਮ ਬੀ ਰੈਡ ਕ੍ਰਾਸ ਦੇ ਸਕੱਤਰ ਨਿਗਰਾਨ ਇੰਜੀਨੀਅਰ ਮਨਵੀਨ ਚੌਧਰੀ ਵੀ ਉਨ੍ਹਾਂ ਦੇ ਨਾਲ ਹਾਜ਼ਰ ਸਨ।ਉਨ੍ਹਾਂ ਨੇ ਇਸ ਤਰ੍ਹਾਂ ਦੇ ਸਮਾਜਿਕ ਕਾਰਜਾਂ ਦੀ ਸਫਲਤਾ ਵਿੱਚ ਸਥਾਨਕ ਲੋਕਾਂ ਦੀ



ਭਾਗੀਦਾਰੀ ਦੀ ਮਹੱਤਤਾ ਉਤੇ ਜ਼ੋਰ ਦਿੱਤਾ।ਸ਼੍ਰੀਮਤੀ ਗੁਪਤਾ ਨੇ ਦੱਸਿਆ ਕਿ ਬੀ ਬੀ ਐਮ ਬੀ ਰੈਡ ਕ੍ਰਾਸ ਭਵਿੱਖ ਵਿੱਚ ਵੀ ਸਿਹਤ, ਸਵੱਛਤਾ, ਸਿੱਖਿਆ ਅਤੇ ਸਮਾਜਿਕ ਸਹਾਇਤਾ ਨਾਲ ਜੁੜੇ ਹੋਰ ਕਈ ਕਾਰਜ ਲਾਗੂ ਕਰਦੀ ਰਹੇਗੀ। ਉਨ੍ਹਾਂ ਨੇ ਮਾਹਵਾਰੀ ਦੌਰਾਨ ਸੈਨੇਟਰੀ ਪੈਡ ਦੀ ਸਹੀ ਵਰਤੋਂ, ਨਿਯਮਿਤ ਸਫਾਈ, ਸਾਫ਼ ਪਾਣੀ ਦੀ ਵਰਤੋਂ ਅਤੇ ਹੱਥ ਧੋਣ ਦੀਆਂ ਆਦਤਾਂ ਬਾਰੇ ਜਾਗਰੂਕ ਕੀਤਾ।

# ਸ੍ਰੀ ਗੁਰੂ ਨਾਨਕ ਦੇਵ ਚੈਰੀਟੇਬਲ ਸੁਸਾਇਟੀ ਵੱਲੋਂ 27 ਨੂੰ ਮੁਫ਼ਤ ਅੱਖਾਂ ਦਾ ਚੈੱਕਅੱਪ ਕੈਂਪ

**ਜਲੰਧਰ (ਰਾਜੇਸ਼ ਥਾਪਾ)** ਸ੍ਰੀ ਗੁਰੂ ਨਾਨਕ ਦੇਵ ਜੀ ਚੈਰੀਟੇਬਲ ਸੋਸਾਇਟੀ (ਰਜਿ.) ਜਲੰਧਰ ਵੱਲੋਂ ਧੰਨ ਧੰਨ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਮਹਾਰਾਜ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ, ਵਿਸ਼ਾਲ ਮੁਫ਼ਤ ਅੱਖਾਂ ਦਾ ਚੈਕਅਪ ਅਤੇ ਅਪ੍ਰੇਸ਼ਨ ਕੈਂਪ ਲਗਾਇਆ ਜਾ ਰਿਹਾ ਹੈ। ਸੰਸਥਾ ਹਰ ਸਾਲ ਕਈ ਤਰ੍ਹਾਂ ਦੇ ਮੈਡੀਕਲ ਕੈਂਪ ਅਤੇ ਲੋੜਵੰਦ ਵਿਦਿਆਰਥੀਆਂ ਲਈ ਕਾਪੀਆਂ, ਬਸਤੇ ਅਤੇ ਫੀਸਾਂ ਦਾ ਪ੍ਰਬੰਧ ਕਰਦੀ ਰਹਿੰਦੀ ਹੈ।ਡਾ. ਗੁਰਵਿੰਦਰ ਸਿੰਘ ਛਾਬੜਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਕੈਂਪ 27 ਦਸੰਬਰ ਦਿਨ ਸ਼ਨੀਵਾਰ ਨੂੰ ਜੰਝਘਰ, ਪਿੰਡ ਨਾਹਲਾਂ, ਜਲੰਧਰ ਵਿਖੇ ਲਗਾਇਆ ਜਾਵੇਗਾ।ਇਸ ਕੈਂਪ ਵਿੱਚ ਮਰੀਜ਼ਾਂ ਦੀ ਰਜਿਸਟ੍ਰੇਸ਼ਨ ਦਾ ਸਮਾਂ ਸਵੇਰੇ 9:30 ਵਜੇ ਹੋਵੇਗਾ।ਇਸ ਕੈਂਪ ਦੌਰਾਨ ਮਰੀਜ਼ਾਂ ਦੀਆਂ ਅੱਖਾਂ ਦਾ ਮੁਫ਼ਤ ਚੈਕਅਪ ਕੀਤਾ ਜਾਵੇਗਾ ਅਤੇ ਲੋੜਵੰਦ ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਵੀ ਦਿੱਤੀਆਂ ਜਾਣਗੀਆਂ। ਜਿਨ੍ਹਾਂ ਮਰੀਜ਼ਾਂ ਨੂੰ ਅਪ੍ਰੇਸ਼ਨ ਦੀ ਲੋੜ ਹੋਵੇਗੀ ਉਨ੍ਹਾਂ ਦੇ ਅਪ੍ਰੇਸ਼ਨ ਮੁਫ਼ਤ ਕੀਤੇ ਜਾਣਗੇ। ਸੋਸਾਇਟੀ ਦੇ ਪ੍ਰਧਾਨ ਡਾ. ਜੀ ਪੀ ਐਸ ਛਾਬੜਾ, ਜਨਰਲ ਸਕੱਤਰ ਸ਼੍ਰੀਮਤੀ ਵੀਨਾ ਅਗਰਵਾਲ, ਮੀਤ ਪ੍ਰਧਾਨ ਡਾ. ਕੰਵਲਜੀਤ ਕੌਰ ਗਿੱਲ ਅਤੇ ਖਜ਼ਾਨਚੀ ਪ੍ਰਵੀਨ ਰਾਮਦਾਸੀਆ ਨੇ ਇਲਾਕਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਕੈਂਪ ਵਿੱਚ ਪਹੁੰਚ ਕੇ ਆਪਣੀਆਂ ਅੱਖਾਂ ਦੀ ਜਾਂਚ ਕਰਵਾਉਣ ਅਤੇ ਇਸ ਸੇਵਾ ਦਾ ਲਾਭ ਉਠਾਉਣ।

# ਬਿਕਰਮ ਸਿੰਘ ਰੋੜੀ 'ਡੀ ਜੀ ਪੀ ਡਿਸਕ' ਨਾਲ ਸਨਮਾਨਤ

**ਬਲਾਚੌਰ (ਜਸਵਿੰਦਰ ਬੈਂਸ)** ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਪੁਲਸ ਪ੍ਰਸ਼ਾਸਨ ਵਿੱਚ ਉਸ ਸਮੇਂ ਮਾਣ ਵਾਲੀ ਲਹਿਰ ਦੇਖਣ ਨੂੰ ਮਿਲੀ, ਜਦੋਂ ਐਸ ਐਸ ਪੀ ਤੁਸ਼ਾਰ ਗੁਪਤਾ ਵੱਲੋਂ ਸਬ-ਇੰਸਪੈਕਟਰ ਬਿਕਰਮ ਸਿੰਘ ਰੋੜੀ ਜੋ ਕਿ ਬਤੌਰ ਮੁੱਖ ਅਫਸਰ ਥਾਣਾ ਸਦਰ ਬਲਾਚੌਰ



ਵਿੱਚ ਕੰਮ ਕਰ ਰਹੇ ਹਨ ਉਨ੍ਹਾਂ ਦੀਆਂ ਸ਼ਾਨਦਾਰ ਸੇਵਾਵਾਂ ਅਤੇ ਵਧੀਆ ਕਾਰਗੁਜ਼ਾਰੀ ਲਈ 'ਡੀ.ਜੀ.ਪੀ. ਡਿਸਕ' ਨਾਲ ਸਨਮਾਨਿਤ ਕੀਤਾ ਗਿਆ।ਜ਼ਿਕਰਯੋਗ ਹੈ ਕਿ ਸਬ-ਇੰਸਪੈਕਟਰ ਬਿਕਰਮ ਸਿੰਘ ਰੋੜੀ ਨੇ ਆਪਣੀ ਡਿਊਟੀ ਦੌਰਾਨ ਸਮਾਜ ਵਿਰੋਧੀ ਅਨਸਰਾਂ ਖ਼ਿਲਾਫ਼ ਸਖ਼ਤ ਕਾਰਵਾਈ ਕਰਨ ਅਤੇ ਅਮਨ-ਕਾਨੂੰਨ ਦੀ ਸਥਿਤੀ ਨੂੰ ਬਰਕਰਾਰ ਰੱਖਣ ਵਿੱਚ ਅਹਿਮ ਭੂਮਿਕਾ ਨਿਭਾਈ ਹੈ।ਉਨ੍ਹਾਂ ਦੀ ਇਸੇ ਮਿਹਨਤ ਅਤੇ ਇਮਾਨਦਾਰੀ ਨੂੰ ਦੇਖਦੇ ਹੋਏ ਪੰਜਾਬ ਪੁਲਿਸ ਦੇ ਉੱਚ ਅਧਿਕਾਰੀਆਂ ਵੱਲੋਂ ਇਸ ਵੱਕਾਰੀ ਸਨਮਾਨ ਲਈ ਉਨ੍ਹਾਂ ਦੀ ਚੋਣ ਕੀਤੀ ਗਈ ਸੀ।ਇਸ ਮੌਕੇ ਐਸ ਐਸ ਪੀ ਨੇ ਬਿਕਰਮ ਸਿੰਘ ਰੋੜੀ ਨੂੰ ਵਧਾਈ ਦਿੰਦਿਆਂ ਕਿਹਾ ਕਿ ਅਜਿਹੇ ਸਨਮਾਨ ਦੂਜੇ ਮੁਲਾਜ਼ਮਾਂ ਲਈ ਵੀ ਪ੍ਰੇਰਨਾ ਸਰੋਤ ਬਣਦੇ ਹਨ।ਸਬ-ਇੰਸਪੈਕਟਰ ਬਿਕਰਮ ਸਿੰਘ ਰੋੜੀ ਨੇ ਇਸ ਸਨਮਾਨ ਲਈ ਉੱਚ ਅਧਿਕਾਰੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਭਵਿੱਖ ਵਿੱਚ ਵੀ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਜਨਤਾ ਦੀ ਸੇਵਾ ਕਰਦੇ ਰਹਿਣਗੇ।

# ਨਸ਼ੇ ਦੀ ਓਵਰਡੋਜ਼ ਕਾਰਨ ਨੌਜਵਾਨ ਦੀ ਮੌਤ

**ਫਿਲੌਰ (ਨਿਰਮਲ)**- ਫਿਲੌਰ ਜਲੰਧਰ ਬੱਸ ਸਟੈਂਡ ਦੇ ਨੇੜੇ ਰੇਲਵੇ ਲਾਈਨ ਦੇ ਕੋਲ ਕਰੀਬ 30-35 ਸਾਲ ਦਾ ਨੌਜਵਾਨ ਜਿਸ ਦਾ ਨਾਮ ਕ੍ਰਿਸ਼ਨ ਲਾਲ ਉਰਫ ਅਜੇ ਪੁੱਤਰ ਭਜਨ ਲਾਲ (ਵਾਸੀ ਊਨਾ), ਜਿਸਦੀ ਰੇਲਵੇ ਲਾਈਨਾਂ ਦੇ ਕੋਲ ਨਸ਼ੇ ਦੀ ਓਵਰਡੋਜ ਨਾਲ ਮੌਤ ਹੋ ਗਈ ਇਸਦੀ ਬਾਂਹ ਵਿੱਚ ਇੱਕ



ਸਰਿੰਜ ਵੀ ਲੱਗੀ ਹੋਈ ਸੀ। ਓਵਰਡੋਜ ਕਾਰਨ ਮੂੰਹ ਭਾਰ ਡਿੱਗਿਆ ਹੋਇਆ ਸੀ।ਰੇਲਵੇ ਪੁਲਸ ਨੂੰ ਲੋਕਾਂ ਨੇ ਸੂਚਨਾ ਦਿੱਤੀ, ਮੌਕੇ 'ਤੇ ਪਹੁੰਚੇ ਏ ਐਸ ਆਈ ਰਮੇਸ਼ ਪਾਲ, ਪੁਲਸ ਨੇ ਬਾਡੀ ਨੂੰ ਕਬਜ਼ੇ ਵਿੱਚ ਲਾ ਕੇ 72 ਘੰਟੇ ਲਈ ਸ਼ਨਾਖਤ ਲਈ ਸਿਵਲ ਹਸਪਤਾਲ ਫਿਲੌਰ ਵਿੱਚ ਰੱਖ ਦਿੱਤੀ ਗਈ ਹੈ। ਏ. ਐਸ.ਆਈ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸਦਾ ਪੂਰਾ ਪਤਾ ਲਗਵਾ ਕੇ ਇਸਦੇ ਘਰਦਿਆਂ ਨਾਲ ਸੰਪਰਕ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।

# ਬਲਾਕ ਸੰਮਤੀ ਤੇ ਜ਼ਿਲ੍ਹਾ ਪ੍ਰੀਸ਼ਦ ਚੋਣਾਂ 'ਚ ਵੋਟਰਾਂ ਨੇ ਇੱਕ ਵਾਰ ਫਿਰ 'ਆਪ' ਦੇ ਹੱਕ 'ਚ ਦਿੱਤਾ ਫਤਵਾ : ਹਰਜੀ ਮਾਨ



**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)** ਬਲਾਕ ਸੰਮਤੀ ਚੋਣਾਂ 'ਚ ਨਵੇਂ ਚੁਣੇ ਗਏ ਸੰਮਤੀ ਮੈਂਬਰਾਂ ਨੂੰ ਸਥਾਨਕ ਐਸ.ਡੀ.ਐਮ. ਜਸ਼ਨਜੀਤ ਸਿੰਘ ਦੇ ਦਫਤਰ ਵਿਖੇ ਸਰਟੀਫਿਕੇਟ ਵੰਡਣ ਮੌਕੇ ਆਮ ਆਦਮੀ ਪਾਰਟੀ ਦੇ ਸੂਬਾ ਸਪੋਕਸ ਪਰਸਨ ਅਤੇ ਵਿਧਾਨਸਭਾ ਹਲਕਾ ਫਗਵਾੜਾ ਦੇ ਇੰਚਾਰਜ ਹਰਨੂਰ ਸਿੰਘ (ਹਰਜੀ) ਮਾਨ ਵਿਸ਼ੇਸ਼ ਤੌਰ 'ਤੇ ਪਹੁੰਚੇ। ਉਹਨਾਂ ਆਪ ਪਾਰਟੀ ਦੇ ਚੁਣੇ ਗਏ ਸੰਮਤੀ ਮੈਂਬਰਾਂ ਨੂੰ ਸ਼ੁੱਭ ਇੱਛਾਵਾਂ ਦਿੱਤੀਆਂ ਅਤੇ ਲੋਕਾਂ ਦੇ ਨਾਲ ਕੀਤੇ ਵਾਅਦੇ ਪੂਰੇ ਕਰਨ ਲਈ ਪੂਰੀ ਵਾਹ ਲਗਾਉਣ ਦੀ ਅਪੀਲ ਕੀਤੀ।ਹਰਜੀ ਮਾਨ ਨੇ ਕਿਹਾ ਕਿ ਫਗਵਾੜਾ ਸਮੇਤ ਪੂਰੇ ਪੰਜਾਬ ਦੀਆਂ ਬਲਾਕ ਸੰਮਤੀ ਅਤੇ ਜਿਲ੍ਹਾ ਪ੍ਰੀਸ਼ਦ ਚੋਣਾਂ ਦੌਰਾਨ ਵੋਟਰਾਂ ਨੇ ਇੱਕ ਵਾਰ ਫਿਰ ਮੁੱਖ ਮੰਤਰੀ ਭਗਵੰਤ ਮਾਨ ਅਤੇ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਹੱਕ 'ਚ ਫਤਵਾ ਦਿੱਤਾ ਹੈ।ਉਹਨਾਂ ਨੇ ਨਵੇਂ ਚੁਣੇ ਗਏ ਸਮੂਹ ਸੰਮਤੀ ਮੈਂਬਰਾਂ ਨੂੰ ਭਰੋਸਾ ਦਿੱਤਾ ਕਿ ਪਿੰਡਾਂ ਦੇ ਵਿਕਾਸ ਵਿੱਚ ਉਹਨਾਂ ਦੀ ਭੂਮਿਕਾ ਨੂੰ ਪੂਰਾ ਸਤਿਕਾਰ ਦਿੱਤਾ ਜਾਵੇਗਾ। ਪਿੰਡਾਂ ਦੇ ਵਿਕਾਸ ਵਿੱਚ ਕੋਈ ਕਸਰ ਬਾਕੀ ਨਹੀਂ ਰਹਿਣ ਦਿੱਤੀ ਜਾਵੇਗੀ। ਨਾਲ ਹੀ ਉਹਨਾਂ ਕਿਹਾ ਕਿ ਇਹਨਾਂ ਚੋਣਾਂ ਦੇ ਨਤੀਜਿਆਂ ਨੇ ਵਿਰੋਧੀ ਧਿਰਾਂ ਦੇ ਮੂੰਹ ਬੰਦ ਕਰ ਦਿੱਤੇ ਹਨ। ਚੋਣ ਨਤੀਜਿਆਂ ਤੋਂ ਇਹ ਗੱਲ ਵੀ ਸਪਸ਼ਟ ਹੋ ਗਈ ਹੈ ਕਿ 2027 ਵਿੱਚ ਇਕ ਵਾਰ ਫਿਰ ਪੰਜਾਬ ਵਿੱਚ ਭਾਰੀ ਬਹੁਮਤ ਦੇ ਨਾਲ ਆਮ ਆਦਮੀ ਪਾਰਟੀ ਸੱਤਾ ਵਿੱਚ ਵਾਪਸੀ ਕਰਨ ਜਾ ਰਹੀ ਹੈ। ਇਸ ਮੌਕੇ ਉਹਨਾਂ ਦੇ ਨਾਲ ਅਜੇ ਕੁਮਾਰ ਹੈਪੀ, ਬਲਾਕ ਸੰਮਤੀ ਮੈਂਬਰ ਰਜਿੰਦਰ ਕੌਰ, ਜਸਪ੍ਰੀਤ ਸਿੰਘ ਬਿੱਲੂ, ਬਲਾਕ ਸੰਮਤੀ ਮੈਂਬਰ ਗੁਰਪ੍ਰੀਤ ਸਿੰਘ, ਬਲਾਕ ਸੰਮਤੀ ਮੈਂਬਰ ਦਵਿੰਦਰ ਸਿੰਘ, ਬਲਾਕ ਸੰਮਤੀ ਮੈਂਬਰ ਕਮਲ ਕਲਸੀ, ਬਲਾਕ ਸਮਤੀ ਮੈਂਬਰ ਕਮਲੇਸ਼ ਕੌਰ, ਬਲਾਕ ਸੰਮਤੀ ਮੈਂਬਰ ਦੇਸ਼ਰਾਜ ਝੰਮਟ ਤੋਂ ਇਲਾਵਾ ਆਪ ਪਾਰਟੀ ਦੇ ਹੋਰ ਵਰਕਰ ਅਤੇ ਸਮਰਥਕ ਵੀ ਹਾਜਰ ਸਨ।

# ਕੰਪਿਊਟਰ ਅਧਿਆਪਕਾਂ ਤੋਂ ਪੜ੍ਹਾਈ ਦਾ ਕੰਮ ਛੁਡਵਾ ਕੇ ਅਸਲਾ ਲਾਇਸੰਸ ਦੀਆਂ ਐਂਟਰੀਆਂ ਕਰਨ ਦੇ ਹੁਕਮ : ਡੀ ਟੀ ਐੱਫ

**ਚੰਡੀਗੜ੍ਹ (ਗੁਰਜੀਤ ਬਿੱਲਾ)** ਡੈਮੋਕ੍ਰੈਟਿਕ ਟੀਚਰਜ਼ ਫਰੰਟ ਪੰਜਾਬ ਦੇ ਸੂਬਾ ਪ੍ਰਧਾਨ ਵਿਕਰਮਦੇਵ ਸਿੰਘ, ਜਨਰਲ ਸਕੱਤਰ ਮਹਿੰਦਰ ਕੌੜਿਆਂਵਾਲੀ, ਵਿੱਤ ਸਕੱਤਰ ਅਸ਼ਵਨੀ ਅਵਸਥੀ ਅਤੇ ਪ੍ਰੈੱਸ ਸਕੱਤਰ ਪਵਨ ਕੁਮਾਰ ਨੇ ਵਧੀਕ ਜ਼ਿਲ੍ਹਾ ਮੈਜਿਸਟ੍ਰੇਟ ਮੋਗਾ ਵੱਲੋਂ ਕੰਪਿਊਟਰ ਅਧਿਆਪਕਾਂ ਤੋਂ ਪੜ੍ਹਾਈ ਦਾ ਕੰਮ ਛਡਵਾ ਕੇ ਅਸਲਾ ਲਾਇਸੰਸ ਦੇ ਬੈਕਲਾਗ ਦੀ ਡਾਟਾ ਐਂਟਰੀ ਦਾ ਕੰਮ ਕਰਾਉਣ ਤੇ ਸਖ਼ਤ ਇਤਰਾਜ਼ ਜ਼ਾਹਿਰ ਕਰਦਿਆਂ ਕਿਹਾ ਕਿ ਪੰਜਾਬ ਦੇ ਸਕੂਲਾਂ ਵਿੱਚ ਕੰਮ ਕਰਦੇ ਕੰਪਿਊਟਰ ਅਧਿਆਪਕਾਂ ਤੋਂ ਪੂਰਾ ਸਾਲ ਗੈਰ ਵਿੱਦਿਅਕ ਕੰਮ ਲਏ ਜਾਂਦੇ ਹਨ।ਸਿੱਖਿਆ ਕ੍ਰਾਂਤੀ ਅਤੇ ਅਧਿਆਪਕਾਂ ਨੂੰ ਗੈਰ ਵਿੱਦਿਅਕ ਕੰਮਾਂ ਤੋਂ ਛੁਟਕਾਰਾ ਦਿਵਾਉਣ ਦਾ ਦਾਅਵਾ ਕਰਨ ਵਾਲੀ ਪੰਜਾਬ ਸਰਕਾਰ ਨੇ ਅਸਲ ਵਿੱਚ ਸਰਕਾਰੀ ਸਕੂਲਾਂ ਦੇ ਅਧਿਆਪਕਾਂ ਨੂੰ ਪੂਰਾ ਸਾਲ ਹੀ ਗੈਰ ਵਿੱਦਿਅਕ ਕੰਮਾਂ ਵਿੱਚ ਉਲਝਾਈ ਰੱਖਿਆ ਹੈ।ਇੰਨ੍ਹਾਂ ਗੈਰ ਵਿੱਦਿਅਕ ਕੰਮਾਂ ਵਿੱਚ ਬੀ ਐੱਲ ਓ ਦੀ ਡਿਊਟੀ, ਪਰਾਲੀ ਸਾੜਨ ਤੋਂ ਰੋਕਣ ਸਬੰਧੀ ਡਿਊਟੀ, ਸਿੱਖਿਆ ਕ੍ਰਾਂਤੀ ਦੇ ਨਾਂ ਹੇਠ ਕੀਤੇ ਜਾਂਦੇ ਰਾਜਨੀਤਕ ਇਕੱਠ ਲਈ ਜਾਂਦੀਆਂ ਬੱਸਾਂ ਵਿੱਚ ਅਧਿਆਪਕਾਂ ਦੀ ਡਿਊਟੀ ਆਦਿ ਨੇ ਪੰਜਾਬ ਸਰਕਾਰ ਦੇ ਗੈਰ ਵਿੱਦਿਅਕ ਕੰਮਾਂ ਤੋਂ ਛੁਟਕਾਰਾ ਦਿਵਾਉਣ ਦੇ ਝੂਠੇ ਦਾਅਵੇ ਦੀ ਫੂਕ ਕੱਢੀ ਹੋਈ ਹੈ।ਪਿਛਲੇ ਸਾਲਾਂ ਵਿੱਚ ਅਧਿਆਪਕਾਂ ਤੋਂ ਲਏ ਜਾਣ ਵਾਲੇ ਗੈਰ ਵਿੱਦਿਅਕ ਕੰਮਾਂ ਵਿੱਚ ਹੋਏ ਅਥਾਹ ਵਾਧੇ ਕਰਕੇ ਅਤੇ ਅਧਿਆਪਨ ਜਿਹੇ ਸੰਵੇਦਨਸ਼ੀਲ ਕਿੱਤੇ ਨੂੰ ਡਾਟਾ ਐਂਟਰੀ ਕਰਨ ਦੇ ਕਿੱਤੇ ਵਿੱਚ ਤਬਦੀਲ ਕਰਨ ਅਤੇ ਅਧਿਆਪਕਾਂ ਨੂੰ ਸਿੱਖਿਆ ਦੇਣ ਦੇ ਉਨ੍ਹਾਂ ਦੇ ਅਸਲ ਕੰਮ ਤੋਂ ਦੂਰ ਕਰਕੇ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਵਿਦਿਆਰਥੀਆਂ ਦੇ ਭਵਿੱਖ ਨਾਲ ਖਿਲਵਾੜ ਕੀਤਾ ਜਾ ਰਿਹਾ ਹੈ।ਆਗੂਆਂ ਨੇ ਪੰਜਾਬ ਸਰਕਾਰ ਅਤੇ ਇਸਦੇ ਸਿੱਖਿਆ ਵਿਭਾਗ 'ਤੇ ਦੋਸ਼ ਲਾਉਂਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਆਪਣੀ ਹੀ ਕੈਬਨਿਟ ਮੀਟਿੰਗ ਵਿੱਚ ਕੀਤੇ ਫੈਸਲੇ ਅਨੁਸਾਰ ਰਾਜ ਦੀ ਸਿੱਖਿਆ ਨੀਤੀ ਬਣਾਉਣ ਵੱਲ ਕੋਈ ਯਤਨ ਨਹੀਂ ਕੀਤਾ ਜਾ ਰਿਹਾ। ਆਗੂਆਂ ਨੇ ਮੰਗ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਅਧਿਆਪਕਾਂ ਨੂੰ ਸਾਰੀਆਂ ਗੈਰ ਵਿੱਦਿਅਕ ਡਿਊਟੀਆਂ ਤੋਂ ਛੋਟ ਦੇਵੇ, ਆਪਣੀ ਸਿੱਖਿਆ ਨੀਤੀ ਜਾਰੀ ਕਰੇ ਅਤੇ ਸਿੱਖਿਆ ਵਿਭਾਗ ਵਿੱਦਿਅਕ ਸੈਸ਼ਨ ਦੇ ਸ਼ੁਰੂ ਵਿੱਚ ਵਿੱਦਿਅਕ ਕੈਲੰਡਰ ਜਾਰੀ ਕਰੇ।

# ਮਨਰੇਗਾ ਨੂੰ ਬੰਦ ਕਰਨ ਦੇ ਵਿਰੋਧ 'ਚ ਕੇਂਦਰ ਸਰਕਾਰ ਦਾ ਪੁਤਲਾ ਫੂਕਿਆ



**ਬੰਗਾ (ਅਵਤਾਰ ਕਲੇਰ)**- ਦਿਹਾਤੀ ਮਜ਼ਦੂਰ ਸਭਾ ਅਤੇ ਮਨਰੇਗਾ ਵਰਕਰ ਯੂਨੀਅਨ ਵਲੋਂ ਸਾਂਝੇ ਤੌਰ ਤੇ ਪਿੰਡ ਜਗਤਪੁਰ ਅਤੇ ਬਘੌਰਾ ਵਿਖੇ ਰੋਸ ਮੀਟਿੰਗ ਦਿਹਾਤੀ ਮਜ਼ਦੂਰ ਸਭਾ ਦੇ ਸੂਬਾਈ ਆਗੂ ਹਰਪਾਲ ਸਿੰਘ ਜਗਤਪੁਰ ਤੇ ਰੇਸ਼ਮ ਸਿੰਘ ਅਤੇ ਮਨਰੇਗਾ ਸਕੀਮ ਦੀ ਪਿੰਡ ਬਘੌਰਾ ਦੀ ਮੇਟ ਰੇਖਾ ਰਾਣੀ ਤੇ ਜਗਤਪੁਰ ਦੀ ਮੇਟ ਮਨਪ੍ਰੀਤ ਕੌਰ ਨੇ ਸਾਂਝੇ ਤੌਰ ਤੇ ਕੀਤੀ। ਮੀਟਿੰਗ ਦੀ ਸ਼ੁਰੂਆਤ ਗੁਰੂ ਗੋਬਿੰਦ ਸਿੰਘ ਜੀ ਦੇ ਪਰਿਵਾਰ ਅਤੇ ਹੋਰ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਂਟ ਕਰਕੇ ਕੀਤੀ ਗਈ। ਇਸ ਰੋਸ ਮੀਟਿੰਗ ਨੂੰ ਹਰਪਾਲ ਸਿੰਘ ਜਗਤਪੁਰ ਨੇ ਸੰਬੋਧਨ ਕਰਦਿਆਂ ਕੇਂਦਰ ਸਰਕਾਰ ਵੱਲੋਂ ਮਨਰੇਗਾ ਸਕੀਮ ਨੂੰ ਬੰਦ ਕਰਨ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ। ਉਹਨਾਂ ਕੇਂਦਰ ਸਰਕਾਰ ਵਲੋਂ ਗ਼ਰੀਬਾਂ ਨੂੰ ਕੁਝ ਰਾਹਤ ਦੇਂਦੀਆਂ ਸਕੀਮਾਂ ਨੂੰ ਬੰਦ ਕਰਨ ਦੀ ਸਖ਼ਤ ਅਲੋਚਨਾਂ ਕਰਦਿਆਂ ਕਿਹਾ ਕਿ ਅਜਿਹੀਆਂ ਸਕੀਮਾਂ ਦੇ ਬੰਦ ਹੋਣ ਨਾਲ ਅਨੇਕਾਂ ਹੀ ਮੁਸ਼ਕਲਾਂ ਪੈਦਾ ਹੋ ਜਾਣਗੀਆਂ ਅਤੇ ਪਿੰਡਾਂ ਦੇ ਗਰੀਬ ਤੇ ਦਿਹਾਤੀ ਕਿਰਤੀਆਂ ਦਾ ਜਿਊਣਾ ਹੋਰ ਵੀ ਔਖਾ ਹੋ ਜਾਵੇਗਾ,ਦੇਸ਼ ਭਰ ਦੀਆਂ ਮਜ਼ਦੂਰ ਜਥੇਬੰਦੀਆਂ ਤਾਂ ਕਿਰਤ ਕਾਨੂੰਨਾਂ ਵਿੱਚ ਕਿਰਤੀਆਂ ਪੱਖੀ ਸੋਧ ਲਈ ਸੰਘਰਸ਼ਸ਼ੀਲ ਹਨ ਪਰ ਸਰਕਾਰਾਂ ਮਜ਼ਦੂਰ ਵਿਰੋਧੀ ਸੋਧਾਂ ਕਰਕੇ ਦੇਸ਼ ਦੀ ਵੱਡੀ ਗਿਣਤੀ ਅਬਾਦੀ ਨੂੰ ਬਰਬਾਦ ਕਰਨ 'ਤੇ ਤੁਲੀ ਹੋਈ ਹੈ। ਇਸ ਰੋਸ ਮੀਟਿੰਗ ਵਿੱਚ ਗੁਰਮੇਲ ਰਾਮ, ਬਰਿੰਦਰ ਕੌਰ, ਜਸਵਿੰਦਰ ਕੌਰ, ਤਰਸੇਮ ਕੌਰ, ਹਰਪਾਲ ਕੌਰ, ਪਰਮਜੀਤ ਕੌਰ, ਸਿਮਰੋਂ, ਲਕਸ਼ਮੀ, ਮਲਕੀਤ ਕੌਰ, ਨਰਿੰਦਰ ਕੁਮਾਰ,ਜੋਗਾ ਰਾਮ, ਖੈਰਤੀ ਰਾਮ, ਹਰਮੇਸ਼ ਲਾਲ, ਸੁਰਜੀਤ, ਮਨਜੀਤ ਰਾਮ, ਰੇਸ਼ਮ ਲਾਲ, ਮਲਕੀਤ ਰਾਮ ਆਦਿ ਹਾਜ਼ਰ ਸਨ। ਸਭਨਾਂ ਦੀ ਮਜੂਦਗੀ ਵਿੱਚ ਰੋਸ ਵਜੋਂ ਕੇਂਦਰ ਸਰਕਾਰ ਦਾ ਪੁਤਲਾ ਫੂਕਿਆ ਅਤੇ ਨਾਅਰੇਬਾਜੀ ਕੀਤੀ ਗਈ।

# ਜਨਤਾ ਨੇ 'ਆਪ' ਦੀਆਂ ਨੀਤੀਆਂ ਦਾ ਸਮਰਥਨ ਕੀਤਾ : ਸੰਦੀਪ ਸੈਣੀ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਜਨਤਾ ਨੇ 'ਆਪ' ਦੇ ਉਮੀਦਵਾਰਾਂ ਨੂੰ ਜ਼ਿਲ੍ਹਾ ਪਰਿਸ਼ਦ ਅਤੇ ਬਲਾਕ ਕਮੇਟੀਆਂ ਲਈ ਚੁਣ ਕੇ ਆਮ ਆਦਮੀ ਪਾਰਟੀ ਦੀਆਂ ਲੋਕ-ਪੱਖੀ ਅਤੇ ਲੋਕ ਭਲਾਈ ਨੀਤੀਆਂ ਦਾ ਸਮਰਥਨ ਕੀਤਾ ਹੈ, ਜਿਸ ਲਈ 'ਆਪ' ਦੇ ਵਲੰਟੀਅਰ ਅਤੇ ਆਮ ਜਨਤਾ ਦੋਵੇਂ ਵਧਾਈ ਦੇ ਹੱਕਦਾਰ ਹਨ।ਬੈਕਫਿੰਕੋ ਦੇ ਚੇਅਰਮੈਨ ਸੰਦੀਪ ਸੈਣੀ ਨੇ ਇਸ ਮਹੱਤਵਪੂਰਨ ਅਤੇ ਇਤਿਹਾਸਕ ਜਿੱਤ ਲਈ ਧੰਨਵਾਦ ਪ੍ਰਗਟ ਕੀਤਾ। ਉਨ੍ਹਾਂ ਅੱਗੇ ਕਿਹਾ ਕਿ ਇਨ੍ਹਾਂ ਚੋਣਾਂ ਨੂੰ ਪੂਰੀ ਤਰ੍ਹਾਂ ਨਿਰਪੱਖ ਅਤੇ ਪਾਰਦਰਸ਼ੀ ਢੰਗ ਨਾਲ ਕਰਵਾ ਕੇ, ਸਰਕਾਰ ਨੇ ਸਾਬਤ ਕਰ ਦਿੱਤਾ ਹੈ ਕਿ ਚੋਣਾਂ ਜਿੱਤਣ ਲਈ ਸਪੱਸ਼ਟ ਇਰਾਦਿਆਂ ਅਤੇ ਦ੍ਰਿੜ੍ਹ ਇਰਾਦੇ ਦੀ ਲੋੜ ਹੁੰਦੀ ਹੈ, ਜਿਸ ਨਾਲ ਸਰਕਾਰ ਤਰੱਕੀ ਕਰਨ ਅਤੇ ਪ੍ਰਸਿੱਧੀ ਪ੍ਰਾਪਤ ਕਰਨ ਦੇ ਯੋਗ ਹੋਈ ਹੈ, ਅਤੇ ਭਵਿੱਖ ਵਿੱਚ ਵੀ ਅਜਿਹਾ ਕਰਦੀ ਰਹੇਗੀ।ਸ੍ਰੀ ਸੈਣੀ ਨੇ ਕਿਹਾ ਕਿ ਸ਼ੁਰੂ ਤੋਂ ਹੀ ਆਮ ਆਦਮੀ ਪਾਰਟੀ ਨੇ ਜ਼ਮੀਨੀ ਪੱਧਰ 'ਤੇ ਜਨਤਕ ਮੁੱਦਿਆਂ ਨੂੰ ਹੱਲ ਕਰਨ ਅਤੇ ਉਨ੍ਹਾਂ ਨੂੰ ਯੋਜਨਾਬੱਧ ਤਰੀਕੇ ਨਾਲ ਸਫਲ ਬਣਾਉਣ ਦੀ ਨੀਤੀ 'ਤੇ ਕੰਮ ਕੀਤਾ ਹੈ।ਅੱਜ ਜ਼ਿਲ੍ਹਾ ਪਰਿਸ਼ਦ ਅਤੇ ਬਲਾਕ ਕਮੇਟੀਆਂ ਦੀਆਂ ਚੋਣਾਂ ਵਿੱਚ, ਜਨਤਾ ਨੇ ਖੁਦ ਸਾਬਤ ਕਰ ਦਿੱਤਾ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਰਕਾਰ ਨੇ ਪੰਜਾਬ ਦੀ ਬਿਹਤਰੀ ਲਈ ਕੰਮ ਕੀਤਾ ਹੈ ਅਤੇ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਸਰਕਾਰ ਵੱਲੋਂ ਕਈ ਹੋਰ ਭਲਾਈ ਸਕੀਮਾਂ ਸ਼ੁਰੂ ਕੀਤੀਆਂ ਜਾ ਰਹੀਆਂ ਹਨ, ਜਿਨ੍ਹਾਂ ਕਾਰਨ ਪੰਜਾਬ ਦੇ ਵਿਗੜਦੇ ਹਾਲਾਤਾਂ ਨੂੰ ਮੁੜ ਪਟੜੀ 'ਤੇ ਲਿਆਂਦਾ ਜਾਵੇਗਾ।

# ਮਗਨਰੇਗਾ ਬਦਲਾਵ ਖਿਲਾਫ ਅੱਜ ਰੋਸ ਪ੍ਰਦਰਸ਼ਨ

**ਸ੍ਰੀ ਆਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)** ਦੇਸ਼ ਦੀਆਂ ਖੱਬੇ ਪੱਖੀ ਪਾਰਟੀਆਂ ਦੇ ਸੱਦੇ 'ਤੇ ਮੋਦੀ ਸਰਕਾਰ ਵੱਲੋਂ ਮਗਨਰੇਗਾ ਵਿੱਚ ਕੀਤੇ ਗਏ ਬਦਲਾਵ ਦੇ ਖਿਲਾਫ 22 ਦਸੰਬਰ ਨੂੰ ਰੋਸ ਪ੍ਰਦਰਸ਼ਨ ਕਰਨ ਦੇ ਦਿੱਤੇ ਸੱਦੇ ਤਹਿਤ ਵੱਖ-ਵੱਖ ਪਿੰਡਾਂ ਵਿੱਚ ਮਗਨਰੇਗਾ



ਵਰਕਰਾਂ ਦੀਆਂ ਮੀਟਿੰਗਾਂ ਕਰਕੇ ਤਿਆਰੀ ਕੀਤੀ ਗਈ।ਇਹਨਾਂ ਮੀਟਿੰਗਾਂ ਨੂੰ ਸੀ ਪੀ ਆਈ ਐਮ ਦੇ ਸਕੱਤਰੇਤ ਮੈਂਬਰ ਸੁਰਜੀਤ ਸਿੰਘ ਢੇਰ, ਤਹਿਸੀਲ ਕਮੇਟੀ ਮੈਂਬਰ ਨਰਿੰਦਰ ਸਿੰਘ ਮਾਵੀ ਸਮੇਤ ਹੋਰ ਆਗੂਆਂ ਨੇ ਪਿੰਡਾਂ ਵਿੱਚ ਹੋਈਆਂ ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਨੇ ਮਹਾਤਮਾ ਗਾਂਧੀ ਰਾਸ਼ਟਰੀ ਪੇਂਡੂ ਰੁਜ਼ਗਾਰ ਗਰੰਟੀ ਐਕਟ ਮਗਨਰੇਗਾ ਨੂੰ ਮੂਲ ਰੂਪ ਵਿੱਚ ਬਦਲ ਕੇ ਵਿਕਸਿਤ ਭਾਰਤ ਰੋਜ਼ਗਾਰ ਅਤੇ ਅਜੀਵਿਕਾ ਮਿਸ਼ਨ ਗਰਮੀਣ ਬਿੱਲ 2025 (ਵੀ ਬੀ ਜੀ ਰਾਮ ਜੀ) ਬਿੱਲ ਸੰਸਦ ਵਿੱਚ ਪਾਸ ਕਰ ਦਿੱਤਾ ਗਿਆ ਹੈ।ਜੋ ਕਿ ਮਜ਼ਦੂਰ ਕਿਰਤੀ ਵਿਰੋਧੀ ਹੈ।ਇਹ ਮਜ਼ਦੂਰਾਂ ਦੇ ਢਿੱਡ ਵਿੱਚ ਲੱਤ ਮਾਰੇਗਾ। ਇਸ ਨਾਲ ਮਜ਼ਦੂਰਾਂ ਨੂੰ ਮਿਲਣ ਵਾਲਾ ਰੁਜ਼ਗਾਰ ਖੁੱਸ ਜਾਵੇਗਾ।ਇਸ ਮੌਕੇ ਆਗੂਆਂ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਇਸ ਪਾਸ ਕੀਤੇ ਗਏ ਕਾਨੂੰਨ ਖਿਲਾਫ ਪਿੰਡਾਂ ਵਿੱਚ ਵੱਡੀ ਪੱਧਰ 'ਤੇ ਲਾਮਬੰਦੀ ਕਰਕੇ ਵਿਰੋਧ ਕੀਤਾ ਜਾਵੇਗਾ।ਆਗੂਆਂ ਨੇ ਕਿਹਾ ਕਿ ਵੱਡੇ ਪੱਧਰ 'ਤੇ 22 ਦਸੰਬਰ ਨੂੰ ਕੀਤੇ ਜਾ ਰਹੇ ਪ੍ਰਦਰਸ਼ਨ ਦੀ ਤਿਆਰੀ ਕੀਤੀ। ਮੋਦੀ ਸਰਕਾਰ ਦੀ ਅਰਥੀ ਵੀ ਫੂਕੀ ਜਾਵੇਗੀ।

# ਸਿਲਵਰ ਓਕ ਸਕੂਲ 'ਚ ਸਾਲਾਨਾ ਅਥਲੈਟਿਕ ਮੀਟ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਦੀ ਪ੍ਰਮੁੱਖ ਸਿੱਖਿਆ ਸੰਸਥਾ ਸਿਲਵਰ ਓਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਸ਼ਾਹਬਾਜ਼ਪੁਰ ਵਿਖੇ ਸਾਲਾਨਾ ਅਥਲੈਟਿਕ ਮੀਟ 2025 ਸ਼ਾਨਦਾਰ ਢੰਗ ਨਾਲ ਕਰਵਾਈ ਗਈ। ਪ੍ਰਿੰਸੀਪਲ ਮੁਨੀਸ਼ਾ ਸੰਗਰ ਦੀ ਅਗਵਾਈ ਵਿੱਚ ਕਰਵਾਈ ਗਈ ਇਸ ਐਥਲੈਟਿਕ ਮੀਟ ਨੂੰ ਸਕੂਲ ਦੇ ਖੇਡ ਵਿਭਾਗ ਦੇ ਬਲਦੇਵ, ਅਮਰਜੀਤ ਕੌਰ ਸੈਣੀ, ਸੁਰੇਸ਼, ਜਗਬੰਧਨ ਅਤੇ ਹੋਰ ਅਧਿਆਪਕਾਂ ਨੇ ਮਿਲ ਕੇ ਆਯੋਜਿਤ ਕੀਤਾ। ਸਲਾਨਾ ਅਥਲੈਟਿਕ ਮੀਟ ਵਿੱਚ ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਨੇ ਮੁੱਖ ਮਹਿਮਾਨ ਵਜੋਂ ਹਾਜ਼ਰੀ ਭਰੀ। ਪ੍ਰਿੰਸੀਪਲ ਮੁਨੀਸ਼ਾ ਸੰਗਰ ਨੇ ਇਸ ਮੌਕੇ ਤੇ ਦੱਸਿਆ ਕਿ ਇਹ ਖੇਡਾਂ ਸਕੂਲ ਦੇ ਪ੍ਰੀ ਪ੍ਰਾਇਮਰੀ ਵਿੰਗ ਦੀਆਂ ਕਰਵਾਈਆਂ ਜਾ ਰਹੀਆਂ ਹਨ। ਇਹਨਾਂ ਖੇਡਾਂ ਵਿੱਚ ਬੱਚਿਆਂ ਨੇ ਬੜੇ ਜੋਸ਼ ਦੇ ਨਾਲ ਹਿੱਸਾ ਲਿਆ ਅਤੇ ਉਨ੍ਹਾਂ ਦਾ ਹੌਸਲਾ ਵਧਾਉਣ ਬੱਚਿਆਂ ਦੇ ਮਾਪੇ ਹੁਮ-ਹੁਮਾ ਕੇ ਸਕੂਲ ਸਟੇਡੀਅਮ ਦੇ ਵਿੱਚ ਪਹੁੰਚੇ।ਬੱਚਿਆਂ ਦੀਆਂ ਅਲੱਗ ਅਲੱਗ ਤਰ੍ਹਾਂ ਦੀਆਂ ਬਹੁਤ ਹੀ ਦਿਲਚਸਪ ਖੇਡਾਂ ਇਸ ਸਲਾਨਾ ਅਥਲੈਟਿਕ ਮੀਟ ਦੌਰਾਨ ਕਰਵਾਈਆਂ ਗਈਆਂ ਜਿਹਦੇ ਵਿੱਚ ਫਰੋਗ ਰੇਸ, ਕੈਰੀ ਦਾ ਬਾਲ, ਪਿਰਾਮਿਡ ਰੇਸ, ਔਬਸਟੈਕਲ ਰੇਸ ਜਿੱਥੇ ਇਸ ਖੇਡ ਮੇਲੇ ਦਾ ਖਾਸ ਆਸਕਰਸ਼ਣ ਰਹੀਆਂ ਉੱਥੇ ਹੀ ਮਾਪਿਆਂ ਵੱਲੋਂ ਵੀ ਅਲੱਗ ਅਲੱਗ ਗਤੀਵਿਧੀਆਂ ਵਿੱਚ ਹਿੱਸਾ ਲਿਆ ਗਿਆ।ਐਥਲੈਟਿਕ ਮੀਟ ਦੇ ਨਤੀਜਿਆਂ ਦੇ ਵਿੱਚ ਕੈਰੀ ਦਾ ਬਾਲ ਰੇਸ ਵਿੱਚ ਗੁਰਮਨਪ੍ਰੀਤ ਕੌਰ, ਇਬਾਦਤ ਕੌਰ ਅਤੇ ਪ੍ਰਭੂਲੀਨ ਕੌਰ ਕਰਮਵਾਰ ਪਹਿਲੇ ਦੂਜੇ ਅਤੇ ਤੀਜੇ ਸਥਾਨ ਤੇ ਰਹੀਆਂ। ਇਸੇ ਤਰ੍ਹਾਂ ਪਿਰਾਮਿਡ ਰੇਸ ਦੇ ਵਿੱਚ ਏਕਮ ਪ੍ਰੀਤ ਕੌਰ, ਬਾਣੀ ਅਤੇ ਜਸਲੀਨ ਕੌਰ ਕ੍ਰਮਵਾਰ ਪਹਿਲੇ ਦੂਜੇ ਤੇ ਤੀਜੇ ਸਥਾਨ ਤੇ ਰਹੀਆਂ। ਸਲਿਪ ਦਾ ਚੇਅਰ ਰੇਸ ਦੇ ਵਿੱਚ ਸ਼ਹਬਾਜ਼ ਸਿੰਘ, ਨਵਜੋਤ ਸਿੰਘ ਅਤੇ ਕ੍ਰਿਸ਼ਨਾ ਕ੍ਰਮਵਾਰ ਪਹਿਲੇ ਦੂਜੇ ਅਤੇ ਤੀਜੇ ਸਥਾਨ ਤੇ ਰਹੇ।ਨਰਸਰੀ ਕਲਾਸ ਦੀ ਫਰੋਗ ਰੇਸ ਦੇ ਵਿੱਚ ਨਵਲੀਨ, ਨਵਰੂਪ ਅਤੇ ਨਿਮਰਤ ਕ੍ਰਮਵਾਰ ਪਹਿਲੇ ਦੂਜੇ ਤੀਜੇ ਸਥਾਨ 'ਤੇ



ਰਹੀਆਂ।ਲੜਕਿਆਂ ਦੀ ਕੈਟਾਗਰੀ ਦੇ ਵਿੱਚ ਹਰਸ਼ਬੀਰ, ਨਿਰਵਾਣ ਅਤੇ ਅਮਨ ਵੀਰ ਕ੍ਰਮਵਾਰ ਪਹਿਲੇ ਦੂਜੇ ਤੀਜੇ ਸਥਾਨ ਤੇ ਕਾਬਜ਼ ਹੋਏ।

ਸਕੂਲ ਵਿੱਚ ਆਏ ਹੋਏ ਮਾਪਿਆਂ ਵੱਲੋਂ ਬੇਹਦ ਖੁਸ਼ੀ ਦਾ ਇਜ਼ਹਾਰ ਕੀਤਾ ਗਿਆ ਉਹਨਾਂ ਦੱਸਿਆ ਕਿ ਅਜਿਹੀ ਖੇਡਾਂ ਦੇ ਨਾਲ ਬੱਚੇ ਵਿੱਚ ਮੁਕਾਬਲੇ ਦੀ ਭਾਵਨਾ ਜਨਮ ਲੈਂਦੀ ਹੈ ਅਤੇ ਉਸਦੇ ਮਨ ਦਾ ਡਰ ਖਤਮ ਹੁੰਦਾ ਹੈ।ਚੇਅਰਮੈਨ ਤਰਲੋਚਨ ਸਿੰਘ ਨੇ ਦੱਸਿਆ ਕਿ ਸਕੂਲ ਪੜ੍ਹਾਈ ਦੇ ਨਾਲ ਨਾਲ ਬੱਚਿਆਂ ਦੀ ਚੰਗੀ ਸਿਹਤ ਵੱਲ ਵੀ ਪੂਰਾ ਧਿਆਨ ਦੇ ਰਿਹਾ ਹੈ ਅਤੇ ਸਾਡੀ ਕੋਸ਼ਿਸ਼ ਹੁੰਦੀ ਹੈ ਕਿ ਸਾਲ ਦੇ ਵਿੱਚ ਅਲੱਗ ਅਲੱਗ ਸਮੇਂ ਦੇ ਉੱਤੇ ਵੱਖ-ਵੱਖ ਤਰ੍ਹਾਂ ਦੀਆਂ ਖੇਡਾਂ ਕਰਵਾਈਆਂ ਜਾਣ ਤਾਂ ਜੋ ਬੱਚੇ ਪੜ੍ਹਾਈ ਦੇ ਨਾਲ ਨਾਲ ਆਪਣੀ ਸਿਹਤ ਵੱਲ ਵੀ ਧਿਆਨ ਦੇ ਸਕਣ।